ਵੀਰਵਾਰ, 9 ਜੁਲਾਈ, 2026

25 ਹਾੜ੍ਹ { ਨਾਨਕਸ਼ਾਹੀ 558 / ਬਿਕਰਮੀ 2083 }

ਜਿਲਦ/VOL. : 75

ਅੰਕ/NO. : 38

ਰੋਜ਼ਾਨਾ

ਨਵਾਂ ਜ਼ਮਾਨਾ

DAILY NAWAN ZAMANA • THURSDAY, 9 JULY, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

ਪੁੱਛ-ਗਿੱਛ (ਰਿਸੈਪਸ਼ਨ)	0181-5097300
ਇਸ਼ਤਿਹਾਰ ਵਿਭਾਗ	0181-5097302
ਸਾਹਿਤ ਸੰਪਾਦਕ (ਐਤਵਾਰਤਾ)	0181-5097305
ਕੰਪਿਊਟਰ ਰੂਮ	0181-5097310
ਵੈੱਬ ਟੀ ਵੀ	0181-5133160

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

ਟਾਂਡਾ ਦੇ ਥਾਣੇਦਾਰ ਦੀਆਂ ਅਮਰੀਕਾ ਤੱਕ ਗੂੰਜਾਂ

ਵਿਦੇਸ਼ ਰਹਿੰਦੇ ਟੱਬਰ ਤੋਂ ਸਵਾ ਤਿੰਨ ਕਰੋੜ ਮੰਗਣ ਦਾ ਦੋਸ਼, ਪੰਜਾਬ ਪੁਲਸ ਨੇ ਜਾਂਚ ਬਿਠਾਈ

ਚੰਡੀਗੜ੍ਹ (ਨਵਾਂ ਜ਼ਮਾਨਾ ਸਰਵਿਸ)

ਅਮਰੀਕਾ ਦੀ ਫੈਡਰਲ ਬਿਊਰੋ ਆਫ ਇਨਵੈਸਟੀਗੇਸ਼ਨ (ਐੱਫ ਬੀ ਆਈ) ਵੱਲੋਂ ਫਿਰੌਤੀ ਮਾਮਲੇ ਵਿੱਚ ਨਾਮਜ਼ਦ ਕੀਤੇ ਜਾਣ ਮਗਰੋਂ ਹੁਸ਼ਿਆਰਪੁਰ ਦੇ ਐੱਸ ਐੱਸ ਪੀ ਨੇ ਬੁੱਧਵਾਰ ਟਾਂਡਾ ਦੇ ਐੱਸ ਐੱਚ ਓ ਗੁਰਿੰਦਰਜੀਤ ਸਿੰਘ ਨਾਗਰਾ ਨੂੰ ਪੁਲਸ ਲਾਈਨ ਹੁਸ਼ਿਆਰਪੁਰ ਬਦਲ ਦਿੱਤਾ। ਡੀ ਆਈ ਜੀ ਜਲੰਧਰ ਰੇਂਜ ਨਵੀਨ ਸਿੰਗਲਾ ਨੇ ਦੱਸਿਆ ਕਿ ਇਸ ਮਾਮਲੇ ਦੀ ਜਾਣਕਾਰੀ ਮਿਲਦਿਆਂ ਹੀ ਨਿਰਪੱਖ ਜਾਂਚ ਯਕੀਨੀ ਬਣਾਉਣ ਲਈ ਇਨਕੁਆਰੀ ਨੂੰ ਹੁਸ਼ਿਆਰਪੁਰ ਤੋਂ ਬਾਹਰ ਜਲੰਧਰ ਤਬਦੀਲ ਕਰ ਦਿੱਤਾ ਗਿਆ ਹੈ। ਜਲੰਧਰ ਦੇ ਐੱਸ ਪੀ (ਡੀ) ਵਿਨੀਤ ਅਹਿਲਾਵਤ ਨੂੰ ਇਸ ਸਾਰੇ ਮਾਮਲੇ ਦੀ ਡੂੰਘਾਈ ਨਾਲ ਪੜਤਾਲ ਕਰਨ ਅਤੇ ਜਲਦ ਤੋਂ ਜਲਦ ਵਿਭਾਗੀ ਰਿਪੋਰਟ ਸੌਂਪਣ ਦੀ ਜ਼ਿੰਮੇਵਾਰੀ ਦਿੱਤੀ ਗਈ ਹੈ। ਮੀਡੀਆ ਨਾਲ ਗੱਲਬਾਤ ਕਰਦਿਆਂ ਟਾਂਡਾ ਦੇ ਡੀ ਐੱਸ ਪੀ ਦਵਿੰਦਰ ਸਿੰਘ ਨੇ ਕਿਹਾ ਕਿ ਪੁਲਸ ਨੂੰ ਇਸ ਕੇਸ ਦੇ ਸੰਬੰਧ ਵਿੱਚ ਐੱਫ ਬੀ ਆਈ ਨੇ ਕੋਈ ਅਧਿਕਾਰਤ ਜਾਣਕਾਰੀ ਨਹੀਂ ਦਿੱਤੀ ਹੈ।

ਉਸ ਨੇ ਕਿਹਾ, 'ਸਾਨੂੰ ਨਹੀਂ ਪਤਾ ਕਿ ਐੱਫ ਬੀ ਆਈ ਨੇ ਇਹ ਮਾਮਲਾ ਕਿਉਂ ਉਠਾਇਆ ਹੈ। ਇਹ ਸੰਭਵ ਹੈ ਕਿ ਮੁਲਜ਼ਮਾਂ ਨੇ ਆਪਣੇ ਖਿਲਾਫ ਦਰਜ ਕਤਲ ਦੇ ਕੇਸ ਦੇ ਨਤੀਜਿਆਂ ਤੋਂ ਬਚਣ ਦੇ ਇਰਾਦੇ ਨਾਲ ਐੱਫ ਬੀ ਆਈ ਨਾਲ ਸੰਪਰਕ ਕੀਤਾ ਹੋਵੇ।

ਐੱਫ ਬੀ ਆਈ ਨੇ ਐੱਸ ਐੱਚ ਓ ਖਿਲਾਫ਼ ਚਾਰ ਲੱਖ ਡਾਲਰ (ਲਗਭਗ 3.30 ਕਰੋੜ ਰੁਪਏ) ਦੀ ਫਿਰੌਤੀ/ਉਗਰਾਹੀ ਦੇ ਮਾਮਲੇ ਵਿੱਚ ਚਾਰਜਸ਼ੀਟ ਦਾਇਰ ਕੀਤੀ ਹੈ। ਐੱਫ ਬੀ ਆਈ ਮੁਤਾਬਕ ਨਾਗਰਾ ਅਮਰੀਕਾ ਵਿੱਚ ਰਹਿ ਰਹੇ ਇੱਕ ਭਾਰਤੀ ਪਰਵਾਰ ਨੂੰ ਕਤਲ ਦੇ ਇੱਕ ਝੂਠੇ ਮੁਕੱਦਮੇ ਵਿੱਚ ਫਸਾਉਣ ਦੀਆਂ ਧਮਕੀਆਂ ਦੇ ਕੇ ਡਰਾ ਰਿਹਾ ਸੀ। ਕੇਸ ਨੂੰ ਰਫਾ-ਦਫਾ ਕਰਨ ਦੇ ਬਦਲੇ ਮੋਟੀ ਰਕਮ ਮੰਗ ਰਿਹਾ ਸੀ। ਅਮਰੀਕੀ ਜਾਂਚ ਏਜੰਸੀ ਨੇ ਇਸ ਪੂਰੇ ਘਟਨਾਕ੍ਰਮ ਦੀ ਜਾਣਕਾਰੀ ਆਪਣੇ ਲਾਸ ਏਂਜਲਸ ਵੈੱਬ ਪੇਜ 'ਤੇ ਸਾਂਝੀ ਕੀਤੀ ਹੈ ਅਤੇ ਇਸ ਸੰਬੰਧੀ ਇੱਕ ਵੀਡੀਓ

ਬਿਆਨ ਵੀ ਜਾਰੀ ਕੀਤਾ ਹੈ।

ਐੱਫ ਬੀ ਆਈ ਦੀ ਚਾਰਜਸ਼ੀਟ ਮੁਤਾਬਕ ਸਟਾਕਟਨ (ਕੈਲੀਫੋਰਨੀਆ) ਤੋਂ ਲੈ ਕੇ ਹੁਸ਼ਿਆਰਪੁਰ ਜ਼ਿਲ੍ਹੇ ਦੇ ਟਾਂਡਾ ਤੱਕ ਫੈਲੀ ਹੋਈ ਸਾਜ਼ਿਸ਼ ਵਿੱਚ ਇੱਕ ਅਸਲੀ ਕਤਲ ਕੇਸ ਦੀ ਵਰਤੋਂ ਅਮਰੀਕਾ ਰਹਿੰਦੇ ਭਾਰਤੀ ਮੂਲ ਦੇ ਪਰਵਾਰ ਤੋਂ ਪੈਸੇ ਵਸੂਲਣ ਲਈ ਕੀਤੀ ਗਈ।

ਅਪ੍ਰੈਲ 2026 ਵਿੱਚ ਸਟਾਕਟਨ ਵਿੱਚ ਗੈਰ-ਕਾਨੂੰਨੀ ਤੌਰ 'ਤੇ ਰਹਿ ਰਹੇ 22 ਸਾਲਾ ਭਾਰਤੀ ਨਾਗਰਿਕ ਗੁਰਲਾਲ ਸਿੰਘ, ਜਿਸ ਦਾ ਕਥਿਤ ਤੌਰ 'ਤੇ ਭਗਵਾਨਪੁਰੀਆ ਗੈਂਗ ਨਾਲ ਸੰਬੰਧ ਹੈ, ਨੇ ਕੈਲੀਫੋਰਨੀਆ ਸਥਿਤ ਇੱਕ ਨਿਸ਼ਾਨੇ (ਜਿਸ ਦੀ ਪਛਾਣ ਅਦਾਲਤੀ ਦਸਤਾਵੇਜ਼ਾਂ ਵਿੱਚ ਕੀਤੀ ਗਈ ਹੈ) ਦੇ ਵੇਰਵੇ ਪੰਜਾਬ ਪੁਲਸ ਦੇ ਅਧਿਕਾਰੀ ਗੁਰਿੰਦਰਜੀਤ ਸਿੰਘ ਨਾਗਰਾ ਨਾਲ ਸਾਂਝੇ ਕੀਤੇ।

ਫਿਰੌਤੀ ਦੀ ਸਾਜ਼ਿਸ਼ ਕਥਿਤ ਤੌਰ 'ਤੇ ਟਾਂਡਾ ਅਧੀਨ ਪਿੰਡ ਮਿਆਣੀ ਵਿੱਚ ਸਤਕਰਤਾਰ ਹਾਰਡਵੇਅਰ ਦੀ ਦੁਕਾਨ ਦੇ ਮਾਲਕ ਬਲਵਿੰਦਰ ਸਿੰਘ ਦੇ ਕਤਲ ਦੁਆਲੇ ਬਣੀ ਸੀ। 15 ਜਨਵਰੀ 2026 ਨੂੰ ਤਿੰਨ ਅਣਪਛਾਤੇ ਮੋਟਰਸਾਈਕਲ ਸਵਾਰ ਹਮਲਾਵਰਾਂ ਨੇ ਦੁਕਾਨ 'ਤੇ ਗੋਲੀਆਂ ਚਲਾ ਦਿੱਤੀਆਂ, ਜਿਸ ਵਿੱਚ ਬਲਵਿੰਦਰ ਸਿੰਘ ਦੀ ਮੌਤ ਹੋ ਗਈ ਅਤੇ ਲਖਵਿੰਦਰ ਸਿੰਘ ਜ਼ਖ਼ਮੀ ਹੋ ਗਿਆ ਸੀ। ਟਾਂਡਾ ਥਾਣੇ ਵਿਖੇ ਭਾਰਤੀ ਨਿਆਂ ਸੰਹਿਤਾ ਦੀਆਂ ਧਾਰਾਵਾਂ 103 (ਕਤਲ) ਅਤੇ 109 (ਕਤਲ ਦੀ ਕੋਸ਼ਿਸ਼), ਦੇ ਨਾਲ-ਨਾਲ ਆਰਮਜ਼ ਐਕਟ ਦੀਆਂ ਸੰਬੰਧਤ ਧਾਰਾਵਾਂ ਤਹਿਤ ਐੱਫ ਆਈ ਆਰ ਦਰਜ ਕੀਤੀ ਗਈ ਸੀ।

ਚਾਰਜਸ਼ੀਟ ਮੁਤਾਬਕ ਇੱਕ ਦਿਨ ਬਾਅਦ ਗੈਂਗਸਟਰ ਜੱਸਲ ਚੰਬਲ ਅਤੇ ਗੁਰਲਾਲ ਰੂੜੇਆਣਾ ਨੇ ਰੂੜੇਆਣਾ ਦੇ ਅਕਾਊਂਟ ਤੋਂ ਅਪਲੋਡ ਕੀਤੀ ਗਈ ਸੋਸ਼ਲ ਮੀਡੀਆ ਪੋਸਟ ਰਾਹੀਂ ਕਤਲ ਦੀ ਜ਼ਿੰਮੇਵਾਰੀ ਲਈ। ਇੰਸਪੈਕਟਰ ਨਾਗਰਾ ਨੇ ਬਾਅਦ ਵਿੱਚ ਕੈਲੀਫੋਰਨੀਆ ਸਥਿਤ ਇੱਕ ਪਰਵਾਰ ਨੂੰ ਧਮਕਾਉਣ ਲਈ ਕਤਲ ਦੀ ਜਾਂਚ ਦੇ ਵੇਰਵਿਆਂ ਦੀ ਵਰਤੋਂ ਕੀਤੀ। ਚਾਰਜਸ਼ੀਟ ਮੁਤਾਬਕ 13 ਅਪ੍ਰੈਲ 2026 ਨੂੰ ਨਾਗਰਾ ਨੇ ਇਰਾਦਾ ਨਿਸ਼ਾਨੇ (ਜਿਸ ਦੀ ਪਛਾਣ ਅਦਾਲਤੀ ਦਸਤਾਵੇਜ਼ਾਂ ਵਿੱਚ ਵਿਕਟਿਮ 3 ਵਜੋਂ ਕੀਤੀ ਗਈ ਹੈ) ਦੇ ਪਿਤਾ ਨਾਲ ਸੰਪਰਕ ਕੀਤਾ ਅਤੇ ਬਲਵਿੰਦਰ ਸਿੰਘ ਦੇ ਕਤਲ ਵਿੱਚ ਵਿਕਟਿਮ 2 ਅਤੇ ਉਸ ਦੀ ਭੈਣ (ਵਿਕਟਿਮ 4) ਸਮੇਤ ਪੂਰੇ ਪਰਵਾਰ ਨੂੰ ਫਸਾਉਣ ਦੀ ਧਮਕੀ ਦਿੱਤੀ। ਤਿੰਨ ਦਿਨ ਬਾਅਦ 16 ਅਪਰੈਲ ਨੂੰ ਉਸ ਨੇ 4 ਲੱਖ ਡਾਲਰ (ਲਗਭਗ 3.3 ਕਰੋੜ ਰੁਪਏ) ਦੀ ਮੰਗ ਕੀਤੀ ਅਤੇ ਚਿਤਾਵਨੀ ਦਿੱਤੀ ਕਿ ਜੇ ਅਦਾਇਗੀ ਨਹੀਂ ਕੀਤੀ ਗਈ, ਤਾਂ ਤਿੰਨੋਂ ਪਰਵਾਰਕ ਮੈਂਬਰਾਂ ਨੂੰ...।

ਸ਼੍ਰੋਮਣੀ ਅਕਾਲੀ ਦਲ ਦੇ ਆਗੂ ਬਿਕਰਮ ਸਿੰਘ ਮਜੀਠੀਆ ਨੇ ਕਿਹਾ ਕਿ ਪਹਿਲਾਂ ਐੱਫ ਬੀ ਆਈ ਸਿਰਫ ਗੋਲਡੀ ਬਰਾੜ ਅਤੇ ਲਾਰੈਂਸ ਬਿਸ਼ਨੋਈ ਵਰਗੇ ਗੈਂਗਸਟਰਾਂ ਦੀ ਭਾਲ ਕਰਦੀ ਸੀ, ਪਰ ਹੁਣ ਪੰਜਾਬ ਪੁਲਸ ਦਾ ਆਪਣਾ ਅਧਿਕਾਰੀ ਹੀ ਉਨ੍ਹਾਂ ਦੇ ਰਾਡਾਰ 'ਤੇ ਆ ਗਿਆ ਹੈ। ਅਜਿਹੀਆਂ ਘਟਨਾਵਾਂ ਕਾਰਨ ਪੰਜਾਬ ਪੁਲਸ ਦੀ ਉਹ ਸ਼ਾਨਦਾਰ ਸਾਖ ਕੌਮਾਂਤਰੀ ਪੱਧਰ 'ਤੇ ਪ੍ਰਭਾਵਤ ਹੋ ਰਹੀ ਹੈ, ਜਿਸ ਲਈ ਉਹ ਕਦੇ ਜਾਣੀ ਜਾਂਦੀ ਸੀ।

ਈਰਾਨ ਨਾਲ ਜੰਗਬੰਦੀ ਖਤਮ : ਟਰੰਪ

ਵਾਸ਼ਿੰਗਟਨ (ਨ ਜ਼ ਸ)-ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਤੁਰਕੀ ਵਿੱਚ ਨਾਟੋ ਸੰਮੇਲਨ ਦੌਰਾਨ ਕਿਹਾ ਕਿ ਈਰਾਨ ਨਾਲ ਜੰਗਬੰਦੀ ਸਮਝੌਤਾ ਹੁਣ ਖਤਮ ਹੋ ਗਿਆ ਹੈ ਅਤੇ ਉਹ ਹੁਣ ਈਰਾਨ ਨਾਲ ਕੋਈ ਸੌਦਾ ਨਹੀਂ ਕਰਨਾ ਚਾਹੁੰਦੇ। ਉਨ੍ਹਾ ਕਿਹਾ,'ਅਸੀਂ ਕੱਲ੍ਹ ਰਾਤ ਈਰਾਨ 'ਤੇ ਇੱਕ ਸ਼ਕਤੀਸ਼ਾਲੀ ਹਮਲਾ ਕੀਤਾ। ਅਸੀਂ ਖਤਰਨਾਕ ਵਿਅਕਤੀਆਂ ਨੂੰ ਨਿਸ਼ਾਨਾ ਬਣਾਇਆ। ਹਰ ਵਾਰ ਜਦੋਂ ਉਹ ਹਮਲਾ ਕਰਨਗੇ, ਅਸੀਂ ਜਵਾਬ ਦੇਵਾਂਗੇ।'

ਉਨ੍ਹਾ ਕਿਹਾ ਕਿ ਅਮਰੀਕਾ ਦਾ ਟੀਚਾ ਈਰਾਨ ਦੇ ਪ੍ਰਮਾਣੂ ਪ੍ਰੋਗਰਾਮ ਨੂੰ ਖਤਮ ਕਰਨਾ ਹੈ। ਟਰੰਪ ਨੇ ਨਾਟੋ ਨਾਲ ਵੀ ਨਾਰਾਜ਼ਗੀ ਜ਼ਾਹਰ ਕਰਦਿਆਂ ਕਿਹਾ ਕਿ ਇਹ ਗੱਠਜੋੜ ਦੁਨੀਆ ਦੇ ਅੱਤਵਾਦ ਦੇ ਸਭ ਤੋਂ ਵੱਡੇ ਸਮਰਥਕ ਈਰਾਨ ਵਿਰੁੱਧ ਅਮਰੀਕਾ ਦਾ ਸਮਰਥਨ ਕਰਨ ਵਿੱਚ ਅਸਫਲ ਰਿਹਾ ਹੈ।

ਇਸ ਤੋਂ ਪਹਿਲਾਂ ਯੂ ਐੱਸ ਸੈਂਟਰਲ ਕਮਾਂਡ (ਸੈਂਟਕਾਮ) ਨੇ ਐਲਾਨ ਕੀਤਾ ਸੀ ਕਿ ਉਸ ਨੇ 80 ਤੋਂ ਵੱਧ ਈਰਾਨੀ ਫੌਜੀ ਟਿਕਾਣਿਆਂ 'ਤੇ ਹਵਾਈ ਹਮਲੇ ਕੀਤੇ ਹਨ। ਇਹ ਕਾਰਵਾਈ ਹਾਰਮੁਜ਼ ਜਲਡਮਰੂ ਵਿੱਚ ਜਹਾਜ਼ਾਂ 'ਤੇ ਹਮਲਿਆਂ ਦੇ ਜਵਾਬ ਵਿੱਚ ਸੀ।

ਅਮਰੀਕਾ ਨੇ ਈਰਾਨ ਦੇ ਬੰਦਰ ਅੱਬਾਸ ਵਿੱਚ ਸ਼ਾਹਿਦ ਹੱਕਾਨੀ ਬੰਦਰਗਾਹ 'ਤੇ ਹਵਾਈ ਹਮਲਾ ਕੀਤਾ। ਹਮਲੇ ਦੀਆਂ ਵੀਡੀਓਜ਼ ਵਿੱਚ ਬੰਦਰਗਾਹ ਕੰਪਲੈਕਸ ਤੋਂ ਧੂੰਆਂ ਉੱਠਦਾ ਦਿਖਾਈ ਦੇ ਰਿਹਾ ਸੀ। ਇਸੇ ਦੌਰਾਨ ਈਰਾਨੀ ਵਿਦੇਸ਼ ਮੰਤਰੀ ਅੱਬਾਸ ਅਰਾਗਚੀ ਨੇ ਕਿਹਾ ਕਿ ਧਮਕੀਆਂ ਦੇ ਮਾਹੌਲ ਵਿੱਚ ਕੋਈ ਸਮਝੌਤਾ ਨਹੀਂ ਹੋਵੇਗਾ। ਅਮਰੀਕਾ ਨੂੰ ਪਹਿਲਾਂ ਆਪਣੇ ਪੁਰਾਣੇ ਸਮਝੌਤਿਆਂ ਦਾ ਸਨਮਾਨ ਕਰਨਾ ਚਾਹੀਦਾ ਹੈ।

ਭਲਾਈ ਸਕੀਮਾਂ ਦਾ ਲਾਭ ਲੈਣ ਲਈ ਐੱਸ ਆਈ ਆਰ ਪ੍ਰਕਿਰਿਆ 'ਚ ਜ਼ਰੂਰ ਹਿੱਸਾ ਲਓ : ਮਾਨ

ਚੰਡੀਗੜ੍ਹ (ਗੁਰਜੀਤ ਬਿੱਲਾ)

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੰਜਾਬ ਦੇ ਵੋਟਰਾਂ ਨੂੰ ਮਾਵਾਂ ਧੀਆਂ ਸਤਿਕਾਰ ਯੋਜਨਾ ਸਮੇਤ ਸਮਾਜਿਕ ਭਲਾਈ ਸਕੀਮਾਂ ਦਾ ਲਾਭ ਲੈਣ ਲਈ ਵੋਟਰ ਸੂਚੀਆਂ ਦੀ ਵਿਸ਼ੇਸ਼ ਡੂੰਘੀ ਸੁਧਾਈ (ਐੱਸ ਆਈ ਆਰ) ਦੀ ਚੱਲ ਰਹੀ ਪ੍ਰਕਿਰਿਆ 'ਚ ਸ਼ਾਮਲ ਹੋਣ ਦੀ ਅਪੀਲ ਕੀਤੀ ਹੈ। ਉਨ੍ਹਾ ਇਹ ਸਪੱਸ਼ਟ ਕੀਤਾ ਹੈ ਕਿ ਜਿਨ੍ਹਾਂ ਵੋਟਰਾਂ ਦਾ ਨਾਂਅ ਵੋਟਰ ਸੂਚੀ 'ਚ ਸ਼ਾਮਲ ਨਹੀਂ ਹੋਵੇਗਾ, ਉਹ ਸਰਕਾਰੀ ਸਮਾਜਿਕ ਭਲਾਈ ਸਕੀਮਾਂ ਲਈ ਲਾਭ ਲੈਣ ਦੇ ਹੱਕਦਾਰ ਨਹੀਂ ਰਹਿਣਗੇ।

ਮਾਨ ਨੇ ਸਮੂਹ ਵੋਟਰਾਂ ਨੂੰ ਬੁੱਧਵਾਰ ਅਪੀਲ ਕੀਤੀ ਕਿ ਉਹ ਐੱਸ ਆਈ ਆਰ ਦੀ ਪ੍ਰਕਿਰਿਆ 'ਚ ਸ਼ਾਮਲ ਹੋ ਕੇ ਆਪਣੀ ਵੋਟ ਦਰਜ ਕਰਾਉਣ।

ਮੁੱਖ ਮੰਤਰੀ ਨੇ ਬੇਂਗਲੁਰੂ ਤੋਂ ਜਾਰੀ ਕੀਤੇ ਇੱਕ ਵੀਡੀਓ ਸੰਦੇਸ਼ 'ਚ ਕਿਹਾ ਹੈ ਕਿ ਵੋਟਰ ਆਪੋ ਆਪਣਾ ਫਾਰਮ ਭਰ ਕੇ ਵੋਟਰ ਸੂਚੀ 'ਚ ਆਪਣਾ ਨਾਂਅ ਸੁਰੱਖਿਅਤ ਕਰਨ।

ਮਾਨ ਨੇ ਕਿਹਾ ਕਿ ਜੇ ਇੱਕ ਵਾਰ ਵੋਟਰ ਸੂਚੀ 'ਚੋਂ ਨਾਂਅ ਡਿਲੀਟ ਹੋ ਗਿਆ ਤਾਂ ਅਜਿਹੇ ਵੋਟਰ ਕਿਸੇ ਵੀ ਸਮਾਜਿਕ ਸੁਰੱਖਿਆ ਦੀ ਸਰਕਾਰੀ ਸਕੀਮ ਦਾ ਲਾਭ ਲੈਣ ਲਈ ਅਯੋਗ ਹੋ ਜਾਣਗੇ, ਜਿਨ੍ਹਾਂ 'ਚ ਮਾਵਾਂ ਧੀਆਂ ਸਤਿਕਾਰ ਯੋਜਨਾ ਸਕੀਮ ਵੀ ਸ਼ਾਮਲ ਹੈ।

ਅਰਜਨਟੀਨਾ ਮਸਾਂ ਜਿੱਤਿਆ

ਐਟਲਾਂਟਾ (ਨ ਜ਼ ਸ)

ਫੁੱਟਬਾਲ ਵਿਸ਼ਵ ਕੱਪ ਦੇ ਇੱਕ ਬੇਹੱਦ ਰੋਮਾਂਚਕ ਅਤੇ ਫਸਵੇਂ ਮੁਕਾਬਲੇ ਵਿੱਚ ਅਰਜਨਟੀਨਾ ਮਿਸਰ ਨੂੰ ਵਾਧੂ ਸਮੇਂ ਵਿੱਚ 3-2 ਨਾਲ ਹਰਾ ਕੇ ਟੂਰਨਾਮੈਂਟ ਦੇ ਕੁਆਰਟਰ ਫਾਈਨਲ ਵਿੱਚ ਪੁੱਜ ਗਿਆ। ਨਿਰਧਾਰਤ ਸਮੇਂ ਤੱਕ ਦੋਵੇਂ ਟੀਮਾਂ 2-2 ਦੀ ਬਰਾਬਰੀ 'ਤੇ ਸਨ, ਜਿਸ ਤੋਂ ਬਾਅਦ ਮੈਚ ਦਾ ਨਤੀਜਾ ਕੱਢਣ ਲਈ ਵਾਧੂ ਸਮਾਂ ਦਿੱਤਾ ਗਿਆ। ਵਾਧੂ ਸਮੇਂ ਵਿੱਚ ਅਰਜਨਟੀਨਾ ਦੇ ਖਿਡਾਰੀਆਂ ਨੇ ਬਿਹਤਰ ਤਾਲਮੇਲ ਅਤੇ ਹਮਲਾਵਰ ਖੇਡ ਦਾ ਪ੍ਰਦਰਸ਼ਨ ਕਰਦੇ ਹੋਏ ਫੈਸਲਾਕੁੰਨ ਗੋਲ ਦਾਗਿਆ ਅਤੇ ਮਿਸਰ ਦੀਆਂ ਉਮੀਦਾਂ 'ਤੇ ਪਾਣੀ ਫੇਰ ਦਿੱਤਾ। ਮਿਸਰ ਦੀ ਟੀਮ ਨੇ ਪੂਰੇ ਮੈਚ ਦੌਰਾਨ ਅਰਜਨਟੀਨਾ ਵਰਗੀ ਮਜ਼ਬੂਤ ਟੀਮ ਦੇ ਸਾਹਮਣੇ ਜ਼ਬਰਦਸਤ ਖੇਡ ਦਿਖਾਈ ਤੇ 2-0 ਦੀ ਲੀਡ ਵੀ ਹਾਸਲ ਕੀਤੀ। ਹਾਲਾਂਕਿ, ਆਖਰੀ ਮਿੰਟਾਂ ਵਿੱਚ ਖੇਡ 'ਤੇ ਪੂਰੀ ਤਰ੍ਹਾਂ ਕਾਬੂ ਨਾ ਰੱਖ ਪਾਉਣ ਕਾਰਨ ਮਿਸਰ ਨੂੰ ਇਸ ਹਾਰ ਦਾ ਸਾਹਮਣਾ ਕਰਨਾ ਪਿਆ।

ਕਾਂਗਰਸ ਹਾਈ ਕਮਾਨ ਦਾ ਰੁਖ ਸਖਤ

ਚੰਡੀਗੜ੍ਹ (ਨ ਜ਼ ਸ)-ਕਾਂਗਰਸ ਦੇ ਪੰਜਾਬ ਇੰਚਾਰਜ ਭੂਪੇਸ਼ ਬਘੇਲ ਨੇ ਬੁੱਧਵਾਰ ਮੁੜ ਕਿਹਾ ਕਿ ਇੱਕ ਵਾਰ ਹਾਈਕਮਾਂਡ ਨੇ ਜੋ ਫੈਸਲਾ ਲੈ ਲਿਆ ਹੈ, ਉਸ ਨੂੰ ਬਦਲਿਆ ਨਹੀਂ ਜਾਵੇਗਾ। ਉਨ੍ਹਾ ਫੇਰਬਦਲ ਕੀਤੇ ਜਾਣ ਦੀ ਸੰਭਾਵਨਾ ਦੇ ਸੰਦਰਭ 'ਚ ਕਿਹਾ ਕਿ ਇਹ ਕੋਈ ਗੁੱਡੇ-ਗੁੱਡੀ ਦੀ ਖੇਡ ਹੈ, ਹੁਣ ਕੋਈ ਫੇਰਬਦਲ ਨਹੀਂ ਹੋਵੇਗਾ। ਉਨ੍ਹਾ ਕਿਹਾ ਕਿ ਹਾਈਕਮਾਂਡ ਵੱਲੋਂ ਕੀਤੇ ਫੇਰਬਦਲ ਦਾ ਸਭ ਨੇ ਸਵਾਗਤ ਕੀਤਾ ਹੈ। ਉਨ੍ਹਾ ਕਿਹਾ ਕਿ ਚਰਨਜੀਤ ਸਿੰਘ ਚੰਨੀ ਨਾਲ ਉਨ੍ਹਾ ਦੀ ਦੋ ਦਿਨ ਪਹਿਲਾਂ ਗੱਲ ਹੋਈ ਹੈ, ਪਰ ਉਹ ਬਾਹਰ ਗਏ ਹੋਏ ਹਨ।

ਸੂਤਰਾਂ ਦਾ ਕਹਿਣਾ ਹੈ ਕਿ ਰਾਹੁਲ ਗਾਂਧੀ ਨੇ ਪੰਜਾਬ ਕਾਂਗਰਸ ਵਿਚਲੇ ਵਿਵਾਦ ਨੂੰ ਲੈ ਕੇ ਬਘੇਲ ਨੂੰ ਸੰਕੇਤ ਦਿੱਤੇ ਹਨ, ਜਿਸ ਮਗਰੋਂ ਬਘੇਲ ਦਾ ਰੌਂਅ ਸਖਤ ਹੋਇਆ ਹੈ। ਚੰਨੀ ਧੜੇ ਲਈ ਇਹ ਸਪੱਸ਼ਟ ਸੁਨੇਹਾ ਹੈ, ਜਿਸ ਨੂੰ ਲੈ ਕੇ ਹੁਣ ਚੰਨੀ ਧੜਾ ਕੀ ਪੈਂਤੜਾ ਲੈਂਦਾ ਹੈ, ਇਹ ਹੁਣ ਦੇਖਣ ਵਾਲੀ ਗੱਲ ਹੋਵੇਗੀ। ਬੀਤੇ ਦਿਨ ਚੰਨੀ ਧੜੇ ਨੇ ਬਘੇਲ ਨੂੰ ਮਿਲਣ ਤੋਂ ਕਿਨਾਰਾ ਕੀਤਾ ਸੀ, ਕਿਉਂਕਿ ਇਸ ਧੜੇ ਦੇ ਆਗੂ ਇਸ ਕਰਕੇ ਵੀ ਬਘੇਲ ਨਾਲ ਨਾਰਾਜ਼ ਹਨ ਕਿ ਬਘੇਲ ਨੇ ਕਦੇ ਵੀ ਉਨ੍ਹਾਂ ਨਾਲ ਗੱਲ ਕਰਨ ਨੂੰ ਪਹਿਲਾਂ ਤਰਜੀਹ ਨਹੀਂ ਦਿੱਤੀ ਸੀ। ਬੀਤੇ ਦਿਨ ਕਾਂਗਰਸ ਭਵਨ 'ਚ ਬਘੇਲ ਨੇ ਪਾਰਟੀ ਦੇ ਜ਼ਿਲ੍ਹਾ ਪ੍ਰਧਾਨਾਂ ਨਾਲ ਮੀਟਿੰਗ ਕੀਤੀ। ਇਸ ਤੋਂ ਪਹਿਲਾਂ ਬਘੇਲ ਨੇ ਅਗਾਮੀ ਪੰਜਾਬ ਚੋਣਾਂ ਦੇ ਮੱਦੇਨਜ਼ਰ ਗਠਤ ਕੀਤੀਆਂ ਨਵੀਆਂ ਚਾਰ ਕਮੇਟੀਆਂ ਦੇ ਚੇਅਰਮੈਨਾਂ ਨਾਲ ਮੀਟਿੰਗ ਤੈਅ ਕੀਤੀ ਸੀ, ਪਰ ਦੋ ਚੇਅਰਮੈਨ ਚਰਨਜੀਤ ਸਿੰਘ ਚੰਨੀ ਅਤੇ ਸੁਖਜਿੰਦਰ ਸਿੰਘ ਰੰਧਾਵਾ ਮੀਟਿੰਗ 'ਚ ਸ਼ਾਮਲ ਨਹੀਂ ਹੋਏ।

ਬੀ ਕੇ ਆਈ ਦੇ ਤਿੰਨ ਮੈਂਬਰ 6 ਹੈਂਡ ਗ੍ਰਨੇਡਾਂ ਤੇ 12 ਪਿਸਤੌਲਾਂ ਸਣੇ ਕਾਬੂ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)

ਕਾਊਂਟਰ ਇੰਟੈਲੀਜੈਂਸ (ਸੀ ਆਈ) ਅੰਮ੍ਰਿਤਸਰ ਨੇ ਗੈਰ-ਕਾਨੂੰਨੀ ਹਥਿਆਰਾਂ ਅਤੇ ਵਿਸਫੋਟਕ ਪਦਾਰਥਾਂ ਦੀ ਤਸਕਰੀ ਵਾਲੇ ਮਡਿਊਲ ਦਾ ਪਰਦਾ ਫਾਸ਼ ਕਰਕੇ ਤਿੰਨ ਮੁਲਜ਼ਮਾਂ ਨੂੰ ਛੇ ਹੈਂਡ ਗ੍ਰਨੇਡਾਂ ਅਤੇ 12 ਆਧੁਨਿਕ ਪਿਸਤੌਲਾਂ ਸਮੇਤ ਗ੍ਰਿਫ਼ਤਾਰ ਕੀਤਾ ਹੈ।

ਡੀ ਜੀ ਪੀ ਗੌਰਵ ਯਾਦਵ ਨੇ ਦੱਸਿਆ ਕਿ ਗ੍ਰਿਫ਼ਤਾਰ ਮੁਲਜ਼ਮਾਂ ਦੀ ਪਛਾਣ ਚਿੰਟੂ, ਜੋਬਨਪ੍ਰੀਤ ਸਿੰਘ ਅਤੇ ਗੁਰਪ੍ਰੀਤ ਸਿੰਘ ਉਰਫ਼ ਗੋਪੀ ਵਜੋਂ ਹੋਈ ਹੈ, ਜੋ ਕਿ ਸਾਰੇ ਅੰਮ੍ਰਿਤਸਰ ਦੇ ਪਿੰਡ ਕੱਕੜ ਦੇ ਰਹਿਣ ਵਾਲੇ ਹਨ। ਪੁਲਸ ਟੀਮ ਨੇ ਮੁਲਜ਼ਮਾਂ ਦੀ ਹੁੰਡਈ ਆਈ-20 ਕਾਰ, ਜਿਸ ਦਾ ਰਜਿਸਟ੍ਰੇਸ਼ਨ ਨੰਬਰ ਪੀ ਬੀ-13-5454 ਹੈ, ਨੂੰ ਵੀ ਜ਼ਬਤ ਕਰ ਲਿਆ ਹੈ, ਜਿਸ ਦੀ ਵਰਤੋਂ ਉਹ ਇਸ ਖੇਪ ਦੀ ਸਪਲਾਈ ਲਈ ਕਰ ਰਹੇ ਸਨ।

ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਅਨੁਸਾਰ ਇਹ ਮੁਲਜ਼ਮ ਆਈ ਐੱਸ ਆਈ ਅਤੇ ਵਿਦੇਸ਼-ਅਧਾਰਤ ਬੱਬਰ ਖਾਲਸਾ ਇੰਟਰਨੈਸ਼ਨਲ (ਬੀ ਕੇ ਆਈ) ਦੇ ਕਾਰਕੁਨਾਂ ਦੀ ਸ਼ਹਿ ਪ੍ਰਾਪਤ ਇੱਕ ਵਿਦੇਸ਼ੀ ਤਸਕਰ ਦੇ ਇਸ਼ਾਰੇ 'ਤੇ ਕੰਮ ਕਰ ਰਹੇ ਸਨ। ਪੁਖਤਾ ਸੂਚਨਾ ਮਿਲੀ ਸੀ ਕਿ ਇਹਨਾਂ ਆਪਣੇ ਹੈਂਡਲਰਾਂ ਦੇ ਨਿਰਦੇਸ਼ਾਂ 'ਤੇ ਅਜਨਾਲਾ ਖੇਤਰ ਤੋਂ ਵਿਸਫੋਟਕਾਂ, ਹਥਿਆਰਾਂ ਅਤੇ ਗੋਲਾ-ਬਾਰੂਦ ਦੀ ਇੱਕ ਵੱਡੀ ਖੇਪ ਹਾਸਲ ਕੀਤੀ ਹੈ ਅਤੇ ਉਹ ਇਹ ਖੇਪ ਭਾਰਤਮਾਲਾ ਬਾਈਪਾਸ ਹਾਈਵੇ 'ਤੇ ਬਣੇ ਅੰਡਰਪਾਸ ਨੇੜੇ ਅੰਮ੍ਰਿਤਸਰ-ਚੋਗਾਵਾਂ ਰੋਡ ਉੱਪਰ ਆਪਣੇ ਹੋਰ ਸਾਥੀਆਂ ਨੂੰ ਸੌਂਪਣ ਵਾਲੇ ਹਨ। ਤੁਰੰਤ ਕਾਰਵਾਈ ਕਰਦਿਆਂ ਅੰਮ੍ਰਿਤਸਰ ਇਲਾਕੇ ਵਿੱਚ ਨਾਕਾ ਲਾ ਕੇ ਇੱਕ ਆਈ-20 ਕਾਰ ਨੂੰ ਰੋਕਿਆ, ਜਿਸ ਵਿੱਚ ਉਕਤ ਤਿੰਨੋਂ ਮੁਲਜ਼ਮ ਬੈਠੇ ਸਨ। ਇਸ ਸੰਬੰਧ ਵਿੱਚ ਅੰਮ੍ਰਿਤਸਰ ਦੇ ਸਟੇਟ ਸਪੈਸ਼ਲ ਆਪ੍ਰੇਸ਼ਨ ਸੈੱਲ ਥਾਣਾ ਵਿਖੇ ਐੱਫ ਆਈ ਆਰ ਦਰਜ ਕੀਤੀ ਗਈ ਹੈ।

'ਸਤਲੁਜ' ਦਹਿਸ਼ਤਗਰਦੀ ਦੇ ਦੌਰ ਦਾ ਇੱਕਪਾਸੜ ਬਿਰਤਾਂਤ : ਬਿੱਟੂ

ਜਲੰਧਰ (ਨਵਾਂ ਜ਼ਮਾਨਾ ਸਰਵਿਸ)

ਰੇਲ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਫਿਲਮ 'ਸਤਲੁਜ' ਦੇ ਨਿਰਮਾਤਾਵਾਂ ਅਤੇ ਅਦਾਕਾਰ-ਗਾਇਕ ਦਿਲਜੀਤ ਦੋਸਾਂਝ 'ਤੇ ਤਿੱਖਾ ਹਮਲਾ ਬੋਲਦਿਆਂ ਦੋਸ਼ ਲਾਇਆ ਹੈ ਕਿ ਦਿਲਜੀਤ ਦੋਸਾਂਝ ਨੂੰ ਸੂਬੇ ਦੀ ਸ਼ਾਂਤੀ ਭੰਗ ਕਰਨ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ। ਮੀਡੀਆ ਨਾਲ ਗੱਲਬਾਤ ਵਿੱਚ ਬਿੱਟੂ ਨੇ ਦਾਅਵਾ ਕੀਤਾ ਕਿ ਜਿੱਥੇ ਇੱਕ ਪਾਸੇ ਦੋਸਾਂਝ ਖਾਲਿਸਤਾਨੀ ਸਮਰਥਕਾਂ ਨੂੰ ਆਪਣੇ ਸ਼ੋਅ ਛੱਡ ਕੇ ਜਾਣ ਲਈ ਕਹਿੰਦੇ ਹਨ, ਉੱਥੇ ਹੀ ਉਹ ਦੂਜੇ ਪਾਸੇ ਫਿਲਮ ਰਾਹੀਂ ਉਸ ਚੀਜ਼ ਨੂੰ ਉਤਸ਼ਾਹਤ ਕਰ ਰਹੇ ਹਨ।

ਬਿੱਟੂ, ਜੋ ਕਿ ਪੰਜਾਬ ਦੇ ਮਾਰੇ ਗਏ ਸਾਬਕਾ ਮੁੱਖ ਮੰਤਰੀ ਬੇਅੰਤ ਸਿੰਘ ਦੇ ਪੋਤੇ ਹਨ, ਨੇ ਓ ਟੀ ਟੀ ਪਲੇਟਫਾਰਮ ਤੋਂ 'ਸਤਲੁਜ' ਨੂੰ ਹਟਾਏ ਜਾਣ ਦੇ ਵਿਵਾਦ 'ਤੇ ਆਪਣੀ ਚੁੱਪ ਤੋੜੀ ਹੈ। ਪੰਜਾਬ ਦੀ ਸੱਤਾਧਾਰੀ ਪਾਰਟੀ 'ਆਪ' ਵੱਲੋਂ ਲਾਏ ਗਏ ਇਨ੍ਹਾਂ ਦੋਸ਼ਾਂ ਕਿ ਫਿਲਮ ਨੂੰ ਹਟਾਉਣ ਪਿੱਛੇ ਬਿੱਟੂ ਦਾ ਹੱਥ ਹੈ, ਦਾ ਬਿੱਟੂ ਨੇ ਸਿੱਧਾ ਜਵਾਬ ਨਹੀਂ ਦਿੱਤਾ, ਪਰ ਆਪਣੇ ਦਾਦਾ ਦੀ ਵਿਰਾਸਤ ਦਾ ਬਚਾਅ ਕਰਦਿਆਂ ਤਰਕ ਦਿੱਤਾ ਕਿ ਇਹ ਫਿਲਮ ਪੰਜਾਬ ਵਿੱਚ ਦਹਿਸ਼ਤਗਰਦੀ ਦੇ ਦੌਰ ਦਾ 'ਇੱਕਪਾਸੜ ਬਿਰਤਾਂਤ' ਪੇਸ਼ ਕਰਦੀ ਹੈ। ਉਨ੍ਹਾ ਕਿਹਾ ਕਿ ਉਸ ਦੌਰ ਦਾ ਕੋਈ ਵੀ ਇਮਾਨਦਾਰੀ ਨਾਲ ਕੀਤਾ ਗਿਆ ਮੁਲਾਂਕਣ ਉਦੋਂ ਤੱਕ ਪੂਰਾ ਨਹੀਂ ਹੋ ਸਕਦਾ, ਜਦੋਂ ਤੱਕ ਸਿਰਫ ਸਰਕਾਰ ਦੀਆਂ ਕਾਰਵਾਈਆਂ ਨੂੰ ਹੀ ਨਹੀਂ, ਸਗੋਂ ਦਹਿਸ਼ਤਗਰਦ ਸਮੂਹਾਂ ਵੱਲੋਂ ਫੈਲਾਈ ਗਈ ਹਿੰਸਾ ਨੂੰ ਵੀ ਉਸ ਵਿੱਚ ਸ਼ਾਮਲ ਨਾ ਕੀਤਾ ਜਾਵੇ। ਬਿੱਟੂ ਨੇ ਕਿਹਾ, 'ਪੰਜਾਬ ਪੂਰੇ ਸੱਚ ਦਾ ਹੱਕਦਾਰ ਹੈ, ਅੱਧੀ ਕਹਾਣੀ ਦਾ ਨਹੀਂ।'

ਬਿੱਟੂ ਨੇ ਕਿਹਾ ਕਿ ਫਿਲਮ ਵਿੱਚ ਉਸ ਦੌਰ ਨੂੰ ਜਿਸ ਤਰੀਕੇ ਨਾਲ ਦਿਖਾਇਆ ਗਿਆ ਹੈ, ਉਹ 1980 ਅਤੇ 1990 ਦੇ ਦਹਾਕੇ ਦੇ ਸ਼ੁਰੂ ਵਿੱਚ ਪੰਜਾਬ ਜਿਨ੍ਹਾਂ ਗੁੰਝਲਦਾਰ ਹਾਲਾਤ ਵਿੱਚੋਂ ਲੰਘਿਆ ਸੀ, ਉਸ ਦੇ ਪੂਰੇ ਸੱਚ ਨੂੰ ਟਾਲਦਾ ਹੈ। ਉਨ੍ਹਾ ਮਨੁੱਖੀ ਅਧਿਕਾਰ ਕਾਰਕੁਨ ਜਸਵੰਤ ਸਿੰਘ ਖਾਲੜਾ ਦਾ ਹਵਾਲਾ ਦਿੱਤਾ, ਜਿਨ੍ਹਾ ਦਾ ਲਾਪਤਾ ਹੋਣਾ ਅਤੇ ਮਾਰੇ ਜਾਣਾ ਇਸ ਫਿਲਮ ਦੀ ਕਹਾਣੀ ਦੇ ਕੇਂਦਰ ਵਿੱਚ ਹੈ। ਬਿੱਟੂ ਨੇ ਸਵਾਲ ਉਠਾਇਆ ਕਿ ਜੇ ਸਰਕਾਰ ਅਸਹਿਮਤੀ ਦੀ ਆਵਾਜ਼ ਨੂੰ ਉਵੇਂ ਹੀ ਦਬਾ ਰਹੀ ਸੀ, ਜਿਵੇਂ ਫਿਲਮ ਵਿੱਚ ਦਿਖਾਇਆ ਗਿਆ ਹੈ, ਤਾਂ ਬੇਅੰਤ ਸਿੰਘ ਦੇ ਕਾਰਜਕਾਲ ਦੌਰਾਨ ਖਾਲੜਾ ਆਪਣਾ ਕੰਮ ਜਾਰੀ ਰੱਖਣ ਅਤੇ ਵਿਦੇਸ਼ ਯਾਤਰਾ ਕਰਨ ਦੇ ਯੋਗ ਕਿਵੇਂ ਸਨ? ਉਨ੍ਹਾ ਕਿਹਾ, 'ਇਸ ਸਵਾਲ ਦਾ ਵੀ ਇੱਕ ਇਮਾਨਦਾਰ ਜਵਾਬ ਮਿਲਣਾ ਚਾਹੀਦਾ ਹੈ।'

ਉਨ੍ਹਾ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਦਹਿਸ਼ਤਗਰਦੀ ਨੂੰ ਕਿਸੇ ਇੱਕ ਭਾਈਚਾਰੇ ਜਾਂ ਧਰਮ ਨਾਲ ਨਹੀਂ ਜੋੜਿਆ ਜਾ ਸਕਦਾ। ਉਨ੍ਹਾ ਕਿਹਾ, 'ਦਹਿਸ਼ਤਗਰਦਾਂ ਕੋਲ ਜੋ ਹਥਿਆਰ ਸਨ, ਉਹ ਸ਼ਾਂਤੀਪੂਰਨ ਪ੍ਰਦਰਸ਼ਨ ਲਈ ਨਹੀਂ ਸਨ। ਉਹ ਹਥਿਆਰ ਪੁਲਸ ਮੁਲਾਜ਼ਮਾਂ, ਸਰਕਾਰੀ ਕਰਮਚਾਰੀਆਂ, ਚੁਣੇ ਹੋਏ ਨੁਮਾਇੰਦਿਆਂ ਅਤੇ ਅਣਗਿਣਤ ਬੇਗੁਨਾਹ ਨਾਗਰਿਕਾਂ ਵਿਰੁੱਧ ਵਰਤੇ ਗਏ ਸਨ। ਸਾਨੂੰ ਸਾਰੇ ਪੀੜਤਾਂ ਨੂੰ ਯਾਦ ਰੱਖਣਾ ਚਾਹੀਦਾ ਹੈ, ਨਾ ਕਿ ਸਿਰਫ ਕੁਝ ਚੋਣਵੇਂ ਲੋਕਾਂ ਨੂੰ।' ਬਿੱਟੂ ਨੇ ਕਿਹਾ ਕਿ ਉਨ੍ਹਾ ਦੇ ਦਾਦਾ ਦੀ ਸਰਕਾਰ ਕੋਲ ਸ਼ਾਸਨ ਵੱਲ ਮੁੜਨ ਤੋਂ ਪਹਿਲਾਂ ਸਾਲਾਂ ਦੇ ਖੂਨ-ਖਰਾਬੇ ਤੋਂ ਬਾਅਦ ਸ਼ਾਂਤੀ ਬਹਾਲ ਕਰਨ ਦਾ ਇੱਕੋ-ਇੱਕ ਮੁੱਖ ਫਤਵਾ ਸੀ। ਉਨ੍ਹਾ ਕਿਹਾ, 'ਬੇਅੰਤ ਸਿੰਘ ਨੂੰ ਅਜਿਹਾ ਪੰਜਾਬ ਵਿਰਾਸਤ ਵਿੱਚ ਮਿਲਿਆ ਸੀ, ਜੋ ਲਹੂ-ਲੁਹਾਨ ਸੀ। ਉਨ੍ਹਾ ਦੀ ਸਰਕਾਰ ਦਾ ਮੁੱਖ ਉਦੇਸ਼ ਕਾਨੂੰਨ ਵਿਵਸਥਾ ਅਤੇ ਆਮ ਹਾਲਾਤ ਬਹਾਲ ਕਰਨਾ ਸੀ, ਤਾਂ ਜੋ ਆਮ ਲੋਕ ਬਿਨਾਂ ਕਿਸੇ ਡਰ ਦੇ ਜੀ ਸਕਣ।' ਉਨ੍ਹਾ ਕਿਹਾ ਕਿ ਉਨ੍ਹਾ ਦੀ ਵਿਰਾਸਤ ਦਾ ਫੈਸਲਾ 'ਉਸ ਦੌਰ ਦੇ ਪੂਰੇ ਸੰਦਰਭ' ਨੂੰ ਦੇਖ ਕੇ ਕੀਤਾ ਜਾਣਾ ਚਾਹੀਦਾ ਹੈ। ਉਨ੍ਹਾ • ਬਾਕੀ ਸਫਾ 2 'ਤੇ

ਮੋਦੀ ਦੇ ਦੌਰੇ ਤੋਂ ਪਹਿਲਾਂ ਜਲੰਧਰ ਕੈਂਟ ਸਟੇਸ਼ਨ ਦਾ ਜਾਇਜ਼ਾ

ਰੇਲ ਰਾਜ ਮੰਤਰੀ ਰਵਨੀਤ ਸਿੰਘ ਨੇ ਬੁੱਧਵਾਰ ਫਿਰੋਜ਼ਪੁਰ ਮੰਡਲ ਦੇ ਸੀਨੀਅਰ ਅਧਿਕਾਰੀਆਂ ਨਾਲ ਮਿਲ ਕੇ ਪੁਨਰ-ਵਿਕਸਤ ਜਲੰਧਰ ਕੈਂਟ ਰੇਲਵੇ ਸਟੇਸ਼ਨ ਦਾ ਦੌਰਾ ਕੀਤਾ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਪ੍ਰਸਤਾਵਿਤ ਦੌਰੇ ਦੀਆਂ ਤਿਆਰੀਆਂ ਦਾ ਜਾਇਜ਼ਾ ਲਿਆ। ਪ੍ਰਧਾਨ ਮੰਤਰੀ 17 ਜੁਲਾਈ ਨੂੰ ਇਸ ਸਟੇਸ਼ਨ ਦੇ ਪੁਨਰਵਿਕਾਸ ਪ੍ਰੋਜੈਕਟ ਦਾ ਉਦਘਾਟਨ ਕਰਨਗੇ।ਬਿੱਟੂ ਨੇ ਯਾਤਰੀ ਸਹੂਲਤਾਂ ਤੇ ਚੱਲ ਰਹੀਆਂ ਤਿਆਰੀਆਂ ਦਾ ਵਿਸਥਾਰ ਨਾਲ ਜਾਇਜ਼ਾ ਲਿਆ ਅਤੇ ਪੁਨਰ-ਵਿਕਾਸ ਕਾਰਜਾਂ ਦੀ ਗੁਣਵੱਤਾ 'ਤੇ ਸੰਤੁਸ਼ਟੀ ਪ੍ਰਗਟ ਕੀਤੀ।

ਬਿਸ਼ਨੋਈ, ਜੱਗੂ ਤੇ ਗੋਲਡੀ ਗਰੋਹ ਦੇ 24 ਮੈਂਬਰ ਗ੍ਰਿਫ਼ਤਾਰ

ਵੈਨਕੂਵਰ (ਨ ਜ਼ ਸ)

ਅਮਰੀਕਾ, ਕੈਨੇਡਾ ਤੇ ਯੂਰਪੀਅਨ ਦੇਸ਼ਾਂ ਦੀ ਪੁਲਸ ਵਲੋਂ ਚਲਾਏ ਸਾਂਝੇ ਅਪ੍ਰੇਸ਼ਨ ਦੌਰਾਨ ਲਾਰੈਂਸ ਬਿਸ਼ਨੋਈ, ਜੱਗੂ ਭਗਵਾਨਪੁਰੀਆ ਤੇ ਗੋਲਡੀ ਬਰਾੜ ਨਾਲ ਸੰਬੰਧਤ 37 ਵਿਅਕਤੀਆਂ ਵਿਰੁੱਧ ਵੱਖ-ਵੱਖ ਮਾਮਲੇ ਦਰਜ ਕੀਤੇ ਗਏ ਹਨ। ਇਨ੍ਹਾਂ 'ਚੋਂ 24 ਨੂੰ ਅਮਰੀਕਾ ਅਤੇ ਕੈਨੇਡਾ 'ਚੋਂ ਗ੍ਰਿਫਤਾਰ ਕਰ ਲਿਆ ਗਿਆ ਹੈ ਅਤੇ ਰਹਿੰਦੇ 11 ਨੂੰ ਕਾਬੂ ਕਰਨ ਲਈ ਵੱਡੇ ਪੱਧਰ 'ਤੇ ਕਾਰਵਾਈ ਜਾਰੀ ਹੈ।

ਦੱਸਿਆ ਗਿਆ ਹੈ ਕਿ ਤਿੰਨ ਸਾਲ ਪਹਿਲਾਂ ਸਰੀ ਗੁਰਦੁਆਰੇ ਦੀ ਪਾਰਕਿੰਗ ਵਿੱਚ ਮਾਰੇ ਗਏ ਹਰਦੀਪ ਸਿੰਘ ਨਿੱਜਰ ਦੇ ਕਤਲ ਦੀ ਸਾਜ਼ਿਸ਼ ਅਮਰੀਕਾ 'ਚ ਗੋਲਡੀ ਬਰਾੜ ਗਰੋਹ ਵੱਲੋਂ ਰਚੀ ਗਈ ਤੇ ਉਸੇ ਵੱਲੋਂ ਭਾੜੇ ਦੇ ਕਾਤਲਾਂ ਨਾਲ ਸੌਦਾ ਕੀਤਾ ਗਿਆ ਸੀ। ਜਾਂਚ ਏਜੰਸੀ ਵੱਲੋਂ ਇਹ ਵੀ ਦੱਸਿਆ ਗਿਆ ਹੈ ਕਿ ਲਾਰੈਂਸ ਬਿਸ਼ਨੋਈ ਅਤੇ ਜੱਗੂ ਭਗਵਾਨਪੁਰੀਆ ਗਰੋਹਾਂ ਦੇ ਮੁਖੀਆਂ ਨੂੰ ਭਾਰਤੀ ਜੇਲ੍ਹਾਂ 'ਚ ਸਹੂਲਤਾਂ ਤੇ ਛੋਟਾਂ ਹੋਣ ਕਰਕੇ ਉਹ ਡਰੱਗ ਤਸਕਰੀ, ਗੋਲੀਬਾਰੀ ਅਤੇ ਫਿਰੌਤੀ ਦੇ ਅੰਤਰਰਾਸ਼ਟਰੀ ਗਰੋਹਾਂ ਦਾ ਸੰਚਾਲਨ ਕਰ ਰਹੇ ਹਨ।

ਇਸ ਦੌਰਾਨ ਅਮਰੀਕਨ ਪੁਲਸ ਨੇ ਪਤਾ ਲਾਇਆ ਹੈ ਕਿ ਪੰਜਾਬ ਪੁਲਸ ਦੇ ਕੁਝ ਮੁਲਾਜ਼ਮ ਵੀ ਇਨ੍ਹਾਂ ਗਰੋਹਾਂ ਨਾਲ ਮਿਲੇ ਹੋਏ ਹਨ। ਇਸ ਦੌਰਾਨ ਟਾਂਡਾ ਦੇ ਐੱਸ ਐੱਚ ਓ ਗੁਰਿੰਦਰਜੀਤ ਸਿੰਘ ਨਾਗਰਾ ਦੇ ਨਾਂਅ ਦਾ ਜ਼ਿਕਰ ਵੀ ਕੀਤਾ ਗਿਆ ਹੈ, ਜੋ ਅਮਰੀਕਾ ਦੇ ਓਹਾਈਓ ਸੂਬੇ 'ਚ ਰਹਿੰਦੇ ਕਿਸੇ ਕਾਰੋਬਾਰੀ ਦੇ ਪਰਵਾਰ ਤੋਂ ਗੋਲਡੀ ਬਰਾੜ ਦੇ ਕਾਰਕੁਨ ਗੁਰਦੇਵ ਸਿੰਘ ਵੱਲੋਂ 50 ਲੱਖ ਦੀ ਫਿਰੌਤੀ ਮੰਗਣ ਦੇ ਮਾਮਲੇ 'ਚ ਕਾਰੋਬਾਰੀ ਦੇ ਭਾਰਤ ਰਹਿੰਦੇ ਪਰਵਾਰ ਨੂੰ ਡਰਾਉਂਦਾ-ਧਮਕਾਉਂਦਾ ਰਿਹਾ ਤੇ ਉਨ੍ਹਾਂ ਉੱਤੇ ਕਤਲ ਦਾ ਨਾਜਾਇਜ਼ ਪਰਚਾ ਦਰਜ ਕਰਨ ਦੇ ਯਤਨ ਵੀ ਕੀਤੇ ਗਏ।

ਸਰੀ ਦੇ ਅਮਰੀਕਨ ਸਰਹੱਦ ਕੋਲ ਪੈਂਦੀ 156 ਸਟਰੀਟ 'ਤੇ ਰਹਿੰਦੇ ਰਵਿੰਦਰ ਸਿੰਘ ਢੱਡਾ ਨੂੰ ਵੱਡੇ ਤਸਕਰ ਵਜੋਂ ਨਾਮਜ਼ਦ ਕੀਤਾ ਗਿਆ ਹੈ, ਜੋ ਗਰੋਹਾਂ ਦੇ ਫਾਈਨੈਂਸਰ ਵਜੋਂ ਕੰਮ ਕਰਦਾ ਸੀ ਅਤੇ ਆਪਣੇ ਟਰੱਕ ਕਾਰੋਬਾਰ ਨੂੰ ਨਸ਼ਿਆਂ ਦੀ ਤਸਕਰੀ ਲਈ • ਬਾਕੀ ਸਫਾ 2 'ਤੇ

ਗੋਲਡੀ 'ਤੇ 50 ਹਜ਼ਾਰ ਡਾਲਰ ਦਾ ਇਨਾਮ

ਵਾਸ਼ਿੰਗਟਨ (ਨ ਜ਼ ਸ)

ਐੱਫ ਬੀ ਆਈ ਨੇ ਸਤਿੰਦਰਜੀਤ ਸਿੰਘ ਉਰਫ ਗੋਲਡੀ ਬਰਾੜ ਦੀ ਗ੍ਰਿਫਤਾਰੀ ਲਈ ਜਾਣਕਾਰੀ ਦੇਣ ਵਾਲੇ ਨੂੰ 50,000 ਡਾਲਰ ਤੱਕ ਦਾ ਇਨਾਮ ਦੇਣ ਦਾ ਐਲਾਨ ਕੀਤਾ ਹੈ। ਇਹ ਐਲਾਨ ਉਸ ਵਿਰੁੱਧ ਜੇਲ੍ਹ ਵਿੱਚ ਬੰਦ ਗੈਂਗਸਟਰ ਲਾਰੈਂਸ ਬਿਸ਼ਨੋਈ ਦੇ ਨਾਲ 2023 ਵਿੱਚ ਸਰੀ ਬ੍ਰਿਟਿਸ਼ ਕੋਲੰਬੀਆ ਵਿੱਚ ਖਾਲਿਸਤਾਨੀ ਵੱਖਵਾਦੀ ਹਰਦੀਪ ਸਿੰਘ ਨਿੱਝਰ ਦੇ ਕਤਲ ਵਿੱਚ ਦੋਸ਼ ਆਇਦ ਕੀਤੇ ਜਾਣ ਤੋਂ ਕੁਝ ਘੰਟਿਆਂ ਬਾਅਦ ਕੀਤਾ ਗਿਆ ਹੈ।

ਬਰਾੜ ਪੰਜਾਬੀ ਗਾਇਕ ਸਿੱਧੂ ਮੂਸੇਵਾਲਾ ਦੇ ਕਤਲ ਵਿੱਚ ਵੀ ਮੁੱਖ ਮੁਲਜ਼ਮ ਹੈ। ਨੈਸ਼ਨਲ ਇਨਵੈਸਟੀਗੇਸ਼ਨ ਏਜੰਸੀ (ਐੱਨ ਆਈ ਏ) ਅਤੇ ਪੰਜਾਬ ਪੁਲਸ ਨੇ ਉਸ ਨੂੰ ਭਾਰਤ 'ਚ ਮੋਸਟ ਵਾਂਟੇਡ ਕਰਾਰ ਦਿੱਤਾ ਹੈ ਅਤੇ ਪਹਿਲਾਂ ਵੱਖਰੇ ਤੌਰ 'ਤੇ ਨਕਦ ਇਨਾਮਾਂ ਦਾ ਐਲਾਨ ਕੀਤਾ ਹੋਇਆ ਹੈ। ਐੱਕਸ 'ਤੇ ਇੱਕ ਪੋਸਟ ਵਿੱਚ ਐੱਫ ਬੀ ਆਈ ਨੇ ਕਿਹਾ ਗੋਲਡੀ ਲਾਰੈਂਸ ਬਿਸ਼ਨੋਈ ਆਰਗੇਨਾਈਜ਼ਡ ਕ੍ਰਾਈਮ ਗਰੁੱਪ ਵਿੱਚ ਕਥਿਤ ਸ਼ਮੂਲੀਅਤ ਲਈ ਲੋੜੀਂਦਾ ਹੈ। ਉਸ ਨੂੰ ਏਜੰਸੀ ਨੇ ਦੱਖਣੀ ਕੈਲੀਫੋਰਨੀਆ ਤੇ ਪੂਰੇ ਅਮਰੀਕਾ ਅਤੇ ਕੈਨੇਡਾ ਵਿੱਚ ਕਈ ਤਰ੍ਹਾਂ ਦੇ ਹਿੰਸਕ ਕੰਮਾਂ ਵਿੱਚ ਸ਼ਾਮਲ ਦੱਸਿਆ ਹੈ। ਬਰਾੜ • ਬਾਕੀ ਸਫਾ 2 'ਤੇ

ਨਿੱਝਰ ਕਤਲ ਕਾਂਡ 'ਚ ਭਾਰਤੀ ਅਧਿਕਾਰੀ ਸ਼ਾਮਲ ਨਹੀਂ ਸਨ : ਕੈਨੇਡਾ

ਨਵੀਂ ਦਿੱਲੀ (ਨ ਜ਼ ਸ)-ਕੈਨੇਡਾ ਵਿੱਚ 2023 ਵਿੱਚ ਵੱਖਵਾਦੀ ਹਰਦੀਪ ਸਿੰਘ ਨਿੱਝਰ ਦੇ ਕਤਲ ਦੀ ਜਾਂਚ ਕਰ ਰਹੇ ਜਾਂਚਕਰਤਾਵਾਂ ਨੂੰ ਭਾਰਤੀ ਸਰਕਾਰੀ ਅਧਿਕਾਰੀਆਂ ਨੂੰ ਇਸ ਕਤਲ ਨਾਲ ਜੋੜਨ ਦਾ ਕੋਈ ਸਬੂਤ ਨਹੀਂ ਮਿਲਿਆ।

ਰਾਇਲ ਕੈਨੇਡੀਅਨ ਮਾਊਂਟੇਡ ਪੁਲਸ (ਆਰ ਸੀ ਐੱਮ ਪੀ) ਦੀ ਡਿਪਟੀ ਕਮਿਸ਼ਨਰ ਲੀਜ਼ਾ ਮੋਰਲੈਂਡ ਨੇ ਇਹ ਗੱਲ ਅਮਰੀਕੀ ਅਧਿਕਾਰੀਆਂ ਵੱਲੋਂ ਗੈਂਗਸਟਰ ਲਾਰੈਂਸ ਬਿਸ਼ਨੋਈ ਅਤੇ ਉਸ ਦੇ ਸਹਿਯੋਗੀ ਸਤਿੰਦਰਜੀਤ ਸਿੰਘ ਉਰਫ ਗੋਲਡੀ ਬਰਾੜ 'ਤੇ ਨਿੱਝਰ ਦੀ ਹੱਤਿਆ ਦਾ ਹੁਕਮ ਦੇਣ ਦੇ ਦੋਸ਼ ਲਗਾਉਣ ਤੋਂ ਕੁਝ ਘੰਟੇ ਬਾਅਦ ਕਹੀ ਹੈ। • ਬਾਕੀ ਸਫਾ 2 'ਤੇ

ਅੱਜ-ਨਾਮਾ

ਅਫਸਰ ਯੂ ਪੀ ਦਾ ਸਾਬਕਾ ਜਦੋਂ ਫੜਿਆ,
ਮਿਲ ਗਿਆ ਮਾਲ ਆ ਕਈ ਕਰੋੜ ਮੀਆਂ।
ਸੋਨਾ-ਚਾਂਦੀ ਤੱਕ ਕਰਨ ਹਿਸਾਬ ਮੁਸ਼ਕਲ,
ਲੁਕਾਇਆ ਜਿੰਨਾ ਸੀ ਓਸ ਨੇ ਜੋੜ ਮੀਆਂ।
ਮਾਲਕੀ ਮਕਾਨਾਂ ਦੀ ਸੁਣੀ ਹੈ ਦਰਜਨਾਂ ਦੀ,
ਸਕੇਗਾ ਮਾਇਆ ਦਾ ਮੋਹ ਨਾ ਛੋੜ ਮੀਆਂ।
ਵੱਜਿਆ ਛਾਪਾ ਤਾਂ ਨਿਕਲਿਆ ਮਾਲ ਢੇਰੀ,
ਅਜੇ ਪੜਤਾਲ ਨਹੀਂ ਸਿਰੇ ਦੇ ਤੋੜ ਮੀਆਂ।
ਵਧੀ ਹੈ ਭੁੱਖ ਬਘਿਆੜ ਦੇ ਵਾਂਗ ਜਿਹੜੀ,
ਉਸ ਦਾ ਜਾਪਦਾ ਕੋਈ ਨਹੀਂ ਅੰਤ ਮੀਆਂ।
ਮਾਇਆ ਚੰਦਰੀ ਜਦੋਂ ਫਿਰ ਮਗਰ ਪੈਂਦੀ,
ਬੰਦਾ ਆਮ ਕੀ, ਡੁੱਬਣ ਫਿਰ ਸੰਤ ਮੀਆਂ।

-ਤੀਸ ਮਾਰ ਖਾਂ

ਕੇਜਰੀਵਾਲ ਦੀ 29 ਆਟੋ ਕੰਪਨੀਆਂ ਨੂੰ ਚਿੱਠੀ : ਕੀ ਪੁਰਾਣੀਆਂ ਗੱਡੀਆਂ 'ਚ ਈ-20 ਦੀ ਵਰਤੋਂ ਸੁਰੱਖਿਅਤ ਹੈ?

ਨਵੀਂ ਦਿੱਲੀ (ਨਵਾਂ ਜ਼ਮਾਨਾ ਸਰਵਿਸ)

ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਦੇਸ਼ ਦੀਆਂ 29 ਆਟੋ ਨਿਰਮਾਤਾ ਕੰਪਨੀਆਂ ਨੂੰ ਚਿੱਠੀ ਲਿਖ ਕੇ ਇੱਕ ਹਫ਼ਤੇ ਵਿੱਚ ਸਪੱਸ਼ਟ ਕਰਨ ਦੀ ਮੰਗ ਕੀਤੀ ਹੈ ਕਿ ਕੀ ਪੁਰਾਣੀਆਂ ਗੱਡੀਆਂ ਵਿੱਚ ਈ-20 (20 ਫ਼ੀਸਦੀ ਐਥੇਨੌਲ ਬਲੈਂਡਡ ਪੈਟਰੋਲ) ਦੀ ਵਰਤੋਂ ਸੁਰੱਖਿਅਤ ਹੈ? ਉਨ੍ਹਾ ਸਰਕਾਰੀ ਪ੍ਰੈੱਸ ਕਾਨਫਰੰਸ ਵਿੱਚ ਪੁਰਾਣੀਆਂ ਗੱਡੀਆਂ ਵਿੱਚ ਈ-20 ਦੀ ਵਰਤੋਂ ਸੁਰੱਖਿਅਤ ਹੋਣ ਦਾ ਦਾਅਵਾ ਕਰਨ ਵਾਲੀ ਟੋਇਟਾ, ਹੀਰੋ ਅਤੇ ਮਾਰੂਤੀ ਨੂੰ ਵੱਖਰੀ ਚਿੱਠੀ ਲਿਖੀ ਹੈ।ਇਸ ਵਿੱਚ ਉਨ੍ਹਾ ਪੁੱਛਿਆ ਹੈ ਕਿ ਤੁਹਾਡਾ ਓਨਰ ਮੈਨੂਅਲ ਤਾਂ ਪੁਰਾਣੀਆਂ ਗੱਡੀਆਂ ਵਿੱਚ ਕਿਸੇ ਵੀ ਹਾਲਤ ਵਿੱਚ 10 ਫ਼ੀਸਦੀ ਐਥੇਨੌਲ ਬਲੈਂਡਡ ਪੈਟਰੋਲ ਦੀ ਇਜਾਜ਼ਤ ਨਹੀਂ ਦਿੰਦਾ।ਅਜਿਹੇ ਵਿੱਚ ਤਿੰਨੋਂ ਕੰਪਨੀਆਂ ਦੇਸ਼ ਨੂੰ ਲਿਖਤੀ ਰੂਪ ਵਿੱਚ ਦੱਸਣ ਕਿ ਕੀ ਪੁਰਾਣੀਆਂ ਗੱਡੀਆਂ ਵਿੱਚ ਈ-20 ਸੁਰੱਖਿਅਤ ਹੈ ਅਤੇ ਕੀ ਮਾਈਲੇਜ ਸਿਰਫ਼ 4-5 ਫ਼ੀਸਦੀ ਹੀ ਘੱਟ ਹੁੰਦੀ ਹੈ। ਨਾਲ ਹੀ ਕੀ ਗੱਡੀ ਦੀ ਮਾਈਲੇਜ 5-10 ਫ਼ੀਸਦੀ ਤੋਂ ਜ਼ਿਆਦਾ ਘੱਟ ਹੋਈ ਜਾਂ ਕੋਈ ਪੁਰਜ਼ਾ ਖ਼ਰਾਬ ਹੋਇਆ ਤਾਂ ਤਿੰਨੋਂ ਕੰਪਨੀਆਂ ਖਪਤਕਾਰ ਨੂੰ ਹਰਜਾਨਾ ਦੇਣਗੀਆਂ?

ਕੇਜਰੀਵਾਲ ਨੇ ਦੂਜੀ ਚਿੱਠੀ 26 ਹੋਰ ਕੰਪਨੀਆਂ ਨੂੰ ਲਿਖੀ ਹੈ ਅਤੇ ਉਨ੍ਹਾਂ ਨੂੰ ਸਾਫ਼ ਕਰਨ ਲਈ ਕਿਹਾ ਹੈ ਕਿ ਕੀ ਤੁਹਾਡੀਆਂ ਪੁਰਾਣੀਆਂ ਗੱਡੀਆਂ ਵਿੱਚ ਈ-20 ਦੀ ਵਰਤੋਂ ਸੰਭਵ ਹੈ? ਇਸ ਦੀ ਵਰਤੋਂ ਨਾਲ ਗੱਡੀ ਦੀ ਕਿੰਨੀ ਮਾਈਲੇਜ ਘਟੇਗੀ ਅਤੇ ਕਿੰਨਾ ਨੁਕਸਾਨ ਹੋਵੇਗਾ? ਕੀ ਕਿਸੇ ਗੱਡੀ ਦੀ ਮਾਈਲੇਜ ਘਟਣ ਜਾਂ ਕੋਈ ਪੁਰਜ਼ਾ ਖ਼ਰਾਬ ਹੋਣ 'ਤੇ ਆਟੋ ਕੰਪਨੀਆਂ ਖਪਤਕਾਰ ਨੂੰ ਮੁਆਵਜ਼ਾ ਦੇਣਗੀਆਂ? ਇਸ ਦੇ ਨਾਲ ਹੀ ਉਨ੍ਹਾ ਕਿਹਾ ਕਿ ਵੀਰਵਾਰ ਨੂੰ ਮੈਂ ਈ-20 ਪੈਟਰੋਲ ਬਾਰੇ ਖਪਤਕਾਰਾਂ ਦੀ ਰਾਏ ਜਾਣਨ ਲਈ ਕੁਝ ਪੈਟਰੋਲ ਪੰਪਾਂ, ਸਰਵਿਸ ਸੈਂਟਰਾਂ ਅਤੇ ਮਕੈਨਿਕਾਂ ਕੋਲ ਜਾਵਾਂਗਾ।

ਬੁੱਧਵਾਰ 'ਆਪ' ਮੁੱਖ ਦਫ਼ਤਰ ਵਿਖੇ ਪਾਰਟੀ ਦੇ ਦਿੱਲੀ ਪ੍ਰਦੇਸ਼ ਪ੍ਰਧਾਨ ਨਾਲ ਪ੍ਰੈੱਸ ਕਾਨਫਰੰਸ ਕਰਦਿਆਂ ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਮੰਗਲਵਾਰ ਨੂੰ ਮੈਂ ਕਿਹਾ ਸੀ ਕਿ ਦੇਸ਼ ਦੀਆਂ ਸਾਰੀਆਂ ਪੈਟਰੋਲ ਅਧਾਰਤ ਟੂ-

ਵ੍ਹੀਲਰ ਅਤੇ ਫੋਰ-ਵ੍ਹੀਲਰ ਬਣਾਉਣ ਵਾਲੀਆਂ ਆਟੋ ਮੈਨੂਫੈਕਚਰਰ ਕੰਪਨੀਆਂ ਨੂੰ ਮੈਂ ਚਿੱਠੀ ਲਿਖ ਕੇ ਬੋਲਾਂਗਾ ਕਿ ਉਹ ਆਪਣਾ ਸਟੈਂਡ ਕਲੀਅਰ ਕਰਨ ਕਿ ਕੀ ਉਨ੍ਹਾਂ ਦੀਆਂ ਪੁਰਾਣੀਆਂ ਗੱਡੀਆਂ ਵਿੱਚ ਈ-20 ਦੀ ਵਰਤੋਂ ਕੀਤੀ ਜਾ ਸਕਦੀ ਹੈ? ਬੁੱਧਵਾਰ ਨੂੰ ਮੈਂ 29 ਆਟੋ ਮੈਨੂਫੈਕਚਰਰ ਕੰਪਨੀਆਂ ਨੂੰ ਚਿੱਠੀ ਲਿਖ ਰਿਹਾ ਹਾਂ।

ਕੇਜਰੀਵਾਲ ਨੇ ਕਿਹਾ ਕਿ 29 ਵਿੱਚੋਂ ਤਿੰਨ ਕੰਪਨੀਆਂ ਨੂੰ ਵੱਖਰੀ ਚਿੱਠੀ ਲਿਖੀ ਹੈ ਅਤੇ ਬਾਕੀ 26 ਕੰਪਨੀਆਂ ਨੂੰ ਵੱਖਰੀ ਲਿਖੀ ਹੈ। ਇਹ ਤਿੰਨ ਕੰਪਨੀਆਂ ਮਾਰੂਤੀ, ਟੋਇਟਾ ਕਿਰਲੋਸਕਰ ਅਤੇ ਹੀਰੋ ਹਨ, ਜਿਨ੍ਹਾਂ 4 ਜੁਲਾਈ ਨੂੰ ਸਰਕਾਰੀ ਪ੍ਰੈੱਸ ਕਾਨਫਰੰਸ ਵਿੱਚ ਕਿਹਾ ਸੀ ਕਿ ਜੇਕਰ ਪੁਰਾਣੀਆਂ ਗੱਡੀਆਂ ਵਿੱਚ ਈ-20 ਦੀ ਵਰਤੋਂ ਕੀਤੀ ਜਾਵੇ, ਤਾਂ ਇਹ ਸੁਰੱਖਿਅਤ ਹੈ।ਸਿਰਫ਼ ਗੱਡੀ ਦੀ ਥੋੜ੍ਹੀ ਜਿਹੀ ਮਾਈਲੇਜ ਘਟਦੀ ਹੈ, ਤਿੰਨ-ਚਾਰ ਜਾਂ 5 ਫ਼ੀਸਦੀ, ਪਰ ਗੱਡੀ ਨੂੰ ਕੋਈ ਨੁਕਸਾਨ ਨਹੀਂ ਹੁੰਦਾ। ਇਸ ਲਈ ਇਹਨਾਂ ਕੰਪਨੀਆਂ ਨੂੰ ਵੱਖਰੇ ਤੌਰ 'ਤੇ ਚਿੱਠੀ ਲਿਖੀ ਗਈ ਹੈ।

ਕੇਜਰੀਵਾਲ ਨੇ ਦੱਸਿਆ ਕਿ ਟੋਇਟਾ, ਮਾਰੂਤੀ ਅਤੇ ਹੀਰੋ ਨੂੰ ਲਿਖੀ ਚਿੱਠੀ ਵਿੱਚ ਕਿਹਾ ਹੈ ਕਿ ਤੁਸੀਂ 4 ਜੁਲਾਈ ਨੂੰ ਸਰਕਾਰੀ ਪ੍ਰੈੱਸ ਕਾਨਫਰੰਸ ਵਿੱਚ ਕਿਹਾ ਸੀ ਕਿ ਪੁਰਾਣੀਆਂ ਗੱਡੀਆਂ ਵਿੱਚ ਈ-20 ਦੀ ਵਰਤੋਂ ਕੀਤੀ ਜਾ ਸਕਦੀ ਹੈ, 4-5 ਫ਼ੀਸਦੀ ਮਾਈਲੇਜ ਘੱਟ ਹੁੰਦੀ ਹੈ, ਪਰ ਗੱਡੀ ਨੂੰ ਨੁਕਸਾਨ ਨਹੀਂ ਹੁੰਦਾ, ਪਰ ਤੁਹਾਡਾ ਓਨਰ ਮੈਨੂਅਲ ਕਹਿੰਦਾ ਹੈ ਕਿ ਕਿਸੇ ਵੀ ਹਾਲਤ ਵਿੱਚ 2023 ਤੋਂ ਪਹਿਲਾਂ ਬਣੀਆਂ ਪੁਰਾਣੀਆਂ ਗੱਡੀਆਂ ਵਿੱਚ 10 ਫ਼ੀਸਦੀ ਤੋਂ ਜ਼ਿਆਦਾ ਐਥੇਨੌਲ ਬਲੈਂਡਡ ਪੈਟਰੋਲ ਦੀ ਵਰਤੋਂ ਨਹੀਂ ਹੋਣੀ ਚਾਹੀਦੀ।ਇਹਨਾਂ ਦੋਵਾਂ ਸਥਿਤੀਆਂ ਵਿੱਚ ਆਪਸੀ ਵਿਰੋਧਾਭਾਸ ਹੈ।ਇਹਨਾਂ ਕੰਪਨੀਆਂ ਵੱਲੋਂ ਜਾਰੀ ਓਨਰ ਮੈਨੂਅਲ, ਜੋ ਕਿ ਖਪਤਕਾਰ ਅਤੇ ਕੰਪਨੀ ਵਿਚਕਾਰ ਇੱਕ ਸਮਝੌਤਾ ਹੁੰਦਾ ਹੈ, ਉਹ ਕੁਝ ਹੋਰ ਕਹਿੰਦਾ ਹੈ ਅਤੇ ਕੰਪਨੀਆਂ ਦੇ ਨੁਮਾਇੰਦੇ ਸਰਕਾਰੀ ਪ੍ਰੈੱਸ ਕਾਨਫਰੰਸ ਵਿੱਚ ਜਾ ਕੇ ਕੁਝ ਹੋਰ ਕਹਿੰਦੇ ਹਨ।

ਕੇਜਰੀਵਾਲ ਨੇ ਕਿਹਾ ਕਿ ਇਹ ਕੋਈ ਮਾਮੂਲੀ ਭੁੱਲ ਜਾਂ ਅਸੰਗਤੀ ਨਹੀਂ। ਇਹਨਾਂ ਕੰਪਨੀਆਂ ਦੀ ਅਸਲ ਸਥਿਤੀ ਕੀ ਹੈ, ਉਹ ਇਸ ਨੂੰ ਲਿਖਤੀ ਰੂਪ ਵਿੱਚ ਦੇਸ਼ ਦੇ ਸਾਹਮਣੇ ਜਨਤਕ ਕਰਨ।ਚਿੱਠੀ ਮਿਲਣ ਦੇ ਇੱਕ ਹਫ਼ਤੇ ਦੇ ਅੰਦਰ ਇਹ ਕੰਪਨੀਆਂ ਸਪੱਸ਼ਟ ਜਵਾਬ ਦੇਣ ਕਿ ਕੀ ਪੁਰਾਣੀਆਂ ਗੱਡੀਆਂ ਵਿੱਚ ਈ-20 ਪੈਟਰੋਲ ਵਰਤਿਆ ਜਾ ਸਕਦਾ ਹੈ? ਕੀ ਉਸ ਕਾਰਨ ਸਿਰਫ਼ 4-5 ਫ਼ੀਸਦੀ ਹੀ ਮਾਈਲੇਜ ਘੱਟ ਹੁੰਦੀ ਹੈ ਅਤੇ ਕੀ ਉਸ ਕਰਕੇ ਗੱਡੀ ਨੂੰ ਕੋਈ ਨੁਕਸਾਨ ਨਹੀਂ ਹੁੰਦਾ? ਜੇਕਰ ਅਜਿਹਾ ਹੈ ਤਾਂ ਉਹਨਾਂ ਨੂੰ ਦੋ ਸਵਾਲ ਪੁੱਛੇ ਗਏ ਹਨ ਕਿ ਜੇਕਰ ਕਿਸੇ ਦੀ 5 ਤੋਂ 10 ਫ਼ੀਸਦੀ ਤੋਂ ਜ਼ਿਆਦਾ ਮਾਈਲੇਜ ਘੱਟ ਹੋਈ, ਤਾਂ ਕੀ ਉਹ ਉਸ ਖਪਤਕਾਰ ਨੂੰ ਮੁਆਵਜ਼ਾ ਦੇਣਗੇ? ਜੇਕਰ ਈ-20 ਵਰਤਣ ਨਾਲ ਕਿਸੇ ਪੁਰਜ਼ੇ ਨੂੰ ਨੁਕਸਾਨ • ਬਾਕੀ ਸਫਾ 2 'ਤੇ

ਅਨੇਕਾਂ ਪਰਵਾਰ ਹੋਰ ਪਾਰਟੀਆਂ ਛੱਡ 'ਆਪ' 'ਚ ਸ਼ਾਮਲ

ਗਿੱਦੜਬਾਹਾ (ਜਸਵੰਤ ਗਿੱਲ)-ਆਮ ਆਦਮੀ ਪਾਰਟੀ ਦੇ ਪਰਵਾਰ ਵਿੱਚ ਹਲਕਾ ਗਿੱਦੜਬਾਹਾ ਅੰਦਰ ਲਗਾਤਾਰ ਵਾਧਾ ਦਰਜ ਕੀਤਾ ਜਾ ਰਿਹਾ ਹੈ।ਇਸੇ ਤਹਿਤ ਵਿਧਾਇਕ ਹਰਦੀਪ ਸਿੰਘ ਡਿੰਪੀ ਢਿੱਲੋਂ ਦੀ ਅਗਵਾਈ ਹੇਠ ਗੁਰਜੀਤ ਸਿੰਘ ਸਰਪੰਚ ਤੇ ਗੁਰਸੇਵਕ ਸਿੰਘ ਦੀ ਪ੍ਰੇਰਨਾ ਸਦਕਾ ਕਾਂਗਰਸ ਪਾਰਟੀ ਸਮੇਤ ਵੱਖ-ਵੱਖ ਰਾਜਨੀਤਿਕ ਪਾਰਟੀਆਂ ਨਾਲ ਸੰਬੰਧਿਤ ਅਨੇਕਾਂ ਪਰਵਾਰਾਂ ਨੇ ਆਪਣੇ ਸਾਥੀਆਂ ਸਮੇਤ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਦਾ ਐਲਾਨ ਕੀਤਾ।ਪਾਰਟੀ ਵਿੱਚ ਸਤਪਾਲ ਸਿੰਘ, ਬਲਰਾਜ ਸਿੰਘ, ਦੇਸ਼ਰਾਜ ਸਿੰਘ, ਜੋਗਿੰਦਰ ਸਿੰਘ, ਗੁਰਤੇਜ ਸਿੰਘ, ਨਸੀਬ ਕੌਰ, ਜਮੁਨਾ ਕੌਰ, ਜੀਤੋ ਕੌਰ, ਰੇਸ਼ਮਾ ਕੌਰ, ਅਮਨਦੀਪ ਕੌਰ, ਬਲਜੀਤ ਕੌਰ, ਮਨਜੀਤ ਕੌਰ, ਆਪਣੇ ਪਰਿਵਾਰਾਂ ਸਮੇਤ ਸ਼ਾਮਲ ਹੋਏ ਪਰਵਾਰਾਂ ਦਾ ਵਿਧਾਇਕ ਡਿੰਪੀ ਢਿੱਲੋਂ ਨੇ ਨਿੱਘਾ ਸਵਾਗਤ ਕਰਦਿਆਂ ਉਨ੍ਹਾਂ ਨੂੰ ਪੂਰਾ ਮਾਣ-ਸਨਮਾਨ ਦੇਣ ਦਾ ਭਰੋਸਾ ਦਿੱਤਾ।ਡਿੰਪੀ ਢਿੱਲੋਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਲੋਕ ਭਲਾਈ ਨੂੰ ਸਮਰਪਿਤ ਹੋ ਕੇ ਕੰਮ ਕਰ ਰਹੀ ਹੈ ਅਤੇ ਸਿੱਖਿਆ, ਸਿਹਤ, ਬਿਜਲੀ, ਰੁਜ਼ਗਾਰ ਤੇ ਹੋਰ ਵਿਕਾਸ ਕਾਰਜਾਂ ਦੇ ਖੇਤਰ ਵਿੱਚ ਕਈ ਮਹੱਤਵਪੂਰਨ ਉਪਰਾਲੇ ਕੀਤੇ ਗਏ ਹਨ।ਉਨ੍ਹਾਂ ਕਿਹਾ ਕਿ ਸਰਕਾਰ ਦੀਆਂ ਨੀਤੀਆਂ ਅਤੇ ਲੋਕ-ਪੱਖੀ ਫ਼ੈਸਲਿਆਂ ਕਾਰਨ ਲੋਕਾਂ ਦਾ ਭਰੋਸਾ ਆਮ ਆਦਮੀ ਪਾਰਟੀ ਪ੍ਰਤੀ ਲਗਾਤਾਰ ਵਧ ਰਿਹਾ ਹੈ, ਜਿਸ ਦੇ ਨਤੀਜੇ ਵਜੋਂ ਹਰ ਰੋਜ਼ ਵੱਡੀ ਗਿਣਤੀ ਵਿੱਚ ਲੋਕ ਪਾਰਟੀ ਨਾਲ ਜੁੜ ਰਹੇ ਹਨ।ਉਨ੍ਹਾਂ ਲੋਕਾਂ ਨੂੰ ਪੰਜਾਬ ਸਰਕਾਰ ਦੀਆਂ ਵੱਖ-ਵੱਖ ਲੋਕ ਭਲਾਈ ਸਕੀਮਾਂ ਅਤੇ ਵਿਕਾਸ ਕਾਰਜਾਂ ਬਾਰੇ ਵੀ ਵਿਸਥਾਰ ਨਾਲ ਜਾਣਕਾਰੀ ਦਿੱਤੀ।ਪਾਰਟੀ ਵਿੱਚ ਸ਼ਾਮਲ ਹੋਏ ਪਰਵਾਰਾਂ ਨੇ ਕਿਹਾ ਕਿ ਉਹ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਤੇ ਪੰਜਾਬ ਸਰਕਾਰ ਦੇ ਕੰਮਾਂ ਤੋਂ ਪ੍ਰਭਾਵਤ ਹੋ ਕੇ ਪਾਰਟੀ ਨਾਲ ਜੁੜੇ ਹਨ।

ਮਾਤਾ ਚਿੰਤਪੁਰਨੀ ਵਿਖੇ ਭੰਡਾਰਾ 13 ਤੋਂ

ਬਾਘਾ ਪੁਰਾਣਾ (ਮਨੀ ਸਿੰਗਲਾ)-ਜੈ ਮਾਤਾ ਚਿੰਤਪੁਰਨੀ ਲੰਗਰ ਟਰੱਸਟ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ 49ਵਾਂ ਵਾਰਸ਼ਿਕ ਸ਼ੁੱਧ ਦੇਸੀ ਘਿਓ ਦਾ ਵਿਸ਼ਾਲ ਭੰਡਾਰਾ ਮਾਤਾ ਸ਼੍ਰੀ ਚਿੰਤਪੁਰਨੀ ਧਾਮ ਵਿਖੇ 13 ਅਗਸਤ ਤੋਂ 21 ਅਗਸਤ ਤੱਕ ਲਾਇਆ ਜਾਵੇਗਾ।ਟਰੱਸਟ ਦੇ ਪ੍ਰਧਾਨ ਅਸ਼ੋਕ ਗਰਗ (ਸ਼ੌਕੀ) ਸੈਕਟਰੀ ਵਿਕਾਸ ਕਟਾਰੀਆ ਟਿੰਕੂ ਨੇ ਦੱਸਿਆ ਕਿ ਮਾਤਾ ਚਿੰਤਪੁਰਨੀ ਦੇ ਸਾਲਾਨਾ ਮੇਲੇ ਦੌਰਾਨ ਦੇਸ਼-ਵਿਦੇਸ਼ ਤੋਂ ਆਉਣ ਵਾਲੇ ਲੱਖਾਂ ਸ਼ਰਧਾਲੂਆਂ ਦੀ ਸੇਵਾ ਲਈ ਮਹਾਂਮਾਈ ਦੇ ਅਸ਼ੀਰਵਾਦ ਨਾਲ ਲੰਗਰ ਸੇਵਾ 13 ਅਗਸਤ ਤੋਂ ਸ਼ੁਰੂ ਕੀਤੀ ਜਾਵੇਗੀ। ਹਨੀ ਗਰਗ, ਲੱਕੀ ਕਕਰੇਜਾ, ਮਨੀਸ਼ ਗੋਇਲ, ਲੱਕੀ ਜਿੰਦਲ, ਸਾਹਿਬ ਸਹਿਗਲ, ਸੰਜੀਵ ਕੁਮਾਰ, ਅਜੇ ਮਿੱਤਲ, ਦੀਪੂ ਜਿੰਦਲ ਨੇ ਕਿਹਾ ਕਿ ਟਰੱਸਟ ਵੱਲੋਂ ਸ਼ਰਧਾਲੂਆਂ ਲਈ ਚਾਹ, ਪੀਣ ਵਾਲੇ ਪਾਣੀ, ਨਾਸ਼ਤੇ ਤੇ ਸ਼ੁੱਧ ਦੇਸੀ ਘਿਓ ਨਾਲ ਤਿਆਰ ਭੋਜਨ ਦਾ ਵਿਸ਼ੇਸ਼ ਅਤੇ ਸੁਚੱਜਾ ਪ੍ਰਬੰਧ ਕੀਤਾ ਜਾਵੇਗਾ।ਪ੍ਰਧਾਨ ਗਰਗ ਨੇ ਦੱਸਿਆ ਕਿ ਇਹ ਸੇਵਾ ਐਨ.ਆਰ.ਆਈ. ਵੀਰਾਂ, ਦਾਨੀ ਸੱਜਣਾਂ ਤੇ ਬਾਘਾਪੁਰਾਣਾ ਸ਼ਹਿਰ ਵਾਸੀਆਂ ਦੇ ਸਹਿਯੋਗ ਨਾਲ ਹਰ ਸਾਲ ਨਿਰੰਤਰ ਚੱਲ ਰਹੀ ਹੈ।ਟਰੱਸਟ ਵੱਲੋਂ ਸੇਵਾ ਕਾਰਜਾਂ ਲਈ ਸਾਰੀਆਂ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਗਈਆਂ ਹਨ ਤੇ ਲੰਗਰ ਸਮੱਗਰੀ ਨਾਲ ਭਰੇ ਟਰੱਕ 12 ਅਗਸਤ ਨੂੰ ਸਵੇਰੇ ਨਿਹਾਲ ਸਿੰਘ ਵਾਲਾ ਰੋਡ ਬਾਘਾਪੁਰਾਣਾ ਤੋਂ ਮਾਤਾ ਚਿੰਤਪੁਰਨੀ ਧਾਮ ਲਈ ਰਵਾਨਾ ਕੀਤੇ ਜਾਣਗੇ।

ਭਵਾਨੀਗੜ੍ਹ ਪੁਲਸ ਦੀ ਨਸ਼ਿਆਂ ਖ਼ਿਲਾਫ਼ ਵੱਡੀ ਕਾਰਵਾਈ, 48 ਗ੍ਰਿਫਤਾਰੀਆਂ

ਭਵਾਨੀਗੜ੍ਹ (ਰਾਜ ਖੁਰਮੀ)-ਸੰਗਰੂਰ ਜ਼ਿਲ੍ਹਾ ਪੁਲਿਸ ਵੱਲੋਂ ਨਸ਼ਿਆਂ ਖ਼ਿਲਾਫ਼ ਚਲਾਈ ਜਾ ਰਹੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਭਵਾਨੀਗੜ੍ਹ ਪੁਲਿਸ ਨੇ ਵੱਡੀ ਕਾਰਵਾਈ ਕਰਦਿਆਂ 24 ਜੂਨ ਤੋਂ 7 ਜੁਲਾਈ ਤੱਕ ਵੱਖ-ਵੱਖ ਮਾਮਲਿਆਂ ਵਿੱਚ 48 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਹੈ।ਇਹ ਜਾਣਕਾਰੀ ਐੱਸ.ਐੱਸ.ਪੀ. ਸੰਗਰੂਰ ਡਾ. ਰਵਜੋਤ ਕੌਰ ਗਰੇਵਾਲ ਨੇ ਪ੍ਰੈਸ ਨਾਲ ਸਾਂਝੀ ਕਰਦਿਆਂ ਦੱਸਿਆ ਕਿ ਇਸ ਅਰਸੇ ਦੌਰਾਨ ਐੱਨ.ਡੀ.ਪੀ.ਐੱਸ. ਐਕਟ ਤਹਿਤ 8 ਮੁਕੱਦਮੇ ਦਰਜ ਕਰਕੇ 10 ਮੁਲਜ਼ਮਾਂ ਨੂੰ ਕਾਬੂ ਕੀਤਾ ਗਿਆ, ਜਿਨ੍ਹਾਂ ਕੋਲੋਂ 49 ਗ੍ਰਾਮ ਹੈਰੋਇਨ (ਚਿੱਟਾ) ਬਰਾਮਦ ਕੀਤੀ ਗਈ।ਇਸ ਤੋਂ ਇਲਾਵਾ ਆਬਕਾਰੀ ਐਕਟ ਤਹਿਤ 2 ਮੁਕੱਦਮੇ ਦਰਜ ਕਰਕੇ 3 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਅਤੇ ਉਨ੍ਹਾਂ ਕੋਲੋਂ 616 ਬੋਤਲਾਂ ਨਾਜਾਇਜ਼ ਸ਼ਰਾਬ ਬਰਾਮਦ ਕੀਤੀ ਗਈ।ਨਸ਼ੇ ਦੇ ਆਦੀ 14 ਵਿਅਕਤੀਆਂ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਦੀ ਕਾਊਂਸਲਿੰਗ ਕਰਕੇ ਸਹਿਮਤੀ ਨਾਲ ਨਸ਼ਾ ਛੁਡਾਊ ਕੇਂਦਰ ਭੇਜਿਆ ਗਿਆ, ਜਿੱਥੇ ਉਨ੍ਹਾਂ ਦਾ ਇਲਾਜ ਸ਼ੁਰੂ ਕਰਵਾਇਆ ਗਿਆ।ਪੁਲਿਸ ਨੇ ਸ਼ੱਕੀ ਵਿਅਕਤੀਆਂ ਵਿਰੁੱਧ ਚੈਕਿੰਗ ਮੁਹਿੰਮ ਚਲਾਉਂਦਿਆਂ 93 ਵਿਅਕਤੀਆਂ ਦੀ ਜਾਂਚ ਕਰਕੇ ਲੋੜੀਂਦੀ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ।ਟ੍ਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲੇ 154 ਵਾਹਨਾਂ ਦੇ ਚਲਾਨ ਵੀ ਕੱਟੇ ਗਏ।ਡਾ. ਰਵਜੋਤ ਕੌਰ ਗਰੇਵਾਲ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਨਸ਼ਿਆਂ ਦਾ ਧੰਦਾ ਕਰਨ ਵਾਲੇ ਸਮੱਗਲਰਾਂ ਅਤੇ ਸਮਾਜ ਵਿਰੋਧੀ ਅਨਸਰਾਂ ਬਾਰੇ ਬਿਨਾਂ ਕਿਸੇ ਡਰ ਦੇ ਪੁਲਿਸ ਨੂੰ ਸੂਚਨਾ ਦਿੱਤੀ ਜਾਵੇ।

ਅਗਲੀ ਸਰਕਾਰ ਕਾਂਗਰਸ ਦੀ ਬਣੇਗੀ : ਰਾਜਿੰਦਰ ਸਿੰਘ

ਪਟਿਆਲਾ/ਸਮਾਣਾ (ਰਾਜਿੰਦਰ ਸਿੰਘ ਥਿੰਦ)-ਪੰਜਾਬ ਕਾਂਗਰਸ ਦੇ ਸੀਨੀਅਰ ਆਗੂ ਤੇ ਸਮਾਣਾ ਦੇ ਸਾਬਕਾ ਵਿਧਾਇਕ ਰਾਜਿੰਦਰ ਸਿੰਘ ਨੇ ਸਮਾਣਾ ਵਿਧਾਨ ਸਭਾ ਹਲਕੇ ਅੰਦਰ ਕਾਂਗਰਸ ਦੀ ਮਜ਼ਬੂਤੀ ਲਈ ਸਰਗਰਮੀਆਂ ਜ਼ੋਰਾਂ ਨਾਲ ਵਿੱਢੀਆਂ ਦਿਤੀਆਂ ਹਨ।ਉਨ੍ਹਾਂ ਹਲਕੇ ਦੇ ਵੱਖ ਵੱਖ ਪਿੰਡਾਂ 'ਚ ਮੀਟਿੰਗਾਂ ਕਰਕੇ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ ਤੇ ਕਿਹਾ ਕਿ 2027 ਵਿੱਚ ਪੰਜਾਬ 'ਚ ਕਾਂਗਰਸ ਸਰਕਾਰ ਬਣਾਵੇਗੀ! ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਲੋਕਾਂ ਦੀਆਂ ਉਮੀਦਾਂ 'ਤੇ ਖਰੀ ਉਤਰੀ ਹੈ ਅਤੇ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ 'ਚ ਪੰਜਾਬ ਦੇ ਲੋਕ ਕਾਂਗਰਸ ਨੂੰ ਭਾਰੀ ਸਮਰਥਨ ਦੇਣਗੇ।ਉਨ੍ਹਾਂ ਵਰਕਰਾਂ ਨੂੰ ਘਰ-ਘਰ ਜਾ ਕੇ ਪਾਰਟੀ ਦੀਆਂ ਨੀਤੀਆਂ ਅਤੇ ਲੋਕ ਹਿੱਤਾਂ ਦੇ ਮੁੱਦਿਆਂ ਨੂੰ ਲੋਕਾਂ ਤੱਕ ਪਹੁੰਚਾਉਣ ਦੀ ਅਪੀਲ ਕੀਤੀ।ਇਸ ਮੌਕੇ ਸੀਨੀਅਰ ਕਾਂਗਰਸੀ ਆਗੂ ਡਾ ਰਾਜ ਕੁਮਾਰ ਡਾਕਾਲਾ, ਨਾਇਬ ਸਿੰਘ ਭਾਨਰੀ, ਨੰਬਰਦਾਰ ਗੁਰਪ੍ਰੀਤ ਸਿੰਘ ਡਾਕਾਲਾ ਅਤੇ ਮੇਜ਼ਰ ਸਿੰਘ ਕੰਬੋਜ਼ ਹਾਜ਼ਰ ਸ਼ਨ!

ਗੁਰਬਚਨ ਸਿੰਘ ਮੁਰੱਬਿਆਂ ਵਾਲੇ ਦੀ ਯਾਦ 'ਚ ਸਲਾਨਾ ਸਮਾਗਮ

ਲੁਧਿਆਣਾ (ਸਤੀਸ਼ ਸਚਦੇਵਾ)-ਗੁਰਬਚਨ ਸਿੰਘ ਮੁਰੱਬਿਆਂ ਵਾਲੇ ਦੀ ਯਾਦ 'ਚ ਸਾਲਾਨਾ ਸਨਮਾਨ ਸਮਾਗਮ ਗਦਰੀ ਬਾਬਾ ਗੁਰਮੁਖ ਸਿੰਘ ਸਰਕਾਰੀ ਮਿਡਲ ਸਕੂਲ ਲਲਤੋਂ ਖੁਰਦ ਵਿਖੇ ਉਨ੍ਹਾਂ ਦੇ ਸਪੁੱਤਰ ਮਨਜੀਤ ਸਿੰਘ (ਮੋਗਾ ਡੀਜ਼ਲ ਵਾਲੇ) ਦੀ ਅਗਵਾਈ ਵਿੱਚ ਸਮੂਹ ਪਰਿਵਾਰ ਵੱਲੋਂ ਕਰਵਾਇਆ ਗਿਆ।ਸਨਮਾਨ ਸਮਾਰੋਹ ਦੀ ਪ੍ਰਧਾਨਗੀ ਮਨਜੀਤ ਸਿੰਘ, ਸਕੂਲ ਮੁਖੀ ਮੈਡਮ ਨਿਸ਼ਾ ਸ਼ਰਮਾ ਅਤੇ ਮਾਸਟਰ ਜਸਦੇਵ ਸਿੰਘ ਲਲਤੋਂ (ਸਕੱਤਰ ਗਦਰੀ ਬਾਬਾ ਗੁਰਮੁਖ ਸਿੰਘ ਲਲਤੋਂ) ਯਾਦਗਾਰ ਕਮੇਟੀ ਨੇ ਸਾਂਝੇ ਤੌਰ 'ਤੇ ਕੀਤੀ।ਜਸਦੇਵ ਸਿੰਘ ਲਲਤੋਂ ਨੇ ਗੁਰਬਚਨ ਸਿੰਘ ਮੁਰੱਬਿਆਂ ਵਾਲੇ ਦੇ ਉੱਤਮ ਇਨਸਾਨੀ ਜੀਵਨ ਤੇ ਸ਼ਾਨਦਾਰ ਸਮਾਜਿਕ ਰੋਲ ਬਾਰੇ ਚਾਨਣਾ ਪਾਉਣ ਦਾ ਯਤਨ ਕੀਤਾ।ਸਾਲਾਨਾ ਸਮਾਗਮ ਦੇ ਸਿਖਰ 'ਤੇ ਗਦਰੀ ਬਾਬਾ ਗੁਰਮੁਖ ਸਿੰਘ ਸ. ਮਿ. ਸਕੂਲ ਦੀ ਅੱਠਵੀਂ ਜਮਾਤ ਦੀ ਮਾਰਚ 2026 ਦੀ ਬੋਰਡ ਪ੍ਰੀਖਿਆ ਦੇ ਆਧਾਰ 'ਤੇ ਪਹਿਲੀ ਪੁਜੀਸ਼ਨ ਵਾਲੇ ਵਿਦਿਆਰਥੀ ਕਰਨ ਪਾਠਕ (511/600), ਦੂਜੀ ਪੁਜੀਸ਼ਨ ਵਾਲੇ ਅਰਜੁਨ ਕੁਮਾਰ (459/600) ਤੇ ਤੀਜੀ ਪੁਜੀਸ਼ਨ ਵਾਲ਼ੇ ਸਚਿਨ ਕੁਮਾਰ (421/600) ਨੂੰ ਦਰਜਾਵਾਰ ਨਗਦ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ।ਅੰਤ 'ਚ ਸਕੂਲ ਮੁਖੀ ਮੈਡਮ ਨਿਸ਼ਾ ਸ਼ਰਮਾ ਨੇ ਸਮੂਹ ਪਤਵੰਤੇ ਸੱਜਣਾਂ, ਅਧਿਆਪਕਾਂ ਤੇ ਵਿਦਿਆਰਥੀਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਅੱਵਲ ਵਿਦਿਆਰਥੀਆਂ ਨੂੰ ਭਰਪੂਰ ਵਧਾਈਆਂ ਦਿੱਤੀਆਂ।ਇਸ ਮੌਕੇ ਰੂਪ ਸਿੰਘ, ਗੁਰਚਰਨ ਸਿੰਘ ਥਾਣੇਦਾਰ, ਰਣਜੀਤ ਸਿੰਘ ਜੀਤੂ, ਮੈਡਮ ਜਸਵਿੰਦਰ ਕੌਰ, ਮੀਰਾ ਰਾਣੀ, ਰਿੰਕੂ ਕੁਮਾਰ ਉਚੇਚੇ ਤੌਰ 'ਤੇ ਸ਼ਾਮਿਲ ਹੋਏ।

ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪ੍ਰਚਾਰ ਵੈਨ ਦਾ ਸਵਾਗਤ

ਫਾਜ਼ਿਲਕਾ (ਨਿਸ਼ਾ ਸ਼ਰਮਾ)-ਪੰਜਾਬ ਸਰਕਾਰ ਵੱਲੋਂ ਸੰਤ ਸ਼੍ਰੋਮਣੀ ਗੁਰੂ ਰਵਿਦਾਸ ਜੀ ਦੇ 650 ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼ੁਰੂ ਕੀਤੀ ਗਈ ਰਾਜ ਪੱਧਰੀ ਜਾਗਰੂਕਤਾ ਮੁਹਿੰਮ ਤਹਿਤ ਪ੍ਰਚਾਰ ਵੈਨ ਫਾਜ਼ਿਲਕਾ ਜ਼ਿਲ੍ਹੇ ਦੇ ਪਿੰਡ ਬਾਧਾ ਅਤੇ ਪਿੰਡ ਲਾਲੋਵਾਲੀ ਵਿਖੇ ਪੁੱਜੀ ਜਿਥੇ ਉਸ ਦਾ ਲੋਕਾਂ ਨੇ ਸਵਾਗਤ ਕੀਤਾ । ਇਸ ਮੌਕੇ ਦੋਵੇਂ ਪਿੰਡਾਂ ਵਿੱਚ ਵੱਡੀ ਗਿਣਤੀ ਵਿੱਚ ਲੋਕ ਇਕੱਤਰ ਹੋਏ ਅਤੇ ਗੁਰੂ ਸਾਹਿਬ ਦੇ ਜੀਵਨ ਅਤੇ ਉਪਦੇਸ਼ਾਂ ਬਾਰੇ ਜਾਣਕਾਰੀ ਹਾਸਲ ਕੀਤੀ।ਪ੍ਰਚਾਰ ਵੈਨ ਰਾਹੀਂ ਗੁਰੂ ਰਵਿਦਾਸ ਜੀ ਦੇ ਜੀਵਨ, ਬਾਣੀ ਅਤੇ ਮਨੁੱਖਤਾ, ਸਮਾਨਤਾ, ਸਮਾਜਿਕ ਨਿਆਂ, ਸੇਵਾ, ਭਾਈਚਾਰੇ ਅਤੇ ਸਦਭਾਵਨਾ ਦੇ ਸੰਦੇਸ਼ 'ਤੇ ਆਧਾਰਿਤ 40 ਮਿੰਟ ਦੀ ਪ੍ਰਭਾਵਸ਼ਾਲੀ ਡਾਕੂਮੈਂਟਰੀ ਦਾ ਪ੍ਰਦਰਸ਼ਨ ਕੀਤਾ ਗਿਆ। ਹਾਜ਼ਰ ਲੋਕਾਂ ਨੇ ਡਾਕੂਮੈਂਟਰੀ ਨੂੰ ਬਹੁਤ ਧਿਆਨ ਅਤੇ ਸ਼ਰਧਾ ਨਾਲ ਦੇਖਿਆ।ਪਿੰਡ ਵਾਸੀਆਂ ਨੇ ਪੰਜਾਬ ਸਰਕਾਰ ਵੱਲੋਂ ਗੁਰੂ ਰਵਿਦਾਸ ਜੀ ਦੇ ਮਹਾਨ ਵਿਚਾਰਾਂ ਅਤੇ ਸਿੱਖਿਆਵਾਂ ਨੂੰ ਆਮ ਲੋਕਾਂ, ਖ਼ਾਸ ਕਰਕੇ ਨੌਜਵਾਨ ਪੀੜ੍ਹੀ ਤੱਕ ਪਹੁੰਚਾਉਣ ਲਈ ਕੀਤੇ ਜਾ ਰਹੇ ਇਸ ਵਿਲੱਖਣ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ।ਇਸ ਮੌਕੇ ਪੰਜਾਬ ਸਰਕਾਰ ਦੇ ਨੁਮਾਇੰਦਿਆਂ ਨੇ ਵੀ ਲੋਕਾਂ ਨੂੰ ਗੁਰੂ ਰਵਿਦਾਸ ਜੀ ਦੀਆਂ ਸਿੱਖਿਆਵਾਂ ਅਪਣਾਉਣ ਦਾ ਸੱਦਾ ਦਿੱਤਾ।

20,000 ਰਿਸ਼ਵਤ ਲੈਂਦਾ ਸਹਾਇਕ ਸਬ-ਇੰਸਪੈਕਟਰ ਕਾਬੂ

ਬਠਿੰਡਾ (ਪਰਵਿੰਦਰ ਜੀਤ ਸਿੰਘ)

ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚੱਲ ਰਹੀ ਮੁਹਿੰਮ ਦੌਰਾਨ ਸਹਾਇਕ ਸਬ-ਇੰਸਪੈਕਟਰ (ਏ.ਐਸ.ਆਈ.) ਬਲਜੀਤ ਸਿੰਘ ਨੂੰ 20,000 ਰੁਪਏ ਰਿਸ਼ਵਤ ਲੈਂਦੇ ਰੰਗੇ ਹੱਥੀਂ ਕਾਬੂ ਕੀਤਾ ਹੈ।ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮ ਨੂੰ ਪਿੰਡ ਬੀੜ ਤਲਾਬ ਜ਼ਿਲ੍ਹਾ ਬਠਿੰਡਾ ਦੇ ਇੱਕ ਨਿਵਾਸੀ ਵੱਲੋਂ ਦਰਜ ਕਰਵਾਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਹੈ।ਉਨ੍ਹਾਂ ਦੱਸਿਆ ਕਿ ਸ਼ਿਕਾਇਤਕਰਤਾ ਦੇ ਰਿਸ਼ਤੇਦਾਰ ਤੇ ਦੂਜੀ ਧਿਰ, ਜੋ ਸ਼ਿਕਾਇਤਕਰਤਾ ਦੀ ਰਿਸ਼ਤੇਦਾਰ ਜ਼ਮੀਨ 'ਤੇ ਕਾਸ਼ਤਕਾਰੀ ਕਰ ਰਹੇ ਸਨ, ਵਿਚਕਾਰ ਲੜਾਈ ਹੋਈ ਸੀ।ਲੜਾਈ ਦੌਰਾਨ ਸ਼ਿਕਾਇਤਕਰਤਾ ਦੇ ਰਿਸ਼ਤੇਦਾਰ ਨੂੰ ਸੱਟਾਂ ਲੱਗੀਆਂ ਤੇ ਬਾਅਦ ਵਿੱਚ ਉਸਨੂੰ ਡਾਕਟਰੀ ਇਲਾਜ ਲਈ ਏਮਜ਼ ਬਠਿੰਡਾ ਵਿਖੇ ਦਾਖ਼ਲ ਕਰਾਇਆ ਗਿਆ।ਏ.ਐਸ.ਆਈ. ਬਲਜੀਤ ਸਿੰਘ ਜ਼ਖ਼ਮੀਆਂ ਦੇ ਬਿਆਨ ਦਰਜ ਕਰਨ ਲਈ ਹਸਪਤਾਲ ਪਹੁੰਚਿਆ।ਬੁਲਾਰੇ ਨੇ ਅੱਗੇ ਕਿਹਾ ਕਿ ਸ਼ਿਕਾਇਤਕਰਤਾ ਨੇ ਦੋਸ਼ ਲਾਇਆ ਕਿ ਦੋਸ਼ੀ ਅਧਿਕਾਰੀ ਨੇ ਮੌਕੇ 'ਤੇ ਹੀ 2,000 ਰੁਪਏ ਦੀ ਸ਼ੁਰੂਆਤੀ ਰਿਸ਼ਵਤ ਲਈ ਸੀ।ਬਾਅਦ ਵਿੱਚ ਜਦੋਂ ਸ਼ਿਕਾਇਤਕਰਤਾ ਨੇ ਮਾਮਲੇ ਦੀ ਸਥਿਤੀ ਦੀ ਪੈਰਵੀ ਕੀਤੀ ਤਾਂ ਦੋਸ਼ੀ ਏਐਸਆਈ ਨੇ ਹਮਲਾਵਰਾਂ ਵਿਰੁੱਧ ਐਫ਼ਆਈਆਰ ਦਰਜ ਕਰਨ ਲਈ 50,000 ਰੁਪਏ ਦੀ ਰਿਸ਼ਵਤ ਦੀ ਮੰਗ ਕੀਤੀ।ਸ਼ਿਕਾਇਤਕਰਤਾ ਨੇ ਦੋਸ਼ੀ ਪੁਲਿਸ ਅਧਿਕਾਰੀ ਨੂੰ ਦੱਸਿਆ ਕਿ ਉਸਦੇ ਕੋਲ ਸਿਰਫ 10,000/- ਰੁਪਏ ਹਨ, ਪਰ ਦੋਸ਼ੀ ਏਐਸਆਈ ਨੇ ਉਸਨੂੰ ਬਾਕੀ ਦੇ ਪੈਸੇ ਦਾ ਪ੍ਰਬੰਧ ਕਰਨ ਲਈ ਕਿਹਾ।ਸ਼ਿਕਾਇਤਕਰਤਾ ਨੇ ਫੰਡ ਇਕੱਠਾ ਕਰਨ ਲਈ ਕੁਝ ਦਿਨ ਦੀ ਮੁਹਲਤ ਮੰਗੀ ਤੇ ਨਾਲ ਹੀ ਰਿਸ਼ਵਤ ਮੰਗਣ ਦੀ ਪੂਰੀ ਗੱਲਬਾਤ ਵੀ ਰਿਕਾਰਡ ਕਰ ਲਈ ਸੀ।ਗੈਰ-ਕਾਨੂੰਨੀ ਰਿਸ਼ਵਤ ਦੇਣ ਤੋਂ ਇਨਕਾਰ ਕਰਦੇ ਹੋਏ, ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਰੇਂਜ ਬਠਿੰਡਾ ਨਾਲ ਸੰਪਰਕ ਕੀਤਾ।ਉਸਦੀ ਸ਼ਿਕਾਇਤ 'ਤੇ ਕਾਰਵਾਈ ਕਰਦੇ ਹੋਏ ਵਿਜੀਲੈਂਸ ਬਿਊਰੋ ਟੀਮ ਨੇ ਦੋਸ਼ੀ ਏਐਸਆਈ ਨੂੰ ਦੋ ਸਰਕਾਰੀ ਗਵਾਹਾਂ ਦੀ ਮੌਜੂਦਗੀ ਵਿੱਚ ਸ਼ਿਕਾਇਤਕਰਤਾ ਤੋਂ 20,000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਗ੍ਰਿਫ਼ਤਾਰ ਕਰ ਲਿਆ ਗਿਆ।

ਅਕਾਲੀ ਆਗੂ ਤੇ ਸਾਬਕਾ ਸਰਪੰਚ ਬਲਜਿੰਦਰ ਸਿੰਘ ਬੱਲੀ ਵਿਰਕ ਦਾ ਦੇਹਾਂਤ, ਸਸਕਾਰ ਅੱਜ

ਸਮਾਣਾ (ਗੁਰਪਿਆਰ ਸਿੰਘ ਬੱਲ, ਇਕਬਾਲ ਸਿੰਘ ਬੱਲ)

ਸੀਨੀਅਰ ਅਕਾਲੀ ਆਗੂ ਤੇ ਸਾਬਕਾ ਸਰਪੰਚ ਬਲਜਿੰਦਰ ਸਿੰਘ ਬੱਲੀ ਵਿਰਕ ਦਾ ਅਚਾਨਕ ਦੇਹਾਂਤ ਹੋ ਜਾਣ ਨਾਲ ਇਲਾਕੇ ਵਿੱਚ ਸੋਗ ਦੀ ਲਹਿਰ ਦੌੜ ਗਈ।8 ਜੁਲਾਈ ਸਵੇਰੇ ਕਰੀਬ 11 ਵਜੇ ਬਲਜਿੰਦਰ ਸਿੰਘ ਬੱਲੀ ਵਿਰਕ ਆਪਣੇ ਖੇਤ ਵਿੱਚ ਝੋਨੇ ਦੀ ਲਵਾਈ ਦਾ ਕੰਮ ਕਰਾ ਰਹੇ ਸਨ।ਇਸ ਦੌਰਾਨ ਮੋਟਰ 'ਤੇ ਕਰੰਟ ਲੱਗਣ ਕਾਰਨ ਉਹ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਏ।ਪਰਵਾਰਕ ਮੈਂਬਰਾਂ ਵੱਲੋਂ ਉਨ੍ਹਾਂ ਨੂੰ ਤੁਰੰਤ ਸਿਵਲ ਹਸਪਤਾਲ ਸਮਾਣਾ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ ਜਾਂਚ ਉਪਰੰਤ ਉਨ੍ਹਾਂ ਨੂੰ ਮ੍ਰਿਤਕ ਐਲਾਨ ਦਿੱਤਾ।ਉਨ੍ਹਾਂ ਦੇ ਅਚਾਨਕ ਦੇਹਾਂਤ ਦੀ ਖ਼ਬਰ ਮਿਲਦਿਆਂ ਹੀ ਇਲਾਕੇ ਵਿੱਚ ਸੋਗ ਦੀ ਲਹਿਰ ਫੈਲ ਗਈ।ਇਸ ਮੌਕੇ ਅਨੇਕਾਂ ਰਾਜਨੀਤਕ, ਸਮਾਜਿਕ ਅਤੇ ਧਾਰਮਿਕ ਸ਼ਖ਼ਸੀਅਤਾਂ ਨੇ ਪਰਿਵਾਰ ਨਾਲ ਡੂੰਘਾ ਦੁੱਖ ਸਾਂਝਾ ਕੀਤਾ।ਸ਼ੋਕ ਪ੍ਰਗਟ ਕਰਨ ਵਾਲਿਆਂ ਵਿੱਚ ਸੁਖਬੀਰ ਸਿੰਘ ਬਾਦਲ, ਜਗਮੀਤ ਸਿੰਘ ਹਰਿਆਊ, ਕੁਲਦੀਪ ਸਿੰਘ ਨੱਸੂਪੁਰ, ਵਿਧਾਇਕ ਚੇਤਨ ਸਿੰਘ ਜੌੜਾਮਾਜਰਾ, ਸਾਬਕਾ ਵਿਧਾਇਕ ਸੁਰਜੀਤ ਸਿੰਘ ਰੱਖੜਾ, ਨਿਸ਼ਾਨ ਸਿੰਘ ਚੀਮਾ, ਬੇਅੰਤ ਸਿੰਘ ਪੱਪੀ, ਗੁਰਭੇਜ ਸਿੰਘ ਭੇਜਾ ਮੰਡ, ਮਲਕੀਤ ਸਿੰਘ ਚੀਮਾ ਸਮੇਤ ਇਲਾਕੇ ਭਰ ਦੀਆਂ ਸਮਾਜਿਕ, ਧਾਰਮਿਕ ਅਤੇ ਰਾਜਨੀਤਿਕ ਸ਼ਖ਼ਸੀਅਤਾਂ ਅਤੇ ਵੱਡੀ ਗਿਣਤੀ ਵਿੱਚ ਲੋਕ ਸ਼ਾਮਲ ਸਨ।ਪਰਵਾਰ ਵੱਲੋਂ ਦੱਸਿਆ ਗਿਆ ਕਿ ਬਲਜਿੰਦਰ ਸਿੰਘ ਬੱਲੀ ਵਿਰਕ ਦਾ ਅੰਤਮ ਸੰਸਕਾਰ 9 ਜੁਲਾਈ ਨੂੰ ਦੁਪਹਿਰ ਸ਼ਮਸ਼ਾਨਘਾਟ ਗੋਬਿੰਦ ਨਗਰ ਬਸਤੀ ਵਿਖੇ ਕੀਤਾ ਜਾਵੇਗਾ।

ਅਜ਼ਾਦੀ ਲਹਿਰ ਦੇ ਸੰਘਰਸ਼ੀ ਯੋਧਿਆਂ ਦੀ ਕੇਂਦਰ ਵੱਲੋਂ ਕੀਤੀ ਜਾ ਰਹੀ ਅਣਦੇਖੀ : ਪ੍ਰੋ. ਬਡੂੰਗਰ

ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਕਿਹਾ ਕਿ ਅਜ਼ਾਦੀ ਲਹਿਰ ਵਿਚ ਆਪਣਾ ਵੱਡਮੁੱਲਾ ਯੋਗਦਾਨ ਪਾਉਣ ਵਾਲਿਆਂ ਦੀ ਕੇਂਦਰੀ ਸਰਕਾਰ ਵੱਲੋਂ ਵੀ ਅਣਦੇਖੀ ਕੀਤੀ ਜਾ ਰਹੀ ਹੈ ਤੇ ਅਜਿਹੀ ਅਣਦੇਖੀ ਨੂੰ ਸਹਿਣ ਨਹੀਂ ਕੀਤਾ ਜਾ ਸਕਦਾ।ਪ੍ਰੋ. ਬਡੂੰਗਰ ਨੇ ਕਿਹਾ ਕਿ ਅਜ਼ਾਦੀ ਲਹਿਰ ਦੇ ਯੋਧਿਆਂ ਨੂੰ ਅੰਡੇਮਾਨ ਟਾਪੂ ਦੀ ਕਾਲੇ ਪਾਣੀ ਵਾਲੀ ਸੈਲੂਲਰ ਜੇਲ੍ਹ ਤੱਕ ਕੱਟਣੀ ਪਈ।ਉਨ੍ਹਾਂ ਕਿਹਾ ਕਿ ਡਾ. ਦੀਵਾਨ ਸਿੰਘ ਕਾਲੇ ਪਾਣੀ 'ਤੇ 87 ਦਿਨ ਲਗਾਤਾਰ ਅਣਮਨੁੱਖੀ ਤਸ਼ੱਦਦ ਕੀਤੀ ਜਾਂਦਾ ਰਿਹਾ, ਜੋ ਅਸਹਿ ਅਤੇ ਅਕਹਿ ਜ਼ੁਲਮ ਢਾਹੇ ਜਾਣ ਤੋਂ ਬਾਦ ਸ਼ਹੀਦੀ ਪਾ ਗਏ ਤੇ ਡਾ. ਦੀਵਾਨ ਸਿੰਘ ਭਾਈ ਮਹਾਰਾਜ ਸਿੰਘ ਤੋਂ ਆਾਦ ਸ਼ਹੀਦੀ ਪਾਉਣ ਵਾਲਾ ਦੂਜਾ ਭਾਰਤੀ ਗੁਰਸਿੱਖ ਸੀ।ਸਾਬਕਾ ਪ੍ਰਧਾਨ ਨੇ ਕਿਹਾ ਕਿ ਇਹ ਸਾਡੀ ਬਦਕਿਸਮਤੀ ਹੈ ਕਿ ਸਮੇਂ ਦੀਆਂ ਸਰਕਾਰਾਂ ਧਰਮ, ਨਸਲ ਤੇ ਇਲਾਕੇ ਦੇ ਆਧਾਰ 'ਤੇ ਫੈਸਲੇ ਲੈਂਦੀਆਂ ਆ ਰਹੀਆਂ, ਪ੍ਰੰਤੂ ਪੰਥ ਅੰਦਰ ਬੈਠੇ ਕੁਝ ਲੋਕ ਨਿਗੁਣੀਆਂ ਗੱਲਾਂ ਕਰਕੇ ਕੌਮ ਦਾ ਨੁਕਸਾਨ ਹੀ ਕਰ ਰਹੇ ਹਨ।

ਉਨ੍ਹਾਂ ਕਿਹਾ ਕਿ ਅਜ਼ਾਦੀ ਸੰਘਰਸ਼ੀ ਦੇ ਸ਼ਾਨਾਮੱਤੇ ਇਤਿਹਾਸ ਨੂੰ ਤੋੜ-ਮਰੋੜ ਕੇ ਪੇਸ਼ ਕਰਨਾ ਸਾਰਾ ਕੁਝ ਖ਼ਤਮ ਕਰਨ ਵਰਗਾ ਹੈ, ਪ੍ਰੰਤੂ ਇਤਿਹਾਸ ਦੇ ਪੰਨਿਆਂ ਤੇ ਸੁਨਹਿਰੀ ਅੱਖਰਾਂ ਨਾਲ ਉਕਰੇ ਇਤਿਹਾਸ ਨੂੰ ਕਦੇ ਵੀ ਮਿਟਾਇਆ ਨਹੀਂ ਜਾ ਸਕਦਾ ਤੇ ਕੇਂਦਰ ਵਿਚਲੀਆਂ ਸਰਕਾਰਾਂ ਨੇ ਹਮੇਸ਼ਾ ਹੀ ਵੱਡੀਆਂ ਕੁਰਬਾਨੀਆਂ ਕਰਨ ਵਾਲੇ ਸਿਰਲੱਥ ਯੋਧਿਆਂ ਪ੍ਰਤੀ ਅਜਿਹੀ ਪੱਖਪਾਤ ਵਾਲਾ ਵਤੀਰਾ ਰੱਖਿਆ, ਜੋ ਸਹਿਣ ਨਹੀਂ ਹੁੰਦਾ।

ਨਗਰ ਨਿਗਮ ਮੋਗਾ 'ਚ ਫਿਰ ਸ਼ੁਰੂ ਹੋਈ ਅਣਮਿੱਥੇ ਸਮੇਂ ਲਈ ਹੜਤਾਲ

ਮੋਗਾ (ਇਕਬਾਲ ਸਿੰਘ ਖਹਿਰਾ)-ਸਫਾਈ ਸੇਵਕ ਯੂਨੀਅਨ ਪੰਜਾਬ ਦੇ ਸੱਦੇ 'ਤੇ ਮਿਊਂਸਪਲ ਇੰਪਲਾਈਜ ਫੈਡਰੇਸ਼ਨ ਨਗਰ ਨਿਗਮ ਮੋਗਾ ਵਿੱਚ ਅਣਮਿਥੇ ਸਮੇਂ ਦੀ ਹੜਤਾਲ ਸ਼ੁਰੂ ਕਰ ਦਿੱਤੀ ਗਈ। ਇਸ ਮੌਕੇ ਸੰਬੋਧਨ ਕਰਦਿਆਂ ਮਿਊਂਸਪਲ ਇੰਪਲਾਈਜ ਫੈਡਰੇਸ਼ਨ ਦੇ ਪ੍ਰਧਾਨ ਜਸਵੀਰ ਸਿੰਘ ਗਿੱਲ ਅਤੇ ਸਫਾਈ ਸੇਵਕ ਯੂਨੀਅਨ ਦੇ ਪ੍ਰਧਾਨ ਸੋਮਨਾਥ ਚੋਬੜ ਨੇ ਕਿਹਾ ਕਿ ਮਿਊਂਸਪਲ ਕਾਮਿਆਂ ਦੀਆਂ ਲੰਮੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਹੱਕੀ ਮੰਗਾਂ ਨੂੰ ਮਨਵਾਉਣ ਲਈ ਸਫਾਈ ਸੇਵਕ ਯੂਨੀਅਨ ਪੰਜਾਬ ਨੇ ਪਿਛਲੇ ਮਹੀਨੇ 6 ਮਈ ਤੋਂ ਅਣਮਿਥੇ ਸਮੇਂ ਦੀ ਹੜਤਾਲ ਕਰਨ ਦਾ ਫੈਸਲਾ ਲਿਆ ਸੀ। 21 ਮਈ ਨੂੰ ਸਥਾਨਕ ਸਰਕਾਰ ਮੰਤਰੀ ਅਤੇ ਵਿੱਤ ਮੰਤਰੀ ਪੰਜਾਬ ਨਾਲ ਮੀਟਿੰਗ ਹੋਈ ਸੀ ਜਿਸ ਵਿੱਚ ਸਫਾਈ ਸੇਵਕ ਯੂਨੀਅਨ ਪੰਜਾਬ ਦੇ ਨੁਮਾਇੰਦਿਆਂ ਨੂੰ ਸਰਕਾਰ ਨੇ ਭਰੋਸਾ ਦਿੱਤਾ ਸੀ ਕਿ ਜਿੰਨੇ ਵੀ ਆਊਟਸੋਰਸ ਕਾਮੇ ਹਨ ਉਨ੍ਹਾਂ ਨੂੰ ਕੰਟਰੈਕਟ 'ਤੇ ਕਰ ਦਿੱਤਾ ਜਾਵੇਗਾ ਅਤੇ ਜਿੰਨੇ ਵੀ ਕਟਰੈਕਟ 'ਤੇ ਕਾਮੇ ਹਨ ਉਨ੍ਹਾਂ ਨੂੰ ਪੱਕਾ ਕਰ ਦਿੱਤਾ ਜਾਵੇਗਾ।ਪੰਜਾਬ ਸਰਕਾਰ ਨੇ ਕਿਹਾ ਕਿ ਸਾਨੂੰ ਚੋਣ ਜਾਬਤਾ ਖਤਮ ਹੋਣ ਤੱਕ ਦਾ ਸਮਾਂ ਦਿੱਤਾ ਜਾਵੇ।ਜਿਸ 'ਤੇ ਯੂਨੀਅਨ ਦੇ ਨੁਮਾਇੰਦਿਆਂ ਨੇ ਉਨ੍ਹਾਂ ਨੂੰ ਇੱਕ ਮਹੀਨੇ ਦਾ ਸਮਾਂ ਦਿੱਤਾ ਪਰ ਚੋਣ ਜਾਬਤਾ ਖਤਮ ਹੋਣ ਤੋਂ ਬਾਅਦ ਵੀ ਸਰਕਾਰ ਵੱਲੋਂ ਮੁਲਾਜ਼ਮਾਂ ਦੀਆਂ ਹੱਕੀ ਮੰਗਾਂ ਨੂੰ ਅੱਖੋਂ ਪਰੋਖੇ ਕੀਤਾ ਗਿਆ।ਸਫਾਈ ਸੇਵਕ ਯੂਨੀਅਨ ਪੰਜਾਬ ਵੱਲੋਂ 24 ਜੂਨ ਨੂੰ ਇੱਕ ਮਹਾਂ ਰੋਸ ਰੈਲੀ ਕੀਤੀ ਗਈ।ਇਸ ਰੈਲੀ ਦੇ ਵਿੱਚ ਫੈਸਲਾ ਲਿਆ ਗਿਆ ਦੋ ਜੁਲਾਈ ਨੂੰ ਪੰਜਾਬ ਸਰਕਾਰ ਦੇ ਨੁਮਾਇੰਦਿਆਂ ਨਾਲ ਹੋਣ ਵਾਲੀ ਮੀਟਿੰਗ ਦੇ ਵਿੱਚ ਜੇਕਰ ਕੋਈ ਵੀ ਮੁਲਾਜ਼ਮਾਂ ਹੱਕੀ ਫੈਸਲਾ ਨਾ ਹੋਇਆ ਤਾਂ ਮਜਬੂਰੀ ਵੱਸ ਫਿਰ ਤੋਂ ਅਣਮਿੱਥੇ ਸਮੇਂ ਦੀ ਹੜਤਾਲ ਕਰਨੀ ਪਵੇਗੀ। ਦੋ ਜੁਲਾਈ ਨੂੰ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨਾਲ ਮੀਟਿੰਗ ਦੇ ਵਿੱਚ ਕੋਈ ਵੀ ਫੈਸਲਾ ਮੁਲਾਜ਼ਮਾਂ ਦੇ ਹੱਕ ਵਿੱਚ ਨਹੀਂ ਲਿਆ।ਇਸ ਲਈ ਸਫਾਈ ਸੇਵਕ ਯੂਨੀਅਨ ਪੰਜਾਬ ਅਤੇ ਐਕਸ਼ਨ ਕਮੇਟੀ ਪੰਜਾਬ ਨੇ ਇਹ ਫੈਸਲਾ ਲਿਆ 8 ਜੁਲਾਈ ਤੋਂ ਸਮੁੱਚੇ ਕੰਮ ਕਾਜ ਠੱਪ ਕਰਕੇ ਅਣਮਿਥੇ ਸਮੇਂ ਦੀ ਪੂਰੇ ਪੰਜਾਬ ਵਿੱਚ ਹੜਤਾਲ ਕੀਤੀ ਜਾਵੇਗੀ।ਜਿਸ 'ਤੇ ਅੱਜ ਨਗਰ ਨਿਗਮ ਮੋਗਾ ਵਿਖੇ ਸਮੂਹ ਮਿਊਂਸਪਲ ਕਰਮਚਾਰੀਆਂ ਨੇ ਹੜਤਾਲ ਕੀਤੀ।ਇਸ ਮੌਕੇ ਜਨਰਲ ਸਕੱਤਰ ਵਿੱਕੀ ਬੋਹਤ, ਚੇਅਰਮੈਨ ਸਿਕੰਦਰ ਗੁੱਲੂ, ਚੀਫ ਸਕੱਤਰ ਨਰੋਤਮ ਬੋਹਤ, ਕੈਸ਼ੀਅਰ ਜੋਗਿੰਦਰ ਭੁੱਲਰ, ਜਨਰਲ ਸਕੱਤਰ ਵਿਸ਼ਵਨਾਥ ਜੋਨੀ, ਚੇਅਰਮੈਨ ਰਜਿੰਦਰ ਬੋਹਤ, ਕੈਸ਼ੀਅਰ ਅਜੇ ਪੰਤਮੋਲੀ, ਚੀਫ ਸਕੱਤਰ ਰਵੀਸਾਰਵਾਨ, ਸੀਨੀਅਰ ਆਗੂ ਮਦਨ ਲਾਲ ਬੋਹਤ, ਰਿਟਾਇਰਮੈਂਟ ਯੂਨੀਅਨ ਦੇ ਪ੍ਰਧਾਨ ਹਰਕ੍ਰਿਸ਼ਨ ਬੋਹਤ, ਹਰਬੰਸ ਸਾਗਰ, ਸੰਯੁਕਤ ਅਫਸਰ ਐਸੋਸੀਏਸ਼ਨ ਦੇ ਪ੍ਰਧਾਨ ਰਵੀ ਚਾਵਰੀਆ, ਬੇਲਦਾਰ ਯੂਨੀਅਨ ਤੋਂ ਜਸਮੇਲ ਸਿੰਘ, ਪ੍ਰਵੀਨ ਕੁਮਾਰ, ਸੀਵਰੇਜ ਯੂਨੀਅਨ ਤੋਂ ਸਤੀਸ਼ ਕੁਮਾਰ, ਜਸਪਾਲ ਰਾਜ ਕੁਮਾਰ ਚੰਡਾਲੀਆ, ਅਸ਼ੋਕ ਪੰਤਮੋਲੀ, ਰਘੂਵੀਰ ਅਨਾਰਿਆ, ਅਜੇ ਚਾਵਰੀਆ, ਕੁਲਵੰਤ ਰਾਏ, ਸੁਰੇਸ਼ ਕਰੋਤੀਆ, ਸੁਰੇਸ਼ ਰਾਜਪੂਤ, ਅਭੀਜੀਤ ਰਾਜਪੂਤ, ਨਰੇਸ਼ ਬੋਹਤ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਮੁਲਾਜ਼ਮ ਸਾਥੀਆਂ ਨੇ ਹਿੱਸਾ ਲਿਆ।

ਸਫਾ 1 ਦੇ ਬਾਕੀ...

'ਸਤਲੁਜ' ਦਹਿਸ਼ਤਗਰਦੀ ਦੇ ...

ਇਹ ਵੀ ਕਿਹਾ ਕਿ ਸੁਰੱਖਿਆ ਉਪਾਵਾਂ ਦੇ ਨਾਲ-ਨਾਲ ਲੋਕਤੰਤਰ ਨੂੰ ਵੀ ਬਹਾਲ ਕੀਤਾ ਗਿਆ ਸੀ ਅਤੇ ਜ਼ਮੀਨੀ ਪੱਧਰ 'ਤੇ ਲੋਕਾਂ ਨੂੰ ਸੱਤਾ ਵਾਪਸ ਕਰਨ ਲਈ ਪੰਚਾਇਤ ਅਤੇ ਲੋਕਲ ਬਾਡੀਜ਼ ਦੀਆਂ ਚੋਣਾਂ ਕਰਵਾਈਆਂ ਗਈਆਂ ਸਨ।

ਉਸ ਦੌਰ ਦੌਰਾਨ ਔਰਤਾਂ ਵਿਰੁੱਧ ਹੋਏ ਅੱਤਿਆਚਾਰਾਂ ਸਮੇਤ ਹੋਰ ਵਧੀਕੀਆਂ ਦੇ ਦੋਸ਼ਾਂ 'ਤੇ ਬਿੱਟੂ ਨੇ ਕਿਹਾ ਕਿ ਅਜਿਹੇ ਦਾਅਵਿਆਂ ਦੀ ਜਾਂਚ ਹੋਣੀ ਚਾਹੀਦੀ ਹੈ। ਉਨ੍ਹਾ ਕਿਹਾ, 'ਵਿਆਪਕ ਪੱਧਰ 'ਤੇ ਹੋਏ ਅੱਤਿਆਚਾਰਾਂ ਦੇ ਕਿਸੇ ਵੀ ਦੋਸ਼ ਦੇ ਪਿੱਛੇ ਭਰੋਸੇਯੋਗ ਸਬੂਤ ਅਤੇ ਪ੍ਰਮਾਣਤ ਰਿਕਾਰਡ ਹੋਣੇ ਚਾਹੀਦੇ ਹਨ। ਇਤਿਹਾਸ ਦੀ ਚਰਚਾ ਤੱਥਾਂ ਨਾਲ ਹੋਣੀ ਚਾਹੀਦੀ ਹੈ, ਅੰਦਾਜ਼ਿਆਂ ਨਾਲ ਨਹੀਂ।' ਬਿੱਟੂ ਨੇ ਕਿਹਾ ਕਿ ਦਹਿਸ਼ਤਗਰਦੀ ਦੇ ਸਾਲਾਂ ਦਾ ਨੁਕਸਾਨ ਸਿਰਫ ਜਾਨਾਂ ਜਾਣ ਤੱਕ ਸੀਮਤ ਨਹੀਂ ਸੀ।

ਉਨ੍ਹਾ ਸਵਾਲ ਕੀਤਾ, 'ਦਹਿਸ਼ਤਗਰਦੀ ਦੇ ਸਾਲਾਂ ਨੇ ਆਖਰਕਾਰ ਪੰਜਾਬ ਨੂੰ ਕੀ ਦਿੱਤਾ? ਹਜ਼ਾਰਾਂ ਜਾਨਾਂ ਗਈਆਂ, ਪਰਵਾਰ ਤਬਾਹ ਹੋ ਗਏ, ਕਾਰੋਬਾਰ ਬਰਬਾਦ ਹੋ ਗਏ, ਨਿਵੇਸ਼ ਦੂਰ ਚਲਿਆ ਗਿਆ, ਆਰਥਕ ਤੰਗੀ ਆਈ ਅਤੇ ਇੱਕ ਪੂਰੀ ਪੀੜ੍ਹੀ ਨੂੰ ਇਸ ਦੀ ਬਹੁਤ ਵੱਡੀ ਕੀਮਤ ਚੁਕਾਉਣੀ ਪਈ।' ਅਜੋਕੇ ਸਮੇਂ ਵਿੱਚ ਆਮ ਨਾਗਰਿਕਾਂ ਨੂੰ ਨਿਸ਼ਾਨਾ ਬਣਾਉਣ ਵਾਲੇ ਗੈਂਗਸਟਰਾਂ ਦੇ ਡਰ ਨਾਲ ਤੁਲਨਾ ਕਰਦਿਆਂ ਉਨ੍ਹਾ ਕਿਹਾ ਕਿ ਦਹਿਸ਼ਤਗਰਦੀ ਦੌਰਾਨ ਡਰ ਇਸ ਤੋਂ ਕਿਤੇ ਵੱਧ ਗੰਭੀਰ ਸੀ। ਉਨ੍ਹਾ ਕਿਹਾ, 'ਪੰਜਾਬ ਕਿਸੇ ਵੀ ਰੂਪ ਵਿੱਚ ਹਿੰਸਾ ਦੇ ਦੌਰ ਵੱਲ ਵਾਪਸ ਜਾਣ ਨੂੰ ਬਰਦਾਸ਼ਤ ਨਹੀਂ ਕਰ ਸਕਦਾ।'

ਫਿਲਮ ਦਾ ਬਚਾਅ ਕਰਨ ਵਾਲਿਆਂ ਵੱਲ ਮੁੜਦਿਆਂ, ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੇ ਨਜ਼ਦੀਕੀ ਮੰਨੇ ਜਾਣ ਵਾਲੇ ਬਿੱਟੂ ਨੇ ਇੱਕ ਸਵਾਲ ਪੁੱਛਿਆ, 'ਕੀ ਤੁਸੀਂ ਅੱਜ ਖਾਲਿਸਤਾਨ ਦਾ ਸਮਰਥਨ ਕਰਦੇ ਹੋ? ਜੇ ਜਵਾਬ ਨਾਂਹ ਵਿੱਚ ਹੈ, ਤਾਂ ਸਾਨੂੰ ਇਸ ਦੇ ਨਾਂਅ 'ਤੇ ਕੀਤੀ ਗਈ ਹਿੰਸਾ ਨੂੰ ਵੀ ਨਕਾਰਨਾ ਚਾਹੀਦਾ ਹੈ ਅਤੇ ਪੰਜਾਬ ਦੇ ਭਵਿੱਖ ਲਈ ਮਿਲ ਕੇ ਕੰਮ ਕਰਨਾ ਚਾਹੀਦਾ ਹੈ।' ਉਨ੍ਹਾ ਨੇ ਅਤੀਤ ਦੀਆਂ ਯਾਦਾਂ ਨੂੰ ਲੈ ਕੇ ਭਾਵੁਕ ਹੋਣ ਵਿਰੁੱਧ ਚਿਤਾਵਨੀ ਦਿੱਤੀ। ਉਨ੍ਹਾ ਕਿਹਾ, 'ਸ਼ਾਂਤੀ ਵਾਪਸ ਆਉਣ ਤੋਂ ਬਾਅਦ ਅਤੀਤ ਨੂੰ ਰੋਮਾਂਟਿਕ ਬਣਾ ਕੇ ਪੇਸ਼ ਕਰਨਾ ਆਸਾਨ ਹੁੰਦਾ ਹੈ, ਪਰ ਜਿਨ੍ਹਾਂ ਨੇ ਉਹ ਸਾਲ ਹੰਢਾਏ ਹਨ, ਉਹ ਉਸ ਡਰ, ਅਨਿਸਚਿਤਤਾ ਅਤੇ ਰੋਜ਼ਾਨਾ ਦੀ ਹਿੰਸਾ ਨੂੰ ਯਾਦ ਰੱਖਦੇ ਹਨ।' ਬਿੱਟੂ ਨੇ ਕਿਹਾ, 'ਪੰਜਾਬ ਦਾ ਭਵਿੱਖ ਨੌਕਰੀਆਂ, ਸਿੱਖਿਆ ਅਤੇ ਸਥਿਰਤਾ 'ਤੇ ਬਣਨਾ ਚਾਹੀਦਾ ਹੈ, ਨਾ ਕਿ ਪੁਰਾਣੇ ਜ਼ਖ਼ਮਾਂ ਨੂੰ ਦੁਬਾਰਾ ਕੁਰੇਦਣ 'ਤੇ।'

ਉਨ੍ਹਾ ਅੰਤ ਵਿੱਚ ਕਿਹਾ, 'ਅਸੀਂ ਇਤਿਹਾਸ 'ਤੇ ਬਹਿਸ ਕਰ ਸਕਦੇ ਹਾਂ, ਪਰ ਸਾਨੂੰ ਕਦੇ ਵੀ ਹਿੰਸਾ ਦੀ ਮਹਿਮਾ ਨਹੀਂ ਕਰਨੀ ਚਾਹੀਦੀ। ਪੰਜਾਬ ਦੀ ਅਸਲ ਜਿੱਤ ਸ਼ਾਂਤੀ ਅਤੇ ਲੋਕਤੰਤਰ ਦੀ ਵਾਪਸੀ ਸੀ।'

ਬਿਸ਼ਨੋਈ, ਜੱਗੂ ਤੇ ...

ਵਰਤਦਾ ਸੀ। ਤਿੰਨਾਂ ਗਰੋਹਾਂ ਵਿੱਚ ਚਾਰ ਮੈਕਸੀਕੋ ਨਿਵਾਸੀਆਂ ਦੇ ਵੀ ਨਾਂਅ ਸ਼ਾਮਲ ਹਨ। ਪੁਲਸ ਵੱਲੋਂ ਕਾਬੂ ਕੀਤੇ ਗਏ 24 ਮੁਲਜ਼ਮਾਂ 'ਚੋਂ 11 ਕੈਲੀਫੋਰਨੀਆ ਸੂਬੇ ਨਾਲ ਅਤੇ ਤਿੰਨ ਕੈਨੇਡਾ ਨਾਲ ਸੰਬੰਧਤ ਹਨ। ਇਨ੍ਹਾਂ ਦੇ ਟਿਕਾਣਿਆਂ ਦੀ ਤਲਾਸ਼ੀ ਲੈਣ 'ਤੇ ਉੱਥੋਂ 10 ਕੁਇਟਲ ਕੋਕੀਨ, ਕਈ ਮਾਰੂ ਹਥਿਆਰ, ਗੋਲੀ-ਸਿੱਕਾ ਤੇ ਵੱਡੀ ਮਾਤਰਾ ਵਿੱਚ ਨਕਦੀ ਬਰਾਮਦ ਹੋਈ ਹੈ।

ਕੈਨੇਡਾ, ਅਮਰੀਕਾ, ਮੈਕਸੀਕੋ, ਫਰਾਂਸ ਅਤੇ ਯੂ ਕੇ ਦੀਆਂ ਸੁਰੱਖਿਆ ਫੋਰਸਾਂ ਵਲੋਂ ਜਾਂਚ ਦੌਰਾਨ ਸਹਿਯੋਗ ਕਰਕੇ ਇਨ੍ਹਾਂ ਵੱਡੇ ਬਦਮਾਸ਼ ਗਰੋਹਾਂ ਤੱਕ ਪਹੁੰਚ ਬਣਾਈ ਗਈ ਤੇ ਕਈ ਮਹੀਨੇ ਉਨ੍ਹਾਂ ਦੀਆਂ ਗਤੀਵਿਧੀਆਂ ਉੱਤੇ ਨਜ਼ਰ ਰੱਖੀ ਗਈ। ਭਗੌੜੇ ਐਲਾਨੇ ਗਏ ਮੁਲਜ਼ਮਾਂ ਦੀ ਅੰਤਰਾਸ਼ਟਰੀ ਪੱਧਰ 'ਤੇ ਭਾਲ ਕੀਤੀ ਜਾ ਰਹੀ ਹੈ। ਦਸੰਬਰ 2025 ਵਿੱਚ ਬਿਸ਼ਨੋਈ, ਗੋਲਡੀ ਬਰਾੜ ਦੇ ਰੋਹਿਤ ਗੋਂਦਾਰਾ ਨੇ 1000 ਓਕਸ ਰਹਿੰਦੇ ਵਿਅਕਤੀ ਤੋਂ 50 ਲੱਖ ਡਾਲਰ ਦੀ ਫਿਰੌਤੀ ਮੰਗੀ ਗਈ ਸੀ, ਜਿਨ੍ਹਾਂ ਦੀ ਭਾਲ ਜਾਰੀ ਹੈ।

ਕੈਨੇਡਾ ਰਹਿੰਦੇ ਗਰੋਹਾਂ ਦੇ ਕਾਰਕੁਨਾਂ ਵਜੋਂ ਜਸਕਰਨ ਬਾਗੜੀ (50) ਵਾਸੀ ਸਰੀ, ਕ੍ਰਿਸਟਨ ਰਹਿੰਦੇ ਗੁਰਤੇਜ ਸਿੰਘ ਸਮਾਘ ਦੇ ਨਾਂਅ ਪ੍ਰਮੁੱਖ ਹਨ। ਹਰੀ ਨਰਾਇਣ, ਮਨਦੀਪ ਕੌਰ ਦੇ ਨਾਵਾਂ ਦਾ ਵਿਸ਼ੇਸ਼ ਜਿਕਰ ਕੀਤਾ ਗਿਆ ਹੈ।

ਕੇਜਰੀਵਾਲ ਦੀ 29 ਆਟੋ ...

ਹੋਇਆ, ਤਾਂ ਕੀ ਉਸ ਖਪਤਕਾਰ ਨੂੰ ਪੁਰਜ਼ੇ ਦਾ ਹਰਜਾਨਾ ਦਿੱਤਾ ਜਾਵੇਗਾ?

ਉਹਨਾ ਕਿਹਾ ਕਿ 26 ਹੋਰ ਕੰਪਨੀਆਂ ਨੂੰ ਇੱਕ ਆਮ ਚਿੱਠੀ ਲਿਖੀ ਹੈ।ਇਸ ਵਿੱਚ ਲਿਖਿਆ ਹੈ ਕਿ ਉਹਨਾਂ ਦੇ ਪ੍ਰੋਡਕਟ ਨੂੰ ਕਈ ਲੋਕ ਵਰਤਦੇ ਹਨ।ਇਸ ਲਈ ਉਹ ਆਪਣਾ ਸਟੈਂਡ ਕਲੀਅਰ ਕਰਨ, ਕਿਉਂਕਿ ਇਸ ਸਮੇਂ ਈ-20 ਨੂੰ ਲੈ ਕੇ ਕਾਫ਼ੀ ਵਿਵਾਦ ਚੱਲ ਰਿਹਾ ਹੈ।ਉਹ ਆਪਣਾ ਸਟੈਂਡ ਕਲੀਅਰ ਕਰਨ ਕਿ ਕੀ ਉਨ੍ਹਾਂ ਦੀਆਂ 2023 ਤੋਂ ਪਹਿਲਾਂ ਦੀਆਂ ਪੁਰਾਣੀਆਂ ਗੱਡੀਆਂ ਵਿੱਚ ਈ-20 ਦੀ ਵਰਤੋਂ ਕੀਤੀ ਜਾ ਸਕਦੀ ਹੈ? ਕੀ ਉਸ ਕਾਰਨ ਮਾਈਲੇਜ ਘੱਟ ਹੋਵੇਗੀ? ਘੱਟ ਹੋਵੇਗੀ ਤਾਂ ਕਿੰਨੀ ਹੋਵੇਗੀ ਅਤੇ ਕੀ ਉਸ ਕਰਕੇ ਕੋਈ ਨੁਕਸਾਨ ਹੋਵੇਗਾ?

ਕੇਜਰੀਵਾਲ ਨੇ ਕਿਹਾ ਕਿ ਜੇਕਰ ਇਹ ਕੰਪਨੀਆਂ ਕਹਿੰਦੀਆਂ ਹਨ ਕਿ ਈ-20 ਸੁਰੱਖਿਅਤ ਹੈ, ਤਾਂ ਕੀ ਮਾਈਲੇਜ ਵਿੱਚ ਕਮੀ ਦੇ ਨੁਕਸਾਨ ਦੀ ਉਹ ਭਰਪਾਈ ਕਰਨਗੀਆਂ ਅਤੇ ਕੀ ਪੁਰਜ਼ੇ ਦੇ ਨੁਕਸਾਨ ਦੀ ਉਹ ਭਰਪਾਈ ਕਰਨਗੀਆਂ? ਮੈਂ ਉਮੀਦ ਕਰਦਾ ਹਾਂ ਕਿ ਸਾਰੀਆਂ ਕੰਪਨੀਆਂ ਇਸ ਦਾ ਜਵਾਬ ਦੇਣਗੀਆਂ, ਕਿਉਂਕਿ ਇਹ ਸਾਰੇ ਖਪਤਕਾਰਾਂ ਲਈ ਬਹੁਤ ਗੰਭੀਰ ਮਾਮਲਾ ਹੈ।ਮੈਨੂੰ ਉਮੀਦ ਹੈ ਕਿ ਇੱਕ ਹਫ਼ਤੇ ਦੇ ਅੰਦਰ ਸਾਰੀਆਂ ਕੰਪਨੀਆਂ ਇਸ ਦਾ ਜਵਾਬ ਦੇਣ, ਕਿਉਂਕਿ ਸਭ ਦੇ ਓਨਰ ਮੈਨੂਅਲ ਕੁਝ ਕਹਿੰਦੇ ਹਨ ਅਤੇ ਜਨਤਕ ਤੌਰ 'ਤੇ ਕੁਝ ਕੰਪਨੀਆਂ ਨੇ ਕੁਝ ਹੋਰ ਕਿਹਾ ਹੈ।

ਕੇਜਰੀਵਾਲ ਨੇ ਦੱਸਿਆ ਕਿ ਵੀਰਵਾਰ ਨੂੰ ਮੈਂ ਕੁਝ ਪੈਟਰੋਲ ਪੰਪਾਂ, ਸਰਵਿਸ ਸੈਂਟਰਾਂ ਅਤੇ ਕੁਝ ਮਿਸਤਰੀਆਂ ਦੇ ਕੋਲ ਜਾਵਾਂਗਾ।ਮੈਂ ਲੋਕਾਂ ਨਾਲ ਗੱਲ ਕਰਾਂਗਾ ਕਿ ਉਹ ਕੀ ਕਹਿੰਦੇ ਹਨ।ਸਰਕਾਰ ਤਾਂ ਜ਼ਿੱਦ 'ਤੇ ਅੜੀ ਹੋਈ ਹੈ ਕਿ ਉਹ ਈ-20 ਸਾਰਿਆਂ ਉੱਤੇ ਥੋਪੇਗੀ।ਸਰਕਾਰ ਕਹਿੰਦੀ ਹੈ ਕਿ ਇਹ ਸੁਰੱਖਿਅਤ ਹੈ, ਇਸ ਨਾਲ ਕੁਝ ਨਹੀਂ ਹੁੰਦਾ, ਥੋੜ੍ਹੀ ਬਹੁਤ ਮਾਈਲੇਜ ਘੱਟ ਹੁੰਦੀ ਹੈ ਅਤੇ ਇਸ ਦੀ ਵਜ੍ਹਾ ਕਰਕੇ ਕੋਈ ਨੁਕਸਾਨ ਨਹੀਂ ਹੋ ਰਿਹਾ, ਪਰ ਜਨਤਾ ਕੀ ਕਹਿ ਰਹੀ ਹੈ, ਜਨਤਾ ਦਾ ਕੀ ਅਨੁਭਵ ਹੈ? ਕੇਜਰੀਵਾਲ ਨੇ ਕਿਹਾ ਕਿ ਵਿਚਾਲੇ ਇਹ ਲੋਕ ਜਨਤਾ ਨੂੰ ਐਂਟੀ-ਨੈਸ਼ਨਲ ਕਹਿਣਾ ਸ਼ੁਰੂ ਕਰ ਦਿੰਦੇ ਹਨ, ਕੋਈ ਲਾਬਿੰਗ ਕਹਿਣਾ ਸ਼ੁਰੂ ਕਰ ਦਿੰਦੇ ਹਨ।ਹੁਣ ਤਾਂ ਇਹ ਦੇਖ ਰਹੇ ਹਨ ਕਿ ਇਹਨਾਂ ਦੇ ਆਪਣੇ ਹੀ ਵੱਡੇ-ਵੱਡੇ ਬਲੌਗਰ ਅਤੇ ਵੱਡੇ-ਵੱਡੇ ਇਨਫਲੂਐਂਸਰ ਸੋਸ਼ਲ ਮੀਡੀਆ 'ਤੇ ਇਹਨਾਂ ਨੂੰ ਗਾਲ੍ਹਾਂ ਕੱਢ ਰਹੇ ਹਨ।ਇਸ ਤਰ੍ਹਾਂ 140 ਕਰੋੜ ਜਨਤਾ ਨੂੰ ਐਂਟੀ-ਨੈਸ਼ਨਲ ਅਤੇ ਅੱਤਵਾਦੀ ਬੋਲਣਾ ਸਹੀ ਨਹੀਂ। ਜਦੋਂ ਜਨਤਾ ਲਾਈਨ ਤੋਂ ਉੱਪਰ ਉਠ ਕੇ ਦੁਖੀ ਹੈ ਤਾਂ ਇੱਕ ਜ਼ਿੰਮੇਵਾਰ ਸਰਕਾਰ ਦੀ ਜ਼ਿੰਮੇਵਾਰੀ ਹੈ ਕਿ ਉਹ ਜਨਤਾ ਦੀ ਆਵਾਜ਼ ਨੂੰ ਸੁਣੇ।ਇਹਨਾਂ ਦਾ ਇਹ ਫੈਸਲਾ ਵਿਗਿਆਨ, ਤਰਕ ਅਤੇ ਇੰਜੀਨੀਅਰਿੰਗ ਦੇ ਖ਼ਿਲਾਫ਼ ਹੈ। ਜ਼ਾਹਰ ਤੌਰ 'ਤੇ ਇਹ ਪਬਲਿਕ ਇੰਟਰਸਟ ਵਿੱਚ ਤਾਂ ਨਹੀਂ ਹੈ।ਇਹ ਕਿਸ ਦੇ ਹਿੱਤ ਵਿੱਚ ਹੈ, ਇਹ ਅਜੇ ਅਸੀਂ ਲੋਕਾਂ ਨੂੰ ਸਮਝ ਨਹੀਂ ਆ ਰਿਹਾ ਹੈ।

ਪੰਜਾਬ ਵਿਧਾਨ ਸਭਾ ਦਾ ਵਿਸ਼ੇਸ਼ ਸੈਸ਼ਨ ਬੁਲਾਉਣ ਦੀ ਮੰਗ 'ਤੇ ਕਾਰਵਾਈ ਸ਼ੁਰੂ

ਮਮਦੋਟ (ਜਸਬੀਰ ਸਿੰਘ ਕੰਬੋਜ, ਹਰਪਾਲ ਸੋਢੀ)-ਸ਼ਹੀਦ ਊਧਮ ਸਿੰਘ ਦੇ ਨਾਂਅ 'ਤੇ ਪ੍ਰਸਤਾਵਤ 'ਊਧਮ ਸਿੰਘ ਸ਼ਹੀਦ ਹੁਨਰ ਵਿਕਾਸ ਅਤੇ ਉੱਦਮਤਾ ਯੂਨੀਵਰਸਿਟੀ ਪੰਜਾਬ ਐਕਟ-2026' ਨੂੰ ਪਾਸ ਕਰਨ ਲਈ ਪੰਜਾਬ ਵਿਧਾਨ ਸਭਾ ਦਾ ਵਿਸ਼ੇਸ਼ ਸੈਸ਼ਨ ਸੁਨਾਮ ਊਧਮ ਸਿੰਘ ਵਾਲਾ ਵਿਖੇ ਬੁਲਾਉਣ ਸਬੰਧੀ ਕਾਰਵਾਈ ਸ਼ੁਰੂ ਹੋ ਗਈ ਹੈ।

ਕੰਬੋਜ ਫਾਊਂਡੇਸ਼ਨ ਦੇ ਮੀਡੀਆ ਇੰਚਾਰਜ ਜਗਦੀਸ਼ ਥਿੰਦ ਨੇ ਦੱਸਿਆ ਕਿ ਮੁੱਖ ਮੰਤਰੀ ਦਫ਼ਤਰ ਦੇ ਲੈਜਿਸਲੇਚਰ ਸੈੱਲ ਵੱਲੋਂ ਜਾਰੀ ਸਰਕਾਰੀ ਪੱਤਰ ਅਨੁਸਾਰ 31 ਜੁਲਾਈ ਨੂੰ ਸੁਨਾਮ ਵਿਖੇ ਪੰਜਾਬ ਵਿਧਾਨ ਸਭਾ ਦਾ ਵਿਸ਼ੇਸ਼ ਸੈਸ਼ਨ ਬੁਲਾਉਣ ਸਬੰਧੀ ਪ੍ਰਸਤਾਵ 'ਤੇ ਨਿਯਮਾਂ ਅਨੁਸਾਰ ਅਗਲੇਰੀ ਕਾਰਵਾਈ ਕਰਨ ਲਈ ਸਬੰਧਤ ਵਿਭਾਗਾਂ ਨੂੰ ਲਿਖਿਆ ਗਿਆ ਹੈ।ਸ੍ਰੀ ਥਿੰਦ ਨੇ ਦੱਸਿਆ ਕਿ ਇਹ ਮਾਮਲਾ ਕੰਬੋਜ ਫਾਊਂਡੇਸ਼ਨ ਦੇ ਚੇਅਰਮੈਨ ਡਾ. ਮੰਗਲ ਸਿੰਘ ਦੀ ਅਗਵਾਈ ਵਿੱਚ ਲੋਕ ਨਿਰਮਾਣ ਮੰਤਰੀ ਸ੍ਰੀ ਹਰਭਜਨ ਸਿੰਘ ਨੂੰ ਦਿੱਤੇ ਗਏ ਮੰਗ ਪੱਤਰ ਤੋਂ ਬਾਅਦ ਅੱਗੇ ਵਧਿਆ।ਮੰਤਰੀ ਦੀ ਸਿਫ਼ਾਰਸ਼ ਦੇ ਆਧਾਰ 'ਤੇ ਮੁੱਖ ਮੰਤਰੀ ਦਫ਼ਤਰ ਦੇ ਸੁਪਰਡੈਂਟ ਮਨੋਜ ਕੁਮਾਰ ਨੇ ਸੰਸਦੀ ਮਾਮਲੇ ਵਿਭਾਗ ਤੇ ਉਚੇਰੀ ਸਿੱਖਿਆ ਤੇ ਭਾਸ਼ਾ ਵਿਭਾਗ ਨੂੰ ਲੋੜੀਂਦੀ ਕਾਰਵਾਈ ਕਰਨ ਲਈ ਪੱਤਰ ਭੇਜਿਆ ਹੈ।ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਦਫ਼ਤਰ ਨੇ ਹਦਾਇਤ ਕੀਤੀ ਹੈ ਕਿ ਇਸ ਮਾਮਲੇ ਵਿੱਚ ਕੀਤੀ ਜਾਣ ਵਾਲੀ ਕਾਰਵਾਈ ਬਾਰੇ ਸਬੰਧਤ ਮੰਤਰੀਆਂ ਨੂੰ ਜਾਣੂ ਕਰਾਇਆ ਜਾਵੇ ਅਤੇ ਮੁੱਖ ਮੰਤਰੀ ਦਫ਼ਤਰ ਨੂੰ ਵੀ ਇਸ ਦੀ ਰਿਪੋਰਟ ਭੇਜੀ ਜਾਵੇ ਤੇ ਇਸ ਦੀ ਇੱਕ ਕਾਪੀ ਲੋਕ ਨਿਰਮਾਣ ਮੰਤਰੀ ਦੇ ਨਿੱਜੀ ਸਕੱਤਰ ਨੂੰ ਵੀ ਭੇਜੀ ਗਈ ਹੈ।

ਉਨ੍ਹਾਂ ਦੱਸਿਆ ਕਿ ਯੂਨੀਵਰਸਿਟੀ ਦੇ ਫਾਊਂਡਰ ਚਾਂਸਲਰ ਡਾ. ਸੰਦੀਪ ਸਿੰਘ ਕੌੜਾ ਨੂੰ ਇਸ ਪਹਿਲ ਲਈ ਸਮੂਹ ਕੰਬੋਜ ਭਾਈਚਾਰੇ ਵੱਲੋਂ ਵਧਾਈਆਂ ਦਿੱਤੀਆਂ ਜਾ ਰਹੀਆਂ ਹਨ।ਕੰਬੋਜ ਕੌਂਸਲ ਦੇ ਪ੍ਰਧਾਨ ਪ੍ਰੋ. ਸੂਬਾ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਗਈ ਹੈ ਕਿ ਵਿਸ਼ੇਸ਼ ਸੈਸ਼ਨ ਸੁਨਾਮ ਜਾਂ ਪ੍ਰਸਤਾਵਿਤ ਯੂਨੀਵਰਸਿਟੀ ਕੈਂਪਸ ਵਿੱਚ ਬੁਲਾਇਆ ਜਾਵੇ, ਤਾਂ ਜੁ ਸ਼ਹੀਦ ਊਧਮ ਸਿੰਘ ਨੂੰ ਸੱਚੀ ਸ਼ਰਧਾਂਜਲੀ ਭੇਟ ਕੀਤੀ ਜਾ ਸਕੇ ਤੇ ਇਸ ਇਤਿਹਾਸਕ ਯੂਨੀਵਰਸਿਟੀ ਦੀ ਸਥਾਪਨਾ ਦਾ ਰਾਹ ਪੱਧਰਾ ਹੋ ਸਕੇ।

ਗੋਲਡੀ 'ਤੇ 50 ਹਜ਼ਾਰ...

ਨੂੰ ਹੁਣ ਐੱਫ ਬੀ ਆਈ ਦੀ 'ਮੋਸਟ ਵਾਂਟੇਡ' ਭਗੌੜਿਆਂ ਦੀ ਸੂਚੀ ਵਿੱਚ ਰੱਖਿਆ ਗਿਆ ਹੈ। ਬਰਾੜ ਲਈ ਇੱਕ ਜੁਲਾਈ ਨੂੰ ਯੂ ਐੱਸ ਡਿਸਟ੍ਰਿਕਟ ਕੋਰਟ, ਸੈਂਟਰਲ ਡਿਸਟ੍ਰਿਕਟ ਆਫ ਕੈਲੀਫੋਰਨੀਆ, ਲਾਸ ਏਂਜਲਸ ਵਿੱਚ ਇੱਕ ਸੰਘੀ ਗ੍ਰਿਫਤਾਰੀ ਵਾਰੰਟ ਜਾਰੀ ਕੀਤਾ ਗਿਆ, ਜਿਸ ਵਿੱਚ ਉਸ 'ਤੇ ਰੈਕੇਟੀਅਰ ਇਨਫਲੂਐਂਸਡ ਐਂਡ ਕਰਪਟ ਆਰਗੇਨਾਈਜ਼ੇਸ਼ਨਜ਼ ਸਾਜ਼ਿਸ਼, ਜ਼ਬਰਦਸਤੀ ਵਣਜ ਵਿੱਚ ਦਖ਼ਲ ਦੇਣ ਦੀ ਸਾਜ਼ਿਸ਼ ਅਤੇ ਕੋਸ਼ਿਸ਼ ਅਤੇ ਨਿਯੰਤਰਤ ਪਦਾਰਥਾਂ ਨੂੰ ਵੰਡਣ ਅਤੇ ਰੱਖਣ ਦੀ ਸਾਜ਼ਿਸ਼ ਦੇ ਦੋਸ਼ ਲਗਾਏ ਗਏ ਹਨ।

ਗੋਲਡੀ 'ਤੇ ਇਨਾਮ ਦਾ ਐਲਾਨ 'ਅਪ੍ਰੇਸ਼ਨ ਹਾਰਡ ਬਾਲ' ਦੇ ਤੁਰੰਤ ਬਾਅਦ ਕੀਤਾ ਗਿਆ ਹੈ, ਜਿਸ ਤਹਿਤ ਅਮਰੀਕੀ, ਕੈਨੇਡੀਅਨ ਅਤੇ ਯੂਰਪੀਅਨ ਏਜੰਸੀਆਂ ਵੱਲੋਂ ਇੱਕ ਤਾਲਮੇਲ ਵਾਲੀ ਕਾਰਵਾਈ ਵਿੱਚ 24 ਗ੍ਰਿਫਤਾਰੀਆਂ ਗਈਆਂ ਹਨ। ਬਿਸ਼ਨੋਈ ਅਤੇ ਬਰਾੜ 'ਤੇ ਨਿੱਝਰ ਦੇ ਕਤਲ ਦਾ ਹੁਕਮ ਦੇਣ ਦਾ ਦੋਸ਼ ਹੈ, ਜਿਸ ਨੂੰ 18 ਜੂਨ 2023 ਨੂੰ ਸਰੀ ਵਿੱਚ ਇੱਕ ਗੁਰਦੁਆਰੇ ਦੇ ਬਾਹਰ ਦੋ ਬੰਦੂਕਧਾਰੀਆਂ ਨੇ ਗੋਲੀ ਮਾਰ ਕੇ ਮਾਰ ਦਿੱਤਾ ਸੀ।

ਨਿੱਝਰ ਕਤਲ ਕਾਂਡ ...

ਮੋਰਲੈਂਡ ਨੇ ਕੈਨੇਡਾ ਦੇ ਸੀ ਬੀ ਸੀ ਨਿਊਜ਼ ਨੂੰ ਦੱਸਿਆ ਕਿ ਜਾਂਚਕਰਤਾਵਾਂ ਨੂੰ ਨਿੱਝਰ ਦੀ ਹੱਤਿਆ ਵਿੱਚ ਭਾਰਤੀ ਅਧਿਕਾਰੀਆਂ ਦੇ ਸ਼ਾਮਲ ਹੋਣ ਦਾ ਕੋਈ ਸਬੂਤ ਨਹੀਂ ਮਿਲਿਆ। ਬ੍ਰਿਟਿਸ਼ ਕੋਲੰਬੀਆ ਦੇ ਇੱਕ ਗੁਰਦੁਆਰੇ ਦੇ ਬਾਹਰ ਨਿੱਝਰ ਦੇ ਕਤਲ ਤੋਂ ਕੁਝ ਹਫਤਿਆਂ ਬਾਅਦ ਵੇਲੇ ਦੇ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਨੇ ਭਾਰਤ ਸਰਕਾਰ ਨੂੰ ਨਿੱਝਰ ਦੇ ਕਤਲ ਨਾਲ ਜੋੜਨ ਦਾ ਸਨਸਨੀਖੇਜ਼ ਦੋਸ਼ ਲਗਾਇਆ ਸੀ। ਇਸ ਤੋਂ ਬਾਅਦ ਦੋਹਾਂ ਦੇਸ਼ਾਂ ਵਿਚਾਲੇ ਤਣਾਅ ਪੈਦਾ ਹੋ ਗਿਆ ਸੀ।

ਐੱਸ ਆਈ ਆਰ ਸੰਬੰਧੀ ਸਿਖਲਾਈ ਦਿੱਤੀ

ਫਾਜਿਲਕਾ (ਨਿਸ਼ਾ ਸ਼ਰਮਾ)-ਸ੍ਰੀਮਤੀ ਅਮਰਪ੍ਰੀਤ ਕੌਰ ਸੰਧੂ, ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫਸਰ ਫਾਜਿਲਕਾ ਦੀਆਂ ਹਦਾਇਤਾਂ ਅਨੁਸਾਰ ਐਸ.ਆਈ.ਆਰ ਪ੍ਰਕਿਰਿਆ ਨੂੰ ਸਫਲਤਾ ਪੂਰਵਕ ਨੇਪਰੇ ਚਾੜਣ ਲਈ ਮੀਟਿੰਗ ਹਾਲ ਦਫਤਰ ਡਿਪਟੀ ਕਮਿਸ਼ਨਰ ਫਾਜਿਲਕਾ ਵਿਖੇ ਵਾਧੂ ਏ ਈ ਆਰ ਓ ਦੀ ਸਿਖਲਾਈ ਦਾ ਆਯੋਜਨ ਕੀਤਾ ਗਿਆ। ਇਹ ਸਿਖਲਾਈ ਜ਼ਿਲ੍ਹਾ ਪੱਧਰੀ ਮਾਸਟਰ ਟ੍ਰੇਨਰਾਂ ਵੱਲੋਂ ਦਿੱਤੀ ਗਈ।ਭਾਰਤ ਚੋਣ ਕਮਿਸ਼ਨ ਵੱਲੋਂ ਵੋਟਰ ਸੂਚੀਆਂ ਦੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ ਲਈ ਪ੍ਰੋਗਰਾਮ ਜਾਰੀ ਕੀਤਾ ਗਿਆ ਹੈ ਅਤੇ ਜ਼ਿਲ੍ਹਾ ਪ੍ਰਸ਼ਾਸਨ ਦੀ ਸਿੱਧੀ ਨਿਗਰਾਨੀ ਹੇਠ ਐਸ.ਆਈ.ਆਰ. ਨਾਲ ਸਬੰਧਤ ਹਰ ਗਤੀਵਿਧੀ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਿਆ ਜਾ ਰਿਹਾ ਹੈ।ਇਸ ਸਿਖਲਾਈ ਦਾ ਮੁੱਖ ਮਕਸਦ ਭਾਰਤ ਦੇ ਚੋਣ ਕਮਿਸ਼ਨ ਵਲੋਂ ਜਾਰੀ ਦਿਸ਼ਾ ਨਿਰਦੇਸ਼ਾਂ ਦੀ ਇੰਨ-ਬਿੰਨ ਪਾਲਣਾ ਕਰਨਾ ਹੈ ਤਾਂ ਜੋ ਐਸ.ਆਈ.ਆਰ. ਪ੍ਰਕਿਰਿਆ ਸਫਲਤਾ ਪੂਰਵਕ ਨੇਪਰੇ ਚਾੜ੍ਹਿਆ ਜਾ ਸਕੇ।ਇਸ ਮੌਕੇ ਸ੍ਰੀਮਤੀ ਵਿਭੂ ਜੈਨ ਚੋਣ ਤਹਿਸੀਲਦਾਰ, ਸ੍ਰੀ ਨਵਜੋਤ ਸਿੰਘ ਚੋਣ ਕਾਨੂੰਗੋ, ਸ੍ਰੀ ਰਵੀ ਕਾਂਤ ਚੋਣ ਕਾਨੂੰਗੋ ਅਤੇ ਜਿਲ੍ਹਾ ਚੋਣ ਦਫਤਰ, ਫਾਜਿਲਕਾ ਦਾ ਸਾਰਾ ਸਟਾਫ ਵੀ ਮੌਜੂਦ ਸੀ।

ਕੱਚੇ ਮੁਲਾਜ਼ਮ ਪੱਕੇ ਕਰਨ ਸਮੇਤ ਕਈ ਮੰਗਾਂ ਨੂੰ ਲੈ ਕੇ ਕੀਤਾ ਰੋਸ ਪ੍ਰਦਰਸ਼ਨ

ਭਵਾਨੀਗੜ੍ਹ (ਰਾਜ ਖੁਰਮੀ)-ਪੰਜਾਬ ਐਕਸ਼ਨ ਕਮੇਟੀ ਦੇ ਸੱਦੇ 'ਤੇ ਨਗਰ ਕੌਂਸਲ ਦੇ ਸਫਾਈ ਸੇਵਕਾਂ ਨੇ ਆਪਣੀਆਂ ਲੰਬੇ ਸਮੇਂ ਤੋਂ ਲਟਕਦੀਆਂ ਮੰਗਾਂ ਦੇ ਹੱਕ ਵਿੱਚੋਂ ਅਣਮਿੱਥੇ ਸਮੇਂ ਲਈ ਹੜਤਾਲ ਸ਼ੁਰੂ ਕਰ ਦਿੱਤੀ। ਹੜਤਾਲ ਦੇ ਪਹਿਲੇ ਦਿਨ ਸਫਾਈ ਸੇਵਕਾਂ ਨੇ ਨਗਰ ਕੌਂਸਲ ਦਫ਼ਤਰ ਅੱਗੇ ਰੋਸ ਪ੍ਰਦਰਸ਼ਨ ਕਰਦਿਆਂ ਪੰਜਾਬ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਕੀਤੀ।ਪ੍ਰਦਰਸ਼ਨ ਦੌਰਾਨ ਸਫਾਈ ਸੇਵਕਾਂ ਨੇ ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰਨ, ਠੇਕੇਦਾਰੀ ਸਿਸਟਮ ਨੂੰ ਖ਼ਤਮ ਕਰਨ, ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ, ਡੀ.ਏ. ਦਾ ਬਕਾਇਆ ਜਾਰੀ ਕਰਨ ਸਮੇਤ ਹੋਰ ਮੰਗਾਂ ਨੂੰ ਤੁਰੰਤ ਲਾਗੂ ਕਰਨ ਦੀ ਮੰਗ ਕੀਤੀ।ਇਸ ਮੌਕੇ ਕਾਂਗਰਸ ਪਾਰਟੀ ਦੇ ਸੱਤ ਨਗਰ ਕੌਂਸਲਰ (ਐੱਮ.ਸੀ) ਵੀ ਧਰਨੇ ਵਿੱਚ ਸ਼ਾਮਲ ਹੋਏ ਤੇ ਸਫ਼ਾਈ ਸੇਵਕਾਂ ਨੂੰ ਆਪਣਾ ਸਮਰਥਨ ਦਿੱਤਾ।ਉਨ੍ਹਾਂ ਨੇ ਵੀ ਪੰਜਾਬ ਸਰਕਾਰ ਤੋਂ ਮੁਲਾਜ਼ਮਾਂ ਦੀਆਂ ਜਾਇਜ਼ ਮੰਗਾਂ ਦਾ ਜਲਦ ਨਿਪਟਾਰਾ ਕਰਨ ਦੀ ਮੰਗ ਕੀਤੀ।ਧਰਨੇ ਨੂੰ ਸੰਬੋਧਨ ਕਰਦਿਆਂ ਯੂਨੀਅਨ ਦੇ ਪ੍ਰਧਾਨ ਅਜੀਤ ਸਿੰਘ ਨੇ ਕਿਹਾ ਕਿ ਜਦੋਂ ਤੱਕ ਪੰਜਾਬ ਸਰਕਾਰ ਉਨ੍ਹਾਂ ਦੀਆਂ ਜਾਇਜ਼ ਮੰਗਾਂ ਨੂੰ ਨਹੀਂ ਮੰਨਦੀ, ਉਦੋਂ ਤੱਕ ਇਹ ਅਣਮਿੱਥੇ ਸਮੇਂ ਦੀ ਹੜਤਾਲ ਜਾਰੀ ਰਹੇਗੀ।ਉਨ੍ਹਾਂ ਕਿਹਾ ਕਿ ਮੁਲਾਜ਼ਮ ਆਪਣੇ ਹੱਕਾਂ ਲਈ ਲੋਕਤੰਤਰੀ ਢੰਗ ਨਾਲ ਸੰਘਰਸ਼ ਕਰ ਰਹੇ ਹਨ ਤੇ ਸਰਕਾਰ ਨੂੰ ਉਨ੍ਹਾਂ ਦੀਆਂ ਮੰਗਾਂ ਪ੍ਰਤੀ ਗੰਭੀਰਤਾ ਦਿਖਾਉਣੀ ਚਾਹੀਦੀ ਹੈ।

ਸਫਾਈ ਸੇਵਕਾਂ ਵੱਲੋਂ ਮੁੜ ਅਣਮਿੱਥੇ ਸਮੇਂ ਲਈ ਹੜਤਾਲ ਸ਼ੁਰੂ

ਪਟਿਆਲਾ/ਸਨੌਰ (ਰਾਜਿੰਦਰ ਸਿੰਘ ਥਿੰਦ)-ਸਫ਼ਾਈ ਸੇਵਕ ਯੂਨੀਅਨ ਪੰਜਾਬ ਦੇ ਸੱਦੇ 'ਤੇ ਨਗਰ ਕੌਂਸਲ ਸਨੌਰ ਵਿਖੇ ਸਫਾਈ ਕ੍ਰਮਚਾਰੀਆਂ ਵੱਲੋਂ ਮੁੜ ਤੋਂ ਅਣਮਿੱਥੇ ਸਮੇਂ ਲਈ ਹੜਤਾਲ ਸ਼ੁਰੂ ਕੀਤੀ ਗਈ, ਕਿਉਂਕਿ ਪਿਛਲੇ ਸਮੇਂ ਵਿੱਚ ਸਰਕਾਰ ਨੇ ਵਾਅਦਾ ਕਰਕੇ ਸਫ਼ਾਈ ਕ੍ਰਮਚਾਰੀਆਂ ਦੀ ਕੋਈ ਵੀ ਮੰਗ ਪੂਰੀ ਨਹੀਂ ਕੀਤੀ। ਮੁੱਖ ਮੰਗਾਂ 10 ਸਾਲ ਵਾਲੀ ਪਾਲਿਸੀ ਨੂੰ ਰੱਦ ਕਰਨਾ ਠੇਕੇਦਾਰੀ ਸਿਸਟਮ ਖਤਮ ਕਰਨਾ, ਕੰਟਰੈਕਟ 'ਤੇ ਕੰਮ ਕਰ ਰਹੇ ਮੁਲਾਜ਼ਮਾਂ ਨੂੰ ਪੱਕੇ ਕਰਨਾ ਤੇ ਪੁਰਾਣੀ ਪੈਨਸ਼ਨ ਨੂੰ ਬਹਾਲ ਕਰਨਾ। ਪ੍ਰਧਾਨ ਨੰਦ ਲਾਲ ਨੇ ਧਰਨੇ ਦੀ ਨੁਮਾਇੰਦਗੀ ਕਰਦੇ ਹੋਏ ਕਿਹਾ ਕਿ ਜੇਕਰ ਸਰਕਾਰ ਸਾਡੀਆਂ ਮੰਗਾਂ ਨਹੀਂ ਮੰਨਦੀ ਤਾਂ ਹੜਤਾਲ ਇਦਾਂ ਹੀ ਲਗਾਤਾਰ ਜਾਰੀ ਰਹੇਗੀ।

ਚੰਡੀਗੜ੍ਹ ਮੁਜ਼ਾਹਰੇ ਦੀ ਤਿਆਰੀ ਲਈ ਮੀਟਿੰਗ

ਦੋਰਾਹਾ (ਹਰਮਿੰਦਰ ਸੇਠ)-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਪਿੰਡ ਅਜਨੌਦ ਦੀ ਮੀਟਿੰਗ ਹੋਈ, ਜਿਸ ਵਿੱਚ ਜ਼ਿਲ੍ਹਾ ਜਨਰਲ ਸਕੱਤਰ ਸੁਦਾਗਰ ਸਿੰਘ ਘੁਡਾਨੀ ਨੇ ਵਿਸ਼ੇਸ਼ ਸਿਰਕਤ ਕੀਤੀ। ਮੀਟਿੰਗ 'ਚ ਡੀਜ਼ਲ, ਪੈਟਰੋਲ, ਰਸੋਈ ਗੈਸ ਦੀ ਵਾਧੇ ਦੇ ਖਿਲਾਫ, ਭਾਰਤ ਅਮਰੀਕਾ ਮੁਕਤ ਵਪਾਰ ਸਮਝੌਤਾ ਰੱਦ ਕਰਨ, ਯੂਰੀਏ ਦੀ ਘਾਟ, ਬਿੱਲ 2025, ਬੀਜ ਬਿੱਲ ਨੂੰ ਰੱਦ ਕਰਾਉਣ, ਮਨਰੇਗਾ ਖਤਮ ਕਰ ਦੇ ਵਿਰੋਧ, ਲੇਬਰ ਕੋਟ ਰੱਦ ਕਰਾਉਣ ਅਤੇ ਝੋਨੇ ਦੇ ਸੀਜ਼ਨ ਦੌਰਾਨ ਲੱਗ ਰਹੇ ਵੱਡੇ-ਵੱਡੇ ਕੱਟਾਂ ਨੂੰ ਖਤਮ ਕਰਾਉਣ ਲਈ ਤੇ ਨਿਰਵਿਘਨ ਬਿਜਲੀ ਲੈਣ ਲਈ 10 ਜੁਲਾਈ ਨੂੰ ਚੰਡੀਗੜ੍ਹ ਵਿਖੇ ਮੁਜ਼ਾਹਰਾ ਕੀਤਾ ਜਾ ਰਿਹਾ ਹੈ, ਜਿਸ ਵਿੱਚ ਦੋ ਜਥੇਬੰਦੀਆਂ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਤੇ ਭਾਰਤੀ ਕਿਸਾਨ ਯੂਨੀਅਨ ਡਕੌਂਦਾ ਧਨੇਰ ਸ਼ਾਮਲ ਹੋ ਕੇ ਵੱਡੀ ਗਿਣਤੀ 'ਚ ਚੰਡੀਗੜ੍ਹ ਪਹੁੰਚਣਗੇ ਅਤੇ ਕਿਸਾਨੀ ਮੰਗਾਂ ਅਤੇ ਕਾਰਪੋਰੇਟਾਂ ਪੱਖੀ ਨੀਤੀਆਂ, ਬਿੱਲਾਂ ਦੇ ਖਿਲਾਫ਼ ਆਵਾਜ਼ ਬੁਲੰਦ ਕਰਨਗੇ।

ਸੈਂਟਰ ਹੈੱਡ ਟੀਚਰ ਦੀ ਸੀਨੀਆਰਤਾ ਸੂਚੀ ਠੀਕ ਕਰਨ ਉਪਰੰਤ ਪ੍ਰਮੋਸ਼ਨਾਂ ਕਰਨ ਦੀ ਮੰਗ : ਰਾਕੇਸ਼ ਗੋਇਲ

ਬਰੇਟਾ (ਗੀਤਵਾਲ)-ਪੰਜਾਬ ਭਰ 'ਚ ਵੱਡੇ ਪੱਧਰ 'ਤੇ ਪਈਆਂ ਬਲਾਕ ਸਿੱਖਿਆ ਅਫ਼ਸਰਾਂ ਦੀਆਂ ਅਸਾਮੀਆਂ ਸੀਨਿਆਰਤਾ ਸੂਚੀਆਂ ਠੀਕ ਕਰਕੇ ਤੁਰੰਤ ਭਰਨ ਸਬੰਧੀ ਮੁੱਖ ਅਧਿਆਪਕ ਤੇ ਕੇਂਦਰ ਮੁੱਖ ਅਧਿਆਪਕ ਜਥੇਬੰਦੀ ਪੰਜਾਬ ਵੱਲੋਂ ਜ਼ਿਲ੍ਹਾ ਸਿੱਖਿਆ ਅਫ਼ਸਰਾਂ ਨਾਲ ਮੀਟਿੰਗਾਂ ਕਰਨ ਦਾ ਸਿਲਸਿਲਾ ਸ਼ੁਰੂ ਕਰ ਦਿੱਤਾ ਗਿਆ ਹੈ।ਜਥੇਬੰਦੀ ਪੰਜਾਬ ਦੇ ਜੁਆਇੰਟ ਸਕੱਤਰ ਰਾਕੇਸ਼ ਗੋਇਲ ਬਰੇਟਾ ਦੀ ਅਗਵਾਈ ਵਿੱਚ ਜ਼ਿਜਲ੍ਹਾ ਸਿੱਖਿਆ ਅਫਸਰ ਮਲੇਰਕੋਟਲਾ ਅਤੇ ਸੰਗਰੂਰ ਨੂੰ ਬਲਾਕ ਸਿੱਖਿਆ ਅਫ਼ਸਰਾਂ ਦੀਆਂ ਤਰੱਕੀਆਂ ਸੀਨੀਅਰਤਾ ਸੂਚੀ ਠੀਕ ਕਰਕੇ ਤੁਰੰਤ ਕਰਨ ਸਬੰਧੀ ਮਿਲਿਆ ਗਿਆ।ਜਥੇਬੰਦੀ ਵੱਲੋਂ ਮੰਗ ਕੀਤੀ ਕਿ ਵੱਡੇ ਪੱਧਰ ਤੇ ਖਾਲੀ ਪਈਆਂ ਬਲਾਕ ਸਿੱਖਿਆ ਅਫਸਰਾਂ ਦੀਆਂ ਅਸਾਮੀਆਂ ਤੁਰੰਤ ਭਰੀਆਂ ਜਾਣ। ਜਥੇਬੰਦੀ ਦੇ ਸੂਬਾ ਪ੍ਰਧਾਨ ਅਮਨਦੀਪ ਸ਼ਰਮਾ ਨੇ ਕਿਹਾ ਕਿ ਪੰਜ ਦੀਆਂ ਪੰਜ ਬਲਾਕ ਸਿੱਖਿਆ ਅਫਸਰਾਂ ਦੀਆਂ ਅਸਾਮੀਆਂ ਤੇ ਰੋਪੜ ਜ਼ਿਲ੍ਹੇ 'ਚ 10 ਦੀਆਂ 10 ਬਲਾਕ ਸਿੱਖਿਆ ਅਫ਼ਸਰ ਦੀਆਂ ਅਸਾਮੀਆਂ ਅਤੇ ਬਾਕੀ ਜਿਲ੍ਹਿਆਂ ਵਿੱਚ ਵੱਡੇ ਪੱਧਰ ਤੇ ਬਲਾਕ ਸਿੱਖਿਆ ਅਫਸਰਾਂ ਦੀਆਂ ਅਸਾਮੀਆਂ ਨਾਲ ਕੰਮ ਕਾਜ ਪ੍ਰਭਾਵਤ ਹੋ ਰਿਹਾ ਹੈ।ਉਨ੍ਹਾਂ ਮੰਗ ਕੀਤੀ ਕਿ ਜ਼ਿਲਾ ਪੱਧਰੀ ਸੀਨੀਆਰਤਾ ਸੂਚੀਆਂ ਅਨੁਸਾਰ ਤੁਰੰਤ ਬਲਾਕ ਸਿੱਖਿਆ ਅਫ਼ਸਰਾਂ ਦੀਆਂ ਤਰੱਕੀਆਂ ਕੀਤੀਆਂ ਜਾਣ।

ਸਟੀਫਨ ਇੰਟਰਨੈਸ਼ਨਲ ਸਕੂਲ 'ਚ ਇੰਟਰ ਹਾਊਸ ਰੱਸਾਕਸ਼ੀ ਮੁਕਾਬਲੇ

ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)-ਸਟੀਫਨ ਇੰਟਰਨੈਸ਼ਨਲ ਸਕੂਲ ਵਿਖੇ ਵਿਦਿਆਰਥੀਆਂ ਵਿੱਚ ਟੀਮ ਭਾਵਨਾ, ਅਨੁਸ਼ਾਸਨ, ਸਰੀਰਕ ਤੰਦਰੁਸਤੀ ਤੇ ਖੇਡ ਭਾਵਨਾ ਨੂੰ ਉਤਸ਼ਾਹਤ ਕਰਨ ਦੇ ਉਦੇਸ਼ ਨਾਲ ਇੰਟਰ ਹਾਊਸ ਰੱਸਾਕਸ਼ੀ (ਟੱਗ ਆਫ ਵਾਰ) ਮੁਕਾਬਲੇ ਦਾ ਸਫਲ ਆਯੋਜਨ ਕੀਤਾ ਗਿਆ।ਇਹ ਮੁਕਾਬਲਾ ਸਕੂਲ ਦੀ ਡਾਇਰੈਕਟਰ ਪ੍ਰਿੰਸੀਪਲ ਸ਼੍ਰੀਮਤੀ ਮੋਨਿਕਾ ਸ਼ਰਮਾ ਦੀ ਯੋਗ ਅਗਵਾਈ ਹੇਠ ਕਰਾਇਆ ਗਿਆ।ਲੜਕਿਆਂ ਦੇ ਵਰਗ ਵਿੱਚ ਵਿਕਟਰੀ ਹਾਊਸ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਪਹਿਲਾ ਸਥਾਨ ਹਾਸਲ ਕੀਤਾ।ਬ੍ਰੇਵਰੀ ਹਾਊਸ ਨੇ ਦੂਜਾ ਸਥਾਨ, ਜਦਕਿ ਵਿਜ਼ਡਮ ਹਾਊਸ ਨੇ ਤੀਜਾ ਸਥਾਨ ਪ੍ਰਾਪਤ ਕੀਤਾ।ਲੜਕੀਆਂ ਦੇ ਵਰਗ ਵਿੱਚ ਬ੍ਰੇਵਰੀ ਹਾਊਸ ਨੇ ਪਹਿਲਾ ਸਥਾਨ, ਆਨੈਸਟੀ ਹਾਊਸ ਨੇ ਦੂਜਾ ਸਥਾਨ ਤੇ ਵਿਕਟਰੀ ਹਾਊਸ ਨੇ ਤੀਜਾ ਸਥਾਨ ਹਾਸਲ ਕੀਤਾ।ਮੁਕਾਬਲੇ ਦੌਰਾਨ ਸਾਰੇ ਹਾਊਸਾਂ ਦੇ ਵਿਦਿਆਰਥੀਆਂ ਨੇ ਬਹੁਤ ਜੋਸ਼, ਉਤਸ਼ਾਹ ਤੇ ਖੇਡ ਭਾਵਨਾ ਨਾਲ ਭਾਗ ਲਿਆ।ਡਾਇਰੈਕਟਰ ਪ੍ਰਿੰਸੀਪਲ ਸ੍ਰੀਮਤੀ ਮੋਨਿਕਾ ਸ਼ਰਮਾ ਨੇ ਜੇਤੂਆਂ ਤੇ ਸਾਰੇ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਅਜਿਹੀਆਂ ਗਤੀਵਿਧੀਆਂ ਵਿਦਿਆਰਥੀਆਂ ਵਿੱਚ ਆਤਮ-ਵਿਸ਼ਵਾਸ, ਲੀਡਰਸ਼ਿਪ, ਟੀਮ ਵਰਕ ਤੇ ਸਿਹਤਮੰਦ ਮੁਕਾਬਲੇ ਦੀ ਭਾਵਨਾ ਨੂੰ ਮਜ਼ਬੂਤ ਕਰਦੀਆਂ ਹਨ।

ਚੰਡੀਗੜ੍ਹ ਧਰਨੇ ਦੀ ਤਿਆਰੀ ਲਈ ਪਿੰਡਾਂ 'ਚ ਮੀਟਿੰਗਾਂ ਜਾਰੀ

ਰਾਏਕੋਟ (ਸੰਤੋਖ ਗਿੱਲ)-ਭਾਰਤੀ ਕਿਸਾਨ ਯੂਨੀਅਨ (ਏਕਤਾ ਉਗਰਾਹਾਂ) ਬਲਾਕ ਪੱਖੋਵਾਲ ਦੇ ਪਿੰਡ ਕੋਟਆਗਾਂ ਅਤੇ ਜੰਡ ਦੀਆਂ ਮੀਟਿੰਗਾਂ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਜਨਰਲ ਸਕੱਤਰ ਸੁਦਾਗਰ ਸਿੰਘ ਘੁਡਾਨੀ ਤੇ ਸਕੱਤਰ ਚਰਨਜੀਤ ਸਿੰਘ ਫੱਲੇਵਾਲ ਨੇ ਕਿਹਾ ਕਿ 10 ਜੁਲਾਈ ਨੂੰ ਚੰਡੀਗੜ੍ਹ ਧਰਨੇ ਵਿੱਚ ਸ਼ਮੂਲੀਅਤ ਦੀ ਅਪੀਲ ਕੀਤੀ।ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਦੀਆਂ ਨੀਤੀਆਂ ਕਾਰਨ ਡੀਜ਼ਲ, ਪੈਟਰੋਲ ਤੇ ਰਸੋਈ ਗੈਸ ਦੀਆਂ ਕੀਮਤਾਂ ਅਸਮਾਨ ਚੜ੍ਹ ਗਈਆਂ ਹਨ।ਅਮਰੀਕਾ ਦੇ ਦਬਾਅ ਹੇਠ ਕੀਤੇ ਜਾ ਰਹੇ ਭਾਰਤ ਅਮਰੀਕਾ ਮੁਕਤ ਵਪਾਰ ਸਮਝੌਤਾ ਲਾਗੂ ਕਰਨ ਲਈ ਮੋਦੀ ਸਰਕਾਰ ਕਾਹਲੀ ਪੈ ਗਈ ਹੈ।ਉਨ੍ਹਾਂ ਕਿਹਾ ਕਿ ਭਾਰਤ ਵਿੱਚ ਅਮਰੀਕਾ ਤੋਂ ਆਉਣ ਵਾਲੇ ਖੇਤੀ ਉਤਪਾਦ ਮੱਕੀ, ਸੋਇਆਬੀਨ, ਫਲ਼ ਤੋਂ ਇਲਾਵਾ ਡੇਅਰੀ ਉਤਪਾਦ ਨੂੰ ਟੈਕਸ ਮੁਕਤ ਕਰ ਕੇ ਕਿਸਾਨੀ ਨੂੰ ਤਬਾਹੀ ਕਰਨ ਦੀ ਤਿਆਰੀ ਕਰ ਲਈ ਹੈ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

ਸਰਕਾਰਾਂ ਦੀਆਂ ਨੀਤੀਆਂ ਖਿਲਾਫ ਪਿੰਡਾਂ 'ਚ ਮੋਟਰਸਾਈਕਲ ਮਾਰਚ 15 ਨੂੰ : ਮੀਆਂਵਿੰਡ, ਭਲੋਜਲਾ

ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)- ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਜ਼ੋਨ ਸ੍ਰੀ ਗੁਰੂ ਅੰਗਦ ਦੇਵ ਜੀ ਦੀ ਇਕ ਹੰਗਾਮੀ ਮੀਟਿੰਗ ਗੁਰਦੁਆਰਾ ਰਾਮਪੁਰ ਨਰੋਤਮਪੁਰ ਵਿਖੇ ਜ਼ੋਨ ਪ੍ਰਧਾਨ ਜਗਜੀਤ ਸਿੰਘ ਭਲੋਜਲਾ ਅਤੇ ਸਕੱਤਰ ਸੁਖਚੈਨ ਸਿੰਘ ਦਾਰਾਪੁਰ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਵਿੱਚ ਜ਼ਿਲ੍ਹਾ ਤਰਨਤਾਰਨ ਦੇ ਮੀਤ ਪ੍ਰਧਾਨ ਦਿਆਲ ਸਿੰਘ ਮੀਆਂਵਿੰਡ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਕਿਸਾਨ ਆਗੂਆਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਆਗੂ ਦਿਆਲ ਸਿੰਘ ਮੀਆਂਵਿੰਡ ਨੇ ਕਿਹਾ ਕਿ ਸਮੁੱਚੇ ਭਾਰਤ ਦੀਆਂ 100 ਤੋਂ ਪਲੱਸ ਜਥੇਬੰਦੀਆਂ ਦੇ ਨਵੇਂ ਬਣੇ ਦੇਸ਼ ਬਚਾਉ ਮੋਰਚੇ ਵੱਲੋਂ ਦਿੱਤੀ ਹੋਈ ਕਾਲ ਮੁਤਾਬਿਕ 15 ਜੁਲਾਈ ਨੂੰ ਸੈਂਟਰ ਅਤੇ ਪੰਜਾਬ ਸਰਕਾਰ ਵੱਲੋਂ ਅੱਤ ਦੀ ਮਹਿੰਗਾਈ ਅਤੇ ਕਿਸਾਨਾਂ ਮਜ਼ਦੂਰਾਂ ਦੇ ਹੱਕਾਂ ਉਪਰ ਮਾਰੇ ਜਾ ਰਹੇ ਡਾਕੇ, ਲੈਂਡ ਪੂਲਿੰਗ ਪਾਲਿਸੀ ਵਰਗੇ ਕਿਸਾਨ ਵਿਰੋਧੀ ਕਾਲੇ ਕਾਨੂੰਨ ਦੇ ਖਿਲਾਫ ਪਿੰਡ ਪਿੰਡ ਮੋਟਰਸਾਈਕਲ ਮਾਰਚ ਕੱਢਿਆ ਜਾ ਰਿਹਾ ਉਸ ਫੈਸਲੇ ਦੀ ਪ੍ਰੋੜਤਾ ਕਰਦੇ ਹੋਏ ਜ਼ੋਨ ਪ੍ਰਧਾਨ ਜਗਜੀਤ ਸਿੰਘ ਭਲੋਜਲਾ ਨੇ ਵੱਖ-ਵੱਖ ਪਿੰਡਾਂ ਤੋ ਹਾਜ਼ਰ ਹੋਏ ਆਗੂਆਂ ਤੋਂ ਮਤਾ ਪਾਸ ਕਰਕੇ ਜ਼ਿਲ੍ਹਾ ਆਗੂ ਦਿਆਲ ਸਿੰਘ ਮੀਆਂਵਿੰਡ ਨੂੰ ਵਿਸ਼ਵਾਸ ਦਿਵਾਇਆ ਕਿ ਵੱਧ ਤੋਂ ਵੱਧ ਨਫ਼ਰੀ ਲੈ ਕੇ ਜ਼ੋਨ ਦੇ ਵੱਖ-ਵੱਖ ਪਿੰਡਾਂ ਵਿੱਚ ਮੋਟਰਸਾਈਕਲ ਮਾਰਚ ਕੱਢਿਆ ਜਾਵੇਗਾ। ਇਸ ਮੌਕੇ ਪ੍ਰਮਜੀਤ ਸਿੰਘ ਬਾਠ ਦਾਰਾਪੁਰ, ਸਤਨਾਮ ਸਿੰਘ ਖੋਜਕੀਪੁਰ, ਹਰਜਿੰਦਰ ਸਿੰਘ ਘੱਗੇ, ਮਨਜੀਤ ਸਿੰਘ ਵੈਰੋਵਾਲ ਬਾਵਿਆਂ, ਬਲਜਿੰਦਰ ਸਿੰਘ ਆਲਮਪੁਰ, ਸਾਹਿਬ ਸਿੰਘ ਨਰੋਤਮਪੁਰ, ਸੁਖਦੇਵ ਸਿੰਘ ਬਿਹਾਰੀਪੁਰ, ਮੋਹਨ ਸਿੰਘ ਖੋਜਕੀਪੁਰ, ਸੁਖਦੇਵ ਸਿੰਘ ਘੱਗੇ, ਹਰਵਿੰਦਰ ਸਿੰਘ ਭਲੋਜਲਾ, ਦਲਬੀਰ ਸਿੰਘ ਫੌਜੀ ਭਲੋਜਲਾ, ਗੁਰਪ੍ਰੀਤ ਸਿੰਘ ਘੱਗੇ, ਲਵਜੀਤ ਸਿੰਘ ਖੋਜਕੀਪੁਰ, ਹਰਜਿੰਦਰ ਸਿੰਘ ਜਲਾਲਾਬਾਦ, ਸਕੱਤਰ ਸਿੰਘ ਜਲਾਲਾਬਾਦ, ਲਖਬੀਰ ਸਿੰਘ ਵੈਰੋਵਾਲ, ਜੈਕਾਰ ਸਿੰਘ ਗਗੜੇਵਾਲ, ਸਰਬਜੀਤ ਸਿੰਘ ਗਗੜੇਵਾਲ, ਤਰਸੇਮ ਸਿੰਘ ਨਰੋਤਮਪੁਰ, ਜੁਗਰਾਜ ਸਿੰਘ ਰਾਮਪੁਰ, ਬਲਬੀਰ ਸਿੰਘ ਰਾਮਪੁਰ, ਇੰਦਰਜੀਤ ਸਿੰਘ ਜਲਾਲਾਬਾਦ ਖੁਰਦ, ਅਮਰਜੀਤ ਸਿੰਘ ਬਿਹਾਰੀਪੁਰ, ਮੁਖ਼ਤਾਰ ਸਿੰਘ ਵੈਰੋਵਾਲ ਬਾਵਿਆਂ, ਰਵਿੰਦਰ ਸਿੰਘ ਬਾਬਾ ਭਲੋਜਲਾ, ਜਸਵਿੰਦਰ ਸਿੰਘ ਸਾਹ ਖੋਜਕੀਪੁਰ, ਸਾਹਿਬ ਸਿੰਘ ਖੋਜਕੀਪੁਰ, ਇੰਦਰਜੀਤ ਸਿੰਘ ਨਰੋਤਮਪੁਰ, ਸੁਖਚੈਨ ਸਿੰਘ ਨਰੋਤਮਪੁਰ ਤੋਂ ਇਲਾਵਾ ਵੱਖ-ਵੱਖ ਪਿੰਡਾਂ ਤੋਂ ਜਥੇਬੰਦੀ ਦੇ ਆਗੂ ਹਾਜ਼ਰ ਸਨ।

ਸੀਪੀਆਈ ਦੇ ਵਫਦ ਨੇ ਪੰਜਾਬ ਪ੍ਰਦੂਸ਼ਣ ਬੋਰਡ ਦੇ ਸੀਨੀਅਰ ਅਫਸਰਾਂ ਨੂੰ ਮੰਗ ਪੱਤਰ ਦਿੱਤਾ

ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)- ਸੀਪੀਆਈ ਦਾ ਵਫਦ ਪ੍ਰਦੂਸ਼ਣ ਦੇ ਸਬੰਧ ਵਿੱਚ ਪੰਜਾਬ ਪ੍ਰਦੂਸ਼ਣ ਬੋਰਡ ਦੇ ਸੀਨੀਅਰ ਅਫਸਰਾਂ ਨੂੰ ਉਨ੍ਹਾਂ ਦੇ ਦਫਤਰ ਮਿਲਣ ਵਾਸਤੇ ਗਿਆ ਕਿ ਇਲਾਕੇ ਵਿੱਚ ਕੁਝ ਕੁ ਫੈਕਟਰੀਆਂ ਬਹੁਤ ਜ਼ਿਆਦਾ ਹਵਾ ਤੇ ਪਾਣੀ ਨੂੰ ਪ੍ਰਦੂਸ਼ਤ ਕਰ ਰਹੀਆਂ ਹਨ।ਉਨ੍ਹਾਂ ਨੇ ਇਹ ਵੀ ਦੱਸਿਆ ਕਿ ਅਸੀਂ ਪਿਛਲੇ ਕਈ ਸਾਲਾਂ ਤੋਂ ਜਾਣੂ ਕਰਾਉਂਦੇ ਰਹੇ ਹਾਂ ਕਿ ਫੈਕਟਰੀ ਮਾਲਕਾਂ ਨੂੰ ਬੁਲਾ ਕੇ ਉਨ੍ਹਾਂ ਨੂੰ ਜੋ ਪ੍ਰਦੂਣ ਫੈਕਟਰੀਆਂ ਵੱਲੋਂ ਫੈਲਾਇਆ ਜਾ ਰਿਹਾ ਹੈ ਉਸਨੂੰ ਰੋਕਣ ਦੀ ਹਦਾਇਤ ਕੀਤੀ ਜਾਵੇ ਤਾਂ ਜੋ ਇਲਾਕਾ ਨਿਵਾਸੀਆਂ ਨੂੰ ਜਾਨਲੇਵਾ ਬੀਮਾਰੀਆਂ ਹੋਣ ਤੋਂ ਬਚਾਇਆ ਜਾ ਸਕੇ। ਜਦੋਂ ਵਫਦ ਦਫਤਰ ਪਹੁੰਚਿਆ ਤਾਂ ਪਤਾ ਲੱਗਿਆ ਕਿ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਦਾ ਸੀਨੀਅਰ ਅਫਸਰ ਅੰਮ੍ਰਿਤਸਰ ਕੋਲ ਜਲੰਧਰ ਦਾ ਵੀ ਚਾਰਜ ਹੋਣ ਕਰਕੇ ਦਫਤਰ ਨਹੀਂ ਬੈਠਣਗੇ ਜਿਸ ਕਾਰਨ ਉਹ ਤੁਹਾਨੂੰ ਨਹੀਂ ਮਿਲ ਸਕਦੇ। ਸੀਪੀਆਈ ਦੇ ਸਾਥੀਆਂ ਤੇ ਪਤਵੰਤੇ ਲੋਕਾਂ ਨੇ ਦਫਤਰ ਵਿਖੇ ਮਿਲੇ ਮੁਲਾਜ਼ਮਾਂ ਨੂੰ ਸਖਤ ਲਹਿਜੇ ਵਿੱਚ ਚਿਤਾਵਨੀ ਦਿੰਦਿਆਂ ਕਿਹਾ ਕਿ ਜੇ ਮਹਿਕਮੇ ਵਾਲਿਆਂ ਨੇ ਪ੍ਰਦੂਸ਼ਣ ਨਾ ਰੋਕਿਆ ਤਾਂ ਸੀਪੀਆਈ ਲੋਕਾਂ ਦੇ ਸਹਿਯੋਗ ਨਾਲ ਪ੍ਰਦੂਸ਼ਣ ਬੋਰਡ ਦੇ ਅਧਿਕਾਰੀਆਂ ਦਾ ਘੇਰਾਓ ਕਰਕੇ ਵਿਰੋਧ ਕਰਨਗੇ । ਵਫਦ ਦੀ ਅਗਵਾਈ ਕਰਨ ਵਾਲਿਆਂ ਵਿੱਚ ਜ਼ਿਲ੍ਹਾ ਅਮ੍ਰਿਤਸਰ ਦਿਹਾਤੀ ਦਾ ਸਾਥੀ ਬਲਕਾਰ ਸਿੰਘ ਦੁਧਾਲਾ, ਸੀਪੀਆਈ ਸੈਕਟਰੀ ਮਜੀਠਾ ਜ਼ਿਲ੍ਹਾ ਅੰਮ੍ਰਿਤਸਰ ਸ਼ਹਿਰੀ ਦੇ ਕੌਂਸਲ ਮੈਂਬਰ ਕਾ. ਰਕੇਸ਼ ਕੁਮਾਰ ਹਾਂਡਾ. ਕਿਸਾਨ ਸਭਾ ਜ਼ਿਲ੍ਹਾ ਪ੍ਰਧਾਨ ਪ੍ਰੋਫੈਸਰ ਬਲਦੇਵ ਸਿੰਘ ਵੇਰਕਾ, ਜੋਗਿੰਦਰ ਲਾਲ ਮੁਸਤਫਾਬਾਦ ਤੇ ਇਲਾਕੇ ਦੇ ਮੋਹਤਬਰ ਦੀਪਕ ਅਰੋੜਾ, ਰਾਜੂ, ਰਵੀ ਦੱਤ, ਨਰੇਸ਼ ਕੁਮਾਰ, ਪ੍ਰੇਮ ਪਾਲ ਨੇ ਦੱਸਿਆ ਕਿ ਫੈਕਟਰੀ ਦਾ ਪ੍ਰਦੂਸ਼ਣ ਜਿਵੇਂ ਸੂਰਯਾ ਇਨਕਲੇਵ, ਜਵਾਹਰ ਨਗਰ, ਗਲੀ ਬਾਂਕੇ ਬਿਹਾਰੀ, ਤੇ ਗਲੀ ਮੁਰਗੀ ਮੁਹੱਲਾ ਬਟਾਲਾ ਰੋਡ ਦੇ ਵਾਸੀ ਬਹੁਤ ਦੁਖੀ ਹਨ ਜੇ ਇਸਦਾ ਕੋਈ ਹੱਲ ਨਾ ਹੋਇਆ ਤਾਂ ਅਸੀਂ ਸੜਕ ਵੀ ਜਾਮ ਕਰਾਂਗੇ ਜਿਸਦੀ ਜ਼ਿੰਮੇਵਾਰੀ ਮਹਿਕਮੇ ਦੀ ਹੋਵੇਗੀ ਅਖੀਰ ਵਿੱਚ ਰੀਡਰ ਅੰਗਰੇਜ਼ ਸਿੰਘ ਨੂੰ ਮੰਗ ਪੱਤਰ ਦਿੱਤਾ ਗਿਆ ਜਿਨ੍ਹਾਂ ਨੇ ਯਕੀਨ ਦਿਵਾਇਆ ਕਿ ਅਸੀਂ ਇਹ ਪੱਤਰ ਸਬੰਧਤ ਅਫਸਰ ਤੱਕ ਪਹੁੰਚਾ ਦਿਆਂਗੇ।

ਸਮੱਸਿਆਵਾਂ ਨੂੰ ਸਮੇਂ ਸਿਰ ਹੱਲ ਕਰਨਾ ਮਾਨ ਸਰਕਾਰ ਦੀ ਮੁੱਖ ਤਰਜੀਹ : ਪੰਨੂੰ

ਫਤਿਹਗੜ੍ਹ ਚੂੜੀਆਂ (ਜਸਦੇਵ ਮਾਨ)- ਇਲਾਕੇ ਦੇ ਲੋਕਾਂ ਦੀਆਂ ਸਮੱਸਿਆਵਾਂ ਦਾ ਸਮੇਂ ਸਿਰ ਹੱਲ ਯਕੀਨੀ ਬਣਾਉਣਾ ਮਾਨ ਸਰਕਾਰ ਦੀ ਮੁੱਖ ਤਰਜੀਹ ਹੈ।ਇਸੇ ਸੋਚ ਤਹਿਤ ਹਲਕਾ ਫਤਿਹਗੜ੍ਹ ਚੂੜੀਆਂ ਦੇ ਪਿੰਡ ਫੱਤੇਵਾਲੀ ਵਿਖੇ ਲੋਕ ਮਿਲਣੀ ਦੌਰਾਨ ਹਲਕਾ ਇੰਚਾਰਜ ਬਲਬੀਰ ਸਿੰਘ ਪੰਨੂ ਨੇ ਪਿੰਡ ਵਾਸੀਆਂ ਦੀਆਂ ਸਮੱਸਿਆਵਾਂ ਧਿਆਨ ਨਾਲ ਸੁਣੀਆਂ ਅਤੇ ਉਨ੍ਹਾਂ ਦੇ ਤੁਰੰਤ ਨਿਪਟਾਰੇ ਲਈ ਸਬੰਧਿਤ ਅਧਿਕਾਰੀਆਂ ਨੂੰ ਦਿਸ਼ਾ-ਨਿਰਦੇਸ਼ ਜਾਰੀ ਕੀਤੇ।ਇਸ ਮੌਕੇ ਲੋਕਾਂ ਨੂੰ ਮਾਨ ਸਰਕਾਰ ਦੀਆਂ ਲੋਕ ਭਲਾਈ ਯੋਜਨਾਵਾਂ ਅਤੇ ਮਿਲ ਰਹੀਆਂ ਸੁਵਿਧਾਵਾਂ ਬਾਰੇ ਵੀ ਵਿਸਥਾਰ ਨਾਲ ਜਾਣੂ ਕਰਵਾਇਆ ਗਿਆ।ਇਸ ਮੌਕੇ ਆਸ਼ੂ, ਆਸ਼ੀਸ਼ ਮਸੀਹ, ਖ਼ਜ਼ਾਨ ਮਸੀਹ, ਤਰਸੇਮ ਮਸੀਹ, ਗੁਰਪ੍ਰਤਾਪ ਸਿੰਘ, ਮੰਗਾ ਮਸੀਹ, ਬੱਬੂ ਮਸੀਹ, ਰੱਤੂ ਮਸੀਹ, ਲਾਰੰਸ ਮਸੀਹ, ਬਿੱਟੂ ਮਸੀਹ, ਸੁਖਰਾਜ ਮਸੀਹ, ਮੰਗਾਂ ਮਸੀਹ, ਲਿਆਸ ਮਸੀਹ ਸਮੇਤ ਹੋਰ ਪਤਵੰਤੇ ਸੱਜਣ ਵੀ ਹਾਜ਼ਰ ਰਹੇ।

ਬਾਬਾ ਵੱਡਭਾਗ ਸਿੰਘ ਨੂੰ ਸਮਰਪਿਤ ਧਾਰਮਿਕ ਸਮਾਗਮ ਕਰਵਾਇਆ

ਜੈਂਤੀਪੁਰ (ਸੁਖਬੀਰ ਸਿੰਘ ਸਿੱਧੂ)- ਬਾਬਾ ਵੱਡਭਾਗ ਸਿੰਘ ਜੀਂ ਨੂੰ ਸਮਰਪਿਤ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਅਮਰੀਕ ਸਪੋਰਟਸ ਅੱਡਾ ਜੈਂਤੀਪੁਰ ਵਾਲਿਆਂ ਦੇ ਸਪੁੱਤਰ ਜੋਬਨਜੀਤ ਸਿੰਘ ਕਾਹਲੋਂ ਵਲੋ ਹਰ ਸਾਲ ਦੀ ਤਰਾਂ ਇਸ ਸਾਲ ਵੀ ਧਾਰਮਿਕ ਸਮਾਗਮ ਕਰਵਾਇਆ ਗਿਆ। ਜਿਸ ਵਿਚ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਉਪਰੰਤ ਦੀਵਾਨ ਸਜਾਏ ਗਏ ਜਿਸ ਵਿਚ ਰਾਗੀ, ਢਾਡੀ ਤੇ ਕਵੀਸ਼ਰੀ ਜਥਿਆਂ ਵਲੋ ਨਾਨਕ ਨਾਮ ਲੇਵਾ ਸੰਗਤਾ ਨੂੰ ਗੁਰ ਇਤਿਹਾਸ ਸੁਣਾ ਕੇ ਗੁਰਬਾਨੀ ਨਾਲ ਜੋੜਿਆ। ਇਸ ਸਮਾਗਮ ਵਿੱਚ ਸਾਮਿਲ ਹੋਣ ਵਾਲੀਆ ਸੰਗਤਾਂ ਲਈ ਵੱਖ-ਵੱਖ ਪਕਵਾਨਾ ਦੇ ਲੰਗਰ ਵੀਂ ਲਗਾਏ ਗਏ। ਇਸ ਮੌਕੇ ਹੋਰਨਾਂ ਤੋ ਇਲਾਵਾ ਜੋਬਨਜੀਤ ਸਿੰਘ ਕਾਹਲੋਂ ਜੈਂਤੀਪੁਰ, ਸਤਬੀਰ ਸਿੰਘ ਥਰੀਏਵਾਲ, ਜਸਵੰਤ ਸਿੰਘ, ਹਰਜਿੰਦਰ ਸਿੰਘ ਤਲਵੰਡੀ, ਮੰਗਲ ਸਿੰਘ ਤਲਵੰਡੀ, ਕੇਵਲ ਤਲਵੰਡੀ ਹਾਕੀ ਪਲੇਅਰ, ਚੈਅਰਮੈਨ ਪ੍ਰਦੀਪ ਸਿੰਘ ਖਹਿਰਾ ਹਾਲੀਵੁੱਡ, ਨਿਸ਼ਾਨ ਸਿੰਘ ਸਰਕਾਰੀਆ , ਅਮੋਲਕ ਸਿੰਘ ਬੱਲ, ਜਗਦੀਸ਼ ਸਿੰਘ ਮੱਲੀ, ਰੂਬਲ ਜੈਂਤੀਪੁਰ, ਲਖਨ ਸਿੰਘ ਢਡਿਆਲਾ, ਅੰਮ੍ਰਿਤਪਾਲ ਸਿੰਘ ਔਲਖ ਪਾਖਰਪੁਰ, ਰਣਬੀਰ ਸਿੰਘ ਕਾਹਲੋਂ ਜੈਂਤੀਪੁਰ, ਰੂਪ ਸਰਕਾਰੀਆ, ਸੁਖਬੀਰ ਸਿੰਘ ਸਿੱਧੂ ਕਵਲਜੀਤ ਸਿੰਘ ਸਿੱਧੂ ਬਾਬਾ ਸੁਖਚੈਨ ਸਿੰਘ ਜੈਂਤੀਪੁਰ, ਰ ਣਜੀਤ ਸਿੰਘ,ਭੁਪਿੰਦਰ ਸਿੰਘ ਗਿੱਲ,ਰਾਜਾ ਕੋਟਲੀ ਸਮੇਤ ਹੋਰ ਸੰਗਤਾਂ ਹਾਜਿਰ ਸਨ।

ਸ਼ਹਿਰ 'ਚ ਹੁਣ ਤੱਕ 425 ਕੁੱਤਿਆਂ ਤੇ 466 ਕੁੱਤੀਆਂ ਦੀ ਨਸਬੰਦੀ ਮੁਕੰਮਲ

ਬਟਾਲਾ (ਡਾ. ਮਲਵਿੰਦਰ ਸਿੰਘ)- ਨਗਰ ਨਿਗਮ ਬਟਾਲਾ ਵਲੋਂ ਨਸਬੰਦੀ ਰਾਹੀਂ ਅਵਾਰਾ ਕੁੱਤਿਆਂ ਦੀ ਸੰਖਿਆ 'ਤੇ ਕੰਟਰੋਲ ਕੀਤਾ ਜਾ ਰਿਹਾ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਗੁਰਸਿਮਰਨ ਸਿੰਘ ਢਿੱਲੋਂ, ਕਮਿਸ਼ਨਰ ਨਗਰ ਨਿਗਮ ਬਟਾਲਾ ਨੇ ਦੱਸਿਆ ਕਿ ਕੁੱਤਿਆਂ ਦੀ ਨਸਬੰਦੀ ਦਾ ਟੈਂਡਰ 2025 ਵਿੱਚ ਲਗਭਗ 47.91 ਲੱਖ ਰੁਪਏ ਦਾ ਅੰਮ੍ਰਿਤਸਰ ਦੀ ਇੱਕ ਫਰਮ ਦਿ ਐਨੀਮਲਜ਼ ਵੈੱਲਫੇਅਰ ਐਸੋਸੀਏਸ਼ਨ ਪਿੰਡ ਫ਼ਤਿਹਗੜ੍ਹ ਸ਼ੁਕਰਚੱਕ ਨਜ਼ਦੀਕ ਵੇਰਕਾ ਨੇ ਲਿਆ ਸੀ।ਉਨ੍ਹਾਂ ਦੱਸਿਆ ਕਿ ਮਈ ਦੇ ਮਹੀਨੇ ਵਿੱਚ ਇਸ ਫਰਮ ਨੇ 174 ਕੁੱਤਿਆਂ ਅਤੇ 186 ਕੁੱਤੀਆਂ ਦੀ ਨਸਬੰਦੀ ਕੀਤੀ ਸੀ ਜਦਕਿ ਜੂਨ ਮਹੀਨੇ ਵਿੱਚ 251 ਕੁੱਤਿਆਂ ਅਤੇ 280 ਕੁੱਤੀਆਂ ਦੀ ਨਸਬੰਦੀ ਕੀਤੀ ਗਈ।ਉਨ੍ਹਾਂ ਦੱਸਿਆ ਕਿ ਹੁਣ ਤਕ 425 ਕੁੱਤਿਆਂ ਅਤੇ 466 ਕੁੱਤੀਆਂ ਦੀ ਨਸਬੰਦੀ ਕੀਤੀ ਗਈ ਹੈ।ਇਹ ਟੀਮ ਹਰ ਰੋਜ਼ ਨਗਰ ਨਿਗਮ ਬਟਾਲਾ ਦੇ ਵੱਖ-ਵੱਖ ਵਾਰਡਾਂ ਵਿੱਚ ਜਾ ਕੇ ਕੁੱਤਿਆਂ ਸਬੰਧੀ ਆ ਰਹੀਆਂ ਸ਼ਿਕਾਇਤਾਂ ਦੇ ਅਨੁਸਾਰ ਕੰਮ ਕਰਦੀ ਹੈ।ਕਮਿਸ਼ਨਰ ਗੁਰਸਿਮਰਨ ਸਿੰਘ ਢਿੱਲੋਂ ਨੇ ਅੱਗੇ ਦੱਸਿਆ ਕਿ ਅਵਾਰਾ ਕੁੱਤਿਆਂ ਦੀ ਦਹਿਸ਼ਤ ਅਤੇ ਆਕਰਮਕਤਾ ਸਮੁੱਚੇ ਪੰਜਾਬ ਰਾਜ ਦੀ ਸਮੱਸਿਆ ਹੈ।ਇਸ ਮਸਲੇ ਵਿਚ ਸ਼ਹਿਰੀ ਅਤੇ ਦਿਹਾਤੀ ਖੇਤਰ ਸ਼ਾਮਿਲ ਹਨ। ਇਸ ਸਮੱਸਿਆ ਨੂੰ ਨਜਿਠਣ ਸਬੰਧੀ ਸ਼ਹਿਰੀ ਖੇਤਰ ਵਿੱਚ ਉਪਰਾਲੇ ਕੀਤੇ ਜਾ ਰਹੇ ਹਨ। ਇਸ ਗੰਭੀਰ ਸਮੱਸਿਆ ਸਬੰਧੀ ਵਿਭਾਗ ਸੁਚੇਤ ਹੈ। ਸ਼ਹਿਰੀ ਦੀਆਂ ਸਥਾਨਕ ਸੰਸਥਾਵਾਂ ਨੂੰ ਇਸ ਸਮੱਸਿਆ ਨਾਲ ਨਜਿੱਠਣ ਲਈ ਦਿਸ਼ਾ-ਨਿਰਦੇਸ਼ ਦਿੱਤੇ ਜਾ ਰਹੇ ਹਨ।ਉਨ੍ਹਾਂ ਦੱਸਿਆ ਕਿ ਅਵਾਰਾ ਕੁੱਤਿਆਂ ਦੀ ਸਮੱਸਿਆ ਨੂੰ ਨਜਿੱਠਣ ਲਈ ਢੁੱਕਵਾ ਹੱਲ ਇਹ ਹੈ ਕਿ ਇਨ੍ਹਾਂ ਦੀ ਨਸਬੰਦੀ ਕੀਤੀ ਜਾਵੇ। ਮਾਹਿਰਾਂ ਦੀ ਰਾਏ ਅਨੁਸਾਰ ਜਦੋਂ ਵੀ ਕਿਸੇ ਕੁੱਤੇ ਦੀ ਨਸਬੰਦੀ ਕੀਤੀ ਜਾਂਦੀ ਹੈ ਤਾਂ ਉਸਦੇ ਦਹਿਸ਼ਤੀ ਹੋਣ ਵਿੱਚ ਕਮੀ ਆਉਂਦੀ ਹੈ ਅਤੇ ਕੱਟਣ ਦੀਆਂ ਘਟਨਾਵਾਂ ਵਿੱਚ ਵੀ ਕਮੀ ਹੁੰਦੀ ਹੈ। ਸਥਾਨਕ ਸਰਕਾਰ ਵਿਭਾਗ ਵੱਲੋਂ ਪੇਂਡੂ ਵਿਕਾਸ ਅਤੇ ਪੰਚਾਇਤੀ ਰਾਜ ਨਾਲ ਮਿਲ ਕੇ ਆਵਾਰਾ ਪਸ਼ੂਆਂ ਕਾਰਨ ਹੋਏ ਹਾਦਸਿਆਂ ਦੇ ਸ਼ਿਕਾਰ ਲੋਕਾਂ ਨੂੰ ਮੁਆਵਜ਼ਾ ਦੇਣ ਲਈ ਰਾਜ ਪੱਧਰ ਤੇ ਦੀ ਪੰਜਾਬ ਕੰਪਨਸੇਸ਼ਨ ਟੂ ਦੀ ਵਿਕਟਿਮਸ ਆਫ ਐਨੀਮਲ ਅਟੈਕ ਐਂਡ ਐਕਸੀਡੈਂਟ ਪਾਲਸੀ 2023 ਤਿਆਰ ਕੀਤੀ ਗਈ ਹੈ।

ਸ੍ਰੀ ਗੁਰੂ ਰਵਿਦਾਸ ਜੀ ਬਾਰੇ ਦਸਤਾਵੇਜ਼ੀ ਫਿਲਮ ਦਿਖਾਉਣ ਦਾ ਪਿੰਡ ਆਵਾਨ ਤੇ ਬਸਤੀ ਬਾਜ਼ੀਗਰ ਤੋਂ ਆਗਾਜ਼

ਬਟਾਲਾ, (ਤਰਲੋਕ ਬੱਗਾ, ਡਾ. ਮਲਵਿੰਦਰ ਸਿੰਘ)- ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸ਼ਰਧਾ ਨਾਲ ਮਨਾਉਣ ਅਤੇ ਉਨ੍ਹਾਂ ਦੇ ਜੀਵਨ ਫਲਸਫ਼ੇ ਅਤੇ ਸਿੱਖਿਆਵਾਂ ਨੂੰ ਘਰ-ਘਰ ਪਹੁੰਚਾਉਣ ਲਈ ਪੰਜਾਬ ਸਰਕਾਰ ਵੱਲੋਂ ਵਿਸ਼ੇਸ਼ ਦਸਤਾਵੇਜ਼ੀ ਪ੍ਰੋਜੈਕਟ ਦੀ ਸ਼ੁਰੂਆਤ ਕੀਤੀ ਗਈ ਹੈ, ਜਿਸ ਤਹਿਤ ਬਟਾਲਾ ਦੇ ਪਿੰਡ ਆਵਾਨ ਅਤੇ ਬਸਤੀ ਬਾਜ਼ੀਗਰ ਥਿੰਦ ਵਿਖੇ ਪਿੰਡ ਵਾਸੀਆਂ ਨੂੰ ਡਾਕੂਮੈਂਟਰੀ ਫਿਲਮ ਵਿਖਾਈ ਗਈ ਜਿਸ ਵਿੱਚ ਪਿੰਡ ਵਾਸੀਆਂ ਨੇ ਪੂਰੇ ਉਤਸ਼ਾਹ ਨਾਲ ਹਿੱਸਾ ਲਿਆ। ਇਸ ਮੌਕੇ ਮਨਜਿੰਦਰ ਸਿੰਘ ਸਰਪੰਚ ਅਵਾਨ , ਗੁਰਮੁਖ ਸਿੰਘ ਸੂਬੇਦਾਰ ਕਰਨੈਲ ਸਿੰਘ ਪੰਚਾਇਤ ਮੈਂਬਰ ,ਚਰਨਜੀਤ ਸਿੰਘ ਪੰਚਾਇਤ ਮੈਂਬਰ, ਮੇਜਰ ਸਿੰਘ ਪੰਚਾਇਤ ਮੈਂਬਰ ਦਲਜੀਤ ਸਿੰਘ ਬਾਬਾ, ਗੁਰਨਾਮ ਸਿੰਘ, ਬਾਬਾ ਸੁਖਦੇਵ ਰਾਜ, ਕਸ਼ਮੀਰ ਸਿੰਘ, ਲਵਪ੍ਰੀਤ ਸਿੰਘ, ਸੁਲੱਖਣ ਸਿੰਘ, ਬਲਵੰਤ ਸਿੰਘ ਅਤੇ ਅਜੀਤ ਸਿੰਘ ਸਮੇਤ ਪਿੰਡ ਵਾਸੀ ਮੌਜੂਦ ਸਨ।ਇਸ ਮੌਕੇ ਗੱਲਬਾਤ ਕਰਦਿਆਂ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ ਫਲਸਫ਼ੇ ਅਤੇ ਸਿੱਖਿਆਵਾਂ ਤੇ ਅਧਾਰਿਤ ਪਿੰਡਾਂ ਵਿੱਚ ਦਸਤਾਵੇਜ਼ੀ ਦਿਖਾਉਣ ਲਈ ਵਿਸ਼ੇਸ਼ ਉੱਦਮ ਕੀਤਾ ਗਿਆ ਹੈ।ਇਹ 30 ਮਿੰਟ ਦੀ ਦਸਤਾਵੇਜ਼ੀ ਸੰਖੇਪ, ਅਰਥਪੂਰਨ ਅਤੇ ਬਹੁਤ ਪ੍ਰਭਾਵਸ਼ਾਲੀ ਹੈ, ਜੋ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੀਆਂ ਸਿੱਖਿਆਵਾਂ ਨੂੰ ਲੋਕਾਂ ਤੱਕ ਪਹੁੰਚਾਏਗੀ।ਉਨ੍ਹਾਂ ਦੱਸਿਆ ਕਿ ਅੱਜ ਪਹਿਲੇ ਦਿਨ ਡਾਕੂਮੈਂਟਰੀ ਵੈਨ ਪਿੰਡ ਆਵਾਨ ਅਤੇ ਪਿੰਡ ਬਸਤੀ ਬਾਜ਼ੀਗਰ ਥਿੰਦ ਵਿਖੇ ਆਈ ਈ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦਾ ਉਦੇਸ਼ ਸ੍ਰੀ ਗੁਰੂ ਰਵਿਦਾਸ ਜੀ ਵੱਲੋਂ ਦਿੱਤੇ ਸਮਾਜਿਕ ਬਰਾਬਰੀ, ਸਦਭਾਵਨਾ, ਸੱਚ, ਮਿਹਨਤ ਅਤੇ ਮਨੁੱਖਤਾ ਦੇ ਸੰਦੇਸ਼ ਨੂੰ ਘਰ-ਘਰ ਤੱਕ ਪਹੁੰਚਾਉਣਾ ਹੈ।ਇਹ ਡਾਕੂਮੈਂਟਰੀ ਨੌਜਵਾਨ ਪੀੜ੍ਹੀ ਨੂੰ ਗੁਰੂ ਸਾਹਿਬ ਦੇ ਆਦਰਸ਼ਾਂ ਨਾਲ ਜੋੜਨ ਅਤੇ ਉਨ੍ਹਾਂ ਦੇ ਜੀਵਨ ਤੋਂ ਪ੍ਰੇਰਨਾ ਲੈਣ ਦਾ ਇੱਕ ਮਹੱਤਵਪੂਰਨ ਉਪਰਾਲਾ ਸਾਬਤ ਹੋਵੇਗੀ।ਇਸ ਸਬੰਧ ਵਿੱਚ ਤਿੰਨ ਮੋਬਾਈਲ ਵੈਨਾਂ ਜ਼ਿਲ੍ਹੇ ਵਿੱਚ ਪਹੁੰਚੀਆਂ ਹਨ, ਜਿਨ੍ਹਾਂ ਰਾਹੀਂ ਜ਼ਿਲ੍ਹੇ ਦੇ ਸਾਰੇ ਪਿੰਡਾਂ ਵਿੱਚ ਇਹ ਡਾਕੂਮੈਂਟਰੀ ਫਿਲਮ ਦਿਖਾਈ ਜਾਵੇਗੀ।ਬਟਾਲਾ, ਗੁਰਦਾਸਪੁਰ, ਡੇਰਾ ਬਾਬਾ ਨਾਨਕ ਦੇ ਪਿੰਡਾਂ ਤੋਂ ਡਾਕੂਮੈਂਟਰੀ ਫਿਲਮ ਵਿਖਾਉਣ ਦੀ ਸ਼ੁਰੂਆਤ ਕੀਤੀ ਗਈ ਹੈ।

ਬਿਜਲੀ ਮੁਲਾਜ਼ਮਾਂ ਨੇ ਬੂਟੇ ਲਗਾ ਕੇ ਵਾਤਾਵਰਨ ਸਾਂਭ-ਸੰਭਾਲ ਦਾ ਸੁਨੇਹਾ ਦਿੱਤਾ

ਧਾਰੀਵਾਲ/ਹਰਚੋਵਾਲ, (ਮਨਦੀਪ ਵਿੱਕੀ) ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਦੇ 66 ਕੇਵੀ ਸਬ-ਸਟੇਸ਼ਨ ਹਰਚੋਵਾਲ (ਤੁਗਲਵਾਲ) ਵਿਖੇ ਵਾਤਾਵਰਣ ਸੰਭਾਲ ਅਤੇ ਹਰਿਆਵਲ ਨੂੰ ਪ੍ਰਫੁੱਲਤ ਕਰਨ ਦੇ ਉਦੇਸ਼ ਨਾਲ ਬੂਟੇ ਲਗਾਉਣ ਦੀ ਮੁਹਿੰਮ ਚਲਾਈ ਗਈ।

ਇਸ ਮੌਕੇ ਪ੍ਰਦੀਪ ਕੁਮਾਰ ਵਧੀਕ ਨਿਗਰਾਨ ਇੰਜੀਨੀਅਰ (ਓ ਐਂਡ ਐੱਮ) ਗੁਰਦਾਸਪੁਰ, ਸ੍ਰੀ ਐੱਸ. ਪੀ. ਸਿੰਘ ਰੰਧਾਵਾ, ਐੱਸ. ਐੱਸ. ਈ. ਕਾਦੀਆਂ ਅਤੇ ਸ੍ਰੀ ਕੁਲਜਿੰਦਰ ਸਿੰਘ ਗਿੱਲ ਉਪ ਮੰਡਲ ਅਫ਼ਸਰ (ਐੱਸਡੀਓ) ਹਰਚੋਵਾਲ ਵੱਲੋਂ ਬੂਟੇ ਲਗਾ ਕੇ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ।ਇਸ ਮੌਕੇ ਸ੍ਰੀ ਗੁਰਪ੍ਰੀਤ ਸਿੰਘ ਜੇਈ (ਸਬ-ਸਟੇਸ਼ਨ), ਜਤਿੰਦਰ ਸਿੰਘ ਜੇਈ, ਸਰਬਜੀਤ ਸਿੰਘ ਜੇਈ, ਲਵਪ੍ਰੀਤ ਸਿੰਘ (ਮੂੜ), ਰਮਨਜੀਤ ਸਿੰਘ ਲਾਈਨਮੈਨ ਸਮੇਤ ਹੋਰ ਸਟਾਫ਼ ਵੀ ਹਾਜ਼ਰ ਰਿਹਾ।ਇਸ ਮੌਕੇ ਸੰਬੋਧਨ ਕਰਦਿਆਂ ਵਧੀਕ ਨਿਗਰਾਨ ਇੰਜੀਨੀਅਰ ਪ੍ਰਦੀਪ ਕੁਮਾਰ ਨੇ ਕਿਹਾ ਕਿ ਰੁੱਖ ਸਾਡੀ ਜ਼ਿੰਦਗੀ ਦਾ ਅਨਮੋਲ ਆਧਾਰ ਹਨ।ਵਾਤਾਵਰਣ ਨੂੰ ਪ੍ਰਦੂਸ਼ਣ-ਮੁਕਤ ਬਣਾਉਣ, ਜਲਵਾਯੂ ਪਰਿਵਰਤਨ ਦੇ ਪ੍ਰਭਾਵ ਨੂੰ ਘਟਾਉਣ ਅਤੇ ਆਉਣ ਵਾਲੀਆਂ ਪੀੜ੍ਹੀਆਂ ਨੂੰ ਸਾਫ਼-ਸੁਥਰਾ ਤੇ ਹਰਿਆ-ਭਰਿਆ ਵਾਤਾਵਰਣ ਦੇਣ ਲਈ ਹਰ ਵਿਅਕਤੀ ਨੂੰ ਘੱਟੋ-ਘੱਟ ਇੱਕ ਰੁੱਖ ਜ਼ਰੂਰ ਲਗਾਉਣਾ ਅਤੇ ਉਸ ਦੀ ਸੰਭਾਲ ਕਰਨੀ ਚਾਹੀਦੀ ਹੈ। ਉਨ੍ਹਾਂ ਸਮੂਹ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਦਫ਼ਤਰਾਂ ਅਤੇ ਆਲੇ-ਦੁਆਲੇ ਵੱਧ ਤੋਂ ਵੱਧ ਦੇਸੀ ਪੌਦੇ ਲਗਾਉਣ ਅਤੇ ਉਨ੍ਹਾਂ ਦੀ ਨਿਯਮਿਤ ਦੇਖਭਾਲ ਵੀ ਯਕੀਨੀ ਬਣਾਉਣ।ਹਾਜ਼ਰ ਸਟਾਫ਼ ਨੇ ਵੀ ਵਾਤਾਵਰਣ ਦੀ ਸੰਭਾਲ ਲਈ ਵੱਧ ਤੋਂ ਵੱਧ ਰੁੱਖ ਲਗਾਉਣ ਅਤੇ ਉਨ੍ਹਾਂ ਦੀ ਸਾਂਭ-ਸੰਭਾਲ ਕਰਨ ਦਾ ਸੰਕਲਪ ਲਿਆ

ਹਲਕਾ ਇੰਚਾਰਜ ਬਲਬੀਰ ਸਿੰਘ ਪੰਨੂ ਨੇ ਰਾਸ਼ਨ ਕਿੱਟਾਂ ਵੰਡੀਆਂ

ਫਤਿਹਗੜ੍ਹ (ਚੂੜੀਆਂ ਜਸਦੇਵ ਮਾਨ)- ਮਾਨ ਸਰਕਾਰ ਦੀ ਮੇਰੀ ਰਸੋਈ ਯੋਜਨਾ ਦਾ ਮਕਸਦ ਹਰ ਪਰਿਵਾਰ ਤੱਕ ਪੌਸ਼ਟਿਕ ਆਹਾਰ ਪਹੁੰਚਾਉਣਾ ਹੈ।ਇਸੇ ਤਹਿਤ ਹਲਕਾ ਫਤਿਹਗੜ੍ਹ ਚੂੜੀਆਂ ਦੇ ਪਿੰਡ ਮਾਨ ਸੈਂਡਵਾਲ ਵਿਖੇ ਹਲਕਾ ਇੰਚਾਰਜ ਬਲਬੀਰ ਸਿੰਘ ਪੰਨੂ ਵੱਲੋਂ ਰਾਸ਼ਨ ਕਿੱਟਾਂ ਦੀ ਵੰਡ ਕੀਤੀ ਗਈ।ਇਸ ਮੌਕੇ ਹਲਕਾ ਇੰਚਾਰਜ ਬਲਬੀਰ ਸਿੰਘ ਪੰਨੂ ਨੇ ਕਿਹਾ ਕਿ

ਲੋਕ ਭਲਾਈ ਲਈ ਸਮਰਪਿਤ ਇਹ ਯਤਨ ਹਰ ਲੋੜਵੰਦ ਪਰਿਵਾਰ ਤੱਕ ਸਹਾਇਤਾ ਪਹੁੰਚਾਉਣ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਇਸ ਮੌਕੇ ਦਿਲਬਾਗ ਸਿੰਘ ਸਰਪੰਚ, ਬਖ਼ਸ਼ਿਸ਼ ਸਿੰਘ, ਬਲਾਕ ਪ੍ਰਧਾਨ, ਮਨਦੀਪ ਕੌਰ, ਲਵਪ੍ਰੀਤ ਸਿੰਘ, ਸਵਿੰਦਰ ਸਿੰਘ ਬਾਬਾ ਅਤੇ ਸੁਖਜਿੰਦਰ ਸਿੰਘ ਸਮੇਤ ਹੋਰ ਪਤਵੰਤੇ ਸੱਜਣ ਵੀ ਹਾਜ਼ਰ ਰਹੇ।

ਸੰਤ ਬਾਬਾ ਨਿਰੰਜਨ ਦਾਸ ਨੂੰ ਪਦਮਸ਼੍ਰੀ ਮਿਲਣ 'ਤੇ ਰਾਜਵਿੰਦਰ ਕੌਰ ਨੇ ਦਿੱਤੀ ਵਧਾਈ

ਛੇਹਰਟਾ, (ਮਨੋਜ ਕੁਮਾਰ) : ਭਾਰਤੀ ਜਨਤਾ ਪਾਰਟੀ ਅਨੁਸੂਚਿਤ ਜਾਤੀ ਮੋਰਚਾ ਪੰਜਾਬ ਦੇ ਸਕੱਤਰ ਰਾਜਵਿੰਦਰ ਕੌਰ ਬੁੱਧਵਾਰ ਨੂੰ ਜ਼ਿਲ੍ਹਾ ਜਲੰਧਰ ਵਿੱਚ ਸਥਿਤ ਡੇਰਾ ਸੱਚਖੰਡ ਬੱਲਾਂ ਵਿਖੇ ਪੁੱਜੇ ਅਤੇ ਪਦਮਸ਼੍ਰੀ ਸਨਮਾਨ ਨਾਲ ਨਿਵਾਜੇ ਗਏ ਡੇਰਾ ਮੁਖੀ ਸੰਤ ਬਾਬਾ ਨਿਰੰਜਨ ਦਾਸ ਨਾਲ ਮੁਲਾਕਾਤ ਕੀਤੀ। ਇਸ ਮੌਕੇ ਉਨ੍ਹਾਂ ਨਾਲ ਭਾਜਪਾ ਮਹਿਲਾ ਮੋਰਚਾ ਦੇ ਸੂਬਾ ਸੱਕਤਰ ਸਤਿੰਦਰ ਕੌਰ ਤੇ ਹੋਰ ਭਾਜਪਾ ਕਾਰਕੁਨਾਂ ਮੌਜੂਦ ਸਨ। ਇਸ ਮੌਕੇ ਰਾਜਵਿੰਦਰ ਕੌਰ ਨੇ ਸੰਤ ਬਾਬਾ ਨਿਰੰਜਨ ਦਾਸ ਨੂੰ ਭਾਰਤ ਸਰਕਾਰ ਵੱਲੋਂ ਪਦਮਸ਼੍ਰੀ ਸਨਮਾਨ ਪ੍ਰਦਾਨ ਕੀਤੇ ਜਾਣ ਲਈ ਹਾਰਦਿਕ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਇਹ ਸਨਮਾਨ ਨਾ ਸਿਰਫ਼ ਸੰਤ ਬਾਬਾ ਨਿਰੰਜਨ ਦਾਸ ਦੇ ਆਧਿਆਤਮਿਕ ਤੇ ਸਮਾਜਿਕ ਯੋਗਦਾਨ ਦਾ ਪ੍ਰਤੀਕ ਹੈ, ਸਗੋਂ ਸਮੁੱਚੇ ਪੰਜਾਬ ਤੇ ਗੁਰੂ ਰਵਿਦਾਸ ਜੀ ਦੇ ਅਨੁਯਾਈਆਂ ਲਈ ਵੀ ਮਾਣ ਵਾਲੀ ਗੱਲ ਹੈ। ਰਾਜਵਿੰਦਰ ਕੌਰ ਨੇ ਕਿਹਾ ਕਿ ਸੰਤ ਬਾਬਾ ਨਿਰੰਜਨ ਦਾਸ ਨੇ ਮਨੁੱਖਤਾ ਦੀ ਸੇਵਾ, ਸਮਾਜਿਕ ਸਦਭਾਵਨਾ, ਸਮਾਨਤਾ ਤੇ ਗੁਰੂ ਰਵਿਦਾਸ ਜੀ ਦੀ ਬਾਣੀ ਦੇ ਦੇਸ਼-ਵਿਦੇਸ਼ ਵਿਚ ਪ੍ਰਚਾਰ-ਪ੍ਰਸਾਰ ਲਈ ਮਹੱਤਵਪੂਰਨ ਯੋਗਦਾਨ ਪਾਇਆ ਹੈ। ਰਾਜਵਿੰਦਰ ਕੌਰ ਨੇ ਉਨ੍ਹਾਂ ਵੱਲੋਂ ਸਮਾਜ ਵਿੱਚ ਸਿੱਖਿਆ, ਸੇਵਾ ਤੇ ਭਾਈਚਾਰਕ ਏਕਤਾ ਨੂੰ ਮਜ਼ਬੂਤ ਕਰਨ ਲਈ ਕੀਤੇ ਜਾ ਰਹੇ ਯਤਨਾਂ ਦੀ ਵੀ ਸ਼ਲਾਘਾ ਕੀਤੀ। ਇਸ ਮੌਕੇ ਰਾਜਵਿੰਦਰ ਕੌਰ ਤੇ ਭਾਜਪਾ ਆਗੂਆਂ ਨੇ ਸੰਤ ਬਾਬਾ ਨਿਰੰਜਨ ਦਾਸ ਕੋਲੋਂ ਦੇਸ਼, ਸੂਬੇ ਤੇ ਸਮਾਜ ਦੀ ਖੁਸ਼ਹਾਲੀ, ਵਿਕਾਸ, ਅਮਨ-ਸ਼ਾਂਤੀ ਤੇ ਲੋਕ ਭਲਾਈ ਦੇ ਕਾਰਜ ਕਰਨ ਦਾ ਅਸ਼ੀਰਵਾਦ ਵੀ ਪ੍ਰਾਪਤ ਕੀਤਾ।

ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਬਾਜੇ ਚੱਕ ਵਿਖੇ ਇੱਕ ਰੁੱਖ ਮਾਂ ਦੇ ਨਾਂਅ 3.0 ਮੁਹਿੰਮ ਦੀ ਸ਼ੁਰੂਆਤ

ਗੁਰਦਾਸਪੁਰ, (ਜਨਕ ਮਹਾਜਨ)- ਜ਼ਿਲ੍ਹਾ ਸਿੱਖਿਆ ਅਫ਼ਸਰ ਐਲੀਮੈਂਟਰੀ ਪਰਮਜੀਤ ਵੱਲੋਂ ਸਰਕਾਰੀ ਪ੍ਰਾਇਮਰੀ ਸਕੂਲ ਬਾਜੇਚੱਕ ਬਲਾਕ ਗੁਰਦਾਸਪੁਰ-1 ਵਿਖੇ ਇੱਕ ਰੁੱਖ ਮਾਂ ਦੇ ਨਾਮ 3.0 ਮੁਹਿੰਮ ਦੀ ਸ਼ੁਰੂਆਤ ਪੌਦਾ ਲਗਾ ਕੇ ਕੀਤੀ ਗਈ। ਇਸ ਦੌਰਾਨ ਡੀ. ਈ. ਓ. ਪਰਮਜੀਤ ਨੇ ਕਿਹਾ ਕਿ ਹਰ ਮਨੁੱਖ ਨੂੰ ਰੁੱਖ ਲਗਾ ਕੇ ਵਾਤਾਵਰਨ ਨੂੰ ਬਚਾਉਣ ਵਿਚ ਆਪਣਾ ਯੋਗਦਾਨ ਪਾਉਣਾ ਚਾਹੀਦਾ ਹੈ। ਉਨ੍ਹਾਂ ਕਿਹਾ ਮੌਜੂਦਾ ਸਮੇਂ ਵਿੱਚ ਦਰੱਖਤਾਂ ਦੀ ਵੱਧ ਰਹੀ ਕਟਾਈ ਤੇ ਧਰਤੀ ਦੇ ਤਾਪਮਾਨ ਦੀ ਤਬਦੀਲੀ ਚਿੰਤਾ ਦਾ ਵਿਸ਼ਾ ਹੈ।

ਉਨ੍ਹਾਂ ਸਮਾਜਿਕ ਭਾਈਚਾਰੇ ਨੂੰ ਅਪੀਲ ਕੀਤੀ ਕਿ ਵਿੱਦਿਅਕ ਅਦਾਰਿਆਂ, ਜਨਤਕ ਸਥਾਨਾਂ ਤੇ ਵੱਧ ਤੋਂ ਵੱਧ ਰੁੱਖ ਲਗਾ ਕੇ ਵਾਤਾਵਰਨ ਨੂੰ ਬਚਾਉਣ ਵਿੱਚ ਆਪਣਾ ਯੋਗਦਾਨ ਪਾਉਣ ਅਤੇ ਇਨ੍ਹਾਂ ਦੀ ਸਾਂਭ ਸੰਭਾਲ ਵੀ ਕਰਨੀ ਚਾਹੀਦੀ ਹੈ। ਉਨ੍ਹਾਂ ਜਾਣਕਾਰੀ ਦਿੱਤੀ ਕਿ ਪੌਦਿਆਂ ਦੀ ਫੋਟੋ ਸਮੇਤ ਲੋੜੀਂਦਾ ਦਸਤਾਵੇਜ਼ ਨਿਰਧਾਰਤ ਪੋਰਟਲ 'ਤੇ ਸਮੇਂ ਸਿਰ ਆਨਲਾਈਨ ਅਪਲੋਡ ਕਰਨਾ ਯਕੀਨੀ ਬਣਾਇਆ ਜਾਵੇ। ਇਸ ਮੌਕੇ ਸਮਾਰਟ ਸਕੂਲ ਕੋਆਰਡੀਨੇਟਰ ਸੁਲੱਖਣ ਸਿੰਘ ਸੈਣੀ, ਡੀ. ਈ. ਓ. ਦਫ਼ਤਰ ਤੋਂ ਅਨੂ ਅਰੋੜਾ, ਵਨੀਤ ਮਹਾਜਨ, ਸੈਂਟਰ ਮੁੱਖ ਅਧਿਆਪਕ ਹਰਪ੍ਰੀਤ ਕੌਰ, ਹੈੱਡ ਟੀਚਰ ਰਾਜਵਿੰਦਰਪਾਲ ਕੌਰ (ਸਟੇਟ ਐਵਾਰਡੀ), ਹੈੱਡ ਟੀਚਰ ਪੁਸ਼ਪਿੰਦਰ ਕੌਰ, ਹੈੱਡ ਟੀਚਰ ਕੁਲਵੰਤ ਕੌਰ, ਹੈੱਡ ਟੀਚਰ ਗੁਰਮੀਤ ਸਿੰਘ, ਹੈੱਡ ਟੀਚਰ ਤਰਨਜੀਤ ਸਿੰਘ, ਹੈੱਡ ਟੀਚਰ ਹਰਦੀਪ ਸਿੰਘ, ਹੈੱਡ ਟੀਚਰ ਯੋਗੇਸ਼ ਸਾਰੰਗਲ, ਅਧਿਆਪਕ ਅਨੂੰ ਜੈਨ, ਸਰੋਜ ਬਾਲਾ, ਰੇਨੂੰ ਬਾਲਾ, ਮਨਪ੍ਰੀਤ ਕੌਰ, ਸੁਰਿੰਦਰ ਕੌਰ ਹਾਜ਼ਰ ਸਨ।

ਵਿਧਾਇਕ ਸ਼ੈਰੀ ਕਲਸੀ ਦੀ ਅਗਵਾਈ 'ਚ ਸ਼ਰਧਾਲੂਆਂ ਦੀ 37ਵੀਂ ਬੱਸ ਰਵਾਨਾ

ਬਟਾਲਾ, (ਡਾ. ਮਲਵਿੰਦਰ ਸਿੰਘ)- ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਦੀ ਅਗਵਾਈ ਵਿੱਚ ਬਟਾਲਾ ਹਲਕੇ ਵਿੱਚੋਂ ਲਗਾਤਾਰ ਮੁੱਖ ਮੰਤਰੀ ਤੀਰਥ ਯਾਤਰਾ ਤਹਿਤ ਸ਼ਰਧਾਲੂਆਂ ਨੂੰ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਵਾਏ ਜਾ ਰਹੇ ਹਨ, ਜਿਸ ਦੇ ਚੱਲਦਿਆਂ ਬਟਾਲੇ ਤੋਂ ਸ਼ਰਧਾਲੂਆਂ ਦੀ 37ਵੀਂ ਬੱਸ ਰਵਾਨਾ ਕੀਤੀ ਗਈ।ਇਸ ਮੌਕੇ ਮੇਅਰ ਭੁਪਿੰਦਰ ਸਿੰਘ ਬਾਜਵਾ, ਡਿਪਟੀ ਮੇਅਰ ਨੀਲਮ ਚੌਹਾਨ, ਸੀਨੀਅਰ ਆਗੂ ਪ੍ਰਦੀਪ ਕੁਮਾਰ, ਗੁਰਪ੍ਰੀਤ ਸਿੰਘ ਰਾਜੂ, ਦਵਿੰਦਰ ਸਿੰਘ, ਮਨਜੀਤ ਸਿੰਘ ਬੁਮਰਾਹ ਸਮੇਤ ਬਟਾਲਾ ਵਾਸੀ ਮੌਜੂਦ ਸਨ।ਇਸ ਮੌਕੇ ਗੱਲਬਾਤ ਕਰਦਿਆਂ ਮੇਅਰ ਭੁਪਿੰਦਰ ਸਿੰਘ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਸ਼ਰਧਾਲੂਆਂ ਦੀ ਬੱਸ ਰਵਾਨਾ ਕੀਤੀ ਗਈ ਹੈ।ਉਨ੍ਹਾਂ ਅੱਗੇ ਕਿਹਾ ਕਿ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਲੋਕਾਂ ਨੂੰ ਵੱਖ-ਵੱਖ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਵਾਏ ਜਾ ਰਹੇ ਹਨ ਅਤੇ ਲੋਕ ਪੂਰੀ ਸ਼ਰਧਾ ਭਾਵਨਾ ਨਾਲ ਯਾਤਰਾ ਕਰ ਰਹੇ ਹਨ।

ਉਨ੍ਹਾਂ ਦੱਸਿਆ ਕਿ ਇਹ ਬੱਸ ਰਾਹੀਂ ਤਿੰਨ ਦਿਨਾਂ ਵਿੱਚ ਸ਼ਰਧਾਲੂਆਂ ਨੂੰ ਸ੍ਰੀ ਆਨੰਦਪੁਰ ਸਾਹਿਬ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਵਿਰਾਸਤ-ਏ-ਖਾਲਸਾ, ਸ੍ਰੀ ਕੀਰਤਪੁਰ ਸਾਹਿਬ ਅਤੇ ਮਾਤਾ ਨੈਣਾ ਦੇਵੀ ਦੇ ਦਰਸ਼ਨ ਕਰਵਾਏ ਜਾਣਗੇ।ਇਸ ਮੌਕੇ ਯਾਤਰਾ 'ਤੇ ਜਾ ਰਹੇ ਸ਼ਰਧਾਲੂਆਂ ਨੇ ਮੁੱਖ ਮੰਤਰੀ ਪੰਜਾਬ ਅਤੇ ਵਿਧਾਇਕ ਸ਼ੈਰੀ ਕਲਸੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਤੀਰਥ ਯੋਜਨਾ ਨਾਲ ਲੋਕਾਂ ਵਿੱਚ ਖੁਸ਼ੀ ਵਰਗਾ ਮਾਹੌਲ ਹੈ ਅਤੇ ਧਾਰਮਿਕ ਅਸਥਾਨਾਂ ਦੇ ਦਰਸ਼ਨਾਂ ਲਈ ਬਹੁਤ ਉਤਸ਼ਾਹਿਤ ਹਨ।

ਗੁਰੂ ਰਵਿਦਾਸ ਜੀ ਦੇ ਜੀਵਨ ਫਲਸਫ਼ੇ ਤੇ ਸਿੱਖਿਆਵਾਂ 'ਤੇ ਦਸਤਾਵੇਜ਼ੀ ਫਿਲਮ ਦਿਖਾਉਣਾ ਸਰਕਾਰ ਦਾ ਵਿਸ਼ੇਸ਼ ਉੱਦਮ : ਰੰਧਾਵਾ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)- ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਮਨਾਉਣ ਦੇ ਉਦੇਸ਼ ਨਾਲ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ ਅਤੇ ਸਿੱਖਿਆਵਾਂ ਨੂੰ ਮੋਬਾਈਲ ਐੱਲ.ਈ.ਡੀ ਵੈਨਾਂ ਰਾਹੀਂ ਹਰ ਪਿੰਡ ਤੱਕ ਪਹੁੰਚਾ ਰਹੀ ਹੈ।ਇਹ ਪ੍ਰਗਟਾਵਾ ਡੇਰਾ ਬਾਬਾ ਨਾਨਕ ਦੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਕੀਤਾ। ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਦੱਸਿਆ ਕਿ ਅੱਜ ਪਿੰਡ ਕੋਠੇ ਅਤੇ ਖੁਸ਼ਹਾਲਪੁਰ ਵਿਖੇ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ ਅਤੇ ਸਿੱਖਿਆਵਾਂ ਤੇ ਆਧਾਰਿਤ ਡਾਕੂਮੈਂਟਰੀ ਫਿਲਮ ਵਿਖਾਈ ਗਈ ਹੈ, ਜਿਸ ਵਿੱਚ ਪਿੰਡ ਵਾਸੀਆਂ ਨੇ ਵੱਡੀ ਗਿਣਤੀ ਵਿੱਚ ਹਿੱਸਾ ਲਿਆ। ਇਸ ਮੌਕੇ ਚੇਅਰਮੈਨ ਬਲਵਿੰਦਰ ਸਿੰਘ ਹਰੂਵਾਲ, ਬਲਵਿੰਦਰ ਸਿੰਘ ਗੋਰਾਇਆ, ਪੰਚਾਇਤ ਸਕੱਤਰ ਇੰਦਰਜੀਤ ਸਿੰਘ, ਸਰਪੰਚ ਨਿਰਮਲ ਮਸੀਹ ਅਤੇ ਸਰਪੰਚ ਮਲਕੀਤ ਸਿੰਘ, ਸਰਵਣ ਸਿੰਘ ਮੌਜੂਦ ਸਨ।ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਇਹ ਵੈਨ 'ਤੇ ਵੱਡੀ ਐੱਲ. ਈ. ਡੀ. ਸਕਰੀਨ ਲਗਾਈ ਗਈ ਹੈ।ਇਹ 30 ਮਿੰਟ ਦੀ ਦਸਤਾਵੇਜ਼ੀ ਸੰਖੇਪ, ਅਰਥਪੂਰਨ ਅਤੇ ਬਹੁਤ ਪ੍ਰਭਾਵਸ਼ਾਲੀ ਹੈ, ਜੋ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੀਆਂ ਸਿੱਖਿਆਵਾਂ ਨੂੰ ਲੋਕਾਂ ਤੱਕ ਪਹੁੰਚਾਏਗੀ।ਉਨ੍ਹਾਂ ਕਿਹਾ ਕਿ ਪੰਜਾਬ ਦਸਤਾਵੇਜ਼ੀ ਫਿਲਮ ਦਿਖਾਉਣ ਲਈ ਵਿਸ਼ੇਸ਼ ਉੱਦਮ ਕੀਤਾ ਗਿਆ ਹੈ।ਉਨ੍ਹਾਂ ਦੱਸਿਆ ਕਿ ਇਸ ਸਰਕਾਰ ਦਾ ਉਦੇਸ਼ ਸ੍ਰੀ ਗੁਰੂ ਰਵਿਦਾਸ ਜੀ ਵੱਲੋਂ ਦਿੱਤੇ ਸਮਾਜਿਕ ਬਰਾਬਰੀ, ਸਦਭਾਵਨਾ, ਸੱਚ, ਮਿਹਨਤ ਅਤੇ ਮਨੁੱਖਤਾ ਦੇ ਸੰਦੇਸ਼ ਨੂੰ ਘਰ-ਘਰ ਤੱਕ ਪਹੁੰਚਾਉਣਾ ਹੈ।ਇਹ ਡਾਕੂਮੈਂਟਰੀ ਨੌਜਵਾਨ ਪੀੜ੍ਹੀ ਨੂੰ ਗੁਰੂ ਸਾਹਿਬ ਦੇ ਆਦਰਸ਼ਾਂ ਨਾਲ ਜੋੜਨ ਅਤੇ ਉਨ੍ਹਾਂ ਦੇ ਜੀਵਨ ਤੋਂ ਪ੍ਰੇਰਨਾ ਲੈਣ ਦਾ ਇੱਕ ਮਹੱਤਵਪੂਰਨ ਉਪਰਾਲਾ ਸਾਬਤ ਹੋਵੇਗੀ।

ਦੱਸਣਯੋਗ ਹੈ ਕਿ ਪੰਜਾਬ ਸਰਕਾਰ ਵਲੋਂ ਸ੍ਰੀ ਗੁਰੂ ਸ਼੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦਾ ਸੰਦੇਸ਼ ਘਰ ਘਰ ਪਹੁੰਚਾਉਣ ਲਈ ਮੋਬਾਇਲ ਵੈਨ ਰਾਹੀਂ ਹਰ ਪਿੰਡ ਵਿੱਚ ਵਿਸ਼ੇਸ ਡਾਕੂਮੈਂਟਰੀ ਦਿਖਾਈ ਜਾਵੇਗੀ।

ਇਸ ਸਬੰਧ ਵਿੱਚ ਤਿੰਨ ਮੋਬਾਈਲ ਵੈਨਾਂ ਜ਼ਿਲ੍ਹੇ ਵਿੱਚ ਪਹੁੰਚੀਆਂ ਹਨ, ਜਿਨ੍ਹਾਂ ਰਾਹੀਂ ਜ਼ਿਲ੍ਹੇ ਦੇ ਸਾਰੇ ਪਿੰਡਾਂ ਵਿੱਚ ਡਾਕੂਮੈਂਟਰੀ ਫਿਲਮ ਦਿਖਾਈ ਜਾਵੇਗੀ।ਡੇਰਾ ਬਾਬਾ ਨਾਨਕ, ਬਟਾਲਾ ਅਤੇ ਗੁਰਦਾਸਪੁਰ ਦੇ ਪਿੰਡਾਂ ਤੋਂ ਡਾਕੂਮੈਂਟਰੀ ਫਿਲਮ ਵਿਖਾਉਣ ਦੀ ਸ਼ੁਰੂਆਤ ਕੀਤੀ ਗਈ ਹੈ।

ਜੀਟੀਬੀ ਇੰਟਰਨੈਸ਼ਨਲ ਸਕੂਲ ਕਲਿਆਣਪੁਰ ਨੇ ਪੰਜਾਬ ਪੁਲਸ ਨੂੰ ਟਰੈਫਿਕ ਬੈਰੀਅਰ ਸੌਂਪੇ

ਧਾਰੀਵਾਲ, (ਮਨਦੀਪ ਵਿੱਕੀ) ਗੁਰੂ ਤੇਗ ਬਹਾਦਰ (ਜੀ.ਟੀ.ਬੀ.) ਇੰਟਰਨੈਸ਼ਨਲ ਸਕੂਲ ਕਲਿਆਣਪੁਰ (ਧਾਰੀਵਾਲ) ਦੇ ਚੇਅਰਮੈਨ ਸੁਰਜੀਤ ਸਿੰਘ ਵਲੋਂ ਮੌਜੂਦਾ ਸਮੇਂ ਵਿੱਚ ਟ੍ਰੈਫਿਕ ਨਾਲ ਸਬੰਧਤ ਸਮੱਸਿਆ ਨੂੰ ਮੱਦੇ ਨਜ਼ਰ ਰੱਖਦੇ ਹੋਏ ਸੜਕੀ ਆਵਾਜਾਈ ਵਿੱਚ ਨਿਰਵਿਗਨਤਾ ਬਣਾਈ ਰੱਖਣ ਦੇ ਮਕਸਦ ਨਾਲ 6 ਵੱਡੇ ਟ੍ਰੈਫਿਕ ਬੈਰੀਅਰ ਤਿਆਰ ਕਰਵਾ ਕੇ ਸੜਕ 'ਤੇ ਲਾਉਣ ਲਈ ਪੁਲੀਸ ਪ੍ਰਸ਼ਾਸਨ ਨੂੰ ਭੇਟ ਕੀਤੇ। ਚੇਅਰਮੈਨ ਸੁਰਜੀਤ ਸਿੰਘ ਨੇ ਦੱਸਿਆ ਕਿ ਇਹ ਟ੍ਰੈਫਿਕ ਬੈਰੀਅਰ ਤਿਆਰ ਕਰਵਾਉਣ ਸਬੰਧੀ ਉਨ੍ਹਾਂ ਨੇ ਪਹਿਲਾ ਹਲਕੇ ਦੇ ਡੀ. ਐੱਸ. ਪੀ. ਕੁਲਵੰਤ ਸਿੰਘ ਮਾਨ ਨਾਲ ਸਲਾਹ ਮਸ਼ਵਰਾ ਕੀਤਾ ਸੀ। ਉਨ੍ਹਾਂ ਨੇ 6 ਵੱਡੇ ਟ੍ਰੈਫਿਕ ਬੈਰੀਅਰ ਤਿਆਰ ਕਰਵਾ ਕੇ ਡੀ. ਐੱਸ. ਪੀ. ਕੁਲਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਪੁਲਸ ਪ੍ਰਸ਼ਾਸਨ ਨੂੰ ਭੇਟ ਕੀਤੇ ਹਨ। ਸਕੂਲ ਦੇ ਡਾਇਰੈਕਟਰ ਐਡਵੋਕੇਟ ਪ੍ਰਿਤਪਾਲ ਸਿੰਘ ਨੇ ਦੱਸਿਆ ਲੋਕਾਂ ਦੀ ਸੁਰੱਖਿਆ ਲਈ ਸੜਕੀ ਹਾਦਸਿਆਂ ਨੂੰ ਰੋਕਣ ਲਈ ਸਕੂਲ ਮੈਨੇਜਮੈਂਟ ਵੱਲੋਂ ਇਹ ਟਰੈਫਿਕ ਬੈਰੀਅਰ ਪੰਜਾਬ ਪੁਲਸ ਨੂੰ ਦਿੱਤੇ ਗਏ ਹਨ। ਉਨ੍ਹਾਂ ਕਿਹਾ ਕਿ ਉਹ ਭਵਿੱਖ ਵਿੱਚ ਵੀ ਸਮੇਂ ਸਮੇਂ 'ਤੇ ਅਜਿਹੇ ਸਮਾਜ ਸੇਵਾ ਦੇ ਮੌਕੇ ਲਈ ਤੱਤਪਰ ਰਹਿਣਗੇ। ਇਸ ਮੌਕੇ ਡੀ. ਐੱਸ. ਪੀ. ਕੁਲਵੰਤ ਸਿੰਘ ਮਾਨ ਨੇ ਜੀ. ਟੀ. ਬੀ. ਇੰਟਰਨੈਸ਼ਨਲ ਸਕੂਲ ਵਿਖੇ ਪਹੁੰਚ ਕੇ ਸਕੂਲ ਦੀ ਸਮੂਹ ਪ੍ਰਬੰਧਕ ਕਮੇਟੀ ਦਾ ਧੰਨਵਾਦ ਕੀਤਾ ਤੇ ਇਸ ਉਪਰਾਲੇ ਦੀ ਸਰਾਹਨਾ ਕੀਤੀ।

ਬੇਸਹਾਰਾ ਬਜ਼ੁਰਗ ਬਾਪੂ ਨੂੰ ਮਿਲਿਆ ਆਦਰਸ਼ ਬਿਰਧ ਆਸ਼ਰਮ ਦਾ ਸਹਾਰਾ

ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)- ਸਮਾਜ ਸੇਵਾ ਦੇ ਖੇਤਰ ਵਿੱਚ ਲਗਾਤਾਰ ਅਹਿਮ ਭੂਮਿਕਾ ਨਿਭਾ ਰਹੇ ਆਦਰਸ਼ ਬਿਰਧ ਆਸ਼ਰਮ ਝਾਖੋਲਾੜੀ ਵੱਲੋਂ ਇੱਕ ਹੋਰ ਮਨੁੱਖਤਾ ਭਰਿਆ ਕਾਰਜ ਕਰਦਿਆਂ ਬੇਸਹਾਰਾ ਬਜ਼ੁਰਗ ਬਾਪੂ ਸੁਸ਼ੀਲ ਨੂੰ ਆਸ਼ਰਮ ਵਿੱਚ ਸਹਾਰਾ ਦਿੱਤਾ ਗਿਆ।ਇਸ ਉਪਰਾਲੇ ਨਾਲ ਇੱਕ ਲੋੜਵੰਦ ਬਜ਼ੁਰਗ ਨੂੰ ਸੁਰੱਖਿਅਤ ਅਤੇ ਸਨਮਾਨ ਭਰਿਆ ਜੀਵਨ ਜਿਊਣ ਦਾ ਮੌਕਾ ਮਿਲਿਆ ਹੈ।ਇਸ ਮੌਕੇ ਆਸ਼ਰਮ ਦੇ ਪ੍ਰਧਾਨ ਸਤਨਾਮ ਸਿੰਘ ਨੇ ਕਿਹਾ ਕਿ ਹਰ ਬਜ਼ੁਰਗ ਸਾਡੇ ਪਰਿਵਾਰ ਦਾ ਹਿੱਸਾ ਹੈ ਅਤੇ ਉਨ੍ਹਾਂ ਦੀ ਸੇਵਾ ਕਰਨਾ ਸਭ ਤੋਂ ਵੱਡੀ ਮਨੁੱਖਤਾ ਹੈ।ਉਨ੍ਹਾਂ ਕਿਹਾ ਕਿ ਜਿਨ੍ਹਾਂ ਬਜ਼ੁਰਗਾਂ ਦਾ ਕੋਈ ਆਪਣਾ ਨਹੀਂ ਜਾਂ ਜੋ ਕਿਸੇ ਕਾਰਨ ਬੇਸਹਾਰਾ ਹਨ, ਉਨ੍ਹਾਂ ਲਈ ਆਦਰਸ਼ ਬਿਰਧ ਆਸ਼ਰਮ ਦੇ ਦਰਵਾਜ਼ੇ ਹਮੇਸ਼ਾ ਖੁੱਲ੍ਹੇ ਹਨ।ਉਨ੍ਹਾਂ ਦੱਸਿਆ ਕਿ ਆਸ਼ਰਮ ਵਿੱਚ ਰਹਿ ਰਹੇ ਬਜ਼ੁਰਗਾਂ ਨੂੰ ਰਹਿਣ, ਖਾਣ-ਪੀਣ, ਦਵਾਈਆਂ ਅਤੇ ਹਰ ਤਰ੍ਹਾਂ ਦੀ ਦੇਖਭਾਲ ਦੀ ਸਹੂਲਤ ਮੁਹੱਈਆ ਕਰਵਾਈ ਜਾਂਦੀ ਹੈ ਤਾਂ ਜੋ ਉਹ ਆਪਣਾ ਜੀਵਨ ਸਨਮਾਨ ਨਾਲ ਬਤੀਤ ਕਰ ਸਕਣ। ਪ੍ਰਧਾਨ ਸਤਨਾਮ ਸਿੰਘ ਨੇ ਸਮਾਜ ਸੇਵੀਆਂ, ਦਾਨੀ ਸੱਜਣਾਂ ਅਤੇ ਸਮੂਹ ਇਲਾਕਾ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਇਸ ਪੁੰਨ ਦੇ ਕਾਰਜ ਵਿੱਚ ਆਪਣਾ ਯੋਗਦਾਨ ਪਾਉਣ ਤਾਂ ਜੋ ਹੋਰ ਵੀ ਲੋੜਵੰਦ ਅਤੇ ਬੇਸਹਾਰਾ ਬਜ਼ੁਰਗਾਂ ਨੂੰ ਸੁਰੱਖਿਅਤ ਆਸਰਾ ਅਤੇ ਵਧੀਆ ਜੀਵਨ ਦਿੱਤਾ ਜਾ ਸਕੇ।ਇਸ ਮੌਕੇ ਆਸ਼ਰਮ ਸਟਾਫ ਸਵਿਤਾ, ਮਮਤਾ, ਓਮ ਪ੍ਰਕਾਸ਼, ਸੁਰਜੀਤ, ਵਿਪਨ, ਪ੍ਰੀਆ, ਚੰਨਦੇਵ ਆਦਿ ਮੈਂਬਰ ਹਾਜ਼ਰ ਸਨ।

ਰੋਟਰੀ ਕਲੱਬ ਨਾਰਥ ਦੀ ਪਲੇਠੀ ਬੋਰਡ ਮੀਟਿੰਗ ਸੰਪੰਨ

ਅੰਮ੍ਰਿਤਸਰ (ਅਰੋੜਾ): ਰੋਟਰੀ ਇੰਟਰਨੈਸ਼ਨਲ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ ਰੋਟਰੀ ਕਲੱਬ ਅੰਮ੍ਰਿਤਸਰ ਨਾਰਥ ਨੇ 2026- 27 ਲਈ ਆਪਣੀ ਪਹਿਲੀ ਬੋਰਡ ਮੀਟਿੰਗ ਪ੍ਰਧਾਨ ਰੋਟੇਰੀਅਨ ਪਰਮੀਤ ਸਿੰਘ ਖੇੜਾ, ਸਕੱਤਰ ਰੋਟੇਰੀਅਨ ਮਨਿੰਦਰ ਕੌਰ ਅਰੋੜਾ ਅਤੇ ਸਰਪ੍ਰਸਤ ਡਾ. ਕੁਲਦੀਪ ਸਿੰਘ ਅਰੋੜਾ ਦੀ ਅਗਵਾਈ ਹੇਠ ਕੀਤੀ।ਮੀਟਿੰਗ ਦੌਰਾਨ ਅਗਲੇ ਤਿੰਨ ਮਹੀਨਿਆਂ ਦੌਰਾਨ ਕੀਤੇ ਜਾਣ ਵਾਲੇ ਪ੍ਰੋਜੈਕਟਾਂ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ ਅਤੇ ਨੇੜਲੇ ਭਵਿੱਖ ਵਿੱਚ ਸਾਵਣ ਦੇ ਤਿਉਹਾਰ ਨੂੰ ਮਨਾਉਣ ਲਈ ਇੱਕ ਵਿਆਪਕ ਯੋਜਨਾ ਨੂੰ ਅੰਤਿਮ ਰੂਪ ਦਿੱਤਾ ਗਿਆ।ਪ੍ਰਧਾਨ ਪਰਮੀਤ ਸਿੰਘ ਖੇੜਾ ਨੇ ਸਾਰੇ ਮੈਂਬਰਾਂ ਨੂੰ ਕਲੱਬ ਦੀਆਂ ਗਤੀਵਿਧੀਆਂ ਵਿੱਚ ਉਤਸ਼ਾਹ ਨਾਲ ਹਿੱਸਾ ਲੈਣ ਅਤੇ ਇਸ ਸਾਲ ਦਾ ਇੱਕ ਵਾਰ ਫਿਰ ਕਲੱਬ ਦੇ ਮਿਆਰ ਨੂੰ ਹੋਰ ਜ਼ਿਆਦਾ ਉੱਚਾ ਚੁੱਕਣ ਦੀ ਅਪੀਲ ਕੀਤੀ।ਸਾਰੇ ਬੋਰਡ ਮੈਂਬਰਾਂ ਨੇ ਸਰਬਸੰਮਤੀ ਨਾਲ ਕਲੱਬ ਦੀ ਨਿਰੰਤਰ ਸਫਲਤਾ ਅਤੇ ਤਰੱਕੀ ਲਈ ਆਪਣੀ ਵਚਨਬੱਧਤਾ ਦਾ ਪ੍ਰਣ ਲਿਆ।ਆਰ. ਐੱਸ. ਚੱਠਾ, ਸੰਜੇ ਮਲਿਕ, ਰਸਜੀਤ ਸਿੰਘ ਖੇੜਾ, ਸੁਰਿੰਦਰ ਕੱਕੜ, ਵਰੁਣ ਕੱਕੜ, ਰਮੇਸ਼ ਕੱਕੜ, ਗੁਰਮੀਤ ਸਿੰਘ, ਦਲਜੀਤ ਕੌਰ, ਡਾ. ਮਨਜੀਤ ਪਾਲ ਕੌਰ ਸਮੇਤ ਸਾਰੇ ਮੈਂਬਰ ਸ਼ਾਮਿਲ ਹੋਏ।ਮੀਟਿੰਗ ਦੇ ਅਖੀਰ ਵਿੱਚ ਸੀਨੀਅਰ ਮੈਂਬਰ ਸੰਜੇ ਮਲਿਕ ਨੇ ਬੋਰਡ ਮੀਟਿੰਗ ਵਿੱਚ ਭਾਗ ਲੈਣ ਵਾਲੇ ਸਾਰੇ ਮੈਂਬਰਾਂ ਦਾ ਧੰਨਵਾਦ ਕੀਤਾ।

ਡਾ. ਰਵਜੋਤ ਸਿੰਘ ਨੇ ਪ੍ਰਾਪਰਟੀ, ਵਿਆਹ ਮਸਲਿਆਂ ਤੇ ਪੈਨਸ਼ਨ ਸੰਬਧੀ ਸ਼ਿਕਾਇਤਾਂ ਸੁਣੀਆਂ

ਚੰਡੀਗੜ੍ਹ (ਗੁਰਜੀਤ ਬਿੱਲਾ)- ਪੰਜਾਬ ਸਰਕਾਰ ਵੱਲੋਂ ਐੱਨ ਆਰ ਆਈ ਭਾਈਚਾਰੇ ਦੀ ਭਲਾਈ ਲਈ ਕੀਤੇ ਜਾ ਰਹੇ ਯਤਨਾਂ ਨੂੰ ਦੁਹਰਾਉਂਦਿਆਂ ਪੰਜਾਬ ਦੇ ਐੱਨ ਆਰ ਆਈ ਮਾਮਲਿਆਂ ਦੇ ਮੰਤਰੀ ਡਾ. ਰਵਜੋਤ ਸਿੰਘ ਨੇ ਸਰਕਾਰ ਦੀ ਮਹੀਨਾਵਾਰ ਆਨਲਾਈਨ ਮਿਲਣੀ ਦੌਰਾਨ ਵਿਦੇਸ਼ਾਂ ਵਿੱਚ ਵੱਸਦੇ ਪੰਜਾਬੀਆਂ ਨਾਲ ਸਿੱਧਾ ਸੰਵਾਦ ਕਰਦਿਆਂ ਉਨ੍ਹਾਂ ਦੀਆਂ ਸ਼ਿਕਾਇਤਾਂ ਅਤੇ ਮੁਸ਼ਕਿਲਾਂ ਸੁਣੀਆਂ।ਕੈਬਨਿਟ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਪ੍ਰਵਾਸੀ ਪੰਜਾਬੀਆਂ ਦੀਆਂ ਸਮੱਸਿਆਵਾਂ ਦੇ ਪਾਰਦਰਸ਼ੀ, ਨਿਰਪੱਖ ਅਤੇ ਸਮਾਂਬੱਧ ਨਿਪਟਾਰੇ ਲਈ ਪੂਰੀ ਤਰ੍ਹਾਂ ਵਚਨਬੱਧ ਹੈ।ਡਾ. ਰਵਜੋਤ ਸਿੰਘ ਨੇ ਦੱਸਿਆ ਕਿ ਵੱਖ-ਵੱਖ ਦੇਸ਼ਾਂ ਵਿੱਚ ਵੱਸਦੇ ਪੰਜਾਬੀਆਂ ਨੇ ਇਸ ਆਨਲਾਈਨ ਮਿਲਣੀ ਵਿੱਚ ਭਾਗ ਲਿਆ ਅਤੇ ਆਪਣੀਆਂ ਸ਼ਿਕਾਇਤਾਂ ਸਾਂਝੀਆਂ ਕੀਤੀਆਂ। ਮਿਲਣੀ ਦੌਰਾਨ ਪ੍ਰਾਪਰਟੀ ਤੇ ਜ਼ਮੀਨੀ ਵਿਵਾਦਾਂ, ਵਿਆਹ ਮਸਲਿਆਂ, ਧੋਖਾਧੜੀ ਅਤੇ ਹੋਰ ਨਿੱਜੀ ਮਾਮਲਿਆਂ ਨਾਲ ਸਬੰਧਤ ਸ਼ਿਕਾਇਤਾਂ ਸੁਣੀਆਂ ਗਈਆਂ।ਉਨ੍ਹਾਂ ਅੱਗੇ ਦੱਸਿਆ ਕਿ ਪੰਜਾਬ ਸਰਕਾਰ ਦੇ ਸੇਵਾਮੁਕਤ ਮੁਲਾਜ਼ਮ ਰਹੇ ਐੱਨ ਆਰ ਆਈ ਪੰਜਾਬੀਆਂ ਨੇ ਆਪਣੀ ਪੈਨਸ਼ਨ ਨਾਲ ਸੰਬੰਧਤ ਮੁਸ਼ਕਿਲਾਂ ਵੀ ਉਠਾਈਆਂ। ਇਨ੍ਹਾਂ ਵਿੱਚ ਵਿਦੇਸ਼ ਵਿੱਚ ਰਹਿਣ ਕਾਰਨ ਵਨ-ਟਾਈਮ ਪਾਸਵਰਡ (ਓ.ਟੀ.ਪੀ.) ਪ੍ਰਾਪਤ ਨਾ ਹੋਣ ਦੀ ਸਮੱਸਿਆ ਅਤੇ ਪੈਨਸ਼ਨ ਤਸਦੀਕ (ਵੇਰੀਫਿਕੇਸ਼ਨ) ਪ੍ਰਕਿਰਿਆ ਨਾਲ ਜੁੜੀਆਂ ਹੋਰ ਤਕਨੀਕੀ ਦਿੱਕਤਾਂ ਸ਼ਾਮਲ ਸਨ।ਇਸ ਗੱਲ 'ਤੇ ਜ਼ੋਰ ਦਿੰਦਿਆਂ ਕਿ ਸਰਕਾਰ ਦਾ ਉਦੇਸ਼ ਸਿਰਫ਼ ਸ਼ਿਕਾਇਤਾਂ ਸੁਣਨਾ ਹੀ ਨਹੀਂ, ਸਗੋਂ ਉਨ੍ਹਾਂ ਦਾ ਪ੍ਰਭਾਵਸ਼ਾਲੀ ਹੱਲ ਵੀ ਯਕੀਨੀ ਬਣਾਉਣਾ ਹੈ, ਡਾ. ਰਵਜੋਤ ਸਿੰਘ ਨੇ ਸਬੰਧਤ ਵਿਭਾਗਾਂ ਅਤੇ ਅਧਿਕਾਰੀਆਂ ਨੂੰ ਹਰੇਕ ਸ਼ਿਕਾਇਤ ਦੀ ਪਹਿਲ ਦੇ ਆਧਾਰ 'ਤੇ ਗੰਭੀਰਤਾ ਨਾਲ ਜਾਂਚ ਕਰਨ ਅਤੇ ਨਿਯਮਾਂ ਅਨੁਸਾਰ ਤੁਰੰਤ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਇਹ ਵੀ ਹਦਾਇਤ ਕੀਤੀ ਕਿ ਲੋੜ ਪੈਣ 'ਤੇ ਸ਼ਿਕਾਇਤਕਰਤਾਵਾਂ ਨਾਲ ਸਿੱਧਾ ਸੰਪਰਕ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਦੇ ਸਮੇਂ ਸਿਰ ਹੱਲ ਨੂੰ ਯਕੀਨੀ ਬਣਾਇਆ ਜਾਵੇ।

ਪੀਰ ਬਾਬਾ ਲੱਖ ਦਾਤਾ ਦੀ ਦਰਗਾਹ 'ਤੇ ਮੇਲਾ 16 ਤੋਂ

ਨਕੋਦਰ (ਮਨਜੀਤ ਮਾਨ) ਪਿੰਡ ਆਧੀ ਜ਼ਿਲ੍ਹਾ ਜਲੰਧਰ ਵਿਖੇ ਪੀਰ ਬਾਬਾ ਲੱਖ ਦਾਤਾ ਦੀ ਦਰਗਾਹ ਤੇ ਸਾਲਾਨਾ ਮੇਲਾ ਫੱਕਰਾਂ ਤੇ ਫ਼ਨਕਾਰਾਂ ਦਾ ਪਿੰਡ, ਇਲਾਕਾ ਤੇ ਐਨ ਆਰ ਆਈਜ਼ ਦੇ ਸਹਿਯੋਗ ਨਾਲ 16 , 17 ਜੁਲਾਈ ਦਿਨ ਵੀਰਵਾਰ ਤੇ ਸ਼ੁੱਕਰਵਾਰ ਨੂੰ ਬਹੁਤ ਹੀ ਉਤਸ਼ਾਹ ਤੇ ਸ਼ਾਨੋਸ਼ੌਕਤ ਨਾਲ ਕਰਵਾਇਆ ਜਾ ਰਿਹਾ ਹੈ। ਪ੍ਰਬੰਧਕਾਂ ਕੋਲੋਂ ਮਿਲੀ ਜਾਣਕਾਰੀ ਅਨੁਸਾਰ 16 ਜੁਲਾਈ ਨੂੰ ਸਵੇਰੇ 10 ਵਜੇ ਚਾਦਰ ਤੇ ਝੰਡੇ ਦੀ ਰਸਮ ਅਦਾ ਹੋਵੇਗੀ ਤੇ 17 ਜੁਲਾਈ ਨੂੰ ਕਰਵਾਏ ਜਾ ਰਹੇ ਸੱਭਿਆਚਾਰਕ ਮੇਲੇ ਦੌਰਾਨ ਪੰਜਾਬ ਦੀ ਨਾਮਵਰ ਗਾਇਕਾਂ ਸੀਮਾ ਅਨਜਾਣ, ਪ੍ਰਸਿੱਧ ਗਾਇਕ ਗੁਰਪ੍ਰੀਤ ਗੋਪੀ, ਪ੍ਰਸਿੱਧ ਡਿਊਟ ਜੋੜੀ ਅਮਰੀਕ ਮਾਈਕਲ ਤੇ ਨੂਰ ਸਿੱਧੂ, ਗਾਇਕ ਜਗਤਾਰ ਤਾਰੀ, ਗਾਇਕਾਂ ਰਾਜਵੀਰ ਰੱਜੀ, ਗਾਇਕ ਜੇ ਸੰਧੂ, ਅੰਕੁਸ਼ ਆਧੀ, ਸੁਨੀਲ ਮੱਟੂ, ਜਸਵੀਰ ਸ਼ੀਰਾ ਆਧੀ ਵਾਲਾ ਤੇ ਵਰਲਡ ਫੇਮਸ ਮੰਚ ਸੰਚਾਲਕ ਕੁਲਦੀਪ ਕੋਟਲਾ ਮੇਲੇ ਚ ਆਪਣੀ ਹਾਜ਼ਰੀ ਭਰਨਗੇ ਤੇ ਸਰੋਤਿਆਂ ਦਾ ਮਨੋਰੰਜਨ ਕਰਨਗੇ।

ਨਵਾਂ ਜ਼ਮਾਨਾ
ਵੀਰਵਾਰ, 9 ਜੁਲਾਈ 2026

ਅਸਪੱਸ਼ਟ ਰਿਪੋਰਟ

ਅਯੁੱਧਿਆ 'ਚ ਰਾਮ ਮੰਦਰ ਦੇ ਚੜ੍ਹਾਵੇ ਦੀ ਚੋਰੀ ਬਾਰੇ ਵਿਸ਼ੇਸ਼ ਜਾਂਚ ਟੀਮ (ਸਿੱਟ) ਦੀ ਅੰਤਰਮ ਰਿਪੋਰਟ ਵਿੱਚ ਇਨ੍ਹਾਂ ਮੁੱਖ ਸਵਾਲਾਂ ਦੇ ਜਵਾਬ ਨਹੀਂ ਦਿੱਤੇ ਗਏ : ਕੁੱਲ ਗਬਨ ਕਿੰਨਾ ਹੋਇਆ, ਉੱਚ ਪੱਧਰ ਦੀ ਜਵਾਬਦੇਹੀ ਅਤੇ ਸੰਸਥਾਗਤ ਕਮੀਆਂ, ਜੋ ਸਾਲਾਂ ਤੋਂ ਜਾਰੀ ਰਹੀਆਂ। ਯੂ ਪੀ ਸਰਕਾਰ ਦੇ ਗ੍ਰਹਿ ਵਿਭਾਗ ਨੇ 17 ਜੂਨ ਨੂੰ ਸਿੱਟ ਦਾ ਗਠਨ ਕਰਕੇ ਇਹ ਪਤਾ ਲਾਉਣ ਲਈ ਕਿਹਾ ਸੀ ਕਿ ਚੋਰੀ ਕਿਵੇਂ ਹੋਈ, ਕੌਣ ਜ਼ਿੰਮੇਵਾਰ ਹੈ, ਅਤੇ ਭਵਿੱਖ ਵਿੱਚ ਅਜਿਹੀਆਂ ਘਟਨਾਵਾਂ ਨੂੰ ਰੋਕਣ ਲਈ ਕਿਹੜੇ ਸੁਧਾਰ ਜ਼ਰੂਰੀ ਹਨ।

ਸਿੱਟ ਨੇ ਜਿਹੜੀ ਅੰਤਰਮ ਰਿਪੋਰਟ ਐਡੀਸ਼ਨਲ ਚੀਫ ਸੈਕਟਰੀ (ਗ੍ਰਹਿ) ਨੂੰ ਸੌਂਪੀ, ਉਸ ਵਿੱਚ ਕਿਹਾ ਗਿਆ ਹੈ ਕਿ ਸਥਿਤੀ ਦੀ ਨਿਗਰਾਨੀ ਕਰਨ ਲਈ ਜ਼ਿੰਮੇਵਾਰ ਲੋਕਾਂ ਨੇ ਸੁਰੱਖਿਆ ਨਿਯਮਾਂ ਨੂੰ ਸਹੀ ਢੰਗ ਨਾਲ ਲਾਗੂ ਕਰਨ ਨੂੰ ਯਕੀਨੀ ਨਹੀਂ ਬਣਾਇਆ। ਚੜ੍ਹਾਵੇ ਦੀ ਗਿਣਤੀ ਕਰਨ ਵਾਲੇ ਕੁਝ ਕਰਮਚਾਰੀਆਂ ਨੇ ਚੋਰੀ ਅਤੇ ਨਕਦੀ ਦਾ ਗਬਨ ਕੀਤਾ ਹੈ। ਰਿਪੋਰਟ ਦਾ ਸਭ ਤੋਂ ਮਹੱਤਵਪੂਰਨ ਆਧਾਰ ਗਿਣਤੀ ਕਮਰੇ ਦੀ ਸੀ ਸੀ ਟੀ ਵੀ ਫੁਟੇਜ ਹੈ। ਰਿਪੋਰਟ ਮੁਤਾਬਕ 27 ਅਪ੍ਰੈਲ ਤੋਂ 5 ਜੂਨ, 2026 ਦੇ ਵਿਚਕਾਰ ਉਪਲੱਬਧ ਰਿਕਾਰਡਿੰਗਾਂ ਦੇ ਵਿਸ਼ਲੇਸ਼ਣ ਤੋਂ ਪਤਾ ਲੱਗਿਆ ਹੈ ਕਿ ਲੱਗਭੱਗ 70 ਅਜਿਹੀਆਂ ਘਟਨਾਵਾਂ ਸਾਹਮਣੇ ਆਈਆਂ ਹਨ, ਜਿਨ੍ਹਾਂ ਵਿੱਚ ਗਿਣਤੀ ਕਰਮਚਾਰੀਆਂ ਨੂੰ ਆਪਣੇ ਕੱਪੜਿਆਂ, ਜੇਬਾਂ, ਜੁੱਤੀਆਂ ਅਤੇ ਹੋਰ ਤਰੀਕਿਆਂ ਨਾਲ ਨਕਦੀ ਕੱਢਦੇ ਦੇਖਿਆ ਗਿਆ। ਗਿਣਤੀ ਕਮਰੇ ਵਿੱਚ ਸੀ ਸੀ ਟੀ ਵੀ ਸਿਸਟਮ ਨੇ ਸਿਰਫ ਸੀਮਤ ਸਮੇਂ ਲਈ ਰਿਕਾਰਡਿੰਗਾਂ ਨੂੰ ਸਟੋਰ ਕੀਤਾ ਅਤੇ ਫਿਰ ਆਪਣੇ ਆਪ ਹੀ ਉਨ੍ਹਾਂ ਨੂੰ ਓਵਰਰਾਈਟ ਕਰ ਦਿੱਤਾ। ਇਸ ਲਈ ਸਿੱਟ ਸਿਰਫ ਉਸ ਸਮੇਂ ਦੀਆਂ ਘਟਨਾਵਾਂ ਦਾ ਵਿਸ਼ਲੇਸ਼ਣ ਕਰ ਸਕਦੀ ਹੈ, ਜਿਸ ਸਮੇਂ ਲਈ ਰਿਕਾਰਡਿੰਗਾਂ ਉਪਲੱਬਧ ਸਨ। ਇਹ ਉਹ ਬਿੰਦੂ ਹੈ, ਜਿੱਥੇ ਸਿੱਟ ਖੁਦ ਮੰਨਦੀ ਹੈ ਕਿ ਉਪਲੱਬਧ ਸਬੂਤ ਅਸਲ ਨੁਕਸਾਨ ਦੀ ਪੂਰੀ ਤਸਵੀਰ ਪੇਸ਼ ਨਹੀਂ ਕਰਦੇ। ਸਿੱਟ ਨੇ ਜਾਂਚ ਵਿੱਚ ਪਾਇਆ ਕਿ ਗਿਣਤੀ ਕਮਰੇ ਵਿੱਚ ਲਾਗੂ ਕੀਤੇ ਗਏ ਲੱਗਭੱਗ ਸਾਰੇ ਸੁਰੱਖਿਆ ਉਪਾਅ ਜਾਂ ਤਾਂ ਪੂਰੀ ਤਰ੍ਹਾਂ ਅਕਿਰਿਆਸ਼ੀਲ ਸਨ ਜਾਂ ਉਨ੍ਹਾਂ ਦੀ ਪਾਲਣਾ ਨਹੀਂ ਸੀ ਕੀਤੀ ਜਾ ਰਹੀ। ਰਿਪੋਰਟ ਦੇ ਅਨੁਸਾਰ, ਕਰਮਚਾਰੀਆਂ ਦੇ ਦਾਖਲੇ ਅਤੇ ਬਾਹਰ ਨਿਕਲਣ ਵੇਲੇ ਲਾਜ਼ਮੀ ਜਾਂਚ ਨਹੀਂ ਕੀਤੀ ਜਾ ਰਹੀ ਸੀ। ਨਿਰਧਾਰਤ ਜੇਬ ਰਹਿਤ ਵਰਦੀ ਨੂੰ ਅਮਲ ਵਿੱਚ ਲਾਗੂ ਨਹੀਂ ਕੀਤਾ ਗਿਆ ਸੀ। ਕਰਮਚਾਰੀ ਗਿਣਤੀ ਕਮਰੇ ਵਿੱਚ ਮੋਬਾਈਲ ਫੋਨ ਅਤੇ ਹੋਰ ਨਿੱਜੀ ਚੀਜ਼ਾਂ ਲੈ ਕੇ ਜਾਂਦੇ ਰਹੇ। ਗਿਣਤੀ ਕਮਰੇ ਵਿੱਚ ਬੈਠਣ ਦੀ ਵਿਵਸਥਾ ਵੀ ਅਜਿਹੀ ਸੀ ਕਿ ਨਕਦੀ ਦੇ ਬੰਡਲ ਕਰਮਚਾਰੀਆਂ ਦੀ ਸਿੱਧੀ ਪਹੁੰਚ ਵਿੱਚ ਸਨ। ਸਿੱਟ ਮੁਤਾਬਕ ਇਨ੍ਹਾਂ ਸਾਰੀਆਂ ਕਮੀਆਂ ਨੇ ਮਿਲ ਕੇ ਚੋਰੀ ਨੂੰ ਆਸਾਨ ਬਣਾ ਦਿੱਤਾ।

ਰਾਮ ਮੰਦਰ ਨੂੰ ਦਿੱਤੇ ਗਏ ਦਾਨ ਦੀ ਗਣਨਾ ਸਟੇਟ ਬੈਂਕ ਆਫ ਇੰਡੀਆ ਅਤੇ ਸ੍ਰੀ ਰਾਮ ਜਨਮ ਭੂਮੀ ਤੀਰਥ ਖੇਤਰ ਟਰੱਸਟ ਵਿਚਕਾਰ ਹੋਏ ਕਰਾਰ ਦੇ ਤਹਿਤ ਹੁੰਦੀ ਸੀ। ਟਰੱਸਟ ਬਿੱਲਾਂ ਦੀ ਸੁਰੱਖਿਆ, ਉਦਘਾਟਨ ਪ੍ਰਕਿਰਿਆ, ਗਿਣਤੀ ਕਮਰੇ, ਸੁਰੱਖਿਆ ਪ੍ਰੋਟੋਕੋਲ ਅਤੇ ਨਿਗਰਾਨੀ ਨੂੰ ਯਕੀਨੀ ਬਣਾਉਣ ਲਈ ਜ਼ਿੰਮੇਵਾਰ ਸੀ। ਬੈਂਕ ਗਿਣਤੀ ਪ੍ਰਕਿਰਿਆ, ਨਕਦੀ ਗਿਣਤੀ ਸਟਾਫ, ਮਸ਼ੀਨਾਂ, ਬੈਂਕਿੰਗ ਰਿਕਾਰਡ ਅਤੇ ਜਮ੍ਹਾਂ ਪ੍ਰਕਿਰਿਆ ਦੇ ਪ੍ਰਬੰਧਨ ਲਈ ਜ਼ਿੰਮੇਵਾਰ ਸੀ। ਸਿੱਟ ਦਾ ਕਹਿਣਾ ਹੈ ਕਿ ਦੋਵਾਂ ਸੰਗਠਨਾਂ ਵਿਚਕਾਰ ਜ਼ਿੰਮੇਵਾਰੀਆਂ ਦੀ ਹੱਦਬੰਦੀ ਹੋਣ ਦੇ ਬਾਵਜੂਦ, ਅਮਲ ਵਿੱਚ ਕਿਸੇ ਵੀ ਧਿਰ ਨੇ ਸੁਰੱਖਿਆ ਪ੍ਰਬੰਧਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਨਹੀਂ ਕੀਤਾ।

ਗਿਣਤੀ ਕਮਰੇ ਵਿੱਚ ਦਾਖਲ ਹੋਣ ਜਾਂ ਬਾਹਰ ਜਾਣ ਵਾਲੇ ਹਰੇਕ ਵਿਅਕਤੀ ਦੀ ਲਾਜ਼ਮੀ ਤਲਾਸ਼ੀ ਲੈਣ ਦਾ ਸਪੱਸ਼ਟ ਪ੍ਰਬੰਧ ਸੀ।

ਸੁਰੱਖਿਆ ਪ੍ਰਣਾਲੀ ਨੂੰ ਲਾਗੂ ਕਰਨ ਵਿੱਚ ਗੰਭੀਰ ਲਾਪਰਵਾਹੀ ਹੋਈ, ਬਹੁਤ ਸਾਰੇ ਨਿਯਮਾਂ ਦੀ ਜਾਣਬੁੱਝ ਕੇ ਪਾਲਣਾ ਨਹੀਂ ਕੀਤੀ ਗਈ ਅਤੇ ਸਾਲਾਂ ਦੌਰਾਨ ਚੇਤਾਵਨੀਆਂ ਮਿਲਣ ਦੇ ਬਾਵਜੂਦ, ਪ੍ਰਣਾਲੀਗਤ ਸੁਧਾਰ ਨਹੀਂ ਕੀਤੇ ਗਏ।

ਰਿਪੋਰਟ ਵਿੱਚ ਕਿਤੇ ਵੀ ਗਬਨ ਕੀਤੇ ਗਏ ਪੈਸੇ ਦੀ ਕੁੱਲ ਰਕਮ ਦਾ ਅੰਦਾਜ਼ਾ ਨਹੀਂ ਲਗਾਇਆ ਗਿਆ। ਇਹ ਮਹੱਤਵਪੂਰਨ ਹੈ, ਕਿਉਂਕਿ ਸਿੱਟ ਖੁਦ ਮੰਨਦੀ ਹੈ ਕਿ ਉਪਲੱਬਧ ਸੀ ਸੀ ਟੀ ਵੀ ਫੁਟੇਜ ਸਿਰਫ ਸੀਮਤ ਸਮੇਂ ਦੀ ਹੈ ਅਤੇ ਚੋਰੀ 27 ਅਪ੍ਰੈਲ, 2026 ਤੋਂ ਪਹਿਲਾਂ ਵੀ ਹੋ ਰਹੀ ਹੋ ਸਕਦੀ ਹੈ। ਜੇ ਅਜਿਹਾ ਹੈ, ਤਾਂ ਅਸਲ ਨੁਕਸਾਨ ਉਪਲੱਬਧ ਰਿਕਵਰੀ ਨਾਲੋਂ ਕਿਤੇ ਜ਼ਿਆਦਾ ਹੋ ਸਕਦਾ ਹੈ, ਪਰ ਅੰਤਰਮ ਰਿਪੋਰਟ ਇਸ ਬਾਰੇ ਕੋਈ ਅਨੁਮਾਨ ਨਹੀਂ ਦਿੰਦੀ। ਸਿੱਟ ਰਿਪੋਰਟ ਦੀ ਇੱਕ ਮਹੱਤਵਪੂਰਨ ਖੋਜ ਇਹ ਹੈ ਕਿ ਵਿੱਤੀ ਸਾਲ 2022-23 ਤੋਂ 2025-26 ਤੱਕ ਅੰਦਰੂਨੀ ਆਡਿਟ ਰਿਪੋਰਟਾਂ ਵਿੱਚ ਲਗਾਤਾਰ ਗੰਭੀਰ ਕਮੀਆਂ ਵੱਲ ਧਿਆਨ ਦਿੱਤਾ ਗਿਆ ਸੀ। 180 ਦਿਨਾਂ ਲਈ ਸੀ ਸੀ ਟੀ ਵੀ ਰਿਕਾਰਡਿੰਗਾਂ ਦੀ ਸੰਭਾਲ ਅਤੇ ਸੁਰੱਖਿਆ ਪ੍ਰਬੰਧਾਂ ਵਿੱਚ ਸੁਧਾਰ ਕਰਨ ਦੀ ਸਿਫਾਰਸ਼ ਕੀਤੀ ਗਈ ਸੀ। ਸਿੱਟ ਇਹ ਵੀ ਨੋਟ ਕਰਦੀ ਹੈ ਕਿ ਟਰੱਸਟ ਦੇ ਅਧਿਕਾਰੀਆਂ ਨੇ ਇਨ੍ਹਾਂ ਆਡਿਟ ਰਿਪੋਰਟਾਂ ਨੂੰ ਗੰਭੀਰਤਾ ਨਾਲ ਨਹੀਂ ਲਿਆ ਅਤੇ ਆਡਿਟ ਨਿਰੀਖਣਾਂ ਨੂੰ ਨਜ਼ਰਅੰਦਾਜ਼ ਕੀਤਾ। ਹਾਲਾਂਕਿ, ਰਿਪੋਰਟ ਵਿੱਚ ਅੱਗੇ ਇਹ ਨਹੀਂ ਦੱਸਿਆ ਗਿਆ ਹੈ ਕਿ ਕਿਉਂ।

ਰਿਪੋਰਟ ਵਿੱਚ ਡਾ. ਅਨਿਲ ਮਿਸ਼ਰਾ, ਸੁਭਾਸ਼ ਸ੍ਰੀਵਾਸਤਵ ਅਤੇ ਰਾਮਸ਼ੰਕਰ ਯਾਦਵ ਉਰਫ ਟੀਨੂੰ ਦੀਆਂ ਭੂਮਿਕਾਵਾਂ 'ਤੇ ਟਿੱਪਣੀ ਕੀਤੀ ਗਈ ਹੈ ਅਤੇ ਛੇ ਕਰਮਚਾਰੀਆਂ ਵਿਰੁੱਧ ਐੱਫ ਆਈ ਆਰ ਦਰਜ ਕਰਨ ਦੀ ਵੀ ਸਿਫਾਰਸ਼ ਕੀਤੀ ਗਈ ਹੈ, ਪਰ ਇਹ ਟਰੱਸਟ ਦੇ ਸਰਵਉੱਚ ਫੈਸਲਾ ਲੈਣ ਵਾਲੇ ਢਾਂਚੇ ਦੀ ਸਮੂਹਕ ਜਵਾਬਦੇਹੀ ਬਾਰੇ ਕੋਈ ਅੰਤਮ ਸਿੱਟਾ ਪ੍ਰਦਾਨ ਨਹੀਂ ਕਰਦੀ। ਰਿਪੋਰਟ ਇਹ ਵੀ ਦੱਸਣ ਵਿੱਚ ਅਸਫਲ ਰਹਿੰਦੀ ਹੈ ਕਿ ਆਡਿਟ ਰਿਪੋਰਟਾਂ ਦੀ ਸਮੀਖਿਆ ਕਿਸ ਨੇ ਕੀਤੀ? ਅਤੇ ਸੁਰੱਖਿਆ ਪ੍ਰੋਟੋਕੋਲ ਲਾਗੂ ਕਰਨ ਦੀ ਅੰਤਮ ਜ਼ਿੰਮੇਵਾਰੀ ਕਿਸ ਦੀ ਸੀ? ਰਿਪੋਰਟ ਨੇ ਬਹੁਤ ਸਾਰੇ ਸਵਾਲ ਖੋਲ੍ਹ ਦਿੱਤੇ ਹਨ, ਜਿਨ੍ਹਾਂ ਦੇ ਜਵਾਬ ਇਹ ਨਿਰਧਾਰਤ ਕਰਨਗੇ ਕਿ ਕੀ ਇਹ ਸਿਰਫ ਕੁਝ ਕਰਮਚਾਰੀਆਂ ਵੱਲੋਂ ਕੀਤੀ ਗਈ ਚੋਰੀ ਦਾ ਮਾਮਲਾ ਸੀ ਜਾਂ ਸਾਲਾਂ ਤੋਂ ਚੱਲ ਰਹੀ ਸੰਸਥਾਗਤ ਲੁੱਟ ਦਾ ਨਤੀਜਾ ਸੀ।

ਕਮਿਊਨਟੀ ਹੈੱਲਥ ਅਫ਼ਸਰਾਂ ਦੇ ਮਸਲੇ

ਡਾ. ਗੁਰਤੇਜ ਸਿੰਘ

ਕੌਮੀ ਸਿਹਤ ਮਿਸ਼ਨ (ਐੱਨ.ਐੱਚ.ਐੱਮ) ਭਾਰਤ ਸਰਕਾਰ ਦੁਆਰਾ 2005 ਵਿੱਚ ਰਾਸ਼ਟਰੀ ਪੇਂਡੂ ਸਿਹਤ ਮਿਸ਼ਨ ਅਤੇ ਰਾਸ਼ਟਰੀ ਸ਼ਹਿਰੀ ਸਿਹਤ ਮਿਸ਼ਨ ਨੂੰ ਇਕੱਠੇ ਕਰਦੇ ਹੋਏ ਸ਼ੁਰੂ ਕੀਤਾ ਸੀ। ਇਸ ਦੀ ਅਗਵਾਈ ਮਿਸ਼ਨ ਡਾਇਰੈਕਟਰ ਕਰਦੇ ਹਨ ਅਤੇ ਭਾਰਤ ਸਰਕਾਰ ਦੁਆਰਾ ਨਿਯੁਕਤ ਕੀਤੇ ਗਏ ਕੌਮੀ ਪੱਧਰ ਦੇ ਨਿਗਰਾਨਾਂ ਦੁਆਰਾ ਨਿਗਰਾਨੀ ਕੀਤੀ ਜਾਂਦੀ ਹੈ। ਇਸ ਸਿਹਤ ਮਿਸ਼ਨ ਦੇ ਪ੍ਰੋਗਰਾਮ ਦੇ ਮੁੱਖ ਭਾਗਾਂ ਵਿੱਚ ਪੇਂਡੂ ਅਤੇ ਸ਼ਹਿਰੀ ਖੇਤਰਾਂ ਵਿੱਚ ਸਿਹਤ ਪ੍ਰਣਾਲੀ ਨੂੰ ਮਜ਼ਬੂਤ ਕਰਨਾ, ਜਿਸ ਦੇ ਅੰਤਰਗਤ ਪ੍ਰਜਣਨ-ਜਣੇਪਾ, ਨਵਜੰਮੇ-ਬੱਚੇ, ਕਿਸ਼ੋਰ ਸਿਹਤ, ਸੰਚਾਰੀ ਅਤੇ ਗ਼ੈਰ-ਸੰਚਾਰੀ ਬਿਮਾਰੀਆਂ ਆਦਿ ਬਾਰੇ ਲੋਕਾਂ ਨੂੰ ਜਾਗਰੂਕ ਕਰਨਾ ਅਤੇ ਇਲਾਜ ਕਰਨਾ। ਇਹ ਕੌਮੀ ਸਿਹਤ ਮਿਸ਼ਨ ਬਰਾਬਰ, ਕਿਫ਼ਾਇਤੀ ਅਤੇ ਗੁਣਵੱਤਾ ਵਾਲੀਆਂ ਸਿਹਤ ਦੇਖਭਾਲ ਸੇਵਾਵਾਂ ਤੱਕ ਸਰਵਵਿਆਪਕ ਪਹੁੰਚ ਦੀ ਪ੍ਰਾਪਤੀ ਦੀ ਕਲਪਨਾ ਕਰਦਾ ਹੈ, ਜੋ ਲੋਕਾਂ ਦੀਆਂ ਲੋੜਾਂ ਪ੍ਰਤੀ ਜਵਾਬਦੇਹ ਹੈ।

ਨੈਸ਼ਨਲ ਹੈਲਥ ਮਿਸ਼ਨ ਦੇ ਅੰਤਰਗਤ ਆਯੂਸ਼ਮਾਨ ਭਾਰਤ ਸਕੀਮ ਅਧੀਨ ਸਾਡੇ ਸੂਬੇ ਪੰਜਾਬ ਵਿੱਚ 3034 ਪੇਂਡੂ ਉੱਪ ਕੇਂਦਰ ਜਾਂ ਸਿਹਤ ਤੇ ਤੰਦਰੁਸਤੀ ਕੇਂਦਰ ਹੁਣ ਉਕਤ ਸਿਹਤ ਸੰਸਥਾ ਨੂੰ ਆਯੂਸ਼ਮਾਨ ਆਰੋਗਿਆ ਕੇਂਦਰ ਕਿਹਾ ਜਾਣ ਲੱਗਾ ਹੈ। ਉੱਥੇ ਕੁੱਲ 2664 ਕਮਿਊਨਟੀ ਹੈਲਥ ਅਫ਼ਸਰ ਤਾਇਨਾਤ ਹਨ, ਜਿਸ ਵਿੱਚ ਬੀ.ਏ.ਐੱਮ.ਐੱਸ. (ਬੈਚਲਰ ਆਫ ਆਯੁਰਵੈਦਿਕ ਮੈਡੀਸਨ ਐਂਡ ਸਰਜਰੀ) ਯੋਗਤਾ ਵਾਲੇ 469 ਤੇ ਬਾਕੀ ਬੀ.ਐਸ.ਸੀ ਨਰਸਿੰਗ ਯੋਗਤਾ ਵਾਲੇ ਹਨ, ਜੋ ਦੂਰ-ਦੁਰਾਡੇ ਪੇਂਡੂ ਖੇਤਰਾਂ ਵਿੱਚ ਗਰਭਵਤੀ ਔਰਤਾਂ, ਨਵਜੰਮੇ ਬੱਚਿਆਂ ਤੋਂ ਲੈ ਕੇ ਬਜ਼ੁਰਗਾਂ ਤੱਕ ਹਰ ਉਮਰ ਵਰਗ ਦੇ ਲੋਕਾਂ ਨੂੰ ਪਿਛਲੇ ਕਿੰਨੇ ਸਾਲਾਂ ਤੋਂ ਮਿਆਰੀ ਸਿਹਤ ਸਹੂਲਤਾਂ ਪ੍ਰਦਾਨ ਕਰ ਰਹੇ ਹਨ। ਕੋਰੋਨਾ ਕਾਲ ਵਿੱਚ ਵੀ ਕਮਿਊਨਟੀ ਹੈਲਥ ਅਫ਼ਸਰਾਂ ਦਾ ਕੋਰੋਨਾ ਪੀੜਤ ਮਰੀਜ਼ਾਂ ਦੀ ਭਾਲ, ਕੋਰੋਨਾ ਦੀ ਜਾਂਚ ਲਈ ਸੈਂਪਲਿੰਗ ਅਤੇ ਕੋਰੋਨਾ ਟੀਕਾਕਰਨ ਵਿੱਚ ਵੀ ਵੱਡਾ ਯੋਗਦਾਨ ਰਿਹਾ ਹੈ, ਜਿਸ ਦੇ ਚੱਲਦਿਆਂ ਹੀ ਸਮੁੱਚੇ ਦੇਸ਼ ਵਾਸੀਆਂ ਨੂੰ ਕੋਰੋਨਾ ਵੈਕਸੀਨ ਦੀਆਂ ਤਿੰਨ ਖੁਰਾਕਾਂ ਦੇਣ ਦਾ ਅਮਲ ਸੰਭਵ ਹੋ ਸਕਿਆ ਹੈ। ਦੇਸ਼ ਦੀ 70 ਫ਼ੀਸਦੀ ਆਬਾਦੀ ਪਿੰਡਾਂ ਵਿੱਚ ਵਸਦੀ ਹੈ। ਉਪਰੋਕਤ ਗੱਲਾਂ ਤੋਂ ਸਾਫ ਹੈ ਕਿ ਇਹ ਸਿਹਤ ਤੇ ਤੰਦਰੁਸਤੀ ਕੇਂਦਰ ਅਤੇ ਇੱਥੇ ਤਾਇਨਾਤ ਕਮਿਊਨਟੀ ਹੈਲਥ ਅਫ਼ਸਰ ਸਿਹਤ ਵਿਭਾਗ ਦੀ ਰੀੜ੍ਹ ਦੀ ਹੱਡੀ ਹਨ, ਜਿਨ੍ਹਾਂ ਤੋਂ ਬਗ਼ੈਰ ਪੇਂਡੂ ਸਿਹਤ ਸਹੂਲਤਾਂ ਬਾਰੇ ਸੋਚਿਆ ਹੀ ਨਹੀਂ ਜਾ ਸਕਦਾ।

ਠੇਕਾ ਪ੍ਰਣਾਲੀ ਅਧੀਨ ਚੱਲ ਰਹੀ ਇਸ ਮਹੱਤਵਪੂਰਨ ਅਸਾਮੀ ਨੂੰ ਹੁਣ ਪੱਕੇ ਤੌਰ 'ਤੇ ਸਰਕਾਰ ਦੇ ਸਿਹਤ ਵਿਭਾਗ ਵਿੱਚ ਸ਼ਾਮਲ ਕੀਤਾ ਜਾਣਾ ਚਾਹੀਦਾ ਹੈ। ਇੱਥੇ ਇਹ ਗੱਲ ਵਰਨਣਯੋਗ ਹੈ ਕਿ ਕਮਿਊਨਟੀ ਹੈਲਥ ਅਫ਼ਸਰ ਉਕਤ ਕੇਂਦਰ ਦਾ ਇੰਚਾਰਜ ਹੁੰਦਾ ਹੈ, ਜਿਸ ਦੀ ਵਿੱਦਿਅਕ ਯੋਗਤਾ ਬੀ.ਐੱਸ.ਸੀ. ਨਰਸਿੰਗ ਜਾਂ ਆਯੂਸ਼ ਡਾਕਟਰ (ਬੀ.ਏ.ਐੱਮ.ਐੱਸ.) ਹੋਣ ਦੇ ਨਾਲ ਛੇ ਮਹੀਨਿਆਂ ਦਾ ਕਮਿਊਨਟੀ ਹੈਲਥ ਦਾ ਟਰੇਨਿੰਗ ਕੋਰਸ ਵੀ ਨੌਕਰੀ ਲੱਗਣ ਵੇਲੇ ਕਰਵਾਇਆ ਜਾਂਦਾ ਹੈ। ਇਸ ਕੇਂਦਰ 'ਤੇ ਦੋ ਮਲਟੀਪਰਪਜ਼ ਹੈਲਥ ਵਰਕਰ (ਇੱਕ ਔਰਤ ਅਤੇ ਇੱਕ ਮਰਦ) ਅਤੇ ਆਸ਼ਾ ਵਰਕਰਾਂ ਦੀ ਤਾਇਨਾਤੀ ਕੀਤੀ ਜਾਂਦੀ ਹੈ। ਦੂਜੀ ਗੱਲ ਇਨ੍ਹਾਂ ਕਰਮਚਾਰੀਆਂ ਦੇ ਕੰਮ ਦੀ ਸਮੀਖਿਆ ਸਮੇਂ-ਸਮੇ 'ਤੇ ਪ੍ਰਾਇਮਰੀ ਸਿਹਤ ਕੇਂਦਰ ਦੇ ਸੀਨੀਅਰ ਮੈਡੀਕਲ ਅਫ਼ਸਰ ਅਤੇ ਸਿਵਲ ਸਰਜਨ ਸਾਹਿਬਾਨ ਵੱਲੋਂ ਕੀਤੀ ਜਾਂਦੀ ਹੈ। ਇਸ ਦੇ ਬਾਵਜੂਦ ਇਨ੍ਹਾਂ ਨਾਲ ਵਿਤਕਰਾ ਹੋ ਰਿਹਾ ਹੈ ਤੇ ਨੀਵੇਂ ਪੱਧਰ ਦੇ ਕਰਮਚਾਰੀ ਸਮਝ ਕੇ ਵਿਵਹਾਰ ਕੀਤਾ ਜਾਂਦਾ ਹੈ, ਜਿਸ ਦਾ ਵੱਡਾ ਕਾਰਨ ਇਨ੍ਹਾਂ ਦਾ ਠੇਕਾ ਪ੍ਰਣਾਲੀ ਅਧੀਨ ਹੋਣਾ ਹੈ।

ਪਹਿਲੀ ਗੱਲ ਤਾਂ ਪੰਜਾਬ ਸੂਬੇ ਦੇ ਇਨ੍ਹਾਂ ਕਰਮਚਾਰੀਆਂ ਨੂੰ ਦੇਸ਼ ਦੇ ਬਾਕੀ ਸੂਬਿਆਂ ਨਾਲੋਂ ਪੰਜ ਹਜ਼ਾਰ ਰੁਪਏ ਘੱਟ ਤਨਖਾਹ ਮਿਲਦੀ ਹੈ। ਕੇਂਦਰ ਸਰਕਾਰ ਨੇ ਸੂਬਾ ਸਰਕਾਰ ਨੂੰ ਇਸ ਸੰਬੰਧੀ ਇੱਕ ਪੱਤਰ ਵੀ ਜਾਰੀ ਕੀਤਾ ਹੋਇਆ ਹੈ ਕਿ ਇਨ੍ਹਾਂ ਅਧਿਕਾਰੀਆਂ ਦੀ ਤਨਖਾਹ ਸਰਕਾਰ ਦੇ ਨਿਯਮਾਂ ਤਹਿਤ ਮਿਲੇ। ਇਸ ਸੰਬੰਧੀ ਇਨ੍ਹਾਂ ਵੱਲੋਂ ਪਿਛਲੇ ਲੰਮੇ ਸਮੇਂ ਤੋਂ ਸਰਕਾਰ ਕੋਲ ਚਾਰਾਜੋਈ ਕੀਤੀ ਜਾ ਰਹੀ ਹੈ, ਪਰ ਅਜੇ ਤੱਕ ਸਾਰਥਿਕ ਸਿੱਟੇ ਨਹੀਂ ਨਿਕਲੇ।

ਦੂਜੀ ਗੱਲ ਇਸ ਅਸਾਮੀ ਨੂੰ ਮੂਲ ਤਨਖਾਹ ਨਾ ਦੇ ਕੇ ਮੂਲ ਤਨਖਾਹ+ਇੰਸੈਂਟਿਵ ਦੇ ਕੁਚੱਕਰ ਵਿੱਚ ਜਾਣ-ਬੁੱਝ ਕੇ ਉਲਝਾਇਆ ਹੋਇਆ ਹੈ। ਇਸ ਦਾ ਮਤਲਬ ਇਹ ਹੈ ਕਿ ਇਨ੍ਹਾਂ ਦੀ ਤਨਖਾਹ ਦਾ 40 ਫ਼ੀਸਦੀ ਹਿੱਸਾ ਇੰਸੈਂਟਿਵ ਦੇ ਰੂਪ ਵਿੱਚ ਹੈ, ਜਿਸ 'ਤੇ ਡਾਕਾ ਮਾਰਨ ਲਈ ਉੱਚ ਅਧਿਕਾਰੀ ਸਮੇਂ-ਸਮੇਂ 'ਤੇ ਘਾੜਤਾਂ ਘੜਦੇ ਰਹਿੰਦੇ ਹਨ। ਇਸ ਕਰਕੇ ਇਨ੍ਹਾਂ ਕਰਮਚਾਰੀਆਂ ਲਈ ਮਹੀਨਾਵਾਰ ਪੰਦਰਾਂ ਟੀਚੇ ਰੱਖੇ ਗਏ ਹਨ, ਜੋ ਹਰ ਮਹੀਨੇ ਪੂਰੇ ਕਰਨੇ ਜ਼ਰੂਰੀ ਹੁੰਦੇ ਹਨ ਅਤੇ ਉਨ੍ਹਾਂ ਦੁਆਰਾ ਕੀਤੇ ਕੰਮ ਦੇ ਹਿਸਾਬ ਨਾਲ ਉਕਤ ਭੱਤੇ ਦੀ ਅਦਾਇਗੀ ਕੀਤੀ ਜਾਂਦੀ ਹੈ। ਇਨ੍ਹਾਂ ਪੰਦਰਾਂ ਟੀਚਿਆਂ ਵਿੱਚ ਮੁੱਖ ਤੌਰ 'ਤੇ ਗਰਭਵਤੀ ਔਰਤਾਂ ਦੀ ਸਮੇਂ-ਸਮੇਂ 'ਤੇ ਜਾਂਚ ਕਰਨੀ, ਖ਼ਤਰਨਾਕ ਚਿੰਨ੍ਹਾਂ ਵਾਲੀ ਗਰਭਵਤੀ ਦੀ ਪਛਾਣ ਤੇ ਸਹੀ ਇਲਾਜ ਦੇਣ/ਦਿਵਾਉਣਾ, ਤਪਦਿਕ ਰੋਗ ਦੇ ਨਵੇਂ ਮਰੀਜ਼ਾਂ ਨੂੰ ਲੱਭਣਾ ਤੇ ਪੂਰਾ ਇਲਾਜ ਕਰਵਾਉਣਾ, ਓ.ਪੀ.ਡੀ. ਸੇਵਾਵਾਂ, ਟੈਲੀਕੰਸਲਟੇਸ਼ਨ, ਲਾਗ ਰਹਿਤ ਬਿਮਾਰੀਆਂ ਜਿਵੇਂ ਬਲੱਡ ਪ੍ਰੈਸ਼ਰ, ਸ਼ੂਗਰ, ਮੂੰਹ, ਬੱਚੇਦਾਨੀ ਅਤੇ ਛਾਤੀ ਦੇ ਕੈਂਸਰ ਦੀ ਜਾਂਚ ਕਰਨੀ, ਬਿਮਾਰੀਆਂ ਤੇ ਸਿਹਤ ਸਕੀਮਾਂ ਸੰਬੰਧੀ ਜਾਗਰੂਕਤਾ ਹਿੱਤ ਲੋਕਾਂ ਨੂੰ ਸਮਝਾਉਣਾ, ਪਿੰਡ ਦੀ ਸਾਫ ਸਫ਼ਾਈ ਹਿੱਤ ਸਰਪੰਚ ਆਦਿ ਨਾਲ ਮਿਲ ਕੇ ਕਾਰਜ ਕਰਨਾ, ਨਾਜ਼ੁਕ ਹਾਲਤ ਵਾਲੇ ਮਰੀਜ਼ਾਂ ਨੂੰ ਮੁੱਢਲੇ ਸਿਹਤ ਕੇਂਦਰ ਤੱਕ ਪਹੁੰਚਾਉਣਾ ਆਦਿ।

ਉਕਤ ਪੰਦਰਾਂ ਟੀਚੇ ਸਾਰੇ ਦੇਸ਼ ਵਿੱਚ ਇਕ ਸਮਾਨ ਹਨ, ਪਰ ਸਾਡੇ ਸੂਬੇ ਵਿੱਚ ਉੱਚ ਅਧਿਕਾਰੀਆਂ ਨੇ ਸਾਰੇ ਨਿਯਮਾਂ ਨੂੰ ਛਿੱਕੇ ਟੰਗ ਕੇ ਇਨ੍ਹਾਂ ਟੀਚਿਆਂ ਵਿੱਚ ਬੇਤਹਾਸ਼ਾ ਵਾਧਾ ਕਰ ਦਿੱਤਾ ਹੈ, ਜਿਸ ਤੋਂ ਜਾਪਦਾ ਹੈ ਕਿ ਸਾਡੇ ਸੂਬੇ ਦੇ ਉੱਚ ਅਧਿਕਾਰੀ ਇਨ੍ਹਾਂ ਕਰਮਚਾਰੀਆਂ ਨੂੰ ਸ਼ਕਤੀਮਾਨ ਸਮਝਦੇ ਹਨ ਤੇ ਇਹ ਸਾਰਾ ਕੰਮ ਇਕੱਲੇ ਕਰਮਚਾਰੀ ਤੋਂ ਕਰਵਾਉਣਾ ਲੋਚਦੇ ਹਨ, ਜੋ ਕਿਵੇਂ ਸੰਭਵ ਹੋ ਸਕਦਾ ਹੈ। ਪਹਿਲਾਂ ਇਹ ਸਾਰਾ ਕੰਮ ਆਫਲਾਈਨ ਕੀਤਾ ਜਾਂਦਾ ਰਿਹਾ ਹੈ। ਆਮ ਆਦਮੀ ਕਲੀਨਿਕ ਜਿੱਥੇ ਤਿੰਨ ਜਣੇ ਕਲੀਨਿਕ ਅਸਿਸਟੈਂਟ, ਫਾਰਮਾਸਿਸਟ ਤੇ ਡਾਕਟਰ ਮਿਲ ਕੇ ਆਨਲਾਈਨ ਪੋਰਟਲ ਈ-ਸ਼ੁਸ਼ਰੁਤ 'ਤੇ ਕੰਮ ਕਰਦੇ ਹਨ, ਉਸੇ ਤਰਜ਼ 'ਤੇ ਆਯੂਸ਼ਮਾਨ ਆਰੋਗਿਆ ਕੇਂਦਰਾਂ ਵਿੱਚ ਵੀ ਈ-ਸ਼ੁਸ਼ਰੁਤ ਅਤੇ ਈ ਔਸ਼ਧੀ ਵਰਗੇ ਆਨਲਾਈਨ ਪੋਰਟਲਾਂ 'ਤੇ ਆਨਲਾਈਨ ਰਿਪੋਰਟਿੰਗ ਕਰਨਾ ਲਾਜ਼ਮੀ ਕਰ ਦਿੱਤਾ ਗਿਆ ਹੈ, ਜਦਕਿ ਨਾ ਤਾਂ ਇਨ੍ਹਾਂ ਸਿਹਤ ਕੇਂਦਰਾਂ 'ਤੇ ਇੰਟਰਨੈੱਟ ਦੀ ਕੋਈ ਸਹੂਲਤ ਦਿੱਤੀ ਗਈ ਹੈ ਨਾ ਹੀ ਕੋਈ ਡਾਟਾ ਅਪਰੇਟਰ ਦੀ ਅਸਾਮੀ ਹੈ। ਸੋਚਣ ਦੀ ਗੱਲ ਹੈ ਕਿ ਇਹ ਇਕੱਲਾ ਕਰਮਚਾਰੀ ਮਰੀਜ਼ ਦੇਖੇਗਾ ਜਾਂ ਆਨਲਾਈਨ ਡਾਟਾ ਭਰੇਗਾ। ਇਹ ਪੰਦਰਾਂ ਟੀਚੇ ਪੂਰੇ ਕਰਨ ਲਈ ਹਰ ਕਰਮਚਾਰੀ ਨੂੰ ਹਰ ਸੰਭਵ ਯਤਨ ਕਰਨੇ ਪੈਂਦੇ ਹਨ ਤੇ ਅਕਸਰ ਹੀ ਇਨ੍ਹਾਂ ਨੂੰ ਇਹ ਕੰਮ ਘਰੇ ਜਾ ਕੇ ਵੀ ਕਰਨਾ ਪੈਂਦਾ ਹੈ ਕਿਉਂਕਿ ਇਸ ਨਾਲ ਹੀ ਇਨ੍ਹਾਂ ਨੂੰ 40 ਫ਼ੀਸਦੀ ਤਨਖਾਹ ਮਿਲਦੀ ਹੈ। ਜਦੋਂ ਪੁਰਾਣੇ ਟੀਚੇ ਜੋ ਸਾਰੇ ਦੇਸ਼ ਵਿੱਚ ਲਾਗੂ ਹਨ, ਉਨ੍ਹਾਂ ਨੂੰ ਹੀ ਪੂਰਨ ਹਿੱਤ ਇਨ੍ਹਾਂ ਨੂੰ ਸਖ਼ਤ ਮੁਸ਼ੱਕਤ ਕਰਨੀ ਪੈ ਰਹੀ ਹੈ ਤਾਂ ਉੱਚ ਅਧਿਕਾਰੀਆਂ ਨੇ ਇਨ੍ਹਾਂ ਟੀਚਿਆਂ ਨੂੰ ਦੁੱਗਣਾ ਕਰਕੇ ਜਾਣਬੁੱਝ ਕੇ ਇਨ੍ਹਾਂ ਕਰਮਚਾਰੀਆਂ ਨੂੰ ਮਾਨਸਿਕ ਤੌਰ 'ਤੇ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ। ਇਸ ਧੱਕੇਸ਼ਾਹੀ ਦੇ ਖਿਲਾਫ਼ ਇਨ੍ਹਾਂ ਕਰਮਚਾਰੀਆਂ ਨੇ ਮਜਬੂਰੀ ਵੱਸ 9 ਜਨਵਰੀ 2024 ਨੂੰ ਚੰਡੀਗੜ੍ਹ, 6 ਜੁਲਾਈ, 2024 ਨੂੰ ਜਲੰਧਰ ਵਿੱਚ ਅਤੇ 4 ਨਵੰਬਰ 2024 ਨੂੰ ਚੰਡੀਗੜ੍ਹ ਵਿਖੇ ਵੱਡੀ ਰੈਲੀ ਅਤੇ ਹੁਣ 22 ਜੂਨ 2026 ਤੋਂ 02 ਜੁਲਾਈ 2026 ਤੱਕ ਹੜਤਾਲ ਕਰਕੇ ਵਿਭਾਗ, ਸਰਕਾਰ, ਪ੍ਰਸ਼ਾਸਨ ਨੂੰ ਕੁੰਭਕਰਨੀ ਨੀਂਦ 'ਚੋਂ ਜਗਾਉਣ ਦੀ ਕੋਸ਼ਿਸ਼ ਕੀਤੀ ਹੈ।

ਉਸ ਤੋਂ ਵੀ ਜ਼ਿਆਦਾ ਇਨ੍ਹਾਂ ਮੁਲਾਜ਼ਮਾਂ ਨੂੰ ਆਪਣੇ ਸਿਹਤ ਕੇਂਦਰਾਂ ਤੋਂ ਬਿਨਾਂ ਹੋਰਨਾਂ ਥਾਵਾਂ ਜਿਵੇਂ ਨਸ਼ਾ ਛੁਡਾਊ ਕੇਂਦਰ, ਮੁੱਢਲਾ ਸਿਹਤ ਕੇਂਦਰ, ਸਮੁਦਾਇਕ ਸਿਹਤ ਕੇਂਦਰ ਅਤੇ ਆਮ ਆਦਮੀ ਕਲੀਨਿਕਾਂ 'ਤੇ ਰਿਸੈਪਸ਼ਨਿਸ਼ਟ, ਫਾਰਮਾਸਿਸਟ ਆਦਿ ਦਾ ਕੰਮ ਕਰਨ ਲਈ ਮਜਬੂਰ ਕੀਤਾ ਜਾ ਰਿਹਾ ਹੈ। ਹੋਰ ਤਾਂ ਹੋਰ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਪੰਜਾਬ ਦਾ ਇੱਕੋ-ਇੱਕ ਜ਼ਿਲ੍ਹਾ ਹੈ, ਜਿੱਥੇ ਇਨ੍ਹਾਂ ਕਰਮਚਾਰੀਆਂ ਦੀ ਡਿਊਟੀ ਚੋਣਾਂ ਵਿੱਚ ਵੀ ਲਗਾਈ ਜਾਂਦੀ ਹੈ। ਵਿੱਦਿਅਕ ਯੋਗਤਾ ਦੇ ਹਿਸਾਬ ਨਾਲ ਇਨ੍ਹਾਂ ਤੋਂ ਇਹ ਕੰਮ ਲੈਣੇ ਕਿੱਥੋਂ ਤੱਕ ਜਾਇਜ਼ ਹਨ। ਆਯੂਸ਼ ਡਾਕਟਰ ਜੋ ਰਜਿਸਟਰਡ ਮੈਡੀਕਲ ਪ੍ਰੈਕਟੀਸ਼ਨਰ ਸ਼੍ਰੇਣੀ ਦੇ ਅੰਤਰਗਤ ਆਉਂਦੇ ਹਨ, ਉਨ੍ਹਾਂ ਦੀ ਵਿੱਦਿਅਕ ਯੋਗਤਾ ਨਾਲ ਇਹ ਕੋਝਾ ਮਜ਼ਾਕ ਨਹੀਂ ਤਾਂ ਹੋਰ ਕੀ ਹੈ। ਆਯੂਸ਼ ਵਿਭਾਗ ਨੂੰ ਤਾਂ ਇਸ ਗੱਲ ਦਾ ਸਖ਼ਤ ਨੋਟਿਸ ਲੈਣਾ ਚਾਹੀਦਾ ਹੈ।

ਮਈ 2024 ਵਿੱਚ ਇਸ ਕੇਡਰ ਵਿੱਚ ਕੰਮ ਕਰ ਰਹੇ 469 ਆਯੂਸ਼ ਡਾਕਟਰਾਂ ਨੂੰ 37 ਪ੍ਰਕਾਰ ਦੀਆਂ ਆਯੁਰਵੈਦਿਕ ਦਵਾਈਆਂ ਵੀ ਵਿਭਾਗ ਵੱਲੋਂ ਮੁਹੱਈਆ ਕਰਵਾਈਆਂ ਗਈਆਂ ਹਨ, ਜਿੱਥੇ ਇਹ ਆਯੁਰਵੈਦਿਕ ਸਿਹਤ ਸੇਵਾਵਾਂ ਵੀ ਸ਼ੁਰੂ ਹੋ ਚੁੱਕੀਆਂ ਹਨ। ਇੰਡੀਅਨ ਪਬਲਿਕ ਹੈਲਥ ਮਿਆਰ 2022 ਦੀਆਂ ਹਦਾਇਤਾਂ ਅਤੇ ਸ਼ਡਿਊਲ ਦੇ ਅਨੁਸਾਰ ਇਨ੍ਹਾਂ ਸਿਹਤ ਕੇਂਦਰਾਂ ਨੂੰ ਜ਼ਰੂਰੀ 105 ਤਰ੍ਹਾਂ ਦੀਆਂ ਐਲੋਪੈਥਿਕ ਦਵਾਈਆਂ ਵਰਤਣ ਦਾ ਹੱਕ ਹੈ ਅਤੇ ਮਾਹਿਰ ਡਾਕਟਰਾਂ ਨਾਲ ਸਿੱਧਾ ਰਾਬਤਾ ਕਰਨ ਲਈ ਟੈਲੀਕੰਸਲਟੇਸ਼ਨ ਦੀ ਸਹੂਲਤ ਹੈ, ਜਿਸ ਦੇ ਜ਼ਰੀਏ ਇਹ ਸਿਹਤ ਅਧਿਕਾਰੀ ਸੁਚਾਰੂ ਢੰਗ ਨਾਲ ਓ.ਪੀ.ਡੀ. ਚਲਾਉਂਦੇ ਹਨ ਤੇ ਮਰੀਜ਼ਾਂ ਨੂੰ ਇਲਾਜ ਦੀ ਸਹੂਲਤ ਦਿੰਦੇ ਹਨ। ਜ਼ਿਆਦਾ ਬਿਮਾਰ ਨੂੰ ਮੁੱਢਲੇ ਸਿਹਤ ਕੇਂਦਰ ਨੂੰ ਰੈਫ਼ਰ ਕਰਦੇ ਹਨ, ਜਿੱਥੇ ਤਾਇਨਾਤ ਮੈਡੀਕਲ ਅਫ਼ਸਰ ਉਸ ਮਰੀਜ਼ ਦਾ ਮੁਆਇਨਾ ਕਰਦਾ ਹੈ। ਫਿਰ ਵੀ ਪਿਛਲੇ ਸਮੇਂ ਦੌਰਾਨ ਇੱਕ ਮੈਡੀਕਲ ਅਫ਼ਸਰ ਦੁਆਰਾ ਇਨ੍ਹਾਂ ਸਿਹਤ ਅਧਿਕਾਰੀਆਂ ਦੁਆਰਾ ਕੀਤੀ ਜਾ ਰਹੀ ਓ.ਪੀ.ਡੀ. ਦਾ ਇਤਰਾਜ਼ਯੋਗ ਸ਼ਬਦਾਂ ਵਿੱਚ ਵਿਰੋਧ ਕੀਤਾ ਸੀ ਜੋ ਤਰਕਸੰਗਤ ਵੀ ਨਹੀਂ ਸੀ। ਇੱਥੇ ਇਹ ਗੱਲ ਵਿਚਾਰਨਯੋਗ ਹੈ ਕਿ 'ਕੀ ਇਹ ਕਮਿਊਨਟੀ ਹੈਲਥ ਅਫਸਰ ਪਿੰਡਾਂ ਦੇ ਅਨਰਜਿਸਟਰਡ ਮੈਡੀਕਲ ਪ੍ਰੈਕਟੀਸ਼ਰਾਂ ਤੋਂ ਵੀ ਮਾੜੇ ਹਨ'? ਉਨ੍ਹਾਂ ਬਹੁਤਿਆਂ ਕੋਲ ਤਾਂ ਕੋਈ ਮੈਡੀਕਲ ਡਿਗਰੀ ਨਹੀਂ ਹੁੰਦੀ ਹੈ ਪਰ ਇਹ ਕਰਮਚਾਰੀ ਤਾਂ ਡਿਗਰੀ ਹੋਲਡਰ ਦੇ ਨਾਲ ਸਿਖਲਾਈ ਯੁਕਤ ਵੀ ਹਨ, ਫਿਰ ਵੀ ਕੁਝ ਮੈਡੀਕਲ ਅਫ਼ਸਰਾਂ ਤੇ ਹੋਰ ਅਧਿਕਾਰੀਆਂ ਦੁਆਰਾ ਇਨ੍ਹਾਂ ਦੀ ਬਿਨਾਂ ਵਜ੍ਹਾ ਝਾੜ-ਝੰਬ ਕੀਤੀ ਜਾਂਦੀ ਹੈ। ਉਹ ਇਨ੍ਹਾਂ ਨੂੰ ਆਪਣੇ ਸ਼ਰੀਕ ਸਮਝਦੇ ਹਨ, ਪਰ ਲੋੜ ਤਾਂ ਇਹ ਹੈ ਕਿ ਇਹ ਸਾਰੇ ਮਿਲ ਕੇ ਕੰਮ ਕਰਨ ਤੇ ਲੋਕਾਈ ਨੂੰ ਮਿਆਰੀ ਸਿਹਤ ਸਹੂਲਤਾਂ ਦੇਣ ਦਾ ਜ਼ਰੀਆ ਬਣਨ ਨਾ ਕਿ ਇੱਕ-ਦੂਜੇ ਦੀਆਂ ਲੱਤਾਂ ਖਿੱਚਣ।

ਕਮਿਊਨਟੀ ਹੈਲਥ ਅਫ਼ਸਰ ਦੇ ਪਦ 'ਤੇ ਤਾਇਨਾਤ ਆਯੂਸ਼ ਡਾਕਟਰਾਂ ਨੂੰ ਤਾਂ ਡਾਕਟਰ ਸ਼ਬਦ ਨਾਲ ਸੰਬੋਧਨ ਤੱਕ ਨਹੀਂ ਕੀਤਾ ਜਾਂਦਾ। ਸੰਬੰਧਤ ਅਧਿਕਾਰੀ ਜਾਣਬੁੱਝ ਕੇ ਉਨ੍ਹਾਂ ਦੇ ਨਾਂਅ ਅੱਗੇ ਡਾਕਟਰ ਸ਼ਬਦ ਨਹੀਂ ਲਗਾਉਂਦੇ। ਉਨ੍ਹਾਂ ਦਾ ਤਰਕ ਹੁੰਦਾ ਹੈ ਕਿ ਤੁਹਾਡੇ ਨਿਯੁਕਤੀ ਪੱਤਰ 'ਤੇ ਵਿਭਾਗ ਵੱਲੋਂ ਵੀ ਡਾਕਟਰ ਸ਼ਬਦ ਨਹੀਂ ਲਿਖਿਆ ਹੋਇਆ ਹੈ। ਇਹ ਵਿਭਾਗ ਦੀ ਨਲਾਇਕੀ ਹੀ ਹੈ ਕਿ ਦਸਤਾਵੇਜ਼ਾਂ ਨੂੰ ਵਾਚੇ ਬਗੈਰ ਹੀ ਨਿਯੁਕਤੀ ਪੱਤਰ ਜਾਰੀ ਕੀਤੇ ਗਏ ਹਨ। ਇੱਥੇ ਇਹ ਗੱਲ ਵਰਨਣਯੋਗ ਹੈ ਕਿ ਜਿਨ੍ਹਾਂ ਦੀ ਵਿੱਦਿਅਕ ਯੋਗਤਾ ਬੀ.ਏ.ਐੱਮ.ਐੱਸ. (ਬੈਚੁਲਰ ਆਫ ਆਯੁਰਵੈਦਿਕ ਮੈਡੀਸਨ ਐਂਡ ਸਰਜਰੀ) ਹੈ, ਜੋ ਨੈਸ਼ਨਲ ਕਮਿਸ਼ਨ ਫਾਰ ਇੰਡੀਅਨ ਸਿਸਟਮ ਆਫ ਮੈਡੀਸਨ ਦੁਆਰਾ ਮਾਨਤਾ ਪ੍ਰਾਪਤ ਇੱਕ ਮੈਡੀਕਲ ਡਿਗਰੀ ਹੈ। ਇਸ ਡਿਗਰੀ ਦੇ ਧਾਰਕ ਦੀ ਬਕਾਇਦਾ ਹਰ ਰਾਜ ਅਤੇ ਕੌਮੀ ਪੱਧਰ 'ਤੇ ਰਜਿਸਟ੍ਰੇਸ਼ਨ ਹੁੰਦੀ ਹੈ। ਇਸ ਤਰ੍ਹਾਂ ਇਹ ਰਜਿਸਟਰਡ ਮੈਡੀਕਲ ਪ੍ਰੈਕਟੀਸ਼ਨਰ ਦੀ ਸ਼੍ਰੇਣੀ ਦੇ ਅੰਤਰਗਤ ਆਉਂਦੇ ਹਨ। ਭਾਰਤ ਸਰਕਾਰ ਦੇ ਸਿਹਤ ਤੇ ਪਰਿਵਾਰ ਭਲਾਈ ਵਿਭਾਗ ਵੱਲੋਂ 25 ਨਵੰਬਰ 2003 ਨੂੰ ਇੱਕ ਆਦੇਸ਼ ਜਾਰੀ ਕੀਤਾ ਗਿਆ ਸੀ ਜਿਸ ਵਿੱਚ ਆਯੂਸ਼ ਡਾਕਟਰਾਂ ਨੂੰ ਆਪਣੇ ਨਾਂਅ ਅੱਗੇ ਡਾਕਟਰ ਲਿਖਣ ਦੀ ਪ੍ਰਵਾਨਗੀ ਦਿੱਤੀ ਗਈ ਸੀ। ਵਿਭਾਗ ਨੂੰ ਇਸ ਪਾਸੇ ਧਿਆਨ ਦੇਣ ਦੀ ਲੋੜ ਹੈ। ਇਹ ਕਿੰਨੇ ਦੁੱਖ ਦੀ ਗੱਲ ਹੈ ਕਿ ਇੱਕ ਪਾਸੇ ਅਨਰਜਿਸਟਰਡ ਲੋਕ ਡਾਕਟਰ ਸ਼ਬਦ ਦੀ ਸ਼ਰੇਆਮ ਦੁਰਵਰਤੋਂ ਕਰ ਰਹੇ ਹਨ, ਦੂਜੇ-ਪਾਸੇ ਜਿਨ੍ਹਾਂ ਕੋਲ ਬਕਾਇਦਾ ਡਿਗਰੀ ਤੇ ਰਜਿਸਟ੍ਰੇਸ਼ਨ ਹੈ, ਉਹ ਇਸ ਚੀਜ਼ ਤੋਂ ਵਾਂਝੇ ਹਨ।

ਇਨ੍ਹਾਂ ਉਪ ਕੇਂਦਰਾਂ ਦੀ ਸਾਫ ਸਫ਼ਾਈ ਲਈ ਸਫ਼ਾਈ ਸੇਵਕ ਦੀ ਕੋਈ ਅਸਾਮੀ ਤੱਕ ਨਹੀਂ ਰੱਖੀ ਗਈ ਹੈ, ਉਕਤ ਇੰਚਾਰਜ ਨੂੰ ਇਸ ਦਾ ਆਪਣੇ ਪੱਧਰ 'ਤੇ ਪ੍ਰਬੰਧ ਕਰਨਾ ਪੈਂਦਾ ਹੈ। ਉਹ ਮੁਲਾਜ਼ਮ ਜੋ ਪਹਿਲਾਂ ਹੀ ਆਰਥਿਕ ਤੇ ਕਾਫੀ ਹੱਦ ਤੱਕ ਸਮਾਜਿਕ ਸ਼ੋਸ਼ਣ ਦਾ ਸ਼ਿਕਾਰ ਹੈ, ਉਹ ਸਫ਼ਾਈ ਕਰਮਚਾਰੀ ਲਈ ਆਪਣੇ ਪੱਲਿਓਂ ਚੰਗੀ ਤਨਖਾਹ ਦਾ ਪ੍ਰਬੰਧ ਕਿਸ ਤਰ੍ਹਾਂ ਕਰ ਸਕਦਾ ਹੈ। ਉਂਝ ਵੀ ਇਨ੍ਹਾਂ ਸਿਹਤ ਕਰਮਚਾਰੀਆਂ ਨੂੰ ਆਪਣੀ ਤਨਖਾਹ ਵੇਲੇ ਸਿਰ ਨਹੀਂ ਮਿਲਦੀ ਤਾਂ ਇਹ ਕਿਸ ਤਰ੍ਹਾਂ ਹੋਰਾਂ ਦੀ ਤਨਖਾਹ ਦਾ ਪ੍ਰਬੰਧ ਕਰਨਗੇ। ਹੋਰਨਾਂ ਸੂਬਿਆਂ ਵਿੱਚ ਇਨ੍ਹਾਂ ਸਮੁਦਾਇਕ ਸਿਹਤ ਅਧਿਕਾਰੀਆਂ ਦੀ ਤਨਖਾਹ ਤੇ ਹੋਰ ਭੱਤੇ ਜ਼ਿਆਦਾ ਹਨ, ਪਰ ਸਾਡੇ ਸੂਬੇ ਵਿੱਚ ਘੱਟ ਹਨ। ਸਾਲ 2018 ਤੋਂ ਕੌਮੀ ਸਿਹਤ ਮਿਸ਼ਨ ਦੇ ਕਰਮਚਾਰੀਆਂ ਨੂੰ ਬੋਨਸ ਵੀ ਨਹੀਂ ਦਿੱਤਾ ਜਾ ਰਿਹਾ ਹੈ।

ਇਨ੍ਹਾਂ ਸਿਹਤ ਕੇਂਦਰਾਂ ਦੇ ਨਾਲ ਉੱਥੇ ਤਾਇਨਾਤ ਇਨ੍ਹਾਂ ਮੁਲਾਜ਼ਮਾਂ ਦੀ ਸਾਰ ਲੈਣੀ ਬਹੁਤ ਜ਼ਰੂਰੀ ਹੈ, ਉੱਥੇ ਸਾਰੇ ਪ੍ਰਬੰਧ ਦਰੁਸਤ ਕੀਤੇ ਜਾਣੇ ਚਾਹੀਦੇ ਹਨ। ਜਦੋਂ ਵੀ ਇਨ੍ਹਾਂ ਸਿਹਤ ਕੇਂਦਰਾਂ ਦੇ ਕਰਮਚਾਰੀ ਆਪਣੀਆਂ ਸਮੱਸਿਆਵਾਂ ਦੇ ਹੱਲ ਲਈ ਸਰਕਾਰ ਦੁਆਰਾ ਥੋਪੇ ਮੁਖੀ ਕੋਲ ਜਾਂਦੇ ਹਨ ਤਾਂ ਉਸ ਦਾ ਵਿਵਹਾਰ ਇੱਕ ਜੇਲ੍ਹਰ ਵਾਂਗ ਹੁੰਦਾ ਹੈ ਜਿਵੇਂ ਇਨ੍ਹਾਂ ਮੁਲਾਜ਼ਮਾਂ ਨੇ ਨੌਕਰੀ ਲੈ ਕੇ ਕੋਈ ਗੁਨਾਹ ਕੀਤਾ ਹੋਵੇ। ਅਣਸੁਖਾਵੀਂ ਘਟਨਾ ਨਾਲ ਨਜਿੱਠਣ ਲਈ ਇਨ੍ਹਾਂ ਨੂੰ ਸਿਹਤ ਬੀਮੇ ਦੇ ਅੰਤਰਗਤ ਲਿਆਂਦਾ ਜਾਵੇ। ਸਰਕਾਰ ਨੂੰ ਚਾਹੀਦਾ ਹੈ ਕਿ ਇਸ ਜਵਾਨ ਕਾਡਰ ਦੀ ਸਾਰ ਲਵੇ ਤੇ ਇਨ੍ਹਾਂ ਦੀਆਂ ਮੰਗਾਂ ਨੂੰ ਜਲਦੀ ਤੋਂ ਜਲਦੀ ਹੱਲ ਕਰੇ ਤਾਂ ਜੋ ਪੇਂਡੂ ਖਿੱਤੇ ਵਿਚ ਸਿਹਤ ਸਹੂਲਤਾਂ ਹੋਰ ਬਿਹਤਰ ਹੋ ਸਕਣ।

ਸੰਪਰਕ: 95173-96001

ਮੁਨਾਫ਼ਾਖੋਰੀ ਯੁੱਗ ਤੇ ਮਨੁੱਖ ਦੀ ਬਦਲਦੀ ਮਾਨਸਿਕਤਾ

ਡਾ. ਇਕਬਾਲ ਸਿੰਘ ਸਕਰੌਦੀ

ਇੱਕ ਸਮਾਂ ਸੀ, ਜਦੋਂ ਸਮਾਜ ਵਿੱਚ ਇਹ ਧਾਰਨਾ ਸਥਾਪਤ ਹੋ ਗਈ ਸੀ ਕਿ ਪੜ੍ਹਨ-ਲਿਖਣ ਨਾਲ਼ ਮਨੁੱਖ ਵਿੱਚ ਚੇਤਨਾ ਆਉਂਦੀ ਹੈ। ਉਹ ਸਮਾਜਿਕ, ਆਰਥਿਕ, ਰਾਜਨੀਤਕ, ਧਾਰਮਿਕ ਅਤੇ ਸੱਭਿਆਚਾਰਕ ਮਸਲਿਆਂ ਨੂੰ ਵਧੇਰੇ ਡੂੰਘਾਈ ਨਾਲ਼ ਸਮਝਣ ਦੇ ਸਮਰੱਥ ਹੋ ਜਾਂਦਾ ਹੈ। ਉਹ ਇਨ੍ਹਾਂ ਸਮੱਸਿਆਵਾਂ ਦੇ ਹੱਲ ਲਈ ਜਨ-ਸਧਾਰਨ ਨੂੰ ਯੋਗ ਅਗਵਾਈ ਤੇ ਸੇਧ ਦੇਣ ਦੇ ਉਪਰਾਲੇ ਕਰਦਾ ਹੈ। ਸਮਾਜ ਵਿੱਚ ਚੰਗੀਆਂ ਨੈਤਿਕ ਕਦਰਾਂ-ਕੀਮਤਾਂ ਸਥਾਪਤ ਕਰਨ ਲਈ ਪ੍ਰਯਤਨਸ਼ੀਲ ਰਹਿੰਦਾ ਹੈ, ਪਰੰਤੂ ਪਿਛਲੇ ਤਿੰਨ-ਚਾਰ ਕੁ ਦਹਾਕਿਆਂ ਤੋਂ ਵਿਸ਼ਵੀਕਰਨ ਅਤੇ ਪੂੰਜੀਵਾਦ ਦੇ ਵੱਧਦੇ ਰੁਝਾਨ ਕਾਰਨ ਸੰਸਾਰ ਭਰ ਵਿੱਚ ਅਜਿਹੀਆਂ ਤਬਦੀਲੀਆਂ ਵਾਪਰੀਆਂ ਹਨ ਕਿ ਸੰਸਾਰ ਦੇ ਪਚੱਨਵੇਂ ਪ੍ਰਤੀਸ਼ਤ ਆਰਥਿਕ ਸਾਧਨਾਂ ਤੇ ਉਨ੍ਹਾਂ ਧਨ ਕੁਬੇਰਾਂ ਨੇ ਕਬਜ਼ਾ ਕਰ ਲਿਆ ਹੈ, ਜਿਨ੍ਹਾਂ ਦਾ ਇੱਕੋ-ਇੱਕ ਮਕਸਦ ਵਧੇਰੇ ਦੌਲਤ ਕਮਾ ਕੇ ਇਸ ਦੌਲਤ 'ਤੇ ਕੁੰਡਲੀ ਮਾਰ ਕੇ ਬੈਠਣਾ ਹੈ। ਇਸ ਤਰ੍ਹਾਂ ਦੀ ਸਥਿਤੀ ਨੇ ਸਾਰੇ ਸਮਾਜਿਕ ਪ੍ਰਬੰਧ ਨੂੰ ਬਦਲ ਕੇ ਰੱਖ ਦਿੱਤਾ ਹੈ। ਹੁਣ ਮਨੁੱਖ ਕੇਵਲ ਪਦਾਰਥਵਾਦੀ ਸੋਚ ਦਾ ਧਾਰਨੀ ਹੋ ਗਿਆ ਹੈ। ਦੇਸ਼ ਪਿਆਰ, ਕੌਮ ਪਿਆਰ, ਪ੍ਰਕਿਰਤੀ ਪਿਆਰ, ਪਸ਼ੂ ਪੰਛੀਆਂ ਨਾਲ਼ ਪਿਆਰ, ਮਨੁੱਖਤਾ ਨਾਲ਼ ਪਿਆਰ ਉਹ ਬਹੁਤ ਪਿਛਾਂਹ ਛੱਡ ਆਇਆ ਹੈ। ਹੁਣ ਉਸ ਨੂੰ ਕੇਵਲ ਨਿੱਜੀ ਹਿੱਤ ਹੀ ਪਿਆਰੇ ਹਨ। ਅੱਜ ਦੀ ਸਥਿਤੀ ਇਹ ਹੋ ਗਈ ਹੈ ਕਿ ਬੇਸ਼ੱਕ ਕੋਈ ਵਧੇਰੇ ਪੜ੍ਹਿਆ ਲਿਖਿਆ ਹੈ, ਘੱਟ ਪੜ੍ਹਿਆ ਹੋਇਆ ਹੈ, ਅੱਧ-ਪੜ੍ਹਿਆ ਹੈ ਜਾਂ ਬਿਲਕੁਲ ਅੱਖਰਾਂ ਤੋਂ ਕੋਰਾ ਹੈ, ਉਹ ਵਧੇਰੇ ਤੇਜ਼-ਤਰਾਰ, ਚਲਾਕ, ਸਵਾਰਥੀ, ਮੌਕਾਪ੍ਰਸਤ, ਅਕ੍ਰਿਤਘਣ, ਅਹਿਸਾਨਫਰਾਮੋਸ਼ ਸੰਵੇਦਨਹੀਣ ਹੋ ਚੁੱਕਾ ਹੈ।

ਹੁਣ ਸਮਾਜਿਕ ਰਿਸ਼ਤਿਆਂ ਵਿੱਚੋਂ ਮੋਹ, ਤਿਉ, ਪਿਆਰ, ਮੁਹੱਬਤ, ਸਾਕਾਦਾਰੀ, ਆਪਸੀ ਭਾਈਚਾਰਕ ਸਾਂਝ ਲਗਪਗ ਖ਼ਤਮ ਹੋ ਚੁੱਕੀ ਹੈ। ਭਰਾ, ਭਰਾ ਦੇ ਖ਼ੂਨ ਦਾ ਪਿਆਸਾ ਹੋ ਗਿਆ ਹੈ। ਭੈਣਾਂ-ਭੈਣਾਂ ਦੀ ਆਪਸ ਵਿੱਚ ਨਹੀਂ ਬਣਦੀ। ਪੁੱਤ, ਕਪੁੱਤ ਹੋ ਰਹੇ ਹਨ। ਜਿਹੜੇ ਪੁੱਤਰਾਂ ਨੂੰ ਮਾਂਵਾਂ ਨੇ ਨੌਂ ਮਹੀਨੇ ਆਪਣੀ ਕੁੱਖ ਵਿੱਚ ਰੱਖ ਕੇ ਖ਼ੂਨ ਨਾਲ਼ ਸਿੰਝ ਕੇ ਜੀਵਨ ਦਿੱਤਾ ਹੁੰਦਾ ਹੈ, ਉਹੀ ਪੁੱਤ ਵਿਆਹ ਤੋਂ ਬਾਅਦ ਆਪਣੀ ਮਾਂ ਨੂੰ ਨੌਂ ਮਹੀਨਿਆਂ ਲਈ ਆਪਣੇ ਘਰ ਵਿੱਚ ਆਦਰ-ਮਾਣ ਅਤੇ ਸਤਿਕਾਰ ਨਾਲ਼ ਰੱਖਣਾ ਉਨ੍ਹਾਂ ਲਈ ਦੁੱਭਰ ਹੋ ਗਿਆ ਹੈ। ਮਾਂ-ਪਿਓ ਬਿਰਧ ਆਸ਼ਰਮਾਂ ਵਿੱਚ ਰੁਲ਼ ਰਹੇ ਹਨ, ਪੁੱਤਰ ਅਤੇ ਨੂੰਹਾਂ ਹੋਟਲਾਂ ਵਿੱਚ ਮਹਿੰਗੇ ਪਕਵਾਨ ਛਕਦੇ ਹਨ।ਕੋਈ ਸਮਾਂ ਸੀ, ਜਦੋਂ ਚਾਚੇ, ਤਾਏ, ਮਾਮੇ, ਮਾਸੀ, ਭੂਆ ਦੀ ਧੀ ਨੂੰ ਵੀ ਸਕੀ ਭੈਣ ਵਾਂਗ ਮਾਨ ਅਤੇ ਆਦਰ-ਸਤਿਕਾਰ ਦਿੱਤਾ ਜਾਂਦਾ ਸੀ, ਪਰੰਤੂ ਹੁਣ ਇਨ੍ਹਾਂ ਰਿਸ਼ਤਿਆਂ ਵਿੱਚ ਫ਼ਿੱਕ ਪੈ ਚੁੱਕੀ ਹੈ। ਪਾਕ ਪਵਿੱਤਰਤਾ ਕਿੱਧਰੇ ਖੰਭ ਲਾ ਕੇ ਉੱਡ ਚੁੱਕੀ ਹੈ। ਹੁਣ ਤਾਂ ਪਤੀ- ਪਤਨੀ ਦੇ ਪਿਆਰੇ ਰਿਸ਼ਤੇ ਵਿੱਚੋਂ ਪਿਆਰ, ਸਤਿਕਾਰ ਕਿੱਧਰੇ ਉੱਡ ਪੁੱਡ ਗਿਆ ਹੈ। ਬਹੁਤੇ ਜੋੜੇ ਘਰੋਂ ਬਾਹਰ ਉਸਾਰੇ ਅਨੈਤਿਕ ਸੰਬੰਧਾਂ ਵਿੱਚੋਂ ਹੀ ਖ਼ੁਸ਼ੀ ਦੀ ਭਾਲ਼ ਵਿੱਚ ਭਟਕਦੇ ਫਿਰਦੇ ਹਨ।

ਦੋਸਤੀ ਜਿਹੇ ਪਿਆਰੇ ਰਿਸ਼ਤੇ ਵਿੱਚੋਂ ਵੀ ਨਿੱਘ, ਪਿਆਰ, ਹਿੱਤ, ਅਪਣਾਪਣ ਕਿਤੇ-ਕਿਤੇ ਹੀ ਬਾਕੀ ਰਹਿ ਗਿਆ ਹੈ। ਹੁਣ ਹਰ ਰਿਸ਼ਤੇ ਦੀ ਮਿਆਦ ਆਰਥਿਕ ਆਧਾਰ 'ਤੇ ਆਣ ਟਿਕੀ ਹੈ। ਜੇਕਰ ਕਿਸੇ ਦੀ ਆਰਥਿਕਤਾ ਮਜ਼ਬੂਤ ਹੈ ਤਾਂ ਦੂਰੋਂ ਪਾਰੋਂ ਵੀ ਰਿਸ਼ਤੇਦਾਰੀਆਂ ਅਤੇ ਸਾਂਝ-ਸਕੀਰੀਆਂ ਕੱਢ ਕੇ ਮੋਹ, ਮੁਹੱਬਤ, ਪਿਆਰ ਅਤੇ ਆਪਣਾਪਣ ਜਤਾਇਆ ਜਾਂਦਾ ਹੈ, ਪਰੰਤੂ ਜੇਕਰ ਸਥਿਤੀ ਇਸ ਦੇ ਉਲਟ ਹੈ ਤਾਂ ਸਕੇ ਸੰਬੰਧੀ ਵੀ ਪਾਸਾ ਵੱਟ ਰਹੇ ਹਨ।

ਨੌਜਵਾਨ ਪੀੜ੍ਹੀ ਪੂਰੀ ਤਰ੍ਹਾਂ ਮੋਬਾਇਲ ਫ਼ੋਨ ਦੀ ਜਕੜ ਵਿੱਚ ਫ਼ਸ ਚੁੱਕੀ ਹੈ। ਹੁਣ ਉਨ੍ਹਾਂ ਨੂੰ ਉੱਠਦੇ ਬੈਠਦੇ, ਸੌਂਦੇ ਜਾਗਦੇ, ਖਾਂਦੇ -ਪੀਂਦੇ ਸਮੇਂ ਕੇਵਲ ਮੋਬਾਇਲ ਫ਼ੋਨ ਹੀ ਦਿਖਾਈ ਦਿੰਦਾ ਹੈ। ਵੱਟਸਐਪ, ਇੰਸਟਾਗ੍ਰਾਮ, ਯੂ ਟਿਊਬ ਉੱਤੇ ਲੱਚਰਤਾ ਦੀ ਅਜਿਹੀ ਖੇਡ ਖੇਡੀ ਜਾ ਰਹੀ ਹੈ ਕਿ ਔਰਤ-ਮਰਦ ਸੰਬੰਧ ਵੀ ਉਸ ਸਾਹਮਣੇ ਫ਼ਿੱਕੇ ਪੈ ਗਏ ਹਨ। ਨੌਜਵਾਨ ਪੀੜ੍ਹੀ ਦੇ ਮੁੰਡੇ-ਕੁੜੀਆਂ ਨੇ ਫ਼ੇਸਬੁਕ 'ਤੇ ਤਾਂ ਸੈਂਕੜੇ ਦੋਸਤ ਬਣਾਏ ਹੋਏ ਹਨ, ਪਰੰਤੂ ਉਨ੍ਹਾਂ ਵਿੱਚੋਂ ਨੇਕ, ਉਸਾਰੂ, ਸੁਚੱਜੀ ਸੇਧ ਅਤੇ ਅਗਵਾਈ ਕਰਨ ਵਾਲ਼ਾ ਦੋਸਤ ਇੱਕ ਵੀ ਨਹੀਂ।ਹਰ ਰੋਜ਼ ਨਵੇਂ ਫੇਸਬੁਕ ਫ੍ਰੈਂਡ ਬਣਾਏ ਜਾ ਰਹੇ ਹਨ, ਪੁਰਾਣਿਆਂ ਨੂੰ ਬਲਾਕ ਕੀਤਾ ਜਾ ਰਿਹਾ ਹੈ। ਹੁਣ ਸਕੂਲਾਂ-ਕਾਲਜਾਂ, ਯੂਨੀਵਰਸਿਟੀਆਂ ਵਿੱਚ ਰੋਜ਼ਾਨਾ ਪੜ੍ਹਨ ਲਈ ਜਾਂਦੇ ਕੁੱਲ ਵਿਦਿਆਰਥੀਆਂ ਵਿੱਚੋਂ ਕੇਵਲ ਦਸ ਫ਼ੀਸਦੀ ਹੀ ਪੜ੍ਹਾਈ ਕਰਨ ਜਾਂਦੇ ਹਨ। ਬਹੁਤੇ ਤਾਂ ਕੇਵਲ ਤਫ਼ਰੀਹ ਲਈ, ਘੁੰਮਣ-ਫਿਰਨ ਲਈ, ਆਪਣੀਆਂ ਦੋਸਤੀਆਂ ਪਾਲ਼ਣ ਲਈ, ਤਥਾ ਕਥਿਤ ਮੁਹੱਬਤ ਕਰਨ ਲਈ ਜਾਂ ਫ਼ਿਰ ਸ਼ੁਗਲ ਕਰਨ ਲਈ ਹੀ ਜਾਂਦੇ ਹਨ।ਕਿਹਾ ਜਾਂਦਾ ਹੈ ਕਿ ਪੁਸਤਕਾਂ ਪੜ੍ਹਨ ਵਾਲੇ ਇਨਸਾਨ ਆਪਣੀ ਇੱਕ ਜ਼ਿੰਦਗੀ ਵਿੱਚ ਕਈ ਜ਼ਿੰਦਗੀਆਂ ਜੀਅ ਲੈਂਦੇ ਹਨ। ਕਿਉਂ ਜੋ ਜਿਹੜੀ ਪੁਸਤਕ ਕਿਸੇ ਲੇਖਕ ਨੇ ਇੱਕ ਸਾਲ ਦੀ ਮਿਹਨਤ ਉਪਰੰਤ ਲਿਖੀ ਹੁੰਦੀ ਹੈ, ਉਸ ਨੂੰ ਚਾਰ-ਪੰਜ ਘੰਟਿਆਂ ਵਿੱਚ ਪੜ੍ਹ ਕੇ ਆਨੰਦ ਪ੍ਰਾਪਤੀ ਕਰ ਲੈਂਦੇ ਹਾਂ।ਚੰਗੇਰੀ ਜੀਵਨ-ਜਾਚ ਸਿੱਖ ਲੈਂਦੇ ਹਾਂ, ਪਰੰਤੂ ਹੁਣ ਕੇਵਲ ਕੁਝ ਗਿਣਤੀ ਦੇ ਵਿਦਿਆਰਥੀ, ਅਧਿਆਪਕ ਹੀ ਪੁਸਤਕਾਂ ਦੀ ਸੰਗਤ ਮਾਨਣ ਲਈ ਲਾਇਬਰੇਰੀ ਜਾਂਦੇ ਹਨ। ਉੱਥੋਂ ਦੇ ਰੈਫਰੈਂਸ ਸੈਕਸ਼ਨ ਵੇਖਦੇ ਹਨ। ਪੁਸਤਕਾਂ ਲੈ ਕੇ ਪੜ੍ਹਦੇ ਹਨ। ਸਕੂਲਾਂ, ਕਾਲਜਾਂ ਵਿੱਚ ਪੜ੍ਹਦੇ ਵਿਦਿਆਰਥੀਆਂ ਵਿੱਚੋਂ ਵੱਡੀ ਗਿਣਤੀ ਉਨ੍ਹਾਂ ਵਿਦਿਆਰਥੀਆਂ ਦੀ ਹੈ, ਜਿਹੜੇ ਪੰਜਾਬੀ, ਹਿੰਦੀ, ਅੰਗਰੇਜ਼ੀ ਸਾਹਿਤ ਤੋਂ ਬਿਲਕੁਲ ਕੋਰੇ ਹਨ। ਅੱਜ ਦੇ ਵਿਦਿਆਰਥੀਆਂ ਨੂੰ ਫਾਸਟ ਫੂਡ, ਪੀਜ਼ਾ, ਬਰਗਰ, ਨਿਊਡਲਜ਼, ਮੋਮੋ ਆਦਿ ਵਧੇਰੇ ਪਸੰਦ ਹਨ। ਉਹ ਬਰੈਂਡਡ ਜ਼ੀਨਾਂ, ਟੀ ਸ਼ਰਟਾਂ, ਜੁੱਤੇ ਪਹਿਨਣਾ ਪਸੰਦ ਕਰਦੇ ਹਨ। ਭਾਵੇਂ ਉਨ੍ਹਾਂ ਦਾ ਪਿਉ ਦਿਹਾੜੀ-ਦੱਪਾ ਹੀ ਕਿਉਂ ਨਾ ਕਰਦਾ ਹੋਵੇ।

ਸਮਾਜ ਦੀ ਇਹ ਸਥਿਤੀ ਅਚਾਨਕ ਨਹੀਂ ਬਣੀ, ਸਗੋਂ ਅਜਿਹਾ ਕਰਨ ਲਈ ਬਹੁਰਾਸ਼ਟਰੀ ਕੰਪਨੀਆਂ, ਗਿਣਤੀ ਦੇ ਕੁਝ ਧਨ ਕੁਬੇਰਾਂ ਅਤੇ ਵੱਡੇ ਰਾਠਾਂ ਵੱਲੋਂ ਇੱਕ ਸੋਚੀ-ਸਮਝੀ ਸਾਜ਼ਿਸ਼ ਤਹਿਤ ਬਣਾਈ ਯੋਜਨਾ ਦਾ ਪ੍ਰਤੀਫਲ ਹੈ। ਵੱਖ-ਵੱਖ ਕੰਪਨੀਆਂ ਵੱਲੋਂ ਬਣਾਏ ਜਾ ਰਹੇ ਮੋਬਾਇਲ ਫ਼ੋਨ ਵੀ ਨਵੀਂ ਪੀੜ੍ਹੀ ਨੂੰ ਭਟਕਾਉਣ ਲਈ ਸਿੱਧੇ ਤੌਰ 'ਤੇ ਜ਼ਿੰਮੇਵਾਰ ਹਨ। ਵੱਖ-ਵੱਖ ਕੰਪਨੀਆਂ ਵੱਲੋਂ ਬਹੁਤ ਹੀ ਸਸਤੇ ਭਾਅ 'ਤੇ ਇੰਟਰਨੈੱਟ ਦਿੱਤਾ ਜਾ ਰਿਹਾ ਹੈ।ਇਹ ਸਭ ਕੁਝ ਨਵੀਂ ਪੀੜ੍ਹੀ ਦੀ ਸੋਚ ਨੂੰ ਖੁੰਢਾ ਕਰਨ ਦੀ ਬੜੀ ਸੋਚੀ-ਸਮਝੀ ਚਾਲ ਹੈ।

ਸੰਪਰਕ : 84276-85020

ਰਿਸ਼ਤਿਆਂ 'ਚ ਲਿਆਓ ਨਿੱਘ

ਨਰਿੰਦਰ ਸਿੰਘ

ਰਿਸ਼ਤੇ ਸਾਡੀ ਜ਼ਿੰਦਗੀ ਦਾ ਸਭ ਤੋਂ ਕੀਮਤੀ ਹਿੱਸਾ ਹੁੰਦੇ ਹਨ। ਹਰ ਰਿਸ਼ਤੇ ਦਾ ਮਾਨਸਿਕ, ਆਰਥਿਕ, ਲਿੰਗਾਤਮਕ, ਸਮਾਜਿਕ ਜਾਂ ਧਾਰਮਿਕ ਮਹੱਤਵ ਹੁੰਦਾ ਹੈ ।ਰਿਸ਼ਤਿਆਂ ਦਾ ਨਿੱਘ ਮਨੁੱਖ ਨੂੰ ਅੰਦਰੂਨੀ ਤਾਕਤ ਪ੍ਰਦਾਨ ਕਰਦਾ ਹੈ । ਰਿਸ਼ਤੇ ਹਰ ਮੁਸੀਬਤ ਨਾਲ ਲੜਨ ਦੀ ਸ਼ਕਤੀ ਦਿੰਦੇ ਹਨ ।ਰਿਸ਼ਤੇ ਉਹ ਧਾਗਾ ਹਨ, ਜੋ ਸਾਨੂੰ ਸਮਾਜ ਅਤੇ ਪਰਿਵਾਰ ਨਾਲ ਜੋੜ ਕੇ ਰੱਖਦੇ ਹਨ । ਰਿਸ਼ਤੇ ਸਾਨੂੰ ਅਹਿਸਾਸ ਕਰਵਾਉਂਦੇ ਹਨ ਕਿ ਅਸੀਂ ਇਸ ਸੰਘਰਸ਼ ਵਿਚ ਇਕੱਲੇ ਨਹੀਂ ਹਾਂ ।ਵੱਖ-ਵੱਖ ਰਿਸ਼ਤੇ ਜੀਵਨ ਦੇ ਵੱਖ-ਵੱਖ ਪੱਖਾਂ ਦੀ ਪੂਰਤੀ ਕਰਦੇ ਹਨ ।

ਰਿਸ਼ਤੇ ਕਿਸੇ ਮਹਿੰਗੇ ਤੋਹਫ਼ੇ ਦੇ ਮੁਥਾਜ਼ ਨਹੀਂ ਹਨ , ਰਿਸ਼ਤੇ ਸਮੇਂ ਅਤੇ ਪਿਆਰ ਦੀ ਮੰਗ ਕਰਦੇ ਹਨ ।ਰਿਸ਼ਤੇ ਮਨੁੱਖੀ ਜੀਵਨ ਦਾ ਆਧਾਰ ਹਨ । ਰਿਸ਼ਤੇ ਜੀਵਨ ਨੂੰ ਅਰਥ ਅਤੇ ਪਛਾਣ ਦਿੰਦੇ ਹਨ। ਰਿਸ਼ਤਿਆਂ ਦੀ ਸਿਰਜਣਾ ਪ੍ਰੇਮ ਨਾਲ ਹੁੰਦੀ ਹੈ ।ਰਿਸ਼ਤੇ ਸੰਵਾਦ ਨਾਲ ਜਿਉਂਦੇ ਰਹਿੰਦੇ ਹਨ ਅਤੇ ਸੰਵੇਦਨਾਵਾਂ ਨਾਲ ਮਹਿਸੂਸ ਹੁੰਦੇ ਹਨ । ਆਪਸੀ ਪ੍ਰੇਮ, ਆਦਰ ਅਤੇ ਵਿਸ਼ਵਾਸ ਦੇ ਰਸਾਇਣ ਨਾਲ ਰਿਸ਼ਤਿਆਂ ਨੂੰ ਆਤਮਿਕ ਅਤੇ ਮਿੱਠੇ ਬਣਾਇਆ ਜਾ ਸਕਦਾ ਹੈ । ਰਿਸ਼ਤਿਆਂ ਨੂੰ ਪਾਏਦਾਰ ਬਣਾਈ ਰੱਖਣ ਲਈ ਸਮਰਪਣ ਦੀ ਲੋੜ ਹੁੰਦੀ ਹੈ । ਰਿਸ਼ਤੇ ਮੋਮਬੱਤੀਆਂ ਦੀ ਤਰ੍ਹਾਂ ਹੁੰਦੇ ਹਨ, ਜੋ ਜੀਵਨ ਨੂੰ ਪ੍ਰਕਾਸ਼ ਦਿੰਦੇ ਹਨ । ਜੇਕਰ ਇਨ੍ਹਾਂ ਦੀ ਅਣਦੇਖੀ ਕੀਤੀ ਜਾਵੇ ਤਾਂ ਇਹ ਪਿਘਲ ਕੇ ਖ਼ਤਮ ਹੋ ਜਾਂਦੇ ਹਨ ਅਤੇ ਪਿੱਛੇ ਸਿਰਫ਼ ਖ਼ਾਲੀਪਣ ਛੱਡ ਜਾਂਦੇ ਹਨ ।ਆਦਰ-ਸਤਿਕਾਰ ਦੀ ਭਾਵਨਾ ਰਿਸ਼ਤਿਆਂ ਨੂੰ ਜੋੜ ਕੇ ਰੱਖਦੀ ਹੈ । ਘੁਮੰਡ, ਖੁਦਗਰਜ਼ੀ ਦੀ ਭਾਵਨਾ, ਨਿਮਰਤਾ ਰਹਿਤ ਤੇ ਰੁੱਖੇ ਸੁਭਾਅ ਦੀ ਭਰਮਾਰਤਾ ਨੇ ਸਤਿਕਾਰ ਦੀ ਭਾਵਨਾ ਨੂੰ ਢਾਹ ਲਾਈ ਹੈ । ਘਰ, ਪਰਿਵਾਰ ਦੇ ਮੈਂਬਰ ਵੀ ਆਪਣੀ-ਆਪਣੀ ਡਫਲੀ ਵਜਾਉਣਾ ਚਾਹੁੰਦੇ ਹਨ । ਕੋਈ ਕਿਸੇ ਦੀ ਗੱਲ ਸੁਣਨ ਜਾਂ ਬਰਦਾਸ਼ਤ ਕਰਨ ਨੂੰ ਤਿਆਰ ਨਹੀਂ । ਰਿਸ਼ਤਿਆਂ ਦਾ ਘਟ ਰਿਹਾ ਮਾਣ-ਸਤਿਕਾਰ ਅੱਜ ਦੀ ਬੜੀ ਗੰਭੀਰ ਅਤੇ ਚੁਣੌਤੀਪੂਰਨ ਸਮੱਸਿਆ ਹੈ । ਰੁਝੇਵਿਆਂ ਭਰੇ ਜੀਵਨ ਕਾਰਨ ਮੇਲ-ਜੋਲ ਦੀ ਕਮੀ ਨੇ ਵੀ ਸਤਿਕਾਰ ਨੂੰ ਜੀਵਨ ਵਿੱਚ ਮਨਫ਼ੀ ਕਰ ਦਿੱਤਾ ਹੈ । ਦਿਨੋ-ਦਿਨ ਘਟ ਰਹੇ ਸਤਿਕਾਰ ਕਾਰਨ ਅੱਜ ਹਰ ਰਿਸ਼ਤਾ ਤਿੜਕਦਾ ਨਜ਼ਰ ਆ ਰਿਹਾ ਹੈ। ਸਤਿਕਾਰ ਨਾਲ ਜੁੜੇ ਰਿਸ਼ਤੇ ਅਸਲ ਵਿੱਚ ਹੀ ਇਕ-ਦੂਜੇ ਦੀਆਂ ਭਾਵਨਾਵਾਂ ਅਤੇ ਵਿਚਾਰਾਂ ਨੂੰ ਸਮਝ ਸਕਦੇ ਹਨ । ਆਦਰ-ਸਤਿਕਾਰ ਤੋਂ ਕੋਰੇ ਰਿਸ਼ਤਿਆਂ ਨੇ ਜੀਵਨ ਵਿੱਚ ਨਿਰਾਸ਼ਾ, ਖਟਾਸ ਅਤੇ ਤਣਾਅ ਹੀ ਪੈਦਾ ਕੀਤਾ ਹੈ । ਸਭ ਦਾ ਸਤਿਕਾਰ ਦੀ ਅਸਲ ਵਿਚ ਖ਼ੁਸ਼ੀ, ਸਕੂਨ ਅਤੇ ਸਭ ਸੁੱਖਾਂ ਦਾ ਆਧਾਰ ਬਣਦਾ ਹੈ । ਅੱਜ ਲੋੜ ਹੈ ਕਿ ਦਿਨੋਂ-ਦਿਨ ਸਿਮਟ ਰਹੇ ਰਿਸ਼ਤਾਂ ਨੂੰ ਸਤਿਕਾਰ ਦੇਈਏ ਅਤੇ ਹਰ ਹੀਲੇ ਉਨ੍ਹਾਂ ਨੂੰ ਬਚਾਉਣ ਦੀ ਕੋਸ਼ਿਸ਼ ਕਰੀਏ । ਸਤਿਕਾਰ ਹਰ ਰਿਸ਼ਤੇ ਦੀ ਨੀਂਹ ਹੁੰਦਾ ਹੈ ।ਸਤਿਕਾਰ ਸਿਰਫ਼ ਉਨ੍ਹਾਂ ਲੋਕਾਂ ਲਈ ਹੀ ਨਹੀਂ ਹੋਣਾ ਚਾਹੀਦਾ ਜਿਨ੍ਹਾਂ ਨੂੰ ਅਸੀਂ ਜਾਣਦੇ ਹਾਂ । ਸਤਿਕਾਰ ਅਜਨਬੀਆਂ, ਬਜ਼ੁਰਗਾਂ ਤੇ ਵੱਖ ਵੱਖ ਵਿਸ਼ਵਾਸਾਂ ਵਾਲੇ ਲੋਕਾਂ ਲਈ ਵੀ ਹੋਣਾ ਚਾਹੀਦਾ ਹੈ । ਸਤਿਕਾਰ ਸ਼ਾਂਤਮਈ ਤੇ ਇਕਜੁੱਟ ਸਮਾਜ ਦੇ ਨਿਰਮਾਨ ਵਿੱਚ ਮਦਦ ਕਰਦਾ ਹੈ । ਸਤਿਕਾਰ ਮਜ਼ਬੂਤ ਤੇ ਲੰਮੇ ਸਮੇਂ ਤੱਕ ਚੱਲਣ ਵਾਲੇ ਰਿਸ਼ਤਿਆਂ ਦੀ ਕੁੰਜੀ ਹੈ । ਸਕੂਲਾਂ ਅਤੇ ਕੰਮ-ਕਾਜ ਵਾਲੀਆਂ ਥਾਵਾਂ 'ਤੇ ਸਤਿਕਾਰ ਸਕਾਰਾਤਮਕ ਵਾਤਾਵਰਨ ਬਣਾਉਂਦਾ ਹੈ ।ਸਕੂਲਾਂ ਵਿੱਚ ਵਿਦਿਆਰਥੀ ਅਧਿਆਪਕਾਂ ਦਾ ਸਤਿਕਾਰ ਕਰਕੇ ਚੰਗੀ ਤਰ੍ਹਾਂ ਸਿੱਖਦੇ ਹਨ । ਜਦੋਂ ਸਾਥੀ ਇਕ-ਦੂਜੇ ਦਾ ਸਤਿਕਾਰ ਕਰਦੇ ਹਨ ਤਾਂ ਟੀਮ ਵਰਕ ਹੋਰ ਮਜ਼ਬੂਤ ਅਤੇ ਸਫ਼ਲ ਹੁੰਦਾ ਹੈ । ਘਰਾਂ ਵਿਚ ਜਦੋਂ ਬੱਚੇ ਆਪਣੇ ਮਾਪਿਆਂ ਦਾ ਸਤਿਕਾਰ ਕਰਦੇ ਹਨ ਅਤੇ ਮਾਪੇ ਆਪਣੇ ਬੱਚਿਆਂ ਦੇ ਵਿਚਾਰਾਂ ਨੂੰ ਮਾਣਦੇ ਹਨ ਤਾਂ ਇਹ ਸਿਹਤਮੰਦ ਪਰਿਵਾਰਕ ਮਾਹੌਲ ਬਣਾਉਂਦਾ ਹੈ । ਦੋਸਤੀ ਵਿੱਚ ਸਤਿਕਾਰ ਸਾਨੂੰ ਸਚਾਈ ਤੇ ਵਫ਼ਾਦਾਰੀ ਬਣਾਈ ਰੱਖਣ ਵਿੱਚ ਮਦਦ ਕਰਦਾ ਹੈ । ਰਿਸ਼ਤਿਆਂ ਵਿਚ ਨਿੱਘ ਲਿਆਉਣ ਲਈ ਸਭ ਤੋਂ ਪਹਿਲਾਂ ਸਾਨੂੰ ਹੋਰਾਂ ਦਾ ਸਤਿਕਾਰ ਕਰਨਾ ਸਿੱਖਣਾ ਚਾਹੀਦਾ ਹੈ। ਸਮਾਜ ਵਿੱਚ ਰਿਸ਼ਤਿਆਂ ਦੀ ਮਹੱਤਤਾ ਹੌਲੀ-ਹੌਲੀ ਘਟਦੀ ਜਾ ਰਹੀ ਹੈ । ਇਸ ਦੇ ਕਈ ਕਾਰਨ ਹੋ ਸਕਦੇ ਹਨ । ਪਹਿਲਾਂ ਰਿਸ਼ਤਿਆਂ ਵਿਚ ਨੇੜਤਾ, ਵਿਸ਼ਵਾਸ ਤੇ ਕੁਰਬਾਨੀ ਹੁੰਦੀ ਸੀ ਪਰ ਹੁਣ ਰਿਸ਼ਤਿਆਂ ਵਿਚ ਸੁਆਰਥ, ਲਾਲਚ ਤੇ ਦਿਖਾਵੇ ਨੇ ਇਸ ਦੀ ਜਗ੍ਹਾ ਲੈ ਲਈ ਹੈ। ਅੱਜ-ਕੱਲ੍ਹ ਮਾਪਿਆਂ, ਭੈਣ-ਭਰਾਵਾਂ, ਪਤੀ-ਪਤਨੀ ਦੇ ਦੋਸਤਾਂ ਵਿੱਚ ਵੀ ਸਵਾਰਥ ਤੇ ਲਾਲਚ ਭਾਰੂ ਹੋ ਰਿਹਾ ਹੈ। ਪਰਵਾਰ ਦੇ ਮੈਂਬਰ ਵੀ ਇਕ-ਦੂਜੇ ਦੀਆਂ ਜਾਨਾਂ ਨੂੰ ਖ਼ਤਰੇ ਵਿਚ ਪਾ ਰਹੇ ਹਨ । ਨਿੱਕੀਆਂ-ਨਿੱਕੀਆਂ ਗੱਲਾਂ 'ਤੇ ਲੜਾਈ-ਝਗੜੇ ਹੋ ਰਹੇ ਹਨ । ਵਿੱਤੀ ਦਬਾਅ ਰਿਸ਼ਤਿਆਂ ਵਿੱਚ ਤਣਾਅ ਤੇ ਨਿੱਜੀ ਇਛਾਵਾਂ ਦਾ ਟਕਰਾਅ ਲੋਕਾਂ ਨੂੰ ਮਾਨਸਿਕ ਤੌਰ 'ਤੇ ਅਸਥਿਰ ਬਣਾ ਰਿਹਾ ਹੈ । ਮੌਜੂਦਾ ਦੌਰ ਵਿੱਚ ਰਿਸ਼ਤੇ ਸਵਾਰਥ ਦੇ ਹੀ ਰਹਿ ਗਏ ਹਨ, ਨਿਰਸਵਾਰਥ ਰਿਸ਼ਤੇ ਘਟ ਗਏ ਹਨ । ਵਰਤਮਾਨ ਸਮੇਂ ਰਿਸ਼ਤੇਦਾਰੀਆਂ ਵਿਚ ਜੇਕਰ ਖਟਾਸ ਨਹੀਂ ਤਾਂ ਬਹੁਤੀ ਮਿਠਾਸ ਵੀ ਨਹੀਂ । ਇਸ ਦੇ ਬਾਵਜੂਦ ਸਮਾਜ ਵਿੱਚ ਅੱਜ ਵੀ ਬਹੁਤ ਸਾਰੇ ਲੋਕ ਹਨ, ਜੋ ਪਿਆਰ ਅਤੇ ਸਹਿਯੋਗ ਨਾਲ ਰਹਿੰਦੇ ਹਨ । ਚੁਗਲੀਆਂ ਨੇ ਵੀ ਰਿਸ਼ਤਿਆਂ ਨੂੰ ਖੋਰਾ ਲਾਇਆ ਹੈ । ਚੁੱਗਲੀ ਇਕ ਐਸੀ ਬਿਮਾਰੀ ਹੈ, ਜੋ ਹੌਲੇ-ਹੌਲੇ ਪਰਵਾਰਾਂ, ਦੋਸਤੀਆਂ ਤੇ ਸਮਾਜਿਕ ਏਕਤਾ ਨੂੰ ਖੋਖਲਾ ਕਰ ਦਿੰਦੀ ਹੈ । ਰਿਸ਼ਤਿਆਂ ਦੀ ਖ਼ੂਬਸੂਰਤੀ ਭਰੋਸੇ ਅਤੇ ਸਚਾਈ 'ਤੇ ਟਿਕੀ ਹੋਈ ਹੈ । ਜਦੋਂ ਚੁਗਲੀ ਰੂਪੀ ਕੋਈ ਝੂਠੀ ਜਾਂ ਅਧੂਰੀ ਗੱਲ ਇਕ ਕੰਨ ਤੋਂ ਦੂਜੇ ਕੰਨ ਤੱਕ ਪਹੁੰਚਦੀ ਹੈ ਤਾਂ ਉਹ ਭਰੋਸੇ ਦੀ ਕੰਧ ਵਿੱਚ ਦਰਾਰ ਪਾ ਦਿੰਦੀ ਹੈ ।ਰਿਸ਼ਤੇ ਬਣਾਉਂਣੇ ਬਹੁਤ ਔਖੇ ਹਨ, ਪਰ ਚੁਗਲੀ ਨਾਲ ਰਿਸ਼ਤਿਆਂ ਨੂੰ ਗਵਾਉਣਾ ਬਹੁਤ ਆਸਾਨ ਹੈ । ਸਾਨੂੰ ਖੁਦ ਚੁਗਲੀ ਕਰਨ ਤੇ ਚੁਗਲੀਆਂ ਸੁਣਨ ਤੋਂ ਬਚਣਾ ਚਾਹੀਦਾ ਹੈ । ਜੇਕਰ ਅਸੀਂ ਪਿਆਰ, ਭਰੋਸੇ ਅਤੇ ਸਚਾਈ ਨੂੰ ਆਪਣੀ ਜ਼ਿੰਦਗੀ ਦਾ ਹਿੱਸਾ ਬਣਾ ਲਵਾਂਗੇ ਤਾਂ ਕੋਈ ਵੀ ਚੁਗਲੀ ਰਿਸ਼ਤਿਆਂ ਦੇ ਬੰਧਨ ਨੂੰ ਨਹੀਂ ਤੋੜ ਸਕੇਗੀ ।

ਪੁਰਾਣੇ ਸਮਿਆਂ ਦੇ ਵਿਚ ਲੋਕਾਂ ਵਿਚ ਆਪਸੀ ਮੋਹ-ਪਿਆਰ ਅਤੇ ਮੁਹੱਬਤ ਹੋਇਆ ਕਰਦੀ ਸੀ । ਲੋਕ ਇਕ-ਦੂਜੇ ਨੂੰ ਮਿਲਣ ਦੀ ਤਾਂਘ ਰੱਖਿਆ ਕਰਦੇ ਸਨ । ਉਨ੍ਹਾਂ ਸਮਿਆਂ ਵਿੱਚ ਲੋਕਾਂ ਵਿਚ ਦਿਖਾਵੇ ਦੇ ਰਿਸ਼ਤੇ ਨਹੀਂ ਸਨ, ਸਗੋਂ ਭਾਵਨਾ ਭਰਪੂਰ ਅਤੇ ਰੂਹਾਂ ਦੇ ਅਸਲ ਰਿਸ਼ਤੇ ਹੋਇਆ ਕਰਦੇ ਸਨ । ਲੋਕ ਇਕ-ਦੂਜੇ ਨੂੰ ਮਿਲ ਕੇ ਦੁੱਖ-ਸੁੱਖ ਫਰੋਲਿਆ ਕਰਦੇ ਸਨ । ਲੋਕ ਇਕ-ਦੂਜੇ ਨੂੰ ਦਿਲੋਂ ਪਿਆਰ ਕਰਿਆ ਕਰਦੇ ਸਨ ਅਤੇ ਇਕ ਦੂਜੇ ਨਾਲ ਦਿਲ ਦੀਆਂ ਗੱਲਾਂ ਸਾਂਝੀਆਂ ਕਰਿਆ ਕਰਦੇ ਸਨ । ਇਕ-ਦੂਜੇ ਤੋਂ ਕੋਹਾਂ ਦੂਰ ਬੈਠੇ ਹੋਣ ਦੇ ਬਾਵਜੂਦ ਉਨ੍ਹਾਂ ਅੰਦਰ ਦਿਲਾਂ ਦੀ ਸਾਂਝ ਜ਼ਰੂਰ ਹੋਇਆ ਕਰਦੀ ਸੀ । ਲੋਕ ਇਕ-ਦੂਜੇ ਨੂੰ ਸਤਿਕਾਰ ਦਿੰਦੇ ਸਨ ।

ਮਿੱਠੀ ਬੋਲ-ਬਾਣੀ ਰਿਸ਼ਤਿਆਂ ਨੂੰ ਸੰਜੋਈ ਰੱਖਦੀ ਹੈ ।ਕੁਝ ਲੋਕ ਸਿਰਫ਼ ਆਪਣੇ ਕਿਸੇ ਸੁਆਰਥ ਨੂੰ ਪੂਰਾ ਕਰਨ ਹਿੱਤ ਹੀ ਸਲੀਕੇ ਦੀ ਭਾਸ਼ਾ ਵਰਤਦੇ ਹਨ । ਮਨੋਰਥ ਪੂਰਾ ਹੋ ਜਾਣ 'ਤੇ ਉਹੀ ਲੋਕ ਅਗਲੇ ਨੂੰ ਟੁੱਟ-ਟੁੱਟ ਕੇ ਪੈਂਦੇ ਹਨ । ਗੁਰੂ ਨਾਨਕ ਸਾਹਿਬ ਫਰਮਾਉਂਦੇ ਹਨ :- 'ਜਿਤੁ ਬੋਲਿਐ ਪਤਿ ਪਾਈਐ ਸੋ ਬੋਲਿਆ ਪਰਵਾਣੁ '॥ ਭਾਵ ਉਹੀ ਬੋਲ ਬੋਲਿਆ ਹੋਇਆ ਸੁਚੱਜਾ ਹੈ, ਜਿਸ ਦੇ ਬੋਲਣ ਨਾਲ ਆਦਰ ਮਿਲਦਾ ਹੈ । ਇਹ ਦੋ ਮਿੱਠੇ ਬੋਲ ਹੀ ਹਨ, ਜੋ ਮਨੁੱਖ ਨੂੰ ਮਨੁੱਖ ਨਾਲ ਜੋੜ ਕੇ ਰੱਖਦੇ ਹਨ । ਇਕ ਚੰਗਾ ਰਿਸ਼ਤਾ ਸਾਨੂੰ ਮਾਨਸਿਕ ਸਕੂਨ ਦਿੰਦਾ ਹੈ ਅਤੇ ਜੀਵਨ ਦੀਆਂ ਔਖੀਆਂ ਘੜੀਆਂ ਵਿਚ ਮਜ਼ਬੂਤ ਸਹਾਰਾ ਬਣਦਾ ਹੈ।ਰਿਸ਼ਤਿਆਂ ਤੋਂ ਬਿਨਾਂ ਇਨਸਾਨ ਦੀ ਜ਼ਿੰਦਗੀ ਅਜਿਹੇ ਰੁੱਖ ਵਰਗੀ ਹੁੰਦੀ ਹੈ, ਜਿਸ 'ਤੇ ਨਾ ਕੋਈ ਫਲ ਲੱਗਦਾ ਹੈ ਅਤੇ ਨਾ ਹੀ ਕੋਈ ਪੰਛੀ ਬੈਠਦਾ ਹੈ । ਕਿਸੇ ਵੀ ਰਿਸ਼ਤੇ ਨੂੰ ਮਜ਼ਬੂਤ ਬਣਾਉਣ ਲਈ ਵਿਸ਼ਵਾਸ ਅਤੇ ਸਤਿਕਾਰ ਦੀ ਬਹੁਤ ਲੋੜ ਹੁੰਦੀ ਹੈ । ਰਿਸ਼ਤਿਆਂ ਵਿਚ ਨਿੱਜੀ ਆਜ਼ਾਦੀ ਅਤੇ ਇਕ-ਦੂਜੇ ਦੇ ਵਿਚਾਰਾਂ ਦਾ ਸਨਮਾਨ ਕਰਨਾ ਬਹੁਤ ਜ਼ਰੂਰੀ ਹੈ । ਰਿਸ਼ਤਿਆਂ ਨੂੰ ਸਮਾਂ ਦੇਣਾ ਅਤੇ ਉਨ੍ਹਾਂ ਦੀ ਕਦਰ ਕਰਨੀ ਬੇਹੱਦ ਜ਼ਰੂਰੀ ਹੈ । ਰਿਸ਼ਤਿਆਂ ਨੂੰ ਗੁਆ ਦੇਣ ਤੋਂ ਬਾਅਦ ਸਿਰਫ਼ ਪਛਤਾਵਾ ਹੀ ਬਚਦਾ ਹੈ ।ਜ਼ਿੰਦਗੀ ਦਾ ਸਫ਼ਰ ਬਹੁਤ ਛੋਟਾ ਹੈ । ਪਤਾ ਨਹੀਂ ਕਦੋਂ ਮੁਕ ਜਾਵੇ । ਛੋਟੀਆਂ-ਛੋਟੀਆਂ ਗੱਲਾਂ 'ਤੇ ਮਾਫ਼ ਕਰਨਾ ਅਤੇ ਸ਼ੁਕਰਗੁਜ਼ਾਰ ਹੋਣਾ ਰਿਸ਼ਤਿਆਂ ਵਿਚ ਨਵੀਂ ਰੂਹ ਫੂਕ ਦਿੰਦਾ ਹੈ । ਸਾਨੂੰ ਰਿਸ਼ਤਿਆਂ ਦੀ ਮਹਿਕ ਨੂੰ ਬਰਕਰਾਰ ਰੱਖਣ ਲਈ ਹਮੇਸ਼ਾ ਯਤਨਸ਼ੀਲ ਰਹਿਣਾ ਚਾਹੀਦਾ ਹੈ । ਪਿਆਰ, ਸਹਿਯੋਗ ਅਤੇ ਸਮਝਦਾਰੀ ਨਾਲ ਰਿਸ਼ਤਿਆਂ ਨੂੰ ਮਜ਼ਬੂਤ ਬਣਾਇਆ ਜਾ ਸਕਦਾ ਹੈ ।

ਸੰਪਰਕ : 98146-62260

ਲਿਬਰੇਸ਼ਨ ਵੱਲੋਂ ਵਿਦਿਆਰਥੀਆਂ ਦੇ ਅੰਦੋਲਨ ਦੀ ਹਮਾਇਤ, ਸਿੱਖਿਆ ਮੰਤਰੀ ਦੇ ਅਸਤੀਫੇ ਦੀ ਮੰਗ

ਭੀਖੀ (ਗੁਰਿੰਦਰ ਸਿੰਘ ਔਲਖ)

ਦਿੱਲੀ ਜੰਤਰ ਮੰਤਰ 'ਤੇ ਵਿਦਿਆਰਥੀ ਨੌਜਵਾਨਾਂ ਵਲੋਂ ਸਿੱਖਿਆ ਬਚਾਉਣ ਲਈ, ਪੇਪਰ ਲੀਕ ਵਿੱਚ ਦੋਸ਼ੀਆਂ ਤੇ ਸਰਕਾਰ ਵੱਲੋਂ ਪੇਪਰ ਲੀਕ ਮਾਮਲੇ ਦੀ ਜਿੰਮੇਵਾਰੀ ਲੈ ਕੇ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਦਾ ਅਸਤੀਫਾ ਲੈਣ ਲਈ ਚੱਲ ਰਹੇ ਅੰਦੋਲਨ ਤੇ ਭੁੱਖ ਹੜਤਾਲ ਦੇ ਸਮਰਥਨ ਵਿੱਚ ਬੁੱਧਵਾਰ ਨੂੰ ਭੀਖੀ ਵਿਖੇ ਸੀ ਪੀ ਆਈ ਐਮ ਐਲ ਲਿਬਰੇਸ਼ਨ ਤੇ ਮਜ਼ਦੂਰ ਮੁਕਤੀ ਮੋਰਚਾ ਵੱਲੋਂ ਮੁਜ਼ਾਹਰਾ ਕਰਕੇ ਇੱਕ ਰੈਲੀ ਮੇਨ ਸੜਕ 'ਤੇ ਕੀਤੀ ਗਈ। ਇਸ ਰੈਲੀ ਨੂੰ ਸੰਬੋਧਨ ਕਰਦਿਆਂ ਪਾਰਟੀ ਦੇ ਕੇਂਦਰੀ ਮੈਂਬਰ ਕਾਮਰੇਡ ਰਾਜਵਿੰਦਰ ਸਿੰਘ ਰਾਣਾ, ਸ਼ਹਿਰੀ ਸਕੱਤਰ ਕਾਮਰੇਡ ਧਰਮਪਾਲ ਨੀਟਾ, ਮੋਰਚਾ ਦੇ ਜ਼ਿਲਾ ਪ੍ਰਧਾਨ ਬਲਵਿੰਦਰ ਸਿੰਘ ਘਰਾਣਾ ਤੇ ਜਿਲਾ ਮੈਂਬਰ ਦਿਨੇਸ਼ ਸੋਨੀ ਨੇ ਕਿਹਾ ਕਿ ਦੇਸ਼ ਦਾ ਭਵਿੱਖ ਹੈ ਨੌਜਵਾਨ, ਸਿੱਖਿਆ ਜਿਸ ਦੇ ਉੱਪਰ ਦੇਸ਼ ਦਾ ਢਾਂਚਾ ਚੱਲਣਾ ਹੈ, ਵਿੱਚ ਵੱਡੇ ਪੱਧਰ 'ਤੇ ਘਪਲੇ ਹੋ ਰਹੇ ਨੇ। ਪੇਪਰ ਲਗਾਤਾਰ ਲੀਕ ਹੋ ਰਹੇ ਨੇ। ਗਰੀਬ ਪਰਿਵਾਰਾਂ ਦੇ ਬੱਚੇ ਬੜੀਆਂ ਮਿਹਨਤਾਂ ਕਰਕੇ ਪੜ੍ਹਦੇ ਨੇ ਪਰ ਪੇਪਰ ਲੀਕ ਕਰਵਾ ਕੇ ਸਾਰਾ ਸੱਤਿਆਨਾਸ ਕਰ ਦਿੱਤਾ ਜਾਂਦਾ ਹੈ ਤੇ ਸਰਕਾਰ ਪੇਪਰ ਰੱਦ ਕਰ ਦਿੰਦੀ ਹੈ। ਜਿਸ ਕਾਰਨ ਕਿੰਨੇ ਹੀ ਬੱਚੇ ਖੁਦਕੁਸ਼ੀਆਂ ਕਰ ਚੁੱਕੇ ਨੇ।ਇੰਨੀ ਨਿਕੰਮੀ ਸਰਕਾਰ ਪਹਿਲਾਂ ਕਦੇ ਨਹੀਂ ਵੇਖੀ।ਆਗੂਆਂ ਨੇ ਕਿਹਾ ਕਿ ਸਿੱਖਿਆ ਮੰਤਰੀ ਦਾ ਤੁਰੰਤ ਅਸਤੀਫ਼ਾ ਲਿਆ ਜਾਵੇ ਤੇ ਹਰ ਪੱਧਰ ਦੇ ਦੋਸ਼ੀਆਂ 'ਤੇ ਸਖਤ ਕਾਰਵਾਈ ਕੀਤੀ ਜਾਵੇ। ਸਰਕਾਰ ਖੁਦਕਸ਼ੀ ਪੀੜ੍ਹਤ ਪਰਿਵਾਰਾਂ ਨੂੰ ਮੁਆਵਜਾ ਦੇਵੇ।ਇਸ ਰੈਲੀ ਵਿਚ ਦਵਿੰਦਰ ਸਿੰਘ, ਵੀਰਭੁਸ਼ਨ ਆਗੂ ਇਨਕਲਾਬੀ ਨੌਜਵਾਨ ਸਭਾ, ਜਸਵੰਤ ਸਿੰਘ, ਭੂਰਾ ਸਿੰਘ, ਮਲਕੀਤ ਸਮਾਉਂ, ਕੌਰ ਸਿੰਘ, ਬੂਟਾ ਜੋਗੀਪੀਰ, ਰਘਵੀਰ ਸਿੰਘ ਕੁੰਵਰਪਲ, ਸੰਤੂ ਰਾਮ ਆਦਿ ਸਾਥੀ ਵੱਡੀ ਗਿਣਤੀ ਆਗੂ ਤੇ ਵਰਕਰ ਸ਼ਾਮਿਲ ਸਨ।

84 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਦੋ ਨਵੇਂ ਟਿਊਬਵੈੱਲਾਂ ਦਾ ਅਮਨ ਅਰੋੜਾ ਵੱਲੋਂ ਉਦਘਾਟਨ

ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)

ਕੈਬਨਿਟ ਮੰਤਰੀ ਸ਼੍ਰੀ ਅਮਨ ਅਰੋੜਾ ਨੇ ਕਰੀਬ 84 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਕੀਤੇ ਗਏ ਦੋ ਨਵੇਂ ਟਿਊਬਵੈੱਲਾਂ ਦਾ ਉਦਘਾਟਨ ਕੀਤਾ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦਾ ਮੁੱਖ ਉਦੇਸ਼ ਲੋਕਾਂ ਨੂੰ ਬਿਹਤਰ ਬੁਨਿਆਦੀ ਸਹੂਲਤਾਂ ਮੁਹੱਈਆ ਕਰਾਉਣਾ ਹੈ ਤੇ ਇਸੇ ਸੋਚ ਤਹਿਤ ਸ਼ਹਿਰ ਵਿੱਚ ਪੀਣ ਵਾਲੇ ਪਾਣੀ ਦੀ ਸਮੱਸਿਆ ਦੇ ਸਥਾਈ ਹੱਲ ਲਈ ਲਗਾਤਾਰ ਕੰਮ ਕੀਤਾ ਜਾ ਰਿਹਾ ਹੈ।ਕੈਬਨਿਟ ਮੰਤਰੀ ਨੇ ਦੱਸਿਆ ਕਿ ਸੁਨਾਮ ਸ਼ਹਿਰ ਦੇ ਜਿਨ੍ਹਾਂ ਇਲਾਕਿਆਂ ਵਿੱਚ ਲੰਮੇ ਸਮੇਂ ਤੋਂ ਪਾਣੀ ਦੀ ਕਿੱਲਤ ਰਹਿੰਦੀ ਸੀ। ਉਨ੍ਹਾਂ ਦੀ ਪਛਾਣ ਕਰਨ ਉਪਰੰਤ ਇਹ ਦੋਵੇਂ ਟਿਊਬਵੈੱਲ ਸਥਾਪਤ ਕੀਤੇ ਗਏ ਹਨ।

ਉਨ੍ਹਾਂ ਦੱਸਿਆ ਕਿ ਇੱਕ ਟਿਊਬਵੈੱਲ ਰਾਹੀਂ ਪਟਿਆਲਾ ਰੋਡ, ਤਰਕਸ਼ੀਲ ਪਾਰਕ, ਮੋਰਾਂਵਾਲੀ ਤੇ ਮਹਾਰਾਜਾ ਪੈਲੇਸ ਦੇ ਆਸ-ਪਾਸ ਦੇ ਇਲਾਕਿਆਂ ਨੂੰ ਪਾਣੀ ਦੀ ਸਪਲਾਈ ਯਕੀਨੀ ਬਣੇਗੀ, ਜਦਕਿ ਦੂਜਾ ਟਿਊਬਵੈੱਲ ਭਗਵਾਨ ਵਾਲਮੀਕਿ ਮੈਮੋਰੀਅਲ ਪਾਰਕ ਨੇੜੇ ਸਥਾਪਤ ਕੀਤਾ ਗਿਆ ਹੈ, ਜਿਸ ਨਾਲ ਨੇੜਲੇ ਬਾਜ਼ਾਰ, ਸਿਨੇਮਾ ਰੋਡ ਅਤੇ ਹੋਰ ਨੇੜਲੇ ਇਲਾਕਿਆਂ ਦੇ ਹਜ਼ਾਰਾਂ ਵਸਨੀਕਾਂ ਨੂੰ ਲਾਭ ਮਿਲੇਗਾ।ਉਨ੍ਹਾਂ ਕਿਹਾ ਕਿ ਇਹ ਪ੍ਰੋਜੈਕਟ ਸਿਰਫ਼ ਨਵੇਂ ਟਿਊਬਵੈੱਲ ਲਾਉਣ ਤੱਕ ਸੀਮਤ ਨਹੀਂ, ਸਗੋਂ ਸ਼ਹਿਰ ਦੀ ਪਾਣੀ ਸਪਲਾਈ ਪ੍ਰਣਾਲੀ ਨੂੰ ਮਜ਼ਬੂਤ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਹੈ।ਉਨ੍ਹਾਂ ਕਿਹਾ ਕਿ ਜਿੱਥੇ-ਜਿੱਥੇ ਪਾਣੀ ਦੀ ਸਮੱਸਿਆ ਸਾਹਮਣੇ ਆ ਰਹੀ ਹੈ, ਉੱਥੇ ਲੋੜ ਅਨੁਸਾਰ ਹੋਰ ਪ੍ਰੋਜੈਕਟ ਵੀ ਲਿਆਂਦੇ ਜਾਣਗੇ।ਸ਼ਹਿਰ ਦੀਆਂ ਸੜਕਾਂ ਬਾਰੇ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ ਜਿਨ੍ਹਾਂ ਥਾਵਾਂ 'ਤੇ ਸੜਕਾਂ ਦੀ ਮੁਰੰਮਤ, ਨਵੀਆਂ ਸੜਕਾਂ, ਇੰਟਰਲਾਕਿੰਗ ਟਾਈਲਾਂ ਜਾਂ ਹੋਰ ਵਿਕਾਸ ਕਾਰਜ ਹੋਣੇ ਹਨ, ਉਨ੍ਹਾਂ ਦੀ ਪੂਰੀ ਪਛਾਣ ਕੀਤੀ ਜਾ ਚੁੱਕੀ ਹੈ।ਬਰਸਾਤੀ ਮੌਸਮ ਕਾਰਨ ਕੁਝ ਕੰਮਾਂ ਵਿੱਚ ਅਸਥਾਈ ਦੇਰੀ ਹੋ ਸਕਦੀ ਹੈ, ਪਰ ਮੌਸਮ ਅਨੁਕੂਲ ਹੁੰਦਿਆਂ ਹੀ ਸਾਰੇ ਵਿਕਾਸ ਕਾਰਜ ਜੰਗੀ ਪੱਧਰ 'ਤੇ ਮੁਕੰਮਲ ਕੀਤੇ ਜਾਣਗੇ।

ਅੰਡਰਬ੍ਰਿਜ਼ 'ਚ ਪਾਣੀ ਭਰਨ ਦੀ ਸਮੱਸਿਆ ਬਾਰੇ ਕੈਬਨਿਟ ਮੰਤਰੀ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਦੌਰਾਨ ਪੁਰਾਣੇ ਅੰਡਰਬ੍ਰਿਜ਼ ਦੀ ਉਸਾਰੀ ਦੌਰਾਨ ਤਕਨੀਕੀ ਖਾਮੀਆਂ ਰਹਿ ਗਈਆਂ ਸਨ, ਜਿਸ ਕਾਰਨ ਉਥੇ ਬਰਸਾਤ ਵਿੱਚ ਪਾਣੀ ਇਕੱਠਾ ਹੋ ਜਾਂਦਾ ਹੈ।ਇਸ ਸਮੱਸਿਆ ਦੇ ਸਥਾਈ ਹੱਲ ਲਈ ਸੀਵਰੇਜ ਬੋਰਡ ਤੇ ਲੋਕ ਨਿਰਮਾਣ ਵਿਭਾਗ ਦੇ ਸੀਨੀਅਰ ਇੰਜਨੀਅਰਾਂ ਨਾਲ ਲਗਾਤਾਰ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ।ਉਨ੍ਹਾਂ ਕਿਹਾ ਕਿ ਨਵੇਂ ਅੰਡਰਬ੍ਰਿਜ਼ ਦੇ ਨਿਰਮਾਣ ਸਮੇਂ ਇਹ ਯਕੀਨੀ ਬਣਾਇਆ ਗਿਆ ਹੈ ਕਿ ਮੀਂਹ ਦਾ ਪਾਣੀ ਅੰਦਰ ਨਾ ਜਾਵੇ ਅਤੇ ਜੇਕਰ ਕਿਸੇ ਹਾਲਤ ਵਿੱਚ ਪਾਣੀ ਇਕੱਠਾ ਹੁੰਦਾ ਹੈ ਤਾਂ ਉਸ ਨੂੰ ਤੁਰੰਤ ਬਾਹਰ ਕੱਢਣ ਲਈ ਢੁਕਵਾਂ ਪੰਪਿੰਗ ਸਿਸਟਮ ਵੀ ਮੌਜੂਦ ਹੋਵੇ।

ਉਨ੍ਹਾਂ ਕਿਹਾ ਕਿ ਉਹ ਲੋਕਾਂ ਨਾਲ ਝੂਠੇ ਵਾਅਦੇ ਕਰਨ ਵਿੱਚ ਵਿਸ਼ਵਾਸ ਨਹੀਂ ਰੱਖਦੇ, ਜਿਹੜਾ ਵੀ ਹੱਲ ਕੀਤਾ ਜਾਵੇਗਾ, ਉਹ ਤਕਨੀਕੀ ਮਾਹਿਰਾਂ ਦੀ ਸਲਾਹ ਅਤੇ ਲੰਮੇ ਸਮੇਂ ਦੀ ਯੋਜਨਾ ਨੂੰ ਧਿਆਨ ਵਿੱਚ ਰੱਖ ਕੇ ਹੀ ਕੀਤਾ ਜਾਵੇਗਾ।ਸੁਨਾਮ ਦੇ ਮਾਸਟਰ ਪਲਾਨ ਬਾਰੇ ਪੁੱਛੇ ਗਏ ਸਵਾਲ ਦੇ ਜਵਾਬ ਵਿੱਚ ਸ਼੍ਰੀ ਅਮਨ ਅਰੋੜਾ ਨੇ ਦੱਸਿਆ ਕਿ ਹਾਊਸਿੰਗ ਅਤੇ ਉਦਯੋਗ ਵਿਭਾਗ ਦੇ ਅਧਿਕਾਰੀਆਂ ਨੂੰ ਸੁਨਾਮ ਅਤੇ ਧੂਰੀ ਲਈ ਮਾਸਟਰ ਪਲਾਨ ਤਿਆਰ ਕਰਨ ਦੀ ਪ੍ਰਕਿਰਿਆ ਸ਼ੁਰੂ ਕਰਨ ਦੇ ਨਿਰਦੇਸ਼ ਦਿੱਤੇ ਜਾ ਚੁੱਕੇ ਹਨ।ਉਨ੍ਹਾਂ ਕਿਹਾ ਕਿ ਇਹ ਇੱਕ ਤਕਨੀਕੀ ਤੇ ਸਮਾਂ ਲੈਣ ਵਾਲੀ ਪ੍ਰਕਿਰਿਆ ਹੈ, ਪਰ ਸਰਕਾਰ ਇਸ ਨੂੰ ਤਰਜੀਹ ਦੇ ਆਧਾਰ 'ਤੇ ਅੱਗੇ ਵਧਾ ਰਹੀ ਹੈ ਤਾਂ ਜੁ ਆਉਣ ਵਾਲੇ ਸਾਲਾਂ ਵਿੱਚ ਸ਼ਹਿਰ ਦਾ ਯੋਜਨਾਬੱਧ ਅਤੇ ਟਿਕਾਊ ਵਿਕਾਸ ਯਕੀਨੀ ਬਣਾਇਆ ਜਾ ਸਕੇ।

ਅੱਜ ਭੋਗ 'ਤੇ ਵਿਸ਼ੇਸ਼

ਨਿਧੜਕ ਪੱਤਰਕਾਰ ਬਲਦੇਵ ਸਿੰਘ ਸਿੱਧੂ

ਪੰਜਾਬੀ ਸਾਹਿਤ ਦਾ ਪਾਠਕ, ਸੀਨੀਅਰ ਪੱਤਰਕਾਰ ਬਲਦੇਵ ਸਿੰਘ ਸਿੱਧੂ ਨਹੀਂ ਰਿਹਾ।ਅਜੇ ਕੁੱਝ ਦਿਨ ਪਹਿਲਾਂ (18 ਜੂਨ) ਉਸ ਦਾ ਜਨਮ ਦਿਨ ਸੀ।ਉਸ ਦੇ ਮਿੱਤਰਾਂ, ਲੰਮੀ ਉਮਰ ਤੇ ਤੰਦਰੁਸਤ ਜੀਵਨ ਦੀਆਂ ਦੁਆਵਾਂ ਦਿੱਤੀਆਂ ਸਨ।ਇਹ ਚਿੱਤ-ਚੇਤੇ ਵੀ ਨਹੀਂ ਸੀ ਕਿ 52 ਸਾਲ ਦੀ ਭਰਵੀਂ ਖੁਸ਼ਹਾਲ ਅਤੇ ਸਿਹਤਯਾਬ ਜ਼ਿੰਦਗੀ ਦਰਮਿਆਨ ਆਪਣੇ ਪਰਵਾਰ, ਰਿਸ਼ਤੇਦਾਰਾਂ, ਦੋਸਤਾਂ, ਸ਼ੁੱਭ ਚਿੰਤਕਾਂ ਨੂੰ ਇੰਜ ਅਚਾਨਕ ਛੱਡ ਕੇ ਤੁਰ ਜਾਵੇਗਾ।ਪਤਨੀ ਰਣਧੀਰ ਨੂੰ ਜ਼ਿੰਦਗੀ ਦੇ ਰਣ 'ਚ ਕੌਣ ਧੀਰ ਬੰਨ੍ਹਾਵੇਗਾ ? ਧੀਆਂ ਸ਼ਵਨੀਤ ਕੌਰ, ਸਿਮਰਨ ਕੌਰ, ਪੁੱਤਰ ਗੁਰਸ਼ਾਂਤ ਸਿੰਘ ਨੇ ਤਾਂ ਅਜੇ ਸੰਘਣੀਆਂ ਛਾਵਾਂ ਮਾਨਣੀਆਂ ਸਨ।ਬਲਦੇਵ ਦਾ ਜਨਮ 18 ਜੂਨ 1974 ਨੂੰ ਸਰਦਾਰ ਜਰਨੈਲ ਸਿੰਘ ਤੇ ਮਾਤਾ ਗੁਰਨਾਮ ਕੌਰ ਦੇ ਘਰ ਭੀਖੀ ਵਿਖੇ ਹੋਇਆ।ਭਰਾ ਮੱਖਣ ਸਿੰਘ ਤੋਂ ਛੋਟਾ ਤੇ ਭੈਣ ਸਵਰਨਜੀਤ ਕੌਰ ਤੋਂ ਵੱਡਾ ਬਲਦੇਵ ਸਿੱਧੂ ਪੜ੍ਹਨ ਵਿੱਚ ਹੁਸ਼ਿਆਰ ਸੀ। ਉਸ ਨੇ ਮੁਢਲੀ ਪੜ੍ਹਾਈ ਸਰਕਾਰੀ ਹਾਈ ਸਕੂਲ ਭੀਖੀ (ਮੁੰਡੇ) ਤੋਂ ਪ੍ਰਾਪਤ ਕੀਤੀ। ਬੀ ਏ ਦੀ ਡਿਗਰੀ ਨੈਸ਼ਨਲ ਕਾਲਜ ਭੀਖੀ ਤੋਂ ਅਤੇ ਪੰਜਾਬੀ ਐੱਮ ਏ, ਪੰਜਾਬੀ ਯੂਨੀਵਰਸਿਟੀ ਪਟਿਆਲਾ ਤੋਂ ਕੀਤੀ।

ਬੀ ਏ ਕਰਦਿਆਂ ਉਸ ਦਾ ਸੰਪਰਕ ਸਾਹਿਤਕ ਤੇ ਪੱਤਰਕਾਰਤਾ ਨਾਲ ਜੁੜੇ ਦੋਸਤਾਂ ਨਾਲ ਹੋਇਆ।ਉਥੋਂ ਉਸ ਨੂੰ ਪੜ੍ਹਨ ਦੀ ਚੇਟਕ ਲੱਗੀ।ਨਾਗਮਣੀ ਤੋਂ ਲੈ ਕੇ ਸਿਰਜਣਾ ਸਮੇਤ ਅਨੇਕ ਮੈਗਜ਼ੀਨ ਉਹ ਪੜ੍ਹਦਾ, ਖ਼ਤ ਲਿਖਦਾ।ਉਸ ਨੂੰ ਕਹਾਣੀਆਂ ਪੜ੍ਹਨ ਦਾ ਬਹੁਤ ਸ਼ੌਕ ਸੀ ਤੇ ਜਲਦੀ ਹੀ ਉਹ ਨਵਯੁਗ ਸਾਹਿਤ ਕਲਾ ਮੰਚ ਭੀਖੀ ਨਾਲ ਜੁੜ ਗਿਆ। ਉਹ ਮੰਚ ਦਾ ਖ਼ਜ਼ਾਨਚੀ ਤੇ ਫਿਰ ਸੀਨੀਅਰ ਮੀਤ ਪ੍ਰਧਾਨ ਰਿਹਾ।ਜਦੋਂ ਭੀਖੀ ਵਿਖੇ ਸ਼ਹੀਦ ਭਗਤ ਸਿੰਘ ਯਾਦਗਾਰੀ ਲਾਇਬਰੇਰੀ ਉਸਾਰਨ ਦਾ ਬੀੜਾ ਚੁੱਕਿਆ ਤਾਂ ਉਹਨਾਂ ਵਿੱਚ ਬਲਦੇਵ ਸਿੱਧੂ ਦਾ ਵਿਸ਼ੇਸ਼ ਯੋਗਦਾਨ ਰਿਹਾ।ਉਸ ਨੇ ਦੂਰ-ਦੁਰਾਡੇ ਥਾਵਾਂ ਤੋਂ ਜਾ ਕੇ ਰਾਸ਼ੀ ਇਕੱਤਰ ਕੀਤੀ ਤੇ ਆਪਣੇ ਸਾਰੇ ਸਰੋਤਾਂ ਤੋਂ ਦਸਵੰਧ ਕੱਢ ਕੇ ਭੀਖੀ ਵਿਖੇ ਲਾਇਬਰੇਰੀ ਉਸਾਰਨ ਵਿੱਚ ਵੱਡਾ ਯੋਗਦਾਨ ਪਾਇਆ, ਜਿਸ ਦੀ ਬਦੌਲਤ ਭੀਖੀ ਕਸਬੇ ਦੇ ਆਲੇ-ਦੁਆਲੇ ਤੋਂ ਕਿੰਨੇ ਹੀ ਪਾਠਕ ਕਿਤਾਬਾਂ ਨਾਲ ਜੁੜ ਗਏ ਤੇ ਆਪਣੀ ਜ਼ਿੰਦਗੀ ਨੂੰ ਹੋਰ ਬਿਹਤਰ ਬਣਾਇਆ।

ਬਲਦੇਵ ਸਿੱਧੂ ਨੇ ਆਪਣਾ ਪੱਤਰਕਾਰੀ ਦਾ ਸਫ਼ਰ ਅਜੀਤ ਅਖ਼ਬਾਰ ਤੋਂ ਸ਼ੁਰੂ ਕੀਤਾ ਅਤੇ ਭੀਖੀ ਵਿਖੇ ਕਈ ਸਾਲ ਅਜੀਤ ਦੀ ਪੱਤਰਕਾਰੀ ਕੀਤੀ। ਉਸ ਤੋਂ ਬਾਅਦ ਹੁਣ ਤੱਕ ਪੰਜਾਬੀ ਜਾਗਰਣ ਅਖ਼ਬਾਰ ਵਿੱਚ ਪੱਤਰਕਾਰੀ ਕੀਤੀ।ਲੋਕਾਂ ਦੀਆਂ ਸਮੱਸਿਆਵਾਂ ਨੂੰ ਅਖ਼ਬਾਰ ਰਾਹੀਂ ਪੇਸ਼ ਕੀਤਾ।ਉਹ ਲੋਕ ਮਸਲਿਆਂ ਨੂੰ ਸੋਸ਼ਲ ਮੀਡੀਆ ਰਾਹੀਂ ਵੀ ਪੇਸ਼ ਕਰਦਾ ਸੀ।ਭੀਖੀ 'ਚ ਬਣੀ ਪੱਤਰਕਾਰ ਐਸੋਸੀਏਸ਼ਨ ਦਾ ਵੀ ਉਹ ਸੀਨੀਅਰ ਅਹੁਦੇਦਾਰ ਰਿਹਾ।ਉਸ ਦੀ ਸਾਫਗੋਈ, ਇਮਾਨਦਾਰੀ ਅਤੇ ਸਪੱਸ਼ਟਤਾ ਦਾ ਕੋਈ ਸਾਨੀ ਨਹੀਂ।ਆਪਣੀ ਗੱਲ ਕਹਿਣ ਲੱਗਿਆਂ ਉਸ ਨੇ ਕਦੇ ਵੀ ਕਿਸੇ ਦੀ ਪਰਵਾਹ ਨਹੀਂ ਕੀਤੀ।ਬਲਦੇਵ ਸਿੱਧੂ ਜਿੰਨਾ ਜ਼ਹੀਨ, ਚੇਤੰਨ ਤੇ ਹੁਨਰਮੰਦ ਸੀ, ਉਸ ਤੋਂ ਵੱਧ ਸਹਿਜ ਸੀ ਤੇ ਕੁਝ-ਕੁਝ ਅਵੇਸਲਾ ਵੀ।ਉਸ ਦੀ ਹਾਜ਼ਰ ਜਵਾਬੀ ਸਭ ਨੂੰ ਨਿਹਾਲ ਕਰ ਦਿੰਦੀ ਸੀ।ਅੱਜ 9 ਜੁਲਾਈ ਨੂੰ ਬਲਦੇਵ ਸਿੰਘ ਸਿੱਧੂ ਨਮਿਤ ਅੰਤਿਮ ਅਰਦਾਸ ਗੁਰਦੁਆਰਾ ਪਾਤਸ਼ਾਹੀ ਨੌਵੀਂ ਭੀਖੀ ਵਿਖੇ ਹੋਵੇਗੀ।

ਗੁਰਿੰਦਰ ਸਿੰਘ ਔਲਖ ਭੀਖੀ

ਕਾਤਰਾਂ

ਸਟੇਟ ਐਵਾਰਡੀ ਹਰਜੀਤ ਸਿੰਘ ਗਰੇਵਾਲ ਨੂੰ ਸਦਮਾ, ਪਤਨੀ ਦਾ ਦਿਹਾਂਤ

ਭਵਾਨੀਗੜ੍ਹ (ਰਾਜ ਖੁਰਮੀ)-ਸਟੇਟ ਐਵਾਰਡੀ ਹਰਜੀਤ ਸਿੰਘ ਗਰੇਵਾਲ ਨੂੰ ਉਸ ਵੇਲੇ ਡੂੰਘਾ ਸਦਮਾ ਪਹੁੰਚਿਆ, ਜਦੋਂ ਉਨ੍ਹਾਂ ਦੀ ਧਰਮ ਪਤਨੀ ਸਰਬਜੀਤ ਕੌਰ ਗਰੇਵਾਲ ਦਾ ਸੰਖੇਪ ਬਿਮਾਰੀ ਤੋਂ ਬਾਅਦ ਬੀਤੇ ਦਿਨ ਅਕਾਲ ਚਲਾਣਾ ਹੋ ਗਿਆ।ਉਨ੍ਹਾਂ ਦੇ ਦਿਹਾਂਤ ਦੀ ਖ਼ਬਰ ਨਾਲ ਇਲਾਕੇ ਵਿੱਚ ਸੋਗ ਦੀ ਲਹਿਰ ਦੌੜ ਗਈ ਅਤੇ ਵੱਖ-ਵੱਖ ਸਮਾਜਿਕ, ਸਿਆਸੀ ਤੇ ਧਾਰਮਿਕ ਵਰਗਾਂ ਵੱਲੋਂ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ।ਸਵਰਗਵਾਸੀ ਸਰਬਜੀਤ ਕੌਰ ਗਰੇਵਾਲ ਦਾ ਅੰਤਮ ਸੰਸਕਾਰ 8 ਜੁਲਾਈ ਨੂੰ ਉਨ੍ਹਾਂ ਦੇ ਜੱਦੀ ਪਿੰਡ ਸਕਰੌਦੀ ਵਿਖੇ ਕੀਤਾ ਗਿਆ। ਇਸ ਮੌਕੇ ਵਿਧਾਇਕ ਨਰਿੰਦਰ ਕੌਰ ਭਰਾਜ, ਸਾਬਕਾ ਮੰਤਰੀ ਪਰਮਿੰਦਰ ਸਿੰਘ ਢੀਂਡਸਾ, ਸਾਬਕਾ ਮੰਤਰੀ ਵਿਜੈਇੰਦਰ ਸਿੰਗਲਾ, ਸੁਰਿੰਦਰਪਾਲ ਸਿੰਘ ਸਿਬੀਆ, ਬਾਬੂ ਪ੍ਰਕਾਸ਼ ਚੰਦ ਗਰਗ, ਕੇਵਲ ਸਿੰਘ ਜਲਾਣ, ਸਰਪੰਚ ਭੋਲਾ ਬਲਿਆਲ, ਗੋਗੀ ਨਰੈਣਗੜ੍ਹ ਅਤੇ ਸੰਯੁਕਤ ਪ੍ਰੈਸ ਕਲੱਬ ਭਵਾਨੀਗੜ੍ਹ ਸਮੇਤ ਕਈ ਆਗੂਆਂ ਤੇ ਪਤਵੰਤਿਆਂ ਨੇ ਹਰਜੀਤ ਸਿੰਘ ਗਰੇਵਾਲ ਅਤੇ ਪੱਤਰਕਾਰ ਗੁਰਪ੍ਰੀਤ ਸਿੰਘ ਸਕਰੌਦੀ ਨਾਲ ਡੂੰਘੀ ਹਮਦਰਦੀ ਪ੍ਰਗਟ ਕਰਦਿਆਂ ਵਿਛੜੀ ਰੂਹ ਦੀ ਆਤਮਿਕ ਸ਼ਾਂਤੀ ਲਈ ਅਰਦਾਸ ਕੀਤੀ।

ਸਵਰਨ ਭੰਗੂ ਦੀ ਯਾਦ 'ਚ ਸਿਮਰਤੀ ਗ੍ਰੰਥ ਲਈ ਕੋਰ ਕਮੇਟੀ ਦਾ ਗਠਨ

ਬਠਿੰਡਾ (ਬਖਤੌਰ ਢਿੱਲੋਂ)-ਮਾਤ ਭਾਸ਼ਾ ਪੰਜਾਬੀ ਦੀ ਲੰਬਾ ਸਮਾਂ ਸੇਵਾ ਕਰਨ ਵਾਲੇ ਲੋਕਾਂ ਦੇ ਹਰਮਨ ਪਿਆਰੇ ਸਾਥੀ ਸਵਰਨ ਭੰਗੂ ਦੀ ਯਾਦ ਨੂੰ ਸਮਰਪਿਤ ਯਾਦਗਾਰੀ ਸਿਮਰਤੀ ਗ੍ਰੰਥ ਤਿਆਰ ਕਰਨ ਲਈ ਇੱਥੇ ਇੱਕ ਵਿਸ਼ੇਸ ਮੀਟਿੰਗ ਹੋਈ, ਜਿਸ ਵਿੱਚ ਇਸ ਕਾਰਜ ਦੀ ਸਫ਼ਲਤਾ ਲਈ ਇੱਕ ਕੋਰ ਕਮੇਟੀ ਦਾ ਗਠਨ ਕੀਤਾ ਗਿਆ। ਕੋਰ ਕਮੇਟੀ ਵਿੱਚ ਪੰਜਾਬੀ ਸਾਹਿਤ ਸਭਾ ਬਠਿੰਡਾ ਦੇ ਪ੍ਰਧਾਨ ਜਸਪਾਲ ਮਾਨਖੇੜਾ, ਸਾਹਿਤ ਸੱਭਿਆਚਾਰ ਮੰਚ ਬਠਿੰਡਾ ਦੇ ਪ੍ਰਧਾਨ ਅਤਰਜੀਤ, ਲੋਕ ਪੱਖੀ ਲੇਖਕ ਤੇ ਗਾਇਕ ਜਗਸੀਰ ਜੀਦਾ, ਉਘੇ ਸਮਾਜ ਸੇਵਕ ਭੋਲਾ ਸਿੰਘ ਗਿੱਲਪੱਤੀ, ਇਨਕਲਾਬੀ ਗੀਤਕਾਰ ਅੰਮ੍ਰਿਤ ਬੰਗੇ ਅਤੇ ਮੈਗਜ਼ੀਨ ਪਰਵਾਜ ਦੀ ਸੰਪਾਦਕੀ ਟੀਮ ਦੇ ਮੈਂਬਰ ਬਲਵਿੰਦਰ ਸਿੰਘ ਭੁੱਲਰ ਅਤੇ ਰਣਬੀਰ ਰਾਣਾ ਨੂੰ ਸ਼ਾਮਲ ਕੀਤਾ ਗਿਆ ਹੈ। ਇਸ ਸਿਮਰਤੀ ਗ੍ਰੰਥ ਵਿੱਚ ਸਵਰਨ ਭੰਗੂ ਦੇ ਲੰਬਾ ਸਮਾਂ ਸਾਥੀ ਰਹੇ ਭੋਲਾ ਸਿੰਘ ਗਿੱਲਪੱਤੀ ਵੱਲੋਂ ਲਿਖੇ ਵਿਸਤ੍ਰਿਤ ਲੇਖਾਂ ਨੂੰ ਵਿਸ਼ੇਸ਼ ਸਥਾਨ ਦਿੱਤਾ ਜਾਵੇਗਾ। ਹੋਰ ਕਈ ਲੇਖਕਾਂ ਵੱਲੋਂ ਲਿਖੇ ਆਰਟੀਕਲ ਅਤੇ ਉਹਨਾਂ ਦੀਆਂ ਯਾਦਾਂ ਨੂੰ ਪ੍ਰਕਾਸ਼ਿਤ ਕਰਨ ਦਾ ਯਤਨ ਕੀਤਾ ਜਾਵੇਗਾ।

ਸ਼ਹਿਰ ਦੀ ਸਫਾਈ ਲਈ ਕਮੇਟੀ ਦਾ ਗਠਨ

ਫਾਜ਼ਿਲਕਾ (ਨਿਸ਼ਾ ਸ਼ਰਮਾ)-ਪੰਜਾਬ ਸਰਕਾਰ ਵੱਲੋਂ ਜਾਰੀ ਹਦਾਇਤਾਂ ਅਤੇ ਨੋਟੀਫਿਕੇਸ਼ਨ ਅਨੁਸਾਰ ਨਗਰ ਕੌਂਸਲ ਜਲਾਲਾਬਾਦ ਵਿਖੇ ਸ਼ਹਿਰ ਦੀ ਸਫ਼ਾਈ ਵਿਵਸਥਾ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਲਈ ਸਫ਼ਾਈ ਕਮੇਟੀ ਦਾ ਗਠਨ ਕੀਤਾ ਗਿਆ ਹੈ।ਇਸ ਸਬੰਧੀ ਨਗਰ ਕੌਂਸਲ ਜਲਾਲਾਬਾਦ ਵਿਖੇ ਹੋਈ ਮੀਟਿੰਗ ਦੀ ਪ੍ਰਧਾਨਗੀ ਕਾਰਜ ਸਾਧਕ ਅਫ਼ਸਰ ਸ਼੍ਰੀ ਰੋਹਿਤ ਕਰਵਾਸਰਾ ਨੇ ਕੀਤੀ।ਮੀਟਿੰਗ ਦੌਰਾਨ ਸ਼ਹਿਰ ਵਿੱਚ ਸਫ਼ਾਈ ਪ੍ਰਬੰਧਾਂ ਨੂੰ ਹੋਰ ਸੁਚਾਰੂ ਬਣਾਉਣ, ਸਫ਼ਾਈ ਕਾਰਜਾਂ ਦੀ ਨਿਯਮਿਤ ਨਿਗਰਾਨੀ ਕਰਨ ਅਤੇ ਲੋਕਾਂ ਨੂੰ ਸਾਫ਼-ਸੁਥਰਾ ਵਾਤਾਵਰਣ ਮੁਹੱਈਆ ਕਰਵਾਉਣ ਲਈ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ।ਕਾਰਜ ਸਾਧਕ ਅਫ਼ਸਰ ਨੇ ਕਿਹਾ ਕਿ ਨਗਰ ਕੌਂਸਲ ਸ਼ਹਿਰ ਵਾਸੀਆਂ ਨੂੰ ਸਾਫ਼-ਸੁਥਰਾ ਅਤੇ ਸਿਹਤਮੰਦ ਮਾਹੌਲ ਪ੍ਰਦਾਨ ਕਰਨ ਲਈ ਵਚਨਬੱਧ ਹੈ ਅਤੇ ਸਫ਼ਾਈ ਨਾਲ ਸਬੰਧਤ ਕਾਰਜਾਂ ਦੀ ਨਿਰੰਤਰ ਨਿਗਰਾਨੀ ਕੀਤੀ ਜਾਵੇਗੀ।

ਰਾਸ਼ਨ ਡੀਪੂ ਹੋਲਡਰ ਫੈਡਰੇਸ਼ਨ ਨੇ ਜ਼ਿਲ੍ਹਾ ਖੁਰਾਕ ਸਪਲਾਈ ਅਫਸਰ ਨੂੰ ਮੰਗ ਪੱਤਰ ਦਿੱਤਾ

ਫਿਰੋਜ਼ਪੁਰ (ਗੁਰਬਚਨ ਸਿੰਘ)-ਰਾਸ਼ਨ ਡਿੱਪੂ ਹੋਲਡਰ ਫੈਡਰੇਸ਼ਨ ਪੰਜਾਬ ਦੇ ਪ੍ਰਧਾਨ ਸ ਸੁਖਵਿੰਦਰ ਸਿੰਘ ਕਾਂਜਲਾ ਦੇ ਦਿਸ਼ਾ ਨਿਰਦੇਸ਼ਾਂ ਹੇਠ ਜਿਲਾ ਪ੍ਰਧਾਨ ਰਜਿੰਦਰ ਸਿੰਘ ਫੁੱਲਰ ਵਨ ਅਤੇ ਉਹਨਾਂ ਦੀ ਸਾਰੀ ਟੀਮ ਵੱਲੋਂ ਜ਼ਿਲਾ ਖੁਰਾਕ ਸਪਲਾਈ ਅਫਸਰ ਸਰਦਾਰ ਦਲਜੀਤ ਸਿੰਘ ਸੰਧੂ ਨੂੰ ਜ਼ਿਲੇ ਦਾ ਕਾਰਜ ਭਾਰ ਸੰਭਾਲਣ 'ਤੇ ਮੁਬਾਰਕਬਾਦ ਦਿੱਤੀ ਹੈ ਅਤੇ ਪੰਜਾਬ ਸਰਕਾਰ ਦੇ ਨਾਮ ਡੀਪੂ ਹੋਲਡਰਾਂ ਨੂੰ ਪੇਸ਼ ਆ ਰਹੀਆਂ ਮੁਸ਼ਕਿਲਾਂ ਬਾਰੇ ਇੱਕ ਮੰਗ ਪੱਤਰ ਵੀ ਦਿੱਤਾ ਗਿਆ ਜਿਸ ਵਿੱਚ ਮਾਰਕਫੈਡ ਦੀ ਤਰਜ 'ਤੇ ਤਨਖਾਹ ਦੇਣਾ, ਲੋਡਿੰਗ ਅਨਲੋਡਿੰਗ ਦਾ ਕੰਮ ਡੀਪੂ ਹੋਲਡਰਾਂ ਨੂੰ ਦੇਣਾ, ਡੀਪੂ ਹੋਲਡਰਾਂ ਦੇ ਕੰਮ ਵਿੱਚ ਬੇਲੋੜੀ ਸਿਆਸੀ ਦਖਲ ਅੰਦਾਜੀ ਬੰਦ ਕਰਨਾ, ਰਾਸ਼ਨ ਦੀ ਵੰਡ ਦੌਰਾਨ ਪਹਿਲਾਂ ਦੀ ਤਰ੍ਹਾਂ ਇੱਕ ਪਰਚੀ 'ਤੇ ਰਾਸ਼ਨ ਆਦਿ ਮੰਗਾਂ ਸ਼ਾਮਿਲ ਹਨ। ਜ਼ਿਲ੍ਹਾ ਖੁਰਾਕ ਸਪਲਾਈ ਅਫਸਰ ਵੱਲੋਂ ਪੂਰੀ ਸੁਹਿਰਦਤਾ ਨਾਲ ਡੀਪੂ ਹੋਲਡਰਾਂ ਦੀ ਗੱਲ ਸੁਣ ਕੇ ਸਰਕਾਰ ਪਾਸੋਂ ਵਾਜਬ ਮੰਗਾਂ ਹੱਲ ਕਰਾਉਣ ਦਾ ਭਰੋਸਾ ਵੀ ਦਿੱਤਾ ਗਿਆ । ਇਸ ਮੌਕੇ ਏ ਐਫ ਐਸ ਓ ਸੋਨਾ ਸਿੰਘ, ਇੰਸਪੈਕਟਰ ਪਵਨ ਕੁਮਾਰ, ਅੰਕਿਤ ਬੱਤਾ, ਗਗਨਦੀਪ ਸਿੰਘ ਭੁੱਲਰ ਅਤੇ ਡੀਪੂ ਹੋਲਡਰ ਯੂਨੀਅਨ ਦੇ ਨੁਮਾਇੰਦੇ ਸੀਨੀਅਰ ਆਗੂ ਜਗਤਾਰ ਸਿੰਘ ਭੁੱਲਰ,ਸੀਨੀਅਰ ਮੀਤ ਪ੍ਰਧਾਨ ਦਲਵਿੰਦਰ ਸਿੰਘ ਬਿੱਟੂ ਬਾਠ, ਬਲਾਕ ਪ੍ਰਧਾਨ ਬਲਵਿੰਦਰ ਸਿੰਘ ਸਿਆਲ, ਜ਼ਿਲਾ ਖਜਾਨਚੀ ਰਜਿੰਦਰ ਅਰੋੜਾ, ਬਲਾਕ ਮਮਦੋਟ ਦੇ ਪ੍ਰਧਾਨ ਹੁਸ਼ਿਆਰ ਸਿੰਘ, ਬਲਾਕ ਪ੍ਰਧਾਨ ਖਾਈ ਫੇਮੇ ਕੀ ਬਖ਼ਸ਼ੀਸ਼ ਸਿੰਘ ਮਹਿਮਾ, ਬਲਕਾਰ ਢਿੱਲੋਂ, ਜਸਵਿੰਦਰ ਸਿੰਘ ਆਰਫ ਕੇ, ਕੁਲਬੀਰ ਸਿੰਘ, ਬਲਜੀਤ ਸਿੰਘ ਮਿਹਰ ਸਿੰਘ ਵਾਲਾ, ਰਣਜੀਤ ਸਿੰਘ ਜੀਰਾ, ਤਲਵਿੰਦਰ ਉੱਪਲ, ਮਣੀ ਸੇਠੀ, ਬਲਜਿੰਦਰ ਬਰਾੜ ਹਾਜ਼ਰ ਸਨ

ਪਿੱਪਲ ਦੇ ਦਰੱਖਤਾਂ ਨੂੰ ਕੱਟ ਕੇ ਪੰਛੀਆਂ ਨੂੰ ਮੌਤ ਦੇ ਘਾਟ ਉਤਾਰਿਆ

ਪੁਲਸ ਵੱਲੋਂ ਅਣਪਛਾਤਿਆਂ ਖ਼ਿਲਾਫ਼ ਮਾਮਲਾ ਦਰਜ

ਸਨੌਰ/ਪਟਿਆਲਾ (ਰਾਜਿੰਦਰ ਸਿੰਘ ਥਿੰਦ)

ਇਤਿਹਾਸਕ ਨਗਰ ਕਰਹਾਲੀ ਸਾਹਿਬ ਵਿਖੇ ਕੁੱਝ ਵਿਅਕਤੀਆਂ ਵੱਲੋਂ ਬੱਸ ਸਟੈਂਡ ਕਰਹਾਲੀ ਦੇ ਚੌਕ ਦੇ ਨਜ਼ਦੀਕ ਤਕਰੀਬਨ ਇੱਕ ਸਦੀ ਪੁਰਾਣੇ ਪਿੱਪਲ ਦੇ ਦਰੱਖਤਾਂ ਨੂੰ ਕੱਟਣ ਕਰਕੇ ਇਨ੍ਹਾਂ ਦਰੱਖਤਾਂ ਉੱਪਰ ਆਪਣੇ ਆਲਣੇ ਬਣਾ ਕੇ ਰਹਿਣ ਬਸੇਰਾ ਕਰ ਰਹੇ ਬਗਲੇ ਤੇ ਹੋਰ ਪੰਛੀਆਂ ਦੇ 51 ਬੱਚਿਆਂ ਦੀ ਮੌਤ ਅਤੇ 23 ਬੱਚਿਆਂ ਨੂੰ ਗੰਭੀਰ ਰੂਪ 'ਚ ਮਿਲਣ ਤੋਂ ਬਾਅਦ ਥਾਣਾ ਪਸਿਆਣਾ ਪੁਲਸ ਵੱਲੋਂ ਵਣ ਅਤੇ ਜੰਗਲੀ ਜੀਵ ਰੇਂਜ ਅਫ਼ਸਰ ਪਟਿਆਲਾ ਸ੍ਰੀ ਪਵਨ ਕੁਮਾਰ ਦੇ ਬਿਆਨਾਂ ਦੇ ਆਧਾਰ 'ਤੇ ਦਾ ਵਾਈਡਲਾਈਫ ਪ੍ਰੋਟੈਕਸ਼ਨ ਐਕਟ ਤਹਿਤ ਮਾਮਲਾ ਦਰਜ ਕਰ ਲਿਆ ਹੈ।ਇਹ ਘਟਨਾ ਵਾਪਰਨ ਤੋਂ ਬਾਅਦ ਜਦੋਂ ਇਹ ਮਾਮਲਾ ਸੋਸ਼ਲ ਮੀਡੀਆ ਉੱਪਰ ਵਾਇਰਲ ਹੋਇਆ ਤਾਂ ਪੰਛੀ ਤੇ ਵਾਤਾਵਰਣ ਪ੍ਰੇਮੀਆਂ ਦੀ ਇੱਕ ਟੀਮ ਚੰਡੀਗੜ੍ਹ ਤੋਂ ਰਵਾਨਾ ਹੋ ਕੇ ਰਾਤ ਨੂੰ 9 ਵਜੇ ਕਰਹਾਲੀ ਸਾਹਿਬ ਬੱਸ ਸਟੈਂਡ ਤੇ ਪਹੁੰਚੀ, ਜਿਸ ਨੇ ਤੁਰੰਤ ਪੁਲਸ ਨੂੰ ਸੂਚਨਾ ਦੇਣ ਤੋਂ ਬਾਅਦ ਸਾਰੇ ਮਾਮਲੇ ਨੂੰ ਕੈਮਰੇ 'ਚ ਕੈਦ ਕਰਕੇ ਹਾਈਲਾਈਟ ਕਰ ਦਿੱਤਾ। ਮਾਮਲਾ ਹਾਈਲਾਈਟ ਹੁਣ ਤੋਂ ਤੁਰੰਤ ਬਾਅਦ ਪ੍ਰਸ਼ਾਸਨ ਹਰਕਤ 'ਚ ਆਇਆ ਤੇ ਵੱਖ-ਵੱਖ ਵਿਭਾਗਾਂ ਦੇ ਮੁਲਾਜ਼ਮ ਤੇ ਜਾਂਚ ਟੀਮਾਂ ਮੌਕੇ 'ਤੇ ਪਹੁੰਚੀਆਂ ਅਤੇ ਜਾਂਚ ਦੇ ਵੱਖ-ਵੱਖ ਪਹਿਲੂਆਂ ਤੋਂ ਮਾਮਲੇ ਸਬੰਧੀ ਜਾਣਕਾਰੀ ਇਕੱਠੀ ਕੀਤੀ।ਰੋਇਲ ਸਿਟੀ ਚੰਡੀਗੜ੍ਹ ਤੋਂ ਆਏ ਹੋਏ ਆਏ ਹੋਏ ਪੰਛੀ ਤੇ ਵਾਤਾਵਰਣ ਪ੍ਰੇਮੀਆਂ ਵੱਲੋਂ ਜਦੋਂ ਸਥਾਨਕ ਲੋਕਾਂ ਵੱਲੋਂ ਵਾਰ-ਵਾਰ ਘਟਨਾ ਨੂੰ ਅੰਜਾਮ ਦੇਣ ਵਾਲੇ ਵਿਅਕਤੀਆਂ ਦੇ ਨਾਂਅ ਪੁੱਛਣ 'ਤੇ ਕਿਸੇ ਵੀ ਪਿੰਡ ਵਾਸੀ ਵੱਲੋਂ ਦੋਸ਼ੀਆਂ ਬਾਰੇ ਉਨ੍ਹਾਂ ਨੂੰ ਜਾਣਕਾਰੀ ਨਾ ਦਿੱਤੀ ਤਾਂ ਉਨ੍ਹਾਂ ਰੋਸ ਪ੍ਰਗਟ ਕਰਦਿਆਂ ਹੋਇਆ ਕਿਹਾ ਕਿ ਪਿੰਡ ਵਿੱਚ ਤਕਰੀਬਨ 8 ਤੋਂ 10 ਘੰਟੇ ਦਰਖਤਾਂ ਨੂੰ ਕੱਟਣ ਲਈ ਆਰਾ ਚੱਲਿਆ ਹੋਵੇ ਤੇ ਪਿੰਡ ਵਾਲਿਆਂ ਨੂੰ ਵਿਅਕਤੀਆਂ ਦੇ ਨਾਂ ਪਤਾ ਨਾ ਹੋਣ ਇਹ ਬਹੁਤ ਹੀ ਸ਼ਰਮ ਵਾਲੀ ਗੱਲ ਹੈ।

ਜਦੋਂ ਮੀਡੀਆ ਵੱਲੋਂ ਪਿੰਡ ਦੇ ਸਰਪੰਚ ਅਵਤਾਰ ਸਿੰਘ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਕਿਹਾ ਕਿ ਪਿਛਲੇ ਦੋ ਦਿਨਾਂ ਤੋਂ ਝੋਨੇ ਦੀ ਲਵਾਈ ਹੋਣ ਕਾਰਨ ਆਪਣੇ ਖੇਤਾਂ ਵਿੱਚ ਬਿਜ਼ੀ ਸਨ ਤੇ ਉਨ੍ਹਾਂ ਨੂੰ ਇਸ ਸਬੰਧੀ ਕੋਈ ਵੀ ਜਾਣਕਾਰੀ ਨਹੀਂ ਹੈ।ਇਸ ਮਾਮਲੇ ਸਬੰਧੀ ਕਾਨੂੰਨ ਦੇ ਪੱਖ ਤੋਂ ਜਾਨਣ ਲਈ ਕਾਨੂੰਨੀ ਮਾਹਿਰਾਂ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਸ਼ੰਕਾ ਅਤੇ ਇਤਰਾਜ਼ ਪ੍ਰਗਟ ਕਰਦਿਆਂ ਕਿਹਾ ਕਿ ਬੇਸ਼ੱਕ ਪੁਲਿਸ ਪ੍ਰਸ਼ਾਸਨ ਵੱਲੋਂ ਗੋਗਲੂਆਂ ਤੋਂ ਮਿੱਟੀ ਝਾੜਨ ਲਈ ਦਰੱਖਤਾਂ ਨੂੰ ਕੱਟਣ ਤੋਂ ਬਾਅਦ ਪੰਛੀਆਂ ਦੇ ਤੋੜੇ ਆਲਣੇ ਤੇ ਬੱਚਿਆਂ ਦੀ ਮੌਤ ਨੂੰ ਆਧਾਰ ਬਣਾ ਕੇ ਇਹ ਮਾਮਲਾ ਤਾਂ ਦਰਜ ਕਰ ਲਿਆ ਗਿਆ ਹੈ, ਪਰ ਇਸਦੇ ਪਿੱਛੇ ਅਸਲ ਚਿਹਰੇ ਜਿਨ੍ਹਾਂ ਵੱਲੋਂ ਦਰੱਖਤਾਂ ਦੀ ਕਟਾਈ ਕਰਕੇ ਲੱਕੜ ਨੂੰ ਖੁਰਦ ਬੁਰਦ ਕੀਤਾ ਗਿਆ ਹੈ, ਉਨ੍ਹਾਂ ਨੂੰ ਬਚਾਉਣ ਲਈ ਕਿਹੜੀ ਤਾਕਤ ਕੰਮ ਕਰ ਰਹੀ ਹੈ।

ਕੇਰਲਾ ਸਥਿਤ ਕੋਰੋ ਹੈਲਥ ਵੱਲੋਂ ਕੱਢੇ ਗਏ ਕ੍ਰਮਚਾਰੀਆਂ ਨੂੰ ਤੁਰੰਤ ਬਹਾਲ ਕੀਤਾ ਜਾਵੇ : ਅਮਰਜੀਤ ਕੌਰ

ਲੁਧਿਆਣਾ (ਐਮ ਐਸ ਭਾਟੀਆ)-ਨਵੀਂ ਦਿੱਲੀ ਵਿਖੇ ਏਟਕ ਦੇ ਰਾਸ਼ਟਰੀ ਸਕੱਤਰੇਤ ਵੱਲੋਂ ਕਿਹਾ ਗਿਆ ਹੈ ਕਿ ਅਮਰੀਕਾ ਅਧਾਰਿਤ ਹੈਲਥਕੇਅਰ ਐਨਾਲਿਟਿਕਸ ਅਤੇ ਮੈਡੀਕਲ ਕੋਡਿੰਗ ਕੰਪਨੀ 'ਕੋਰੋ ਹੈਲਥ' ਨੇ 3 ਜੁਲਾਈ ਨੂੰ ਕੇਰਲ ਦੇ ਕੋਚੀ ਅਤੇ ਕੋਜ਼ੀਕੋਡ ਸਥਿਤ ਆਪਣੇ ਦਫ਼ਤਰਾਂ ਵਿੱਚ ਕੰਮ ਕਰ ਰਹੇ ਲਗਭਗ 800 ਕ੍ਰਮਚਾਰੀਆਂ ਦੀਆਂ ਸੇਵਾਵਾਂ ਅਚਾਨਕ ਖ਼ਤਮ ਕਰ ਦਿੱਤੀਆਂ।ਏਟਕ ਦੀ ਕੌਮੀ ਜਨਰਲ ਸਕੱਤਰ ਕਾ: ਅਮਰਜੀਤ ਕੌਰ ਨੇ ਦੱਸਿਆ ਕਿ ਹਸਪਤਾਲਾਂ ਅਤੇ ਸਿਹਤ ਪ੍ਰਣਾਲੀਆਂ ਨੂੰ ਹੈਲਥਕੇਅਰ ਐਨਾਲਿਟਿਕਸ ਤੇ ਤਕਨਾਲੋਜੀ-ਆਧਾਰਿਤ ਸੇਵਾਵਾਂ ਮੁਹੱਈਆ ਕਰਾਉਣ ਵਾਲੀ ਇਸ ਕੰਪਨੀ ਦੇ ਲਗਭਗ 800 ਕ੍ਰਮਚਾਰੀ ਉਸ ਵੇਲੇ ਹੈਰਾਨ ਰਹਿ ਗਏ, ਜਦੋਂ ਪਿਛਲੇ ਸ਼ੁੱਕਰਵਾਰ ਡਿਊਟੀ 'ਤੇ ਪਹੁੰਚਣ ਉਪਰੰਤ ਉਨ੍ਹਾਂ ਨੂੰ ਈ-ਮੇਲ ਰਾਹੀਂ 'ਨੌਕਰੀ ਤੋਂ ਵੱਖ ਕਰਨ ਤੇ ਅੰਤਿਮ ਨਿਪਟਾਰੇ' ਦਾ ਨੋਟਿਸ ਭੇਜ ਦਿੱਤਾ ਗਿਆ।ਕਈ ਸਾਲਾਂ ਤੋਂ ਇਮਾਨਦਾਰੀ ਨਾਲ ਕੰਮ ਕਰ ਰਹੇ ਕ੍ਰਮਚਾਰੀਆਂ ਨੂੰ ਦਫ਼ਤਰ ਵਿੱਚ ਦਾਖ਼ਲ ਹੋਣ ਦੀ ਵੀ ਇਜਾਜ਼ਤ ਨਹੀਂ ਦਿੱਤੀ ਗਈ।ਉਹ ਪਾਣੀ ਤੇ ਭੋਜਨ ਤੋਂ ਬਿਨਾਂ ਦਫ਼ਤਰ ਦੇ ਬਾਹਰ ਉਡੀਕ ਕਰਦੇ ਰਹੇ ਅਤੇ ਉਨ੍ਹਾਂ ਨੂੰ ਸ਼ੌਚਾਲਿਆਂ ਦੀ ਸਹੂਲਤ ਵੀ ਨਹੀਂ ਦਿੱਤੀ ਗਈ।'ਗ੍ਰੇਟ ਪਲੇਸ ਟੂ ਵਰਕ' ਸਰਟੀਫਿਕੇਸ਼ਨ ਦਾ ਦਾਅਵਾ ਕਰਨ ਵਾਲੀ ਇੱਕ ਬਹੁ-ਰਾਸ਼ਟਰੀ ਕੰਪਨੀ ਵੱਲੋਂ ਇਹ ਮਨੁੱਖੀ ਅਧਿਕਾਰਾਂ ਦੀ ਸਪੱਸ਼ਟ ਉਲੰਘਣਾ ਹੈ।ਇਹ ਅਚਾਨਕ ਛਾਂਟੀ ਅਤੇ ਸੇਵਾਵਾਂ ਦੀ ਸਮਾਪਤੀ, ਪਹਿਲਾਂ ਹੀ ਕਮਜ਼ੋਰ ਕੀਤੇ ਜਾ ਚੁੱਕੇ ਮਜ਼ਦੂਰ ਕਾਨੂੰਨਾਂ ਦੀ ਵੀ ਉਲੰਘਣਾ ਹੈ। ਉਦਯੋਗਿਕ ਕੋਡ (ਕੋਡ ਆਨ ਇੰਡਸਟਰੀ) ਅਨੁਸਾਰ 300 ਜਾਂ ਇਸ ਤੋਂ ਵੱਧ ਕ੍ਰਮਚਾਰੀਆਂ ਵਾਲੇ ਅਦਾਰਿਆਂ ਨੂੰ ਬੰਦ ਕਰਨ ਤੋਂ ਘੱਟੋ-ਘੱਟ 90 ਦਿਨ ਪਹਿਲਾਂ ਸਰਕਾਰ ਤੋਂ ਮਨਜ਼ੂਰੀ ਲੈਣ ਲਈ ਅਰਜ਼ੀ ਦੇਣੀ ਲਾਜ਼ਮੀ ਹੈ ਤੇ ਇਸ ਦੀ ਇੱਕ ਕਾਪੀ ਕਰਮਚਾਰੀਆਂ ਦੇ ਨੁਮਾਇੰਦਿਆਂ ਨੂੰ ਵੀ ਦੇਣੀ ਹੁੰਦੀ ਹੈ।ਇਸ ਮਾਮਲੇ ਵਿੱਚ ਕੰਪਨੀ ਨੇ ਨਾ ਤਾਂ ਸਰਕਾਰ ਕੋਲ ਕੋਈ ਅਰਜ਼ੀ ਦਿੱਤੀ ਅਤੇ ਨਾ ਹੀ ਕਰਮਚਾਰੀਆਂ ਨੂੰ ਪਹਿਲਾਂ ਸੂਚਿਤ ਕੀਤਾ।ਇੱਕ ਬਹੁ-ਰਾਸ਼ਟਰੀ ਕੰਪਨੀ ਹੋਣ ਦੇ ਨਾਤੇ ਇਸ 'ਤੇ ਅੰਤਰਰਾਸ਼ਟਰੀ ਮਜ਼ਦੂਰ ਸੰਗਠਨ (ਆਈ ਐਲ ਓ) ਦੀ ਬਹੁ-ਰਾਸ਼ਟਰੀ ਕੰਪਨੀਆਂ ਸੰਬੰਧੀ ਤ੍ਰਿਪੱਖੀ ਘੋਸ਼ਣਾ ਦੀ ਪਾਲਣਾ ਕਰਨ ਦੀ ਜ਼ਿੰਮੇਵਾਰੀ ਬਣਦੀ ਹੈ।ਇਹ ਘੋਸ਼ਣਾ ਇਸ ਖੇਤਰ ਦਾ ਇੱਕੋ-ਇੱਕ ਵਿਸ਼ਵ ਪੱਧਰੀ ਦਸਤਾਵੇਜ਼ ਹੈ, ਜਿਸ ਨੂੰ ਦੁਨੀਆਂ ਭਰ ਦੀਆਂ ਸਰਕਾਰਾਂ, ਰੁਜ਼ਗਾਰਦਾਤਿਆਂ ਤੇ ਮਜ਼ਦੂਰਾਂ ਨੇ ਮਿਲ ਕੇ ਤਿਆਰ ਤੇ ਮਨਜ਼ੂਰ ਕੀਤਾ ਹੈ।ਕੰਪਨੀ ਨੇ ਸੰਯੁਕਤ ਰਾਸ਼ਟਰ ਮਨੁੱਖੀ ਅਧਿਕਾਰ ਕੌਂਸਲ ਵੱਲੋਂ 2011 ਵਿੱਚ ਮਨਜ਼ੂਰ ਕੀਤੇ ਗਏ 'ਕਾਰੋਬਾਰ ਅਤੇ ਮਨੁੱਖੀ ਅਧਿਕਾਰਾਂ ਬਾਰੇ ਮਾਰਗਦਰਸ਼ਕ ਸਿਧਾਂਤਾਂ', ਅੰਤਰਰਾਸ਼ਟਰੀ ਮਜ਼ਦੂਰ ਮਾਪਦੰਡਾਂ ਦੇ ਬੁਨਿਆਦੀ ਸਿਧਾਂਤਾਂ ਅਤੇ '2030 ਟਿਕਾਊ ਵਿਕਾਸ ਏਜੰਡੇ' ਦੀ ਵੀ ਉਲੰਘਣਾ ਕੀਤੀ ਹੈ।

ਪ੍ਰਕਾਸ਼ ਪੁਰਬ ਨੂੰ ਸਮਰਪਿਤ ਦਸਤਾਵੇਜ਼ੀ ਫ਼ਿਲਮ ਪਿੰਡ-ਪਿੰਡ ਵਿਖਾਈ ਜਾਵੇਗੀ : ਸੰਧਵਾਂ

ਫਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)-

ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵੀਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਇੱਕ ਵਿਸ਼ੇਸ਼ ਦਸਤਾਵੇਜ਼ੀ ਫ਼ਿਲਮ ਦਾ ਸ਼ੋਅ ਸੂਬੇ ਦੇ ਹਰੇਕ ਪਿੰਡ ਵਿੱਚ ਕਰਵਾਇਆ ਜਾ ਰਿਹਾ ਹੈ, ਤਾਂ ਜੋ ਮਹਾਨ ਸੰਤ ਸ੍ਰੀ ਗੁਰੂ ਰਵੀਦਾਸ ਜੀ ਦੇ ਜੀਵਨ, ਉਪਦੇਸ਼ਾਂ ਅਤੇ ਸਮਾਜ ਨੂੰ ਦਿੱਤੇ ਬਰਾਬਰੀ, ਭਾਈਚਾਰੇ ਅਤੇ ਮਨੁੱਖਤਾ ਦੇ ਸੰਦੇਸ਼ ਨੂੰ ਲੋਕਾਂ ਤੱਕ ਪਹੁੰਚਾਇਆ ਜਾ ਸਕੇ। ਇਹ ਪ੍ਰਗਟਾਵਾ ਸਪੀਕਰ ਪੰਜਾਬ ਵਿਧਾਨ ਸਭਾ ਸ. ਕੁਲਤਾਰ ਸਿੰਘ ਸੰਧਵਾਂ ਨੇ ਪਿੰਡ ਖਾਰਾ ਤੋਂ ਪ੍ਰਚਾਰ ਵੈਨ ਰਵਾਨਾ ਕਰਨ ਉਪਰੰਤ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਗੁਰੂ ਸਾਹਿਬ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਕਰਵਾਏ ਜਾ ਰਹੇ ਸਮਾਗਮਾਂ ਦਾ ਮਕਸਦ ਨੌਜਵਾਨ ਪੀੜ੍ਹੀ ਨੂੰ ਉਨ੍ਹਾਂ ਦੇ ਮਹਾਨ ਜੀਵਨ ਅਤੇ ਵਿਚਾਰਧਾਰਾ ਨਾਲ ਜੋੜਨਾ ਹੈ। ਡਾਕੂਮੈਂਟਰੀ ਵੈਨ ਰਾਹੀਂ ਪਿੰਡਾਂ ਵਿੱਚ ਐਲ.ਈ.ਡੀ. ਸਕਰੀਨ 'ਤੇ ਦਿਖਾਈ ਜਾਣ ਵਾਲੀ ਦਸਤਾਵੇਜ਼ੀ ਲੋਕਾਂ ਨੂੰ ਗੁਰੂ ਸਾਹਿਬ ਦੇ ਜੀਵਨ ਸੰਘਰਸ਼, ਸਮਾਜਿਕ ਸੁਧਾਰਾਂ ਅਤੇ ਮਨੁੱਖੀ ਕਦਰਾਂ-ਕੀਮਤਾਂ ਬਾਰੇ ਜਾਣੂ ਕਰਵਾਏਗੀ।ਉਨ੍ਹਾਂ ਹਲਕੇ ਦੇ ਸਮੂਹ ਨਿਵਾਸੀਆਂ, ਨੌਜਵਾਨਾਂ, ਮਹਿਲਾਵਾਂ ਅਤੇ ਪੰਚਾਇਤ ਨੁਮਾਇੰਦਿਆਂ ਨੂੰ ਅਪੀਲ ਕੀਤੀ ਕਿ ਉਹ ਵੱਡੀ ਗਿਣਤੀ ਵਿੱਚ ਇਨ੍ਹਾਂ ਦਸਤਾਵੇਜ਼ੀ ਫਿਲਮ ਸ਼ੋਆਂ ਵਿੱਚ ਸ਼ਮੂਲੀਅਤ ਕਰਨ ਅਤੇ ਸ੍ਰੀ ਗੁਰੂ ਰਵੀਦਾਸ ਜੀ ਦੇ ਸਰਬ ਸਾਂਝੇ, ਸਮਾਨਤਾ ਅਤੇ ਮਨੁੱਖੀ ਭਲਾਈ ਦੇ ਸੰਦੇਸ਼ ਤੋਂ ਪ੍ਰੇਰਨਾ ਲੈਣ । ਇਸ ਮੌਕੇ ਬੀ ਡੀ ਪੀ ਓ ਕੋਟਕਪੂਰਾ ਵਿਕਾਸ ਸ਼ਰਮਾ, ਸਰਪੰਚ ਜਗਤਾਰ ਸਿੰਘ ਬਰਾੜ, ਸਤਿੰਦਰਜੀਤ ਸਿੰਘ ਗੋਲਡੀ ਬਰਾੜ, ਬਲਾਕ ਸੰਮਤੀ ਮੈਂਬਰ ਤਜਿੰਦਰ ਸਿੰਘ ਬਰਾੜ, ਗੁਰਪ੍ਰਤਾਪ ਸਿੰਘ ਕੈਰੀ, ਕੁਲਦੀਪ ਸਿੰਘ ਮੈਂਬਰ, ਸੁਖਮੰਦਰ ਸਿੰਘ ਮੈਂਬਰ, ਦਰਸ਼ਨ ਸਿੰਘ ਮੈਂਬਰ, ਰੇਸ਼ਮ ਸਿੰਘ ਮੈਂਬਰ, ਰਣਜੀਤ ਸਿੰਘ ਬਰਾੜ, ਨਿਰਮਲ ਸਿੰਘ ਮੈਂਬਰ, ਸਤਪਾਲ ਸਿੰਘ ਯੂਥ ਆਗੂ, ਜਸਵਿੰਦਰ ਸਿੰਘ ਖਾਲਸਾ, ਗੁਰਮੇਲ ਸਿੰਘ ਖਾਲਸਾ, ਦਲਜੀਤ ਸਿੰਘ ਖਾਲਸਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

'ਸਤਲੁਜ' ਨੂੰ ਓ ਟੀ ਟੀ ਪਲੇਟਫਾਰਮ ਤੋਂ ਹਟਾਉਣ ਦੀ ਜਮਹੂਰੀ ਅਧਿਕਾਰ ਸਭਾ ਵੱਲੋਂ ਸਖ਼ਤ ਨਿੰਦਾ

ਲੁਧਿਆਣਾ (ਸਤੀਸ਼ ਸਚਦੇਵਾ)-ਪੰਜਾਬ ਵਿੱਚ ਅੱਤਵਾਦ ਨੂੰ ਖ਼ਤਮ ਕਰਨ ਦੇ ਨਾਂਅ 'ਤੇ ਸੂਬੇ ਭਰ ਵਿੱਚ ਹੋਏ ਪੁਲਿਸ ਤਸ਼ੱਦਦ ਨੂੰ ਬਿਆਨ ਕਰਦੀ ਫ਼ਿਲਮ 'ਸਤਲੁਜ' ਨੂੰ ਭਾਰਤ ਵਿੱਚ ਓਟੀਟੀ ਪਲੇਟਫਾਰਮ ਤੋਂ ਬੈਨ ਕਰਨ ਦੀ ਜਮਹੂਰੀ ਅਧਿਕਾਰ ਸਭਾ ਪੰਜਾਬ ਨੇ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ।

ਸਭਾ ਦੇ ਜ਼ਿਲ੍ਹਾ ਪ੍ਰਧਾਨ ਜਸਵੰਤ ਜ਼ੀਰਖ ਅਤੇ ਸਕੱਤਰ ਅਜਮੇਰ ਦਾਖਾ ਨੇ ਕਿਹਾ ਕਿ ਇਹ ਇੱਕ ਇਤਿਹਾਸਕ ਦਸਤਾਵੇਜ਼ ਹੈ, ਜਿਸ ਦੀ ਸੱਚਾਈ ਸਾਹਮਣੇ ਆਉਣ ਨਾਲ ਸਰਕਾਰਾਂ ਦਾ ਅਸਲ ਚਿਹਰਾ ਨੰਗਾ ਹੁੰਦਾ ਹੈ।ਸੱਚ ਦਾ ਸਾਹਮਣਾ ਕਰਨ ਤੋਂ ਡਰਦੀਆਂ ਸਰਕਾਰਾਂ ਉਸ ਉੱਪਰ ਪਰਦਾ ਪਾ ਕੇ ਰੱਖਣਾ ਚਾਹੁੰਦੀਆਂ ਹਨ।ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਅੱਤਵਾਦ ਖ਼ਤਮ ਕਰਨ ਦੇ ਨਾਂਅ ਉੱਪਰ ਹਜ਼ਾਰਾਂ ਨਿਰਦੋਸ਼ ਨੌਜਵਾਨਾਂ ਨੂੰ ਪੁਲਸ ਤਸ਼ੱਦਦ ਦਾ ਸਾਹਮਣਾ ਕਰਨਾ ਪਿਆ।ਪੁਲਸ ਵੱਲੋਂ ਹਜ਼ਾਰਾਂ ਨੌਜਵਾਨਾਂ ਨੂੰ ਘਰੋਂ ਹੀ ਅਗਵਾ ਕਰਕੇ ਉਨ੍ਹਾਂ ਦਾ ਪੁਲਸ ਮੁਕਾਬਲਾ ਬਣਾ ਦਿੱਤਾ ਅਤੇ ਆਪਣੀਆਂ ਤਰੱਕੀਆਂ ਹਾਸਿਲ ਕੀਤੀਆਂ ਗਈਆਂ।ਜਸਵੰਤ ਸਿੰਘ ਖਾਲੜਾ ਵੱਲੋਂ ਪੰਜਾਬ ਦੀਆਂ 25 ਹਜ਼ਾਰ ਦੇ ਕਰੀਬ ਲਾਸ਼ਾਂ ਦੀ ਸ਼ਨਾਖਤ ਕਰਕੇ ਅਜਿਹੇ ਪੁਲਸ ਅਫ਼ਸਰਾਂ ਖਿਲਾਫ ਕਾਰਵਾਈ ਕਰਨ ਦੀ ਮੁਹਿੰਮ ਚਲਾਈ ਗਈ ਸੀ, ਪਰ ਉਸ ਇਤਿਹਾਸਕ ਸੱਚਾਈ ਨੂੰ ਦਬਾਉਣ ਲਈ ਉਨ੍ਹਾਂ ਨੂੰ ਕਥਿਤ ਰੂਪ ਵਿੱਚ ਅਗਵਾ ਕਰਕੇ ਮਾਰ ਮੁਕਾਇਆ ਗਿਆ ਸੀ।ਜਸਵੰਤ ਸਿੰਘ ਖਾਲੜਾ ਦੇ ਇਸ ਕਾਰਜ ਨੂੰ ਬਿਆਨ ਕਰਦੀ ਇਸ ਫਿਲਮ ਨੂੰ ਓਟੀਟੀ ਪਲੇਟਫਾਰਮ ਤੋਂ ਹਟਾਉਣਾ ਬੇਹੱਦ ਘਿਨਾਉਣੀ ਕਾਰਵਾਈ ਹੈ ਅਤੇ ਜਮਹੂਰੀ ਅਧਿਕਾਰ ਸਭਾ ਇਸ ਕਾਰਵਾਈ ਦੀ ਸਖਤ ਸ਼ਬਦਾਂ ਵਿੱਚ ਆਲੋਚਨਾ ਕਰਦੀ ਹੈ।ਇਸ ਫ਼ਿਲਮ ਵਿੱਚ ਕੋਈ ਵੀ ਅਜਿਹਾ ਦ੍ਰਿਸ਼ ਨਹੀਂ, ਜਿਸ ਨਾਲ ਭਾਰਤ ਦੀ ਏਕਤਾ, ਅਖੰਡਤਾ ਜਾਂ ਅੰਦਰੂਨੀ ਸੁਰੱਖਿਆ ਨੂੰ ਠੇਸ ਪਹੁੰਚਦੀ ਹੋਵੇ ਜਾਂ ਦੇਸ਼ ਦਾ ਹਾਲਾਤਾਂ ਨੂੰ ਨੁਕਸਾਨ ਪਹੁੰਚਾਉਂਦੀ ਹੋਵੇ।ਇਸ ਤੋਂ ਪਹਿਲਾਂ ਇਸ ਫ਼ਿਲਮ ਨੂੰ ਸੀਬੀਐੱਫਸੀ ਵੱਲੋਂ ਸਿਨੇਮਾ ਘਰਾਂ ਵਿੱਚ ਰਿਲੀਜ਼ ਕਰਨ ਤੋਂ ਰੋਕ ਦਿੱਤਾ ਸੀ ਤੇ ਇਸ ਵਿੱਚ 120 ਦੇ ਕਰੀਬ ਕੱਟ ਲਗਾਉਣ ਦਾ ਸੁਝਾਅ ਦਿੱਤਾ ਸੀ, ਜਿਸ ਤੋਂ ਬਾਅਦ ਫਿਲਮ ਨਿਰਮਾਤਾਵਾਂ ਵੱਲੋਂ ਜੀ-5 ਓਟੀਟੀ ਪਲੇਟਫਾਰਮ ਉੱਪਰ ਨਾਂ ਬਦਲ ਕੇ ਇਸ ਫਿਲਮ ਨੂੰ ਰਿਲੀਜ਼ ਕਰ ਦਿੱਤਾ ਗਿਆ ਸੀ।ਇਹ ਇਤਿਹਾਸਕ ਤੱਥ ਲੋਕਾਂ ਸਾਹਮਣੇ ਆਉਣੇ ਬਹੁਤ ਹੀ ਜ਼ਰੂਰੀ ਹਨ, ਜਿਸ ਕਰਕੇ ਬਿਨਾਂ ਕਿਸੇ ਦੇਰੀ ਤੋਂ ਇਸ ਨੂੰ ਬਹਾਲ ਕੀਤਾ ਜਾਵੇ।

ਭੁਪੇਸ਼ ਬਘੇਲ ਤੇ ਰਾਜਾ ਵੜਿੰਗ ਨੇ ਜਗਸੀਰ ਸਿੰਘ ਕਾਲੇਕੇ ਦੀ ਪਿੱਠ ਥਾਪੜੀ

ਬਾਘਾ ਪੁਰਾਣਾ (ਮਨੀ ਸਿੰਗਲਾ)

ਪੰਜਾਬ ਕਾਂਗਰਸ ਦੀ ਕਮਾਨ ਇੱਕ ਵਾਰ ਫਿਰ ਅਮਰਿੰਦਰ ਸਿੰਘ ਰਾਜਾ ਵੜਿੰਗ ਦੇ ਹੱਥ ਆਉਣ ਤੋਂ ਬਾਅਦ ਸੂਬੇ ਦੀ ਸਿਆਸਤ ਵਿਚ ਨਵੇਂ ਸਮੀਕਰਨ ਬਣਨ ਸ਼ੁਰੂ ਹੋ ਗਏ ਹਨ।ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਕਾਂਗਰਸ ਹਾਈਕਮਾਨ ਵੱਲੋਂ ਰਾਜਾ ਵੜਿੰਗ 'ਤੇ ਮੁੜ ਭਰੋਸਾ ਜਤਾਏ ਜਾਣ ਮਗਰੋਂ ਉਨ੍ਹਾਂ ਦੇ ਕਰੀਬੀ ਆਗੂਆਂ ਦੀਆਂ ਸਰਗਰਮੀਆਂ ਵੀ ਤੇਜ਼ ਹੋ ਗਈਆਂ ਹਨ। ਇਸੇ ਕੜੀ ਤਹਿਤ ਸੀਨੀਅਰ ਕਾਂਗਰਸੀ ਆਗੂ ਅਤੇ ਹਲਕਾ ਬਾਘਾ ਪੁਰਾਣਾ ਦੇ ਇੰਚਾਰਜ ਜਗਸੀਰ ਸਿੰਘ ਕਾਲੇਕੇ ਨੇ ਪੰਜਾਬ ਮਾਮਲਿਆਂ ਦੇ ਇੰਚਾਰਜ ਭੁਪੇਸ਼ ਬਘੇਲ ਅਤੇ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨਾਲ ਮੁਲਾਕਾਤ ਕਰ ਕੇ ਉਨ੍ਹਾਂ ਨੂੰ ਮੁੜ ਸੂਬਾ ਪ੍ਰਧਾਨ ਬਣਨ ਦੀ ਵਧਾਈ ਦਿੱਤੀ ਅਤੇ ਮੂੰਹ ਮਿੱਠਾ ਕਰਵਾਇਆ।ਇਸ ਦੌਰਾਨ ਹੋਈ ਮੁਲਾਕਾਤ ਨੂੰ ਸਿਆਸੀ ਪੱਖੋਂ ਕਾਫ਼ੀ ਅਹਿਮ ਮੰਨਿਆ ਜਾ ਰਿਹਾ ਹੈ।ਸੂਤਰਾਂ ਅਨੁਸਾਰ ਮੀਟਿੰਗ ਦੌਰਾਨ ਪੰਜਾਬ ਦੀ ਮੌਜੂਦਾ ਰਾਜਨੀਤਿਕ ਸਥਿਤੀ, ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਦੀ ਰਣਨੀਤੀ ਅਤੇ ਖ਼ਾਸ ਤੌਰ 'ਤੇ ਬਾਘਾ ਪੁਰਾਣਾ ਹਲਕੇ ਦੀ ਸਿਆਸੀ ਸਥਿਤੀ 'ਤੇ ਵਿਸਥਾਰ ਨਾਲ ਚਰਚਾ ਕੀਤੀ ਗਈ।ਗੱਲਬਾਤ ਦੌਰਾਨ ਰਾਜਾ ਵੜਿੰਗ ਨੇ ਜਗਸੀਰ ਸਿੰਘ ਕਾਲੇਕੇ ਦੀ ਲੰਬੇ ਸਮੇਂ ਤੋਂ ਪਾਰਟੀ ਪ੍ਰਤੀ ਨਿਭਾਈ ਜਾ ਰਹੀ ਵਫ਼ਾਦਾਰੀ, ਮੈਦਾਨੀ ਸਰਗਰਮੀਆਂ ਅਤੇ ਹਲਕੇ ਵਿਚ ਕੀਤੀ ਜਾ ਰਹੀ ਲਗਾਤਾਰ ਸੇਵਾ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਨੂੰ ਹੁਣੇ ਤੋਂ ਹੀ ਬੂਥ ਪੱਧਰ 'ਤੇ ਸੰਗਠਨ ਨੂੰ ਹੋਰ ਮਜ਼ਬੂਤ ਕਰਨ ਲਈ ਕਿਹਾ।ਉਨ੍ਹਾਂ ਕਿਹਾ ਕਿ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਪਾਰਟੀ ਨੂੰ ਪੂਰੀ ਤਰ੍ਹਾਂ ਤਿਆਰ ਰਹਿਣਾ ਚਾਹੀਦਾ ਹੈ, ਕਿਉਂਕਿ ਸਿਆਸੀ ਹਾਲਾਤ ਨੂੰ ਦੇਖਦੇ ਹੋਏ ਚੋਣਾਂ ਸਮੇਂ ਤੋਂ ਪਹਿਲਾਂ ਵੀ ਹੋ ਸਕਦੀਆਂ ਹਨ।ਇਸ ਲਈ ਹਰ ਵਰਕਰ ਅਤੇ ਆਗੂ ਨੂੰ ਆਪਣੀ ਜ਼ਿੰਮੇਵਾਰੀ ਨਿਭਾਉਂਦੇ ਹੋਏ ਲੋਕਾਂ ਤੱਕ ਪਾਰਟੀ ਦੀਆਂ ਨੀਤੀਆਂ ਅਤੇ ਵਿਚਾਰਧਾਰਾ ਪਹੁੰਚਾਉਣੀ ਚਾਹੀਦੀ ਹੈ।ਇਸ ਮੌਕੇ ਜਗਸੀਰ ਸਿੰਘ ਕਾਲੇਕੇ ਨੇ ਰਾਜਾ ਵੜਿੰਗ ਅਤੇ ਭੁਪੇਸ਼ ਬਘੇਲ ਨੂੰ ਭਰੋਸਾ ਦਿਵਾਇਆ ਕਿ ਉਹ ਬਾਘਾ ਪੁਰਾਣਾ ਹਲਕੇ ਸਮੇਤ ਪੂਰੇ ਖੇਤਰ ਵਿਚ ਕਾਂਗਰਸ ਪਾਰਟੀ ਨੂੰ ਹੋਰ ਮਜ਼ਬੂਤ ਕਰਨ ਲਈ ਦਿਨ-ਰਾਤ ਇੱਕ ਕਰ ਦੇਣਗੇ।ਮੀਟਿੰਗ ਦੌਰਾਨ ਪੰਜਾਬ ਮਾਮਲਿਆਂ ਦੇ ਇੰਚਾਰਜ ਭੁਪੇਸ਼ ਬਘੇਲ ਨੇ ਵੀ ਜਗਸੀਰ ਸਿੰਘ ਕਾਲੇਕੇ ਦੀ ਹੌਸਲਾ ਅਫ਼ਜ਼ਾਈ ਕਰਦਿਆਂ ਉਨ੍ਹਾਂ ਦੇ ਮੋਢੇ 'ਤੇ ਹੱਥ ਰੱਖ ਕੇ ਆਪਣਾ ਆਸ਼ੀਰਵਾਦ ਦਿੱਤਾ।

ਸ੍ਰੀ ਗੁਰੂ ਰਵਿਦਾਸ ਦੇ ਜੀਵਨ ਤੇ ਸਿੱਖਿਆਵਾਂ ਨੂੰ ਦਰਸਾਉਂਦੀ ਫਿਲਮ ਦਾ ਸੰਗਤ ਨੇ ਆਨੰਦ ਮਾਣਿਆ

ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)

ਪੰਜਾਬ ਸਰਕਾਰ ਵਲੋਂ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ ਫਲਸਫ਼ੇ ਅਤੇ ਸਿੱਖਿਆਵਾਂ ਨੂੰ ਘਰ ਘਰ ਪੁਚਾਉਣ ਦੇ ਉਪਰਾਲੇ ਤਹਿਤ ਪਿੰਡ ਤਖਤੂਪੁਰਾ ਤੇ ਰੌਂਤਾ ਵਿਖੇ ਦਸਤਾਵੇਜ਼ੀ ਫਿਲਮ ਦਿਖਾਈ ਗਈ।30 ਮਿੰਟ ਦੀ ਇਸ ਦਸਤਾਵੇਜ਼ੀ ਦਾ ਵੱਡੀ ਗਿਣਤੀ ਵਿੱਚ ਪਿੰਡ ਵਾਸੀਆਂ ਨੇ ਅਨੰਦ ਮਾਣਿਆ।ਇਸ ਮੌਕੇ ਗੁਰੂ ਰਵਿਦਾਸ ਜੀ ਦੀਆਂ ਸਿੱਖਿਆਵਾਂ ਨਾਲ ਸੰਬੰਧਤ ਲਿਟਰੇਚਰ ਵੀ ਵੰਡਿਆ ਗਿਆ।ਡਿਪਟੀ ਕਮਿਸ਼ਨਰ ਮੋਗਾ ਸ੍ਰੀ ਸਾਗਰ ਸੇਤੀਆ ਨੇ ਦੱਸਿਆ ਕਿ ਇਸ ਦਾ ਮਕਸਦ ਇਹ ਯਕੀਨੀ ਬਣਾਉਣਾ ਹੈ ਕਿ ਹਰ ਘਰ, ਖਾਸ ਕਰਕੇ ਨੌਜਵਾਨ ਪੀੜ੍ਹੀ, ਗੁਰੂ ਜੀ ਦੇ ਭੇਦਭਾਵ ਰਹਿਤ ਬਰਾਬਰੀ ਵਾਲੇ ਸਮਾਜ ਦੀ ਸਿਰਜਣਾ ਲਈ ਪ੍ਰੇਰਿਤ ਹੋ ਸਕੇ।ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸ਼ਰਧਾ ਨਾਲ ਮਨਾਉਣ ਤੇ ਉਨ੍ਹਾਂ ਦੇ ਜੀਵਨ ਫਲਸਫ਼ੇ ਅਤੇ ਸਿੱਖਿਆਵਾਂ ਨੂੰ ਘਰ-ਘਰ ਪੁਚਾਉਣ ਲਈ ਪੰਜਾਬ ਸਰਕਾਰ ਵਲੋਂ ਵਿਸ਼ੇਸ ਦਸਤਾਵੇਜ਼ੀ ਪ੍ਰੋਜੈਕਟ ਦੀ ਸ਼ੁਰੂਆਤ ਕੀਤੀ ਗਈ ਹੈ।ਉਨ੍ਹਾਂ ਦੱਸਿਆ ਕਿ ਹਰੇਕ ਪਿੰਡ ਵਿੱਚ ਇਸ ਦਸਤਾਵੇਜ਼ੀ ਸ਼ੋਅ ਨੂੰ ਦਿਖਾਇਆ ਜਾਵੇਗਾ।ਡਿਪਟੀ ਕਮਿਸ਼ਨਰ ਸ੍ਰੀ ਸਾਗਰ ਸੇਤੀਆ ਨੇ ਦੱਸਿਆ ਕਿ ਰੋਜ਼ਾਨਾ ਦੋ ਪਿੰਡਾਂ ਵਿੱਚ ਇਸ ਵੈਨ ਰਾਹੀਂ ਇਹ ਦਸਤਾਵੇਜ਼ੀ ਦਿਖਾਈ ਜਾਵੇਗੀ ਤਾਂ ਜੁ ਸ੍ਰੀ ਗੁਰੂ ਰਵਿਦਾਸ ਜੀ ਦੀਆਂ ਸਿੱਖਿਆਵਾਂ ਹਰ ਘਰ ਤੱਕ ਪਹੁੰਚ ਸਕਣ।ਉਨ੍ਹਾਂ ਪਿੰਡਾਂ ਦੇ ਵਾਸੀਆਂ ਨੂੰ ਬੇਨਤੀ ਕੀਤੀ ਕਿ ਉਹ ਇਸ ਦਸਤਾਵੇਜ਼ੀ ਨੂੰ ਦੇਖਣ ਪਰਵਾਰਾਂ ਸਮੇਤ ਜ਼ਰੂਰ ਪੁੱਜਣ ਤਾਂ ਜੁ ਅਸੀਂ ਆਪਣੇ ਬੱਚਿਆਂ ਨੂੰ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ ਅਤੇ ਸਿੱਖਿਆਵਾਂ ਤੋਂ ਜਾਣੂੰ ਕਰਾ ਸਕੀਏ ।

ਰਥ ਯਾਤਰਾ ਤਿਉਹਾਰ ਨਹੀਂ ਭਗਵਾਨ ਜਗਨ ਨਾਥ ਦੀ ਕਿਰਪਾ ਦਾ ਅਨੁਭਵ ਹੈ : ਸੰਜੀਵ ਸੈਣੀ

ਮੋਗਾ (ਇਕਬਾਲ ਸਿੰਘ ਖਹਿਰਾ)-ਛੇਵੀਂ ਭਗਵਾਨ ਜਗਨਨਾਥ ਰੱਥ ਯਾਤਰਾ ਲਈ ਸੱਦਾ ਪੱਤਰਾਂ ਦਾ ਇੱਕ ਸ਼ਾਨਦਾਰ ਸਮਾਗਮ ਬਲੂਮਿੰਗ ਬਡਸ ਸਕੂਲ ਅੰਮ੍ਰਿਤਸਰ ਰੋਡ ਮੋਗਾ ਵਿਖੇ ਹੋਇਆ। ਮੁੱਖ ਮਹਿਮਾਨ, ਉੱਘੇ ਸਮਾਜ ਸੇਵਕ ਅਤੇ ਉਦਯੋਗਪਤੀ ਸੰਜੀਵ ਸੈਣੀ ਨੇ ਸਮਾਗਮ ਦੀ ਸ਼ੁਰੂਆਤ ਸ਼ਰਧਾਂਜਲੀ ਨਾਲ ਕੀਤੀ ਅਤੇ ਧਰਮ, ਵਿਸ਼ਵਾਸ ਅਤੇ ਸਮਾਜਿਕ ਸਦਭਾਵਨਾ ਬਾਰੇ ਡੂੰਘਾਈ ਨਾਲ ਗੱਲ ਕੀਤੀ, ਜਿਸ ਨੇ ਮੌਜੂਦ ਸਾਰਿਆਂ ਨੂੰ ਭਾਵੁਕ ਕਰ ਦਿੱਤਾ।ਸੱਦਾ ਪੱਤਰ ਜਾਰੀ ਕਰਨ ਉਪਰੰਤ ਸੰਜੀਵ ਸੈਣੀ ਨੇ ਕਿਹਾ ਕਿ ਅੱਜ ਅਸੀਂ ਸਿਰਫ਼ ਇੱਕ ਕਾਰਡ ਨਹੀਂ, ਸਗੋਂ ਭਗਵਾਨ ਜਗਨਨਾਥ ਦਾ ਸੱਦਾ ਸਵੀਕਾਰ ਕੀਤਾ ਹੈ। ਧਰਮ ਅਤੇ ਵਿਸ਼ਵਾਸ ਇੱਕ ਵਿਅਕਤੀ ਦੇ ਜੀਵਨ ਵਿੱਚ ਜੋ ਤਬਦੀਲੀ ਲਿਆ ਸਕਦੇ ਹਨ, ਉਹ ਸਿਰਫ਼ ਅਨੁਭਵ ਕੀਤੀ ਜਾ ਸਕਦੀ ਹੈ।

ਇਹ ਰੱਥ ਯਾਤਰਾ ਸਿਰਫ਼ ਇੱਕ ਰਸਮ ਨਹੀਂ ਹੈ, ਸਗੋਂ ਪ੍ਰਭੂ ਦੀ ਅਪਾਰ ਕਿਰਪਾ ਨੂੰ ਦੇਖਣ ਅਤੇ ਅਨੁਭਵ ਕਰਨ ਦਾ ਇੱਕ ਤਰੀਕਾ ਹੈ ਅਤੇ ਇਹ ਅਨੁਭਵ ਸਿਰਫ਼ ਤਾਂ ਹੀ ਸੰਭਵ ਹੈ ਜੇਕਰ ਤੁਸੀਂ ਇਸ ਯਾਤਰਾ ਦਾ ਹਿੱਸਾ ਬਣਦੇ ਹੋ।ਸੈਣੀ ਨੇ ਸਮਾਜ ਦੇ ਸਾਰੇ ਵਰਗਾਂ ਦੇਸ਼ ਸ਼ਰਧਾਲੂਆਂ ਨੂੰ 17 ਜੁਲਾਈ ਨੂੰ ਇਸ ਵਿਸ਼ਾਲ ਰੱਥ ਯਾਤਰਾ ਵਿੱਚ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ। ਇਸ ਮੌਕੇ ਇਸਕੋਨ ਪ੍ਰਚਾਰ ਸਮਿਤੀ ਮੋਗਾ ਦੇ ਅਧਿਕਾਰੀ-ਪ੍ਰਧਾਨ ਨਵਦੀਪ ਗੁਪਤਾ, ਚੇਅਰਮੈਨ ਦੇਵਪ੍ਰਿਯ ਤਿਆਗੀ, ਰਜਨੀਸ਼ ਕੁਮਾਰ, ਵਿੱਕੀ ਮਹਿਦੀਰੱਤਾ, ਅਨਮੋਲ ਸ਼ਰਮਾ, ਭਾਵਨਾ ਬਾਂਸਲ, ਗੀਤਾ ਆਰੀਆ, ਪਰਮਜੀਤ ਸਿੰਘ ਪੰਮਾ, ਆਚਾਰੀਆ ਨੰਦਲਾਲ, ਸ਼ੁਭਮ ਸ਼ਰਮਾ, ਬ੍ਰਾਇਟ, ਪਰਵੀਨ ਰਾਜਪੂਤ, ਰੋਮੀ ਬਾਂਸਲ ਸਮੇਤ ਹੋਰ ਪਤਵੰਤੇ ਹਾਜ਼ਰ ਸਨ।

ਨੌਜਵਾਨ ਨੇ ਫਾਹਾ ਲੈ ਕੇ ਕੀਤੀ ਜੀਵਨ ਲੀਲ੍ਹਾ ਖਤਮ

ਹਠੂਰ (ਲਵਲੀ ਕੁਮਾਰ)

ਪਿੰਡ ਡੱਲਾ ਦੇ ਇੱਕ ਨੌਜਵਾਨ ਵੱਲੋਂ ਆਪਣੇ-ਆਪ ਨੂੰ ਫਾਹਾ ਲੈ ਕੇ ਜੀਵਨ ਲੀਲਾ ਖਤਮ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ।ਸਰਪੰਚ ਗੋਪਾਲ ਸਿੰਘ ਪਾਲੀ ਡੱਲਾ ਤੇ ਪ੍ਰਧਾਨ ਨਿਰਮਲ ਸਿੰਘ ਡੱਲਾ ਨੇ ਦੱਸਿਆ ਕਿ ਮ੍ਰਿਤਕ ਨੌਜਵਾਨ ਪ੍ਰਗਟ ਸਿੰਘ (30) ਪੁੱਤਰ ਸੁਖਦੇਵ ਸਿੰਘ, ਜੋ ਪਿਛਲੇ ਤਿੰਨ ਸਾਲ ਤੋਂ ਆਪਣੀ ਪਤਨੀ ਸਮੇਤ ਯੂ ਕੇ ਵਿਖੇ ਵਰਕ ਪਰਮਿਟ 'ਤੇ ਕੰਮ ਕਰਦਾ ਸੀ ਅਤੇ ਕਬੂਤਰ ਰੱਖਣ ਦਾ ਸ਼ੌਕੀਨ ਸੀ।ਉਨ੍ਹਾਂ ਦੱਸਿਆ ਕਿ ਮ੍ਰਿਤਕ ਪ੍ਰਗਟ ਸਿੰਘ ਦੀ ਮਾਤਾ ਦੀ ਪਿਛਲੇ ਸਾਲ ਮੌਤ ਹੋ ਗਈ ਸੀ ਤੇ ਉਸ ਦਾ ਪਿਤਾ ਆਪਣੀ ਲੜਕੀ ਕੋਲ ਰਹਿੰਦਾ ਸੀ।ਪ੍ਰਗਟ ਸਿੰਘ ਅਕਸਰ ਹੀ ਚਾਰ-ਪੰਜ ਮਹੀਨਿਆਂ ਬਾਅਦ ਪਿੰਡ ਡੱਲਾ ਵਿਖੇ ਆ ਜਾਂਦਾ ਸੀ ਤਾਂ ਪੰਜ ਜੁਲਾਈ ਨੂੰ ਯੂ ਕੇ ਤੋਂ ਆ ਕੇ ਆਪਣੇ ਘਰ ਵਿਚ ਛੱਤ ਵਾਲੇ ਪੱਖੇ ਨਾਲ ਗਲ 'ਚ ਪਰਨਾ ਪਾ ਕੇ ਫਾਹਾ ਲੈ ਲਿਆ ਤਾਂ ਕਮਰੇ ਦਾ ਅੰਦਰੋਂ ਤਾਲਾ ਲੱਗਾ ਹੋਣ ਕਰਕੇ ਘਰ ਵਿਚ ਕੰਮ ਕਰਨ ਵਾਲੀ ਔਰਤ ਨੇ ਜਦੋਂ ਕਈ ਵਾਰ ਦਰਵਾਜਾ ਖੜਕਾਇਆ ਤਾਂ ਅੰਦਰੋ ਕੋਈ ਅਵਾਜ਼ ਨਾ ਆਈ ਤਾਂ ਪਿੰਡ ਦੇ ਮੋਹਤਬਰ ਵਿਅਕਤੀਆਂ ਨੇ ਘਰ ਦੇ ਅੰਦਰ ਜਾ ਕੇ ਦੇਖਿਆ ਤਾਂ ਪ੍ਰਗਟ ਸਿੰਘ ਆਪਣੇ ਕਮਰੇ ਵਿਚ ਛੱਤ ਵਾਲੇ ਪੱਖੇ ਨਾਲ ਲਟਕ ਰਿਹਾ ਸੀ, ਜਿਸ ਦੀ ਸੂਚਨਾ ਤੁਰੰਤ ਹਠੂਰ ਪੁਲਿਸ ਨੂੰ ਦਿੱਤੀ, ਜਿਨ੍ਹਾਂ ਮੌਕੇ ਤੋਂ ਲਾਸ਼ ਕਬਜ਼ੇ ਵਿਚ ਲੈ ਕੇ ਸਰਕਾਰੀ ਹਸਪਤਾਲ ਮੋਰਚਰੀ ਵਿਚ ਰੱਖ ਦਿੱਤੀ ਹੈ।ਜਦੋਂ ਪੁਲਿਸ ਥਾਣਾ ਹਠੂਰ ਦੇ ਇੰਚਾਰਜ ਗੁਰਸੇਵਕ ਸਿੰਘ ਨਾਲ ਸੰਪਰਕ ਕੀਤਾ ਤਾਂ ਉਨ੍ਹਾਂ ਕਿਹਾ ਕਿ ਨੌਜਵਾਨ ਪ੍ਰਗਟ ਸਿੰਘ ਦੀ ਪਤਨੀ ਦੇ ਯੂ.ਕੇ ਤੋਂ ਪਿੰਡ ਡੱਲਾ ਵਿਖੇ ਪਰਤਨ ਉਪਰੰਤ ਅਗਲੀ ਕਾਰਵਾਈ ਕੀਤੀ ਜਾਵੇਗੀ।

ਦੋਹਰਾ ਕਤਲ ਕਾਂਡ : ਪੁਲਸ ਨੇ 24 ਘੰਟਿਆਂ 'ਚ ਸੁਲਝਾਈ ਗੁੱਥੀ

ਧੂਰੀ/ਸੰਗਰੂਰ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)-ਜ਼ਿਲ੍ਹਾ ਸੰਗਰੂਰ ਪੁਲਸ ਨੇ ਇੱਕ ਵੱਡੀ ਸਫ਼ਲਤਾ ਹਾਸਲ ਕਰਦਿਆਂ ਥਾਣਾ ਸਿਟੀ ਧੂਰੀ ਦੇ ਇਲਾਕੇ ਵਿੱਚ ਹੋਏ ਦੋ ਨੌਜਵਾਨਾਂ ਦੇ ਅੰਨ੍ਹੇ ਕਤਲ ਦੀ ਗੁੱਥੀ ਨੂੰ ਮਹਿਜ਼ 24 ਘੰਟਿਆਂ ਦੇ ਅੰਦਰ ਸੁਲਝਾ ਲਿਆ ਹੈ।ਜ਼ਿਲ੍ਹਾ ਪੁਲਸ ਮੁਖੀ ਡਾ. ਰਵਜੋਤ ਗਰੇਵਾਲ ਨੇ ਦੱਸਿਆ ਕਿ ਮਾੜੇ ਅਨਸਰਾਂ ਵਿਰੁੱਧ ਵਿੱਢੀ ਮੁਹਿੰਮ ਤਹਿਤ ਪੁਲਿਸ ਨੇ ਮੁਸਤੈਦੀ ਦਿਖਾਉਂਦੇ ਹੋਏ ਇਸ ਸਨਸਨੀਖੇਜ਼ ਵਾਰਦਾਤ ਦੇ 06 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰ ਲਿਆ ਹੈ।ਫੜੇ ਗਏ ਮੁਲਜ਼ਮਾਂ ਕੋਲੋਂ ਵਾਰਦਾਤ ਦੌਰਾਨ ਵਰਤੇ ਗਏ 02 ਮੋਟਰਸਾਈਕਲ ਵੀ ਬਰਾਮਦ ਕੀਤੇ ਗਏ ਹਨ।ਡਾ. ਗਰੇਵਾਲ ਨੇ ਦੱਸਿਆ ਕਿ ਲੰਘੀ 7 ਜੁਲਾਈ ਨੂੰ ਕੱਕੜਵਾਲ ਰੋਡ 'ਤੇ ਇੱਕ ਨਾਈ ਦੀ ਦੁਕਾਨ ਤੇ ਇੱਥੇ ਲੱਭੂ, ਸਾਵਨ, ਪ੍ਰਿੰਸ, ਕਰਨ ਰਟੋਲ, ਨੀਰਜ ਉਰਫ਼ ਸੈਂਡੀ, ਵਿੱਕੀ, ਰਿੰਕੂ, ਮੋਗਲੀ ਤੇ ਉਨ੍ਹਾਂ ਦੇ 7-8 ਹੋਰ ਅਣਪਛਾਤੇ ਸਾਥੀਆਂ ਨੇ ਮਾਰੂ ਹਥਿਆਰਾਂ ਨਾਲ ਲੈਸ ਹੋ ਕੇ ਦੇਵ ਕੁਮਾਰ ਉਰਫ਼ ਦੇਬੂ ਤੇ ਅਨਿਲ ਉਰਫ਼ ਬੱਬਾਂ 'ਤੇ ਘਾਤਕ ਹਮਲਾ ਕਰ ਦਿੱਤਾ।ਇਸ ਬੇਰਹਿਮੀ ਨਾਲ ਕੀਤੇ ਹਮਲੇ 'ਚ ਦੋਵਾਂ ਨੌਜਵਾਨਾਂ ਦੀ ਮੌਤ ਹੋ ਗਈ।ਪੁਲਸ ਨੇ ਤੁਰੰਤ ਕਾਰਵਾਈ ਕਰਦਿਆਂ ਥਾਣਾ ਸਿਟੀ ਧੂਰੀ ਵਿਖੇ ਬੀ.ਐਨ.ਐਸ. ਦੀਆਂ ਵੱਖ-ਵੱਖ ਸੰਗੀਨ ਧਾਰਾਵਾਂ ਤਹਿਤ ਮੁਕੱਦਮਾ ਨੰਬਰ 125 ਦਰਜ ਕਰਕੇ ਜਾਂਚ ਸ਼ੁਰੂ ਕੀਤੀ।ਮੁਲਜ਼ਮਾਂ ਦੀ ਫੜੋ-ਫੜੀ ਲਈ ਐਸ.ਪੀ. (ਇਨਵੈਸਟੀਗੇਸ਼ਨ) ਦਵਿੰਦਰ ਅੱਤਰੀ ਦੀ ਅਗਵਾਈ ਤੇ ਡੀ.ਐਸ.ਪੀ. ਸੁਖਦੇਵ ਸਿੰਘ ਤੇ ਡੀ.ਐਸ.ਪੀ. ਗੁਰਪ੍ਰੀਤ ਸਿੰਘ ਦੀ ਨਿਗਰਾਨੀ ਹੇਠ ਵਿਸ਼ੇਸ਼ ਟੀਮਾਂ ਗਠਿਤ ਕੀਤੀਆਂ ਗਈਆਂ। ਸੀ.ਆਈ.ਏ. ਇੰਚਾਰਜ ਸੰਦੀਪ ਸਿੰਘ ਅਤੇ ਮੁੱਖ ਅਫ਼ਸਰ ਜਸਵੀਰ ਸਿੰਘ ਦੀਆਂ ਟੀਮਾਂ ਨੇ ਤਕਨੀਕੀ ਤੇ ਵਿਗਿਆਨਕ ਤਰੀਕਿਆਂ ਦੀ ਵਰਤੋਂ ਕਰਦੇ ਹੋਏ 24 ਘੰਟਿਆਂ ਦੇ ਅੰਦਰ ਅੰਦਰ ਛੇ ਮੁਲਜ਼ਮਾਂਲੱਭੂ, ਸਾਵਨ, ਪ੍ਰਿੰਸ, ਕਰਨ ਰਟੋਲ, ਰਮਨ ਅਤੇ ਪਵਨ ਨੂੰ ਦਬੋਚ ਲਿਆ।ਪੁਲਸ ਦੀ ਮੁਢਲੀ ਪੁੱਛਗਿੱਛ ਦੌਰਾਨ ਇਹ ਗੱਲ ਸਾਹਮਣੇ ਆਈ ਹੈ ਕਿ ਦੋਵਾਂ ਧਿਰਾਂ ਵਿਚਾਲੇ 14 ਜੂਨ ਨੂੰ ਵੀ ਝਗੜਾ ਹੋਇਆ ਸੀ, ਜਿਸ ਸਬੰਧੀ ਥਾਣਾ ਸਿਟੀ ਧੂਰੀ ਵਿਖੇ ਪਹਿਲਾਂ ਹੀ ਮੁਕੱਦਮਾ ਨੰਬਰ 99 ਦਰਜ ਸੀ।ਇਸੇ ਪੁਰਾਣੀ ਲੜਾਈ ਦੀ ਰੰਜਿਸ਼ ਦਾ ਬਦਲਾ ਲੈਣ ਲਈ ਮੁਲਜ਼ਮਾਂ ਨੇ ਇਸ ਖ਼ੂਨੀ ਖੇਡ ਨੂੰ ਅੰਜਾਮ ਦਿੱਤਾ।ਪੁਲਸ ਵੱਲੋਂ ਮੁਲਜ਼ਮਾਂ ਦਾ ਰਿਮਾਂਡ ਹਾਸਲ ਕਰਕੇ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾ ਰਹੀ ਹੈ ਤੇ ਬਾਕੀ ਫ਼ਰਾਰ ਮੁਲਜ਼ਮਾਂ ਦੀ ਗ੍ਰਿਫ਼ਤਾਰੀ ਲਈ ਛਾਪੇਮਾਰੀ ਜਾਰੀ ਹੈ।

ਸਰਪੰਚ ਯੂਨੀਅਨ ਫ਼ਿਰੋਜ਼ਪੁਰ ਵੱਲੋਂ ਡੀ ਸੀ ਨੂੰ ਮੰਗ ਪੱਤਰ, ਸਾਬਕਾ ਸਰਪੰਚਾਂ ਦੇ ਮਾਣਭੱਤੇ ਦੀ ਅਦਾਇਗੀ ਦੀ ਮੰਗ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਸਰਪੰਚ ਯੂਨੀਅਨ ਜ਼ਿਲ੍ਹਾ ਫ਼ਿਰੋਜ਼ਪੁਰ ਵੱਲੋਂ ਸਾਬਕਾ ਸਰਪੰਚਾਂ ਦਾ ਬਣਦਾ ਮਾਣਭੱਤਾ ਲੈਣ ਸੰਬੰਧੀ ਇਕ ਮੰਗ ਪੱਤਰ ਡਿਪਟੀ ਕਮਿਸ਼ਨਰ ਫ਼ਿਰੋਜ਼ਪੁਰ ਨੂੰ ਸੌਂਪਿਆ ਗਿਆ ਹੈ। ਸਰਪੰਚ ਯੂਨੀਅਨ ਦੇ ਸਾਰਜ ਸਿੰਘ ਨੇ ਦੱਸਿਆ ਕਿ ਸਾਲ 2013 ਤੋਂ 2023 ਤੱਕ ਦੇ ਸਾਬਕਾ ਸਰਪੰਚਾਂ ਦੇ ਬਣਦੇ ਮਾਨਭੱਤੇ ਦੀ ਅਦਾਇਗੀ ਪਿਛਲੇ ਲੰਬੇ ਸਮੇਂ ਤੋਂ ਲਟਕ ਰਹੀ ਹੈ। ਇਸ ਸਬੰਧੀ ਸਰਪੰਚ ਯੂਨੀਅਨ ਵੱਲੋਂ ਪਹਿਲਾਂ ਵੀ ਕਈ ਵਾਰ ਜ਼ਿਲ੍ਹਾ ਪ੍ਰਸ਼ਾਸਨ ਤੇ ਏਡੀਸੀ ਫ਼ਿਰੋਜ਼ਪੁਰ ਨੂੰ ਮੰਗ ਪੱਤਰ ਦਿੱਤੇ ਜਾ ਚੁੱਕੇ ਹਨ ਅਤੇ ਰੋਸ ਪ੍ਰਦਰਸ਼ਨ ਕੀਤੇ ਗਏ ਹਨ, ਪਰ ਹਾਲੇ ਤੱਕ ਕੋਈ ਹੱਲ ਨਹੀਂ ਨਿਕਲਿਆ। ਸਾਰਜ ਸਿੰਘ ਨੇ ਦੱਸਿਆ ਕਿ ਮਾਨਭੱਤੇ ਦੀ ਅਦਾਇਗੀ ਨਾ ਹੋਣ ਕਾਰਨ ਮਾਨਯੋਗ ਪੰਜਾਬ ਤੇ ਹਰਿਆਣਾ ਹਾਈ ਕੋਰਟ ਵਿਖੇ ਵੀ ਪਟੀਸ਼ਨ ਦਾਇਰ ਕੀਤੀ ਗਈ ਸੀ। ਇਸ ਤੋਂ ਬਾਅਦ, ਪੰਜਾਬ ਸਰਕਾਰ ਦੇ ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਦੇ ਡਾਇਰੈਕਟਰ-ਕਮ-ਵਿਸ਼ੇਸ਼ ਸਕੱਤਰ ਤੇ ਮਾਨਯੋਗ ਮੁੱਖ ਮੰਤਰੀ ਪੰਜਾਬ ਵੱਲੋਂ ਡੀ.ਓ. ਪੱਤਰ ਜਾਰੀ ਕਰਕੇ ਸਰਪੰਚਾਂ ਦੇ ਮਾਨਭੱਤੇ ਦੀ ਅਦਾਇਗੀ ਕਰਨ ਦੇ ਨਿਰਦੇਸ਼ ਦਿੱਤੇ ਗਏ ਸਨ। ਇਸ ਦੇ ਬਾਵਜੂਦ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਹਾਲੇ ਤੱਕ ਸਰਪੰਚਾਂ ਨੂੰ ਮਾਨਭੱਤਾ ਜਾਰੀ ਨਹੀਂ ਕੀਤਾ ਗਿਆ। ਸਰਪੰਚ ਯੂਨੀਅਨ ਨੇ ਪ੍ਰਸ਼ਾਸਨ ਨੂੰ ਸਖ਼ਤ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਸਰਕਾਰ ਤੇ ਪ੍ਰਸ਼ਾਸਨ ਦੇ ਹੁਕਮਾਂ ਦੀ ਪਾਲਣਾ ਕਰਦਿਆਂ ਸਰਪੰਚਾਂ ਦਾ ਬਣਦਾ ਮਾਨਭੱਤਾ ਤੁਰੰਤ ਜਾਰੀ ਨਾ ਕੀਤਾ ਗਿਆ, ਤਾਂ ਉਹ ਮਜਬੂਰਨ 14 ਜੁਲਾਈ 2026 ਤੋਂ ਅਣਮਿੱਥੇ ਸਮੇਂ ਲਈ ਪੱਕੇ ਤੌਰ 'ਤੇ ਧਰਨਾ ਤੇ ਰੋਸ ਪ੍ਰਦਰਸ਼ਨ ਸ਼ੁਰੂ ਕਰ ਦੇਣਗੇ। ਯੂਨੀਅਨ ਨੇ ਸਪੱਸ਼ਟ ਕੀਤਾ ਕਿ ਇਸ ਸੰਘਰਸ਼ ਦੌਰਾਨ ਹੋਣ ਵਾਲੇ ਕਿਸੇ ਵੀ ਨੁਕਸਾਨ ਦੀ ਸਿੱਧੀ ਜ਼ਿੰਮੇਵਾਰੀ ਜ਼ਿਲ੍ਹਾ ਪ੍ਰਸ਼ਾਸਨ ਦੀ ਹੋਵੇਗੀ। ਇਸ ਮੌਕੇ ਸਰਪੰਚ ਯੂਨੀਅਨ ਦੇ ਸਾਰਜ ਸਿੰਘ ਤੋਂ ਇਲਾਵਾ ਲਖਵਿੰਦਰ ਸਿੰਘ, ਭੁਪਿੰਦਰ ਸਿੰਘ, ਜਸਵਿੰਦਰ ਸਿੰਘ, ਰਾਜਿੰਦਰ ਸਿੰਘ, ਗੁਰਬਖ਼ਸ਼ ਸਿੰਘ, ਸਤਨਾਤ ਸਿੰਘ ਤੋਂ ਇਲਾਵਾ ਹੋਰ ਹਾਜ਼ਰ ਸਨ।

ਵਿਦਿਆਰਥੀਆਂ ਨੂੰ ਸਟੇਸ਼ਨਰੀ ਵੰਡੀ

ਭੀਖੀ (ਧਰਮਵੀਰ ਸ਼ਰਮਾ)-ਸਰਕਾਰੀ ਪ੍ਰਾਇਮਰੀ ਸਕੂਲ ਖੀਵਾ ਕਲਾਂ ਤੋਂ ਹੈੱਡ ਟੀਚਰ ਦੇ ਪਦ ਤੋਂ ਸੇਵਾ ਮੁਕਤ ਹੋਏ ਸਵ. ਰਾਮ ਭਗਤ ਜੀ ਦੀ ਯਾਦ ਵਿੱਚ ਉਨ੍ਹਾਂ ਦੇ ਸਪੁੱਤਰ ਸਤੀਸ਼ ਜੈਨ ਤੇ ਸਮੂਹ ਪਰਵਾਰ ਵੱਲੋਂ ਸਰਕਾਰੀ ਪ੍ਰਾਇਮਰੀ ਸਕੂਲ ਖੀਵਾ ਕਲਾਂ ਦੇ ਵਿਦਿਆਰਥੀਆਂ ਨੂੰ ਕਾਪੀਆਂ, ਪੈਨਸਲ, ਟੇਬਲ ਬੁੱਕ, ਬਿਸਕੁੱਟ ਆਦਿ ਵੰਡੇ ਗਏ। ਇਸ ਤੋਂ ਇਲਾਵਾ ਉਨ੍ਹਾਂ ਦੁਆਰਾ ਮਿੱਡ-ਡੇ ਮੀਲ ਵਰਕਰ ਤੇ ਸਫਾਈ ਸੇਵਕਾਂ ਨੂੰ ਵੀ ਮਾਨ ਸਨਮਾਨ ਦਿੱਤਾ ਗਿਆ। ਇਸ ਮੌਕੇ ਸਤੀਸ਼ ਜੈਨ ਨੇ ਦੱਸਿਆ ਕਿ ਅੱਜ ਉਨ੍ਹਾਂ ਦੇ ਪਿਤਾ ਸਵ. ਰਾਮ ਭਗਤ ਜੀ ਦੀ ਪਹਿਲੀ ਬਰਸੀ ਮੌਕੇ ਸਕੂਲ ਦੇ ਵਿਦਿਆਰਥੀਆਂ ਨੂੰ ਸਟੇਸ਼ਨਰੀ ਵੰਡੀ ਗਈ ਤੇ ਉਨ੍ਹਾਂ ਦੀ ਯਾਦ ਵਿੱਚ ਸਕੂਲ ਵਿਖੇ ਪੌਦੇ ਵੀ ਲਗਾਏ ਗਏ। ਇਸ ਮੌਕੇ ਸਕੂਲ ਮੁਖੀ ਮੈਡਮ ਹਰਪਾਲ ਕੌਰ, ਸਕੂਲ ਮੈਨੇਜਮੈਂਟ ਕਮੇਟੀ ਤੇ ਸਕੂਲ ਸਟਾਫ ਵੱਲੋਂ ਪਰਿਵਾਰ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਸਰਕਾਰੀ ਪ੍ਰਾਇਮਰੀ ਸਕੂਲ ਖੀਵਾ ਕਲਾਂ ਤੇ ਸਰਕਾਰੀ ਹਾਈ ਸਕੂਲ ਖੀਵਾ ਕਲਾਂ ਦਾ ਸਮੂਹ ਸਟਾਫ਼ ਹਾਜ਼ਰ ਸੀ।

ਪੁਰਾਣੀ ਰੰਜਿਸ਼ ਨੂੰ ਲੈ ਕੇ ਮਾਣੂੰਕੇ 'ਚ ਗੋਲੀ ਚੱਲੀ

ਹਠੂਰ (ਲਵਲੀ ਮਾਛੀਕੇ)-ਪੁਰਾਣੀ ਰੰਜਿਸ਼ ਨੂੰ ਲੈ ਕੇ ਪਿੰਡ ਮਾਣੂੰਕੇ ਵਿਖੇ ਗੋਲੀ ਚੱਲਣ ਦਾ ਮਾਮਲਾ ਸਾਹਮਣੇ ਆਇਆ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਥਾਣਾ ਹਠੂਰ ਦੇ ਇੰਚਾਰਜ ਗੁਰਸੇਵਕ ਸਿੰਘ ਨੇ ਦੱਸਿਆ ਕਿ ਗਗਨਦੀਪ ਸਿੰਘ ਉਰਫ ਅੰਬੀ ਪੁੱਤਰ ਮਹਿੰਦਰ ਸਿੰਘ ਵਾਸੀ ਮਾਣੂੰਕੇ ਨੇ ਪੁਲਸ ਨੂੰ ਬਿਆਨ ਵਿੱਚ ਲਿਖਵਾਇਆ ਹੈ ਕਿ ਸੋਮਵਾਰ ਨੂੰ ਜਦੋਂ ਉਹ ਜਿੰਮ ਵਿੱਚ ਕਸਰਤ ਕਰਨ ਲਈ ਆਇਆ ਤਾਂ ਉਹ ਜਿੰਮ ਦੇ ਬਾਹਰ ਖੜ੍ਹਾ ਸੀ ਤਾਂ ਪ੍ਰਗਟ ਸਿੰਘ ਪੁੱਤਰ ਬਲਵਿੰਦਰ ਸਿੰਘ ਉਰਫ ਘੋਗਾ ਵਾਸੀ ਮਾਣੂੰਕੇ ਆਪਣੀ ਕਾਰ ਅਲਟੋ ਵਿੱਚ ਸਵਾਰ ਹੋ ਕੇ ਆਇਆ, ਜਿਸ ਨੇ ਕਾਰ ਵਿੱਚ ਬੈਠੇ ਨੇ ਆਉਂਦੇ ਸਾਰ ਗਗਨਦੀਪ ਸਿੰਘ ਨੂੰ ਮਾਰ ਦੇਣ ਦੀ ਨੀਅਤ ਨਾਲ ਪਿਸਤੌਲ ਨਾਲ ਦੋ ਫਾਇਰ ਕੀਤੇ ਤਾਂ ਗਗਨਦੀਪ ਸਿੰਘ ਹੇਠਾਂ ਵੱਲ ਝੁੱਕ ਗਿਆ ਤਾਂ ਫਾਇਰ ਸਿੱਧੇ ਕੰਧ ਵਿੱਚ ਲੱਗੇ, ਗਗਨਦੀਪ ਸਿੰਘ ਭੱਜ ਕੇ ਜਿੰਮ ਅੰਦਰ ਵੜ ਗਿਆ।ਜਦੋਂ ਗਗਨਦੀਪ ਸਿੰਘ ਨੇ ਬਾਹਰ ਆ ਕੇ ਦੇਖਿਆ ਤਾਂ ਪ੍ਰਗਟ ਸਿੰਘ ਆਪਣੀ ਕਾਰ ਖੇਤਾਂ ਵਾਲੀ ਸਾਈਡ ਨੂੰ ਭਜਾ ਕੇ ਲੈ ਗਿਆ।ਉਨ੍ਹਾ ਦੱਸਿਆ ਕਿ ਪ੍ਰਗਟ ਸਿੰਘ ਖਿਲਾਫ ਥਾਣਾ ਹਠੂਰ ਵਿਖੇ ਮੁਕੱਦਮਾ ਦਰਜ ਕਰਕੇ ਅਗਲੀ ਤਫਤੀਸ਼ ਕੀਤੀ ਜਾ ਰਹੀ ਹੈ।

25 ਗ੍ਰਾਮ ਹੈਰੋਇਨ ਸਮੇਤ ਕਾਬੂ

ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-ਸਥਾਨਕ ਪੁਲਸ ਵੱਲੋਂ 25 ਗ੍ਰਾਮ ਹੈਰੋਇਨ ਸਮੇਤ ਇੱਕ ਨੌਜਵਾਨ ਹਰਦੀਪ ਸਿੰਘ ਉਰਫ਼ ਗੁੱਲੂ ਵਾਸੀ ਮਾਛੀਵਾੜਾ ਨੂੰ ਗ੍ਰਿਫ਼ਤਾਰ ਕੀਤਾ ਹੈ। ਪ੍ਰੈੱਸ ਨਾਲ ਗੱਲਬਾਤ ਕਰਦਿਆਂ ਥਾਣਾ ਮੁਖੀ ਅਜਿਤੇਸ਼ ਕੌਸ਼ਲ ਨੇ ਦੱਸਿਆ ਕਿ ਸਹਾਇਕ ਥਾਣੇਦਾਰ ਹਾਕਮ ਸਿੰਘ ਵੱਲੋਂ ਪੁਲਸ ਪਾਰਟੀ ਸਮੇਤ ਟੀ-ਪੁਆਇੰਟ ਪਿੰਡ ਮੁਹੱਦੀਪੁਰ ਨੇੜੇ ਗਸ਼ਤ ਕੀਤੀ ਜਾ ਰਹੀ ਸੀ ਤਾਂ ਇੱਕ ਨੌਜਵਾਨ ਨੂੰ ਸ਼ੱਕ ਦੇ ਅਧਾਰ 'ਤੇ ਜਾਂਚ ਲਈ ਰੋਕਿਆ ਤੇ ਉਸ ਤੋਂ ਨਾਮ ਤੇ ਪਤਾ ਪੁੱਛਿਆ। ਉਕਤ ਨੌਜਵਾਨ ਨੇ ਆਪਣਾ ਨਾਮ ਹਰਦੀਪ ਸਿੰਘ ਗੁੱਲੂ ਦੱਸਿਆ। ਪੁਲਸ ਵੱਲੋਂ ਜਦੋਂ ਉਸ ਦੀ ਚੈਕਿੰਗ ਕੀਤੀ ਗਈ ਤਾਂ ਉਸ ਕੋਲੋਂ 25 ਗ੍ਰਾਮ ਹੈਰੋਇਨ ਬਰਾਮਦ ਹੋਈ, ਜਿਸ 'ਤੇ ਉਸ ਖਿਲਾਫ਼ ਐੱਨ.ਡੀ.ਪੀ.ਐੱਸ. ਐਕਟ ਤਹਿਤ ਮਾਮਲਾ ਦਰਜ ਕਰ ਲਿਆ ਗਿਆ। ਥਾਣਾ ਮੁਖੀ ਅਜਿਤੇਸ਼ ਕੌਸ਼ਲ ਨੇ ਦੱਸਿਆ ਕਿ ਪੁਲਸ ਵੱਲੋਂ ਇਸ ਮਾਮਲੇ ਦੀ ਬਰੀਕੀ ਨਾਲ ਜਾਂਚ ਕੀਤੀ ਜਾ ਰਹੀ ਹੈ।

ਸਕੂਲੀ ਵਿਦਿਆਰਥਣਾਂ ਨੂੰ ਵਰਦੀਆਂ ਵੰਡੀਆਂ

ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-ਸਥਾਨਕ ਪੀ ਐੱਮ ਸ਼੍ਰੀ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਵਿਖੇ ਵਿਦਿਆਰਥਣਾਂ ਨੂੰ ਵਰਦੀਆਂ ਵੰਡੀਆਂ ਗਈਆਂ। ਸਕੂਲ ਮੈਨੇਜਮੈਂਟ ਕਮੇਟੀ ਦੇ ਚੇਅਰਮੈਨ ਸਨਦੀਪ ਕੌਰ ਤੇ ਕੌਂਸਲਰ ਅਮਨਦੀਪ ਸਿੰਘ ਤਨੇਜਾ ਵੱਲੋਂ ਛੇਵੀਂ ਤੋਂ ਅੱਠਵੀਂ ਜਮਾਤ ਦੀਆਂ ਵਿਦਿਆਰਥਣਾਂ ਨੂੰ ਵਰਦੀਆਂ ਵੰਡੀਆਂ ਗਈਆਂ, ਜਿਸ ਵਿਚ ਕੋਟੀਆਂ, ਸੂਟ, ਬੂਟ, ਜੁਰਾਬਾਂ, ਜੈਕੇਟ, ਚੁੰਨੀ ਸ਼ਾਮਲ ਸਨ। ਸਕੂਲ ਪ੍ਰਿੰਸੀਪਲ ਵੱਲੋਂ ਪਤਵੰਤਿਆਂ ਦਾ ਵਰਦੀਆਂ ਦੇਣ 'ਤੇ ਧੰਨਵਾਦ ਪ੍ਰਗਟਾਇਆ ਗਿਆ।

11 ਨੂੰ ਕਨਵੈਨਸ਼ਨ ਉਪਰੰਤ ਐਮ ਐੱਲ ਏ ਦੇ ਘਰ ਮੂਹਰੇ ਘੜਾ ਭੰਨ ਕੀਤਾ ਜਾਵੇਗਾ ਰੋਸ ਮੁਜ਼ਾਹਰਾ

ਮੋਗਾ (ਇਕਬਾਲ ਸਿੰਘ ਖਹਿਰਾ)-ਪੈਨਸ਼ਨਰਜ ਐਸੋਸੀਏਸ਼ਨ ਪਾਵਰਕਾਮ ਐਂਡ ਟਰਾਂਸਕੋ ਸਿਟੀ ਮੰਡਲ ਦੀ ਮਹੀਨਾਵਾਰ ਜਨਰਲ ਮੀਟਿੰਗ ਰੈਸਟ ਹਾਊਸ ਵਿਖੇ ਹੋਈ, ਜਿਸ ਵਿੱਚ ਪੈਨਸ਼ਨਰਜ ਸਾਥੀਆਂ ਵੱਲੋਂ ਭਰਵੀਂ ਸ਼ਮੂਲੀਅਤ ਕੀਤੀ ਗਈ।ਮੀਟਿੰਗ ਸ਼ੁਰੂ ਕਰਨ ਤੋਂ ਪਹਿਲਾਂ ਪਿਛਲੇ ਮਹੀਨੇ ਵਿਛੋੜਾ ਦੇ ਗਏ ਪੈਨਸ਼ਨਰਜ ਸਾਥੀਆਂ ਨੂੰ ਸਰਧਾਂਜਲੀ ਭੇਟ ਕੀਤੀ ਗਈ।ਮੀਟਿੰਗ ਦੀ ਕਾਰਵਾਈ ਸ਼ੁਰੂ ਕਰਦੇ ਹੋਏ ਸਾਥੀ ਬਲਵਿੰਦਰ ਸਿੰਘ ਸਕੱਤਰ ਨੇ ਦੱਸਿਆ ਕਿ ਪੰਜਾਬ ਦੇ ਮੁਲਾਜ਼ਮ ਅਤੇ ਪੈਨਸ਼ਨਰਜ਼ ਆਪਣੀਆਂ ਮੰਗਾਂ ਜਿਵੇਂ 31-12-2015 ਤੱਕ ਸੇਵਾਮੁਕਤ ਪੈਨਸ਼ਨਰਜ ਦੀ 2,59 ਦਾ ਫੈਕਟਰ ਲਾ ਕੇ ਪੈਨਸ਼ਨ ਸੋਧਨ ਸੰਬੰਧੀ, ਡੀ ਏ ਦੀਆਂ ਬਕਾਇਆ ਕਿਸ਼ਤਾਂ ਜਾਰੀ ਕਰਨ ਬਾਰੇ, ਮਹੀਨਾ 07/21 ਤੋਂ ਡੀ.ਏ ਦਾ ਏਰੀਅਰ ਦੇਣ ਸੰਬੰਧੀ, ਸੋਧੇ ਸਕੇਲਾਂ ਦਾ ਏਰੀਅਰ ਕਿਸ਼ਤਾਂ ਦੀ ਬਜਾਏ ਯਕਮੁਸ਼ਤ ਦੇਣ ਸੰਬੰਧੀ ਤੇ ਹੋਰ ਮੰਗਾਂ ਮੰਨਵਾਉਣ ਲਈ ਪੰਜਾਬ ਸਰਕਾਰ ਅਤੇ ਪਾਵਰਕਾਮ ਮੈਨੇਜਮੈਂਟ ਨਾਲ ਸਾਂਝੇ ਫਰੰਟ ਦੀ ਅਗਵਾਈ ਹੇਠ ਸੰਘਰਸ਼ ਕਰਦੇ ਆ ਰਹੇ ਹਨ, ਪਰ ਪੰਜਾਬ ਸਰਕਾਰ ਵਲੋਂ ਹਠਧਰਮੀ/ਬੇਸ਼ਰਮੀ ਧਾਰਦੇ ਹੋਏ ਮੰਗਾ ਮੰਨਣ ਤੋਂ ਇਨਕਾਰੀ ਹੋ ਗਈ ਹੈ। ਸਾਥੀ ਜੰਗੀਰ ਸਿੰਘ ਨੇ ਦੱਸਿਆ ਕਿ ਹਾਈਕੋਰਟ ਵਲੋ ਮੁਲਾਜ਼ਮ ਅਤੇ ਪੈਨਸਨਰਜ਼ ਨੂੰ ਡੀ ਏ ਦੀਆ ਕਿਸ਼ਤਾਂ ਅਤੇ ਬਕਾਇਆ ਏਰੀਅਰ 30-06-26 ਤੱਕ ਦੇਣ ਦੇ ਹੁਕਮ ਕੀਤੇ ਸਨ, ਪਰ ਪੰਜਾਬ ਸਰਕਾਰ ਵੱਲੋਂ ਹਾਈਕੋਰਟ ਦਾ ਫੈਸਲਾ ਲਾਗੂ ਕਰਨ ਦੀ ਬਜਾਏ ਸਾਰਾ ਜ਼ੋਰ ਇਸ ਗੱਲ 'ਤੇ ਲੱਗਾ ਹੋਇਆ ਕਿ ਡੀਏ ਕਿਸ ਤਰ੍ਹਾਂ ਕੇਂਦਰ ਸਰਕਾਰ ਨਾਲੋਂ ਡੀਲਿੰਕ ਕਰਕੇ ਬੰਦ ਕੀਤਾ ਜਾਵੇ। ਸਾਥੀ ਬਲੌਰ ਸਿੰਘ ਪ੍ਰਧਾਨ ਨੇ ਦੱਸਿਆ ਕਿ ਉਪਰੋਕਤ ਮੰਗਾਂ ਮਸਲਿਆਂ ਨੂੰ ਮੰਨਵਾਉਣ ਲਈ ਪੰਜਾਬ ਦੇ ਸਮੂਹ ਮੁਲਾਜ਼ਮ ਤੇ ਪੈਨਸ਼ਨਰਜ਼ ਵੱਲੋਂ ਪੰਜਾਬ ਸਰਕਾਰ ਵਿਰੁੱਧ ਸੰਘਰਸ਼ ਕਰਨ ਅਤੇ ਸੰਘਰਸ਼ ਨੂੰ ਤਕੜਾ ਕਰਨ ਲਈ ਕੋਆਰਡੀਨੇਸ਼ਨ ਕਮੇਟੀ ਦਾ ਗਠਨ ਕੀਤਾ ਗਿਆ, ਜਿਸ ਦੇ ਪਹਿਲੇ ਪੜਾਅ ਵਜੋਂ 24 ਜੂਨ ਨੂੰ ਪੂਰੇ ਪੰਜਾਬ ਵਿੱਚ ਜ਼ਿਲ੍ਹਾ ਪੱਧਰ ਧਰਨੇ ਦਿੱਤੇ ਗਏ।ਸਾਂਝੇ ਫਰੰਟ ਦੇ ਫੈਸਲੇ ਮੁਤਾਬਕ 11-07-26 ਨੂੰ ਜ਼ਿਲ੍ਹਾ ਪੱਧਰੀ ਕਨਵੈਨਸ਼ਨ ਸਹੀਦ ਨਛੱਤਰ ਸਿੰਘ ਯਾਦਗਾਰ ਹਾਲ, ਨੇੜੇ ਬੱਸ ਸਟੈਂਡ ਵਿਖੇ ਕਰਨ ਉਪਰੰਤ ਵਿਧਾਨ ਸਭਾ ਹਲਕਾ ਮੋਗਾ ਦੀ ਸਤਾਧਾਰੀ ਐਮ ਐਲ ਏ ਅਮਨਦੀਪ ਕੌਰ ਦੇ ਘਰ ਮੂਹਰੇ ਘੜਾ ਭੰਨ ਮੁਜ਼ਾਹਰਾ ਕੀਤਾ ਜਾਵੇਗੀ।

ਕੋਆਰਡੀਨੇਸ਼ਨ ਕਮੇਟੀ ਦੇ ਫ਼ੈਸਲੇ ਮੁਤਾਬਕ 17-07-26 ਨੂੰ ਮੋਹਾਲੀ ਵਿਖੇ ਮਹਾਂਰੈਲੀ ਕੀਤੀ ਜਾਵੇਗੀ। ਪੈਨਸ਼ਨਰਜ਼ ਸਾਂਝੇ ਫਰੰਟ ਦੇ ਫੈਸਲੇ ਮੁਤਾਬਕ 29-07-26 ਨੂੰ ਸੰਗਰੂਰ ਵਿਖੇ ਵਿਸ਼ਾਲ ਸੂਬਾਈ ਧਰਨਾ ਦਿੱਤਾ ਜਾਵੇਗਾ। ਸਾਥੀ ਪ੍ਰਗਟ ਸਿੰਘ, ਸਾਥੀ ਰਣਜੀਤ ਸਿੰਘ, ਸਾਥੀ ਰੇਸ਼ਮ ਸਿੰਘ ਨੇ ਸਮੂਹ ਪੈਨਸ਼ਨਰਜ਼ ਸਾਥੀਆਂ ਨੂੰ ਜ਼ੋਰਦਾਰ ਅਪੀਲ ਕੀਤੀ ਹੈ ਕਿ ਜੇਕਰ ਆਪਣਾ ਡੀਏ ਬਰਕਰਾਰ ਰੱਖਣਾ ਤਾਂ ਸਾਨੂੰ ਸਾਰੇ ਸਾਥੀਆਂ ਨੂੰ ਦਿਤੇ ਸੰਘਰਸ਼ ਪ੍ਰੋਗਰਾਮ ਨੂੰ ਇਮਾਨਦਾਰੀ ਨਾਲ ਲਾਗੂ ਕਰਦੇ ਹੋਏ ਵਧ ਤੋ ਵਧ ਸਮੂਲੀਅਤ ਨੂੰ ਯਕੀਨੀ ਬਣਾਇਆ ਜਾਵੇ।

ਬਿਨਾਂ ਲੋੜੀਦੇ ਕਦਮ ਚੁੱਕੇ 20% ਇਥੇਨੌਲ ਪੈਟਰੋਲ 'ਚ ਪਾਉਣਾ ਨੁਕਸਾਨਦੇਹ : ਸੀ ਪੀ ਆਈ

ਲੁਧਿਆਣਾ (ਐਮ ਐਸ ਭਾਟੀਆ)-ਪੈਟਰੋਲ ਵਿੱਚ 20% ਇਥੇਨੌਲ ਪਾਉਣ ਨਾਲ ਗੱਡੀਆਂ ਨੂੰ ਬਹੁਤ ਨੁਕਸਾਨ ਹੋ ਰਿਹਾ ਹੈ, ਐਵਰੇਜ ਘੱਟ ਰਹੀ ਹੈ ਤੇ ਇੰਜਨ ਖਰਾਬ ਹੋ ਰਹੇ ਹਨ।ਸਾਡੇ ਦੇਸ਼ ਵਿੱਚ ਗੱਡੀਆਂ 10% ਇਥੇਨੌਲ ਮੁਤਾਬਕ ਬਣੀਆਂ ਹੋਈਆਂ ਹਨ।ਅਚਾਨਕ 20% ਇਥੇਨੌਲ ਪਾਉਣ ਦੇ ਨਾਲ ਗੱਡੀਆਂ ਦੇ ਇੰਜਣ 'ਚ ਪਾਣੀ ਜਮ੍ਹਾਂ ਹੁੰਦਾ ਹੈ, ਜਿਸ ਨਾਲ ਇੰਜਣ ਖਰਾਬ ਹੁੰਦਾ ਹੈ।ਭਾਰਤੀ ਕਮਿਊਨਿਸਟ ਪਾਰਟੀ ਜ਼ਿਲ੍ਹਾ ਲੁਧਿਆਣਾ ਇਕਾਈ ਦੇ ਆਗੂਆਂ ਨੇ ਕਿਹਾ ਕਿ ਕੇਂਦਰੀ ਮੰਤਰੀ ਤੇ ਆਰਐਸਐਸ-ਬੀਜੇਪੀ ਦੇ ਆਗੂ ਨਿਤਿਨ ਗਡਕਰੀ ਦਾ ਕਹਿਣਾ ਸੀ ਕਿ ਇਥੇਨੌਲ ਪਾਉਣ ਤੋਂ ਬਾਅਦ ਪੈਟਰੋਲ ਦੀ ਕੀਮਤ 55 ਰੁਪਏ ਪ੍ਰਤੀ ਲੀਟਰ ਰਹਿ ਜਾਏਗੀ, ਪਰ ਇੰਜ ਤਾਂ ਨਹੀਂ ਹੋਇਆ।ਪੈਟਰੋਲ ਇਕ ਸੌ ਰੁਪਏ ਪ੍ਰਤੀ ਲੀਟਰ ਦੇ ਨੇੜੇ-ਤੇੜੇ ਮਿਲ ਰਿਹਾ ਹੈ।ਦੂਜੇ ਜਿਹੜੇ ਦੇਸ਼ਾਂ ਵਿੱਚ ਇਥੇਨੌਲ ਪਾਇਆ ਜਾ ਰਿਹਾ ਹੈ, ਉਨ੍ਹਾਂ ਵਿੱਚ ਪਹਿਲਾਂ ਬਕਾਇਦਾ ਤਿਆਰੀ ਕੀਤੀ ਗਈ ਸੀ।ਬ੍ਰਾਜ਼ੀਲ ਦੇ ਵਿੱਚ 1970ਵਿਆਂ ਤੋਂ ਇਸ ਗੱਲ ਬਾਰੇ ਖੋਜਬੀਨ ਕੀਤੀ ਗਈ ਅਤੇ ਬਾਅਦ ਵਿੱਚ ਇਥੇਨੌਲ ਪੈਟਰੋਲ ਵਿੱਚ ਪਾਇਆ ਗਿਆ।ਚੇਤੇ ਰਹੇ ਕਿ ਇਥੇਨੌਲ ਜੈਵਿਕ ਪਦਾਰਥਾਂ ਤੋਂ ਬਣਦਾ ਹੈ ਕਿਉਂਕਿ ਇਹ ਅਲਕੋਹਲ ਹੈ।ਇਸ ਵਿੱਚ ਗੰਨਾ ਤੇ ਮੱਕੀ ਦਾ ਇਸਤੇਮਾਲ ਵਧੇਰੇ ਹੁੰਦਾ ਹੈ। ਸੋ ਇਸ ਗੱਲ ਨੂੰ ਸਮੁੱਚੇ ਤੌਰ 'ਤੇ ਘੋਖ ਕਰਨਾ ਚਾਹੀਦਾ ਹੈ ਤੇ ਮਾਹਿਰਾਂ ਨਾਲ ਅਨੇਕਾਂ ਮੀਟਿੰਗਾਂ ਕਰਨ ਤੋਂ ਬਾਅਦ ਕੋਈ ਫੈਸਲਾ ਕਰਨਾ ਚਾਹੀਦਾ ਸੀ, ਪਰ ਕਿਉਂਕਿ ਕੇਂਦਰੀ ਮੰਤਰੀ ਗਡਕਰੀ ਦੇ ਮੁੰਡਿਆਂ ਦਾ ਇਥੇਨੌਲ ਦਾ ਕਾਰੋਬਾਰ ਹੈ, ਇਸ ਲਈ ਇਹ ਜਲਦਬਾਜ਼ੀ ਕੀਤੀ ਗਈ।ਜਦੋਂ ਇਥੇਨੌਲ ਦੇਸ਼ ਵਿਚੋਂ ਪੂਰਾ ਨਹੀਂ ਹੋਏਗਾ, ਫਿਰ ਅਮਰੀਕਾ ਤੋਂ ਲਿਆਂਦਾ ਜਾਏਗਾ।ਇਹ ਵੀ ਖਦਸ਼ਾ ਹੈ ਕਿ ਭਾਰਤ ਅਮਰੀਕਾ ਸਮਝੌਤੇ ਵਿੱਚ ਜੋ ਮੱਦਾਂ ਹਨ, ਉਸਦਾ ਪ੍ਰਭਾਵ ਇਸ ਨੀਤੀ 'ਤੇ ਪਿਆ ਹੋਏ।ਇਹ ਸਾਫ ਹੈ ਕਿ ਮੌਜੂਦਾ ਸਰਕਾਰ ਦੇਸ਼ ਦੇ ਲੋਕਾਂ ਦੇ ਹਿੱਤਾਂ ਨੂੰ ਦੇਸੀ ਤੇ ਵਿਦੇਸ਼ੀ ਕਾਰਪੋਰੇਟਾਂ ਦੇ ਹੱਥਾਂ ਵਿੱਚ ਵੇਚ ਰਹੀ ਹੈ।ਇੱਥੇ ਦੱਸਣਾ ਉਚਿਤ ਹੈ ਕਿ ਸਰਕਾਰੀ ਨੀਤੀਆਂ ਕਾਰਪੋਰੇਟ ਸੈਕਟਰ ਨੂੰ ਲਾਭ ਪੁਚਾਉਣ ਲਈ ਨਿਰਦੇਸ਼ਿਤ ਹਨ।ਖੇਤੀਬਾੜੀ ਨਾਲ ਸਬੰਧਤ ਬਿੱਲ, ਬਿਜਲੀ ਬਿੱਲ, ਨਵੇਂ ਲੇਬਰ ਕੋਡ, ਨਵੀਂ ਪੈਨਸ਼ਨ ਸਕੀਮ, ਇਹ ਸਾਰੇ ਕਾਰਪੋਰੇਟ ਸੈਕਟਰ ਦੇ ਪੱਖ ਵਿੱਚ ਹਨ।ਭਾਰਤੀ ਕਮਿਊਨਿਸਟ ਪਾਰਟੀ ਇਸ ਗੱਲ ਦਾ ਪੁਰਜ਼ੋਰ ਵਿਰੋਧ ਕਰਦੀ ਹੈ ਤੇ ਅਸੀਂ ਮੰਗ ਕਰਦੇ ਹਾਂ ਕਿ ਇਥੇਨੌਲ ਨੂੰ ਮੁੜ ਕੇ 10% ਤੇ ਲਿਆਂਦਾ ਜਾਏ ਤੇ ਜਿਹੜੀਆਂ ਗੱਡੀਆਂ ਖਰਾਬ ਹੋਈਆਂ ਹਨ। ਉਨ੍ਹਾਂ ਦਾ ਮੁਆਵਜ਼ਾ ਕੇਂਦਰ ਸਰਕਾਰ ਦੇਵੇ।ਜਦ ਤੱਕ ਸਾਰੀਆਂ ਗੱਡੀਆਂ 20% ਮੁਤਾਬਕ ਨਹੀਂ ਬਣਦੀਆਂ, ਇਸ ਨੀਤੀ ਨੂੰ ਵਾਪਸ ਲਿਆ ਜਾਏ।ਫਿਲਹਾਲ ਖਪਤਕਾਰ ਨੂੰ ਬਾਲਣ ਦੀ ਕਿਸਮ ਦੀ ਚੋਣ ਕਰਨ ਦਾ ਵਿਕਲਪ ਦਿੱਤਾ ਜਾਣਾ ਚਾਹੀਦਾ ਹੈ।

Capital Small Finance Bank Ltd.
HO:- MIDAS Corporate Park, 3rd Floor, 37, G.T. Road, Jalandhar-144001, Punjab, India

ਕਬਜ਼ਾ ਨੋਟਿਸ
[ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 8 (1) ਤਹਿਤ]

ਜਦੋਂ ਕਿ ਨਿਮਨਹਸਤਾਖਰੀ ਨੇ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ ਦਾ ਅਧਿਕਾਰਤ ਅਫਸਰ ਵਜੋਂ ਸਕਿਉਰਟਾਈਜ਼ੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈੱਸਟ ਐਕਟ, 2002 ਅਤੇ ਸਕਿਉਰਿਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ (1) ਸ੍ਰੀ ਸੁਰਜੀਤ ਕੁਮਾਰ ਪੁੱਤਰ ਸ੍ਰੀ ਗੁਰਮੇਲ ਲਾਲ ਵਾਸੀ ਲਸੂੜੀ ਮੁਹੱਲਾ, ਬਸਤੀ ਦਾਨਿਸ਼ਮੰਦਾਂ ਟਾਊਨ, ਜਲੰਧਰ, ਪੰਜਾਬ-144002 (2) ਸ੍ਰੀਮਤੀ ਰਾਜਵਿੰਦਰ ਕੌਰ ਪਤਨੀ ਸ੍ਰੀ ਸੁਰਜੀਤ ਕੁਮਾਰ ਵਾਸੀ ਲਸੂੜੀ ਮੁਹੱਲਾ, ਬਸਤੀ ਦਾਨਿਸ਼ਮੰਦਾਂ ਟਾਊਨ, ਜਲੰਧਰ, ਪੰਜਾਬ-144002 (3) ਸ੍ਰੀਮਤੀ ਸ਼ਿੰਦੋ ਪਤਨੀ ਸ੍ਰੀ ਗੁਰਮੇਲ ਲਾਲ ਉਰਫ ਗੁਰਮੇਲ ਰਾਮ ਵਾਸੀ ਲਸੂੜੀ ਮੁਹੱਲਾ, ਬਸਤੀ ਦਾਨਿਸ਼ਮੰਦਾਂ ਟਾਊਨ, ਜਲੰਧਰ, ਪੰਜਾਬ-144002 (ਇਸ ਤੋਂ ਬਾਅਦ ਕਰਜ਼ਦਾਰ ਵਜੋਂ ਹਵਾਲਾ) ਅਤੇ ਗਰੰਟਰ (4) ਸ੍ਰੀ ਰਾਹੁਲ ਬਜਾਜ ਪੁੱਤਰ ਕੇਵਲ ਕ੍ਰਿਸ਼ਨ ਬਜਾਜ ਵਾਸੀ ਮਕਾਨ ਨੰ. 206/75, ਟਾਂਡਾ ਰੋਡ, ਨਿਊ ਲਕਸ਼ਮੀਪੁਰਾ, ਇੰਡਸਟ੍ਰੀਅਲ ਟਾਊਨ, ਜਲੰਧਰ, ਪੰਜਾਬ-144004 (5) ਸ੍ਰੀ ਪਰਮਜੀਤ ਪੁੱਤਰ ਰਾਮ ਮੂਰਤੀ, ਵਾਸੀ ਪਿੰਡ ਤੇ ਡਾਕਖਾਨਾ ਚਮਿਆਰਾ, ਜਲੰਧਰ, ਪੰਜਾਬ-144002 (ਇਸ ਤੋਂ ਬਾਅਦ ਗਰੰਟਰ ਵਜੋਂ ਹਵਾਲਾ) ਨੂੰ ਨੋਟਿਸ 'ਚ ਦਰਸਾਈ ਰਕਮ ਐੱਲ ਏ ਪੀ/01360200236 7 ਦੀ ਰਕਮ ਰੁਪਏ 15,82,525.80/- (ਪੰਦਰਾਂ ਲੱਖ ਬਿਆਸੀ ਹਜ਼ਾਰ ਪੰਜ ਸੌ ਪੰਝੀ ਰੁਪਏ ਅੱਸੀ ਪੈਸੇ ਕੇਵਲ) ਸਮੇਤ 01.09.2024 ਤੋਂ ਭਵਿੱਖੀ ਵਿਆਜ ਸਮੇਤ ਲਾਗਤ ਤੇ ਅਚਨਚੇਤੀ ਖਰਚੇ ਨੋਟਿਸ ਮਿਲਣ ਦੀ ਤਰੀਕ ਤੋਂ 60 ਦਿਨਾਂ ਦੇ ਅੰਦਰ ਜਮ੍ਹਾਂ ਕਰਵਾਉਣ ਲਈ ਮਿਤੀ 20 ਸਤੰਬਰ 2024 ਨੂੰ ਡਿਮਾਂਡ ਨੋਟਿਸ ਜਾਰੀ ਕੀਤਾ ਸੀ।
ਕਰਜ਼ਦਾਰ ਕਰਜ਼ਾ ਰਕਮ ਵਾਪਸ ਮੋੜਨ 'ਚ ਅਸਫਲ ਰਹੇ ਹਨ। ਕਰਜ਼ਦਾਰ/ਗਰੰਟਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਉਕਤ ਰੂਲ ਦੇ ਰੂਲ 8 ਅਤੇ 9 ਨਾਲ ਪੜ੍ਹੇ ਜਾਂਦੇ ਉਕਤ ਐਕਟ ਦੇ ਸੈਕਸ਼ਨ 13 (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈ ਜਾਇਦਾਦ ਦਾ 07 ਜੁਲਾਈ 2026 ਨੂੰ ਭੌਤਿਕ ਕਬਜ਼ਾ ਹਾਸਲ ਕਰ ਲਿਆ ਹੈ।
ਕਰਜ਼ਦਾਰਾਂ/ ਗਰੰਟਰਾਂ ਨੂੰ ਖਾਸ ਕਰਕੇ ਅਤੇ ਆਮ ਜਨਤਾ ਨੂੰ ਜਾਇਦਾਦ ਸੰਬੰਧੀ ਸੌਦੇਬਾਜ਼ੀ ਤੋਂ ਖਬਰਦਾਰ ਕੀਤਾ ਜਾਂਦਾ ਹੈ ਅਤੇ ਜਾਇਦਾਦ ਸੰਬੰਧੀ ਕਿਸੇ ਕਿਸਮ ਦੀ ਸੌਦੇਬਾਜ਼ੀ ਐੱਲ ਏ ਪੀ/013602002367 ਦੀ ਰਕਮ ਰੁਪਏ 15,82,525.80/- (ਪੰਦਰਾਂ ਲੱਖ ਬਿਆਸੀ ਹਜ਼ਾਰ ਪੰਜ ਸੌ ਪੰਝੀ ਰੁਪਏ ਅੱਸੀ ਪੈਸੇ ਕੇਵਲ) ਸਮੇਤ 01.09.2024 ਤੋਂ ਭਵਿੱਖੀ ਵਿਆਜ (ਮਨਫੀ ਵਸੂਲੀ ਜੇਕਰ ਕੋਈ ਹੈ) ਦੀ ਦੇਣਦਾਰੀ ਹੇਠ ਹੋਵੇਗੀ। ਉਪਲੱਬਧ ਸਮੇਂ 'ਚ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

ਅਚੱਲ ਜਾਇਦਾਦ ਦਾ ਵੇਰਵਾ
ਅਚੱਲ ਜਾਇਦਾਦ ਦਾ ਉਚਿੱਤ ਗਿਰਵੀਨਾਮਾ : ਸਮੁੱਚਾ ਜਾਇਦਾਦ ਦਾ ਅਟੁੱਟ ਹਿੱਸਾ ਰਕਬਾ 4.5 ਮਰਲਾ ਪਤਾ ਲਸੂੜੀ ਮੁਹੱਲਾ, ਬਸਤੀ ਦਾਨਿਸ਼ਮੰਦਾਂ, ਤਹਿਸੀਲ ਤੇ ਜ਼ਿਲ੍ਹਾ ਜਲੰਧਰ, ਮਾਲਕ ਸ੍ਰੀਮਤੀ ਸ਼ਿੰਦੋ ਪਤਨੀ ਸ੍ਰੀ ਗੁਰਮੇਲ ਲਾਲ ਉਰਫ ਗੁਰਮੇਲ ਰਾਮ ਬੈਨਾਮਾ ਦਸਤਾਵੇਜ਼ ਨੰ. 5484 ਮਿਤੀ 15-01-2024 ਅਨੁਸਾਰ
ਮਿਤੀ : 07.07.2026, ਸਥਾਨ : ਜਲੰਧਰ — ਸਹੀ/- (ਅਧਿਕਾਰਤ ਅਫਸਰ)

ਉੱਤਰ ਰੇਲਵੇ

ਈ-ਨੀਲਾਮੀ ਸੂਚਨਾ
ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਸੀਨੀਅਰ ਮੰਡਲ ਵਪਾਰਕ ਪ੍ਰਬੰਧਕ, ਉੱਤਰ ਰੇਲਵੇ, ਫ਼ਿਰੋਜ਼ਪੁਰ ਦੁਆਰਾ ਹੇਠਾ ਦਿਤੇ ਗਏ ਕੰਮ ਦੇ ਲਈ ਯੋਗ ਅਤੇ ਰਜਿਸਟਰਡ ਬੋਲੀਦਾਤਾਵਾਂ ਤੋਂ ਫਿਰੋਜ਼ਪੁਰ ਮੰਡਲ ਵਿਚ ਈ-ਨੀਲਾਮੀ ਮੰਗ ਕੀਤੀ ਜਾਂਦੀ ਹੈ।

S.No.	Catalogue No.	Nature of contract
Date of Auction: 21.07.2026		
1.	EAFZR-MPS 26-2	ਹੇਠਾ ਲਿਖੇ ਰੇਲਵੇ ਸਟੇਸ਼ਨਾਂ ਉਤੇ ਬਹੁਉਦੇਸ਼ੀਯ ਸਟਾਲ ਦੀ ਸਥਾਪਨਾ ਅਤੇ ਸੰਚਾਲਨ ਦੇ ਲਈ ਠੇਕੇ ਦਾ ਅਲਾਟਮੈਂਟ 1) ਫ਼ਿਰੋਜ਼ਪੁਰ ਕੈਂਟ ਦੇ ਪਲੇਟਫਾਰਮ ਨੰਬਰ 1 ਉਤੇ ਬਹੁਉਦੇਸ਼ੀਯ ਸਟਾਲ ਨੰਬਰ 1। 2) ਫ਼ਿਰੋਜ਼ਪੁਰ ਕੈਂਟ ਦੇ ਪਲੇਟਫਾਰਮ ਨੰਬਰ 3 ਅਤੇ 4 ਉਤੇ ਬਹੁਉਦੇਸ਼ੀਯ ਸਟਾਲ ਨੰਬਰ 1। 3) ਢੰਢਾਰੀ ਕਲਾਂ ਦੇ ਪਲੇਟਫਾਰਮ ਨੰਬਰ 2 ਅਤੇ 3 ਉਤੇ ਬਹੁਉਦੇਸ਼ੀਯ ਸਟਾਲ ਨੰਬਰ 1। 4) ਅੰਮ੍ਰਿਤਸਰ ਦੇ ਪਲੇਟਫਾਰਮ ਨੰਬਰ 4 ਅਤੇ 5 ਉਤੇ ਬਹੁਉਦੇਸ਼ੀਯ ਸਟਾਲ ਨੰਬਰ 1।
Date of Auction: 22.07.2026		
2.	EAFZR-MPS 26-3	ਹੇਠਾ ਲਿਖੇ ਰੇਲਵੇ ਸਟੇਸ਼ਨਾਂ ਉਤੇ ਬਹੁਉਦੇਸ਼ੀਯ ਸਟਾਲ ਦੀ ਸਥਾਪਨਾ ਅਤੇ ਸੰਚਾਲਨ ਦੇ ਲਈ ਠੇਕੇ ਦਾ ਅਲਾਟਮੈਂਟ 1) ਫ਼ਿਰੋਜ਼ਪੁਰ ਕੈਂਟ ਦੇ ਪਲੇਟਫਾਰਮ ਨੰਬਰ 2 ਉਤੇ ਬਹੁਉਦੇਸ਼ੀਯ ਸਟਾਲ ਨੰਬਰ 1। 2) ਅੰਮ੍ਰਿਤਸਰ ਵਿਚ ਸੈਕੰਡ ਐਂਟਰੀ ਸਾਇਡ ਉਤੇ ਬਹੁਉਦੇਸ਼ੀਯ ਸਟਾਲ ਨੰਬਰ 10। 3) ਅੰਮ੍ਰਿਤਸਰ ਦੇ ਪਲੇਟਫਾਰਮ ਨੰਬਰ 4 ਅਤੇ 5 ਉਤੇ ਬਹੁਉਦੇਸ਼ੀਯ ਸਟਾਲ ਨੰਬਰ 5। 4) ਅੰਮ੍ਰਿਤਸਰ ਦੇ ਪਲੇਟਫਾਰਮ ਨੰਬਰ 2 ਅਤੇ 3 ਉਤੇ ਬਹੁਉਦੇਸ਼ੀਯ ਸਟਾਲ ਨੰਬਰ 3। 5) ਅੰਮ੍ਰਿਤਸਰ ਵਿਚੇ ਮੇਨ ਐਂਟਰੀ ਸਾਇਡ ਉਤੇ ਬਹੁਉਦੇਸ਼ੀਯ ਸਟਾਲ ਨੰਬਰ 9। 6) ਅੰਮ੍ਰਿਤਸਰ ਦੇ ਪਲੇਟਫਾਰਮ ਨੰਬਰ 6 ਅਤੇ 7 ਉਤੇ ਬਹੁਉਦੇਸ਼ੀਯ ਸਟਾਲ ਨੰਬਰ 7।
3.	EAFZR-MIS 26-16	ਕ) ਅੰਮ੍ਰਿਤਸਰ ਰੇਲਵੇ ਸਟੇਸ਼ਨ ਉਤੇ ਟ੍ਰੇਵੇਲ ਹੇਲਪ ਡੇਸਕ ਦੀ ਸਥਾਪਨਾ ਅਤੇ ਸੰਚਾਲਨ ਦੇ ਲਈ ਠੇਕੇ ਦਾ ਅਲਾਟਮੈਂਟ। ਖ) ਟ੍ਰੇਨ ਨੰਬਰ 14680 / 79 / 82 / 81, 14622 / 21 / 26 / 25, 12408 / 07 – 20424 / 23 ਦੇ ਡਿਬਿਆਂ ਦੇ ਬਾਹਰੀ ਹਿੱਸੇ ਉਤੇ ਵਿਨਾਇਲ ਰੈਪਿੰਗ ਦੁਆਰਾ ਵਿਗਿਆਪਨ ਅਧਿਕਾਰ ਲਈ ਠੇਕੇ ਦਾ ਅਲਾਟਮੈਂਟ
Date of Auction: 23.07.2026		
4.	EAFZR-MPS 26-4	ਹੇਠਾ ਲਿਖੇ ਰੇਲਵੇ ਸਟੇਸ਼ਨਾਂ ਉਤੇ ਬਹੁਉਦੇਸ਼ੀਯ ਸਟਾਲ ਦੀ ਸਥਾਪਨਾ ਅਤੇ ਸੰਚਾਲਨ ਦੇ ਲਈ ਠੇਕੇ ਦਾ ਅਲਾਟਮੈਂਟ 1) ਅੰਮ੍ਰਿਤਸਰ ਦੇ ਪਲੇਟਫਾਰਮ ਨੰਬਰ 2 ਅਤੇ 3 ਉਤੇ ਬਹੁਉਦੇਸ਼ੀਯ ਸਟਾਲ ਨੰਬਰ 4। 2) ਅੰਮ੍ਰਿਤਸਰ ਦੇ ਪਲੇਟਫਾਰਮ ਨੰਬਰ 6 ਅਤੇ 7 ਉਤੇ ਬਹੁਉਦੇਸ਼ੀਯ ਸਟਾਲ ਨੰਬਰ 8। 3) ਅੰਮ੍ਰਿਤਸਰ ਪਲੇਟਫਾਰਮ ਨੰਬਰ 1 ਬਹੁਉਦੇਸ਼ੀਯ ਸਟਾਲ ਨੰਬਰ 2। 4) ਅੰਮ੍ਰਿਤਸਰ ਦੇ ਪਲੇਟਫਾਰਮ ਨੰਬਰ 1 ਉਤੇ ਬਹੁਉਦੇਸ਼ੀਯ ਸਟਾਲ ਨੰਬਰ 1।

ਪੂਰੀ ਜਾਣਕਾਰੀ ਅਤੇ ਰਜਿਸਟਰੈਸ਼ਨ ਦੇ ਲਈ ਕ੍ਰਿਪਾ ਰੇਲਵੇ ਦੀ ਵੇਬਸਾਈਟ www.ireps.gov.in ਉਤੇ ਜਾਉ।
No. NR-FZR0COML(NFR)/18//2024 Date: 07.07.2026 — 2341/2026
ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

ਰਿਲਾਇੰਸ ਐਸੇਟ ਰੀਕੰਸਟਰੱਕਸ਼ਨ ਕੰਪਨੀ ਲਿਮਟਿਡ
11ਵੀਂ ਮੰਜ਼ਲ, ਉੱਤਰ ਵਾਲੇ ਪਾਸੇ, ਆਰ-ਟੈਕ ਪਾਰਕ,
ਵੈਸਟਰਨ ਐਕਸਪ੍ਰੈੱਸ ਹਾਈਵੇ, ਗੋਰੇਗਾਓਂ (ਪੂਰਬੀ), ਮੁੰਬਈ-400063

ਜਿਵੇਂ ਕਿ ਨਿਮਨ ਹਸਤਾਖਰੀ ਨੇ ਰਿਲਾਇੰਸ ਐਸੇਟ ਰੀਕੰਸਟਰੱਕਸ਼ਨ ਕੰਪਨੀ ਲਿਮਟਿਡ ਦਾ ਅਧਿਕਾਰਤ ਅਫ਼ਸਰ ਹੋਣ ਦੇ ਨਾਤੇ ਸਕਿਓਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ਼ ਫਾਈਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ਼ ਸਕਿਉਰਿਟੀ ਇੰਟਰੈਸਟ ਐਕਟ 2002, ਅਤੇ ਸਕਿਉਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 ਅਧੀਨ ਮਿਲੀਆਂ ਸ਼ਕਤੀਆਂ ਦੀ ਵਰਤੋਂ ਕਰਦਿਆਂ ਡਿਮਾਂਡ ਨੋਟਿਸ ਜਾਰੀ ਕਰਕੇ ਹੇਠ ਸਾਰਣੀ ਵਿੱਚ ਦਰਸਾਏ ਕ੍ਰਮਵਾਰ ਕਰਜ਼ਦਾਰਾਂ/(ਕਰਜ਼ਦਾਰਾਂ) ਨੂੰ ਸਾਰਣੀ ਵਿੱਚ ਦਰਸਾਈ ਰਕਮ ਉਕਤ ਨੋਟਿਸ ਦੀ ਪ੍ਰਾਪਤੀ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਅਦਾ ਕਰਨ ਲਈ ਕਿਹਾ ਗਿਆ ਸੀ। ਕਰਜ਼ਦਾਰ ਰਕਮ ਅਦਾ ਕਰਨ ਵਿੱਚ ਅਸਫ਼ਲ ਰਹੇ ਹਨ। ਕਰਜ਼ਦਾਰ ਅਤੇ ਆਮ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਨਿਮਨ ਹਸਤਾਖਰੀ ਨੇ ਸਕਿਉਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 8 ਨਾਲ ਪੜ੍ਹੇ ਜਾਂਦੇ ਸੈਕਸ਼ਨ 13 ਦੇ ਸਬ ਸੈਕਸ਼ਨ (4) ਅਧੀਨ ਮਿਲੀਆਂ ਸ਼ਕਤੀਆਂ ਦੀ ਵਰਤੋਂ ਕਰਦਿਆਂ ਹੇਠ ਦਰਸਾਈਆਂ ਜਾਇਦਾਦਾਂ ਦਾ ਕਬਜ਼ਾ ਲੈ ਲਿਆ ਹੈ। ਕਰਜ਼ਦਾਰਾਂ ਦੇ ਧਿਆਨ ਵਿੱਚ ਲਿਆਂਦਾ ਜਾਂਦਾ ਹੈ ਕਿ ਉਨ੍ਹਾਂ ਕੋਲ ਸਰਫੇਸੀ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਅਧੀਨ ਸਕਿਉਰਡ ਐਸਟਸ ਛੁਡਾਉਣ ਲਈ ਸਮਾਂ ਉਪਲਬਧ ਹੈ।
ਖਾਸ ਤੌਰ 'ਤੇ ਕਰਜ਼ਦਾਰ ਅਤੇ ਆਮ ਜਨਤਾ ਨੂੰ ਜਾਇਦਾਦਾਂ ਸੰਬੰਧੀ ਕਿਸੇ ਤਰ੍ਹਾਂ ਦੀ ਸੌਦੇਬਾਜ਼ੀ ਕਰਨ ਤੋਂ ਖ਼ਬਰਦਾਰ ਕੀਤਾ ਜਾਂਦਾ ਹੈ ਅਤੇ ਜਾਇਦਾਦਾਂ ਸੰਬੰਧੀ ਕਿਸੇ ਤਰ੍ਹਾਂ ਦੀ ਸੌਦੇਬਾਜ਼ੀ ਰਿਲਾਇੰਸ ਐੱਸਟਸ ਰੀਕੰਸਟਰੱਕਸ਼ਨ ਕੰਪਨੀ ਲਿਮਟਿਡ ਨੂੰ ਅਦਾਇਗੀ ਤੱਕ ਰਕਮ ਅਤੇ ਇਸ 'ਤੇ ਹੋਰ ਖਰਚੇ ਅਦਾਇਗੀ ਦਾ ਵਿਸ਼ਾ ਹੈ।

ਕਰਜ਼ਦਾਰ ਅਤੇ ਗਰੰਟਰਾਂ ਦਾ ਨਾਂਅ	ਜਾਇਦਾਦ ਦਾ ਵੇਰਵਾ	ਭੌਤਿਕ ਕਬਜ਼ੇ ਦੀ ਮਿਤੀ	ਡਿਮਾਂਡ ਡਰਾਫਟ ਦੀ ਮਿਤੀ	ਡਿਮਾਂਡ ਨੋਟਿਸ ਦੀ ਮਿਤੀ ਨੂੰ ਬਕਾਇਆ ਰਕਮ
1. ਬੇਗਮ ਖਾਤੂਨ ਪਤਨੀ ਅਲੀਮੁੱਲਾ ਅੰਸਾਰੀ 2. ਮੁਹੰਮਦ ਅਸਲਮ ਅੰਸਾਰੀ ਪੁੱਤਰ ਮੁਹੰਮਦ ਮੋਤੀਨ ਅੰਸਾਰੀ 3. ਨੂਰ ਹੁਸੈਨ ਅੰਸਾਰੀ ਪੁੱਤਰ ਮੁਸ਼ੱਰਫ ਅੰਸਾਰੀ	ਜਾਇਦਾਦ ਦਾ ਉਚਿਤ ਗਿਰਵੀਨਾਮਾ :- ਜ਼ਮੀਨ (ਰਿਹਾਇਸ਼ੀ) ਪਲਾਟ ਰਕਬਾ 85 ਵਰਗ ਗਜ਼, ਖਸਰਾ ਨੰ. 15//21-19//5/2-20//1-20//2-20//3-20//8-20//9-20//10-20//11-20//12-13-1-43//11/24 ਖੇਵਟ ਨੰ. 2 ਖਤੌਨੀ ਨੰ. 2, ਜਮ੍ਹਾਂਬੰਦੀ ਸਾਲ 2016-2017, ਪਿੰਡ ਨੂਰਵਾਲਾ ਵਿਖੇ ਸਥਿਤ, ਤਹਿ. ਤੇ ਜ਼ਿਲ੍ਹਾ ਲੁਧਿਆਣਾ, ਹੱਦਬਸਤ ਨੰ. 81, ਸ੍ਰੀਮਤੀ ਬੇਗਮ ਖਾਤੂਨ ਪਤਨੀ ਸ੍ਰੀ ਅਲੀਮੁੱਲਾ ਅੰਸਾਰੀ ਵਾਸੀ ਵਾਰਡ ਨੰ. 12, ਅਖਾੜਾ ਵਾਜਪਾਈ ਟੋਲਾ, ਜ਼ਿਲ੍ਹਾ ਬਿਹਾਰ, ਮੌਜੂਦਾ ਪਤਾ ਵਾਸੀ ਮਕਾਨ ਨੰ. 885, ਗਲੀ ਨੰ. 2, ਬਸਤੀ ਜੋਧੇਵਾਲ, ਲੁਧਿਆਣਾ, ਤਹਿ. ਤੇ ਜ਼ਿਲ੍ਹਾ ਲੁਧਿਆਣਾ ਬੈਨਾਮਾ ਵਸੀਕਾ ਨੰ. 2021-22/106/1/21519 ਮਿਤੀ 11.03.2022 ਅਨੁਸਾਰ	07.07.2026	05.08.2024	ਰੁਪਏ 6,97,767/- (ਛੇ ਲੱਖ ਸਤਾਨਵੇਂ ਹਜ਼ਾਰ ਸੱਤ ਸੌ ਸਤਾਹਟ ਰੁਪਏ ਕੇਵਲ)
1. ਅੰਮ੍ਰਿਤਪਾਲ ਸਿੰਘ ਪੁੱਤਰ ਨਿਰਮਲ ਸਿੰਘ 2. ਸਿਮਰਨਜੀਤ ਕੌਰ ਪਤਨੀ ਅੰਮ੍ਰਿਤਪਾਲ ਸਿੰਘ 3. ਗੁਰਕੀਰਤ ਸਿੰਘ ਪੁੱਤਰ ਨਿਰਮਲ ਸਿੰਘ 4. ਸਤੀਸ਼ ਵੜੈਚ ਪੁੱਤਰ ਕੁਲਵੰਤ ਸਿੰਘ	ਜਾਇਦਾਦ ਦਾ ਉਚਿਤ ਗਿਰਵੀਨਾਮਾ :- ਜ਼ਮੀਨ (ਰਿਹਾਇਸ਼ੀ) ਪਲਾਟ ਨੰ. 262, ਰਕਬਾ 84.44 ਵਰਗ ਗਜ਼, ਖਸਰਾ ਨੰ. 36//10/1-11-12-19-1-9-10/2-20-21/1-21/2/1 ਖੇਤਾ ਨੰ. 84/109-178/214, ਜਮ੍ਹਾਂਬੰਦੀ ਸਾਲ 2010-2011 ਪਿੰਡ ਭਾਮੀਆਂ ਖੁਰਦ ਵਿਖੇ ਸਥਿਤ, ਅਬਾਦੀ ਜੈਨ ਕਲੋਨੀ ਤਹਿ. ਤੇ ਜ਼ਿਲ੍ਹਾ ਲੁਧਿਆਣਾ, ਹੱਦਬਸਤ ਨੰ. 180 ਸ੍ਰੀਮਤੀ ਸਿਮਰਨਜੀਤ ਕੌਰ ਪਤਨੀ ਬਲਵੰਤ ਸਿੰਘ ਦੇ ਨਾਂਅ ਵਾਸੀ ਸ਼ੇਰਪੁਰ ਬੇਟ, ਲੁਧਿਆਣਾ-141120 ਬੈਨਾਮਾ ਨੰ. 2021-22/106/1/10866 ਮਿਤੀ 19.10.2021 ਅਨੁਸਾਰ (ਇਸ ਤੋਂ ਬਾਅਦ "ਉਕਤ ਜਾਇਦਾਦ" ਵਜੋਂ ਹਵਾਲਾ)	07.07.2026	26.12.2025	ਰੁਪਏ 5,12,338/- (ਪੰਜ ਲੱਖ ਬਾਰਾਂ ਹਜ਼ਾਰ ਤਿੰਨ ਸੌ ਅਠੱਤੀ ਰੁਪਏ ਕੇਵਲ)
1. ਜੋਗਿੰਦਰ ਯਾਦਵ ਪੁੱਤਰ ਜਗਦੀਸ਼ ਪ੍ਰਸਾਦ ਯਾਦਵ 2. ਸੰਜਨਾ ਦੇਵੀ ਪਤਨੀ ਜੋਗਿੰਦਰ ਯਾਦਵ 3. ਸ਼ਿਵ ਸਹਾਏ ਪੁੱਤਰ ਬਾਬੂਰਾਮ	ਜਾਇਦਾਦ ਰਕਬਾ 51 ਵਰਗ ਗਜ਼, ਖਸਰਾ ਨੰ. 49//12/3-49//19/1, ਖੇਤਾ ਨੰ. 217/233, ਜਮ੍ਹਾਂਬੰਦੀ ਸਾਲ 2012-13, ਪਿੰਡ ਤਾਜਪੁਰ ਵਿਖੇ ਸਥਿਤ, ਹੱਦਬਸਤ ਨੰ. 182, ਤਹਿ. ਤੇ ਜ਼ਿਲ੍ਹਾ ਲੁਧਿਆਣਾ ਬੈਨਾਮਾ ਨੰ. 2019-20/106/1/18383 ਮਿਤੀ 15.11.2019 ਅਨੁਸਾਰ ਐੱਸ ਆਰ ਲੁਧਿਆਣਾ। ਪੂਰਬ : ਗੁਆਂਢ 17', ਪੱਛਮ : ਚੌੜਾਈ 19' ਗਲੀ 17', ਉੱਤਰ : ਗੁਆਂਢ 27', ਦੱਖਣ : ਗੁਆਂਢ 27'	07.07.2026	05.08.2024	ਰੁਪਏ 3,79,759/- (ਤਿੰਨ ਲੱਖ ਉਨਾਸੀ ਹਜ਼ਾਰ ਸੱਤ ਸੌ ਉਨਾਹਠ ਰੁਪਏ ਕੇਵਲ)
1. ਗਗਨ ਪੁੱਤਰ ਸੁਭਾਸ਼ ਚੰਦਰ 2. ਪੂਜਾ ਦੇਵੀ ਪਤਨੀ ਗਗਨ 3. ਮੀਤੋ ਪਤਨੀ ਸੁਭਾਸ਼ ਚੰਦਰ 4. ਆਸ਼ੂ ਸਿੰਘ ਪੁੱਤਰ ਹਰਦੀਪ ਸਿੰਘ	ਜਾਇਦਾਦ ਦਾ ਉਚਿਤ ਗਿਰਵੀਨਾਮਾ : ਖਸਰਾ ਨੰ. 26//12/2, 26//13/1/1, 26//19, 26//22, 30//1/1, 30//2/2/2 ਜਾਇਦਾਦ ਪਲਾਟ ਨੰ. 154 ਪਿੰਡ ਕੱਕਾ ਵਿਖੇ ਸਥਿਤ, ਹੱਦਬਸਤ ਨੰ. 66, ਤਹਿ. ਤੇ ਜ਼ਿਲ੍ਹਾ ਲੁਧਿਆਣਾ ਬੈਨਾਮਾ ਨੰ. 2020-21/106/1/12355 ਮਿਤੀ 29.12.2020 ਅਨੁਸਾਰ।	07.07.2026	05.08.2024	ਰੁਪਏ 6,69,671/- (ਛੇ ਲੱਖ ਉਨੱਤਰ ਹਜ਼ਾਰ ਛੇ ਸੌ ਇਕੱਤਰ ਰੁਪਏ ਕੇਵਲ)

ਮਿਤੀ : 08.07.2026 ਸਥਾਨ : ਜਲੰਧਰ ਅਧਿਕਾਰਤ ਅਫ਼ਸਰ

ਸੀ ਐੱਫ ਐੱਮ ਐੱਸਟ ਰੀਕੰਸਟ੍ਰਕਸ਼ਨ ਪ੍ਰਾਈਵੇਟ ਲਿਮਟਿਡ
thoughtful regeneration
ਕਾਰਪੋਰੇਟ ਦਫ਼ਤਰ : ਪਹਿਲੀ ਮੰਜ਼ਲ, ਵੇਕਫੀਲਡ ਹਾਊਸ, ਸਪਰੌਟ ਰੋਡ, ਬੈਲਾਰਡ ਈਸਟ, ਮੁੰਬਈ-400038

ਕਬਜ਼ਾ ਨੋਟਿਸ
ਅੰਤਿਕਾ IV (ਅਚੱਲ ਜਾਇਦਾਦ ਵਾਸਤੇ) ਰੂਲ 8(1) ਨਾਲ ਪੜ੍ਹੇ ਜਾਂਦੇ

ਜਦੋਂ ਕਿ ਨਿਮਨਹਸਤਾਖਰੀ ਨੇ ਸੀ ਐੱਫ ਐੱਮ ਐੱਸਟ ਰੀਕੰਸਟ੍ਰਕਸ਼ਨ ਪ੍ਰਾਈਵੇਟ ਲਿਮਟਿਡ (ਸੀ ਐੱਫ ਐੱਮ ਏ ਆਰ ਸੀ ਟਰੱਸਟ-193 ਦੇ ਟਰੱਸਟੀ ਦੀ ਹੈਸੀਅਤ 'ਚ ਕਾਰਜਸ਼ੀਲ) ਦਾ ਅਧਿਕਾਰਤ ਅਫ਼ਸਰ ਹੋਣ ਦੇ ਨਾਤੇ ਸਕਿਉਰਟਾਈਜੇਸ਼ਨ ਐਂਡ ਰੀਕੰਸਟ੍ਰਕਸ਼ਨ ਆਫ ਫਾਇਨਾਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈਸਟ ਐਕਟ, 2002 (2002 ਦਾ 54) ਅਤੇ ਸਕਿਉਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13(12), 13(2) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਉਕਤ ਨੋਟਿਸ ਦੀ ਪ੍ਰਾਪਤੀ ਦੀ ਮਿਤੀ ਤੋਂ ਨੋਟਿਸ 'ਚ ਦਰਸਾਈ ਰਕਮ 60 ਦਿਨਾਂ ਦੇ ਅੰਦਰ-ਅੰਦਰ ਮੋੜਨ ਲਈ ਡਿਮਾਂਡ ਨੋਟਿਸ ਜਾਰੀ ਕੀਤਾ ਸੀ। ਇਸ ਤੋਂ ਇਲਾਵਾ ਸਰਫੇਸੀ ਐਕਟ 2002 ਦੇ ਸੈਕਸ਼ਨ 5 ਦੀਆਂ ਵਿਵਸਥਾਵਾਂ ਅਧੀਨ ਐਕਸਕਲੂਸਿਵ ਅਤੇ ਸੀ ਐੱਫ ਐੱਮ ਐੱਸਟ ਰੀਕੰਸਟ੍ਰਕਸ਼ਨ ਪ੍ਰਾਈਵੇਟ ਲਿਮਟਿਡ ਦਰਮਿਆਨ ਮਿਤੀ 30.09.2025 ਨੂੰ ਰਜਿਸਟਰਡ ਸਪੁਰਦਗੀ ਇਕਰਾਰਨਾਮੇ ਤਹਿਤ ਸੀ ਐੱਫ ਐੱਮ ਐੱਸਟ ਰੀਕੰਸਟ੍ਰਕਸ਼ਨ ਪ੍ਰਾਈਵੇਟ ਲਿਮਟਿਡ ਦੇ ਪੱਖ 'ਚ ਐਕਸਕਲੂਸਿਵ ਲੀਜ਼ਿੰਗ ਐਂਡ ਫਾਇਨਾਂਸ ਪ੍ਰਾਈਵੇਟ ਲਿਮਟਿਡ ਨੇ ਆਪਣੇ ਸਾਰੇ ਅਧਿਕਾਰਾਂ, ਸਿਰਲੇਖ ਅਤੇ ਹਿੱਤ ਸਮੁੱਚੀ ਬਕਾਇਆ ਕਰਜ਼ ਸਕਿਉਰਿਟੀਜ਼ ਸਹਿਤ ਸੌਂਪ ਦਿੱਤੇ ਹਨ।
ਕਰਜ਼ਦਾਰ ਰਕਮ ਦੀ ਅਦਾਇਗੀ ਕਰਨ 'ਚ ਨਾਕਾਮ ਰਹੇ ਹਨ। ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਉਪਰੋਕਤ ਦਰਸਾਏ "ਕਬਜ਼ੇ ਦੀ ਮਿਤੀ" ਦੇ ਕਾਲਮ ਤਹਿਤ ਉਕਤ ਦਰਸਾਏ ਰੂਲਜ਼ ਦੇ ਰੂਲ 8 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 (4) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਉਪਰੋਕਤ ਦਰਸਾਈ ਜਾਇਦਾਦ ਦਾ ਸੰਕੇਤਕ ਕਬਜ਼ਾ ਪ੍ਰਾਪਤ ਕਰ ਲਿਆ ਹੈ। ਬੈਂਕ ਦੁਆਰਾ ਲਏ ਗਏ ਗਿਰਵੀ ਜਾਇਦਾਦ ਦੇ ਕਬਜ਼ੇ ਦੇ ਨਾਲ-ਨਾਲ ਧਿਰਾਂ ਦੇ ਵੇਰਵੇ ਹੇਠਾਂ ਦਿੱਤੇ ਗਏ ਹਨ:-

ਗਾਹਕ (ਕਰਜ਼ਦਾਰ/ਸਹਿ-ਕਰਜ਼ਦਾਰ ਅਤੇ ਗਰੰਟਰ/ਭਾਈਵਾਲ/ਰਹਿਣਕਾਰ) ਦਾ ਨਾਂਅ	ਡਿਮਾਂਡ ਨੋਟਿਸ ਦੀ ਮਿਤੀ ਅਤੇ ਰਕਮ ਰੁਪਏ 'ਚ	ਕਬਜ਼ੇ ਦੀ ਮਿਤੀ
ਜਸਵੀਰ ਸਿੰਘ (ਕਰਜ਼ਦਾਰ), ਗੋਗਾ (ਸਹਿ-ਕਰਜ਼ਦਾਰ) ਰਾਜਵੀਰ ਸਿੰਘ (ਸਹਿ-ਕਰਜ਼ਦਾਰ), ਸੁਨੀਤਾ (ਸਹਿ-ਕਰਜ਼ਦਾਰ), ਸੁਭਾਸ਼ (ਗਰੰਟਰ) ਕਰਜ਼ਾ ਖਾਤਾ ਨੰ. ਐੱਲ ਏ ਪੀ- ਜੇ ਡੀ ਐੱਚ-16	ਡਿਮਾਂਡ ਨੋਟਿਸ ਦੀ ਮਿਤੀ 18.02.2026, ਰੁਪਏ 1,04,485/- (ਇੱਕ ਲੱਖ ਚਾਰ ਹਜ਼ਾਰ ਚਾਰ ਸੌ ਪਚਾਸੀ ਰੁਪਏ ਕੇਵਲ) 31.12.2025 ਨੂੰ	03.07.2026
ਰਹਿਣ ਕੀਤੀ ਜਾਇਦਾਦ : ਪਲਾਟ ਰਕਬਾ 0-5 ਮਰਲਾ, ਖਸਰਾ ਨੰ. 16//6(2-15), 16//6(5-9), 17//9(6-11), 10/2(1-11), 11(1-16), 12(3-4), 262/2(2-10) ਬੈਨਾਮੇ ਅਨੁਸਾਰ, ਮੁਹੱਲਾ ਬਾਗਵਾਲਾ ਸ਼ਾਹਕੋਟ ਜਲੰਧਰ, ਚਾਰ ਹੱਦਾਂ :- ਉੱਤਰ : ਪੁੰਨੂ, ਦੱਖਣ : ਖਾਲੀ ਪਲਾਟ, ਪੂਰਬ : ਦਰਬਾਰ ਬਿੱਟੂ ਸਰਕਾਰ ਦੀ ਜਾਇਦਾਦ, ਪੱਛਮ : ਗਲੀ		
ਸਰੀਫ (ਕਰਜ਼ਦਾਰ), ਸੋਮਾ (ਸਹਿ-ਕਰਜ਼ਦਾਰ) ਅਸ਼ਵਨੀ (ਸਹਿ-ਕਰਜ਼ਦਾਰ) ਕਰਜ਼ਾ ਖਾਤਾ ਨੰ. ਐੱਲ ਏ ਪੀ - ਜੇ ਡੀ ਐੱਚ-531	ਡਿਮਾਂਡ ਨੋਟਿਸ ਦੀ ਮਿਤੀ 24.02.2026, ਰੁਪਏ 2,53,275/- (ਦੋ ਲੱਖ ਤਿਰਵੰਜਾ ਹਜ਼ਾਰ ਦੋ ਸੌ ਪੰਝੱਤਰ ਰੁਪਏ ਕੇਵਲ) 31.01.2026 ਨੂੰ	03.07.2026
ਰਹਿਣ ਕੀਤੀ ਜਾਇਦਾਦ : 4 ਮਰਲਾ, ਵਾਰਡ ਨੰ. 9, ਅਬਾਦੀ ਮੁਹੱਲਾ ਬਾਗਵਾਲਾ, ਸ਼ਾਹਕੋਟ, ਜਲੰਧਰ-144702, ਚਾਰ ਹੱਦਾਂ : ਉੱਤਰ : ਸੋਨੂ ਦੀ ਜਾਇਦਾਦ, ਦੱਖਣ : ਤੇਜਪਾਲ ਦੀ ਜਾਇਦਾਦ, ਪੂਰਬ : ਅਰਜਨ ਦੀ ਜਾਇਦਾਦ, ਪੱਛਮ : ਗਲੀ 5' ਚੌੜੀ		
ਲਖਵੀਰ ਸਿੰਘ (ਕਰਜ਼ਦਾਰ), ਮਨਪ੍ਰੀਤ ਕੌਰ (ਗਰੰਟਰ), ਕਰਜ਼ਾ ਖਾਤਾ ਨੰ. ਐੱਲ ਏ ਪੀ - ਜੇ ਡੀ ਐੱਚ-1269	ਡਿਮਾਂਡ ਨੋਟਿਸ ਦੀ ਮਿਤੀ 26.02.2026, ਰੁਪਏ 2,37,490/- (ਦੋ ਲੱਖ ਸੈਂਤੀ ਹਜ਼ਾਰ ਚਾਰ ਸੌ ਨੱਬੇ ਰੁਪਏ ਕੇਵਲ) 31.01.2026 ਨੂੰ	03.07.2026
ਰਹਿਣ ਕੀਤੀ ਜਾਇਦਾਦ : ਖੇਵਟ/ਖਤੌਨੀ ਨੰ. 255/331, ਖਸਰਾ ਨੰ. 60(0-5), ਹੱਦਬਸਤ ਨੰ. 204, ਜਾਇਦਾਦ ਪਿੰਡ ਜਲਾਲਪੁਰ ਕਲਾਂ ਵਿਖੇ ਸਥਿਤ, ਡਾਕਖਾਨਾ, ਤਹਿਸੀਲ ਸ਼ਾਹਕੋਟ, ਜ਼ਿਲ੍ਹਾ ਜਲੰਧਰ-144629 ਚਾਰ ਹੱਦਾਂ :- ਉੱਤਰ : ਸੜਕ, ਦੱਖਣ : ਲਖਵੀਰ ਸਿੰਘ/ਮਨਜੀਤ ਸਿੰਘ ਦਾ ਨਿਰਮਤ ਮਕਾਨ, ਪੂਰਬ : ਤਰਲੋਚਨ ਸਿੰਘ ਦੀ ਨਿਰਮਤ ਦੁਕਾਨ, ਪੱਛਮ : ਗੁਰਦੇਵ ਸਿੰਘ ਦੀ ਨਿਰਮਤ ਦੁਕਾਨ।		
ਜੋਗਿੰਦਰ ਸਿੰਘ (ਕਰਜ਼ਦਾਰ), ਪਰਮਜੀਤ ਕੌਰ (ਸਹਿ-ਕਰਜ਼ਦਾਰ) ਮਨਜਿੰਦਰ ਸਿੰਘ (ਸਹਿ-ਕਰਜ਼ਦਾਰ) ਕੁਲਦੀਪ ਸਿੰਘ (ਗਰੰਟਰ), ਕਰਜ਼ਾ ਖਾਤਾ ਨੰ. ਐੱਲ ਏ ਪੀ -ਬੀ ਏ ਟੀ- 268	ਡਿਮਾਂਡ ਨੋਟਿਸ ਦੀ ਮਿਤੀ 15.12.2025, ਰੁਪਏ 9,17,186.48/- (ਨੌਂ ਲੱਖ ਸਤਾਰਾਂ ਹਜ਼ਾਰ ਇੱਕ ਸੌ ਛਿਆਸੀ ਰੁਪਏ ਅਤੇ ਅਠਤਾਲੀ ਪੈਸੇ ਕੇਵਲ) 31.01.2025 ਨੂੰ	02.07.2026
ਰਹਿਣ ਕੀਤੀ ਜਾਇਦਾਦ : ਖਸਰਾ ਨੰ. 45 ਆਰ/9/2/4-0 ਰਕਬਾ 11 ਮਰਲਾ ਵਾਕਿਆ ਰਕਬਾ ਪਿੰਡ ਭੱਟੀਵਾਲ, ਹੱਦਬਸਤ ਨੰ. 43, ਬਟਾਲਾ, ਗੁਰਦਾਸਪੁਰ-143514, ਚਾਰ ਹੱਦਾਂ : ਉੱਤਰ : ਗੁਰਦਿਆਲ ਸਿੰਘ ਦੀ ਜਾਇਦਾਦ, ਦੱਖਣ : ਮੁਖਤਿਆਰ ਸਿੰਘ ਦੀ ਜਾਇਦਾਦ, ਪੂਰਬ : ਰੁਪਿੰਦਰ ਸਿੰਘ ਦੀ ਜਾਇਦਾਦ, ਪੱਛਮ : ਫਿਰਨੀ।		
ਬੂਟਾ ਸਿੰਘ (ਕਰਜ਼ਦਾਰ), ਗੁਰਮੀਤ ਕੌਰ (ਸਹਿ-ਕਰਜ਼ਦਾਰ) ਕਰਨਪ੍ਰੀਤ ਸਿੰਘ (ਸਹਿ-ਕਰਜ਼ਦਾਰ), ਗੁਰਪ੍ਰੀਤ ਸਿੰਘ (ਸਹਿ-ਕਰਜ਼ਦਾਰ), ਸਰਬਜੀਤ ਸਿੰਘ (ਗਰੰਟਰ), ਕਰਜ਼ਾ ਖਾਤਾ ਨੰ. ਐੱਲ ਏ ਪੀ-ਬੀ ਏ ਟੀ-288	ਡਿਮਾਂਡ ਨੋਟਿਸ ਦੀ ਮਿਤੀ 15.12.2025, ਰੁਪਏ 6,99,834.38/- (ਛੇ ਲੱਖ ਨੜਿੰਨਵੇਂ ਹਜ਼ਾਰ ਅੱਠ ਸੌ ਚੌਂਤੀ ਰੁਪਏ ਅਤੇ ਅਠੱਤੀ ਪੈਸੇ ਕੇਵਲ) 31.10.2025 ਨੂੰ	02.07.2026
ਰਹਿਣ ਕੀਤੀ ਜਾਇਦਾਦ : ਖਸਰਾ ਨੰ. 109 ਆਰ/20/1=7-2, ਖੇਵਟ 565, ਖਤੌਨੀ 1123, ਰਕਬਾ 11 1/2 ਮਰਲਾ, ਵਾਕਿਆ ਰਕਬਾ ਪਿੰਡ ਲੱਧਾ ਮੁੰਡਾ, ਹੱਦਬਸਤ ਨੰ. 85, ਤਹਿਸੀਲ ਬਟਾਲਾ, ਗੁਰਦਾਸਪੁਰ, ਪੰਜਾਬ-143514 ਚਾਰ ਹੱਦਾਂ : ਉੱਤਰ : ਖਾਲੀ ਪਲਾਟ, ਦੱਖਣ : ਹਰਭਜਨ ਕੌਰ ਦਾ ਮਕਾਨ, ਪੂਰਬ : ਗਲੀ, ਪੱਛਮ : ਹੋਰ ਮਕਾਨ		
ਸ਼ਾਮ ਸਿੰਘ (ਕਰਜ਼ਦਾਰ) ਸ਼ਿੰਦਰਪਾਲ ਕੌਰ (ਸਹਿ-ਕਰਜ਼ਦਾਰ) ਕਾਕਾ ਸਿੰਘ (ਸਹਿ-ਕਰਜ਼ਦਾਰ), ਬਲਕਾਰ ਸਿੰਘ (ਗਰੰਟਰ) ਕਰਜ਼ਾ ਖਾਤਾ ਨੰ. ਐੱਲ ਏ ਪੀ - ਜੀ ਡੀ ਐੱਚ -967	ਡਿਮਾਂਡ ਨੋਟਿਸ ਦੀ ਮਿਤੀ 15.12.2025, ਰੁਪਏ 15,41,878.38/- (ਪੰਦਰਾਂ ਲੱਖ ਇਕਤਾਲੀ ਹਜ਼ਾਰ ਅੱਠ ਸੌ ਅਠੱਤਰ ਰੁਪਏ ਅਤੇ ਅਠੱਤੀ ਪੈਸੇ ਕੇਵਲ) 31.10.2025 ਨੂੰ	03.07.2026
ਰਹਿਣ ਕੀਤੀ ਜਾਇਦਾਦ : ਖੇਵਟ ਖਤੌਨੀ ਨੰ. 390/499, ਖਸਰਾ ਨੰ. 50//21(7-12), ਹੱਦਬਸਤ ਨੰ. 211, ਵਾਕਿਆ ਰਕਬਾ ਪਿੰਡ ਮੰਡਲ, ਤਹਿਸੀਲ ਸ਼ਾਹਕੋਟ, ਚਾਰ ਹੱਦਾਂ : ਉੱਤਰ : ਮਹਿੰਦਰ ਸਿੰਘ, ਦੱਖਣ : ਗਲੀ, ਪੂਰਬ : ਬੂੜ ਸਿੰਘ, ਪੱਛਮ : ਬਲਕਾਰ ਸਿੰਘ		
ਹਰਜੋਧ ਸਿੰਘ (ਕਰਜ਼ਦਾਰ), ਜਸਵਿੰਦਰ ਕੌਰ (ਸਹਿ-ਕਰਜ਼ਦਾਰ) ਪਰਵਿੰਦਰ ਸਿੰਘ (ਗਰੰਟਰ), ਕਰਜ਼ਾ ਖਾਤਾ ਨੰ. : ਐੱਲ ਏ ਪੀ - ਜੇ ਡੀ ਐੱਚ-1113	ਡਿਮਾਂਡ ਨੋਟਿਸ ਦੀ ਮਿਤੀ 24.02.2026, ਰੁਪਏ 3,95,065/- (ਤਿੰਨ ਲੱਖ ਪਚਾਨਵੇਂ ਹਜ਼ਾਰ ਪੈਂਹਠ ਰੁਪਏ ਕੇਵਲ) 31.01.2026 ਨੂੰ	03.07.2026
ਆਮ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਮੈਂ ਰਵਿੰਦਰ ਚੋਪੜਾ ਸਪੁੱਤਰ ਸ੍ਰੀ ਹੰਸਰਾਜ ਚੋਪੜਾ ਵਾਸੀ 92 ਨਿਰੰਕਾਰੀ ਕਾਲੋਨੀ ਫਤਿਹਗੜ੍ਹ ਚੂੜੀਆਂ ਰੋਡ ਅੰਮ੍ਰਿਤਸਰ ਤਹਿਸੀਲ ਵਾ ਜ਼ਿਲ੍ਹਾ ਅੰਮ੍ਰਿਤਸਰ ਨੇ ਇੱਕ ਦਰਖਾਸਤ ਨਿਮਨ ਹਸਤਾਖਰ ਦੀ ਅਦਾਲਤ ਵਿੱਚ ਪੇਸ਼ ਕੀਤੀ ਅਨਰਜਿਸਟਰਡ ਵਸੀਅਤ ਨਾਲ ਨੱਥੀ ਕੀਤੀ ਅਤੇ ਆਪਣੀ ਦਰਖਾਸਤ ਵਿੱਚ ਲਿਖਿਆ ਹੈ ਮੇਰੀ ਮਾਤਾ ਸ੍ਰੀਮਤੀ ਵਿਦਿਆ ਵੰਤੀ ਪਤਨੀ ਸ੍ਰੀ ਹੰਸ ਰਾਜ ਚੋਪੜਾ ਦੀ ਮੌਤ ਮਿਤੀ 08-05-2002 ਨੂੰ ਹੋ ਚੁੱਕੀ ਹੈ ਅਤੇ ਉਹਨਾਂ ਨੇ ਆਪਣੀ ਮੌਤ ਤੋਂ ਪਹਿਲਾਂ ਇੱਕ ਅਨਰਜਿਸਟਰਡ ਵਸੀਅਤ ਮਿਤੀ 12-01-2002 ਨੂੰ ਆਪਣੇ (ਪੁੱਤਰ) ਰਵਿੰਦਰ ਚੋਪੜਾ ਸਪੁੱਤਰ ਸ੍ਰੀ ਹੰਸਰਾਜ ਚੋਪੜਾ ਦੇ ਹੱਕ ਵਿਚ ਲਿਖਾਈ ਸੀ, ਜੋ ਕਿ ਕਿਸੇ ਕਾਰਨ ਉਹ ਰਜਿਸਟਰਡ ਨਹੀਂ ਕਰਵਾ ਸਕੇ। ਉਹ ਸ੍ਰੀਮਤੀ ਵਿਦਿਆ ਵੰਤੀ ਵੱਲੋਂ ਕਰਵਾਈ ਗਈ ਅਨਰਜਿਸਟਰਡ ਵਸੀਅਤ ਨੂੰ ਇੰਡੀਅਨ ਰਜਿਸਟਰੇਸ਼ਨ ਐਕਟ ਦਫਾ-40 ਤਹਿਤ ਰਜਿਸਟਰੇਸ਼ਨ ਕਰਵਾਉਣਾ ਚਾਹੁੰਦਾ ਹੈ। ਸ੍ਰੀਮਤੀ ਵਿਦਿਆ ਵੰਤੀ ਦੇ ਵਾਰਸਾਂ ਅਤੇ ਆਮ ਜਨਤਾ ਦੀ ਜਾਣਕਾਰੀ ਲਈ ਅਖਬਾਰ ਵਿੱਚ ਇਸ਼ਤਿਹਾਰ ਦਿੱਤਾ ਜਾਵੇ ਕਿ ਇਹ ਵਸੀਅਤ ਜ਼ੇਰ ਧਾਰਾ 40 ਭਾਰਤੀ ਰਜਿਸਟਰੇਸ਼ਨ ਐਕਟ ਅਧੀਨ ਤਸਦੀਕ ਹੋਣ ਵਿੱਚ ਕਿਸੇ ਨੂੰ ਕੋਈ ਇਤਰਾਜ਼ ਤਾਂ ਨਹੀਂ ਹੈ, ਜੇਕਰ ਕਿਸੇ ਧਿਰ ਨੂੰ ਕੋਈ ਇਤਰਾਜ਼ ਹੋਵੇ ਤਾਂ ਉਹ ਅਦਾਲਤ ਵਿੱਚ ਅਸਾਲਤਨ ਜਾਂ ਵਕਾਲਤਨ ਇਸ਼ਤਿਹਾਰ ਜਾਰੀ ਹੋਣ ਤੋਂ 21 ਦਿਨ ਦੇ ਅੰਦਰ ਹਾਜ਼ਰ ਹੋ ਕੇ ਉਜਰ ਪੇਸ਼ ਕਰ ਸਕਦਾ ਹੈ। ਬਾਅਦ ਵਿੱਚ ਕੋਈ ਇਤਰਾਜ਼ ਨਹੀਂ ਸੁਣਿਆ ਜਾਵੇਗਾ ਅਤੇ ਬਾਅਦ ਗੁਜ਼ਰਨੇ ਮਿਆਦ ਵਸੀਅਤ ਤਸਦੀਕ ਕਰ ਦਿੱਤੀ ਜਾਵੇਗੀ। ਇਹ ਇਸ਼ਤਿਹਾਰ ਮਿਤੀ 06-07-2026 ਨੂੰ ਮੇਰੇ ਹਸਤਾਖਰ ਅਤੇ ਮੋਹਰ ਅਦਾਲਤ ਨਾਲ ਜਾਰੀ ਕੀਤਾ ਗਿਆ।

ਸਹੀ/-ਸਬ ਰਜਿਸਟਰਾਰ, ਅੰਮ੍ਰਿਤਸਰ-2

ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਸ੍ਰੀ ਅਮਨਦੀਪ ਚਾਵਲਾ, ਪੀ.ਆਰ.ਐੱਸ., ਜ਼ਿਲ੍ਹਾ ਮਾਲ ਅਫਸਰ-ਕਮ-ਚੱਕਬੰਦੀ ਅਫਸਰ, ਹੁਸ਼ਿਆਰਪੁਰ ਦੀ ਈਸਟ ਪੰਜਾਬ ਹੋਲਡਿੰਗਜ਼ (ਕੰਨਸੋਲੀਡੇਸ਼ਨ ਐਂਡ ਪ੍ਰੀਵੈਨਸ਼ਨ ਆਫ ਫਰੈਗਮੈਂਨਟੇਸ਼ਨ) ਐਕਟ 1948 ਦੀ ਧਾਰਾ 21(2) ਦੇ ਅਧਿਕਾਰ ਸਾਹਿਤ)

ਬਲਰਾਮ ਸਿੰਘ ਪੁੱਤਰ ਸਦਾ ਨੰਦ ਬਨਾਮ ਸ਼ੀਲਾ ਦੇਵੀ ਵਿਧਵਾ ਓਮ ਪ੍ਰਕਾਸ਼ ਆਦਿ

ਉਪਰੋਕਤ ਚੱਕਬੰਦੀ ਕੇਸ ਵਾਕਿਆ ਰਕਬਾ ਪਿੰਡ ਨੌਸ਼ਹਿਰਾ, ਤਹਿਸੀਲ ਮੁਕੇਰੀਆਂ, ਜ਼ਿਲ੍ਹਾ ਹੁਸ਼ਿਆਰਪੁਰ ਇਸ ਅਦਾਲਤ ਵਿੱਚ ਚੱਲ ਰਿਹਾ ਹੈ। ਇਸ ਕੇਸ ਵਿੱਚ ਹੇਠ ਲਿਖੇ ਅਨੁਸਾਰ ਉੱਤਰਵਾਦੀਆਂ ਦੀ ਤਾਮੀਲ ਸਾਧਰਨ ਤਰੀਕੇ ਨਾਲ ਨਹੀਂ ਹੋ ਸਕੀ। ਇਸ ਲਈ ਇਨ੍ਹਾਂ ਉੱਤਰਵਾਦੀਆਂ ਦੀ ਇਤਲਾਹ ਪੰਜਾਬੀ ਅਖ਼ਬਾਰ ਰਾਹੀਂ ਤਾਮੀਲ ਕਰਵਾਈ ਜਾਂਦੀ ਹੈ ਕਿ ਉਹ ਅਸਾਲਤਨ/ਵਕਾਲਤਨ ਮਿਤੀ 29/07/2026 ਨੂੰ ਬਾਅਦ ਦੁਪਹਿਰ 2-00 ਵਜੇ ਇਸ ਅਦਾਲਤ ਵਿੱਚ ਹਾਜ਼ਰ ਆ ਕੇ ਆਪਣੇ ਕੇਸ ਦੀ ਪੈਰਵੀ ਕਰਨਾ। ਜੇਕਰ ਹੇਠ ਲਿਖੀਆਂ ਧਿਰਾਂ ਵਿੱਚੋਂ ਕਿਸੇ ਦੀ ਮੌਤ ਹੋ ਚੁੱਕੀ ਹੋਵੇ ਤਾਂ ਉਸ ਦੇ ਵਾਰਸ ਅਦਾਲਤ ਵਿੱਚ ਪੇਸ਼ ਹੋ ਕੇ ਕੇਸ ਦੀ ਪੈਰਵੀ ਕਰ ਸਕਦੇ ਹਨ। ਹਾਜ਼ਰ ਨਾ ਹੋਣ ਦੀ ਸੂਰਤ ਵਿੱਚ ਕੇਸ 'ਤੇ ਹਦਾਇਤਾਂ ਅਨੁਸਾਰ ਅਗਲੇਰੀ ਕਾਰਵਾਈ ਕਰ ਦਿੱਤੀ ਜਾਵੇਗੀ।

ਨਾਂਅ ਫਰੀਕ ਵੇਰਵੇ ਸਹਿਤ ਉੱਤਰਵਾਦੀ:-
1). ਸ਼ੀਲਾ ਦੇਵੀ ਵਿਧਵਾ ਓਮ ਪ੍ਰਕਾਸ਼, 2) ਕ੍ਰਿਸ਼ਨ ਗੋਪਾਲ ਪੁੱਤਰ ਓਂਕਾਰ ਸਿੰਘ, 3) ਵਰਿੰਦਰ ਕੁਮਾਰ ਪੁੱਤਰ ਅਮੋਲਕ ਰਾਮ ਪੁੱਤਰ ਬਸੰਤਾ, ਉਪਰੋਕਤ ਸਾਰੇ ਵਾਸੀਆਨ ਪਿੰਡ ਨੌਸ਼ਹਿਰਾ, ਸਬ-ਤਹਿਸੀਲ ਭੂੰਗਾ, ਤਹਿਸੀਲ ਵਾ ਜ਼ਿਲ੍ਹਾ ਹੁਸ਼ਿਆਰਪੁਰ, 4) ਹਰਜਿੰਦਰ ਕੁਮਾਰ ਪੁੱਤਰ ਸੀਤਾ ਰਾਮ ਪੁੱਤਰ ਬਸੰਤਾ ਰਾਮ, 5) ਨੀਲਮ ਕੁਮਾਰੀ ਪੁੱਤਰੀ ਸੀਤਾ ਰਾਮ ਪੁੱਤਰ ਬਸੰਤ ਰਾਮ, 6) ਨਵਜੀਤ ਸ਼ਰਮਾ ਪੁੱਤਰ ਸਰੋਜ ਰਾਣੀ ਪੁੱਤਰੀ ਸੀਤਾ ਰਾਮ, 7) ਮਮਤਾ ਸ਼ਰਮਾ ਪੁੱਤਰੀ ਸਰੋਜ ਰਾਣੀ ਪੁੱਤਰੀ ਸੀਤਾ ਰਾਮ, ਉਪਰੋਕਤ ਸਾਰੇ ਵਾਸੀਆਨ ਪਿੰਡ ਹਰਿਆਣਾ, ਤਹਿ. ਵਾ ਜ਼ਿਲ੍ਹਾ ਹੁਸ਼ਿਆਰਪੁਰ।

ਸਹੀ/- ਜ਼ਿਲ੍ਹਾ ਮਾਲ ਅਫਸਰ-ਕਮ, ਚੱਕਬੰਦੀ ਅਫਸਰ, ਹੁਸ਼ਿਆਰਪੁਰ
ਕਮਰਾ ਨੰ: 205, ਫਲੋਰ ਨੰ: 2, ਮਿੰਨੀ ਸੈਕਟਰੀਏਟ, ਹੁਸ਼ਿਆਰਪੁਰ।

ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਸਹਾਇਕ ਕੁਲੈਕਟਰ, ਦਰਜਾ ਦੋਇਮ-ਕਮ-ਤਹਿਸੀਲਦਾਰ, ਬੁਢਲਾਡਾ
ਨੋਟਿਸ ਬਨਾਮ ਆਮ ਜਨਤਾ

ਇਸ ਨੋਟਿਸ ਰਾਹੀਂ ਹਰ ਆਮ ਅਤੇ ਖਾਸ ਵਿਅਕਤੀ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਹਰਬੰਸ ਸਿੰਘ ਪੁੱਤਰ ਹਰਦਮ ਸਿੰਘ ਵਾਸੀ ਪਿੰਡ ਕੁਲੈਹਿਰੀ, ਤਹਿਸੀਲ ਬੁਢਲਾਡਾ, ਜ਼ਿਲ੍ਹਾ ਮਾਨਸਾ ਵੱਲੋਂ ਦਰਖਾਸਤ ਪੇਸ਼ ਕੀਤੀ ਗਈ ਹੈ ਕਿ ਵਾਕਾ ਰਕਬਾ ਪਿੰਡ ਕੁਲੈਹਿਰੀ ਵਿਖੇ ਮੇਰੀ ਜ਼ਮੀਨ ਖੇਵਟ ਨੰ: 86 ਖਤੌਨੀ ਨੰ: 166 ਸਾਲ ਜਮ੍ਹਾਂਬੰਦੀ 2019-2020 ਵਿੱਚ ਮੇਰਾ ਨਾਂਅ ਮਿੱਠੂ ਸਿੰਘ ਪੁੱਤਰ ਤਿੱਤਰ ਸਿੰਘ ਹੈ। ਜਦੋਂ ਕਿ ਮੇਰੇ ਆਧਾਰ ਕਾਰਡ ਅਤੇ ਬੈਂਕ ਪਾਸ ਬੁੱਕ ਵਿੱਚ ਮੇਰਾ ਨਾਂਅ ਹਰਬੰਸ ਸਿੰਘ ਪੁੱਤਰ ਹਰਦਮ ਸਿੰਘ, ਵੋਟਰ ਕਾਰਡ ਵਿੱਚ ਮੇਰਾ ਨਾਂਅ ਹਰਦਮ ਸਿੰਘ ਪੁੱਤਰ ਤਿੱਤਰ ਸਿੰਘ ਹੈ। ਇਹ ਕਿ ਮੈਂ ਆਪਣੀ ਜਮ੍ਹਾਂਬੰਦੀ ਵਿੱਚ ਆਪਣਾ ਨਾਂਅ ਮਿੱਠੂ ਸਿੰਘ ਉਰਫ ਹਰਬੰਸ ਸਿੰਘ ਕਰਵਾਉਣਾ ਚਾਹੁੰਦਾ ਹਾਂ ਅਤੇ ਆਪਣੇ ਪਿਤਾ ਦਾ ਨਾਂਅ ਵੀ ਜਮ੍ਹਾਂਬੰਦੀ ਵਿੱਚ ਤਿੱਤਰ ਸਿੰਘ ਉਰਫ ਹਰਦਮ ਸਿੰਘ ਕਰਵਾਉਣਾ ਚਾਹੁੰਦਾ ਹਾਂ। ਇਹ ਕਿ ਮੈਨੂੰ ਮਿੱਠੂ ਸਿੰਘ ਉਰਫ ਹਰਬੰਸ ਸਿੰਘ ਦੋਨੋਂ ਨਾਵਾਂ ਨਾਲ ਜਾਣਿਆ ਜਾਂਦਾ ਹੈ। ਇਸੇ ਤਰ੍ਹਾਂ ਮੇਰੇ ਪਿਤਾ ਨੂੰ ਤਿੱਤਰ ਸਿੰਘ ਉਰਫ ਹਰਦਮ ਸਿੰਘ ਦੋਵੇਂ ਨਾਵਾਂ ਨਾਲ ਜਾਣਿਆ ਜਾਂਦਾ ਹੈ। ਇਹ ਕਿ ਮੈਂ ਆਪਣੇ ਅਤੇ ਆਪਣੇ ਪਿਤਾ ਦੇ ਦੋਨੋਂ ਨਾਵਾਂ ਸੰਬੰਧੀ ਪੂਰੀ ਤਰ੍ਹਾਂ ਜ਼ਿੰਮੇਵਾਰ ਹਾਂ। ਜਮ੍ਹਾਂਬੰਦੀ ਵਿੱਚ ਮੇਰਾ ਨਾਂਅ ਮਿੱਠੂ ਸਿੰਘ ਉਰਫ ਹਰਬੰਸ ਸਿੰਘ ਪੁੱਤਰ ਤਿੱਤਰ ਸਿੰਘ ਉਰਫ ਹਰਦਮ ਸਿੰਘ ਕੀਤਾ ਜਾਵੇ।

ਜੇਕਰ ਕਿਸੇ ਵੀ ਵਿਅਕਤੀ ਨੂੰ ਦਰਖਾਸਤ ਕਰਤਾ ਦੇ ਨਾਂਅ ਮਾਲ ਰਿਕਾਰਡ ਪਿੰਡ ਕੁਲੈਹਿਰੀ, ਤਹਿਸੀਲ ਬੁਢਲਾਡਾ, ਜ਼ਿਲ੍ਹਾ ਮਾਨਸਾ ਵਿੱਚ ਪ੍ਰਾਰਥੀ ਦਾ ਨਾਂਅ ਮਿੱਠੂ ਸਿੰਘ ਉਰਫ ਹਰਬੰਸ ਸਿੰਘ ਪੁੱਤਰ ਤਿੱਤਰ ਸਿੰਘ ਉਰਫ ਹਰਦਮ ਸਿੰਘ ਤਬਦੀਲੀ ਸੰਬੰਧੀ ਕੋਈ ਇਤਰਾਜ਼ ਹੈ ਤਾਂ ਉਹ ਇਸ ਇਸ਼ਤਿਹਾਰ ਦੇ ਪ੍ਰਕਾਸ਼ਿਤ ਹੋਣ ਤੋਂ ਇੱਕ ਮਹੀਨੇ ਦੇ ਅੰਦਰ-ਅੰਦਰ ਨਿਮਨ ਹਸਤਾਖਰ ਪਾਸ ਅਸਾਲਤਨ ਜਾਂ ਵਕਾਲਤਨ ਪੇਸ਼ ਹੋ ਕਰ ਆਪਣਾ ਇਤਰਾਜ਼ ਪੇਸ਼ ਕਰ ਸਕਦਾ ਹੈ। ਬਾਅਦ ਗੁਜ਼ਰਨੇ ਮਿਆਦ ਕਿਸੇ ਵੀ ਕਿਸਮ ਦੇ ਇਤਰਾਜ਼ ਪਰ ਕੋਈ ਗੌਰ ਨਹੀਂ ਕੀਤੀ ਜਾਵੇਗੀ ਅਤੇ ਦਰਖਾਸਤ ਕਰਤਾ ਦਾ ਨਾਂਅ ਮਾਲ ਰਿਕਾਰਡ ਪਿੰਡ ਕੁਲੈਹਿਰੀ, ਤਹਿਸੀਲ ਬੁਢਲਾਡਾ, ਜ਼ਿਲ੍ਹਾ ਮਾਨਸਾ ਵਿੱਚ ਨਾਂਅ ਮਿੱਠੂ ਸਿੰਘ ਉਰਫ ਹਰਬੰਸ ਸਿੰਘ ਪੁੱਤਰ ਤਿੱਤਰ ਸਿੰਘ ਉਰਫ ਹਰਦਮ ਸਿੰਘ ਕਰ ਦਿੱਤਾ ਜਾਵੇਗਾ।

ਇਹ ਇਸ਼ਤਿਹਾਰ ਅੱਜ ਮਿਤੀ 08-07-2026 ਨੂੰ ਮੇਰੇ ਹਸਤਾਖਰ ਅਤੇ ਮੋਹਰ ਅਦਾਲਤ ਰਾਹੀਂ ਜਾਰੀ ਕੀਤਾ ਗਿਆ।

ਨੰਬਰ : 6/ਰੀ-1 ਮਿਤੀ : 08/07/2026 ਸਹੀ/-ਸਹਾਇਕ ਕੁਲੈਕਟਰ, ਦਰਜਾ ਦੋਇਮ-ਕਮ-ਤਹਿਸੀਲਦਾਰ, ਬੁਢਲਾਡਾ।

ਉੱਤਰ ਰੇਲਵੇ

ਨਿਵਿਦਾ ਸੂਚਨਾ

ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਚੀਫ ਮੈਡੀਕਲ ਸੁਪਰੰਟੈਂਡੈਂਟ ਉੱਤਰ ਰੇਲਵੇ, ਫਿਰੋਜ਼ਪੁਰ ਨਿਰਧਾਰਿਤ ਫਾਰਮੈਟ ਤੇ ਹੇਠਾਂ ਲਿਖਤ ਮੁਹਰਬੰਦ ਪ੍ਰਗਟਾਵਾ ਦੀ ਮੰਗ ਕੀਤੀ ਜਾਂਦੀ ਹੈ:-

1	ਕੰਮ ਦਾ ਵੇਰਵਾ	ਫਿਰੋਜ਼ਪੁਰ ਮੰਡਲ ਵਿਚ ਸਥਾਨਕ ਖਰੀਦ ਦੇ ਲਈ ਦਵਾਈਆਂ ਅਤੇ ਸਰਜੀਕਲ ਵਸਤੂਆਂ ਦੇ ਸਪਲਾਈਕਰਤਾ ਦੇ ਪੰਜੀਕਰਨ।
2	ਮਿਆਦ	ਕੰਮ ਸ਼ੁਰੂ ਹੋਣ ਦੀ ਮਿਤੀ ਤੋਂ 2 ਸਾਲ ਤਕ
3	ਕੰਮ ਦੀ ਅੰਦਾਜਨ ਲਾਗਤ	ਮੰਡਲ ਰੇਲਵੇ ਹਸਪਤਾਲ, ਫਿਰੋਜ਼ਪੁਰ ਦਵਾਈਆਂ = ਰੂ 81,86,160/- ਅਤੇ ਸਰਜੀਕਲ ਵਸਤੂਆਂ = ਰੂ 41,56,318/- ਉਪਮੰਡਲੀ ਰੇਲਵੇ ਹਸਪਤਾਲ ਅੰਮ੍ਰਿਤਸਰ ਦਵਾਈਆਂ = ਰੂ 43,59,492/- ਅਤੇ ਸਰਜੀਕਲ ਵਸਤੂਆਂ = 7,35,901/-
4	ਬਿਆਨਾ ਰਾਸ਼ੀ	ਮੰਡਲ ਰੇਲਵੇ ਹਸਪਤਾਲ, ਫਿਰੋਜ਼ਪੁਰ ਦਵਾਈਆਂ = ਰੂ 1,63,720/- ਅਤੇ ਸਰਜੀਕਲ ਵਸਤੂਆਂ = ਰੂ 83,130/- ਉਪਮੰਡਲੀ ਰੇਲਵੇ ਹਸਪਤਾਲ ਅੰਮ੍ਰਿਤਸਰ ਦਵਾਈਆਂ = ਰੂ 87,190/- ਅਤੇ ਸਰਜੀਕਲ ਵਸਤੂਆਂ = 14,720/-
5	ਟੈਂਡਰ ਨੂੰ ਆਈਆਰਈਪੀਐਸ ਪੋਰਟਲ ਤੇ ਅਪਲੋਡ ਕਰਨ ਦੇ ਲਈ ਅੰਤਮ ਮਿਤੀ ਤੇ ਸਮਾਂ	ਮਿਤੀ 28.07.2026, 15:00 ਵਜੇ
6	ਟੈਂਡਰ ਖੁਲਣ ਦੀ ਮਿਤੀ ਤੇ ਸਮਾਂ	ਮਿਤੀ 29.07.2026, 10:00 ਵਜੇ

ਪੱਤਰ ਨੰਬਰ: 43-ਮੇਡ/ਸਪਲਾਈਕਰਤਾ ਪੰਜੀਕਰਨ/ਫਿਰੋਜ਼ਪੁਰ ਮਿਤੀ: 07.07.2026

2340/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਸ੍ਰੀ ਨਵਦੀਪ ਸਿੰਘ ਭੋਗਲ, ਜ਼ਿਲ੍ਹਾ ਮਾਲ ਅਫਸਰ-ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ ਫਾਸਟ ਟਰੈਕ ਕੋਰਟ ਫਾਰ ਐਨ.ਆਰ.ਆਈਜ਼, ਜਲੰਧਰ।

ਕੇਸ ਨੰ. 658 ਐੱਫ.ਟੀ.ਸੀ./ਐੱਨ.ਆਰ.ਆਈਜ਼ ਕੇਸ ਅਨੁਵਾਨ ਬਲਰਾਜ ਮੋਹਨ ਬਨਾਮ ਸਰਵਜੀਤ ਮੋਹਨ ਅਤੇ ਹੋਰ
ਵਾਕਿਆ ਪਿੰਡ : ਪਿੰਡ ਲਾਂਬੜਾ ਤਹਿਸੀਲ ਜਲੰਧਰ, ਜਲੰਧਰ-2, ਖੇਵਟ ਨੰ: 98, 99, 77, 79, 136

ਇਸ ਨੋਟਿਸ ਰਾਹੀਂ ਹਰ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਬਲਰਾਜ ਮੋਹਨ ਪੁੱਤਰ ਸ੍ਰੀ ਰਾਮ ਲਾਲ ਪੁੱਤਰ ਸ੍ਰੀ ਨੰਦੂ ਰਾਮ ਵਾਸੀ ਪਿੰਡ ਲਾਂਬੜਾ, ਤਹਿਸੀਲ ਜਲੰਧਰ-2, ਜ਼ਿਲ੍ਹਾ ਜਲੰਧਰ at present residing at 8407, Heather Street, Vencouver, BC, Canada - V6P 3RP. (Applicant)

V/S

ਨੋਟਿਸ ਬਨਾਮ
1. ਸਰਵਜੀਤ ਮੋਹਨ ਪੁੱਤਰ ਸ੍ਰੀ ਰਾਮ ਲਾਲ ਪੁੱਤਰ ਸ੍ਰੀ ਨੰਦੂ ਰਾਮ 2. ਪ੍ਰਮੋਦ ਕੁਮਾਰ ਪੁੱਤਰ ਸ੍ਰੀ ਮੰਗਤ ਰਾਮ ਪੁੱਤਰ ਸ੍ਰੀ ਕੁਲਵੰਤ ਰਾਏ 3. ਵਰਿੰਦਰ ਕੁਮਾਰ ਪੁੱਤਰ ਸ੍ਰੀ ਗੁਰਦਿੱਤਾ 4. ਰੇਸ਼ਮ ਨਾਲ ਪੁੱਤਰ ਸ੍ਰੀ ਅਮਰ ਚੰਦ 5. ਧਰਮਵੀਰ ਮੋਹਨ ਪੁੱਤਰ ਸ੍ਰੀ ਰਾਮ ਲਾਲ ਪੁੱਤਰ ਸ੍ਰੀ ਨੰਦੂ ਰਾਮ 6. ਰਾਜ ਕ੍ਰਿਸ਼ਨ ਪੁੱਤਰ ਸ੍ਰੀ ਮਹਿੰਗਾ ਰਾਮ ਪੁੱਤਰ ਸ੍ਰੀ ਛੱਜੂ ਰਾਮ 7. ਸੁਰਖਸ਼ਾ ਪੁੱਤਰੀ ਸ੍ਰੀ ਰਾਮ ਲਾਲ ਪੁੱਤਰ ਸ੍ਰੀ ਨੰਦੂ ਰਾਮ 8. ਸ਼ਿਮਲਾ ਪੁੱਤਰੀ ਸ੍ਰੀ ਰਾਮ ਲਾਲ ਪੁੱਤਰ ਸ੍ਰੀ ਨੰਦੂ ਰਾਮ, ਸਾਰੇ ਵਾਸੀ ਪਿੰਡ ਲਾਂਬੜਾ, ਤਹਿਸੀਲ ਜਲੰਧਰ -2. ਜ਼ਿਲ੍ਹਾ ਜਲੰਧਰ, 9. ਸਟੈਂਡਰਡ ਪ੍ਰਮੋਟਰਸ ਐਂਡ ਡਵੇਲਪਰਸ ਗ੍ਰੈਂਡ ਮਾਲ ਜਲੰਧਰ ਰਾਹੀਂ ਡਾਇਰੈਕਟਰ ਪਾਰਟਨਰ ਪ੍ਰਿੰਸੀਪਲ ਅਫ਼ਸਰ। (Respondents)

ਉਕਤ ਮੁਕੱਦਮੇ ਵਿੱਚ ਅਦਾਲਤ ਨੂੰ ਇਹ ਯਕੀਨ ਹੋ ਚੁੱਕਾ ਹੈ ਕਿ ਦੂਜੀ ਧਿਰ ਦੀ ਮਾਮੂਲੀ ਤਰੀਕੇ ਨਾਲ ਸੰਮਨ 'ਤੇ ਤਾਮੀਲ ਹੋਣੀ ਮੁਸ਼ਕਲ ਹੈ। ਇਸ ਲਈ ਮਿਤੀ 20.07.26 ਨੂੰ ਦੁਪਹਿਰ 02:00 ਵਜੇ ਦੀ ਤਰੀਕ ਪੇਸ਼ੀ ਨੀਯਤ ਕਰਕੇ ਇਸ ਇਸ਼ਤਿਹਾਰ ਰਾਹੀਂ ਦੂਜੀ ਧਿਰ ਨੂੰ ਵਿਦਿਤ ਕੀਤਾ ਜਾਂਦਾ ਹੈ ਕਿ ਉਕਤ ਤਰੀਕ 'ਤੇ ਆਪ ਜਾਂ ਕਿਸੇ ਵਕੀਲ ਰਾਹੀਂ ਅਦਾਲਤ ਵਿੱਚ ਪੇਸ਼ ਹੋਵੇ, ਨਹੀਂ ਤਾਂ ਕਾਰਵਾਈ ਇਕਤਰਫਾ ਅਮਲ ਵਿੱਚ ਲਿਆਂਦੀ ਜਾਵੇਗੀ।

ਅੱਜ ਮਿਤੀ 3.07.26 ਨੂੰ ਮੇਰੇ ਦਸਤਖਤਾਂ ਤੇ ਮੋਹਰ ਅਦਾਲਤ ਨਾਲ ਇਹ ਨੋਟਿਸ ਜਾਰੀ ਕੀਤਾ ਗਿਆ।

ਸਹੀ/-ਜ਼ਿਲ੍ਹਾ ਮਾਲ ਅਫਸਰ-ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ ਫਾਸਟ ਟਰੈਕ ਕੋਰਟ ਫਾਰ ਐਨ.ਆਰ.ਆਈਜ਼, ਜਲੰਧਰ।
ਨੰ. 258 ਰੀਡਰ/ਡੀ.ਆਰ.ਓ. ਮਿਤੀ: 3.7.26

ਕਾਂਗਰਸੀ ਕੌਂਸਲਰਾਂ ਨਾਲ ਧੱਕੇਸ਼ਾਹੀ ਖ਼ਿਲਾਫ਼ ਕਾਂਗਰਸੀਆਂ ਨੇ ਥਾਣੇ ਦਾ ਕੀਤਾ ਘਿਰਾਓ

ਨੰਗਲ (ਸੁਰਜੀਤ ਸਿੰਘ ਢੇਰ)- ਨੰਗਲ ਨਗਰ ਕੌਂਸਲ ਦੇ ਪ੍ਰਧਾਨ ਦੀ ਚੋਣ ਤੋਂ ਪਹਿਲਾਂ ਉਸ ਵੇਲੇ ਸਥਿਤੀ ਤਣਾਅਪੂਰਨ ਹੋ ਗਈ, ਜਦੋਂ ਪੰਜਾਬ ਵਿਧਾਨ ਸਭਾ ਦੇ ਸਾਬਕਾ ਸਪੀਕਰ ਰਾਣਾ ਕੇ ਪੀ ਸਿੰਘ ਦੀ ਅਗਵਾਈ ਵਿੱਚ ਕਾਂਗਰਸ ਦੇ ਜੇਤੂ 8 ਕੌਂਸਲਰਾਂ ਸਮੇਤ ਸੈਂਕੜਿਆਂ ਵਰਕਰਾਂ ਨੇ ਨੰਗਲ ਥਾਣੇ ਦਾ ਘਿਰਾਓ ਕਰਕੇ ਸਰਕਾਰ, ਪੁਲਸ ਅਤੇ ਪ੍ਰਸ਼ਾਸਨ ਵਿਰੁੱਧ ਨਾਅਰੇਬਾਜ਼ੀ ਕੀਤੀ।ਇਸ ਮੌਕੇ ਸੰਬੋਧਨ ਕਰਦਿਆਂ ਕਿਹਾ ਕਿ ਰਾਤ ਸਮੇਂ ਪੁਲਿਸ ਵੱਲੋਂ ਕੌਂਸਲਰਾ ਦੇ ਘਰਾਂ 'ਤੇ ਛਾਪੇਮਾਰੀ ਕਰਕੇ ਉਨ੍ਹਾਂ ਨੂੰ ਵੋਟ ਪਾਉਣ ਤੋਂ ਰੋਕਣ ਦੀ ਕੋਸ਼ਿਸ਼ ਵੀ ਕੀਤੀ ਗਈ।ਉਨ੍ਹਾਂ ਕਿਹਾ ਕਿ ਕੌਂਸਲ ਖੇਤਰ ਤੋਂ ਬਾਹਰ ਦੇ ਲੋਕਾਂ ਦੀਆਂ ਵੋਟਾਂ ਬਣਾਈਆਂ ਗਈਆਂ ਅਤੇ ਉਨ੍ਹਾਂ ਤੋਂ ਵੋਟਾਂ ਪਵਾਉਣ ਦੀ ਕੋਸ਼ਿਸ਼ ਕੀਤੀ ਗਈ। ਉਨ੍ਹਾਂ ਦੋਸ਼ ਲਗਾਇਆ ਕਿ ਗਿਣਤੀ ਦੌਰਾਨ ਅਧਿਕਾਰੀਆਂ ਨੇ ਕਥਿਤ ਤੌਰ 'ਤੇ ਕਾਂਗਰਸ ਅਤੇ ਭਾਜਪਾ ਦੇ ਇੱਕ-ਇੱਕ ਜੇਤੂ ਉਮੀਦਵਾਰ ਨੂੰ ਹਾਰਿਆ ਹੋਇਆ ਐਲਾਨ ਦਿੱਤਾ। ਰਾਣਾ ਕੇ ਪੀ ਸਿੰਘ ਨੇ ਕਿਹਾ ਕਿ ਜਦੋਂ ਕਾਂਗਰਸ ਸਭ ਤੋਂ ਵੱਡੀ ਪਾਰਟੀ ਵਜੋਂ ਉਭਰੀ ਤੇ ਉਸ ਦੇ 8 ਪਾਰਸ਼ਦ ਜਿੱਤ ਕੇ ਆਏ ਤਾਂ ਉਨ੍ਹਾਂ ਨੂੰ ਵੀ ਪੁਲਸ ਅਤੇ ਹੋਰ ਵਿਭਾਗਾਂ ਦੇ ਅਧਿਕਾਰੀਆਂ ਵੱਲੋਂ ਕਥਿਤ ਛਾਪੇਮਾਰੀਆਂ ਕਰਕੇ ਹਰ ਤਰੀਕੇ ਨਾਲ ਡਰਾਉਣ ਅਤੇ ਦਬਾਅ ਬਣਾਉਣ ਦੀ ਕੋਸ਼ਿਸ਼ ਕੀਤੀ ਗਈ। ਰਾਣਾ ਕੇ.ਪੀ. ਸਿੰਘ ਨੇ ਕਿਹਾ ਕਿ ਉਹ ਕਾਂਗਰਸ ਦੇ ਸਾਰੇ 8 ਕੌਂਸਲਰਾ ਨੂੰ ਨਾਲ ਲੈ ਕੇ ਥਾਣੇ ਆਏ ਹਨ ਤਾਂ ਜੋ ਜੇਕਰ ਉਨ੍ਹਾਂ ਖ਼ਿਲਾਫ਼ ਕੋਈ ਸ਼ਿਕਾਇਤ ਦਰਜ ਹੈ ਤਾਂ ਪੁਲਿਸ ਪੁੱਛਗਿੱਛ ਕਰ ਸਕਦੀ ਹੈ। ਉਨ੍ਹਾਂ ਕਿਹਾ ਕਿ ਸਾਰੇ ਕੌਂਸਲਰ ਪੂਰੀ ਤਰ੍ਹਾਂ ਇਕਜੁੱਟ ਹਨ ਅਤੇ ਉਹ ਨਗਰ ਕੌਂਸਲ ਪ੍ਰਧਾਨ ਦੀ ਚੋਣ ਦੌਰਾਨ ਕਥਿਤ ਧੱਕੇਸ਼ਾਹੀ ਦੇ ਵਿਰੋਧ ਵਿੱਚ ਮੀਟਿੰਗ ਦਾ ਬਾਈਕਾਟ ਕਰ ਰਹੇ ਹਨ।ਉਨ੍ਹਾਂ ਦੱਸਿਆ ਕਿ ਮੀਟਿੰਗ ਵਿੱਚ ਭਾਜਪਾ ਦੇ 3 ਪਾਰਸ਼ਦ ਵੀ ਸ਼ਾਮਲ ਨਹੀਂ ਹੋਏ। ਇਸ ਤਰ੍ਹਾਂ 19 ਮੈਂਬਰੀ ਕੌਂਸਲ ਵਿੱਚੋਂ ਸਿਰਫ਼ 8 ਕੌਂਸਲਰ ਹੀ ਮੀਟਿੰਗ ਵਿੱਚ ਪਹੁੰਚੇ ਅਤੇ ਇੱਕ ਵਿਧਾਇਕ ਦੀ ਵੋਟ ਮਿਲਾ ਕੇ ਕੁੱਲ ਗਿਣਤੀ 9 ਬਣਦੀ ਹੈ। ਉਨ੍ਹਾਂ ਕਿਹਾ ਕਿ ਬਹੁਮਤ ਸਰਕਾਰ ਦੇ ਖ਼ਿਲਾਫ਼ ਹੈ। ਧਰਨੇ 'ਤੇ ਬੈਠੇ ਰਾਣਾ ਕੇ.ਪੀ. ਸਿੰਘ ਤੇ ਪਾਰਸ਼ਦਾਂ ਨੂੰ ਪੁਲਸ ਨੇ ਗੱਲਬਾਤ ਲਈ ਅੰਦਰ ਸੱਦਿਆ। ਉੱਥੇ ਥਾਣਾ ਮੁਖੀ (ਐਸਐਚਓ) ਜਾਂ ਸਥਾਨਕ ਡੀਐਸਪੀ ਦੀ ਥਾਂ ਰੂਪਨਗਰ ਦੇ ਡੀ ਐੱਸ ਪੀ ਅਮਰਪ੍ਰੀਤ ਸਿੰਘ ਨੇ ਉਨ੍ਹਾਂ ਨਾਲ ਗੱਲਬਾਤ ਕੀਤੀ ਅਤੇ ਉਨ੍ਹਾਂ ਦੀਆਂ ਗੱਲਾਂ ਧਿਆਨ ਨਾਲ ਸੁਣੀਆਂ। ਬਾਅਦ ਵਿੱਚ ਉਨ੍ਹਾਂ ਉੱਚ ਅਧਿਕਾਰੀਆਂ ਅਤੇ ਸਥਾਨਕ ਅਧਿਕਾਰੀਆਂ ਨਾਲ ਗੱਲ ਕਰਕੇ ਦੱਸਿਆ ਕਿ ਪੁਲਿਸ ਨੇ ਸਿਰਫ਼ ਸਾਬਕਾ ਪਾਰਸ਼ਦ ਵਿਦਿਆਸਾਗਰ ਨੂੰ ਕਿਸੇ ਸ਼ਿਕਾਇਤ ਦੇ ਆਧਾਰ 'ਤੇ ਬੁਲਾਇਆ ਸੀ। ਜਿੱਥੋਂ ਤੱਕ ਸੰਜੇ ਸਾਹਨੀ ਦਾ ਸਵਾਲ ਹੈ, ਉਨ੍ਹਾਂ ਨੂੰ ਰੂਪਨਗਰ ਵਿਜੀਲੈਂਸ ਦੇ ਇੰਸਪੈਕਟਰ ਨੇ ਇੱਕ ਮਾਮਲੇ ਸਬੰਧੀ ਬੁਲਾਇਆ ਹੈ।ਡੀ ਐਸ ਪੀ ਨੇ ਭਰੋਸਾ ਦਿੱਤਾ ਕਿ ਪੁਲਸ ਕਿਸੇ ਨਾਲ ਵੀ ਕੋਈ ਧੱਕੇਸ਼ਾਹੀ ਨਹੀਂ ਕਰੇਗੀ, ਜਿਸ ਤੋਂ ਬਾਅਦ ਧਰਨਾ ਸਮਾਪਤ ਕਰ ਦਿੱਤਾ ਗਿਆ। ਇਸ ਮੌਕੇ ਬਲਾਕ ਕਾਂਗਰਸ ਪ੍ਰਧਾਨ ਸੰਜੇ ਸਾਹਨੀ, ਸਾਬਕਾ ਚੇਅਰਮੈਨ ਰਾਕੇਸ਼ ਨੈਯਰ, ਰਮੇਸ਼ ਚੰਦਰ ਦਸਗਰਾਈਂ, ਹਰਬੰਸ ਲਾਲ ਮੇਹੰਦਲੀ, ਕਮਲ ਜੋਸ਼ੀ, ਸ੍ਰੀ ਆਨੰਦਪੁਰ ਸਾਹਿਬ ਬਲਾਕ ਪ੍ਰਧਾਨ ਹਿਮਾਂਸ਼ੂ ਟੰਡਨ, ਕਪੂਰ ਸਿੰਘ ਨੰਗਲ, ਵਿਨੋਦ ਸ਼ਰਮਾ, ਦੀਪਕ ਨੰਦਾ, ਟੋਨੀ ਸਹਿਗਲ, ਉਮਾਕਾਂਤ ਸ਼ਰਮਾ, ਅਨਿਲ ਰਾਣਾ, ਪਿਆਰੇ ਸਿੰਘ ਜਸਵਾਲ, ਸਾਬਕਾ ਸਰਪੰਚ ਬ੍ਰਿਜ ਮੋਹਨ, ਸੁਖਵਿੰਦਰ ਸਿੰਘ ਰਾਜੂ, ਆਲਮ ਖਾਨ, ਰਾਜੀਵ ਵਰਮਾ, ਡਾ. ਦਵਿੰਦਰ ਸ਼ਰਮਾ, ਅਸ਼ਵਨੀ ਆਜ਼ਾਦ, ਵਾਸੂ ਐਰੀ, ਚੰਦਨ ਰਾਣਾ ਚਿੰਪੂ, ਕਾਮਰੇਡ ਜਨਮੀਤ ਸਿੰਘ, ਪਾਰਸ਼ਦ ਲਖਵੀਰ ਸਿੰਘ ਲੱਕੀ, ਨੇਹਾ ਸਾਹਨੀ, ਵੰਦਨਾ ਚੌਧਰੀ, ਸੋਨੀਆ ਸੈਣੀ, ਇੰਦੂ ਬਾਲਾ, ਅਨੀਤਾ ਸ਼ਰਮਾ, ਸਪਨਾ ਨੰਦਾ, ਸੁਰਿੰਦਰ ਕੌਰ ਤੋਂ ਇਲਾਵਾ ਸੈਂਕੜੇ ਕਾਂਗਰਸੀ ਵਰਕਰ ਹਾਜ਼ਰ ਸਨ।

ਮਨਰੇਗਾ ਕਰਮਚਾਰੀ ਯੂਨੀਅਨ ਦੀ ਸਰਕਾਰ ਨਾਲ ਮੀਟਿੰਗ ਬੇਸਿੱਟਾ ਰਹੀ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਪੇਂਡੂ ਵਿਕਾਸ ਤੇ ਪੰਚਾਇਤ ਮੰਤਰੀ ਅਤੇ ਡਾਇਰੈਕਟਰ ਪੰਚਾਇਤ ਵਿਭਾਗ ਨਾਲ ਮਨਰੇਗਾ ਕਮਰਚਾਰੀ ਯੂਨੀਅਨ ਦੀ ਮੀਟਿੰਗ ਬੇਸਿੱਟਾ ਰਹੀ ਹੈ। ਆਗੂਆਂ ਨੇ ਦੱਸਿਆ ਕਿ ਮੀਟਿੰਗ 'ਚ ਮੰਗਾਂ 'ਤੇ ਸਹਿਮਤੀ ਨਹੀਂ ਬਣੀ। ਪੰਚਾਇਤ ਮੰਤਰੀ ਅਤੇ ਉਚ ਅਧਿਕਾਰੀਆਂ ਨੇ ਵਫ਼ਦ ਦੀ ਵਿਭਾਗ 'ਚ ਮਰਜ਼ਰ ਦੀ ਮੰਗ ਨੂੰ ਸਿਰੇ ਤੋਂ ਨਕਾਰ ਦਿੱਤਾ ਹੈ। ਸੂਬਾ ਐਕਸ਼ਨ ਕਮੇਟੀ ਨੇ ਸਰਕਾਰ ਦੀ ਵਾਅਦਾ ਖ਼ਿਲਾਫ਼ੀ ਵਿਰੁੱਧ 10 ਜੁਲਾਈ ਨੂੰ ਜ਼ਿਲ੍ਹਾ ਹੈਡ ਕੁਆਟਰਾਂ 'ਤੇ ਸਰਕਾਰ ਦੇ ਲਾਅਰਿਆਂ ਦੀ ਪੰਡ ਸਾੜਨ ਤੇ 15 ਜੁਲਾਈ ਨੂੰ ਪੰਚਾਇਤ ਮੰਤਰੀ ਦੇ ਹਲਕਾ ਖੰਨਾ 'ਚ ਸੂਬਾ ਪੱਧਰੀ ਰੋਸ ਰੈਲੀ ਦਾ ਐਲਾਨ ਕੀਤਾ ਹੈ। ਮਨਰੇਗਾ ਕਰਮਚਾਰੀ ਯੂਨੀਅਨ,ਪੰਜਾਬ ਦੇ ਸੂਬਾ ਪ੍ਰਧਾਨ ਸੇਵਕ ਸਿੰਘ, ਸਰਪ੍ਰਸਤ ਵਰਿੰਦਰ ਸਿੰਘ, ਸੀਨੀਅਰ ਮੀਤ ਪ੍ਰਧਾਨ ਹਰਿੰਦਰਪਾਲ ਸਿੰਘ, ਪ੍ਰੈਸ ਸਕੱਤਰ ਅਮਰੀਕ ਸਿੰਘ ਮਹਿਰਾਜ ਨੇ ਦਸਿਆ ਕਿ ਵੀਬੀ ਜੀ ਰਾਮ ਜੀ ਕਾਨੂੰਨ ਲਾਗੂ ਹੋਣ ਨਾਲ ਪੰਜਾਬ 'ਚ ਬੀ ਡੀ ਪ ਓ ਦਫ਼ਤਰਾਂ 'ਚ ਕੰਮ ਕਰਦੇ ਕਰੀਬ 2100 ਮਨਰੇਗਾ ਕਰਮਚਾਰੀਆਂ ਦੇ ਭਵਿੱਖ 'ਤੇ ਤਲਵਾਰ ਲਟਕ ਗਈ ਹੈ। ਕਰਮਚਾਰੀ ਪਿਛਲੇ 8 ਮਹੀਨਿਆਂ ਦੀ ਤਨਖ਼ਾਹਾਂ ਜਾਰੀ ਕਰਨ ਅਤੇ ਆਪਣੀ ਸੇਵਾਵਾਂ ਪੰਚਾਇਤ ਵਿਭਾਗ ਵਿੱਚ ਮਰਜ਼ ਕਰਵਾਕੇ ਰੈਗੂਲਰ ਕਰਨ ਦੀ ਮੰਗ ਕਰ ਰਹੇ ਹਨ। ਜਨਤਕ ਦਬਾਅ ਦੇ ਚੱਲਦਿਆਂ ਪੀ ਐੱਸ ਪੀ ਸੀ ਐੱਲ ਰੈਸਟ ਹਾਊਸ ਚੰਡੀਗੜ੍ਹ ਵਿਖੇ ਪੇਂਡੂ ਵਿਕਾਸ ਤੇ ਪੰਚਾਇਤ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਦੀ ਪ੍ਰਧਾਨਗੀ ਹੇਠ ਯੂਨੀਅਨ ਦੇ ਵਫ਼ਦ ਦੀ ਮੀਟਿੰਗ ਹੋਈ। ਮੀਟਿੰਗ 'ਚ ਡਾਇਰੈਕਟਰ ਪੰਚਾਇਤੀ ਵਿਭਾਗ, ਵਿੱਤ ਸਕੱਤਰ, ਸੰਯੁਕਤ ਵਿਕਾਸ ਕਮਿਸ਼ਨਰ ਆਦਿ ਅਧਿਕਾਰੀ ਸ਼ਾਮਲ ਸਨ। ਪਹਿਲਾਂ ਮੀਟਿੰਗ 'ਚ ਬਣੀਆਂ ਸਹਿਮਤੀਆਂ ਤੋਂ ਅਫ਼ਸਰਸ਼ਾਹੀ ਨੇ ਕਿਨਾਰਾ ਕਰ ਲਿਆ।15 ਜੂਨ ਨੂੰ ਪੰਚਾਇਤ ਮੰਤਰੀ ਸੌਂਦ ਦੀ ਖੰਨਾ ਸਥਿਤ ਰਿਹਾਇਸ਼ 'ਤੇ ਸੂਬਾ ਪੱਧਰੀ ਰੈਲੀ ਕਰਨ ਦਾ ਫੈਸਲਾ ਕੀਤਾ ਹੈ।

ਵਿਆਹੁਤਾ ਨੂੰ ਕੁੱਟਮਾਰ ਕਰਕੇ ਘਰੋਂ ਕੱਢਣ 'ਤੇ ਸਹੁਰਾ ਪਰਵਾਰ ਦੇ 6 ਮੈਂਬਰਾਂ ਖ਼ਿਲਾਫ਼ ਕੇਸ ਦਰਜ

ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)- ਦਾਜ ਦੀ ਮੰਗ ਨੂੰ ਲੈ ਕੇ ਇੱਕ ਵਿਆਹੁਤਾ ਨੂੰ ਮਾਨਸਿਕ ਤੇ ਸਰੀਰਕ ਤੌਰ 'ਤੇ ਤੰਗ-ਪ੍ਰੇਸ਼ਾਨ ਕਰਨ ਦੇ ਦੋਸ਼ ਹੇਠ ਟਾਂਡਾ ਪੁਲਿਸ ਨੇ ਉਸ ਦੇ ਪਤੀ ਸਮੇਤ ਸਹੁਰਾ ਪਰਵਾਰ ਦੇ 6 ਮੈਂਬਰਾਂ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ।

ਐੱਸ ਐੱਸ ਪੀ ਹੁਸ਼ਿਆਰਪੁਰ ਨੂੰ ਦਿੱਤੀ ਸ਼ਿਕਾਇਤ ਵਿੱਚ ਵਾਰਡ ਨੰਬਰ-4, ਮਿਆਣੀ ਵਾਸੀ ਜਸਕਰਨ ਕੌਰ ਪੁੱਤਰੀ ਗੁਲਸ਼ਨ ਸਿੰਘ ਨੇ ਦੋਸ਼ ਲਗਾਇਆ ਕਿ ਉਸ ਦਾ ਪਤੀ ਅਤੇ ਸਹੁਰਾ ਪਰਵਾਰ ਦੇ ਹੋਰ ਮੈਂਬਰ ਦਾਜ ਦੀ ਮੰਗ ਨੂੰ ਲੈ ਕੇ ਉਸ ਨੂੰ ਲਗਾਤਾਰ ਮਾਨਸਿਕ ਤੇ ਸਰੀਰਕ ਤੌਰ 'ਤੇ ਤੰਗ-ਪ੍ਰੇਸ਼ਾਨ ਕਰਦੇ ਰਹੇ।

ਵਿਰੋਧ ਕਰਨ 'ਤੇ ਉਸ ਨਾਲ ਕੁੱਟਮਾਰ ਕੀਤੀ ਗਈ ਤੇ ਉਸ ਨੂੰ ਘਰੋਂ ਕੱਢ ਦਿੱਤਾ ਗਿਆ। ਸ਼ਿਕਾਇਤ ਦੀ ਜਾਂਚ ਡੀ ਐੱਸ ਪੀ ਟਾਂਡਾ ਵੱਲੋਂ ਕਰਨ ਉਪਰੰਤ ਥਾਣਾ ਟਾਂਡਾ ਪੁਲਿਸ ਨੇ ਪਤੀ ਗੁਰਜੀਤ ਸਿੰਘ ਪੁੱਤਰ ਸਰਬਜੀਤ ਸਿੰਘ ਵਾਸੀ ਮਿਆਣੀ, ਨਨਾਣ ਲਵਪ੍ਰੀਤ ਕੌਰ ਪਤਨੀ ਲਖਵੰਤ ਸਿੰਘ, ਲਖਵੰਤ ਸਿੰਘ ਵਾਸੀ ਐਸਟਰ ਸਿਟੀ, ਖਰੜ, ਭੂਆ ਸੱਸ ਭਿੰਦੋ, ਨਵਦੀਪ ਕੌਰ ਪੁੱਤਰੀ ਭਿੰਦੋ ਵਾਸੀ ਮਨਸੂਰਪੁਰ ਅਤੇ ਤਾਇਆ ਸਹੁਰਾ ਬਲਦੇਵ ਸਿੰਘ ਖ਼ਿਲਾਫ਼ ਦਾਜ ਦੀ ਮੰਗ ਕਰਨ, ਕੁੱਟਮਾਰ ਕਰਨ ਅਤੇ ਤੰਗ-ਪ੍ਰੇਸ਼ਾਨ ਕਰਨ ਦੇ ਦੋਸ਼ ਹੇਠ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

ਸ੍ਰੀ ਗੁਰੂ ਰਵਿਦਾਸ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਡਿਜੀਟਲ ਵੈਨ ਰਵਾਨਾ

ਬੰਗਾ, ਨਵਾਂਸ਼ਹਿਰ (ਅਵਤਾਰ ਕਲੇਰ, ਮਨੋਜ ਲਾਡੀ)- ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਆਉਣ ਵਾਲੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਇੱਕ ਵੱਡੇ ਉਪਰਾਲੇ ਤਹਿਤ ਵਿਧਾਇਕ ਬੰਗਾ ਡਾ. ਸੁਖਵਿੰਦਰ ਕੁਮਾਰ ਸੁੱਖੀ ਵੱਲੋਂ ਸਮਾਨਤਾ ਅਤੇ ਸਮਾਜਿਕ ਸਦਭਾਵਨਾ ਦਾ ਗੁਰੂ ਜੀ ਦਾ ਸੰਦੇਸ਼ ਪਿੰਡ-ਪਿੰਡ ਤੱਕ ਪਹੁੰਚਾਉਣ ਲਈ ਵਿਸ਼ੇਸ਼ ਡਿਜੀਟਲ ਵੈਨ ਨੂੰ ਪਿੰਡ ਮੇਹਲੀ ਵਿਖੇ ਹਰੀ ਝੰਡੀ ਦੇ ਕੇ ਰਵਾਨਾ ਕੀਤਾ। ਉਹਨਾਂ ਦੱਸਿਆ ਕਿ ਇਹਨਾਂ ਵਿਸ਼ੇਸ਼ ਮੋਬਾਈਲ ਯੂਨਿਟਾਂ ਵਿੱਚ ਵੱਡੀਆਂ ਐੱਲ ਈ ਡੀ ਸਕ੍ਰੀਨਾਂ ਲਗਾਈਆਂ ਗਈਆਂ ਹਨ ਜਿਨ੍ਹਾਂ ਰਾਹੀਂ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੇ ਜੀਵਨ, ਗਹਿਰੀ ਫਿਲਾਸਫੀ ਅਤੇ ਪਵਿੱਤਰ ਉਪਦੇਸ਼ਾਂ 'ਤੇ ਅਧਾਰਿਤ 30 ਮਿੰਟ ਦੀ ਦਸਤਾਵੇਜ਼ੀ ਫਿਲਮ ਦਿਖਾਈ ਜਾਵੇਗੀ। ਡਾ. ਸੁੱਖੀ ਨੇ 650ਵੇਂ ਪ੍ਰਕਾਸ਼ ਪੁਰਬ ਦੀਆਂ ਵਧਾਈਆਂ ਦਿੱਤੀਆਂ ਅਤੇ ਇਸ ਵਿਸ਼ਾਲ ਰਾਜ-ਪੱਧਰੀ ਮੁਹਿੰਮ ਦੀ ਸ਼ੁਰੂਆਤ ਕਰਨ ਲਈ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕੀਤਾ। ਜ਼ਿਕਰਯੋਗ ਹੈ ਕਿ ਕੁਝ ਦਿਨ ਪਹਿਲਾਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੰਗਰੂਰ ਤੋਂ ਰਾਜ-ਪੱਧਰ 'ਤੇ 50 ਅਜਿਹੀਆਂ ਮੋਬਾਈਲ ਦਸਤਾਵੇਜ਼ੀ ਵੈਨਾਂ ਨੂੰ ਹਰੀ ਝੰਡੀ ਦਿਖਾਈ ਸੀ। ਇਸ ਮੁਹਿੰਮ ਦਾ ਉਦੇਸ਼ ਰਾਜ ਦੇ 23 ਜ਼ਿਲ੍ਹਿਆਂ ਦੇ ਲਗਭਗ 13,000 ਪਿੰਡਾਂ ਤੱਕ ਪਹੁੰਚ ਕਰਨਾ ਹੈ। ਇਸ ਮੌਕੇ ਸੋਹਣ ਲਾਲ ਢੰਡਾ ਮੈਂਬਰ ਜ਼ਿਲ੍ਹਾ ਪ੍ਰੀਸ਼ਦ, ਪਵਨਜੀਤ ਸਿੰਘ ਸਿੱਧੂ ਹਲਕਾ ਸੰਗਠਨ ਇੰਚਾਰਜ, ਕਮਲਜੀਤ ਸਿੰਘ ਮੇਹਲੀ,ਸਰਪੰਚ ਸਤਨਾਮ, ਅਧਿਕਾਰਤ ਪੰਚ ਬੀਬੀ ਸਰਬਜੀਤ ਕੌਰ, ਕੇਵਲ ਰਾਮ ਪੰਚ, ਲਖਵੀਰ ਰਾਮ ਪੰਚ, ਡਾ ਜਸਪਾਲ ਕਲੇਰ, ਮਾਸਟਰ ਜੋਗਿੰਦਰ ਸਿੰਘ, ਨਰੰਜਣ ਲਵਲੀ, ਉਪਕਾਰ ਸਿੰਘ ਬਾਹੜਾ, ਅਵਤਾਰ ਰਾਮ ਤਾਰਾ, ਸੋਮਨਾਥ ਬਿੱਟੂ ਤੋਂ ਇਲਾਵਾ ਸੰਗਤਾਂ ਹਾਜ਼ਰ ਸਨ।

'ਸਤਲੁਜ' ਸਰਕਾਰਾਂ ਵੱਲੋਂ ਸਿੱਖ ਕੌਮ 'ਤੇ ਕੀਤੇ ਗਏ ਜਬਰ-ਜ਼ੁਲਮ ਨੂੰ ਪੇਸ਼ ਕਰਦੀ : ਸਿੰਗੜੀਵਾਲਾ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- 1947 ਤੋਂ ਬਾਅਦ ਸਿੱਖ ਕੌਮ ਅਤੇ ਪੰਜਾਬੀਆਂ ਨਾਲ ਹੋਈ ਬੇਇਨਸਾਫ਼ੀ ਵਿਰੁੱਧ ਚੱਲ ਸੰਘਰਸ਼ ਨੂੰ ਕੇਂਦਰ ਅਤੇ ਪੰਜਾਬ ਦੀਆਂ ਸਰਕਾਰਾਂ ਦੀ ਮਿਲੀ ਭੁਗਤ ਨਾਲ ਅੱਤਵਾਦ ਦਾ ਨਾਂਅ ਦੇ ਕੇ ਉਸ ਸਮੇਂ ਦੇ ਪੁਲਸ ਮੁਖੀ ਕੇ ਪੀ ਐਸ ਗਿੱਲ ਦੀ ਅਗਵਾਈ ਹੇਠ ਵੱਡੀ ਪੱਧਰ ਤੇ ਸਿੱਖ ਨੌਜਵਾਨਾਂ, ਬਜ਼ੁਰਗਾਂ, ਬੀਬੀਆਂ ਅਤੇ ਇੱਥੋਂ ਤੱਕ ਕਿ ਬੱਚਿਆਂ ਨੂੰ ਵੀ ਇੰਟੈਰੋਗੇਸ਼ਨ ਸੈਂਟਰਾਂ ਵਿੱਚ ਕੋਹ ਕੋਹ ਕੇ ਮਾਰਿਆ ਗਿਆ ਅਤੇ ਸਿੱਖਾਂ ਦੀ ਵੱਡੀ ਪੱਧਰ ਤੇ ਨਸਲਕੁਸ਼ੀ ਕੀਤੀ ਗਈ ਤੇ ਉਨ੍ਹਾਂ ਦੀਆਂ ਲਾਸ਼ਾਂ ਨੂੰ ਵੀ ਲਵਾਰਸ ਕਹਿ ਕੇ ਸਾੜ ਦਿੱਤਾ ਗਿਆ ਜਿਸ ਨੂੰ ਭਾਈ ਜਸਵੰਤ ਸਿੰਘ ਖਾਲੜਾ ਤੇ ਉਹਨਾਂ ਦੀ ਟੀਮ ਨੇ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ ਤੇ ਉਜਾਗਰ ਕੀਤਾ। 'ਸਤਲੁਜ' ਦੇ ਨਾਂਅ ਹੇਠ ਸੋਸ਼ਲ ਮੀਡੀਆ ਓ ਟੀ ਟੀ ਤੇ ਰਿਲੀਜ਼ ਹੋਈ ਫਿਲਮ ਸਰਕਾਰਾਂ ਦੁਆਰਾ ਸਿੱਖ ਕੌਮ ਤੇ ਕੀਤੇ ਗਏ ਜਬਰ ਜ਼ੁਲਮ ਨੂੰ ਪੇਸ਼ ਕਰਦੀ ਹੈ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਗੁਰਨਾਮ ਸਿੰਘ ਸਿੰਗੜੀਵਾਲਾ ਜ਼ਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਖਾਨਪੁਰ ਵਿਖੇ ਬਹਾਦਰ ਸਿੰਘ ਖਾਨਪੁਰ ਦੀ ਅਗਵਾਈ ਹੇਠ ਹੋਈ ਵਿਸ਼ੇਸ਼ ਮੀਟਿੰਗ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਇਸ ਸਮੇਂ ਬਹਾਦਰ ਸਿੰਘ ਖਾਨਪੁਰ, ਰਣਜੀਤ ਸਿੰਘ ਸ਼ਾਹਪੁਰ, ਪਰਮਿੰਦਰ ਸਿੰਘ ਬੀਰਮਪੁਰ, ਮੁਖਤਿਆਰ ਸਿੰਘ ਖਾਲਸਾ, ਹਰਜੀਤ ਸਿੰਘ ਖਾਨਪੁਰ, ਗੁਰਨਾਮ ਸਿੰਘ, ਲੰਬੜਦਾਰ ਹਰਵਿੰਦਰ ਸਿੰਘ, ਬਹਾਦਰ ਸਿੰਘ, ਤਜਿੰਦਰ ਸਿੰਘ ਖਾਲਸਾ, ਰਣਜੀਤ ਸਿੰਘ ਜੀਤਾ, ਸੁਖਪ੍ਰੀਤ ਸਿੰਘ, ਮੁਖਤਿਆਰ ਸਿੰਘ ਕਾਲਾ, ਦਿਲਬਾਗ ਸਿੰਘ, ਲੰਬੜਦਾਰ ਸ਼ਮਸ਼ੇਰ ਸਿੰਘ, ਨਾਜਰ ਸਿੰਘ, ਅਮਰਜੀਤ ਸਿੰਘ ਸੋਨੂ ਆਦਿ ਹਾਜ਼ਰ ਸਨ।

ਅਵਾਰਾ ਪਸ਼ੂ ਨਾਲ ਟਕਰਾਈ ਸਵਿਫਟ ਕਾਰ

ਬਲਾਚੌਰ (ਜਸਵਿੰਦਰ ਬੈਂਸ)- ਬਲਾਚੌਰ ਤੋਂ ਰੋਪੜ ਮੁੱਖ ਮਾਰਗ 'ਤੇ ਪੈਂਦੇ ਟੌਂਸਾ ਅੱਡੇ ਦੇ ਨਜ਼ਦੀਕ ਇੱਕ ਸਵਿਫਟ ਕਾਰ ਹਾਦਸਾਗ੍ਰਸਤ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਇਹ ਹਾਦਸਾ ਸੜਕ 'ਤੇ ਅਚਾਨਕ ਇੱਕ ਅਵਾਰਾ ਪਸ਼ੂ ਦੇ ਆ ਜਾਣ ਕਾਰਨ ਵਾਪਰਿਆ। ਮੌਕੇ ਤੋਂ ਮਿਲੀ ਜਾਣਕਾਰੀ ਅਨੁਸਾਰ ਇੱਕ ਸਵਿਫਟ ਕਾਰ, ਜਿਸ ਨੂੰ ਵਰਿੰਦਰ ਸਿੰਘ ਮੋਹਾਲੀ ਚਲਾ ਰਿਹਾ ਸੀ, ਆਪਣੇ ਦੋਸਤਾਂ ਨਾਲ ਬਲਾਚੌਰ ਤੋਂ ਰੋਪੜ ਸਾਈਡ ਵੱਲ ਜਾ ਰਹੀ ਸੀ। ਜਦੋਂ ਉਹ ਟੌਂਸਾ ਅੱਡੇ ਦੇ ਨਜ਼ਦੀਕ ਪਹੁੰਚੇ ਤਾਂ ਅਚਾਨਕ ਗੱਡੀ ਦੇ ਅੱਗੇ ਇੱਕ ਅਵਾਰਾ ਪਸ਼ੂ ਆ ਗਿਆ। ਕਾਰ ਚਾਲਕ ਵੱਲੋਂ ਬਚਾਅ ਕਰਨ ਦੀ ਕੋਸ਼ਿਸ਼ ਦੇ ਬਾਵਜੂਦ ਗੱਡੀ ਪਸ਼ੂ ਨਾਲ ਜਾ ਟਕਰਾਈ।ਇਸ ਭਿਆਨਕ ਹਾਦਸੇ ਵਿੱਚ ਕਾਰ ਸਵਾਰ ਨੌਜਵਾਨਾਂ ਦਾ ਕਿਸੇ ਵੀ ਤਰ੍ਹਾਂ ਦਾ ਜਾਨੀ ਨੁਕਸਾਨ ਹੋਣੋਂ ਬਚਾਅ ਰਿਹਾ, ਹਾਲਾਂਕਿ ਗੱਡੀ ਦਾ ਕਾਫੀ ਮਾਲੀ ਨੁਕਸਾਨ ਹੋਇਆ ਹੈ। ਟੱਕਰ ਕਾਰਨ ਅਵਾਰਾ ਪਸ਼ੂ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ।ਹਾਦਸੇ ਤੋਂ ਤੁਰੰਤ ਬਾਅਦ ਇਕੱਠੇ ਹੋਏ ਰਾਹਗੀਰਾਂ ਅਤੇ ਸਥਾਨਕ ਲੋਕਾਂ ਦੀ ਮਦਦ ਨਾਲ ਜ਼ਖ਼ਮੀ ਪਸ਼ੂ ਨੂੰ ਸੜਕ ਤੋਂ ਇੱਕ ਪਾਸੇ ਕੀਤਾ ਗਿਆ।

ਖੂਨਦਾਨ ਕੈਂਪ 'ਚ 32 ਯੂਨਿਟ ਖੂਨ ਇਕੱਤਰ

ਮੋਹਾਲੀ (ਗੁਰਜੀਤ ਬਿੱਲਾ)- ਗਰਮੀਆਂ ਦੇ ਮੌਸਮ ਕਾਰਨ ਹਸਪਤਾਲਾਂ ਵਿੱਚ ਆਈ ਖ਼ੂਨ ਦੀ ਕਮੀ ਨੂੰ ਪੂਰਾ ਕਰਨ, ਮਨੁੱਖਤਾ ਦੀ ਸੇਵਾ ਅਤੇ ਲੋੜਵੰਦ ਮਰੀਜ਼ਾਂ ਦੀ ਸਹਾਇਤਾ ਦੇ ਉਦੇਸ਼ ਨਾਲ ਪ੍ਰੋ ਫਿਟ ਹਿਟ ਜਿਮਜ਼, ਜੀ-ਵਾਕ, ਜੰਡਪੁਰ ਰੋਡ, ਮੋਹਾਲੀ ਵਿਖੇ ਖ਼ੂਨਦਾਨ ਕੈਂਪ ਦਾ ਆਯੋਜਨ ਕੀਤਾ ਗਿਆ। ਇਹ ਕੈਂਪ ਪ੍ਰੋ ਫਿਟ ਹਿਟ ਜਿਮਜ਼ ਵੱਲੋਂ ਵਿਸ਼ਵਾਸ ਫਾਊਂਡੇਸ਼ਨ, ਪੰਚਕੂਲਾ ਅਤੇ ਇੰਡੀਅਨ ਰੈੱਡ ਕ੍ਰਾਸ ਸੋਸਾਇਟੀ, ਜ਼ਿਲ੍ਹਾ ਸ਼ਾਖਾ ਐਸ.ਏ.ਐਸ. ਨਗਰ ਦੇ ਸਹਿਯੋਗ ਨਾਲ ਲਗਾਇਆ ਗਿਆ। ਕੈਂਪ ਵਿੱਚ ਕੁੱਲ 32 ਖ਼ੂਨਦਾਨੀਆਂ ਨੇ ਸਵੈਇੱਛਾ ਨਾਲ ਖ਼ੂਨਦਾਨ ਕਰਕੇ ਮਨੁੱਖਤਾ ਦੀ ਸੇਵਾ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ। ਵਿਸ਼ਵਾਸ ਫਾਊਂਡੇਸ਼ਨ ਦੀ ਪ੍ਰਧਾਨ ਸਾਧਵੀ ਨੀਲਿਮਾ ਵਿਸ਼ਵਾਸ ਨੇ ਦੱਸਿਆ ਕਿ ਕੈਂਪ ਦੌਰਾਨ ਖ਼ੂਨਦਾਨ ਤੋਂ ਪਹਿਲਾਂ ਸਾਰੇ ਖ਼ੂਨਦਾਨੀਆਂ ਦੀ ਬਲੱਡ ਬੈਂਕ ਸਿਵਲ ਹਸਪਤਾਲ ਖਰੜ ਦੇ ਡਾਕਟਰਾਂ ਦੀ ਟੀਮ ਵੱਲੋਂ ਸਿਹਤ ਜਾਂਚ ਕੀਤੀ ਗਈ ਅਤੇ ਕੇਵਲ ਯੋਗ ਪਾਏ ਗਏ ਖ਼ੂਨਦਾਨੀਆਂ ਤੋਂ ਹੀ ਖ਼ੂਨ ਇਕੱਠਾ ਕੀਤਾ ਗਿਆ। ਨੌਜਵਾਨਾਂ, ਜਿਮ ਮੈਂਬਰਾਂ ਅਤੇ ਸਥਾਨਕ ਲੋਕਾਂ ਨੇ ਉਤਸ਼ਾਹ ਨਾਲ ਭਾਗ ਲੈ ਕੇ ਲੋੜਵੰਦ ਮਰੀਜ਼ਾਂ ਲਈ ਜੀਵਨਦਾਨ ਦਾ ਸੁਨੇਹਾ ਦਿੱਤਾ।ਜਿਮ ਦੇ ਮਾਲਕ ਸ਼ਰੀਕ ਭੱਟ ਨੇ ਕਿਹਾ ਕਿ ਫਿਟਨੈੱਸ ਦਾ ਅਸਲ ਅਰਥ ਸਿਰਫ਼ ਸਰੀਰ ਨੂੰ ਮਜ਼ਬੂਤ ਬਣਾਉਣਾ ਹੀ ਨਹੀਂ, ਬਲਕਿ ਸਮਾਜ ਅਤੇ ਮਨੁੱਖਤਾ ਪ੍ਰਤੀ ਆਪਣੀ ਜ਼ਿੰਮੇਵਾਰੀ ਨਿਭਾਉਣਾ ਵੀ ਹੈ।

ਵਿਦਿਆਰਥੀਆਂ ਨੂੰ ਸਾਈਕਲ ਵੰਡੇ

ਗੁਰਾਇਆ (ਬਿੰਦਰ ਸੁਮਨ)- ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬੀੜ ਬੰਸੀਆਂ ਜੱਜਾ ਢੀਂਡਸਾ ਵਿਖੇ ਜੋਗਾ ਬਾਸੀ ਫੈਮਿਲੀ ਟਰੱਸਟ ਕੈਨੇਡਾ ਵੱਲੋਂ ਲੋੜਵੰਦ ਤੇ ਹੋਣਹਾਰ ਵਿਦਿਆਰਥੀਆਂ ਨੂੰ ਸਾਈਕਲ ਵੰਡੇ ਗਏ ਤਾਂ ਜੋ ਇਹਨਾਂ ਵਿਦਿਆਰਥੀਆਂ ਲਈ ਸਕੂਲ ਆਉਣਾ ਸੁਖਾਲਾ ਬਣਾਇਆ ਜਾ ਸਕੇ ਅਤੇ ਉਹ ਬਿਨਾਂ ਕਿਸੇ ਰੁਕਾਵਟ ਦੇ ਆਪਣੀ ਪੜ੍ਹਾਈ ਪੂਰੀ ਕਰਨ ਲਈ ਪ੍ਰੇਰਿਤ ਹੋ ਸਕਣ। ਜੋਗਾ ਬਾਸੀ ਨੇ ਵਿਦਿਆਰਥੀਆਂ ਨੂੰ ਸੰਬੋਧਿਤ ਕਰਦੇ ਹੋਏ ਤਨਦੇਹੀ ਨਾਲ ਮਿਹਨਤ ਕਰਨ ਲਈ ਕਿਹਾ ਗਿਆ। ਇਸ ਮੌਕੇ ਉੱਪਰ ਤਜਿੰਦਰ ਸਿੰਘ ਸੈਣੀ (ਸਾਬਕਾ ਪ੍ਰਿੰਸੀਪਲ), ਆਰਤੀ ਦੇਵੀ (ਐੱਸ ਐੱਮ ਸੀ ਚੇਅਰ ਪਰਸਨ), ਅਵਤਾਰ ਸਿੰਘ (ਸਰਪੰਚ ਬੀੜ ਬੰਸੀਆਂ), ਜਸਵੀਰ ਸਿੰਘ (ਪੰਚ ਮੈਂਬਰ ਪਿੰਡ ਜੱਜਾ ਕਲਾਂ) ਮਾਸਟਰ ਸੁਰਜੀਤ ਸਿੰਘ (ਬੀੜ ਬੰਸੀਆਂ) ਨੇ ਉਚੇਚੇ ਤੌਰ ਤੇ ਸ਼ਿਰਕਤ ਕੀਤੀ। ਨਾਲ ਹੀ ਸਕੂਲ ਇੰਚਾਰਜ ਕਿਰਨ ਬਾਲਾ, ਸਰਬਜੀਤ ਸਿੰਘ, ਪਰਮਜੀਤ ਸਰੋਜ, ਜਜ਼ਬਾਤ ਸਿੰਘ, ਗੁਰਪ੍ਰੀਤ ਸਿੰਘ ਜੌਹਲ,ਬੱਬੂ ਗੋਇਲ, ਪਰਵਿੰਦਰ ਕੌਰ ,ਪ੍ਰੀਆ ਰਾਣੀ, ਹਰਪ੍ਰੀਤ ਕੌਰ, ਰਜਨੀ ਅਤੇ ਸਾਰੇ ਵਿਦਿਆਰਥੀ ਵੀ ਹਾਜ਼ਰ ਰਹੇ।



ਮਿਸ਼ਨ ਸਮਰੱਥ 'ਚ ਲਾਪਰਵਾਹੀ 'ਤੇ ਡੀ ਈ ਓ ਸਖ਼ਤ, ਅਧਿਆਪਕਾਂ ਨਾਲ ਕੀਤੀ ਮੀਟਿੰਗ

ਹੁਸ਼ਿਆਰਪੁਰ (ਓ ਪੀ ਰਾਣਾ)- ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ ਸਿੱਖਿਆ) ਹੁਸ਼ਿਆਰਪੁਰ ਹਰਜਿੰਦਰ ਕੌਰ ਨੇ ਬੁੱਧਵਾਰ ਨੂੰ ਸਰਕਾਰੀ ਹਾਈ ਸਕੂਲ ਨੈਨੋਵਾਲ ਜੱਟਾਂ ਅਤੇ ਸਰਕਾਰੀ ਮਿਡਲ ਸਕੂਲ ਸ਼ੇਰਪੁਰ ਗੁਲਿੰਡ ਦਾ ਅਚਨਚੇਤ ਨਿਰੀਖਣ ਕਰਕੇ ਸਿੱਖਿਆ ਪ੍ਰਬੰਧਾਂ, ਮਿਸ਼ਨ ਸਮਰੱਥ ਦੇ ਲਾਗੂਕਰਨ ਅਤੇ ਵਿਦਿਆਰਥੀਆਂ ਦੀ ਅਕਾਦਮਿਕ ਪ੍ਰਗਤੀ ਦਾ ਵਿਸਤ੍ਰਿਤ ਜਾਇਜ਼ਾ ਲਿਆ। ਨਿਰੀਖਣ ਦੌਰਾਨ ਨੈਨੋਵਾਲ ਜੱਟਾਂ ਸਕੂਲ ਵਿੱਚ ਮਿਸ਼ਨ ਸਮਰੱਥ ਤਹਿਤ ਕੀਤੇ ਜਾ ਰਹੇ ਕੰਮਾਂ ਵਿੱਚ ਉਮੀਦਾਂ ਅਨੁਸਾਰ ਪ੍ਰਗਤੀ ਨਾ ਮਿਲਣ 'ਤੇ ਉਨ੍ਹਾਂ ਨੇ ਨਾਰਾਜ਼ਗੀ ਪ੍ਰਗਟ ਕਰਦਿਆਂ ਅਧਿਆਪਕਾਂ ਨੂੰ ਸਖ਼ਤ ਹਦਾਇਤਾਂ ਜਾਰੀ ਕੀਤੀਆਂ।ਸਰਕਾਰੀ ਹਾਈ ਸਕੂਲ ਨੈਨੋਵਾਲ ਜੱਟਾਂ ਦੇ ਨਿਰੀਖਣ ਦੌਰਾਨ ਡੀ ਈ ਓ ਨੇ ਕਲਾਸਾਂ ਦਾ ਦੌਰਾ ਕੀਤਾ, ਵਿਦਿਆਰਥੀਆਂ ਨਾਲ ਸਵਾਲ-ਜਵਾਬ ਕੀਤੇ ਅਤੇ ਪਾਠਨ-ਨਾਲ ਸੰਬੰਧਿਤ ਗਤੀਵਿਧੀਆਂ ਦੀ ਸਮੀਖਿਆ ਕੀਤੀ। ਵਿਦਿਆਰਥੀਆਂ ਦੇ ਸਿੱਖਣ ਦੇ ਪੱਧਰ ਅਤੇ ਮਿਸ਼ਨ ਸਮਰੱਥ ਅਧੀਨ ਕੀਤੇ ਜਾ ਰਹੇ ਕੰਮਾਂ ਦੀ ਜਾਂਚ ਦੌਰਾਨ ਉਨ੍ਹਾਂ ਨੂੰ ਕਈ ਕਮੀਆਂ ਸਾਹਮਣੇ ਆਈਆਂ। ਇਸ ਮੌਕੇ ਉਨ੍ਹਾਂ ਨੇ ਸੰਬੰਧਿਤ ਅਧਿਆਪਕਾਂ ਤੋਂ ਜਵਾਬ ਮੰਗਦਿਆਂ ਸਪੱਸ਼ਟ ਕੀਤਾ ਕਿ ਮਿਸ਼ਨ ਸਮਰੱਥ ਦਾ ਉਦੇਸ਼ ਸਿਰਫ਼ ਰਿਕਾਰਡ ਪੂਰਾ ਕਰਨਾ ਨਹੀਂ, ਸਗੋਂ ਵਿਦਿਆਰਥੀਆਂ ਦੇ ਸਿੱਖਣ ਦੇ ਪੱਧਰ ਵਿੱਚ ਅਸਲ ਸੁਧਾਰ ਲਿਆਉਣਾ ਹੈ।ਨਿਰੀਖਣ ਤੋਂ ਬਾਅਦ ਹਰਜਿੰਦਰ ਕੌਰ ਨੇ ਸਕੂਲ ਦੇ ਅਧਿਆਪਕਾਂ ਨਾਲ ਵਿਸ਼ੇਸ਼ ਮੀਟਿੰਗ ਵੀ ਕੀਤੀ। ਮੀਟਿੰਗ ਦੌਰਾਨ ਉਨ੍ਹਾਂ ਨੇ ਅਧਿਆਪਕਾਂ ਦੀ ਕਾਰਜਸ਼ੈਲੀ, ਵਿਦਿਆਰਥੀਆਂ ਦੇ ਨਤੀਜਿਆਂ ਅਤੇ ਕਲਾਸਰੂਮ ਅਧਿਆਪਨ ਦੀ ਗੁਣਵੱਤਾ ਬਾਰੇ ਵਿਸਤ੍ਰਿਤ ਚਰਚਾ ਕੀਤੀ। ਉਨ੍ਹਾਂ ਕਿਹਾ ਕਿ ਜੇਕਰ ਅਧਿਆਪਕ ਆਪਣੀਆਂ ਜ਼ਿੰਮੇਵਾਰੀਆਂ ਨੂੰ ਪੂਰੀ ਲਗਨ ਅਤੇ ਇਮਾਨਦਾਰੀ ਨਾਲ ਨਿਭਾਉਣ, ਤਾਂ ਸਰਕਾਰੀ ਸਕੂਲਾਂ ਦੇ ਨਤੀਜਿਆਂ ਵਿੱਚ ਹੋਰ ਸੁਧਾਰ ਸੰਭਵ ਹੈ। ਉਨ੍ਹਾਂ ਚੇਤਾਵਨੀ ਦਿੱਤੀ ਕਿ ਭਵਿੱਖ ਵਿੱਚ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਜਾਂ ਢਿੱਲ-ਮੱਠ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਅਤੇ ਜ਼ਿੰਮੇਵਾਰੀ ਤੈਅ ਕੀਤੀ ਜਾਵੇਗੀ।

ਪੰਜਾਬੀ ਉਚਾਰਨ ਤੇ ਲਿਖਣਕਾਰੀ ਮੁਕਾਬਲੇ ਕਰਵਾਏ

ਜਲੰਧਰ (ਕੇਸਰ)- ਪੰਜਾਬੀ ਭਾਸ਼ਾ ਨੂੰ ਪਰਣਾਈ ਹੋਈ ਗ਼ੈਰ-ਸਰਕਾਰੀ ਸੰਸਥਾ ਪੰਜਾਬੀ ਭਾਸ਼ਾ ਅਕਾਦਮੀ ਜਲੰਧਰ ਵੱਲੋਂ ਉਲੰਪੀਅਨ ਮਨਪ੍ਰੀਤ ਸਿੰਘ ਪੀ ਐੱਮ ਸ੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਿੱਠਾਪੁਰ ਵਿਖੇ ਸਕੂਲੀ ਵਿਦਿਆਰਥੀਆਂ ਦੇ 'ਪੰਜਾਬੀ ਉਚਾਰਣ ਤੇ ਲਿਖਣਕਾਰੀ' ਮੁਕਾਬਲੇ ਕਰਵਾਏ ਗਏ। ਇਨ੍ਹਾਂ ਮੁਕਾਬਲਿਆਂ ਵਿਚ ਅੱਸੀ ਤੋਂ ਵੱਧ ਵਿਦਿਆਰਥੀਆਂ ਨੇ ਭਾਗ ਲਿਆ, ਜਿਨ੍ਹਾਂ ਵਿਚੋਂ ਅੰਕਿਤਾ ਨੇ ਪਹਿਲਾ, ਮਾਨਸੀ ਨੇ ਦੂਜਾ ਤੇ ਸਹਿਜਪ੍ਰੀਤ ਕੌਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਜੇਤੂ ਵਿਦਿਆਰਥੀਆਂ ਨੂੰ ਅਕਾਦਮੀਂ ਵੱਲੋਂ ਯਾਦ ਚਿੰਨ੍ਹਾਂ ਤੇ ਨਗਦ ਰਾਸ਼ੀ ਨਾਲ ਸਨਮਾਨਤ ਕੀਤਾ ਗਿਆ। ਅਮਨਦੀਪ ਕੌਰ, ਸਰਬਜੀਤ ਕੌਰ ਤੇ ਜਤਿੰਦਰ ਕੌਰ ਵੱਲੋਂ ਇਨ੍ਹਾਂ ਮੁਕਾਬਲਿਆਂ ਦੀ ਜੱਜਮੈਂਟ ਕੀਤੀ ਗਈ। ਪ੍ਰੋਗਰਾਮ ਦੇ ਆਰੰਭ ਵਿਚ ਸਕੂਲ ਪ੍ਰਿੰਸੀਪਲ ਸੀਮਾ ਚੋਪੜਾ ਵੱਲੋਂ ਅਕਾਦਮੀ ਦੇ ਅਹੁਦੇਦਾਰਾਂ ਦਾ ਗੁਲਦਸਤਿਆਂ ਨਾਲ ਸਵਾਗਤ ਕਰਦਿਆਂ 'ਜੀ ਆਇਆਂ ਨੂੰ' ਕਿਹਾ ਗਿਆ। ਇਸ ਮੌਕੇ ਵਿਦਿਆਰਥੀਆਂ ਤੇ ਅਧਿਆਪਕਾਂ ਦੇ ਭਰਵੇਂ ਇਕੱਠ ਨੂੰ ਸੰਬੋਧਨ ਕਰਦਿਆਂ ਅਕਾਦਮੀ ਦੇ ਸਕੱਤਰ ਤੇ ਪ੍ਰਸਿੱਧ ਭਾਸ਼ਾ ਵਿਗਿਆਨੀ ਪ੍ਰੋ. ਸੁਖਵਿੰਦਰ ਸਿੰਘ ਸੰਘਾ ਨੇ ਕਿਹਾ ਕਿ ਜੇਕਰ ਸਹੀ ਅਰਥਾਂ ਵਿਚ ਪੰਜਾਬੀ ਭਾਸ਼ਾ ਦਾ ਵਿਕਾਸ ਕਰਨਾ ਹੈ ਤਾਂ ਹੋਰਨਾਂ ਯਤਨਾਂ ਦੇ ਨਾਲ ਨਾਲ ਛੋਟੇ ਬੱਚਿਆਂ ਵੱਲ ਵੀ ਵਿਸ਼ੇਸ਼ ਧਿਆਨ ਦੇਣਾ ਪਵੇਗਾ ਕਿਉਂਕਿ ਜਿੱਥੇ ਉਹ ਭਵਿੱਖ ਦੇ ਵਾਰਸ ਹਨ, ਉੱਥੇ ਛੋਟੀ ਉਮਰੇ ਬਣੀਆਂ ਰੁੱਚੀਆਂ ਅਤੇ ਹਾਸਲ ਕੀਤੀ ਭਾਸ਼ਾਈ ਮੁਹਾਰਤ ਸਾਰੀ ਉਮਰ ਸਾਥ ਨਿਭਦੀ ਹੈ। ਉਨ੍ਹਾਂ ਦੱਸਿਆ ਕਿ ਇਸੇ ਉਦੇਸ਼ ਨੂੰ ਲੈ ਕੇ ਪਿਛਲੇ ਦਿਨੀ ਅਕਾਦਮੀ ਦੇ ਪ੍ਰਧਾਨ ਪ੍ਰੋ. ਐੱਸ ਪੀ ਸਿੰਘ, ਸਾਬਕਾ ਵਾਇਸ ਚਾਂਸਲਰ, ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਵਿਚ ਸਕੂਲੀ ਪੱਧਰ 'ਤੇ ਅਜਿਹੇ ਮੁਕਾਬਲੇ ਕਰਵਾਉਣ ਦਾ ਫੈਸਲਾ ਲਿਆ ਗਿਆ ਸੀ।ਇਸ ਦੀ ਆਰੰਭਤਾ ਇਸ ਸਕੂਲ ਤੋਂ ਕੀਤੀ ਜਾ ਰਹੀ ਹੈ ਅਤੇ ਭਵਿੱਖ ਵਿਚ ਪੰਜਾਬ ਦੇ ਵੱਖ ਵੱਖ ਸਕੂਲਾਂ ਵਿਚ ਅਜਿਹੇ ਹੋਰ ਮੁਕਾਬਲੇ ਵੀ ਕਰਵਾਏ ਜਾਣਗੇ ਤਾਂ ਜੋ ਵਿਦਿਆਰਥੀਆਂ ਵਿਚ ਪੰਜਾਬੀ ਭਾਸ਼ਾ ਪ੍ਰਤੀ ਰੁੱਚੀ ਪੈਦਾ ਹੋਵੇ। ਅੰਤ ਵਿਚ ਪ੍ਰੋਗਰਾਮ ਕੋ-ਆਰਡੀਨੇਟਰ ਅਮਨਦੀਪ ਕੌਰ ਨੇ ਸਾਰਿਆਂ ਦਾ ਧੰਨਵਾਦ ਕੀਤਾ। ਇਸ ਮੌਕੇ ਹੋਰਨਾ ਸਮੇਤ ਅਕਾਦਮੀ ਦੇ ਖਜਾਨਚੀ ਬਲਦੇਵ ਖੁੱਲਰ, ਮੈਂਬਰ ਡਾ. ਸੋਹਨ ਸਿੰਘ, ਅੰਤਰ-ਰਾਸ਼ਟਰੀ ਹਾਕੀ ਕੋਚ ਗੁਰਿੰਦਰ ਸਿੰਘ ਸੰਘਾ, ਰਵਿੰਦਰ ਕੁਮਾਰ ਆਦਿ ਹਾਜ਼ਰ ਸਨ।

ਕਾਰਜ ਸਾਧਕ ਅਫਸਰ ਨੇ ਅਹੁਦਾ ਸੰਭਾਲਿਆ

ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)- ਕਾਰਜ ਸਾਧਕ ਅਫਸਰ ਰਾਮ ਪ੍ਰਕਾਸ਼ ਦੀ ਟਾਂਡਾ ਤੋਂ ਬਦਲੀ ਹੋਣ ਤੋਂ ਬਾਅਦ ਵਿਜੇ ਡੋਗਰਾ ਨੇ ਨਗਰ ਕੌਂਸਲ ਟਾਂਡਾ ਦੇ ਕਾਰਜ ਸਾਧਕ ਅਫਸਰ ਵਜੋਂ ਆਪਣਾ ਅਹੁਦਾ ਸੰਭਾਲ ਲਿਆ ਹੈ । ਇਸ ਮੌਕੇ ਨਗਰ ਕੌਂਸਲ ਪ੍ਰਧਾਨ ਹਰੀਕ੍ਰਿਸ਼ਨ ਸੈਣੀ, ਮੀਤ ਪ੍ਰਧਾਨ ਨਰਿੰਦਰ ਕੌਰ, ਕੌਂਸਲਰ ਪ੍ਰਵੀਨ ਖੰਨਾ, ਕੌਂਸਲਰ ਹਰਮੀਤ ਸਿੰਘ ਵੜੈਚ, ਕੌਂਸਲਰ ਸੇਠ ਰਾਮ ਸੇਠੀ, ਕੌਂਸਲਰ ਮਨਜੀਤ ਕੌਰ, ਕੌਂਸਲਰ ਪਰਮਿੰਦਰ ਕੌਰ ਘੁੰਮਣ, ਕੌਂਸਲਰ ਗੁਰਬਖਸ਼ ਕੌਰ, ਕੌਂਸਲਰ ਸਰੋਜ ਬਾਲਾ, 'ਆਪ' ਯੂਥ ਪ੍ਰਧਾਨ ਸ਼ਹਿਰੀ ਜਸਪ੍ਰੀਤ ਸਿੰਘ ਜੱਸੀ, ਸਾਬਕਾ ਕੌਂਸਲਰ ਸੁਰਿੰਦਰਜੀਤ ਸਿੰਘ ਬਿੱਲੂ, ਸਾਬਕਾ ਕੌਂਸਲਰ ਲਖਵਿੰਦਰ ਸਿੰਘ ਮੁਲਤਾਨੀ, ਸਾਬਕਾ ਕੌਂਸਲਰ ਸੁਮਨ ਖੋਸਲਾ, ਸਾਬਕਾ ਕੌਂਸਲਰ ਮੋਨਿਕਾ ਸੋਂਧੀ, 'ਆਪ' ਆਗੂ ਅਨਿਲ ਗੋਰਾ, ਗੁਰਮੀਤ ਸਿੰਘ, ਰਾਜਨ ਸੋਂਧੀ ਤੇ ਸਮੂਹ ਨਗਰ ਕੌਂਸਲ ਸਟਾਫ ਵੀ ਹਾਜ਼ਰ ਸੀ । ਇਸ ਮੌਕੇ ਅਹੁਦਾ ਸੰਭਾਲਣ ਤੇ ਕਾਰਜ ਸਾਧਕ ਅਫਸਰ ਟਾਂਡਾ ਵਿਜੇ ਡੋਗਰਾ ਨੇ ਸ਼ਹਿਰ ਵਾਸੀਆਂ ਨੂੰ ਭਰੋਸਾ ਦਿੰਦੇ ਹੋਏ ਕਿਹਾ ਕਿ ਉਹ ਸ਼ਹਿਰ ਦੇ ਵਿਕਾਸ ਕਾਰਜਾਂ ਤੇ ਲੋਕਾਂ ਦੇ ਕੰਮਾਂ ਨੂੰ ਪਹਿਲ ਦੇ ਆਧਾਰ ਤੇ ਕਰਨਗੇ । ਦੱਸਣਯੋਗ ਹੈ ਕਿ ਇਸ ਤੋਂ ਪਹਿਲਾਂ ਕਾਰਜ ਸਾਧਕ ਅਫਸਰ ਵਿਜੇ ਡੋਗਰਾ ਜ਼ਿਲ੍ਹਾ ਪਠਾਨਕੋਟ ਦੇ ਸ਼ਹਿਰ ਸੁਜਾਨਪੁਰ ਨਗਰ ਕੌਂਸਲ ਵਿਖੇ ਆਪਣੀਆਂ ਸੇਵਾਵਾਂ ਨਿਭਾ ਰਹੇ ਸਨ।



ਸੁਖਬੀਰ ਬਾਦਲ ਨੇ 'ਸਤਲੁਜ' ਤੇ ਪਾਬੰਦੀ ਲਗਾਉਣ ਲਈ ਕੇਂਦਰ ਸਰਕਾਰ ਨੂੰ ਪੱਤਰ ਲਿਖਿਆ ਸੀ : ਧਾਲੀਵਾਲ

ਚੰਡੀਗੜ੍ਹ (ਗੁਰਜੀਤ ਬਿੱਲਾ)- ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਮੁੱਖ ਬੁਲਾਰੇ ਅਤੇ ਵਿਧਾਇਕ ਕੁਲਦੀਪ ਸਿੰਘ ਧਾਲੀਵਾਲ ਨੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ 'ਤੇ ਤਿੱਖਾ ਹਮਲਾ ਕਰਦਿਆਂ ਦੋਸ਼ ਲਾਇਆ ਕਿ ਬਾਦਲ ਪਰਵਾਰ ਨੇ ਹਮੇਸ਼ਾ ਪੰਜਾਬ ਅਤੇ ਸਿੱਖ ਕੌਮ ਨਾਲ ਹੋਈਆਂ ਬੇਇਨਸਾਫ਼ੀਆਂ ਲਈ ਜ਼ਿੰਮੇਵਾਰ ਲੋਕਾਂ ਦਾ ਸਾਥ ਦਿੱਤਾ ਹੈ। ਮਨੁੱਖੀ ਅਧਿਕਾਰ ਕਾਰਕੁਨ ਸਵਰਗੀ ਜਸਵੰਤ ਸਿੰਘ ਖਾਲੜਾ ਦੀ ਪਤਨੀ ਬੀਬੀ ਪਰਮਜੀਤ ਕੌਰ ਖਾਲੜਾ ਦੇ ਬਿਆਨ ਦਾ ਹਵਾਲਾ ਦਿੰਦਿਆਂ ਧਾਲੀਵਾਲ ਨੇ ਕਿਹਾ ਕਿ ਉਨ੍ਹਾਂ ਨੇ ਖੁਲਾਸਾ ਕੀਤਾ ਹੈ ਕਿ ਸੁਖਬੀਰ ਸਿੰਘ ਬਾਦਲ ਨੇ ਪੰਜਾਬੀ ਫਿਲਮ 'ਸਤਲੁਜ' 'ਤੇ ਪਾਬੰਦੀ ਲਗਾਉਣ ਦੀ ਮੰਗ ਕਰਦਿਆਂ ਕੇਂਦਰ ਸਰਕਾਰ ਨੂੰ ਪੱਤਰ ਲਿਖਿਆ ਸੀ। ਧਾਲੀਵਾਲ ਨੇ ਕਿਹਾ ਕਿ ਇਹ ਫਿਲਮ ਪੰਜਾਬ ਦੇ ਇਤਿਹਾਸ ਦੇ ਸਭ ਤੋਂ ਕਾਲੇ ਅਧਿਆਵਾਂ ਵਿੱਚੋਂ ਇੱਕ 'ਤੇ ਅਧਾਰਤ ਹੈ ਅਤੇ ਕਾਂਗਰਸ ਸ਼ਾਸਨ ਦੌਰਾਨ ਹੋਏ ਅੱਤਿਆਚਾਰਾਂ ਨੂੰ ਉਜਾਗਰ ਕਰਦੀ ਹੈ, ਜਿਸ ਵਿੱਚ ਫਰਜ਼ੀ ਮੁਕਾਬਲੇ, ਜਬਰੀ ਗੁੰਮਸ਼ੁਦਗੀਆਂ ਅਤੇ ਜਸਵੰਤ ਸਿੰਘ ਖਾਲੜਾ ਦੇ ਸੰਘਰਸ਼ ਸ਼ਾਮਲ ਹਨ, ਜਿਨ੍ਹਾਂ ਨੇ ਸ਼ਹੀਦ ਹੋਣ ਤੋਂ ਪਹਿਲਾਂ ਇਨ੍ਹਾਂ ਮਨੁੱਖੀ ਅਧਿਕਾਰਾਂ ਦੀਆਂ ਉਲੰਘਣਾਵਾਂ ਨੂੰ ਜਨਤਕ ਕਰਨ ਲਈ ਆਪਣੀ ਜ਼ਿੰਦਗੀ ਲਗਾ ਦਿੱਤੀ ਸੀ।

10 ਨੂੰ ਭਾਰਤ ਛੱਡੋ ਦੀ ਵਰ੍ਹੇਗੰਢ ਮੌਕੇ 'ਲੁਟੇਰੇ ਕਾਰਪੋਰੇਟੋ ਭਾਰਤ ਛੱਡੋ' ਦਾ ਨਾਹਰਾ ਬੁਲੰਦ ਕੀਤਾ ਜਾਵੇਗਾ

ਜਲੰਧਰ (ਰਾਜੇਸ਼ ਥਾਪਾ)- ਜਮਹੂਰੀ ਕਿਸਾਨ ਸਭਾ ਪੰਜਾਬ ਸੂਬਾ ਕਮੇਟੀ ਦੀ ਮੀਟਿੰਗ ਡਾ. ਸਤਨਾਮ ਸਿੰਘ ਅਜਨਾਲਾ ਦੀ ਪ੍ਰਧਾਨਗੀ ਹੇਠ ਸ਼ਹੀਦ ਸਰਵਨ ਸਿੰਘ ਚੀਮਾ ਭਵਨ ਗੜ੍ਹਾ ਜਲੰਧਰ ਵਿਖੇ ਹੋਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਡਾ. ਸਤਨਾਮ ਸਿੰਘ ਅਜਨਾਲਾ ਨੇ ਇਕ ਹੋਰ ਕਿਸਾਨ ਜਥੇਬੰਦੀ ਪੰਜਾਬ ਕਿਸਾਨ ਯੂਨੀਅਨ ਨਾਲ ਚੱਲ ਰਹੇ ਏਕਤਾ ਦੇ ਅਮਲ ਸਬੰਧੀ ਮਤਾ ਪੇਸ਼ ਕੀਤਾ ਗਿਆ ਜਿਸ ਨੂੰ ਹਾਜ਼ਰ ਸੂਬਾ ਕਮੇਟੀ ਦੇ ਮੈਂਬਰਾਂ ਨੇ ਸਰਬਸੰਮਤੀ ਨਾਲ ਪਾਸ ਕਰ ਦਿੱਤਾ। ਜਿਸ ਨਾਲ ਹੁਣ ਜਮਹੂਰੀ ਕਿਸਾਨ ਸਭਾ ਪੰਜਾਬ ਅਤੇ ਪੰਜਾਬ ਕਿਸਾਨ ਯੂਨੀਅਨ ਆਪਣੇ ਏਕਤਾ ਦੇ ਅਮਲ ਨੂੰ ਨੇਪਰੇ ਚਾੜ੍ਹ ਲੈਣਗੀਆਂ। ਇਸ ਸਬੰਧੀ ਡਾ. ਅਜਨਾਲਾ ਨੇ ਆਖਿਆ ਕਿ ਦੋਨੋ ਜਥੇਬੰਦੀਆਂ ਸਾਂਝੇ ਤੌਰ 'ਤੇ 20-21 ਸਤੰਬਰ ਨੂੰ ਜਲੰਧਰ ਵਿੱਚ ਦੇਸ਼ ਪੱਧਰੀ ਕਾਨਫਰੰਸ ਕਰਕੇ ਇਸ ਏਕਤਾ ਦੇ ਅਮਲ ਨੂੰ ਮੁਕੰਬਲ ਕਰਨਗੀਆਂ। ਉਨ੍ਹਾ ਆਖਿਆ ਕਿ 20 ਸਤੰਬਰ ਨੂੰ ਕਿਸਾਨਾਂ ਦੀ ਵੱਡੀ ਰੈਲੀ ਕਰਕੇ ਕਾਨਫਰੰਸ ਦਾ ਅਗਾਜ਼ ਕੀਤਾ ਜਾਵੇਗਾ। ਜਿਸ ਵਿੱਚ ਸੱਤ ਸੌ ਤੋਂ ਜ਼ਿਆਦਾ ਡੈਲੀਗੇਟ ਹਿੱਸਾ ਲੈਣਗੇ। ਉਨ੍ਹਾਂ ਕਿਹਾ ਕਿ ਇਸ ਸਬੰਧੀ ਡਿਊਟੀਆਂ ਦੀ ਵੰਡ ਕਰਕੇ ਕਮੇਟੀਆਂ ਦਾ ਗਠਨ ਆਉਣ ਵਾਲੇ ਕੁੱਝ ਦਿਨਾਂ ਵਿੱਚ ਕਰ ਦਿੱਤਾ ਜਾਵੇਗਾ। ਮੀਟਿੰਗ ਨੂੰ ਸੰਬੋਧਨ ਕਰਦਿਆਂ ਸਭਾ ਦੇ ਜਨਰਲ ਸਕੱਤਰ ਕੁਲਵੰਤ ਸਿੰਘ ਸੰਧੂ ਨੇ ਆਖਿਆ ਕਿ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ 22 ਜੁਲਾਈ ਨੂੰ ਸੂਬੇ ਦੇ ਸਾਰੇ ਟੋਲ ਪਲਾਜ਼ੇ ਫ੍ਰੀ ਕੀਤੇ ਜਾਣਗੇ ਅਤੇ ਭਾਜਪਾ ਆਗੂਆਂ ਅਤੇ ਉਨ੍ਹਾਂ ਦੇ ਦਫ਼ਤਰਾਂ ਅੱਗੇ ਧਰਨੇ ਮਾਰ ਕੇ ਭਾਰਤ ਅਮਰੀਕਾ ਮੁਕਤ ਵਪਾਰ ਸਮਝੌਤੇ ਦਾ ਡਟਵਾਂ ਵਿਰੋਧ ਕੀਤਾ ਜਾਵੇਗਾ। ਉਨ੍ਹਾਂ ਆਖਿਆ ਕਿ 10 ਅਗਸਤ ਨੂੰ ਭਾਰਤ ਛੱਡੋ ਅੰਦੋਲਨ ਦੀ ਵਰ੍ਹੇਗੰਢ ਮੌਕੇ ਦੇਸ਼ ਭਰ ਵਿੱਚ ਐਕਸ਼ਨ ਕਰਕੇ ਲਟੇਰੇ ਕਾਰਪੋਰੇਟੋ ਭਾਰਤ ਛੱਡੋ ਦਾ ਨਾਹਰਾ ਬੁਲੰਦ ਕੀਤਾ ਜਾਵੇਗਾ। ਮੀਟਿੰਗ ਦੀ ਕਾਰਵਾਈ ਪ੍ਰੈਸ ਨੂੰ ਜਾਰੀ ਕਰਦਿਆਂ ਪ੍ਰੈਸ ਸਕੱਤਰ ਹਰਨੇਕ ਸਿੰਘ ਗੁੱਜਰਵਾਲ ਨੇ ਆਖਿਆ ਕਿ ਮੀਟਿੰਗ ਵਿੱਚ ਕੀਤੇ ਫੈਸਲਿਆਂ ਨੂੰ ਲਾਗੂ ਕਰਵਾਉਣ ਲਈ ਪੰਜਾਬ ਦੇ ਸਾਰੇ ਜ਼ਿਲ੍ਹਿਆਂ ਦੀਆਂ ਮੀਟਿੰਗਾਂ ਤੈਅ ਕਰ ਲਈਆਂ ਹਨ। ਇਨ੍ਹਾਂ ਮੀਟਿੰਗਾਂ ਵਿੱਚ ਤੈਅ ਕੀਤੇ ਪ੍ਰੋਗਰਾਮਾਂ ਨੂੰ ਸਫ਼ਲ ਕਰਨ ਲਈ ਵਿਉਂਤਬੰਦੀ ਕੀਤੀ ਜਾਵੇਗੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਰਘਵੀਰ ਸਿੰਘ ਬੈਨੀਪਾਲ, ਮਨਜੀਤ ਸਿੰਘ ਬੱਗੂ, ਰੇਸ਼ਮ ਸਿੰਘ ਫੈਰੋਕੇ, ਮਲਕੀਤ ਸਿੰਘ ਨਿਆਲ, ਦਰਸ਼ਨ ਸਿੰਘ ਬੇਲੂ ਮਾਜਰਾ, ਮੁਖਤਿਆਰ ਸਿੰਘ ਮੁੱਖਾ, ਪ੍ਰਗਟ ਸਿੰਘ ਜਾਮਾਰਾਏ, ਮੇਜਰ ਸਿੰਘ ਖੁਰਲਾਪੁਰ, ਮੋਹਨ ਸਿੰਘ ਧਮਾਣਾ, ਸਵਰਨ ਸਿੰਘ ਮੁਕੇਰੀਆਂ, ਹਰਜੀਤ ਸਿੰਘ ਕਾਹਲੋਂ, ਧਰਮਪਾਲ ਸਿੰਘ ਸੈਣੀ, ਮਨੋਹਰ ਸਿੰਘ ਗਿੱਲ, ਮਾਸਟਰ ਦਲਜੀਤ ਸਿੰਘ ਦਿਆਲਪੁਰਾ, ਹਰਭਜਨ ਸਿੰਘ ਮਜੀਠਾ, ਸੰਤੋਖ ਸਿੰਘ ਬਿਲਗਾ, ਕੁਲਦੀਪ ਸਿੰਘ ਫਿਲੌਰ, ਊਧਮ ਸਿੰਘ ਸੰਤੋਖਪੁਰਾ, ਮਹਿੰਦਰ ਸਿੰਘ ਮੋਹਾਲੀ ਆਦਿ ਹਾਜ਼ਰ ਸਨ।

● 22 ਜੁਲਾਈ ਨੂੰ ਸੂਬੇ ਦੇ ਟੋਲ ਪਲਾਜ਼ੇ ਫ੍ਰੀ ਕੀਤੇ ਜਾਣਗੇ

ਸਾਬਕਾ ਕੈਬਨਿਟ ਮੰਤਰੀ ਗਿਲਜੀਆਂ ਨੇ ਲੈਂਡ ਪੂਲਿੰਗ ਨੀਤੀ ਦਾ ਕੀਤਾ ਵਿਰੋਧ

ਅੱਡਾ ਸਰਾਂ/ ਟਾਂਡਾ ਉੜਮੁੜ (ਜਸਵੀਰ ਕਾਜਲ , ਉਂਕਾਰ ਸਿੰਘ)- ਟਾਂਡਾ ਵਿਖੇ ਪਿੰਡ ਸੈਦੂਪੁਰ ਦਾਤਾ ਦੇ ਕਾਂਗਰਸ ਪਾਰਟੀ ਦੀ ਇੱਕ ਅਹਿਮ ਮੀਟਿੰਗ ਸਾਬਕਾ ਕੈਬਨਿਟ ਮੰਤਰੀ ਪੰਜਾਬ ਸੰਗਤ ਸਿੰਘ ਗਿਲਜੀਆਂ ਦੀ ਅਗਵਾਈ ਹੇਠ ਹੋਈ। ਮੀਟਿੰਗ ਦੌਰਾਨ ਸਰਕਾਰ ਵੱਲੋਂ ਲਿਆਂਦੀ ਗਈ ਸੋਧੀ ਹੋਈ ਲੈਂਡ ਪੂਲਿੰਗ ਨੀਤੀ 'ਤੇ ਵਿਸਥਾਰ ਨਾਲ ਚਰਚਾ ਕੀਤੀ ਗਈ ਅਤੇ ਇਸ ਨੀਤੀ ਦਾ ਸਖ਼ਤ ਵਿਰੋਧ ਕਰਦਿਆਂ ਇਸ ਨੂੰ ਕਿਸਾਨ ਵਿਰੋਧੀ ਕਰਾਰ ਦਿੱਤਾ ਗਿਆ।ਇਸ ਮੌਕੇ ਸੰਬੋਧਨ ਕਰਦਿਆਂ ਸੰਗਤ ਸਿੰਘ ਗਿਲਜੀਆਂ ਨੇ ਕਿਹਾ ਕਿ ਲੈਂਡ ਪੂਲਿੰਗ ਨੀਤੀ ਕਿਸਾਨਾਂ ਦੇ ਹਿੱਤਾਂ ਦੇ ਉਲਟ ਹੈ। ਉਨ੍ਹਾਂ ਦੋਸ਼ ਲਗਾਇਆ ਕਿ ਸਰਕਾਰ ਨੇ ਇਸ ਨੀਤੀ ਨੂੰ ਲਾਗੂ ਕਰਨ ਤੋਂ ਪਹਿਲਾਂ ਕਿਸਾਨ ਜਥੇਬੰਦੀਆਂ, ਖੇਤੀ ਮਾਹਿਰਾਂ ਅਤੇ ਪ੍ਰਭਾਵਿਤ ਲੋਕਾਂ ਨਾਲ ਕੋਈ ਢੁੱਕਵੀਂ ਸਲਾਹ-ਮਸ਼ਵਰਾ ਨਹੀਂ ਕੀਤਾ। ਗਿਲਜੀਆਂ ਨੇ ਕਿਹਾ ਕਿ ਪੰਜਾਬ ਦੀ ਆਰਥਿਕਤਾ ਦੀ ਰੀੜ੍ਹ ਦੀ ਹੱਡੀ ਕਿਸਾਨ ਹਨ ਅਤੇ ਖੇਤੀਯੋਗ ਜ਼ਮੀਨ ਨੂੰ ਕਿਸੇ ਵੀ ਨੀਤੀ ਰਾਹੀਂ ਪ੍ਰਭਾਵਿਤ ਕਰਨ ਤੋਂ ਪਹਿਲਾਂ ਹਰ ਪੱਖ ਨੂੰ ਧਿਆਨ ਵਿੱਚ ਰੱਖਣਾ ਚਾਹੀਦਾ ਹੈ। ਇਸ ਮੌਕੇ ਕਾਂਗਰਸ ਪਾਰਟੀ ਦੇ ਆਗੂ, ਵਰਕਰ ਬਲਾਕ ਪ੍ਰਧਾਨ ਅਵਤਾਰ ਸਿੰਘ ਖੋਖਰ, ਰਵਿੰਦਰਪਾਲ ਸਿੰਘ ਗੋਰਾ, ਰਾਜਵਿੰਦਰ ਸਿੰਘ, ਜੋਗਿੰਦਰ ਸਿੰਘ, ਜੀਤਾ ਸੈਦੂਪੁਰ, ਸਾਬੀ ਦਾਤਾ, ਪਰਮਜੀਤ ਸਿੰਘ ਬਾਬਾ, ਸਤਨਾਮ ਸਿੰਘ, ਅਮਨ, ਤਰਸੇਮ ਸਿੰਘ, ਜੋਗਾ ਸਿੰਘ, ਵਰਿੰਦਰ ਸਿੰਘ, ਹਰਜਿੰਦਰ ਸਿੰਘ, ਸੂਬੇਦਾਰ ਅਮਰੀਕ ਸਿੰਘ, ਭਜਨ ਸਿੰਘ, ਤੀਰਥ ਸਿੰਘ, ਸੁਖਦੇਵ ਸਿੰਘ, ਗੁਰਪ੍ਰੀਤ ਸਿੰਘ, ਮਨਪ੍ਰੀਤ ਸਿੰਘ, ਜਸਕਰਨ ਸਿੰਘ ਆਦਿ ਹਾਜ਼ਰ ਸਨ।

ਸਫਾਈ ਸੇਵਕਾਂ ਨੇ ਦਿੱਤਾ ਧਰਨਾ

ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)- ਸਫਾਈ ਸੇਵਕ ਯੂਨੀਅਨ ਪੰਜਾਬ ਤੇ ਸੱਦੇ ਤੇ ਨਗਰ ਪੰਚਾਇਤ ਮਹਿਤਪੁਰ ਦੇ ਸਫਾਈ ਸੇਵਕਾਂ ਦੀ ਹੜਤਾਲ ਅੱਜ ਪੂਰੀ ਤਰ੍ਹਾਂ ਸਫਲ ਰਹੀ। ਕੋਈ ਵੀ ਸਫਾਈ ਸੇਵਕ ਸਵੇਰ ਤੋਂ ਕੰਮ ਤੇ ਨਹੀਂ ਗਿਆ। ਸਫਾਈ ਸੇਵਕਾਂ ਨੇ ਨਗਰ ਪੰਚਾਇਤ ਮਹਿਤਪੁਰ ਦੇ ਦਫਤਰ ਵਿੱਚ ਇਕੱਠੇ ਹੋ ਕੇ ਆਪਣੀਆਂ ਮਨੀਆ ਮੰਗਾ ਲਾਗੂ ਕਰਵਾਉਣ ਲਈ ਧਰਨਾ ਦੇ ਕੇ ਰੈਲੀ ਕੀਤੀ। ਇਸ ਰੈਲੀ ਨੂੰ ਸੰਬੋਧਨ ਕਰਦਿਆਂ ਸਫਾਈ ਮਜ਼ਦੂਰਾਂ ਦੇ ਆਗੂ ਸੁਭਾਸ਼ ਵਾਲਮੀਕ, ਓਮ ਪ੍ਰਕਾਸ਼, ਕੇਵਲ ਕਿਸ਼ਨ, ਰਾਮਚਰਨ, ਨਸੀਬ ਮਨਜੀਤ, ਕਾਂਤਾ ਅਤੇ ਮੰਜੂ ਨੇ ਆਪਣੇ ਵਿਚਾਰ ਰੱਖਦਿਆਂ ਕਿਹਾ ਕਿ ਜਦ ਤੱਕ ਉਹਨਾਂ ਦੀਆਂ ਮੰਗਾਂ ਨਹੀਂ ਮੰਨੀਆਂ ਜਾਂਦੀਆਂ ਹੜਤਾਲ ਇਸੇ ਤਰ੍ਹਾਂ ਜਾਰੀ ਰਹੇਗੀ।ਸਰਕਾਰ ਨੇ ਸੰਘਰਸ਼ ਕਰ ਰਹੇ ਕਾਮਿਆਂ ਦੀਆਂ ਮੰਗਾਂ ਮੰਨਣ ਦਾ ਐਲਾਨ ਤਾਂ ਕਰ ਦਿੱਤਾ ਪਰ ਮਨੀਆ ਮੰਗਾਂ ਨੂੰ ਅਮਲੀ ਜਾਮਾ ਦੇਣ ਲਈ ਨੋਟੀਫਿਕੇਸ਼ਨ ਜਾਰੀ ਕਰਨ ਤੋਂ ਲਗਾਤਾਰ ਟਾਲਾ ਵੱਟ ਰਹੀ ਹੈ ਜਿਸ ਤੇ ਰੋਸ ਵਜੋਂ ਬਹੁਤੇ ਸ਼ਹਿਰਾਂ ਵਿੱਚ ਸਫਾਈ ਮਜ਼ਦੂਰ ਹੜਤਾਲ ਤੇ ਚਲੇ ਗਏ ਹਨ । ਹੜਤਾਲ ਤੇ ਬੈਠੇ ਸਫਾਈ ਮਜ਼ਦੂਰਾਂ ਨੂੰ ਸੰਬੋਧਨ ਕਰਨ ਲਈ ਪੇਂਡੂ ਮਜ਼ਦੂਰ ਯੂਨੀਅਨ ਦੇ ਸੂਬਾ ਪ੍ਰਧਾਨ ਤਰਸੇਮ ਪੀਟਰ ਵੀ ਪਹੁੰਚੇ।



ਵੱਡੇ ਹਾਰਨ ਤੇ ਬਿਨਾਂ ਨੰਬਰ ਪਲੇਟ ਵਾਲੇ ਮੋਟਰਸਾਈਕਲ ਜ਼ਬਤ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਜ਼ਿਲ੍ਹੇ ਵਿੱਚ ਟ੍ਰੈਫਿਕ ਵਿਵਸਥਾ ਨੂੰ ਦਰੁਸਤ ਕਰਨ ਅਤੇ ਹੁੱਲੜਬਾਜ਼ਾਂ ਨੂੰ ਨੱਥ ਪਾਉਣ ਲਈ ਹੁਸ਼ਿਆਰਪੁਰ ਪੁਲਸ ਵੱਲੋਂ ਸਖ਼ਤ ਮੁਹਿੰਮ ਵਿੱਢੀ ਗਈ ਹੈ। ਇਸੇ ਤਹਿਤ ਸਥਾਨਕ ਬਾਬਾ ਸਾਹਿਬ ਭੀਮ ਰਾਓ ਅੰਬੇਦਕਰ ਚੌਂਕ ਵਿਖੇ ਟ੍ਰੈਫਿਕ ਇੰਚਾਰਜ ਸਬ ਇੰਸਪੈਕਟਰ ਸੁਰਿੰਦਰ ਕੁਮਾਰ ਦੀ ਅਗਵਾਈ ਹੇਠ ਵਿਸ਼ੇਸ਼ ਨਾਕਾਬੰਦੀ ਕੀਤੀ ਗਈ ਸੀ। ਨਾਕੇ ਦੌਰਾਨ ਜਦੋਂ ਪੁਲਸ ਟੀਮ ਵੱਲੋਂ ਇੱਕ ਸ਼ੱਕੀ ਮੋਟਰਸਾਈਕਲ ਸਵਾਰ ਨੂੰ ਰੁਕਣ ਦਾ ਇਸ਼ਾਰਾ ਕੀਤਾ ਗਿਆ, ਤਾਂ ਚਾਲਕ ਪੁਲਸ ਨੂੰ ਦੇਖ ਕੇ ਮੋਟਰਸਾਈਕਲ ਮੌਕੇ 'ਤੇ ਹੀ ਛੱਡ ਕੇ ਭੱਜ ਗਿਆ। ਪੁਲਸ ਨੇ ਤੁਰੰਤ ਕਾਰਵਾਈ ਕਰਦਿਆਂ ਵਾਹਨ ਨੂੰ ਆਪਣੇ ਕਬਜ਼ੇ ਵਿੱਚ ਲੈ ਲਿਆ। ਜਾਂਚ ਦੌਰਾਨ ਸਾਹਮਣੇ ਆਇਆ ਕਿ ਹੀਰੋ ਹਾਂਡਾ ਕੰਪਨੀ ਦੇ ਇਸ ਮੋਟਰਸਾਈਕਲ 'ਤੇ ਬਹੁਤ ਵੱਡਾ (ਗੈਰ-ਕਾਨੂੰਨੀ) ਹਾਰਨ ਅਤੇ ਕਈ ਗੈਰ-ਜ਼ਰੂਰੀ ਲਾਈਟਾਂ ਲਗਾਈਆਂ ਹੋਈਆਂ ਸਨ। ਇਸ ਤੋਂ ਇਲਾਵਾ ਮੋਟਰਸਾਈਕਲ ਦੇ ਪਿਛਲੇ ਪਾਸੇ ਕੋਈ ਨੰਬਰ ਪਲੇਟ ਵੀ ਨਹੀਂ ਸੀ। ਹਾਲਾਂਕਿ, ਕੁਝ ਸਮੇਂ ਬਾਅਦ ਮੋਟਰਸਾਈਕਲ ਚਾਲਕ ਖ਼ੁਦ ਪੁਲਸ ਕੋਲ ਪੇਸ਼ ਹੋ ਗਿਆ।ਟ੍ਰੈਫਿਕ ਇੰਚਾਰਜ ਸੁਰਿੰਦਰ ਕੁਮਾਰ ਨੇ ਦੱਸਿਆ ਕਿ ਐਸ.ਐਸ.ਪੀ. ਹੁਸ਼ਿਆਰਪੁਰ ਸੰਦੀਪ ਮਲਿਕ ਆਈ ਪੀ ਐਸ ਵੱਲੋਂ ਸਖ਼ਤ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ ਕਿ ਮੋਟਰਸਾਈਕਲ, ਸਕੂਟਰ ਜਾਂ ਐਕਟਿਵਾ 'ਤੇ ਪਟਾਕੇ ਮਾਰਨ ਵਾਲੇ ਸਾਈਲੈਂਸਰ, ਗੈਰ-ਕਾਨੂੰਨੀ ਵੱਡੇ ਹਾਰਨ, ਬਿਨਾਂ ਵਜ੍ਹਾ ਲਗਾਈਆਂ ਲਾਈਟਾਂ ਅਤੇ ਟ੍ਰਿਪਲ ਰਾਈਡਿੰਗ (ਤਿੰਨ ਸਵਾਰੀਆਂ) ਕਰਨ ਵਾਲਿਆਂ ਖ਼ਿਲਾਫ਼ ਤੁਰੰਤ ਸਖ਼ਤ ਚਲਾਨ ਕੱਟੇ ਜਾਣ। ਟ੍ਰੈਫਿਕ ਇੰਚਾਰਜ ਨੇ ਨੌਜਵਾਨਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਆਪਣੇ ਵਾਹਨਾਂ ਦੇ ਸਾਰੇ ਕਾਗਜ਼ਾਤ ਪੂਰੇ ਰੱਖਣ ਅਤੇ ਵਾਹਨਾਂ ਨਾਲ ਕਿਸੇ ਵੀ ਤਰ੍ਹਾਂ ਦੀ ਛੇੜਛਾੜ ਨਾ ਕਰਨ। ਉਨ੍ਹਾਂ ਕਿਹਾ ਕਿ ਮੋਟਰਸਾਈਕਲਾਂ 'ਤੇ ਲਗਾਏ ਜਾਣ ਵਾਲੇ ਉੱਚੀ ਆਵਾਜ਼ ਵਾਲੇ ਹਾਰਨ ਸੜਕ 'ਤੇ ਚੱਲਣ ਵਾਲੇ ਦਿਲ ਦੇ ਮਰੀਜ਼ਾਂ ਲਈ ਬੇਹੱਦ ਖ਼ਤਰਨਾਕ ਸਾਬਤ ਹੁੰਦੇ ਹਨ, ਜਿਸ ਨਾਲ ਉਨ੍ਹਾਂ ਦੀ ਜਾਨ ਨੂੰ ਖ਼ਤਰਾ ਬਣ ਸਕਦਾ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਨੂੰ ਕਿਸੇ ਵੀ ਕੀਮਤ 'ਤੇ ਬਖ਼ਸ਼ਿਆ ਨਹੀਂ ਜਾਵੇਗਾ।

ਮੁੰਡੀਆਂ ਨੇ 52 ਨਵ-ਨਿਯੁਕਤ ਮੁਲਾਜ਼ਮਾਂ ਨੂੰ ਨਿਯੁਕਤੀ ਪੱਤਰ ਸੌਂਪੇ

ਚੰਡੀਗੜ੍ਹ (ਗੁਰਜੀਤ ਬਿੱਲਾ)- ਜਲ ਸਪਲਾਈ ਅਤੇ ਸੈਨੀਟੇਸ਼ਨ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਬੁੱਧਵਾਰ ਵਿਭਾਗ ਦੇ 52 ਉਮੀਦਵਾਰਾਂ ਨੂੰ ਨਿਯੁਕਤੀ ਪੱਤਰ ਸੌਂਪੇ। ਪੰਜਾਬ ਭਵਨ ਵਿਖੇ ਕਰਵਾਏ ਸਮਾਗਮ ਦੌਰਾਨ ਉਨ੍ਹਾਂ ਨਵ-ਨਿਯੁਕਤ ਮੁਲਾਜ਼ਮਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਨਿਯੁਕਤੀਆਂ ਨਾ ਸਿਰਫ਼ ਵਿਭਾਗ ਵਿੱਚ ਮੁਲਾਜ਼ਮਾਂ ਦੀ ਘਾਟ ਨੂੰ ਪੂਰਾ ਕਰਨ ਵਿੱਚ ਸਹਾਈ ਸਾਬਤ ਹੋਣਗੀਆਂ, ਸਗੋਂ ਵਿਭਾਗ ਦੇ ਚਲ ਰਹੇ ਅਤੇ ਨਵੇਂ ਪ੍ਰਾਜੈਕਟਾਂ ਨੂੰ ਸਮੇਂ ਸਿਰ ਨੇਪਰੇ ਚਾੜ੍ਹਨ ਵਿੱਚ ਵੀ ਅਹਿਮ ਭੂਮਿਕਾ ਨਿਭਾਉਣਗੀਆਂ।ਕੈਬਨਿਟ ਮੰਤਰੀ ਨੇ ਦੱਸਿਆ ਕਿ ਇਨ੍ਹਾਂ 52 ਉਮੀਦਵਾਰਾਂ ਦੀ ਭਰਤੀ ਤਰਸ ਦੇ ਆਧਾਰ 'ਤੇ ਨੌਕਰੀ ਦੇਣ ਸਬੰਧੀ ਨੀਤੀ ਤਹਿਤ ਕੀਤੀ ਗਈ ਹੈ। ਨਿਯੁਕਤ ਕੀਤੇ ਗਏ ਉਮੀਦਵਾਰਾਂ ਵਿੱਚ 3 ਜੂਨੀਅਰ ਨਕਸ਼ਾ ਨਵੀਸ, 9 ਕਲਰਕ, 31 ਸੇਵਾਦਾਰ, 1 ਸਫ਼ਾਈ ਸੇਵਕ, 7 ਜੂਨੀਅਰ ਟੈਕਨੀਸ਼ੀਅਨ ਅਤੇ 1 ਹੈਲਪਰ ਟੈਕਨੀਸ਼ੀਅਨ ਸ਼ਾਮਲ ਹਨ। ਮੁੰਡੀਆਂ ਨੇ ਨਵ-ਨਿਯੁਕਤ ਕਰਮਚਾਰੀਆਂ ਨੂੰ ਆਪਣੀ ਡਿਊਟੀ ਪੂਰੀ ਇਮਾਨਦਾਰੀ, ਲਗਨ ਅਤੇ ਸਮਰਪਣ ਨਾਲ ਨਿਭਾਉਣ ਲਈ ਪ੍ਰੇਰਦਿਆਂ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਨੂੰ ਬਿਹਤਰ ਪੀਣਯੋਗ ਪਾਣੀ ਅਤੇ ਸੈਨੀਟੇਸ਼ਨ ਸੇਵਾਵਾਂ ਮੁਹੱਈਆ ਕਰਵਾਉਣ ਦੇ ਨਾਲ-ਨਾਲ ਯੋਗ ਨੌਜਵਾਨਾਂ ਨੂੰ ਰੁਜ਼ਗਾਰ ਦੇ ਮੌਕੇ ਪ੍ਰਦਾਨ ਕਰਨ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਨਵੀਆਂ ਭਰਤੀਆਂ ਨਾਲ ਵਿਭਾਗ ਦੀ ਕਾਰਜਕੁਸ਼ਲਤਾ ਵਿੱਚ ਹੋਰ ਸੁਧਾਰ ਆਵੇਗਾ ਅਤੇ ਵਿਕਾਸ ਕਾਰਜਾਂ ਨੂੰ ਤੇਜ਼ੀ ਨਾਲ ਅੱਗੇ ਵਧਾਉਣ ਵਿੱਚ ਮਦਦ ਮਿਲੇਗੀ।ਕੈਬਨਿਟ ਮੰਤਰੀ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬਾ ਸਰਕਾਰ ਵੱਲੋਂ ਵੱਖ-ਵੱਖ ਵਿਭਾਗਾਂ ਵਿੱਚ ਪਾਰਦਰਸ਼ੀ ਢੰਗ ਨਾਲ ਭਰਤੀ ਪ੍ਰਕਿਰਿਆ ਨੂੰ ਲਗਾਤਾਰ ਅੱਗੇ ਵਧਾਇਆ ਜਾ ਰਿਹਾ ਹੈ ਜਿਸ ਤਹਿਤ ਹੁਣ ਤੱਕ ਮਾਨ ਸਰਕਾਰ ਨੇ ਨੌਜਵਾਨਾਂ ਨੂੰ 68000 ਤੋਂ ਵੱਧ ਸਰਕਾਰੀ ਨੌਕਰੀਆਂ ਪ੍ਰਦਾਨ ਕੀਤੀਆਂ ਹਨ। ਉਨ੍ਹਾਂ ਦੱਸਿਆ ਕਿ ਇਸੇ ਲੜੀ ਤਹਿਤ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਵੱਲੋਂ ਅੱਜ ਦੀਆਂ ਨਿਯੁਕਤੀਆਂ ਸਮੇਤ ਸਾਲ 2022 ਤੋਂ ਹੁਣ ਤੱਕ ਵੱਖ-ਵੱਖ ਵਰਗਾਂ ਵਿੱਚ ਕੁੱਲ 520 ਨਿਯੁਕਤੀਆਂ ਕੀਤੀਆਂ ਜਾ ਚੁੱਕੀਆਂ ਹਨ। ਇਸ ਤੋਂ ਪਹਿਲਾਂ ਕੀਤੀਆਂ 468 ਨਿਯੁਕਤੀਆਂ ਕੀਤੀਆਂ ਗਈਆਂ ਹਨ। ਇਹ ਸਾਰੇ ਕਰਮਚਾਰੀ ਸੂਬੇ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਆਪਣੀਆਂ ਸੇਵਾਵਾਂ ਨਿਭਾਅ ਰਹੇ ਹਨ।

ਰਾਹੁਲ ਸ਼ਰਮਾ ਸਿਟੀ ਕਾਂਗਰਸ ਮੋਰਿੰਡਾ ਦੇ ਪ੍ਰਧਾਨ ਬਣੇ

ਮੋਰਿੰਡਾ (ਨਿਹਾਲ ਸਿੰਘ ਕਲਸੀ)- ਪੰਜਾਬ ਦੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਵਲੋਂ ਸੀਨੀਅਰ ਕਾਂਗਰਸੀ ਆਗੂ ਰਾਹੁਲ ਸ਼ਰਮਾ ਦੀਆਂ ਪਾਰਟੀ ਪ੍ਰਤੀ ਸਰਗਰਮੀਆਂ ਨੂੰ ਵੇਖਦੇ ਹੋਏ ਉਹਨਾਂ ਨੂੰ ਸਿਟੀ ਕਾਂਗਰਸ ਮੋਰਿੰਡਾ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਬਲਾਕ ਕਾਂਗਰਸ ਕਮੇਟੀ ਮੋਰਿੰਡਾ ਦੇ ਪ੍ਰਧਾਨ ਦਰਸ਼ਨ ਸਿੰਘ ਸੰਧੂ ਨੇ ਦੱਸਿਆ ਕਿ ਰਾਹੁਲ ਸ਼ਰਮਾ ਜਿਥੇ ਲੰਮੇ ਸਮੇਂ ਤੋਂ ਕਾਂਗਰਸ ਪਾਰਟੀ ਨਾਲ ਜੁੜੇ ਹੋਏ ਹਨ ਉਥੇ ਉਨ੍ਹਾਂ ਦੀ ਧਰਮ ਪਤਨੀ ਵਾਰਡ ਨੰਬਰ 3 ਮੋਰਿੰਡਾ ਤੋਂ ਕੌਂਸਲਰ ਹਨ। ਇਹਨਾਂ ਦੀ ਨਿਯੁਕਤੀ ਦਾ ਸ਼ਹਿਰ ਵਾਸੀਆਂ ਅਤੇ ਕਾਂਗਰਸੀ ਕੌਂਸਲਰਾਂ ਨੇ ਭਰਵਾਂ ਸਵਾਗਤ ਕਰਦਿਆਂ ਆਖਿਆ ਕਿ ਇਸ ਨਿਯੁਕਤੀ ਨਾਲ ਕਾਂਗਰਸ ਪਾਰਟੀ ਮਜ਼ਬੂਤ ਹੋਵੇਗੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਪੰਨਗ੍ਰੇਨ ਦੇ ਸਾਬਕਾ ਚੇਅਰਮੈਨ ਬੰਤ ਸਿੰਘ ਕਲਾਰਾਂ, ਜ਼ਿਲ੍ਹਾ ਕਾਂਗਰਸ ਕਮੇਟੀ ਰੂਪਨਗਰ ਦੇ ਮੀਤ ਪ੍ਰਧਾਨ ਹਰਮਿੰਦਰ ਸਿੰਘ ਲੱਕੀ, ਬਲਾਕ ਸੰਮਤੀ ਮੋਰਿੰਡਾ ਦੀ ਚੇਅਰਪਰਸਨ ਸ੍ਰੀਮਤੀ ਹਰਵਿੰਦਰ ਕੌਰ ਸੰਧੂ, ਕੌਂਸਲਰ ਹਰਜਿੰਦਰ ਸਿੰਘ ਛਿੱਬਰ,ਨਗਰ ਕੌਂਸਲ ਮੋਰਿੰਡਾ ਦੇ ਸਾਬਕਾ ਮੀਤ ਪ੍ਰਧਾਨ ਮਹਿੰਦਰ ਸਿੰਘ ਢਿੱਲੋਂ, ਹਰਜੀਤ ਸਿੰਘ ਸੋਢੀ, ਸੁਰਿੰਦਰ ਕੌਰ, ਪਿੰਕੀ ਕੌਰ, ਰਜੇਸ਼ ਕੁਮਾਰ ਸਿਸੋਦੀਆ, ਕਮਲਜੀਤ ਕੌਰ ਬਾਜਵਾ, ਨੰਬਰਦਾਰ ਰੁਪਿੰਦਰ ਸਿੰਘ ਭੀਚਰਾ, ਗੁਰਸੇਵਕ ਸਿੰਘ, ਬਲਵੀਰ ਸਿੰਘ ਲਾਲਾ ਆਦਿ ਕੌਂਸਲਰ ਤੇ ਕਾਂਗਰਸੀ ਆਗੂ ਹਾਜ਼ਰ ਸਨ।

ਹੈਰੋਇਨ ਸਮੇਤ ਇੱਕ ਕਾਬੂ

ਬਲਾਚੌਰ (ਜਸਵਿੰਦਰ ਬੈਂਸ)- ਪੰਜਾਬ ਸਰਕਾਰ ਅਤੇ ਪੰਜਾਬ ਪੁਲਿਸ ਵੱਲੋਂ ਨਸ਼ਿਆਂ ਦੇ ਖਿਲਾਫ਼ ਵਿੱਢੀ ਗਈ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਤਹਿਤ ਬਲਾਚੌਰ ਪੁਲਸ ਨੂੰ ਉਸ ਸਮੇਂ ਇੱਕ ਵੱਡੀ ਸਫਲਤਾ ਮਿਲੀ, ਜਦੋਂ ਨਾਕਾਬੰਦੀ ਦੌਰਾਨ ਇੱਕ ਨਸ਼ਾ ਤਸਕਰ ਨੂੰ ਹੈਰੋਇਨ ਸਮੇਤ ਗ੍ਰਿਫ਼ਤਾਰ ਕੀਤਾ ਗਿਆ। ਇਹ ਕਾਰਵਾਈ ਤੁਸ਼ਾਰ ਗੁਪਤਾ ਸੀਨੀਅਰ ਕਪਤਾਨ ਪੁਲਸ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਤੇ ਹੇਮੰਤ ਮਲਹੋਤਰਾ ਉਪ ਕਪਤਾਨ ਪੁਲਸ, ਸਬ ਡਵੀਜ਼ਨ ਬਲਾਚੌਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਅਮਲ ਵਿੱਚ ਲਿਆਂਦੀ ਗਈ। ਸਬ-ਇੰਸਪੈਕਟਰ ਬਿਕਰਮ ਸਿੰਘ, ਮੁੱਖ ਅਫ਼ਸਰ ਥਾਣਾ ਬਲਾਚੌਰ ਦੀ ਯੋਗ ਅਗਵਾਈ ਹੇਠ ਐੱਸ ਆਈ ਰਾਕੇਸ਼ ਪਾਲ ਸਮੇਤ ਪੁਲਸ ਪਾਰਟੀ ਜਦੋਂ ਪਿੰਡ ਮਹਿਤਪੁਰ ਨੇੜੇ ਪਾਂਧੀ ਦੇ ਭੱਠੇ ਕੋਲ ਮੌਜੂਦ ਸੀ, ਤਾਂ ਸੜਕ ਦੇ ਸੱਜੇ ਪਾਸੇ ਖਤਾਨਾਂ ਵਿੱਚ ਇੱਕ ਮੋਨਾ ਵਿਅਕਤੀ ਖੜ੍ਹਾ ਦਿਖਾਈ ਦਿੱਤਾ। ਪੁਲਸ ਪਾਰਟੀ ਨੇ ਮੁਸਤੈਦੀ ਦਿਖਾਉਂਦੇ ਹੋਏ ਸਾਥੀ ਕਰਮਚਾਰੀਆਂ ਦੀ ਮਦਦ ਨਾਲ ਉਕਤ ਵਿਅਕਤੀ ਨੂੰ ਕਾਬੂ ਕਰ ਲਿਆ। ਪੁੱਛਗਿੱਛ ਦੌਰਾਨ ਉਸਨੇ ਆਪਣੀ ਪਛਾਣ ਸਰਬਜੀਤ ਸਿੰਘ ਵਾਸੀ ਪਿੰਡ ਜਗਤਪੁਰ ਥਾਣਾ ਬਲਾਚੌਰ, ਵਜੋਂ ਦੱਸੀ।

ਤਲਾਸ਼ੀ ਲੈਣ 'ਤੇ ਉਸ ਦੇ ਕਬਜ਼ੇ ਵਿੱਚੋਂ ਇੱਕ ਮੋਮੀ ਲਿਫ਼ਾਫ਼ੇ ਵਿੱਚੋਂ 3.10 ਗ੍ਰਾਮ ਹੈਰੋਇਨ ਬ੍ਰਾਮਦ ਹੋਈ। ਪੁਲਸ ਵੱਲੋਂ ਦੋਸ਼ੀ ਖ਼ਿਲਾਫ਼ ਥਾਣਾ ਬਲਾਚੌਰ ਵਿਖ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।

ਜੰਤਰ ਮੰਤਰ ਵਿਖੇ 21 ਤੋਂ ਲਗਾਤਾਰ ਧਰਨਾ ਮਾਰਿਆ ਜਾਵੇਗਾ : ਸੁਭਾਸ਼ ਮੱਟੂ

ਨੰਗਲ (ਸੁਰਜੀਤ ਸਿੰਘ ਢੇਰ)- ਜਨਵਾਦੀ ਇਸਤਰੀ ਸਭਾ ਜ਼ਿਲ੍ਹਾ ਕਮੇਟੀ ਰੋਪੜ ਦੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਪ੍ਰਭਾ ਦੀ ਪ੍ਰਧਾਨਗੀ ਹੇਠ ਭੜੋਲੀਆਂ ਭਵਨ 'ਚ ਹੋਈ। ਇਸ ਮੀਟਿੰਗ ਵਿੱਚ ਸੂਬਾ ਪ੍ਰਧਾਨ ਬੀਬੀ ਸੁਭਾਸ਼ ਮੱਟੂ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ। ਉਨ੍ਹਾਂ ਨੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਦੇਸ਼ ਅੰਦਰ ਔਰਤਾਂ ਉਤੇ ਲਗਾਤਾਰ ਹਮਲੇ ਤੇਜ਼ ਹੁੰਦੇ ਜਾ ਰਹੇ ਹਨ। ਇੱਥੋਂ ਤੱਕ ਕਿ ਛੋਟੇ ਛੋਟੇ ਬੱਚਿਆਂ ਨੂੰ ਵੀ ਹਮਲਿਆਂ ਦਾ ਸ਼ਿਕਾਰ ਬਣਾਇਆ ਜਾ ਰਿਹਾ। ਉਹਨਾਂ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਦੇਸ਼ ਅੰਦਰ ਲਗਾਤਾਰ ਫਿਰਕਾ ਪ੍ਰਸਤੀ ਫੈਲਾ ਰਹੀ ਹੈ ਤੇ ਘੱਟ ਗਿਣਤੀ ਲੋਕਾਂ ਤੇ ਹਮਲੇ ਤੇਜ ਕਰ ਰਹੀ ਹੈ। ਲੋਕਾਂ ਨੂੰ ਦੇਸ਼ ਦੀਆਂ ਅਦਾਲਤਾਂ ਵਿੱਚ ਵੀ ਇਨਸਾਫ ਨਹੀਂ ਮਿਲ ਰਿਹਾ। ਬੀਬੀ ਸੁਭਾਸ਼ ਮੱਟੂ ਨੇ ਇਸਤਰੀਆਂ ਨੂੰ ਸੱਦਾ ਦਿੱਤਾ ਕਿ ਉਹ ਲਾਮਬੰਦ ਹੋ ਕੇ ਆਪਣੀਆਂ ਮੰਗਾਂ ਲਈ ਸੰਘਰਸ਼ ਨੂੰ ਹੋਰ ਤੇਜ਼ ਕਰਨ।ਉਹਨਾਂ ਨੇ ਕਿਹਾ ਕਿ ਮਨਰੇਗਾ ਵਿੱਚ ਵੱਡੇ ਪੱਧਰ ਤੇ ਔਰਤਾਂ ਕੰਮ ਕਰਕੇ ਆਪਣਾ ਪਰਿਵਾਰ ਪਾਲਦੀਆਂ ਸਨ ਪਰ ਮੋਦੀ ਸਰਕਾਰ ਨੇ ਉਹ ਵੀ ਹੱਕ ਉਹਨਾਂ ਕੋਲੋਂ ਖੋਹ ਲਿਆ ਹੈ। ਦੇਸ਼ ਵਿੱਚ ਮਹਿੰਗਾਈ ਲਗਾਤਾਰ ਵੱਧਦੀ ਜਾ ਰਹੀ ਹੈ।ਉਹਨਾਂ ਨੇ ਕਿਹਾ ਇਹ ਜਨਵਾਦੀ ਇਸਤਰੀ ਸਭਾ ਲਗਾਤਾਰ ਦੇਸ਼ ਪੱਧਰ ਤੇ ਸੰਘਰਸ਼ ਕਰ ਰਹੀ ਹੈ।10 ਅਗਸਤ ਨੂੰ ਜੇਲ ਭਰੋ ਅੰਦੋਲਨ ਸ਼ੁਰੂ ਕੀਤਾ ਜਾ ਰਿਹਾ। ਉਨ੍ਹਾਂ ਨੇ ਦੱਸਿਆ ਕਿ ਜਨਵਾਦੀ ਇਸਤਰੀ ਸਭਾ ਵੱਲੋਂ 21 ਜੁਲਾਈ ਤੋਂ ਜੰਤਰ ਮੰਤਰ ਤੇ ਲਗਾਤਾਰ ਧਰਨਾ ਮਾਰਿਆ ਜਾ ਰਿਹਾ ਹੈ। ਜਿਸ ਵਿਚ ਪੰਜਾਬ ਤੋਂ ਇਸਤਰੀਆਂ ਦਾ ਜਥਾ 13 ਅਗਸਤ ਨੂੰ ਸ਼ਾਮਲ ਹੋਵੇਗਾ ਜਿਸ ਵਿਚ ਮੰਗ ਕੀਤੀ ਜਾਵੇਗੀ ਕਿ ਔਰਤਾਂ ਨੂੰ 33 ਫੀਸਦੀ ਰਿਜ਼ਰਵੇਸ਼ਨ ਦਿਤੀ ਜਾਵੇ।ਉਹਨਾਂ ਨੇ ਪਿਛਲੇ ਸਮੇਂ ਦੀ ਮੈਂਬਰਸ਼ਿਪ ਦੀ ਵੀ ਰਿਪੋਰਟਿੰਗ ਕੀਤੀ।ਇਸ ਮੌਕੇ ਤੇ ਉਹਨਾਂ ਤੋਂ ਇਲਾਵਾ ਜ਼ਿਲ੍ਹਾ ਸਕੱਤਰ ਪ੍ਰੀਤੀ ਪ੍ਰਿਆ, ਨੀਤੂ ਮਾਧਰੀ, ਮਾਇਆ, ਸ਼ਕਤੀ, ਰੰਜੂ ਸ਼ਰਮਾ, ਰਣਜੀਤ ਕੌਰ, ਮੀਨਾ, ਮਮਤਾ, ਰੂਬੀ, ਕਾਂਤਾ ਵੀ ਹਾਜ਼ਰ ਸਨ। ਇਸ ਮੀਟਿੰਗ ਨੂੰ ਹੋਰਨਾਂ ਤੋਂ ਇਲਾਵਾ ਸਾਬਕਾ ਪ੍ਰਿੰਸੀਪਲ ਐੱਸਐੱਫ ਆਈ ਹਿਮਾਚਲ ਪ੍ਰਦੇਸ਼ ਦੇ ਸਾਬਕਾ ਪ੍ਰਧਾਨ ਰਾਜੀਵ ਮੇਜਰ ,ਵਿਜੇ ਸ਼ਰਮਾ ਨੇ ਵੀ ਸੰਬੋਧਨ ਕੀਤਾ। ਇਸ ਮੌਕੇ ਤੇ ਬਜਿੰਦਰ ਪੰਡਤ,ਜਸਵਿੰਦਰ ਸਿੰਘ ਭੰਗਲ, ਸਤਨਾਮ ਸਿੰਘ, ਮਹਿੰਦਰ ਸਿੰਘ ਸੰਗਤਪੁਰ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

ਨੌਜੁਆਨੀ ਨੂੰ ਖੇਡਾਂ ਨਾਲ ਜੋੜਨਾ ਅਤਿਅੰਤ ਜ਼ਰੂਰੀ : ਗੁਰਦੇਵ ਗਿੱਲ

ਮਾਹਿਲਪੁਰ (ਸ.ਫਰੀ)- ਓਲੰਪੀਅਨ ਸਵ: ਜਰਨੈਲ ਸਿੰਘ ਪਨਾਮ ਦੇ ਪਦਚਿੰਨ੍ਹਾਂ 'ਤੇ ਚੱਲਦਿਆਂ ਫੁੱਟਬਾਲ ਦੀ ਖੇਡ 'ਚ ਅੰਤਰਰਾਸ਼ਟਰੀ ਪੱਧਰ ਤੇ ਧਾਂਕ ਜਮਾਉਣ ਵਾਲੇ ਅਰਜਨਾ ਐਵਾਰਡੀ ਫੁੱਟਬਾਲਰ ਗੁਰਦੇਵ ਸਿੰਘ ਗਿੱਲ ਦੇਸ਼ ਤੇ ਸੂਬੇ ਦੇ ਖੇਡਾਂ ਦੇ ਖੇਤਰ ਵਿੱਚ ਆਏ ਨਿਘਾਰ ਤੋਂ ਬੇਹੱਦ ਚਿੰਤਤ ਨੇ ਤੇ ਨਵੀਂ ਪੀੜ੍ਹੀ ਨੂੰ ਖੇਡਾਂ ਨਾਲ ਜੋੜਨ ਲਈ ਨਿਰੰਤਰ ਸਰਗਰਮ ਤੇ ਯਤਨਸ਼ੀਲ ਰਹਿੰਦੇ ਹਨ।ਆਪਣੇ ਵੇਲੇ ਦੇ ਖਿਡਾਰੀਆਂ ਇੰਦਰ ਸਿੰਘ, ਗੁਰਕ੍ਰਿਪਾਲ ਸਿੰਘ ਪਾਲੀ, ਕੇਸੋ ਕ੍ਰਿਪਾਲ ਸਿੰਘ ਬੱਡੋਂ, ਕਾਲੇਵਾਲ ਫੱਤੂ ਦੇ ਪੁਰੇਵਾਲ ਭਰਾਵਾਂ ਵਲੋਂ ਕੀਤੀ ਮਿਹਨਤ ਤੇ ਉਨ੍ਹਾਂ ਦੀਆਂ ਪ੍ਰਾਪਤੀਆਂ ਦੀ ਅਕਸਰ ਚਰਚਾ ਕਰਨ ਵਾਲੇ ਗੁਰਦੇਵ ਗਿੱਲ ਨਵੀਂ ਪੀੜ੍ਹੀ 'ਚ ਖੇਡ ਦੀ ਭਾਵਨਾ, ਚਾਅ, ਅਨੁਸ਼ਾਸਨ ਤੇ ਲਗਨ ਦੀ ਘਾਟ ਨੂੰ ਖੇਡਾਂ 'ਚ ਆਏ ਨਿਘਾਰ ਲਈ ਜ਼ਿੰਮੇਵਾਰ ਮੰਨਦੇ ਹਨ।ਉਨ੍ਹਾਂ ਕਿਹਾ ਕਿ ਹਰ ਪਿੰਡ ਹਰ ਸ਼ਹਿਰ ਵਿੱਚ ਵਧੀਆ ਖੇਡ ਮੈਦਾਨਾਂ, ਕੋਚ ਸਾਹਿਬਾਨਾਂ ਤੇ ਹੋਰ ਸਾਰੀਆਂ ਸੁੱਖ ਸਹੂਲਤਾਂ ਮਿਲਣ ਦੇ ਬਾਵਜੂਦ ਪਹਿਲਾਂ ਵਰਗੇ ਉਸਤਾਦਾਂ ਦੇ ਆਗਿਆਕਾਰ ਤੇ ਨਾਮਵਰ ਖਿਡਾਰੀ ਪੈਦਾ ਨਹੀਂ ਹੋ ਰਹੇ, ਜਿਸ ਲਈ ਗੰਭੀਰਤਾ ਨਾਲ ਸੋਚ ਵਿਚਾਰ ਕਰਨ ਦੀ ਲੋੜ ਹੈ। ਸਰਕਾਰਾਂ ਵਲੋਂ ਵੀ ਫੋਕੀ ਇਸ਼ਤਿਹਾਰਬਾਜ਼ੀ ਛੱਡ ਯੋਗ ਖੇਡ ਨੀਤੀ ਬਣਾ ਉੱਭਰਦੇ ਖਿਡਾਰੀਆਂ ਨੂੰ ਲੋੜੀਂਦੀ ਮਦਦ ਪ੍ਰਦਾਨ ਕਰਕੇ ਉਤਸ਼ਾਹਿਤ ਕਰਨ ਤੇ ਸੰਭਾਲਣ ਦੀ ਲੋੜ ਹੈ।ਉਨ੍ਹਾਂ ਮਾਹਿਲਪੁਰ ਦੇ ਫੁੱਟਬਾਲ ਖਿਡਾਰੀਆਂ ਤੇ ਖੇਡ ਪ੍ਰੇਮੀਆਂ ਵਲੋਂ ਨਵੀਂ ਸਥਾਪਿਤ ਕੀਤੀ ਫੁੱਟਬਾਲ ਪਲੇਅਰਜ਼ ਵੈਲਫੇਅਰ ਸੁਸਾਇਟੀ ਮਾਹਿਲਪੁਰ ਨੂੰ ਨਵੀਂ ਪੀੜ੍ਹੀ ਦੇ ਖਿਡਾਰੀਆਂ ਦੀ ਹੌਸਲਾਂ ਅਫਜ਼ਾਈ ਤੇ ਪੁਰਾਣੇ ਖਿਡਾਰੀਆਂ ਦੀ ਆਪਸੀ ਸਾਂਝ ਮਜ਼ਬੂਤ ਬਣਾਈ ਰੱਖਣ ਲਈ ਇੱਕ ਸ਼ਲਾਘਾਯੋਗ ਕਦਮ ਦੱਸਿਆ ਤੇ ਖੁਦ ਸਰਪ੍ਰਸਤ ਹੋਣ ਦੇ ਨਾਤੇ ਹਰ ਤਰ੍ਹਾਂ ਦਾ ਸਹਿਯੋਗ ਦੇਣ ਦਾ ਭਰੋਸਾ ਦਿੱਤਾ।ਉਨ੍ਹਾਂ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਰੂਪੀ ਕੋਹੜ ਤੋਂ ਬਚਣ ਤੇ ਗਲਤ ਸੰਗਤ ਤੋਂ ਦੂਰ ਰਹਿ ਕੇ ਆਪਸੀ ਲੜਾਈ ਝਗੜਿਆਂ ਤੋਂ ਬਚ ਕੇ ਕੁਦਰਤ ਦੇ ਅਨਮੋਲ ਵਰਦਾਨ ਜ਼ਿੰਦਗੀ ਨੂੰ ਬਿਹਤਰ ਢੰਗ ਨਾਲ ਜਿਊਣ ਤੇ ਸਮੇਂ ਦੀ ਕਦਰ ਕਰਨ ਲਈ ਸੰਦੇਸ਼ ਦਿੱਤਾ।ਇਸ ਮੌਕੇ ਉਨ੍ਹਾਂ ਨਾਲ ਡੀ ਐਸ ਪੀ ਸੁਰਿੰਦਰਪਾਲ ਸਿੰਘ, ਇੰਸ: ਗੁਰਦਿਆਲ ਸਿੰਘ ਬੈਂਸ, ਟਹਿਲ ਸਿੰਘ ਚਾਹਲ ਕੈਨੇਡੀਅਨ, ਤਲਵਿੰਦਰ ਸਿੰਘ ਹੀਰ ਨੰਗਲ ਖਿਲਾੜੀਆਂ ਸਮੇਤ ਖਿਡਾਰੀ ਤੇ ਖੇਡ ਪ੍ਰੇਮੀ ਹਾਜ਼ਰ ਸਨ।

ਸਿੱਧੂ ਨੇ ਐੱਸ ਆਈ ਆਰ ਮੁਹਿੰਮ 'ਚ ਵੱਧ-ਚੜ੍ਹ ਕੇ ਹਿੱਸਾ ਲੈਣ ਦੀ ਕੀਤੀ ਅਪੀਲ

ਮੋਹਾਲੀ (ਗੁਰਜੀਤ ਬਿੱਲਾ)- ਸਾਬਕਾ ਸਿਹਤ ਮੰਤਰੀ ਤੇ ਸੀਨੀਅਰ ਕਾਂਗਰਸੀ ਆਗੂ ਬਲਬੀਰ ਸਿੰਘ ਸਿੱਧੂ ਨੇ ਹਲਕਾ ਮੋਹਾਲੀ ਦੇ ਨੌਜਵਾਨਾਂ, ਬਜ਼ੁਰਗਾਂ ਅਤੇ ਮਹਿਲਾਵਾਂ ਨੂੰ ਅਪੀਲ ਕੀਤੀ ਹੈ ਕਿ ਉਹ ਭਾਰਤ ਦੇ ਚੋਣ ਕਮਿਸ਼ਨ ਵੱਲੋਂ ਚਲਾਈ ਜਾ ਰਹੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ ਮੁਹਿੰਮ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ ਅਤੇ ਆਪਣੇ ਵੋਟ ਦੇ ਅਧਿਕਾਰ ਦੀ ਰੱਖਿਆ ਨੂੰ ਯਕੀਨੀ ਬਣਾਉਣ।ਸਿੱਧੂ ਨੇ ਕਿਹਾ ਕਿ ਲੋਕਤੰਤਰ ਵਿੱਚ ਵੋਟ ਸਭ ਤੋਂ ਵੱਡੀ ਤਾਕਤ ਹੈ। ਵੋਟਰ ਕਾਰਡ ਰਾਹੀਂ ਹੀ ਹਰ ਨਾਗਰਿਕ ਆਪਣੇ ਸੰਵਿਧਾਨਕ ਅਧਿਕਾਰਾਂ ਦੀ ਰੱਖਿਆ ਕਰ ਸਕਦਾ ਹੈ ਅਤੇ ਆਪਣੇ ਨੁਮਾਇੰਦਿਆਂ, ਜ਼ਿਲ੍ਹਾ ਪ੍ਰੀਸ਼ਦਾਂ, ਨਗਰ ਕੌਂਸਲਾਂ ਅਤੇ ਹੋਰ ਲੋਕਤੰਤਰੀ ਸੰਸਥਾਵਾਂ ਲਈ ਆਪਣੇ ਮਨਪਸੰਦ ਉਮੀਦਵਾਰ ਦੀ ਚੋਣ ਕਰ ਸਕਦਾ ਹੈ। ਇਸ ਲਈ ਹਰ ਯੋਗ ਨਾਗਰਿਕ ਨੂੰ ਆਪਣੀ ਵੋਟ ਦੀ ਪੁਸ਼ਟੀ ਕਰਵਾਉਣੀ ਅਤੇ ਇਸ ਨੂੰ ਸੁਰੱਖਿਅਤ ਰੱਖਣਾ ਬਹੁਤ ਜ਼ਰੂਰੀ ਹੈ।ਉਨ੍ਹਾਂ ਕਿਹਾ ਕਿ ਐੱਸ ਆਈ ਆਰ ਮੁਹਿੰਮ ਦਾ ਮਕਸਦ ਹਰ ਯੋਗ ਵੋਟਰ ਦਾ ਨਾਮ ਵੋਟਰ ਸੂਚੀ ਵਿੱਚ ਸਹੀ ਢੰਗ ਨਾਲ ਦਰਜ ਕਰਨਾ ਹੈ ਤਾਂ ਜੋ ਕਿਸੇ ਵੀ ਯੋਗ ਨਾਗਰਿਕ ਦਾ ਵੋਟ ਦਾ ਹੱਕ ਪ੍ਰਭਾਵਿਤ ਨਾ ਹੋਵੇ। ਉਨ੍ਹਾਂ ਕਿਹਾ ਕਿ ਬਿਹਾਰ, ਕਰਨਾਟਕ, ਮਹਾਰਾਸ਼ਟਰ ਅਤੇ ਹਰਿਆਣਾ ਵਰਗੇ ਰਾਜਾਂ ਵਿੱਚ ਵੱਡੀ ਗਿਣਤੀ ਵਿੱਚ ਨਾਗਰਿਕਾਂ ਦੇ ਨਾਮ ਵੋਟਰ ਸੂਚੀ ਵਿੱਚੋਂ ਕੱਟੇ ਜਾਣ ਦੀਆਂ ਘਟਨਾਵਾਂ ਸਾਹਮਣੇ ਆਈਆਂ ਹਨ। ਅਜਿਹੀ ਸਥਿਤੀ ਤੋਂ ਬਚਣ ਲਈ ਹਰ ਵਿਅਕਤੀ ਨੂੰ ਇਸ ਮੁਹਿੰਮ ਵਿੱਚ ਸਰਗਰਮ ਭੂਮਿਕਾ ਨਿਭਾਉਣੀ ਚਾਹੀਦੀ ਹੈ।ਬਲਬੀਰ ਸਿੰਘ ਸਿੱਧੂ ਨੇ ਖ਼ਾਸ ਤੌਰ 'ਤੇ ਨੌਜਵਾਨਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਨੌਕਰੀ, ਕਾਰੋਬਾਰ ਜਾਂ ਹੋਰ ਰੁਝੇਵਿਆਂ ਦੇ ਬਾਵਜੂਦ ਉਹ ਆਪਣੇ ਕੀਮਤੀ ਸਮੇਂ ਵਿੱਚੋਂ ਕੁਝ ਸਮਾਂ ਕੱਢ ਕੇ ਐੱਸ ਆਈ ਆਰ ਮੁਹਿੰਮ ਵਿੱਚ ਜ਼ਰੂਰ ਹਿੱਸਾ ਲੈਣ। ਸਿੱਧੂ ਨੇ ਆਪਣਾ ਨਿੱਜੀ ਨੰਬਰ ਸਾਂਝਾ ਕਰਦਿਆਂ ਕਿਹਾ ਕਿ ਜੇਕਰ ਕਿਸੇ ਵੀ ਵਿਅਕਤੀ ਨੂੰ ਐੱਸ ਆਈ ਆਰ ਮੁਹਿੰਮ, ਵੋਟਰ ਸੂਚੀ ਜਾਂ ਫਾਰਮ ਭਰਨ ਸਬੰਧੀ ਕਿਸੇ ਵੀ ਤਰ੍ਹਾਂ ਦੀ ਮੁਸ਼ਕਲ ਆਉਂਦੀ ਹੈ ਤਾਂ ਉਹ ਮੇਰੇ ਨੰਬਰ 9872671010 'ਤੇ ਸੰਪਰਕ ਕਰ ਸਕਦਾ ਹੈ।

ਨਵਜੰਮੇ ਬੱਚੇ ਦੀ ਕੀਤੀ ਜੀਵਨ ਰੱਖਿਅਕ ਸਰਜਰੀ

ਮੋਹਾਲੀ (ਗੁਰਜੀਤ ਬਿੱਲਾ)- ਪਾਰਕ ਹਸਪਤਾਲ ਮੋਹਾਲੀ ਦੇ ਡਾਕਟਰਾਂ ਨੇ 16 ਘੰਟੇ ਦੇ ਇੱਕ ਨਵਜੰਮੇ ਬੱਚੇ ਦੀ ਸਫਲ ਜੀਵਨ ਰੱਖਿਅਕ ਸਰਜਰੀ ਕੀਤੀ ਹੈ, ਜਿਸ ਵਿੱਚ ਜਨਮਜਾਤ ਡਾਇਆਫ੍ਰਾਮਿਕ ਹਰਨੀਆ (ਸੀ ਡੀ ਐੱਚ) ਦੁਰਲੱਭ ਬੀਮਾਰੀ ਦਾ ਪਤਾ ਲੱਗਿਆ ਸੀ।ਸੀ ਡੀ ਐੱਚ ਇੱਕ ਗੰਭੀਰ ਜਨਮਜਾਤ ਨੁਕਸ ਹੈ ਜੋ ਲਗਭਗ 10,000 ਵਿੱਚੋਂ 1 ਤੋਂ 4 ਬੱਚਿਆਂ ਵਿੱਚ ਦੇਖਿਆ ਜਾਂਦਾ ਹੈ। ਇਸ ਵਿੱਚ ਡਾਇਆਫ੍ਰਾਮ (ਪੇਟ ਅਤੇ ਛਾਤੀ ਦੇ ਵਿਚਕਾਰ ਦੀ ਝਿੱਲੀ) ਵਿੱਚ ਨੁਕਸ ਹੋਣ ਕਾਰਨ ਪੇਟ ਦੇ ਅੰਗ ਛਾਤੀ ਦੀ ਕੈਵਿਟੀ (ਖੋਖਲੇ ਹਿੱਸੇ) ਵਿੱਚ ਚਲੇ ਜਾਂਦੇ ਹਨ, ਜਿਸ ਨਾਲ ਫੇਫੜਿਆਂ ਦੇ ਵਿਕਾਸ ਅਤੇ ਸਾਹ ਲੈਣ ਦੀ ਪ੍ਰਕਿਰਿਆ ਪ੍ਰਭਾਵਿਤ ਹੁੰਦੀ ਹੈ।ਗਰਭ ਅਵਸਥਾ ਦੌਰਾਨ ਜਣੇਪੇ ਤੋਂ ਪਹਿਲਾਂ ਦੇ ਅਲਟਰਾਸਾਊਂਡ ਰਾਹੀਂ ਨਵਜੰਮੇ ਬੱਚੇ ਵਿੱਚ ਇਸ ਬੀਮਾਰੀ ਦਾ ਪਤਾ ਚੱਲਿਆ ਸੀ। ਜਨਮ ਦੇ ਤੁਰੰਤ ਬਾਅਦ, ਬੱਚੇ ਨੂੰ ਸਾਹ ਲੈਣ ਵਿੱਚ ਤਕਲੀਫ਼ ਹੋਣ ਲੱਗੀ ਅਤੇ ਉਸਦੀ ਹਾਲਤ ਨੂੰ ਸਥਿਰ ਕਰਨ ਅਤੇ ਵੈਂਟੀਲੇਟਰ ਸਪੋਰਟ ਲਈ ਉਸ ਨੂੰ ਤੁਰੰਤ ਪਾਰਕ ਹਸਪਤਾਲ ਦੇ ਨਿਓਨੇਟਲ ਇੰਟੈਂਸਿਵ ਕੇਅਰ ਯੂਨਿਟ ਵਿੱਚ ਸ਼ਿਫਟ ਕਰ ਦਿੱਤਾ ਗਿਆ।ਜਾਂਚ ਦੌਰਾਨ ਡਾਕਟਰਾਂ ਨੇ ਦੇਖਿਆ ਕਿ ਲਿਵਰ ਦਾ ਸੱਜਾ ਹਿੱਸਾ, ਗਾਲਬਲੈਡਰ, ਅਤੇ ਛੋਟੀ ਤੇ ਵੱਡੀ ਆਂਦਰ ਦੇ ਕੁਝ ਹਿੱਸੇ ਛਾਤੀ ਦੀ ਸੱਜੀ ਕੈਵਿਟੀ ਵਿੱਚ ਚਲੇ ਗਏ ਸਨ, ਜਿਸ ਨਾਲ ਵਿਕਸਿਤ ਹੋ ਰਹੇ ਫੇਫੜੇ ਕਾਫ਼ੀ ਹੱਦ ਤੱਕ ਦੱਬ ਗਏ ਸਨ।ਬੱਚੇ ਦੀ ਸਥਿਤੀ ਨੂੰ ਸਾਵਧਾਨੀਪੂਰਵਕ ਸਥਿਰ ਕਰਨ ਤੋਂ ਬਾਅਦ ਪਾਰਕ ਹਸਪਤਾਲ ਮੋਹਾਲੀ ਦੀ ਪੀਡੀਆਟ੍ਰਿਕ ਸਰਜਨ ਅਤੇ ਪੀਡੀਆਟ੍ਰਿਕ ਯੂਰੋਲੋਜਿਸਟ ਡਾ. ਹਰਸ਼ਿਤਾ ਕੌਰ ਵੱਲੋਂ ਇੱਕ ਸਫਲ ਜੀਵਨ ਰੱਖਿਅਕ ਸਰਜਰੀ ਕੀਤੀ ਗਈ।

ਕੌਰ ਸਿਸਟਰਜ਼ ਵੱਲੋਂ ਗਾਇਆ ਭਜਨ 'ਵੇਖਣ ਜਾਣਾ ਮੇਲਾ' ਰਿਲੀਜ਼

ਬੰਗਾ (ਅਵਤਾਰ ਕਲੇਰ)- ਦਰਬਾਰ ਸੱਯਦ ਉੱਲ ਸ਼ੇਖ਼ ਬਾਬਾ ਦਾਤਾ ਅਬਦੁੱਲਾ ਸ਼ਾਹ ਜੀ ਕਾਦਰੀ ਅਤੇ ਦਾਤਾ ਅਲੀ ਅਹਿਮਦ ਸ਼ਾਹ ਜੀ ਕਾਦਰੀ ਰੋਜ਼ਾ ਸ਼ਰੀਫ ਮੰਢਾਲੀ ਵਿਖੇ ਪ੍ਰਸਿੱਧ ਗੋਲਡ ਮੈਡਲਿਸਟ ਗਾਇਕ ਭੈਣਾਂ ਕੌਰ ਸਿਸਟਰਜ਼ ਅਤੇ ਬੇਬੀ ਏ ਕੌਰ ਵਲੋਂ ਗਾਇਆ ਭਜਨ ਵੇਖਣ ਜਾਣਾ ਮੇਲਾ ਦਰਬਾਰ ਦੇ ਗੱਦੀ ਨਸ਼ੀਨ ਸਾਈਂ ਉਮਰੇ ਸ਼ਾਹ ਜੀ ਵਲੋਂ ਪੋਸਟਰ ਜ਼ਾਰੀ ਕਰਕੇ ਰਿਲੀਜ਼ ਕੀਤਾ। ਗੀਤਕਾਰ ਰਣਵੀਰ ਬੇਰਾਜ ਚੱਕਰਾਮੂੰ ਵਲੋਂ ਕਲਮਬੱਧ ਕੀਤਾ ਗਿਆ ਹੈ ਅਤੇ ਇਸ ਦਾ ਮਿਊਜ਼ਿਕ ਵੀ ਰਣਵੀਰ ਬੇਰਾਜ ਵਲੋਂ ਤਿਆਰ ਕੀਤਾ ਗਿਆ ਹੈ। ਇਸ ਭਜਨ ਲਈ ਨੂਰ ਮੁਹੰਮਦ ਖਾਨਖਾਨਾ, ਡਾ. ਕੁਲਵੰਤ ਸਿੰਘ ਰਾਮਾ, ਚਾਂਦੀ ਥੰਮਣ ਵਾਲੀਆ,ਕੁਲਵੰਤ ਸਰੋਆ, ਮਨਮੀਤ ਕੌਰ, ਸੰਜੀਵ ਬਾਠ, ਕਾਲਾ ਮਖ਼ਸੂਸਪੁਰੀ, ਕਮਲ ਮੰਢਾਲੀ, ਮਲਕੀਤ ਮੰਢਾਲੀ ਦਾ ਵਿਸ਼ੇਸ਼ ਸਹਿਯੋਗ ਰਿਹਾ।

ਸੇਫ਼ ਸਕੂਲ ਵਾਹਨ ਪਾਲਿਸੀ ਤਹਿਤ ਸਕੂਲ ਬੱਸਾਂ ਦੀ ਚੈਕਿੰਗ, 4 ਸਕੂਲ ਬੱਸਾਂ ਦੇ ਚਲਾਨ

ਜਲੰਧਰ, (ਸ਼ੈਲੀ ਐਲਬਰਟ)- ਸਕੂਲੀ ਵਿਦਿਆਰਥੀਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਅਜੈ ਭਾਰਤੀ ਦੀ ਅਗਵਾਈ ਵਿੱਚ ਅੱਜ ਸੇਫ਼ ਸਕੂਲ ਵਾਹਨ ਪਾਲਿਸੀ ਤਹਿਤ ਵੱਖ-ਵੱਖ ਸਕੂਲ ਬੱਸਾਂ ਦੀ ਚੈਕਿੰਗ ਕੀਤੀ ਗਈ, ਜਿਸ ਦੌਰਾਨ 4 ਸਕੂਲ ਬੱਸਾਂ ਦੇ ਚਲਾਨ ਕੀਤੇ ਗਏ। ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਨੇ ਦੱਸਿਆ ਕਿ ਬੀ.ਐਮ.ਸੀ. ਚੌਕ ਸਮੇਤ ਵੱਖ-ਵੱਖ ਥਾਈਂ ਸਕੂਲ ਬੱਸਾਂ ਦੀ ਚੈਕਿੰਗ ਕੀਤੀ ਗਈ, ਜਿਸ ਦੌਰਾਨ ਸਕੂਲ ਬੱਸ ਵਿੱਚ ਲੇਡੀ ਅਟੈਂਡੈਂਟ, ਪਲਿਊਸ਼ਨ ਸਰਟੀਫਿਕੇਟ, ਲਾਇਸੈਂਸ ਅਤੇ ਫਸਟ ਏਡ ਕਿੱਟ ਸਮੇਤ ਸੇਫ ਸਕੂਲ ਵਾਹਨ ਪਾਲਿਸੀ ਦੀਆਂ ਹੋਰ ਸ਼ਰਤਾਂ ਪੂਰੀਆਂ ਨਾ ਕਰਨ ਵਾਲੀਆਂ 4 ਸਕੂਲ ਬੱਸਾਂ ਦੇ ਚਲਾਨ ਕੀਤੇ ਗਏ ਹਨ।ਚੈਕਿੰਗ ਟੀਮ ਵਿੱਚ ਦਫ਼ਤਰ ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਤੋਂ ਗੌਰਵ ਕੁਮਾਰ, ਸਿੱਖਿਆ ਵਿਭਾਗ ਤੋਂ ਪ੍ਰਿੰਸੀਪਲ ਤਜਿੰਦਰ ਸਿੰਘ ਤੇ ਨਰੇਸ਼ ਕੁਮਾਰ ਅਤੇ ਇੰਸਪੈਕਟਰ ਦਲਜੀਤ ਸਿੰਘ ਸ਼ਾਮਲ ਸਨ। ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਨੇ ਸਾਰੇ ਸਕੂਲਾਂ ਦੇ ਪ੍ਰਿੰਸੀਪਲਾਂ ਨੂੰ ਹਦਾਇਤ ਕੀਤੀ ਕਿ ਹਰ ਸਕੂਲ ਵਾਹਨ ਦਾ ਪਾਲਿਸੀ ਦੀਆਂ ਸ਼ਰਤਾਂ ਅਨੁਸਾਰ ਹੋਣਾ ਲਾਜ਼ਮੀ ਹੈ। ਉਨ੍ਹਾਂ ਕਿਹਾ ਕਿ ਬੱਚਿਆਂ ਦੀ ਸੁਰੱਖਿਆ ਸਭ ਤੋਂ ਪਹਿਲੀ ਤਰਜੀਹ ਹੈ ਅਤੇ ਸੇਫ਼ ਸਕੂਲ ਵਾਹਨ ਪਾਲਿਸੀ ਦੀਆਂ ਹਦਾਇਤਾਂ ਦੀ ਪਾਲਣਾ ਯਕੀਨੀ ਬਣਾਈ ਜਾਵੇ।

ਬੁੱਕ ਐਂਡ ਬੈਗ ਕੀਪਿੰਗ ਪ੍ਰਤਿਯੋਗਤਾ ਕਰਵਾਈ

ਕਪੂਰਥਲਾ (ਹਨੀ)- ਰੇਲ ਕੋਚ ਫੈਕਟਰੀ ਸਾਹਮਣੇ ਸਥਿਤ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਵਿਖੇ ਡਾਇਰੈਕਟਰ ਇੰਜ. ਹਰਨਿਆਮਤ ਕੌਰ ਦੀ ਅਗਵਾਈ 'ਚ ਨਰਸਰੀ ਤੋਂ ਪਹਿਲੀ ਜਮਾਤ ਦੇ ਵਿਦਿਆਰਥੀ ਦਰਮਿਆਨ 'ਬੁੱਕ ਐਂਡ ਬੈਗ ਕੀਪਿੰਗ' ਅਤੇ 'ਆਈਡੀਅਲ ਸਟੂਡੈਂਟ' ਦੀ ਪ੍ਰਤਿਯੋਗਿਤਾ ਕਰਵਾਈ ਗਈ। ਇਸ ਪ੍ਰਤੀਯੋਗਿਤਾ ਰਾਹੀਂ ਛੋਟੇ ਵਿਦਿਆਰਥੀਆਂ ਨੂੰ ਆਪਣੀਆਂ ਕਿਤਾਬਾਂ ਅਤੇ ਬੈਗ ਨੂੰ ਸਾਫ ਸੁਥਰਾ ਰੱਖਣ ਦੇ ਮਹੱਤਵ ਨੂੰ ਸਮਝਾਇਆ ਗਿਆ। ਆਈਡੀਅਲ ਸਟੂਡੈਂਟਸ ਦੀ ਪ੍ਰਤੀਯੋਗਿਤਾ ਵਿਚ ਪਹਿਲੀ ਰੋਜ਼ ਜਮਾਤ ਦੀ ਸੇਜਲਪ੍ਰੀਤ ਕੌਰ, ਪਹਿਲੀ ਜੈਸਮੀਨ ਜਮਾਤ ਦੀ ਅਨੰਨਿਆ ਵਰਮਾ ਤੇ ਪਹਿਲੀ ਲਿਲੀ ਜਮਾਤ ਦਾ ਅੰਸ਼ੁਲ ਜੇਤੂ ਰਹੇ। ਯੂ ਕੇ ਜੀ ਰੋਜ਼ ਦਾ ਕਰਮਜੋਤ ਸਿੰਘ ਤੇ ਯੂ ਕੇ ਜੀ ਜੈਸਮੀਨ ਦੀ ਗੁਰਕੀਰਤ ਕੌਰ ਜੇਤੂ ਰਹੇ। ਐਲ ਕੇ ਜੀ ਰੋਜ਼ ਜਮਾਤ 'ਚੋਂ ਵਾਰਿਸ ਸਿੰਘ ਅਤੇ ਐਲ ਕੇ ਜੀ ਜੈਸਮੀਨ ਜਮਾਤ 'ਚੋਂ ਨਵਰਤ ਸਿੰਘ ਜੇਤੂ ਰਹੇ। ਇਸੇ ਤਰ੍ਹਾਂ ਨਰਸਰੀ ਰੋਜ਼ ਦਾ ਜੋਰਾਵਰ ਸਿੰਘ ਅਤੇ ਨਰਸਰੀ ਜੈਸਮੀਨ ਦੀ ਅਸੀਸ ਕੌਰ ਜੇਤੂ ਰਹੇ। ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ, ਡਾਇਰੈਕਟਰ ਇੰਜ. ਹਰਨਿਆਮਤ ਕੌਰ ਅਤੇ ਪ੍ਰਸ਼ਾਸ਼ਕ ਇੰਜ. ਨਿਮਰਤਾ ਕੌਰ ਅਤੇ ਹੋਰ ਸਟਾਫ ਮੈਂਬਰ ਹਾਜਰ ਸਨ । ਜੇਤੂ ਰਹੇ ਵਿਦਿਆਰਥੀਆਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ।

ਪਲੇਸਮੈਂਟ ਕੈਂਪ ਅੱਜ

ਮੁਹਾਲੀ (ਗੁਰਜੀਤ ਬਿੱਲਾ)- ਮਾਡਲ ਕਰੀਅਰ ਸੈਂਟਰ (ਐੱਮ ਸੀ ਸੀ)/ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ (ਡੀ ਬੀ ਈ ਈ), ਐੱਸ ਏ ਐੱਸ ਨਗਰ ਵੱਲੋਂ ਬੇਰੋਜ਼ਗਾਰ ਨੌਜਵਾਨਾਂ ਨੂੰ ਰੋਜ਼ਗਾਰ ਦੇ ਮੌਕੇ ਪ੍ਰਦਾਨ ਕਰਨ ਦੇ ਉਦੇਸ਼ ਨਾਲ 9 ਜੁਲਾਈ ਨੂੰ ਸਵੇਰੇ 9:00 ਵਜੇ ਤੋਂ ਦੁਪਹਿਰ 1:00 ਵਜੇ ਤੱਕ ਪਲੇਸਮੈਂਟ ਕੈਂਪ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਹ ਪਲੇਸਮੈਂਟ ਕੈਂਪ ਜਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਤੀਜੀ ਮੰਜ਼ਿਲ, ਕਮਰਾ ਨੰਬਰ 461, ਜਿਲ੍ਹਾ ਪ੍ਰਬੰਧਕੀ ਕੰਪਲੈਕਸ, ਸੈਕਟਰ-76, ਮੋਹਾਲੀ ਵਿਖੇ ਲਗਾਇਆ ਜਾਵੇਗਾ। ਇਸ ਕੈਂਪ ਵਿੱਚ ਕਾਵੇਰੀ ਸਰਵਿਸਿਜ਼ ਨੀਟ ਲਿਮਿਟਡ, ਈਕਲੈਰਕਸ ਅਤੇ ਆਰ ਐੱਸ. ਮੈਨਪਾਵਰ ਪ੍ਰੋਵਾਈਡਰ ਵਰਗੀਆਂ ਨਾਮਵਰ ਕੰਪਨੀਆਂ ਵੱਲੋਂ ਭਰਤੀ ਕੀਤੀ ਜਾਵੇਗੀ। ਉਮੀਦਵਾਰਾਂ ਲਈ ਟ੍ਰੈਵਲ ਏਜੰਟ, ਡੈਬਟ ਰਿਕਵਰੀ ਏਜੰਟ, ਐੱਚ.ਆਰ ਰਿਕਰੂਟਰ, ਰਿਲੇਸ਼ਨਸ਼ਿਪ ਮੈਨੇਜਰ (ਆਈ.ਸੀ.ਆਈ.ਸੀ.ਆਈ ਬੈਂਕ ਪਲੇਸਮੈਂਟ ਪ੍ਰੋਗਰਾਮ) ਇੰਟਰਨੈਸ਼ਨਲ ਵੋਇਸ ਪ੍ਰੋਸੈੱਸ ਅਤੇ ਟੈਲੀਕਾਲਰ ਵੱਖ-ਵੱਖ ਅਸਾਮੀਆਂ ਲਈ ਮੌਕੇ ਉਪਲਬਧ ਹੋਣਗੇ।ਇਨ੍ਹਾਂ ਅਸਾਮੀਆਂ ਲਈ 12ਵੀਂ ਪਾਸ ਤੋਂ ਲੈ ਕੇ ਗ੍ਰੈਜੂਏਟ ਉਮੀਦਵਾਰ ਆਪਣੀ ਯੋਗਤਾ ਅਨੁਸਾਰ ਹਿੱਸਾ ਲੈ ਸਕਦੇ ਹਨ। ਚੁਣੇ ਜਾਣ ਵਾਲੇ ਉਮੀਦਵਾਰਾਂ ਨੂੰ ਕੰਪਨੀ ਦੇ ਨਿਯਮਾਂ ਅਨੁਸਾਰ ਆਕਰਸ਼ਕ ਤਨਖਾਹ ਅਤੇ ਹੋਰ ਲਾਭ ਪ੍ਰਦਾਨ ਕੀਤੇ ਜਾਣਗੇ।

ਸ਼ਹੀਦੀ ਜੋੜ ਮੇਲੇ ਦੀਆਂ ਤਿਆਰੀਆਂ ਜ਼ੋਰਾਂ 'ਤੇ : ਬਾਬਾ ਗੁਰਮੀਤ ਸਿੰਘ

ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)- ਗੁਰਦੁਆਰਾ ਜਨਮ ਅਸਥਾਨ ਸੰਤ ਬਾਬਾ ਨਿਧਾਨ ਸਿੰਘ ਜੀ ਪਿੰਡ ਨਡਾਲੋਂ ਵਿਖੇ ਸੰਤ ਬਾਬਾ ਨਰਿੰਦਰ ਸਿੰਘ-ਸੰਤ ਬਾਬਾ ਬਲਵਿੰਦਰ ਸਿੰਘ ਸ੍ਰੀ ਹਜ਼ੂਰ ਸਾਹਿਬ ਵਾਲਿਆਂ ਜੀ ਦੀ ਸਰਪ੍ਰਸਤੀ ਅਤੇ ਜਥੇਦਾਰ ਬਾਬਾ ਗੁਰਮੀਤ ਸਿੰਘ ਕਾਰ ਸੇਵਾ ਵਾਲਿਆਂ ਦੀ ਸੁਚੱਜੀ ਦੇਖ-ਰੇਖ ਹੇਠ ਸ਼ਹੀਦ ਭਾਈ ਤਾਰੂ ਸਿੰਘ ਜੀ ਦੀ ਲਾਸਾਨੀ ਸ਼ਹਾਦਤ ਤੇ ਮੱਸਿਆ ਦੇ ਦਿਹਾੜੇ ਨੂੰ ਸਮਰਪਿਤ 12 ਤੋਂ 14 ਜੁਲਾਈ ਤੱਕ ਜੋ 3 ਦਿਨਾਂ ਸ਼ਹੀਦੀ ਜੋੜ ਮੇਲਾ ਮਨਾਇਆ ਜਾ ਰਿਹਾ ਹੈ, ਦੀਆਂ ਤਿਆਰੀਆਂ ਜ਼ੋਰਾਂ ਉੱਤੇ ਚੱਲ ਰਹੀਆਂ ਹਨ। ਜਥੇਦਾਰ ਬਾਬਾ ਗੁਰਮੀਤ ਸਿੰਘ ਨੇ ਦੱਸਿਆ ਕਿ ਹੋਰ ਪ੍ਰਬੰਧਾਂ ਦੇ ਨਾਲ-ਨਾਲ ਜਿੱਥੇ ਸੇਵਾਦਾਰਾਂ ਵੱਲੋਂ ਵੱਖ-ਵੱਖ ਪਿੰਡਾਂ ਆਦਿ ਦੀਆਂ ਸੰਗਤਾਂ ਨਾਲ ਰਾਬਤਾ ਬਣਾਇਆ ਜਾ ਰਿਹਾ ਹੈ ਉੱਥੇ ਢੁਕਵੀਆਂ ਥਾਵਾਂ ਉੱਤੇ ਪ੍ਰਚਾਰ ਸਮੱਗਰੀ ਵੀ ਲਗਾਈ ਜਾ ਰਹੀ ਹੈ। ਉਨ੍ਹਾਂ ਅੱਗੇ ਦੱਸਿਆ ਕਿ 12 ਜੁਲਾਈ ਨੂੰ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਪਾਠ ਦੀ ਆਰੰਭਤਾ ਨਾਲ ਸ਼ਹੀਦੀ ਜੋੜ ਮੇਲਾ ਆਰੰਭ ਹੋਵੇਗਾ ਤੇ 14 ਜੁਲਾਈ ਨੂੰ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਪਾਠ ਦੇ ਭੋਗ ਪਾਏ ਜਾਣਗੇ। ਉਪਰੰਤ ਸਮਾਗਮ ਦੌਰਾਨ ਬਾਬਾ ਜੀਵਨ ਸਿੰਘ ਜੀ ਬਗੀਚੀ ਵਾਲੇ, ਭਾਈ ਵੀਰ ਜਤਿੰਦਰ ਸਿੰਘ ਜੀ ਮਲਕਪੁਰ ਵਾਲੇ, ਭਾਈ ਸੁਖਦੇਵ ਸਿੰਘ ਜੀ ਖਾਲਸਾ ਨਡਾਲੋਂ ਤੇ ਹੋਰ ਜਥੇ ਆਈਆਂ ਸੰਗਤਾਂ ਨੂੰ ਗੁਰਬਾਣੀ ਕਥਾ-ਕੀਰਤਨ ਰਾਹੀਂ ਨਿਹਾਲ ਕਰਨਗੇ। ਇਸ ਮੌਕੇ ਜਥੇ. ਲਖਵਿੰਦਰ ਸਿੰਘ ਬਿੰਦਾ, ਬਾਬਾ ਸ਼ੇਰ ਸਿੰਘ, ਭਾਈ ਰਣਜੋਧ ਸਿੰਘ ਛੜਪੋਤੇ ਭਰਾਤਾ ਸੰਤ ਬਾਬਾ ਨਿਧਾਨ ਸਿੰਘ ਸ੍ਰੀ ਹਜ਼ੂਰ ਸਾਹਿਬ ਵਾਲੇ, ਹੈੱਡ ਗ੍ਰੰਥੀ ਭਾਈ ਅਕਾਸ਼ਦੀਪ ਸਿੰਘ ਬਾਸਰਕੇ ਗਿੱਲਾਂ, ਅਮਰਜੀਤ ਸਿੰਘ ਖਾਲਸਾ ਜਾਂਗਲੀਆਣਾ, ਜਥੇਦਾਰ ਲਖਵਿੰਦਰ ਸਿੰਘ ਬਿੰਦਾ, ਗੁਰਚਰਨ ਸਿੰਘ, ਕੁਲਦੀਪ ਸਿੰਘ ਨਡਾਲੋਂ, ਕਿਸ਼ਨ ਸਿੰਘ ਲਾਂਗਰੀ, ਬਾਬਾ ਬਿੰਦਰ ਸਿੰਘ, ਮਨਵੀਰ ਸਿੰਘ ਮਹੇੜੂ, ਹਰਭਜਨ ਕੌਰ, ਮੰਨਤ ਸਿੰਘ, ਪਰਮਜੀਤ ਸਿੰਘ ਪੰਮਾ ਨਡਾਲੋਂ, ਕਮਲਜੀਤ ਸਿੰਘ ਰਾਣਾ ਅਜਨੋਹਾ ਆਦਿ ਹਾਜ਼ਰ ਸਨ।

ਹਰਜੋਤ ਲੋਹਟੀਆ ਨੇ ਕੀਤੀ ਲੋਕ ਮਿਲਣੀ

ਫਿਲੌਰ (ਨਿਰਮਲ)- ਹਰਜੋਤ ਕੌਰ ਲੋਹਟੀਆ ਹਲਕਾ ਇੰਚਾਰਜ ਵਿਧਾਨ ਸਭਾ ਹਲਕਾ ਫਿਲੌਰ ਵਾਰਡ ਨੰਬਰ 8-9 'ਚ ਲੋਕਾਂ ਨਾਲ ਰੂਬਰੂ ਹੋਏ ।ਲੋਕ ਮਿਲਣੀ ਦੌਰਾਨ ਵਾਰਡ ਵਾਸੀਆਂ ਦੀਆਂ ਸਮੱਸਿਆਵਾਂ, ਮੰਗਾਂ ਅਤੇ ਸੁਝਾਵਾਂ ਨੂੰ ਧਿਆਨ ਨਾਲ ਸੁਣਿਆ ਗਿਆ ਅਤੇ ਭਰੋਸਾ ਦਿਵਾਇਆ ਗਿਆ ਕਿ ਹਰ ਜਾਇਜ਼ ਮਸਲੇ ਦਾ ਤਰਜੀਹ ਦੇ ਆਧਾਰ 'ਤੇ ਹੱਲ ਕੀਤਾ ਜਾਵੇਗਾ।ਇਸ ਮੌਕੇਂ ਸੰਬੋਧਨ ਕਰਦਿਆ ਹਰਜੋਤ ਕੌਰ ਲੋਹਟੀਆ ਨੇ ਕਿਹਾ ਕਿ ਭਗਵੰਤ ਸਿੰਘ ਮਾਨ ਦੀ ਸਰਕਾਰ ਵੱਲੋਂ ਵੋਟਾਂ ਸਮੇਂ ਜੋ ਪੰਜਾਬ ਵਾਸੀਆਂ ਨਾਲ ਵਾਅਦੇ ਕੀਤੇ ਸਨ ਉਹ ਸਾਰੇ ਪੂਰੇ ਕਰ ਦਿੱਤੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਵਾਸੀਆਂ ਨੂੰ ਦਿੱਤੀਆਂ ਸਹੂਲਤਾਂ ਚ ਮੁਫਤ ਬਿਜਲੀ, ਮੁਫ਼ਤ ਬੱਸ ਸਫ਼ਰ, 10 ਲੱਖ ਦਾ ਸਿਹਤ ਬੀਮਾ, ਮਹਿਲਾਵਾਂ ਨੂੰ 1000-1500 ਰੁਪਏ ਪ੍ਰਤੀ ਮਹੀਨਾ, ਮੇਰੀ ਰਸੋਈ ਤਹਿਤ ਮੁਫਤ ਰਾਸ਼ਨ ਅਤੇ ਹੋਰ ਸਕੀਮਾਂ ਹਨ ਜਿਨ੍ਹਾਂ ਦਾ ਪੰਜਾਬ ਵਾਸੀ ਲਾਭ ਲੈ ਰਹੇ ਹਨ। ਜਿਸ ਲਈ ਉਨ੍ਹਾਂ ਡਾ ਰਾਕੇਸ਼ ਸ਼ਰਮਾ, ਡਾਕਟਰ ਵੈਭਵ ਸ਼ਰਮਾ ਕੌਂਸਲਰ ਅਤੇ ਅਰੁਣ ਸ਼ਰਮਾ ਦਾ ਤਹਿ ਦਿਲੋਂ ਧੰਨਵਾਦ ਕੀਤਾ ਜਿਨ੍ਹਾਂ ਇਸ ਮੀਟਿੰਗ 'ਚ ਉਨ੍ਹਾਂ ਦਾ ਪੂਰਾ ਸਹਿਯੋਗ ਦਿੱਤਾ। ਇਸ ਮੌਕੇ ਹਾਜ਼ਰ ਡਾ. ਰਾਕੇਸ਼ ਸ਼ਰਮਾ, ਡਾ. ਵੈਭਵ ਸ਼ਰਮਾ ਕੌਂਸਲਰ, ਅਰੁਣ ਸ਼ਰਮਾ, ਚੇਅਰਮੈਨ ਮਾਰਕੀਟ ਕਮੇਟੀ ਫਿਲੌਰ ਰੋਸ਼ਨ ਲਾਲ ਰੋਸੀ, ਰਾਜ ਕੁਮਾਰ ਵਿੱਕੀ ਕੌਂਸਲਰ ਪਤੀ, ਕੌਂਸਲਰ ਪਤੀ ਹੀਰਾ ਅਤੇ ਹੋਰ ਹਾਜ਼ਰ ਸਨ।

ਸ਼੍ਰੋਮਣੀ ਅਕਾਲੀ ਦਲ ਹੁਸ਼ਿਆਰਪੁਰ ਦੇ ਵਿਕਾਸ ਲਈ ਵਚਨਬੱਧ : ਤਲਵਾੜ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਸ਼੍ਰੋਮਣੀ ਅਕਾਲੀ ਦਲ ਹੁਸ਼ਿਆਰਪੁਰ ਦੇ ਵਿਕਾਸ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਸੰਜੀਵ ਤਲਵਾੜ ਨੇ ਪਾਰਟੀ ਉਮੀਦਵਾਰਾਂ ਨਾਲ ਕੀਤੀ ਇੱਕ ਵਿਸ਼ੇਸ਼ ਮੀਟਿੰਗ ਦੌਰਾਨ ਕੀਤਾ। ਮੀਟਿੰਗ ਨੂੰ ਸੰਬੋਧਨ ਕਰਦਿਆਂ ਸੰਜੀਵ ਤਲਵਾੜ ਨੇ ਕਿਹਾ ਕਿ ਬੇਸ਼ੱਕ ਜਨਤਾ ਨੇ ਫਤਵਾ ਆਮ ਆਦਮੀ ਪਾਰਟੀ ਦੇ ਹੱਕ ਵਿੱਚ ਦਿੱਤਾ ਹੈ, ਪਰ ਸ਼੍ਰੋਮਣੀ ਅਕਾਲੀ ਦਲ ਹੁਸ਼ਿਆਰਪੁਰ ਦੇ ਵਿਕਾਸ ਕਾਰਜਾਂ ਲਈ ਆਪਣਾ ਪੂਰਨ ਸਹਿਯੋਗ ਦੇਵੇਗਾ। ਉਨ੍ਹਾਂ ਕਿਹਾ ਕਿ ਅਕਾਲੀ ਦਲ ਪੰਜਾਬ ਦੇ ਅਮਨ, ਭਾਈਚਾਰੇ ਅਤੇ ਸ਼ਾਂਤੀ ਲਈ ਹਮੇਸ਼ਾ ਅਗਾਂਹਵਧੂ ਰਿਹਾ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਵੀ ਇਸ ਗੱਲ 'ਤੇ ਪਹਿਰਾ ਦਿੱਤਾ ਜਾਵੇਗਾ। ਤਲਵਾੜ ਨੇ 'ਤਕੜੀ' ਦੇ ਚੋਣ ਨਿਸ਼ਾਨ 'ਤੇ ਚੋਣ ਲੜਨ ਵਾਲੇ ਉਮੀਦਵਾਰਾਂ ਨੂੰ ਨਿਰਦੇਸ਼ ਦਿੱਤੇ ਕਿ ਉਹ ਆਪਣੇ-ਆਪਣੇ ਵਾਰਡਾਂ ਵਿੱਚ ਹਰ ਜ਼ਰੂਰਤਮੰਦ ਦੀ ਮਦਦ ਲਈ ਅੱਗੇ ਆਉਣ ਅਤੇ ਪਛੜੇ ਹੋਏ ਵਿਕਾਸ ਕਾਰਜਾਂ ਨੂੰ ਪੂਰਾ ਕਰਵਾਉਣ ਲਈ ਯਤਨ ਤੇਜ਼ ਕਰਨ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਹੁਸ਼ਿਆਰਪੁਰ ਦੇ ਸ਼ਹਿਰੀ ਪ੍ਰਧਾਨ ਜਤਿੰਦਰ ਸਿੰਘ ਲਾਲੀ ਬਾਜਵਾ ਨੇ ਕਿਹਾ ਕਿ ਅਕਾਲੀ ਦਲ ਹਮੇਸ਼ਾ ਵਿਕਾਸ ਦੀ ਰਾਜਨੀਤੀ ਲਈ ਜਾਣਿਆ ਜਾਂਦਾ ਹੈ। ਨਗਰ ਨਿਗਮ ਦੇ ਵਿਕਾਸ ਲਈ ਪਾਰਟੀ ਵੱਲੋਂ ਪੂਰਾ ਸਹਿਯੋਗ ਦਿੱਤਾ ਜਾਵੇਗਾ।

ਲੱਖ ਦਾਤਾ ਪੀਰ ਦੀ ਯਾਦ 'ਚ ਸਾਲਾਨਾ ਜੋੜ ਮੇਲਾ ਕਰਵਾਇਆ

ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)- ਪਿੰਡ ਭੁੰਗਰਨੀ ਵਿਖੇ ਦਰਬਾਰ ਲੱਖ ਦਾਤਾ ਪੀਰ ਜੀ ਦੇ ਅਸਥਾਨ 'ਤੇ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਅਤੇ ਇਲਾਕੇ ਦੇ ਸਹਿਯੋਗ ਨਾਲ ਲੱਖ ਦਾਤਾ ਪੀਰ ਜੀ ਦੀ ਯਾਦ ਵਿੱਚ ਸਲਾਨਾ ਜੋੜ ਮੇਲਾ ਡੇਰੇ ਦੇ ਮੁੱਖ ਸੇਵਾਦਾਰ ਸਾਈ ਅਵਤਾਰ ਸ਼ਾਹ ਕਾਦਰੀ ਭੁੰਗਰਨੀ ਦੀ ਅਗਵਾਈ ਹੇਠ ਕਰਵਾਇਆ ਗਿਆ। ਇਸ ਮੌਕੇ ਡੇਰੇ ਦੇ ਮੁੱਖ ਸੇਵਾਦਾਰ ਸਾਈਂ ਅਵਤਾਰ ਸ਼ਾਹ ਕਾਦਰੀ ਭੁੰਗਰਨੀ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਸਲਾਨਾ ਜੋੜ ਮੇਲੇ ਮੌਕੇ ਚਿਰਾਗ, ਚਾਦਰ ਅਤੇ ਝੰਡੇ ਦੀ ਰਸਮ ਅਦਾ ਕੀਤੀ ਗਈ।

ਪੰਜਾਬ ਦੇ ਨਾਮਵਰ ਕਲਾਕਾਰ ਮੰਨਤ ਨਕਾਲ ਪਾਰਟੀ ਨਵਾਂਸ਼ਹਿਰ, ਲਾਡੀ ਘੇੜਾ ਨਕਾਲ ਪਾਰਟੀ ਭਬਿਆਣਾ ਆਦਿ ਨੇ ਪੀਰਾਂ ਦੀ ਮਹਿਫ਼ਲ ਸਜਾਈ। ਇਸ ਮੌਕੇ ਪ੍ਰਬੰਧਕਾਂ ਵੱਲੋਂ ਆਏ ਹੋਏ ਫੱਕਰ ਫਕੀਰਾਂ, ਪ੍ਰਮੁੱਖ ਸ਼ਖ਼ਸੀਅਤਾਂ ਅਤੇ ਸਹਿਯੋਗੀਆਂ ਨੂੰ ਸਿਰਪਾਓ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਸਾਈਂ ਅਵਤਾਰ ਸ਼ਾਹ ਕਾਦਰੀ ਭੁੰਗਰਨੀ, ਭਗਤ ਬਲਵੀਰ ਸ਼ਾਹ, ਜਸਵੀਰ ਸਿੰਘ, ਅਵਤਾਰ ਸਿੰਘ, ਬਲਵੀਰ ਸਿੰਘ, ਵਿਵੇਕ ਲੋਈ, ਅਨਿਲ ਲੋਈ, ਰਮਨਤਾ ਲੋਈ, ਬੀਬੀ ਜਗੀਰ ਕੌਰ, ਕਮਲੇਸ਼ ਕੌਰ, ਧਨਵੰਤ ਸਿੰਘ, ਸੁਰਜੀਤ ਕੁਮਾਰ ਹੈਪੀ ਸਾਬਕਾ ਪੰਚ, ਹੈਪੀ ਅਮਰੀਕਾ, ਮਨਜੀਤ, ਡਾਕਟਰ ਅਵਤਾਰ ਸਿੰਘ ਤਾਰੀ, ਨਰਿੰਦਰ ਕੌਰ, ਕਮਲੇਸ਼ ਕੌਰ, ਮਨੋਜ਼ ਕੁਮਾਰ, ਕੁਲਦੀਪ, ਨਿੰਦਾ, ਦੀਪਾ, ਜਮਾ, ਅਕਾਸ਼ ਦੀਪ, ਡੈਨੀ, ਨੰਬਰਦਾਰ ਰਾਜ ਕੁਮਾਰ, ਲਖਵੀਰ ਸਿੰਘ ਲੱਕੀ, ਨੀਰਜ, ਅਜੇ ਕੁਮਾਰ, ਧੀਰਜ, ਮਨੀ, ਅਰਮਾਨ, ਤਮਨ, ਕੁਲਦੀਪ, ਲਾਟੂ, ਘੋਲਾ, ਅਮਨ ਲੋਈ, ਬੁੱਧੂ, ਮੰਗੀ, ਬਿੱਲਾ ਆਦਿ ਹਾਜ਼ਰ ਸਨ। ਇਸ ਮੌਕੇ ਛਬੀਲ, ਚਾਹ ਪਕੌੜੇ ਅਤੇ ਦਾਤਾ ਜੀ ਦੇ ਲੰਗਰ ਅਤੁੱਟ ਵਰਤਾਏ ਗਏ।

ਬਾਲਟਾਲ ਵਿਖੇ ਲਗਾਏ ਜਾ ਰਹੇ ਲੰਗਰ 'ਚ ਸੇਵਾ ਕਰਨ ਵਾਲੇ ਸੇਵਾਦਾਰਾਂ ਨੂੰ ਦਿੱਤੀਆਂ ਜੈਕਟਾਂ

ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ) ਬਾਬਾ ਬਰਫਾਨੀ ਲੰਗਰ ਸੇਵਾ ਸਮਿਤੀ ਮੁਕੇਰੀਆਂ (ਹੁਸ਼ਿਆਰਪੁਰ) ਵੱਲੋਂ ਮਾਹਿਲਪੁਰ ਅਤੇ ਆਪਣੀਆਂ ਹੋਰ ਬਰਾਂਚਾਂ ਦੇ ਸਹਿਯੋਗ ਨਾਲ ਸ੍ਰੀ ਅਮਰਨਾਥ ਯਾਤਰਾ ਮੌਕੇ ਬਾਲਟਾਲ ਵਿਖੇ ਲਗਾਏ ਗਏ ਲੰਗਰ ਨੰਬਰ ਤਿੰਨ ਵਿੱਚ ਸੇਵਾ ਕਰ ਰਹੇ ਸੇਵਾਦਾਰਾਂ ਨੂੰ ਲੀ ਫੋਲਡ ਹੈਲਥ ਕੇਅਰ ਲਿਮਿਟਡ ਦੇ ਮਾਲਕ ਅੰਮ੍ਰਿਤ ਗੁਪਤਾ ਤੇ ਜੀਵਨ ਲਾਲ ਗੁਪਤਾ ਵਲੋਂ ਭਾਰਤੀ ਫਾਰਮਾਂ ਡਿਸਟਰੀਬਿਊਟਰ ਦੇ ਸੰਸਥਾਪਕ ਅਤੇ ਦੈਨਿਕ ਸਿਟਿੰਗ ਦੇ ਸਹਾਇਕ ਸੰਪਾਦਕ ਰਾਕੇਸ਼ ਭਠੇਜਾ ਵੱਲੋ ਗਰਮ ਜੈਕਟਾਂ ਦਿੱਤੀਆਂ ਗਈਆਂ। ਇਸ ਮੌਕੇ ਵਿਜੇ ਸ਼ਰਮਾ ਚੈਅਰਮੈਨ, ਪਵਨ ਵਰਮਾ ਪ੍ਰਧਾਨ, ਡਾ. ਸੁਸ਼ੀਲ ਕੁਮਾਰ, ਡਾ. ਚੰਦਰ ਸ਼ੇਖਰ, ਅਮਨ ਠਾਕੁਰ, ਕਮਲ ਸ਼ਰਮਾਂ, ਹਰਬੰਸ ਸਿੰਘ ਠਾਕੁਰ, ਰਾਜ ਕੁਮਾਰ ਗੋਰਾਇਆ, ਉਪਿੰਦਰ ਭਾਨੋਟ, ਦਰਸ਼ਨ ਕੌਸ਼ਲ, ਅਸ਼ਵਨੀ ਕੁਮਾਰ, ਜੋਗਿੰਦਰ ਪਾਲ ਪਿੰਕੀ, ਅਨਿਲ ਕੁਮਾਰ ਕਾਲਾ, ਵਿੱਕੀ ਅਗਨੀਹੋਤਰੀ, ਪਰਮਜੀਤ ਸਿੰਘ ਬੈਂਸ, ਰੋਹਿਤ ਧਵਨ, ਇਕਬਾਲ ਸਿੰਘ ਬਾਲੀ, ਸ਼ੰਭੂ ਦੱਤ, ਗੀਟਾ ਰਾਣੀ ਸਾਬਕਾ ਐੱਮ ਸੀ, ਦੀਦੀ ਜੀਵਨ ਗੌਤਮ, ਸ਼ਵੇਤਾ ਗੁਲਾਟੀ, ਸਿਮਰਨ ਕੌਰ, ਰਜਨੀ, ਗਗਨ ਧਵਨ, ਮੰਜੂ ਜੋਸ਼ੀ, ਰਾਜਵਿੰਦਰ ਕੌਰ, ਨੀਰਜ ਬਾਲਾ, ਪ੍ਰੀਤਪਾਲ ਕੋਸ਼ਿਕ,ਅਨੂਪ ਪਾਡੇ, ਪੰਡਿਤ ਜਗਪਾਲ ਸ਼ਰਮਾ, ਨਿਤਨ ਵਰਮਾ, ਚੇਤਨਿਆ ਧਵਨ, ਧਰੁਵ ਐਰੀ, ਪ੍ਰਿਯੰਸ਼ੂ ਕਾਲੀਆ, ਬੁਵਨ ਐਰੀ, ਸ਼ਿਵਮ ਬਾਲੀ, ਹਰਮਨ ਮਹਿਤਾ, ਬੂਬਨ ਕੁਮਾਰ, ਪਰਮਜੀਤ ਕੌਰ ਮੁੱਗੋਵਾਲ, ਨਿਰਮਲ ਸਿੰਘ ਮੁੱਗੋਵਾਲ ਆਦੀ ਹਾਜ਼ਰ ਸਨ। ਵਰਨਣਯੋਗ ਹੈ ਕਿ ਬਾਬਾ ਬਰਫਾਨੀ ਲੰਗਰ ਸੇਵਾ ਸਮਿਤੀ ਮੁਕੇਰੀਆਂ ਵੱਲੋਂ ਬਾਲਟਾਲ ਬੇਸ ਕੈਂਪ ਤੇ ਚਲਾਏ ਜਾ ਰਹੇ ਲੰਗਰ ਦੌਰਾਨ ਸ਼ਾਮ ਨੂੰ ਭਜਨ ਕੀਰਤਨ ਕਰਕੇ ਅਧਿਆਤਮਿਕ ਆਨੰਦ ਦੀ ਪ੍ਰਾਪਤੀ ਕੀਤੀ ਜਾ ਰਹੀ ਹੈ।

ਸੱਭਿਆਚਾਰਕ ਮੇਲਾ 13 ਨੂੰ

ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)- ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਧੰਨ ਧੰਨ ਬਾਬਾ ਵੰਝਾਂ ਵਾਲੀ ਸਰਕਾਰ ਜੀ ਦੀ ਦਰਗਾਹ ਮਿਆਨੀ ਰੋਡ ਟਾਂਡਾ ਵਿਖੇ ਦਰਗਾਹ ਦੇ ਮੁੱਖ ਸੇਵਾਦਾਰ ਫੱਕਰ ਸ਼ਾਹ ਦੀ ਅਗਵਾਈ ਵਿੱਚ 13 ਜੁਲਾਈ ਨੂੰ ਕਰਵਾਇਆ ਜਾ ਰਿਹਾ 2 ਦਿਨਾਂ ਸੱਭਿਆਚਾਰਕ ਜੋੜ ਮੇਲੇ ਦੀਆਂ ਤਿਆਰੀਆਂ ਸਬੰਧੀ ਵਿਚਾਰ ਵਟਾਂਦਰਾ ਕਰਨ ਲਈ ਇਕ ਮੀਟਿੰਗ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਸਾਈਂ ਕੁਲਦੀਪ ਸ਼ਾਹ, ਸਾਈਂ ਸਨੀ ਸ਼ਾਹ, ਬੀਜਾ, ਅਮਨ, ਦੀਪਕ, ਮਨੀਸ਼, ਸਾਧੂ ਅਤੇ ਕੁੰਦਾ ਤੋਂ ਇਲਾਵਾ ਹੋਰ ਵੱਖ-ਵੱਖ ਸੰਸਥਾਵਾਂ ਦੇ ਆਗੂਆਂ ਨੇ ਭਾਗ ਲਿਆ। ਮੀਟਿੰਗ ਸਬੰਧੀ ਜਾਣਕਾਰੀ ਦਿੰਦੇ ਹੋਏ ਮੁੱਖ ਸੇਵਾਦਾਰ ਫੱਕਰ ਸ਼ਾਹ ਨੇ ਕਿਹਾ ਕਿ ਇਸ ਸਾਲਾਨਾ ਸਭਿਆਚਾਰਕ ਜੋੜ ਮੇਲੇ ਵਿੱਚ ਹਜਰਤ ਬਾਬਾ ਬਿੱਟੂ ਸ਼ਾਹ, ਹਜਰਤ ਜਨਾਬ ਬਾਬਾ ਲਾਡੀ ਸ਼ਾਹ ਸਰਕਾਰ, ਮਾਤਾ ਦਲਬੀਰ ਕੌਰ, ਸਰਕਾਰ ਬਾਬਾ ਬਿੱਲੇ ਸ਼ਾਹ, ਬਾਬਾ ਬੀਰੇ ਸ਼ਾਹ ਸਰਕਾਰ, ਬਾਬਾ ਫਗਣ ਸ਼ਾਹ ਜੀ ਤੇ ਖਬਰੀ ਸ਼ਾਹ ਤੋਂ ਇਲਾਵਾ ਹੋਰ ਵੱਖ-ਵੱਖ ਧਾਰਮਿਕ ਸੰਸਥਾਵਾਂ ਦੇ ਸੰਤ ਮਹਾਂਪੁਰਸ਼ ਆਪਣੇ ਪ੍ਰਵਚਨਾਂ ਰਾਹੀਂ ਬਾਬਾ ਜੀ ਦਾ ਗੁਣਗਾਨ ਕਰਕੇ ਸ਼ਰਧਾਲੂਆਂ ਨੂੰ ਬਾਬਾ ਦੇ ਚਰਨਾਂ ਨਾਲ ਜੁੜਨ ਦੀ ਪ੍ਰੇਰਨਾ ਦੇਣਗੇ। ਉਨ੍ਹਾਂ ਕਿਹਾ ਕਿ 13 ਤੋਂ 14 ਜੁਲਾਈ ਤੱਕ ਦੋਨੋਂ ਦਿਨ ਪੰਜਾਬ ਦੇ ਪ੍ਰਸਿੱਧ ਕਵਾਲ ਸ਼ਾਮ 5 ਵਜੇ ਤੋਂ ਦੇਰ ਰਾਤ ਤੱਕ ਆਪਣੀਆਂ ਕਵਾਲੀਆਂ ਰਾਹੀਂ ਬਾਬਾ ਜੀ ਦਾ ਗੁਣਗਾਨ ਕਰਕੇ ਸ਼ਰਧਾਲੂਆਂ ਨੂੰ ਝੂੰਮਣ ਲਈ ਮਜਬੂਰ ਕਰ ਦੇਣਗੇ। ਉਨ੍ਹਾਂ ਕਿਹਾ ਕਿ ਨਕਲਚੀ ਕਲਾਕਾਰ ਵੱਖ-ਵੱਖ ਪ੍ਰਕਾਰ ਦੀਆਂ ਨਕਲਾਂ ਰਾਹੀਂ ਆਪਣੀ ਕਲਾ ਦਾ ਪ੍ਰਦਰਸ਼ਨ ਕਰਨਗੇ। ਉਨਾਂ ਕਿਹਾ ਕਿ ਸੱਭਿਆਚਾਰਕ ਜੋੜ ਮੇਲੇ ਦੌਰਾਨ ਦੋਨੋਂ ਦਿਨ ਬਾਬਾ ਜੀ ਦਾ ਅਤੁੱਟ ਲੰਗਰ ਵਰਤਾਇਆ ਜਾਵੇਗਾ।

ਪ੍ਰੇਮ ਨਗਰ ਸੇਵਾ ਸੁਸਾਇਟੀ ਨੇ ਕਰਵਾਇਆ 175ਵਾਂ ਮਹੀਨਾਵਾਰ ਰਾਸ਼ਨ ਵੰਡ ਸਮਾਗਮ

ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)- ਪ੍ਰੇਮ ਨਗਰ ਸੇਵਾ ਸੁਸਾਇਟੀ ਵਲੋਂ ਨਗਰ ਕੌਂਸਲ ਫਗਵਾੜਾ ਦੇ ਸਾਬਕਾ ਪ੍ਰਧਾਨ ਮਲਕੀਅਤ ਸਿੰਘ ਰਗਬੋਤਰਾ ਦੇ ਯਤਨਾਂ ਸਦਕਾ ਅਜੀਤ ਸਿੰਘ ਢਿੱਲੋਂ ਦੀ ਨਿੱਘੀ ਯਾਦ ਨੂੰ ਸਮਰਪਤ 175ਵਾਂ ਮਾਸਿਕ ਰਾਸ਼ਨ ਵੰਡ ਸਮਾਗਮ ਸੀਨੀਅਰ ਸਿਟੀਜ਼ਨ ਕੇਅਰ ਸੈਂਟਰ ਖੇੜਾ ਰੋਡ ਫਗਵਾੜਾ ਵਿਖੇ ਕਰਵਾਇਆ ਗਿਆ। ਰਾਸ਼ਨ ਵੰਡਣ ਦੀ ਸ਼ੁਰੂਆਤ ਮੁੱਖ ਮਹਿਮਾਨ ਵਜੋਂ ਪਹੁੰਚੇ ਸੀਨੀਅਰ ਪੱਤਰਕਾਰ ਟੀ.ਡੀ. ਚਾਵਲਾ ਨੇ ਕਰਵਾਈ। ਉਨ੍ਹਾਂ 20 ਲੋੜਵੰਦ ਪਰਵਾਰਾਂ ਦੀਆਂ ਔਰਤਾਂ ਨੂੰ ਰਾਸ਼ਨ ਦੀ ਵੰਡ ਕਰਦਿਆਂ ਸੁਸਾਇਟੀ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ। ਇਸ ਦੌਰਾਨ ਉਨ੍ਹਾਂ ਸੁਸਾਇਟੀ ਨੂੰ ਸਮਾਜ ਭਲਾਈ ਕਾਰਜਾਂ ਵਿੱਚ ਹਰ ਸੰਭਵ ਸਹਾਇਤਾ ਦਾ ਭਰੋਸਾ ਵੀ ਦਿੱਤਾ। ਇਸ ਤੋਂ ਪਹਿਲਾਂ ਸੁਸਾਇਟੀ ਦੇ ਪ੍ਰਧਾਨ ਸੁਧੀਰ ਸ਼ਰਮਾ ਅਤੇ ਜਨਰਲ ਸਕੱਤਰ ਸੁਰਿੰਦਰ ਪਾਲ ਨੇ ਪਤਵੰਤਿਆਂ ਨੂੰ ਜੀ ਆਇਆਂ ਆਖਿਆ। ਸਮਾਗਮ ਦੇ ਪ੍ਰਬੰਧਕ ਮਲਕੀਅਤ ਸਿੰਘ ਰਘਬੋਤਰਾ ਨੇ ਦੱਸਿਆ ਕਿ ਇਹ ਸੇਵਾ ਪਿਛਲੇ ਕਰੀਬ 16 ਸਾਲਾਂ ਤੋਂ ਨਿਰੰਤਰ ਜਾਰੀ ਹੈ। ਜਿਸ ਵਿੱਚ ਸਵ. ਅਜੀਤ ਸਿੰਘ ਢਿੱਲੋਂ ਦੇ ਪਰਵਾਰ ਦਾ ਵਡਮੁੱਲਾ ਯੋਗਦਾਨ ਮਿਲਦਾ ਹੈ। ਜੋ ਆਪਣੇ ਜੀਵਨ ਕਾਲ ਦੌਰਾਨ ਸਮਾਜ ਸੇਵਾ ਨੂੰ ਸਮਰਪਿਤ ਰਹੇ ਅਤੇ ਲੋੜਵੰਦਾਂ ਦੀ ਮਦਦ ਲਈ ਹਮੇਸ਼ਾ ਅੱਗੇ ਵਧ ਕੇ ਕੰਮ ਕੀਤਾ। ਪ੍ਰੇਮ ਨਗਰ ਮੁਹੱਲੇ ਦੇ ਵਿਕਾਸ ਵਿਚ ਵੀ ਉਨ੍ਹਾਂ ਹਮੇਸ਼ਾ ਵੱਧ-ਚੜ੍ਹ ਕੇ ਯਤਨ ਕੀਤੇ। ਉਨ੍ਹਾਂ ਦੱਸਿਆ ਕਿ ਅੱਜ ਦੇ ਰਾਸ਼ਨ ਵੰਡ ਸਮਾਗਮ ਨੂੰ ਸਫਲ ਬਣਾਉਣ ਵਿੱਚ ਸਮਾਜ ਸੇਵਕ ਬੀ.ਐਮ. ਪੁਰੀ ਦਾ ਵਡਮੁੱਲਾ ਸਹਿਯੋਗ ਪ੍ਰਾਪਤ ਹੋਇਆ। ਇਸ ਮੌਕੇ ਐਸ.ਸੀ. ਚਾਵਲਾ, ਮੋਹਨ ਲਾਲ ਤਨੇਜਾ, ਸੁਧਾ ਬੇਦੀ, ਮਨੀਸ਼ ਕਨੌਜੀਆ, ਰਾਜਕੁਮਾਰ ਕਨੌਜੀਆ, ਵੰਦਨਾ ਸ਼ਰਮਾ, ਚੰਦਨ ਦੂਆ ਆਦਿ ਹਾਜ਼ਰ ਸਨ।

ਬੀ ਐੱਲ ਓ ਦੀ ਯੂਨੀਅਨ ਦੀ ਮੀਟਿੰਗ

ਕਪੂਰਥਲਾ (ਮਨਜੀਤ ਮਾਨ)- ਬੀ ਐੱਲ ਓ ਯੂਨੀਅਨ ਕਪੂਰਥਲਾ ਦੇ ਸੱਦੇ ਤੇ ਪਹੁੰਚੇ ਬੀ ਐੱਲ ਓਜ. ਦੀ ਇੱਕ ਅਹਿਮ ਮੀਟਿੰਗ ਕਾਨਫਰੰਸ ਹਾਲ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਕਪੂਰਥਲਾ ਵਿਖੇ ਸਹਾਇਕ ਕਮਿਸ਼ਨਰ (ਜਨਰਲ) ਰਵਿੰਦਰ ਸਿੰਘ ਅਰੋੜਾ ਨਾਲ ਹੋਈ। ਇਸ ਮੀਟਿੰਗ ਵਿੱਚ ਐੱਸ ਆਈ ਆਰ ਦੇ ਕੰਮ ਦੌਰਾਨ ਬੀ ਐੱਲ ਓ ਡਿਊਟੀ ਨਿਭਾਅ ਰਹੇ ਕਰਮਚਾਰੀਆਂ ਨੂੰ ਆ ਰਹੀ ਮੁਸ਼ਕਿਲਾਂ ਜਿਨ੍ਹਾਂ ਵਿੱਚ ਐੱਸ ਆਈ ਆਰ ਦਾ ਕੰਮ ਬਹੁਤ ਜਿਆਦਾ ਹੋਣ ਕਾਰਨ ਹਰ ਇੱਕ ਬੀ ਐੱਲ ਓ ਨਾਲ ਇੱਕ ਸਹਾਇਕ ਬੀ ਐੱਲ ਓ ਲਗਾਏ ਜਾਣ, ਸਾਰੇ ਬੀ.ਐਲ.ਓਜ ਨੂੰ 30 ਸਤੰਬਰ 2026 ਤੱਕ ਉਹਨਾਂ ਦੇ ਪਿਤਰੀ ਵਿਭਾਗਾਂ ਤੋਂ ਮੁਕੰਮਲ ਫਾਰਗ ਕਰਨ, ਐੱਸ ਆਈ ਆਰ. ਲਈ ਘਰ-ਘਰ ਜਾ ਕੇ ਵੰਡੇ ਗਏ ਇਨੈਮੁਰੇਸ਼ਨ ਫਾਰਮਾਂ ਨੂੰ ਇਕੱਠੇ ਕਰਨ ਅਤੇ ਡਿਜੀਟਲਾਈਜ ਕਰਨ ਦੀ ਆਖਰੀ ਮਿਤੀ 25 ਜੁਲਾਈ ਤੋਂ ਵਧਾ ਕੇ 25 ਅਗਸਤ ਕੀਤੇ ਜਾਣ, ਫਾਰਮ ਡਿਜੀਟਲਾਈਜ ਕਰਨ ਲਈ ਤਕਨੀਕੀ ਸਟਾਫ ਨਿਯੁਕਤ ਕੀਤੇ ਜਾਣ, ਤਹਿਸੀਲ ਪੱਧਰ ਤੇ ਬੀ.ਐਲ.ਓ. ਲਈ ਹੈਲਪਲਾਈਨ ਨੰਬਰ ਜਾਰੀ ਕੀਤੇ ਜਾਣ, ਜੂਨ ਮਹੀਨੇ ਦੀਆਂ ਛੁੱਟੀਆਂ ਦੌਰਾਨ ਕੀਤੇ ਗਏ ਕੰਮ ਕਾਰਨ ਇਸ ਮਹੀਨੇ ਦਾ ਮੋਬਾਇਲ ਭੱਤਾ ਜਾਰੀ ਕਰਨ ਤੇ ਬਣਦੀਆਂ ਕਮਾਈ ਛੁੱਟੀਆਂ ਦੇਣ ਲਈ ਬੀ ਐੱਲ ਓ ਦੇ ਸੰਬੰਧਤ ਵਿਭਾਗ ਨੂੰ ਹੁਕਮ ਜਾਰੀ ਕਰਨ, ਕੰਮ ਦੀ ਪ੍ਰਗਤੀ ਰਿਪੋਰਟ ਹਰ ਰੋਜ਼ ਪੁੱਛੇ ਜਾਣ ਦੀ ਥਾਂ ਤੇ ਹਫਤਾਵਾਰੀ ਸਮੀਖਿਆ ਕੀਤੇ ਜਾਣ ਇਸ ਤੋਂ ਇਲਾਵਾ ਬੀਐਲਓ ਡਿਊਟੀ ਰੋਟੇਸ਼ਨ ਅਨੁਸਾਰ ਲਗਾਏ ਜਾਣ, ਪੰਜ ਸਾਲ ਤੋਂ ਵੱਧ ਸਮਾਂ ਡਿਊਟੀ ਨਿਭਾਅ ਚੁੱਕੇ ਕਰਮਚਾਰੀਆਂ ਨੂੰ ਛੋਟ ਦੇਣ ਆਦਿ ਮਸਲਿਆਂ ਤੇ ਚਰਚਾ ਹੋਈ। ਸਬੰਧਤ ਅਧਿਕਾਰੀ ਵੱਲੋਂ ਈ ਆਰ ਓ ਨਾਲ ਗੱਲ ਕਰਕੇ ਉਕਤ ਮੰਗਾਂ ਦਾ ਵਾਜਬ ਹੱਲ ਕੀਤੇ ਜਾਣ ਅਤੇ ਹਰ ਪੱਧਰ ਤੇ ਬੀ.ਐਲ.ਓ. ਨੂੰ ਸਹਿਯੋਗ ਕਰਨ ਦਾ ਭਰੋਸਾ ਦਵਾਇਆ। ਇਸ ਮੌਕੇ ਤੇ ਬੀ ਐੱਲ ਓ. ਜਥੇਬੰਦੀ ਦੇ ਪ੍ਰਧਾਨ ਕੁਸ਼ਲ ਕੁਮਾਰ, ਸਕੱਤਰ ਨਿਸ਼ਾਂਤ ਕੁਮਾਰ, ਵਿੱਤ ਸਕੱਤਰ ਦੀਪਕ ਚੰਦ, ਸਹਾਇਕ ਪ੍ਰੈਸ ਸਕੱਤਰ ਮਨਦੀਪ ਸਿੰਘ, ਸੀਨੀਅਰ ਸਲਾਹਕਾਰ ਤਜਿੰਦਰ ਸਿੰਘ ਅਲਾਓਦੀਪੁਰ, ਪੰਕਜ ਬਾਬੂ, ਜੋਗਿੰਦਰ ਸਿੰਘ, ਦੀਪਕ ਕੁਮਾਰ ਆਨੰਦ, ਯਸੀਨ ਅੰਸਾਰੀ, ਸਰਬਪ੍ਰੀਤ ਕੌਰ ,ਅਮਰਜੀਤ ਵਾਲੀਆ,ਕਪਿਲ, ਪ੍ਰਮੋਦ ਠਾਕੁਰ,ਜੀਵਨ ਪ੍ਰਕਾਸ਼, ਰਾਮ ਕੁਮਾਰ, ਸ਼੍ਰੀਮਤੀ ਅਮਨਜੋਤੀ ਆਦਿ ਹਾਜ਼ਰ ਸਨ।

ਭੰਗੜਾ ਸਿਖਲਾਈ ਕੈਂਪ ਦੀ ਸਮਾਪਤੀ ਮੌਕੇ ਸਿੱਖਿਆਰਥੀ ਸਨਮਾਨਤ

ਮਾਹਿਲਪੁਰ (ਸਫਰੀ)- ਸ੍ਰੀ ਗੁਰੂ ਗੋਬਿੰਦ ਸਿੰਘ ਖ਼ਾਲਸਾ ਕਾਲਜ ਮਾਹਿਲਪੁਰ ਵਿੱਚ ਪ੍ਰਿੰਸੀਪਲ ਡਾ. ਪਰਵਿੰਦਰ ਸਿੰਘ ਦੀ ਅਗਵਾਈ ਅਤੇ ਭੰਗੜਾ ਟੀਮ ਦੇ ਕਨਵੀਨਰ ਪ੍ਰੋ. ਮਨਪ੍ਰੀਤ ਸੇਠੀ ਦੀ ਦੇਖ ਰੇਖ ਅਧੀਨ ਲਗਾਏ ਗਏ 20 ਦਿਨਾਂ ਭੰਗੜਾ ਸਿਖਲਾਈ ਕੈਂਪ ਦੇ ਆਖ਼ਰੀ ਦਿਨ ਸਿੱਖਿਆਰਥੀਆਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ। ਇਸ ਸਿਖਲਾਈ ਕੈਂਪ ਦੌਰਾਨ ਭੰਗੜੇ ਦੀ ਸਿਖਲਾਈ ਲਈ ਕੋਚ ਰਜਿੰਦਰ ਕੁਮਾਰ ਨੇ ਵਿਸ਼ੇਸ਼ ਸੇਵਾਵਾਂ ਨਿਭਾਈਆਂ ਅਤੇ ਕੈਂਪ ਦੀ ਸਫਲਤਾ ਵਿਚ ਕਾਲਜ ਦੀ ਭੰਗੜਾ ਟੀਮ ਦੇ ਪੁਰਾਣੇ ਵਿਦਿਆਰਥੀਆਂ ਖੁਸ਼ਵੰਤ ਸਿੰਘ ਬੈਂਸ, ਹਰਲੀਨ ਰਾਏ ਅਤੇ ਸ਼ਰਨਦੀਪ ਸਿੰਘ ਨੇ ਵਿਸ਼ੇਸ਼ ਯੋਗਦਾਨ ਪਾਇਆ। ਕਾਲਜ ਦੇ ਪ੍ਰਿੰਸੀਪਲ ਡਾ. ਪਰਵਿੰਦਰ ਸਿੰਘ ਨੇ ਕਿਹਾ ਕਿ ਇਸ ਕੈਂਪ ਦੌਰਾਨ ਹਰ ਉਮਰ ਵਰਗ ਦੇ ਵਿਅਕਤੀਆਂ, ਬਜ਼ੁਰਗਾਂ, ਔਰਤਾਂ ਅਤੇ ਸਕੂਲਾਂ ਕਾਲਜਾਂ ਦੇ ਬੱਚਿਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ।ਉਨ੍ਹਾਂ ਦੱਸਿਆ ਕਿ ਭੰਗੜੇ ਦੀ ਸਿਖਲਾਈ ਸਬੰਧੀ ਸਵੇਰ ਸ਼ਾਮ ਦੇ ਇਸ ਕੈਂਪ ਦੌਰਾਨ ਉਸਤਾਦ ਰਜਿੰਦਰ ਕੁਮਾਰ ਨੇ ਸਿੱਖਿਆਰਥੀਆਂ ਨੂੰ ਇਸ ਲੋਕ ਨਾਚ ਦੀ ਪੇਸ਼ਕਾਰੀ ਦੇ ਵੱਖ-ਵੱਖ ਪਹਿਲੂਆਂ ਬਾਰੇ ਜਾਣਕਾਰੀ ਦਿੱਤੀ।

ਇਸ ਮੌਕੇ ਇੰਜੀਨੀਅਰ ਤਰਲੋਚਨ ਸਿੰਘ ਸੰਧੂ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਅਤੇ ਕਾਲਜ ਦੇ ਪ੍ਰਬੰਧਕਾਂ ਵੱਲੋਂ ਲਗਾਏ ਇਸ ਕੈਂਪ ਦੀ ਸ਼ਲਾਘਾ ਕੀਤੀ। ਇਸ ਮੌਕੇ ਪ੍ਰਬੰਧਕਾਂ ਵਲੋਂ ਭੰਗੜੇ ਦੀ ਸਿਖਲਾਈ ਦੇ ਭਾਗੀਦਾਰਾਂ ਨੂੰ ਪ੍ਰਮਾਣ ਪੱਤਰ ਤਕਸੀਮ ਕੀਤੇ ਗਏ।

ਸੀਟੂ, ਕਿਸਾਨ ਸਭਾ ਤੇ ਖੇਤ ਮਜ਼ਦੂਰਾਂ ਵੱਲੋਂ ਤਹਿਸੀਲਦਾਰ ਨੂੰ ਮੰਗ ਪੱਤਰ

ਬਲਾਚੌਰ (ਜਸਵਿੰਦਰ ਬੈਂਸ)- ਸੀਟੂ, ਕੁੱਲ ਹਿੰਦ ਕਿਸਾਨ ਸਭਾ ਅਤੇ ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਦੇ ਸਾਂਝੇ ਸੂਬਾਈ ਸੱਦੇ 'ਤੇ ਸਬ ਡਵੀਜ਼ਨ ਪੱਧਰ 'ਤੇ ਸਾਥੀ ਮਹਾਂ ਸਿੰਘ ਰੌੜੀ, ਚਰਨਜੀਤ ਦੌਲਤਪੁਰ, ਪ੍ਰੇਮ ਰੱਕੜ, ਹੁਸਨ ਚੰਦ ਮਝੋਟ ਅਤੇ ਭੁਪਿੰਦਰ ਸਿੰਘ ਕੌਲਗੜ੍ਹ ਦੀ ਅਗਵਾਈ ਵਿੱਚ ਨਾਇਬ ਤਹਿਸੀਲਦਾਰ ਬਲਾਚੌਰ ਨੂੰ ਸਾਂਝੀਆਂ ਮੰਗਾਂ ਦਾ ਮੰਗ ਪੱਤਰ ਦੇ ਕੇ ਮੰਗ ਕੀਤੀ ਕਿ ਇਸ ਨੂੰ ਮੁੱਖ ਪੰਜਾਬ ਨੂੰ ਭੇਜਿਆ ਜਾਵੇ। ਮੰਗ ਪੱਤਰ ਵਿੱਚ ਮੰਗ ਕੀਤੀ ਗਈ ਕਿ ਵੀ ਬੀ ਰਾਮ ਜੀ ਕਾਨੂੰਨ ਰੱਦ ਕਰਕੇ ਮਨਰੇਗਾ ਕਾਨੂੰਨ ਬਹਾਲ ਕੀਤਾ ਜਾਵੇ। ਮਜ਼ਦੂਰ ਵਿਰੋਧੀ ਚਾਰ ਲੇਬਰ ਕੋਡ ਰੱਦ ਕੀਤੇ ਜਾਣ, ਕਿਸਾਨਾਂ ਦੀਆਂ ਉਪਜਾਂ ਅਤੇ ਫ਼ਸਲਾਂ ਤੋਂ ਐਮ ਐਸ ਪੀ ਨੂੰ ਕਾਨੂੰਨੀ ਬਣਾਇਆ ਜਾਵੇ। ਬਿਜਲੀ ਬਿੱਲ 2025 ਅਤੇ ਬੀਜ ਬਿੱਲ 2025 ਨੂੰ ਰੱਦ ਕੀਤਾ ਜਾਵੇ। ਗਰੀਬ ਬੇਜ਼ਮੀਨੇ ਪਰਵਾਰਾਂ ਨੂੰ 10 ਮਰਲੇ ਦੇ ਰਿਹਾਇਸ਼ੀ ਪਲਾਟ ਅਤੇ ਘਰ ਦੀ ਉਸਾਰੀ ਲਈ 5 ਲੱਖ ਰੁਪਏ ਦੀ ਗ੍ਰਾਂਟ ਦਿੱਤੀ ਜਾਵੇ। ਆਂਗਣਵਾੜੀ ਵਰਕਰਾਂ, ਹੈਲਪਰਾਂ, ਆਸ਼ਾ ਵਰਕਰਾਂ ਅਤੇ ਮਿੱਡ ਡੇ ਮੀਲ ਵਰਕਰਾਂ ਨੂੰ ਘੱਟੋ ਘੱਟ ਉਜਰਤਾਂ ਦੇ ਘੇਰੇ ਵਿੱਚ ਲਿਆਂਦਾ ਜਾਵੇ। ਸਰਕਾਰੀ, ਅਰਧ ਸਰਕਾਰੀ, ਨਿੱਜੀ ਸੰਸਥਾਵਾਂ ਅਤੇ ਫੈਕਟਰੀਆਂ ਵਿਚ ਠੇਕੇਦਾਰੀ ਆਊਟ ਸੋਰਸ ਪ੍ਰਣਾਲੀ ਸਮਾਪਤ ਕਰਕੇ ਰੈਗੂਲਰ ਭਰਤੀ ਕੀਤੀ ਜਾਵੇ। ਗਰੀਬ ਕਿਸਾਨਾਂ ਅਤੇ ਮਜ਼ਦੂਰਾਂ ਦੇ ਕਰਜ਼ੇ ਮੁਆਫ਼ ਕੀਤੇ ਜਾਣ। ਅੰਤਰਰਾਸ਼ਟਰੀ ਪੱਧਰ ਤੇ ਕੱਚੇ ਤੇਲ ਦੀਆਂ ਕੀਮਤਾਂ ਘੱਟ ਗਈਆਂ ਹਨ,ਕੇਂਦਰ ਸਰਕਾਰ ਅਤੇ ਸੂਬਾ ਸਰਕਾਰ ਪਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ ਘੱਟ ਕਰਨ। ਘੱਟੋ ਘੱਟ ਉਜਰਤਾਂ ਵਿੱਚ ਵਾਧੇ ਵਾਲਾ ਨੋਟੀਫਿਕੇਸ਼ਨ ਸੋਧ ਕੇ ਲਾਗੂ ਕੀਤਾ ਜਾਵੇ ਅਤੇ ਮੰਗ ਪੱਤਰ ਵਿੱਚ ਹੋਰ ਦਰਜ ਮੰਗਾਂ ਮੰਨਣ ਦੀ ਅਪੀਲ ਕੀਤੀ ਗਈ ਇਸ ਵਫਦ ਵਿੱਚ ਹੁਸਨ ਚੰਦ ਮਝੋਟ, ਸੋਹਨ ਸਿੰਘ ਦਿਆਲਾਂ, ਸੋਮ ਨਾਥ, ਤਾਰਾ ਸਿੰਘ ਕੌਲਗੜ੍ਹ, ਪਰਮਿੰਦਰ ਸਿੰਘ ਕੰਗ, ਸਰਬਜੀਤ ਸਿੰਘ, ਹਰੇ ਰਾਮ ਸਮੇਤ ਦਰਜਨ ਤੋਂ ਵੱਧ ਸਾਥੀ ਸ਼ਾਮਲ ਸਨ।

ਸੜਕਾਂ ਦੇ ਨਵੀਨੀਕਰਨ ਤੇ ਚੌੜੀਕਰਨ ਲਈ ਕਰੋੜਾਂ ਰੁਪਏ ਮਨਜ਼ੂਰ

ਫ਼ਰੀਦਕੋਟ (ਐਲਿਗਜੈਂਡਰ ਡਿਸੂਜ਼ਾ)-ਪੰਜਾਬ ਸਰਕਾਰ ਵੱਲੋਂ ਹਲਕੇ ਦੇ ਵਿਕਾਸ ਲਈ ਇੱਕ ਹੋਰ ਵੱਡਾ ਕਦਮ ਚੁੱਕਦਿਆਂ ਸੜਕੀ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਕਰੋੜਾਂ ਰੁਪਏ ਦੇ ਵਿਕਾਸ ਕਾਰਜਾਂ ਨੂੰ ਹਰੀ ਝੰਡੀ ਦੇ ਦਿੱਤੀ ਗਈ ਹੈ।ਗੁਰਦਿੱਤ ਸਿੰਘ ਸੇਖੋਂ ਨੇ ਦੱਸਿਆ ਕਿ ਇਨ੍ਹਾਂ ਪ੍ਰੋਜੈਕਟਾਂ ਦੇ ਮੁਕੰਮਲ ਹੋਣ ਨਾਲ ਪੇਂਡੂ ਖੇਤਰਾਂ ਦੇ ਲੋਕਾਂ ਨੂੰ ਬਿਹਤਰ, ਸੁਰੱਖਿਅਤ ਤੇ ਆਧੁਨਿਕ ਆਵਾਜਾਈ ਦੀ ਸਹੂਲਤ ਮਿਲੇਗੀ।ਵਿਧਾਇਕ ਸੇਖੋਂ ਨੇ ਦੱਸਿਆ ਕਿ ਹਲਕੇ ਦੀਆਂ ਦੋ ਮੁੱਖ ਸੜਕਾਂ ਦੀ ਨੁਹਾਰ ਬਦਲਣ ਲਈ ਪੰਜਾਬ ਸਰਕਾਰ ਵੱਲੋਂ ਵੱਡੀ ਰਾਸ਼ੀ ਮਨਜ਼ੂਰ ਕੀਤੀ ਗਈ ਹੈ। ਉਨ੍ਹਾਂ ਅੱਗੇ ਕਿਹਾ ਕਿ ਸੜਕਾਂ ਦੇ ਚੌੜੇ ਹੋਣ ਨਾਲ ਨਾ ਸਿਰਫ਼ ਪਿੰਡਾਂ ਦੀ ਆਪਸੀ ਕਨੈਕਟੀਵਿਟੀ ਮਜ਼ਬੂਤ ਹੋਵੇਗੀ, ਸਗੋਂ ਕਿਸਾਨਾਂ ਨੂੰ ਆਪਣੀ ਫ਼ਸਲ ਮੰਡੀਆਂ ਤੱਕ ਪੁਚਾਉਣ ਵਿੱਚ ਵੱਡੀ ਸਹੂਲਤ ਮਿਲੇਗੀ।ਇਸ ਦੇ ਨਾਲ ਹੀ ਇਲਾਕੇ ਵਿੱਚ ਵਪਾਰਕ ਗਤੀਵਿਧੀਆਂ ਨੂੰ ਹੁਲਾਰਾ ਮਿਲੇਗਾ ਤੇ ਰੋਜ਼ਾਨਾ ਆਉਣ-ਜਾਣ ਵਾਲੇ ਮੁਸਾਫ਼ਰਾਂ ਨੂੰ ਵੀ ਵੱਡੀ ਰਾਹਤ ਮਿਲੇਗੀ।ਗੁਰਦਿੱਤ ਸਿੰਘ ਸੇਖੋਂ ਨੇ ਇਸ ਅਹਿਮ ਸੌਗਾਤ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਪੰਜਾਬ ਸਰਕਾਰ ਦਾ ਤਹਿ ਦਿਲੋਂ ਧੰਨਵਾਦ ਕੀਤਾ।ਉਨ੍ਹਾਂ ਪ੍ਰਤੀਬੱਧਤਾ ਦੁਹਰਾਈ ਕਿ ਸੂਬਾ ਸਰਕਾਰ ਲੋਕਾਂ ਨੂੰ ਆਧੁਨਿਕ ਬੁਨਿਆਦੀ ਸਹੂਲਤਾਂ ਦੇਣ ਲਈ ਵਚਨਬੱਧ ਹੈ।

ਨਵ ਪੰਜਾਬੀ ਸਾਹਿਤ ਸਭਾ ਦੀ ਮੀਟਿੰਗ ਤੇ ਕਵੀ ਦਰਬਾਰ

ਕੋਟ ਈਸੇ ਖਾਂ (ਅਰੋੜਾ)-ਸਾਹਿਤਕ ਸੰਸਥਾ ਨਵ ਪੰਜਾਬੀ ਸਾਹਿਤ ਸਭਾ ਆਪਣੀਆਂ ਪ੍ਰੰਪਰਾਵਾਂ ਨੂੰ ਅੱਗੇ ਤੋਰਦੇ ਹੋਏ ਲਗਾਤਾਰ ਸਾਹਿਤਕ ਕਾਰਜ ਕਰ ਰਹੀ ਹੈ ਤਾਂ ਜੁ ਮਾਂ ਬੋਲੀ ਪੰਜਾਬੀ ਤੇ ਸਾਹਿਤ ਨਵੀਂ ਪੀੜ੍ਹੀ ਤੱਕ ਪਹੁੰਚੇ। ਸੱਭਿਆਚਾਰ ਦੀ ਖੁਸ਼ਬੂ ਜਨ-ਜਨ ਤੱਕ ਜਾਵੇ। ਇਸੇ ਲੜੀ ਅਧੀਨ ਇਸ ਵਾਰ ਦੀ ਮਹੀਨੇਵਾਰ ਮੀਟਿੰਗ ਜੋ ਮਾਸਟਰ ਸ਼ਮਸ਼ੇਰ ਸਿੰਘ ਦੀ ਪ੍ਰਧਾਨਗੀ ਹੇਠ ਸਰਕਾਰੀ ਹਾਈ ਸਕੂਲ ਲੜਕੇ ਜੀਰਾ ਰੋਡ ਵਿਖੇ ਹੋਈ।ਇਸ ਮਹੀਨੇ ਵਾਰ ਸਾਹਿਤਕ ਮੀਟਿੰਗ ਤੇ ਕਵੀ ਦਰਬਾਰ ਵਿੱਚ ਨੇੜੇ ਤੇੜੇ ਦੀਆਂ ਸਾਹਿਤਿਕ ਸਭਾਵਾਂ ਦੇ ਲੇਖਕਾਂ ਕਵੀਆਂ ਨੇ ਭਾਗ ਲਿਆ।ਗ਼ਜ਼ਲਗੋ ਪ੍ਰੋਫੈਸਰ ਗੁਰਦੀਪ ਖਿੰਡਾ ਨੇ ਆਏ ਹੋਏ ਸਾਹਿਤਕਾਰ ਸਾਥੀਆਂ ਨੂੰ ਸਭਾ ਵੱਲੋਂ ਜੀ ਆਇਆਂ ਆਖਿਆ।ਇਸ ਦੌਰਾਨ ਹੋਏ ਕਵੀ ਦਰਬਾਰ ਵਿੱਚ ਸੁਖਰਾਜ ਜੀਰਾ, ਯਸ਼ਪਾਲ ਗੁਲਾਟੀ, ਹਰਬੰਸ ਸਿੰਘ ਗੈਦੂ, ਗਿਆਨੀ ਜੀਤ ਸਿੰਘ, ਜੀਵਨ ਸਿੰਘ ਹਾਣੀ, ਬਲਵਿੰਦਰ ਸਿੰਘ ਬੀ.ਏ, ਮਾਸਟਰ ਸ਼ਮਸ਼ੇਰ ਸਿੰਘ, ਪ੍ਰੋਫੈਸਰ ਗੁਰਦੀਪ ਖਿੰਡਾ, ਪਵਨ ਕੁਮਾਰ ਤਲਵੰਡੀ, ਸਮਾਜ ਸੇਵੀ ਤਰਸੇਮ ਧੰਨਾ ਤੇ ਸੂਬਾ ਸਿੰਘ ਆਦਿ ਨੇ ਆਪੋ ਆਪਣੀਆਂ ਰਚਨਾਵਾਂ ਪੇਸ਼ ਕੀਤੀਆਂ, ਜਿਨ੍ਹਾਂ 'ਤੇ ਸਾਰਥਿਕ ਬਹਿਸ ਹੋਈ ਅਤੇ ਉਸਾਰੂ ਸੁਝਾਅ ਦਿੱਤੇ ਗਏ।ਗਿਆਨੀ ਜੀਤ ਸਿੰਘ ਵੱਲੋਂ ਕਵਿਤਾ ਗੁਲਾਬ ਦਾ ਫੁੱਲ ਬਹੁਤ ਹੀ ਤੁਰੰਨਮ ਨਾਲ ਗਾ ਕੇ ਸਭ ਦਾ ਮਨ ਮੋਹ ਲਿਆ। ਗੁਰਦੀਪ ਖਿੰਡਾ ਨੇ ਵਿਚਾਰ ਚਰਚਾ ਮੌਕੇ ਨੌਜਵਾਨਾਂ ਵਿੱਚ ਸਾਹਿਤ ਲਿਖਣ ਤੇ ਪੜ੍ਹਨ ਦੀ ਘਟ ਰਹੀ ਰੁਚੀ ਤੇ ਚਿੰਤਾ ਦਾ ਪ੍ਰਗਟਾਵਾ ਕੀਤਾ।ਯਸ਼ਪਾਲ ਗੁਲਾਟੀ, ਸੁਖਰਾਜ ਜੀਰਾ, ਪਵਨ ਤਲਵੰਡੀ ਤੇ ਜੀਵਨ ਸਿੰਘ ਹਾਣੀ ਨੇ ਪੰਜਾਬੀ ਭਾਸ਼ਾ ਅਤੇ ਸਾਹਿਤ ਨੂੰ ਪ੍ਰਫੁੱਲਤ ਕਰਨ ਲਈ ਸੁਝਾਅ ਦਿੱਤੇ।ਮੀਟਿੰਗ ਦੇ ਅੰਤ ਵਿੱਚ ਸਭਾ ਦੇ ਪ੍ਰਧਾਨ ਮਾਸਟਰ ਸ਼ਮਸ਼ੇਰ ਸਿੰਘ ਨੇ ਕਿਹਾ ਕਿ ਸਾਹਿਤ ਸਭਾ ਵੱਲੋਂ ਮਹੀਨੇ ਵਾਰ ਮੀਟਿੰਗਾਂ ਦਾ ਸਿਲਸਿਲਾ ਸਾਰੇ ਸਹਿਯੋਗੀ ਸਾਥੀਆਂ ਦੇ ਨਾਲ ਲਗਾਤਾਰ ਜਾਰੀ ਰਹੇਗਾ ਉਨ੍ਹਾਂ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ ਤੇ ਅਗਲੀ ਮੀਟਿੰਗ ਵਿੱਚ ਫਿਰ ਮਿਲਣ ਦੇ ਵਾਅਦੇ ਨਾਲ ਕਵੀ ਦਰਬਾਰ ਸਮਾਪਤ ਹੋਇਆ।

ਬਲੌਸਮਜ਼ ਕਾਨਵੈਂਟ ਸਕੂਲ 'ਚ ਯੂ ਕੇ ਜੀ ਕਲਾਸ ਦੀ 'ਰੇਨਬੋ ਗਤੀਵਿਧੀ' ਕਰਾਈ

ਜਗਰਾਉਂ (ਅਮਿਤ ਖੰਨਾ)-ਬਲੌਸਮਜ਼ ਕਾਨਵੈਂਟ ਸਕੂਲ ਵਿਖੇ ਯੂ.ਕੇ.ਜੀ. ਕਲਾਸ ਦੇ ਨੰਨੇ-ਮੁੰਨੇ ਵਿਦਿਆਰਥੀਆਂ ਲਈ 'ਰੇਨਬੋ ਗਤੀਵਿਧੀ' ਕਰਾਈ ਗਈ।ਇਸ ਗਤੀਵਿਧੀ ਦੌਰਾਨ ਬੱਚਿਆਂ ਨੇ ਪੇਪਰ ਪਲੇਟਾਂ ਉੱਪਰ ਵੱਖ-ਵੱਖ ਰੰਗਾਂ ਦੀ ਵਰਤੋਂ ਕਰਕੇ ਸੁੰਦਰ ਰੇਨਬੋਤਿਆਰ ਕੀਤਾ।ਬੱਚਿਆਂ ਨੇ ਆਪਣੀ ਕਲਪਨਾਸ਼ਕਤੀ, ਰਚਨਾਤਮਕ ਸੋਚ ਤੇ ਸਮਝ ਅਨੁਸਾਰ ਰੰਗਾਂ ਦੀ ਚੋਣ ਕਰਕੇ ਰੇਨਬੋ ਨੂੰ ਬਹੁਤ ਹੀ ਆਕਰਸ਼ਕ ਢੰਗ ਨਾਲ ਸਜਾਇਆ।ਇਸ ਗਤੀਵਿਧੀ ਦਾ ਮੁੱਖ ਉਦੇਸ਼ ਬੱਚਿਆਂ ਨੂੰ ਰੰਗਾਂ ਦੀ ਪਹਿਚਾਣ ਕਰਵਾਉਣਾ, ਉਨ੍ਹਾਂ ਦੀ ਸਿਰਜਣਾਤਮਕ ਯੋਗਤਾ ਨੂੰ ਨਿਖਾਰਨਾ ਅਤੇ ਹੱਥਾਂ ਦੀਆਂ ਬਾਰੀਕ ਹਰਕਤਾਂ ਨੂੰ ਵਿਕਸਿਤ ਕਰਨਾ ਸੀ।ਗਤੀਵਿਧੀ ਦੌਰਾਨ ਅਧਿਆਪਕਾਵਾਂ ਨੇ ਬੱਚਿਆਂ ਨੂੰ ਰੇਨਬੋ ਵਿੱਚ ਆਉਣ ਵਾਲੇ ਸੱਤ ਰੰਗਾਂ ਲਾਲ, ਸੰਤਰੀ, ਪੀਲਾ, ਹਰਾ, ਨੀਲਾ, ਜਾਮਨੀ ਤੇ ਬੈਂਗਣੀ ਬਾਰੇ ਜਾਣਕਾਰੀ ਦਿੱਤੀ।ਬੱਚਿਆਂ ਨੂੰ ਇਹ ਵੀ ਸਮਝਾਇਆ ਗਿਆ ਕਿ ਇਹ ਰੇਨਬੋ ਮੀਂਹ ਤੋਂ ਬਾਅਦ ਸੂਰਜ ਦੀ ਰੋਸ਼ਨੀ ਦੇ ਪਾਣੀ ਦੀਆਂ ਬੂੰਦਾਂ ਵਿੱਚੋਂ ਲੰਘਣ ਕਾਰਨ ਬਣਦਾ ਹੈ ਤੇ ਕੁਦਰਤ ਦੀ ਇੱਕ ਬਹੁਤ ਹੀ ਮਨਮੋਹਕ ਰਚਨਾ ਹੈ।ਵਿਦਿਆਰਥੀਆਂ ਨੇ ਇਸ ਗਤੀਵਿਧੀ ਵਿੱਚ ਬਹੁਤ ਉਤਸ਼ਾਹ ਨਾਲ ਭਾਗ ਲਿਆ ਅਤੇ ਆਪਣੇ-ਆਪਣੇ ਰੇਨਬੋ ਬਹੁਤ ਹੀ ਸੁੰਦਰ ਢੰਗ ਨਾਲ ਤਿਆਰ ਕੀਤੇ। ਗਤੀਵਿਧੀ ਦੌਰਾਨ ਬੱਚਿਆਂ ਵਿੱਚ ਸਹਿਯੋਗ, ਧਿਆਨ ਨਾਲ ਕੰਮ ਕਰਨ ਦੀ ਆਦਤ, ਰੰਗਾਂ ਦੀ ਸਮਝ ਤੇ ਆਤਮ-ਵਿਸ਼ਵਾਸ ਵਿੱਚ ਵੀ ਵਾਧਾ ਦੇਖਣ ਨੂੰ ਮਿਲਿਆ।ਅਜਿਹੀਆਂ ਗਤੀਵਿਧੀਆਂ ਬੱਚਿਆਂ ਲਈ ਸਿੱਖਣ ਨੂੰ ਰੁਚਿਕਰ ਅਤੇ ਮਨੋਰੰਜਕ ਬਣਾਉਂਦੀਆਂ ਹਨ, ਜਿਸ ਨਾਲ ਉਹ ਖੇਡ-ਖੇਡ ਵਿੱਚ ਨਵੀਆਂ ਗੱਲਾਂ ਆਸਾਨੀ ਨਾਲ ਸਿੱਖ ਲੈਂਦੇ ਹਨ।ਸਕੂਲ ਦੇ ਪ੍ਰਿੰਸੀਪਲ ਡਾ. ਨਵਨੀਤ ਕੌਰ ਨੇ ਕਿਹਾ ਕਿ ਪ੍ਰਾਇਮਰੀ ਪੱਧਰ 'ਤੇ ਕਰਾਈਆਂ ਜਾਣ ਵਾਲੀਆਂ ਅਜਿਹੀਆਂ ਛੋਟੀਆਂ-ਛੋਟੀਆਂ ਗਤੀਵਿਧੀਆਂ ਬੱਚਿਆਂ ਦੇ ਸਰਵਪੱਖੀ ਵਿਕਾਸ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ।ਉਨ੍ਹਾਂ ਕਿਹਾ ਕਿ ਬੱਚੇ ਕਿਤਾਬਾਂ ਨਾਲੋਂ ਵੱਧ ਗਤੀਵਿਧੀਆਂ ਰਾਹੀਂ ਸਿੱਖਦੇ ਹਨ।ਇਸ ਤਰ੍ਹਾਂ ਦੀਆਂ ਰਚਨਾਤਮਕ ਗਤੀਵਿਧੀਆਂ ਨਾ ਸਿਰਫ਼ ਉਨ੍ਹਾਂ ਦੀ ਸੋਚਣ ਅਤੇ ਸਮਝਣ ਦੀ ਸਮਰੱਥਾ ਨੂੰ ਵਿਕਸਿਤ ਕਰਦੀਆਂ ਹਨ, ਸਗੋਂ ਉਨ੍ਹਾਂ ਦੇ ਆਤਮ-ਵਿਸ਼ਵਾਸ, ਕਲਪਨਾਸ਼ਕਤੀ ਤੇ ਸਿਰਜਣਾਤਮਕਤਾ ਨੂੰ ਵੀ ਨਵੀਆਂ ਉਚਾਈਆਂ ਤੱਕ ਲੈ ਜਾਂਦੀਆਂ ਹਨ।

'ਆਪ' ਦੇ ਐੱਸ ਸੀ ਵਿੰਗ ਵੱਲੋਂ ਬੀਜਾ 'ਚ ਵਿਸ਼ਾਲ ਇਕੱਠ

ਦੋਰਾਹਾ (ਹਰਮਿੰਦਰ ਸੇਠ)-ਆਮ ਆਦਮੀ ਪਾਰਟੀ ਦੇ ਐਸ.ਸੀ. ਵਿੰਗ ਪੰਜਾਬ ਵੱਲੋਂ ਪ੍ਰਧਾਨ ਗੁਰਪ੍ਰੀਤ ਸਿੰਘ ਜੀ.ਪੀ. ਦੀ ਅਗਵਾਈ ਹੇਠ ਹਲਕਾ ਪਾਇਲ ਦੇ ਪਿੰਡ ਬੀਜਾ ਵਿਖੇ ਜ਼ਿਲ੍ਹਾ ਲੁਧਿਆਣਾ ਐਸ.ਸੀ. ਵਿੰਗ ਦੇ ਪ੍ਰਧਾਨ ਡਾ. ਜਸਪ੍ਰੀਤ ਸਿੰਘ ਬੀਜਾ ਦੇ ਗ੍ਰਹਿ ਵਿਖੇ ਇੱਕ ਪ੍ਰਭਾਵਸ਼ਾਲੀ ਪ੍ਰੋਗਰਾਮ ਕਰਾਇਆ ਗਿਆ।ਛੋਟੇ ਪੱਧਰ 'ਤੇ ਰੱਖੀ ਗਈ ਇਹ ਮੀਟਿੰਗ ਲੋਕਾਂ ਦੇ ਭਾਰੀ ਉਤਸ਼ਾਹ ਕਾਰਨ ਇੱਕ ਵੱਡੇ ਇਕੱਠ ਦਾ ਰੂਪ ਧਾਰ ਗਈ।ਪਾਰਟੀ ਦੇ ਸੀਨੀਅਰ ਆਗੂ ਹਰਜੀਤ ਸਿੰਘ ਮਾਂਗਟ ਪੰਜਾਬ ਆਮ ਆਦਮੀ ਪਾਰਟੀ ਦੇ ਬੁਲਾਰੇ ਸ੍ਰੀ ਰਮਨ ਕੁਮਾਰ ਚਾਂਦੀ, ਸਾਬਕਾ ਮੰਤਰੀ ਹਰਨੇਕ ਸਿੰਘ ਮੰਗੇਵਾਲ ਦੇ ਪੋਤੇ ਸ੍ਰੀ ਇੰਦਰਪ੍ਰੀਤ ਸਿੰਘ ਮਾਂਗੇਵਾਲ, ਸਵਰਨ ਸਿੰਘ, ਮੰਡੀ ਬੋਰਡ ਦੇ ਚੇਅਰਮੈਨ ਸੁਖਵਿੰਦਰ ਸਿੰਘ ਨੋਨਾ ਅਤੇ ਆਮ ਆਦਮੀ ਪਾਰਟੀ ਦੇ ਆਗੂ ਈਸ਼ਰ ਸਿੰਘ, ਮਨਦੀਪ ਭੱਠਲ ਸਮੇਤ ਵੱਡੀ ਗਿਣਤੀ ਵਿੱਚ ਪਾਰਟੀ ਆਗੂ, ਵਰਕਰ ਅਤੇ ਇਲਾਕਾ ਨਿਵਾਸੀ ਹਾਜ਼ਰ ਸਨ।ਗੁਰਪ੍ਰੀਤ ਸਿੰਘ ਜੀ.ਪੀ. ਨੇ ਪੰਜਾਬ ਸਰਕਾਰ ਵੱਲੋਂ ਸਿੱਖਿਆ, ਸਿਹਤ, ਬਿਜਲੀ, ਮਹਿਲਾ ਭਲਾਈ ਤੇ ਹੋਰ ਲੋਕ-ਹਿੱਤ ਸਕੀਮਾਂ ਤਹਿਤ ਕੀਤੇ ਜਾ ਰਹੇ ਕੰਮਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਲੋਕਾਂ ਨਾਲ ਕੀਤੇ ਵਾਅਦਿਆਂ ਨੂੰ ਲਗਾਤਾਰ ਪੂਰਾ ਕਰ ਰਹੀ ਹੈ ਤੇ ਇਹੀ ਕਾਰਨ ਹੈ ਕਿ ਪਿੰਡ-ਪਿੰਡ ਅਤੇ ਸ਼ਹਿਰ-ਸ਼ਹਿਰ ਆਮ ਆਦਮੀ ਪਾਰਟੀ ਨੂੰ ਭਰਵਾਂ ਸਮਰਥਨ ਮਿਲ ਰਿਹਾ ਹੈ।ਸ੍ਰੀ ਇੰਦਰਪ੍ਰੀਤ ਸਿੰਘ ਤੇ ਪੰਜਾਬ ਆਮ ਆਦਮੀ ਪਾਰਟੀ ਦੇ ਬੁਲਾਰੇ ਸ੍ਰੀ ਰਮਨ ਕੁਮਾਰ ਚਾਂਦੀ ਨੇ ਵੀ ਵਿਚਾਰ ਸਾਂਝੇ ਕਰਦਿਆਂ ਪਾਰਟੀ ਦੀਆਂ ਲੋਕ ਭਲਾਈ ਨੀਤੀਆਂ ਨੂੰ ਘਰ-ਘਰ ਤੱਕ ਪੁਚਾਉਣ ਅਤੇ ਸੰਗਠਨ ਨੂੰ ਹੋਰ ਮਜ਼ਬੂਤ ਬਣਾਉਣ ਲਈ ਵਰਕਰਾਂ ਨੂੰ ਇੱਕਜੁੱਟ ਹੋ ਕੇ ਕੰਮ ਕਰਨ ਦਾ ਸੱਦਾ ਦਿੱਤਾ।ਸਮਾਗਮ ਦੇ ਅੰਤ ਵਿੱਚ ਡਾ. ਜਸਪ੍ਰੀਤ ਸਿੰਘ ਬੀਜਾ ਨੇ ਸਮਾਗਮ ਵਿੱਚ ਪਹੁੰਚੇ ਗੁਰਪ੍ਰੀਤ ਸਿੰਘ ਜੀ.ਪੀ., ਸਮੂਹ ਸੀਨੀਅਰ ਆਗੂਆਂ, ਪਾਰਟੀ ਵਰਕਰਾਂ ਤੇ ਇਲਾਕੇ ਦੇ ਲੋਕਾਂ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕਰਦਿਆਂ ਕਿਹਾ ਕਿ ਲੋਕਾਂ ਦਾ ਇਹ ਭਰਵਾਂ ਪਿਆਰ ਅਤੇ ਵਿਸ਼ਵਾਸ ਉਨ੍ਹਾਂ ਨੂੰ ਹੋਰ ਵੱਧ ਜੋਸ਼ ਨਾਲ ਲੋਕ ਸੇਵਾ ਲਈ ਪ੍ਰੇਰਿਤ ਕਰਦਾ ਹੈ।

ਚੱਕ ਭਾਈਕੇ ਦੀ ਪੰਚਾਇਤ ਨੇ ਬਦਲੀ ਮਿਡਲ ਸਕੂਲ ਦੀ ਨੁਹਾਰ : ਰਾਣੀ ਸ਼ਰਮਾ

ਜਲਦੀ ਹੋਵੇਗਾ ਸਮੁੱਚਾ ਸਕੂਲ ਪੂਰਨ ਏ ਸੀ : ਸਰਪੰਚ

ਮਾਨਸਾ (ਆਤਮਾ ਸਿੰਘ ਪਮਾਰ)-ਗ੍ਰਾਮ ਪੰਚਾਇਤ ਚੱਕ ਭਾਈਕੇ ਵੱਲੋਂ ਸ਼ਹੀਦ ਹਵਲਦਾਰ ਸੁਖਵਿੰਦਰ ਸਿੰਘ ਸਰਕਾਰੀ ਮਿਡਲ ਸਕੂਲ ਚੱਕ ਭਾਈਕੇ ਨੂੰ ਵਾਟਰ ਕੂਲਰ ਤੇ ਆਰ ਓ ਭੇਟ ਕੀਤਾ ਗਿਆ। ਇਸ ਮੌਕੇ ਬੋਲਦਿਆਂ ਸਕੂਲ ਮੁਖੀ ਮੈਡਮ ਰਾਣੀ ਸ਼ਰਮਾ ਨੇ ਕਿਹਾ ਕਿ ਪੰਚਾਇਤ ਵੱਲੋਂ ਪਿਛਲੇ ਸਾਲ ਤੋਂ ਵੱਡੇ ਪੱਧਰ 'ਤੇ ਸਕੂਲ 'ਚ ਵਿਕਾਸ ਦੇ ਕਾਰਜ ਕਰਵਾਏ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਪੰਚਾਇਤ ਵੱਲੋਂ ਬੱਚਿਆਂ ਲਈ ਸ਼ਾਨਦਾਰ ਸ਼ੈੱਡ, ਸਮੁੱਚੇ ਸਕੂਲ 'ਚ ਲੌਕ ਟਾਇਲ, ਬੱਚਿਆਂ ਦੇ ਪਾਣੀ ਪੀਣ ਲਈ ਮੋਟਰ, ਸਕੂਲ ਦੀ ਬਾਊਂਡਰੀ ਬਾਲ ਨੂੰ ਵਧੀਆ ਪੇਂਟ, ਸਕੂਲ ਦੀ ਸਾਫ ਸਫਾਈ ਵਾਸਤੇ ਪਾਰਟ ਟਾਈਮ ਸਵੀਪਰ ਦਾ ਪ੍ਰਬੰਧ ਤੇ ਹੋਰ ਕਾਰਜ ਲਗਾਤਾਰ ਕੀਤੇ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਚੱਕ ਭਾਈਕੇ ਦੀ ਪੂਰੀ ਪੰਚਾਇਤ ਬਹੁਤ ਹੀ ਮਿਹਨਤੀ ਹੈ।ਸਕੂਲ ਮੁਖੀ ਨੇ ਪੰਚਾਇਤ ਅੱਗੇ ਨਵੀਂ ਮੰਗ ਰੱਖਦਿਆਂ ਪੰਚਾਇਤ ਨੂੰ ਬੇਨਤੀ ਕੀਤੀ ਕਿ ਸਕੂਲ 'ਚ ਏ ਸੀ ਤੇ ਸੋਲਰ ਸਿਸਟਮ ਦਾ ਵੀ ਪ੍ਰਬੰਧ ਕੀਤਾ ਜਾਵੇ।ਇਸ ਮੌਕੇ ਸਰਪੰਚ ਜਗਸੀਰ ਸਿੰਘ ਨੇ ਕਿਹਾ ਕਿ ਸਕੂਲ ਦੀਆਂ ਸਾਰੀਆਂ ਮੰਗਾਂ ਨੂੰ ਪੂਰਾ ਕੀਤਾ ਜਾਵੇਗਾ ਤੇ ਬੱਚਿਆਂ ਦੀ ਸੁਵਿਧਾ ਅਨੁਸਾਰ ਪਾਣੀ ਦੇ ਪ੍ਰਬੰਧ ਲਈ ਇੱਕ ਕਮਰਾ ਹੋਰ ਬਣਾ ਕੇ ਦਿੱਤਾ ਜਾਵੇਗਾ।ਇਸ ਸਮੇਂ ਪੰਚ ਸੁਖਚੈਨ ਸਿੰਘ, ਪਾਲ ਸਿੰਘ, ਕੇਵਲ ਸਿੰਘ, ਪਰਮਜੀਤ ਸਿੰਘ, ਮੈਡਮ ਜਗਦੀਪ ਕੌਰ, ਹਰੁਪਿੰਦਰ ਕੌਰ, ਬਲਦੀਪ ਕੁਮਾਰ ਆਦਿ ਹਾਜ਼ਰ ਸਨ।ਸਕੂਲ ਮੈਨੇਜਮੈਂਟ ਕਮੇਟੀ ਦੀ ਚੇਅਰਮੈਨ ਮਨਦੀਪ ਕੌਰ ਵੱਲੋਂ ਵੀ ਸਮੁੱਚੀ ਗ੍ਰਾਮ ਪੰਚਾਇਤ ਦਾ ਧੰਨਵਾਦ ਕੀਤਾ ਗਿਆ।

ਹੈਲਪਿੰਗ ਹੈਂਡ ਵੈੱਲਫੇਅਰ ਸੁਸਾਇਟੀ ਵੱਲੋਂ ਖ਼ੂਨਦਾਨ ਕੈਂਪ

- ਖ਼ੂਨਦਾਨ ਅਜਿਹਾ ਦਾਨ, ਜੋ ਕਿਸੇ ਵਿਅਕਤੀ ਦੀ ਬੁਝਦੀ ਜੀਵਨ ਜੋਤ ਨੂੰ ਰੌਸ਼ਨ ਕਰ ਸਕਦੈ : ਡਾ. ਅਰੋੜਾ
- ਖ਼ੂਨਦਾਨ ਤੋਂ ਵੱਡਾ ਕੋਈ ਦਾਨ ਨਹੀਂ : ਮਾਲਵਿਕਾ ਸੂਦ

ਮੋਗਾ (ਇਕਬਾਲ ਸਿੰਘ ਖਹਿਰਾ)

ਹੈਲਪਿੰਗ ਹੈਂਡ ਵੈੱਲਫੇਅਰ ਸੁਸਾਇਟੀ ਮੋਗਾ ਵੱਲੋਂ ਗੀਤਾ ਭਵਨ ਨੇੜੇ ਸਥਿਤ ਚਿੰਤਪੁਰਨੀ ਧਰਮਸ਼ਾਲਾ ਵਿੱਚ ਖ਼ੂਨਦਾਨ ਕੈਂਪ ਲਗਾਇਆ ਗਿਆ।ਕੈਂਪ ਵਿੱਚ ਮੋਗਾ ਵਿਧਾਨ ਸਭਾ ਹਲਕੇ ਦੀ ਆਮ ਆਦਮੀ ਪਾਰਟੀ ਦੀ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ, ਮੋਗਾ ਨਗਰ ਨਿਗਮ ਦੀ ਮੇਅਰ ਵਿਨੈ ਪਾਲ ਕੌਰ, ਕਾਂਗਰਸ ਦੀ ਹਲਕਾ ਇੰਚਾਰਜ ਮਾਲਵਿਕਾ ਸੂਦ, ਗੌਤਮ ਸੱਚਰ, ਅਗਰਵਾਲ ਸਮਾਜ ਸਭਾ ਦੇ ਡਾ. ਅਜੈ ਕਾਂਸਲ, ਐੱਨ.ਜੀ.ਓ. ਐੱਸ. ਕੇ. ਬਾਂਸਲ, ਗਲੋਬਲ ਸਿੱਖ, ਮੋਗਾ ਰੋਟੀ ਬੈਂਕ, ਕਨ੍ਹੱਈਆ, ਸਾਬਕਾ ਕੌਂਸਲਰ ਪਾਇਲ ਗਰਗ, ਪ੍ਰਦੀਪ ਗਰਗ (ਰੈੱਡ ਕਰਾਸ) ਤੇ ਕੌਂਸਲਰ ਦੇ ਪੁੱਤਰ ਵਿਨੀਤ ਚੋਪੜਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਕੇ ਖ਼ੂਨਦਾਨੀਆਂ ਦਾ ਹੌਸਲਾ ਵਧਾਇਆ ਅਤੇ ਪ੍ਰਬੰਧਕ ਕਮੇਟੀ ਦੇ ਉਪਰਾਲੇ ਦੀ ਸ਼ਲਾਘਾ ਕੀਤੀ।ਇਸ ਮੌਕੇ ਸਿਵਲ ਹਸਪਤਾਲ ਮੋਗਾ ਦੇ ਬਲੱਡ ਬੈਂਕ ਦੀ ਟੀਮ ਨੇ ਕੈਂਪ ਵਿੱਚ ਪਹੁੰਚੇ 60 ਖ਼ੂਨਦਾਨੀਆਂ ਤੋਂ ਖ਼ੂਨ ਇਕੱਠਾ ਕੀਤਾ। ਮੁੱਖ ਮਹਿਮਾਨਾਂ ਨੇ ਖ਼ੂਨਦਾਨੀਆਂ ਨੂੰ ਬੈਜ਼ ਲਗਾ ਕੇ, ਸਰਟੀਫਿਕੇਟ ਤੇ ਰਿਫਰੈਸ਼ਮੈਂਟ ਦੇ ਕੇ ਸਨਮਾਨਤ ਕੀਤਾ।ਇਸ ਮੌਕੇ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਖ਼ੂਨਦਾਨ ਹੀ ਅਜਿਹਾ ਦਾਨ ਹੈ, ਜੋ ਕਿਸੇ ਵਿਅਕਤੀ ਦੀ ਬੁਝਦੀ ਜੀਵਨ ਜੋਤ ਨੂੰ ਰੌਸ਼ਨ ਕਰ ਸਕਦਾ ਹੈ।ਉਨ੍ਹਾਂ ਕਿਹਾ ਕਿ ਸਮਾਜ ਸੇਵਾ ਦੇ ਅਜਿਹੇ ਕਾਰਜ ਮਨੁੱਖਤਾ ਦੀ ਸੱਚੀ ਮਿਸਾਲ ਹਨ ਤੇ ਹਰ ਤੰਦਰੁਸਤ ਵਿਅਕਤੀ ਨੂੰ ਸਮੇਂ-ਸਮੇਂ 'ਤੇ ਸਵੈਇੱਛਾ ਨਾਲ ਖ਼ੂਨ ਦਾਨ ਕਰਨਾ ਚਾਹੀਦਾ ਹੈ।ਉਨ੍ਹਾਂ ਹੈਲਪਿੰਗ ਹੈਂਡ ਵੈੱਲਫੇਅਰ ਸੁਸਾਇਟੀ ਦੇ ਪ੍ਰਧਾਨ ਸੁਧਾਂਸ਼ੂ ਮਿੱਤਲ, ਚੇਅਰਮੈਨ ਅਭੈ ਮਦਾਨ ਤੇ ਉਨ੍ਹਾਂ ਦੀ ਪੂਰੀ ਟੀਮ ਨੂੰ ਸਫਲ ਖ਼ੂਨਦਾਨ ਕੈਂਪ ਦੇ ਆਯੋਜਨ ਲਈ ਵਧਾਈ ਦਿੰਦਿਆਂ ਕਿਹਾ ਕਿ ਅਜਿਹੇ ਸਮਾਜਿਕ ਉਪਰਾਲੇ ਸਮਾਜ ਵਿੱਚ ਸੇਵਾ, ਸਹਿਯੋਗ ਤੇ ਮਨੁੱਖੀ ਕਦਰਾਂ-ਕੀਮਤਾਂ ਨੂੰ ਹੋਰ ਮਜ਼ਬੂਤ ਕਰਦੇ ਹਨ।ਕਾਂਗਰਸ ਦੀ ਹਲਕਾ ਇੰਚਾਰਜ ਮਾਲਵਿਕਾ ਸੂਦ ਨੇ ਕਿਹਾ ਕਿ ਖ਼ੂਨਦਾਨ ਤੋਂ ਵੱਡਾ ਕੋਈ ਦਾਨ ਨਹੀਂ ਹੈ।ਉਨ੍ਹਾਂ ਲੋਕਾਂ ਨੂੰ ਵੱਧ ਤੋਂ ਵੱਧ ਗਿਣਤੀ ਵਿੱਚ ਖ਼ੂਨ ਦਾਨ ਮੁਹਿੰਮ ਨਾਲ ਜੁੜਨ ਦੀ ਅਪੀਲ ਕਰਦਿਆਂ ਕਿਹਾ ਕਿ ਖ਼ੂਨ ਦਾਨ ਨਾਲ ਨਾ ਸਿਰਫ਼ ਕਿਸੇ ਦੀ ਜਾਨ ਬਚਾਈ ਜਾ ਸਕਦੀ ਹੈ, ਸਗੋਂ ਸਮਾਜ ਵਿੱਚ ਆਪਸੀ ਸਹਿਯੋਗ ਤੇ ਸੇਵਾ ਦੀ ਭਾਵਨਾ ਵੀ ਮਜ਼ਬੂਤ ਹੁੰਦੀ ਹੈ।ਇਸ ਮੌਕੇ ਸੁਸਾਇਟੀ ਵੱਲੋਂ ਮੁੱਖ ਮਹਿਮਾਨਾਂ ਨੂੰ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਤ ਕੀਤਾ ਗਿਆ।ਸਮਾਗਮ ਦੌਰਾਨ ਸੁਸਾਇਟੀ ਦੇ ਪ੍ਰਧਾਨ ਸੁਧਾਂਸ਼ੂ ਮਿੱਤਲ, ਸਕੱਤਰ ਦੀਪਕ ਗਰਗ, ਖਜ਼ਾਨਚੀ ਕਰਨ ਬਾਂਸਲ, ਚੇਅਰਮੈਨ ਅਭੈ ਮਦਾਨ, ਕਰਨ ਜੋਸ਼ੀ, ਕੇਸ਼ਵ ਗਰਗ, ਡਾ. ਅਮਨਦੀਪ ਸਿੰਘ ਸਮੇਤ ਕਲੱਬ ਦੇ ਅਹੁਦੇਦਾਰ, ਸ਼ਹਿਰ ਦੀਆਂ ਧਾਰਮਿਕ, ਸਮਾਜਿਕ ਤੇ ਰਾਜਨੀਤਕ ਸੰਸਥਾਵਾਂ ਦੇ ਨੁਮਾਇੰਦੇ, ਸ਼ਹਿਰ ਵਾਸੀ ਤੇ ਵੱਡੀ ਗਿਣਤੀ ਵਿੱਚ ਖ਼ੂਨਦਾਨੀ ਹਾਜ਼ਰ ਸਨ।

ਮਨਰੇਗਾ ਮੁਲਾਜ਼ਮਾਂ ਦੀ ਹੜਤਾਲ 37ਵੇਂ ਦਿਨ 'ਚ ਦਾਖ਼ਲ, ਸਰਕਾਰ ਨਾਲ ਗੱਲਬਾਤ ਰਹੀ ਬੇਸਿੱਟਾ : ਆਗੂ

ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)

ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਵਿੱਚ ਮਨਰੇਗਾ ਮੁਲਾਜ਼ਮਾਂ ਨੂੰ ਮਰਜ ਕਰਨ, ਲੰਬੇ ਸਮੇਂ ਤੋਂ ਲਟਕ ਰਹੀਆਂ ਮੰਗਾਂ ਦੇ ਹੱਕ 'ਚ ਚੱਲ ਰਹੀ ਕਲਮਛੋੜ ਹੜਤਾਲ ਅੱਜ 37ਵੇਂ ਦਿਨ ਵੀ ਜਾਰੀ ਰਹੀ।ਬੀ ਡੀ ਪੀ ਓ ਦਫ਼ਤਰ ਵਿਖੇ ਬਲਾਕ ਪ੍ਰਧਾਨ ਬੂਟਾ ਸਿੰਘ ਦੀ ਅਗਵਾਈ ਹੇਠ ਮੁਲਾਜ਼ਮਾਂ ਨੇ ਸਮੁੱਚੇ ਦਫ਼ਤਰੀ ਕੰਮਕਾਜ ਦਾ ਬਾਈਕਾਟ ਕਰਦਿਆਂ ਪੰਜਾਬ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਕੀਤੀ।ਧਰਨੇ ਦੌਰਾਨ ਬੂਟਾ ਸਿੰਘ, ਏ ਪੀ ਓ ਰਮਨਦੀਪ ਕੌਰ, ਜੇ ਈ ਇੰਦਰਜੀਤ ਸਿੰਘ, ਗ੍ਰਾਮ ਸੇਵਕ ਕੁਲਦੀਪ ਸਿੰਘ, ਰਣਜੀਤ ਸਿੰਘ ਚੂਹਾਣਕੇ, ਮਹਿੰਦਰ ਸਿੰਘ ਰਾਏਸਰ, ਗਗਨਦੀਪ ਸਿੰਘ ਬਰਨਾਲਾ, ਕੁਲਵੀਰ ਕੌਰ, ਹਰਪ੍ਰੀਤ ਕੌਰ ਗਹਿਲ, ਜਸਵੀਰ ਕੌਰ, ਮਹਿੰਦਰ ਸਿੰਘ ਨੇ ਕਿਹਾ ਕਿ ਮਨਰੇਗਾ ਮੁਲਾਜ਼ਮ ਕਰੀਬ 18 ਸਾਲਾਂ ਤੋਂ ਪੇਂਡੂ ਵਿਕਾਸ ਦੇ ਕੰਮਾਂ 'ਚ ਨਿਰੰਤਰ ਸੇਵਾਵਾਂ ਨਿਭਾ ਰਹੇ ਹਨ, ਪਰ ਸਰਕਾਰ ਵੱਲੋਂ ਹੱਕੀ ਤੇ ਜਾਇਜ਼ ਮੰਗਾਂ ਨੂੰ ਲਗਾਤਾਰ ਅਣਗੌਲਿਆ ਕੀਤਾ ਜਾ ਰਿਹਾ ਹੈ।ਆਗੂਆਂ ਨੇ ਕਿਹਾ ਕਿ ਪਿਛਲੇ ਅੱਠ ਮਹੀਨਿਆਂ ਤੋਂ ਤਨਖ਼ਾਹਾਂ ਨਾ ਮਿਲਣ ਕਾਰਨ ਮੁਲਾਜ਼ਮਾਂ ਦੇ ਪਰਵਾਰ ਗੰਭੀਰ ਆਰਥਿਕ ਸੰਕਟ ਦਾ ਸਾਹਮਣਾ ਕਰ ਰਹੇ ਹਨ।ਆਗੂਆਂ ਨੇ ਕਿਹਾ ਕਿ ਸਰਕਾਰ ਨੇ ਮਨਰੇਗਾ ਮੁਲਾਜ਼ਮਾਂ ਨੂੰ ਪੰਚਾਇਤੀ ਵਿਭਾਗ ਚ ਮਰਜ ਕਰਨ ਦਾ ਵਾਅਦਾ ਤਾਂ ਕੀਤਾ ਸੀ, ਪਰ ਇਸ ਨੂੰ ਅਮਲੀ ਤੌਰ 'ਤੇ ਲਾਗੂ ਕਰਨ ਲਈ ਅਜੇ ਤੱਕ ਕੋਈ ਠੋਸ ਕਦਮ ਨਹੀਂ ਚੁੱਕਿਆ ਗਿਆ।ਇਸ ਦੌਰਾਨ ਚੰਡੀਗੜ੍ਹ ਵਿਖੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੀ ਅਗਵਾਈ ਹੇਠ ਹੋਈ ਮੀਟਿੰਗ ਵਿੱਚ ਪੰਚਾਇਤ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਸਮੇਤ ਵੱਖ-ਵੱਖ ਅਧਿਕਾਰੀਆ, ਯੂਨੀਅਨ ਦੇ ਆਗੂਆਂ ਨੇ ਸ਼ਮੂਲੀਅਤ ਕੀਤੀ।ਯੂਨੀਅਨ ਆਗੂਆਂ ਨੇ ਦੱਸਿਆ ਕਿ ਵਿੱਤ ਮੰਤਰੀ ਚੀਮਾ ਨੇ ਭਰੋਸਾ ਦਿੱਤਾ ਹੈ ਕਿ ਇਸ ਮਾਮਲੇ ਨੂੰ ਵਿਸ਼ੇਸ਼ ਕੇਸ ਵਜੋਂ ਤਿਆਰ ਕਰਕੇ ਮੁੱਖ ਮੰਤਰੀ ਪੰਜਾਬ ਦੀ ਪ੍ਰਵਾਨਗੀ ਲਈ ਭੇਜਿਆ ਜਾਵੇਗਾ।ਸੂਬਾ ਐਕਸ਼ਨ ਕਮੇਟੀ ਨੇ ਐਲਾਨ ਕੀਤਾ ਹੈ ਕਿ ਜਦੋਂ ਤੱਕ ਸਰਕਾਰ ਵੱਲੋਂ ਮੰਗਾਂ ਸਬੰਧੀ ਲਿਖਤੀ ਤੇ ਠੋਸ ਫ਼ੈਸਲਾ ਨਹੀਂ ਲਿਆ ਜਾਂਦਾ, ਉਦੋਂ ਤੱਕ ਕਲਮਛੋੜ ਹੜਤਾਲ, ਧਰਨੇ ਅਤੇ ਪੰਚਾਇਤ ਵਿਭਾਗ ਦੇ ਕੰਮਕਾਜ ਦਾ ਮੁਕੰਮਲ ਬਾਈਕਾਟ ਜਾਰੀ ਰਹੇਗਾ।

ਲੜਕਿਆਂ ਲਈ ਸਕਾਊਟਿੰਗ ਦੇ ਐਡੀਸ਼ਨ 2026 ਦਾ ਘੁੰਢ ਚੁਕਾਈ ਸਮਾਗਮ

ਮਾਨਸਾ (ਆਤਮਾ ਸਿੰਘ ਪਮਾਰ)

ਭਾਰਤ ਸਕਾਊਟਸ ਤੇ ਗਾਈਡਜ਼ ਵੱਲੋਂ ਪੰਜਾਬ ਤੇ ਬਾਹਰਲੇ ਸੂਬਿਆਂ 'ਚ ਸਕਾਊਟਿੰਗ ਦੇ ਖੇਤਰ 'ਚ ਸਰਗਰਮ ਯੋਧਿਆਂ ਨੂੰ ਪੱਕੇ ਪੈਰੀਂ ਸਕਾਊਟਿੰਗ ਕਰਨ ਦੇ ਮਨੋਰਥ ਨਾਲ ਪੰਜਾਬੀ ਭਾਸ਼ਾ ਨਾਲ ਜੁੜੇ ਸਾਥੀਆਂ ਦੀ ਮੱਦਦ ਲਈ ਲੱਗਭੱਗ 59 ਸਾਲਾਂ ਬਾਅਦ ਸਕਾਊਟਿੰਗ ਫਾਰ ਬੁਆਇਜ਼ ਦਾ ਜਨਕ ਸਿੰਘ ਦੁਆਰਾ ਅਨੁਵਾਦਿਤ ਤੇ ਹਰਦਿਆਲ ਸਿੰਘ ਦੁਆਰਾ ਸੁਧਾਈ ਕੀਤੀ।

ਵਿਸ਼ਵ ਭਾਈਚਾਰਾ (ਸਕਾਊਟਿੰਗ ਫਾਰ ਬੁਆਇਜ਼) ਦਾ ਦੂਜਾ ਐਡੀਸ਼ਨ 2026 ਸਟੇਟ ਆਰਗੇਨਾਈਜ਼ਿੰਗ ਕਮਿਸ਼ਨਰ ਪੰਜਾਬ ਉਂਕਾਰ ਸਿੰਘ ਦੀ ਹਿੰਮਤ ਤੇ ਦੂਰਅੰਦੇਸ਼ੀ ਸੋਚ ਦੀ ਬਦੌਲਤ ਪਾਠਕਾਂ ਦੇ ਸਨਮੁੱਖ ਹੋਇਆ।ਸਕਾਊਟਿੰਗ ਫਾਰ ਬੁਆਇਜ 2026 ਦੇ ਦੂਜੇ ਸੰਸਕਰਨ ਦੀ ਘੁੰਡ ਚੁਕਾਈ ਸਮਾਗਮ ਸਟੇਟ ਟ੍ਰੇਨਿੰਗ ਸੈਂਟਰ ਤਾਰਾ ਦੇਵੀ ਸ਼ਿਮਲਾ ਵਿਖੇ ਬੋਲਦਿਆਂ ਸਟੇਟ ਚੀਫ਼ ਕਮਿਸ਼ਨਰ ਡਾ. ਸੁਖਬੀਰ ਸਿੰਘ ਬੱਲ ਨੇ ਕਿਹਾ ਕਿ ਲੰਬੇ ਸਮੇਂ ਤੋਂ ਸਕਾਊਟਿੰਗ ਨਾਲ ਜੁੜੇ ਅਧਿਆਪਕਾਂ ਤੇ ਵਿਦਿਆਰਥੀਆਂ ਦੀ ਮੰਗ ਨੂੰ ਪੂਰਾ ਕਰਕੇ ਉਂਕਾਰ ਸਿੰਘ ਨੇ ਸਕਾਊਟਿੰਗ ਦੇ ਖੇਤਰ 'ਚ ਇੱਕ ਹੋਰ ਮਹਾਨ ਕਾਰਜ ਨੇਪਰੇ ਚਾੜ੍ਹਿਆ ਹੈ।ਸਮੁੱਚੇ ਸਕਾਊਟਿੰਗ ਪਰਿਵਾਰ ਨੂੰ ਵਧਾਈ ਦਿੰਦਿਆਂ ਡਾ ਬੱਲ ਨੇ ਵਿਸ਼ਵਾਸ ਪ੍ਰਗਟਾਇਆ ਕਿ ਹੁਣ ਪੰਜਾਬੀ 'ਚ ਸਕਾਊਟਿੰਗ ਦੇ ਲਿਟਰੇਚਰ ਦੀ ਘਾਟ ਨਹੀਂ ਰਹੇਗੀ।ਮਿੰਨੀ ਕਹਾਣੀਕਾਰ ਪ੍ਰਿੰਸੀਪਲ ਦਰਸ਼ਨ ਸਿੰਘ ਬਰੇਟਾ ਨੇ ਇਸ ਪੁਸਤਕ ਦੀ ਛਪਾਈ, ਟਾਈਟਲ ਪੰਨਾ ਤੇ ਨਵੀਆਂ ਦਰਜ ਕੀਤੀਆਂ ਮੱਦਾਂ ਵੱਲ ਸਰੋਤਿਆਂ ਦਾ ਧਿਆਨ ਦਿਵਾਇਆ। ਸੰਪਾਦਕ ਉਂਕਾਰ ਸਿੰਘ ਨੂੰ ਇੱਕ ਹੋਰ ਮੀਲ ਪੱਥਰ ਸਥਾਪਤ ਕਰਨ ਦੀ ਵਧਾਈ ਦਿੱਤੀ।ਸੰਪਾਦਕ ਵੱਲੋਂ ਇਸ ਭਾਵਪੂਰਤ ਸਮਾਗਮ ਵਿੱਚ ਬੋਲਦਿਆਂ ਦੱਸਿਆ ਕਿ ਮੇਰੇ ਸਕਾਊਟਿੰਗ ਦੇ ਸਫਰ ਦੇ ਪੰਜੀ ਸਾਲਾਂ ਦੌਰਾਨ ਸਕਾਊਟਿੰਗ ਪਰਵਾਰ ਦੀ ਮੱਦਦ ਨਾਲ ਬਹੁਤ ਵੱਡੇ ਕਾਰਜ ਕੀਤੇ, ਪਰ ਪਿਛਲੇ ਦਹਾਕੇ ਤੋਂ ਮਨ ਵਿੱਚ ਚਲਦਾ ਸੁਫ਼ਨਾ ਪੂਰਾ ਕਰਕੇ ਮੈਨੂੰ ਬਹੁਤ ਸਕੂਨ ਮਹਿਸੂਸ ਹੋ ਰਿਹਾ ਹੈ।ਇਸ ਮੌਕੇ ਕਰਨੈਲ ਸਿੰਘ ਨੈਸ਼ਨਲ ਹੈਡਕੁਆਟਰ ਦਿੱਲੀ, ਜਗਤਾਰ ਸਿੰਘ ਸੰਗਰੂਰ, ਗੁਰਪ੍ਰੀਤ ਸੇਖੋਂ, ਨੀਟਾ ਕਸ਼ਿਅਪ ਐਸ ਓ ਸੀ ਗਾਈਡ, ਮਨਜੀਤ ਕੌਰ, ਦੀਪਾਂਸ਼ੂ, ਜਤਿੰਦਰ ਸਿੰਘ, ਬੂਟਾ ਸਿੰਘ, ਫਾਦਰ ਕੇ ਪੀ ਜੌਨ, ਦੇਸਰਾਜ ਸਿੰਘ, ਨਿਰਲੇਪ ਕੌਰ ਮਾਨਸਾ, ਅਨੂ ਮਲਹੋਤਰਾ, ਗੁਰਵਿੰਦਰ ਸਿੰਘ, ਡਾ. ਸੁਤੰਤਰ ਸਿੰਘ, ਨਿਸ਼ਾਨ ਸਿੰਘ ਤੇ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ 'ਚੋਂ 102 ਟ੍ਰੇਨਿੰਗ ਕਰਨ ਆਏ ਸਕੂਲਾਂ, ਕਾਲਜਾਂ ਤੇ ਯੂਨੀਵਰਸਿਟੀਆਂ ਦੇ ਅਧਿਆਪਕ ਵੀ ਹਾਜ਼ਰ ਸਨ।

ਪੰਜਾਬੀ 'ਵਰਸਿਟੀ 'ਚ 'ਸਮਾਰਟ ਸ਼ਨਾਖਤੀ-ਕਮ-ਲਾਇਬ੍ਰੇਰੀ ਕਾਰਡ' ਸਕੀਮ ਦਾ ਉਦਘਾਟਨ

ਪਟਿਆਲਾ (ਰਾਜਿੰਦਰ ਸਿੰਘ ਥਿੰਦ)

ਪੰਜਾਬੀ ਯੂਨੀਵਰਸਿਟੀ ਨੂੰ ਡਿਜੀਟਲ ਤੌਰ 'ਤੇ ਵਧੇਰੇ ਸਰਗਰਮ ਤੇ ਆਧੁਨਿਕ ਬਣਾਉਣ ਦੇ ਮਕਸਦ ਨਾਲ ਉਪ-ਕੁਲਪਤੀ ਡਾ. ਜਗਦੀਪ ਸਿੰਘ ਵੱਲੋਂ 'ਸਮਾਰਟ ਸ਼ਨਾਖਤੀ-ਕਮ-ਲਾਇਬ੍ਰੇਰੀ ਕਾਰਡ' ਸਕੀਮ ਦਾ ਉਦਘਾਟਨ ਕੀਤਾ ਗਿਆ।ਇਸ ਨਵੀਂ ਪਹਿਲਕਦਮੀ ਦਾ ਮੁੱਖ ਉਦੇਸ਼ ਕੈਂਪਸ ਵਿੱਚ ਇੱਕ ਸੁਰੱਖਿਅਤ, ਆਧੁਨਿਕ ਤੇ ਸਰਲ ਸ਼ਨਾਖਤੀ ਪ੍ਰਣਾਲੀ ਲਾਗੂ ਕਰਨਾ ਹੈ, ਜਿਸ ਨਾਲ ਯੂਨੀਵਰਸਿਟੀ ਦੀਆਂ ਵੱਖ-ਵੱਖ ਸੇਵਾਵਾਂ ਤੱਕ ਪਹੁੰਚ ਆਸਾਨ ਹੋ ਸਕੇਗੀ।

ਉਨ੍ਹਾਂ ਕਿਹਾ ਕਿ ਇਹ ਸਮਾਰਟ ਕਾਰਡ ਯੂਨੀਵਰਸਿਟੀ ਨੂੰ ਡਿਜੀਟਲ ਗਵਰਨੈਂਸ ਵੱਲ ਲੈ ਕੇ ਜਾਣ ਲਈ ਇੱਕ ਮੀਲ ਪੱਥਰ ਸਾਬਤ ਹੋਵੇਗਾ, ਜਿਸ ਨਾਲ ਕੈਂਪਸ ਦੀਆਂ ਸੇਵਾਵਾਂ ਵਿੱਚ ਪਾਰਦਰਸ਼ਤਾ, ਸੁਰੱਖਿਆ ਤੇ ਕੁਸ਼ਲਤਾ ਆਵੇਗੀ ਅਤੇ ਇਸ ਦਾ ਸਿੱਧਾ ਫਾਇਦਾ ਯੂਨੀਵਰਸਿਟੀ ਨਾਲ ਜੁੜੇ ਸਮੁੱਚੇ ਭਾਈਚਾਰੇ ਨੂੰ ਮਿਲੇਗਾ।

ਉਨ੍ਹਾਂ ਦੱਸਿਆ ਕਿ ਇਹ ਇੱਕੋ ਕਾਰਡ ਯੂਨੀਵਰਸਿਟੀ ਦੇ ਆਈ-ਕਾਰਡ ਤੇ ਲਾਇਬ੍ਰੇਰੀ ਕਾਰਡ ਦੋਵਾਂ ਦਾ ਕੰਮ ਕਰੇਗਾ, ਜਿਸ ਨਾਲ ਕਾਗ਼ਜ਼ੀ ਕਾਰਵਾਈ ਘਟੇਗੀ ਤੇ ਕੈਂਪਸ ਨੂੰ ਵੱਡੀ ਸਹੂਲਤ ਮਿਲੇਗੀ।ਇਸ ਕਾਰਡ ਰਾਹੀਂ ਕਿਤਾਬਾਂ ਦਾ ਅਦਾਨ-ਪ੍ਰਦਾਨ ਅਤੇ ਲਾਇਬ੍ਰੇਰੀ ਮੈਂਬਰਸ਼ਿਪ ਦੀ ਤੁਰੰਤ ਜਾਂਚ ਬਿਨਾਂ ਕਿਸੇ ਦੇਰੀ ਦੇ ਹੋ ਸਕੇਗੀ।ਭਵਿੱਖ ਦੀਆਂ ਲੋੜਾਂ ਨੂੰ ਮੁੱਖ ਰੱਖਦਿਆਂ ਇਸੇ ਸਮਾਰਟ ਕਾਰਡ ਨੂੰ ਅਕਾਦਮਿਕ ਬਲਾਕਾਂ, ਲੈਬਾਂ, ਹੋਸਟਲਾਂ ਵਿੱਚ ਐਂਟਰੀ, ਹਾਜ਼ਰੀ ਪ੍ਰਣਾਲੀ, ਪ੍ਰੀਖਿਆ ਸੇਵਾਵਾਂ ਤੇ ਯੂਨੀਵਰਸਿਟੀ ਦੇ ਹੋਰ ਸਮਾਗਮਾਂ ਨਾਲ ਵੀ ਪੜਾਅਵਾਰ ਜੋੜਿਆ ਜਾਵੇਗਾ। ਯੂਨੀਵਰਸਿਟੀ ਦੇ ਵਿਦਿਆਰਥੀਆਂ, ਖੋਜਾਰਥੀਆਂ, ਅਧਿਆਪਕਾਂ, ਅਧਿਕਾਰੀਆਂ ਤੇ ਕ੍ਰਮਚਾਰੀਆਂ ਲਈ ਸ਼ੁਰੂ ਕੀਤਾ ਇਹ ਅਹਿਮ ਪ੍ਰੋਜੈਕਟ ਭਾਈ ਕਾਨ੍ਹ ਸਿੰਘ ਨਾਭਾ ਲਾਇਬ੍ਰੇਰੀ ਦੇ ਇੰਚਾਰਜ ਡਾ. ਅਮਿਤ ਮਿੱਤਲ ਵੱਲੋਂ ਕੇਂਦਰੀ ਦਾਖ਼ਲਾ ਸੈੱਲ ਦੇ ਕੋਆਰਡੀਨੇਟਰ ਪ੍ਰੋ. ਗੁਲਸ਼ਨ ਬਾਂਸਲ ਦੇ ਸਹਿਯੋਗ ਨਾਲ ਤਿਆਰ ਅਤੇ ਲਾਗੂ ਕੀਤਾ ਗਿਆ ਹੈ।ਇਸ ਦਾ ਮਕਸਦ ਲਾਇਬ੍ਰੇਰੀ ਸੇਵਾਵਾਂ ਨੂੰ ਡਿਜੀਟਲ ਤਕਨੀਕ ਨਾਲ ਜੋੜਨਾ ਅਤੇ ਯੂਨੀਵਰਸਿਟੀ ਦੇ ਡਿਜੀਟਲ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨਾ ਹੈ।ਲਾਇਬ੍ਰੇਰੀ ਇੰਚਾਰਜ ਡਾ. ਅਮਿਤ ਮਿੱਤਲ ਨੇ ਦੱਸਿਆ ਕਿ ਇਹ ਸਿਸਟਮ ਗੈਰ-ਅਧਿਕਾਰਤ ਵਿਅਕਤੀਆਂ ਦੀ ਪਛਾਣ ਕਰ ਕੇ ਕੈਂਪਸ ਦੀ ਸੁਰੱਖਿਆ ਨੂੰ ਮਜ਼ਬੂਤ ਕਰੇਗਾ ਅਤੇ ਕਾਗ਼ਜ਼ ਦੀ ਵਰਤੋਂ ਘਟਾ ਕੇ ਵਾਤਾਵਰਣ ਸੰਭਾਲ ਵਿੱਚ ਯੋਗਦਾਨ ਪਾਵੇਗਾ।

ਆਲ ਇੰਡੀਆ ਆਸ਼ਾ ਵਰਕਰਜ਼ ਫੈਸਿਲੀਟੇਟਰਜ਼ ਯੂਨੀਅਨ ਏਟਕ ਦੀ ਮੀਟਿੰਗ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਆਲ ਇੰਡੀਆ ਆਸ਼ਾ ਵਰਕਰਜ਼ ਫੈਸਿਲੀਟੇਟਰਜ਼ ਯੂਨੀਅਨ ਪੰਜਾਬ ਗਰੁੱਪ ਏਟਕ ਮੁੱਖ ਦਫਤਰ ਪਸਸਫ 1680/22 ਬੀ ਚੰਡੀਗੜ੍ਹ ਜ਼ਿਲ੍ਹਾ ਪ੍ਰਧਾਨ ਰਜਵੰਤ ਕੌਰ, ਮੁੱਖ ਸਕੱਤਰ ਮਨਜੀਤ ਕੌਰ, ਸੀਨੀਅਰ ਮੀਤ ਪ੍ਰਧਾਨ ਬਲਵਿੰਦਰ ਕੌਰ, ਹਿੰਦੂ ਮੀਤ ਪ੍ਰਧਾਨ ਜ਼ਿਲ੍ਹਾ ਜਰਨਲ ਸਕੱਤਰ ਪਰਮਜੀਤ ਕੌਰ, ਸੀਨੀਅਰ ਜਰਨਲ ਸਕੱਤਰ ਪਰਮਜੀਤ ਕੌਰ ਸਾਦਕ, ਵਿੱਤ ਸਕੱਤਰ ਭੋਲਾ ਰਾਣੀ, ਸੁਨੀਤਾ ਰਾਣੀ ਮੁੱਖ ਸਕੱਤਰ, ਰਮਨਦੀਪ ਕੌਰ ਪ੍ਰਚਾਰ ਸਕੱਤਰ, ਸਹਾਇਕ ਸਕੱਤਰ ਕੈਂਡੀ, ਸੀਮਾ ਰਾਈ, ਵੀਰਪਾਲ ਕੌਰ, ਕਿਰਨਦੀਪ ਕੌਰ ਦੀ ਅਗਵਾਈ ਵਿੱਚ ਮੀਟਿੰਗ ਹੋਈ। ਮੀਟਿੰਗ ਵਿੱਚ ਆਗੂਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਿਹਤ ਵਿਭਾਗ ਵਿਚ ਆਸ਼ਾ ਵਰਕਰਾਂ ਤੋਂ ਪੂਰੇ 18 ਸਾਲ ਤੇ ਨਿਗੂਣੇ ਭੱਤਿਆਂ ਤੇ ਕੰਮ ਲੈ ਕਿ ਸ਼ੋਸ਼ਣ ਕੀਤਾ ਜਾ ਰਿਹਾ ਹੈ। ਸ਼ੋਸ਼ਣ ਕਰਨਾ ਬੰਦ ਕੀਤਾ ਜਾਵੇ ਤੇ ਤਨਖਾਹਾਂ ਦਾ ਪ੍ਰਬੰਧ ਕੀਤਾ ਜਾਵੇ। ਸਾਡੀਆਂ ਨਿੱਜੀ ਲੋੜਾਂ ਪੂਰੀਆਂ ਕਰਨ ਲਈ ਸਾਡੀ ਸਾਰ ਲਵੇ, ਪੰਜਾਬ ਭਰ ਦੀਆਂ ਵਰਕਰਾਂ ਨੂੰ ਉਜਰਤਾਂ ਦੇ ਕਨੂੰਨ ਲਾਗੂ ਕਰਦਿਆਂ ਘੱਟੋ ਘੱਟ 28000 ਰੁਪਏ ਦੇ ਕੇ ਰੈਗੂਲਰ ਕੀਤਾ ਜਾਵੇ, ਸੇਵਾ ਮੁਕਤ ਹੋਣ ਸਮੇਂ ਪੰਜ ਲੱਖ ਰੁਪਏ ਤੇ ਪੈਨਸ਼ਨ, ਫਿਕਸ ਭੱਤੇ ਵਿੱਚ ਵਾਧਾ ਕਰਨਾ, ਕੱਟੇ ਭੱਤੇ ਬਹਾਲ, ਫੈਸਿਲੀਟੇਟਰਜ਼ ਨੂੰ ਕੇਂਦਰ 'ਤੇ ਮਿਲਣ ਵਾਲੇ ਭੱਤੇ ਵਿੱਚ ਤੇ ਟੂਰਮਨੀ ਵਿਚ ਵਾਧਾ ਆਦਿ ਮੰਗਾਂ ਤੁਰੰਤ ਲਾਗੂ ਕੀਤੀਆਂ ਜਾਣ। ਇਹ ਮੰਗਾਂ ਮਨਵਾਉਣ ਲਈ ਫ਼ਿਰੋਜ਼ਪੁਰ ਜ਼ਿਲ੍ਹੇ ਦੀਆਂ ਵਰਕਰਾਂ 9 ਜੁਲਾਈ 2026 ਨੂੰ ਤਹਿਸੀਲ ਪੱਧਰ ਤੇ ਪੰਜਾਬ ਸਰਕਾਰ ਦੇ ਪੁਤਲੇ ਫੂਕੇ ਜਾਣਗੇ, ਜੇਕਰ ਫਿਰ ਵੀ ਹੱਲ ਨਾ ਹੋਇਆ ਤਾਂ 24 ਜੁਲਾਈ 2026 ਨੂੰ ਆਪਣੇ ਹਲਕੇ ਦੇ ਐੱਮ.ਐੱਲ.ਏ. ਦਫ਼ਤਰਾਂ ਅੱਗੇ ਘੜਾ ਭੰਨ ਰੋਸ ਮੁਜ਼ਾਹਰੇ ਕੀਤੇ ਜਾਣਗੇ। ਮੀਟਿੰਗ ਵਿੱਚ ਰਜਵੰਤ ਕੌਰ ਜ਼ਿਲ੍ਹਾ ਪ੍ਰਧਾਨ, ਸੋਮਾ, ਮਨਜੀਤ, ਪਰਮਜੀਤ, ਬਲਜੀਤ ਕੌਰ, ਜੋਤੀ ਰਾਣੀ, ਵੀਰ ਕੌਰ, ਮੇਘਾ, ਰੇਨੂੰ, ਇੰਦੂ, ਰਜਨੀ, ਵਰਖਾ, ਕੈਂਡੀ, ਸੁਮਨ, ਰਜਨੀ ਆਦਿ ਹਾਜ਼ਰ ਸਨ।

ਵਲੰਟੀਅਰਾਂ ਦੀ ਮਿਹਨਤ ਨਾਲ ਮੁੜ ਬਣੇਗੀ 'ਆਪ' ਸਰਕਾਰ : ਡਾ. ਜਵੰਧਾ

ਭਵਾਨੀਗੜ੍ਹ (ਰਾਜ ਖੁਰਮੀ)

2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਨੂੰ ਧਿਆਨ ਵਿੱਚ ਰੱਖਦਿਆਂ ਆਮ ਆਦਮੀ ਪਾਰਟੀ ਨੇ ਸੰਗਠਨ ਨੂੰ ਹੋਰ ਮਜ਼ਬੂਤ ਕਰਨ ਲਈ ਜ਼ਮੀਨੀ ਪੱਧਰ 'ਤੇ ਸਰਗਰਮੀਆਂ ਤੇਜ਼ ਕਰ ਦਿੱਤੀਆਂ ਹਨ।ਇਸੇ ਤਹਿਤ ਪੰਜਾਬ ਇਨਫੋਟੈਕ ਦੇ ਚੇਅਰਮੈਨ ਡਾ. ਗੁਨਿੰਦਰਜੀਤ ਸਿੰਘ (ਮਿੰਕੂ) ਜਵੰਧਾ ਵੱਲੋਂ ਸੰਗਰੂਰ ਵਿਖੇ ਪਾਰਟੀ ਦੇ ਵਲੰਟੀਅਰਾਂ, ਆਗੂਆਂ, ਸਰਪੰਚਾਂ ਤੇ ਨਗਰ ਕੌਂਸਲ ਮੈਂਬਰਾਂ ਨਾਲ ਵਿਸ਼ੇਸ਼ ਬੈਠਕ ਕੀਤੀ ਗਈ।ਬੈਠਕ ਦੌਰਾਨ ਸੰਗਠਨ ਦੀ ਮਜ਼ਬੂਤੀ, ਵਿਕਾਸ ਕਾਰਜਾਂ ਦੀ ਸਮੀਖਿਆ ਤੇ ਲੋਕਾਂ ਨਾਲ ਹੋਰ ਪ੍ਰਭਾਵਸ਼ਾਲੀ ਸੰਪਰਕ ਬਣਾਉਣ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ।ਡਾ. ਮਿੰਕੂ ਜਵੰਧਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਭ ਤੋਂ ਵੱਡੀ ਤਾਕਤ ਉਸਦੇ ਸਮਰਪਤ ਵਲੰਟੀਅਰ ਹਨ, ਜਿਨ੍ਹਾਂ ਦੀ ਨਿਰੰਤਰ ਮਿਹਨਤ ਤੇ ਲੋਕਾਂ ਨਾਲ ਸਿੱਧੇ ਸੰਪਰਕ ਸਦਕਾ ਪਾਰਟੀ ਨੇ ਪੰਜਾਬ ਵਿੱਚ ਇਤਿਹਾਸਕ ਜਿੱਤ ਦਰਜ ਕੀਤੀ ਸੀ।ਉਨ੍ਹਾਂ ਕਿਹਾ ਕਿ 2027 ਦੀਆਂ ਚੋਣਾਂ ਵਿੱਚ ਵੀ ਇਹੀ ਵਲੰਟੀਅਰ ਪਾਰਟੀ ਨੂੰ ਮੁੜ ਸੱਤਾ ਵਿੱਚ ਲਿਆਉਣ ਲਈ ਅਹਿਮ ਭੂਮਿਕਾ ਨਿਭਾਉਣਗੇ।ਉਨ੍ਹਾਂ ਵਲੰਟੀਅਰਾਂ ਨੂੰ ਅਪੀਲ ਕੀਤੀ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਰਕਾਰ ਵੱਲੋਂ ਕੀਤੇ ਜਾ ਰਹੇ ਲੋਕ-ਹਿੱਤ ਦੇ ਕੰਮਾਂ ਤੇ ਨੀਤੀਆਂ ਨੂੰ ਘਰ-ਘਰ ਤੱਕ ਪਹੁੰਚਾਇਆ ਜਾਵੇ, ਤਾਂ ਜੁ ਲੋਕਾਂ ਨੂੰ ਸਰਕਾਰ ਦੀਆਂ ਪ੍ਰਾਪਤੀਆਂ ਬਾਰੇ ਸਹੀ ਜਾਣਕਾਰੀ ਮਿਲ ਸਕੇ। ਨਾਲ ਹੀ ਹਲਕੇ ਦੇ ਵਿਕਾਸ ਕਾਰਜਾਂ ਨੂੰ ਹੋਰ ਗਤੀ ਦੇਣ ਤੇ ਲੋਕਾਂ ਦੀਆਂ ਰੋਜ਼ਾਨਾ ਸਮੱਸਿਆਵਾਂ ਦੇ ਤੁਰੰਤ ਹੱਲ ਲਈ ਵੀ ਰਣਨੀਤੀ ਤਿਆਰ ਕੀਤੀ ਗਈ।

ਗੈੱਸਟ ਫੈਕਲਟੀ ਦੀਆਂ ਅਸਾਮੀਆਂ ਲਈ ਅਰਜ਼ੀਆਂ ਦੀ ਮੰਗ

ਸ੍ਰੀ ਮੁਕਤਸਰ ਸਾਹਿਬ/ਗਿੱਦੜਬਾਹਾ (ਸ਼ਮਿੰਦਰਪਾਲ, ਪੂਜਾ/ਜਸਵੰਤ ਗਿੱਲ)-ਇੰਸਟੀਚਿਊਟ ਮੈਨੇਜਮੈਂਟ ਕਮੇਟੀ (ਆਈ.ਐੱਮ.ਸੀ.) ਵੱਲੋਂ ਸਰਕਾਰੀ ਉਦਯੋਗਿਕ ਸਿਖਲਾਈ ਸੰਸਥਾ (ਇ.) ਖਿਊਵਾਲੀ ਵਿਖੇ ਗੈਸਟ ਫੈਕਲਟੀ ਦੇ ਆਧਾਰ 'ਤੇ ਯੋਗ ਉਮੀਦਵਾਰਾਂ ਤੋਂ ਅਰਜ਼ੀਆਂ ਦੀ ਮੰਗ ਕੀਤੀ ਗਈ ਹੈ।ਸਰਕਾਰੀ ਬੁਲਾਰੇ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਟਰੇਡ ਸੀਵਿੰਗ ਟੈਕਨੋਲੋਜੀ (1 ਅਸਾਮੀ), ਸਿਲਾਈ ਕਟਾਈ (1 ਅਸਾਮੀ) ਤੇ ਫੈਸ਼ਨ ਡਿਜ਼ਾਈਨਿੰਗ (1 ਅਸਾਮੀ) ਲਈ ਗੈਸਟ ਫੈਕਲਟੀ ਦੀ ਭਰਤੀ ਨਿਰੋਲ ਆਰਜ਼ੀ ਤੌਰ 'ਤੇ ਸੈਸ਼ਨ-2026 ਲਈ ਜਾਂ ਰੈਗੂਲਰ ਇੰਸਟਰਕਟਰ ਦੀ ਨਿਯੁਕਤੀ ਹੋਣ ਤੱਕ, ਜੋ ਵੀ ਪਹਿਲਾਂ ਹੋਵੇ, ਕੀਤੀ ਜਾਵੇਗੀ।ਉਨ੍ਹਾਂ ਸਪੱਸ਼ਟ ਕੀਤਾ ਕਿ ਇਨ੍ਹਾਂ ਅਸਾਮੀਆਂ ਦਾ ਪੱਕੀ ਨੌਕਰੀ ਨਾਲ ਕੋਈ ਸਬੰਧ ਨਹੀਂ ਹੈ।ਉਨ੍ਹਾਂ ਦੱਸਿਆ ਕਿ ਚੁਣੇ ਗਏ ਉਮੀਦਵਾਰਾਂ ਨੂੰ 15,000 ਰੁਪਏ ਪ੍ਰਤੀ ਮਹੀਨਾ ਉੱਕਾ-ਪੱਕਾ ਮਾਨ-ਭੱਤਾ ਦਿੱਤਾ ਜਾਵੇਗਾ।

ਯੋਗਤਾ ਤੇ ਤਜਰਬੇ ਸਬੰਧੀ ਵੇਰਵਾ ਵੈੱਬਸਾਈਟ https://dgt.gov.in/cts-details 'ਤੇ ਦੇਖਿਆ ਜਾ ਸਕਦਾ ਹੈ।ਉਨ੍ਹਾਂ ਕਿਹਾ ਕਿ ਇੱਛੁਕ ਉਮੀਦਵਾਰ ਆਪਣੀ ਅਰਜ਼ੀ ਤੇ ਰੈਜ਼ਿਊਮੇ ਸਮੇਤ ਦਸਤੀ, ਰਜਿਸਟਰਡ ਡਾਕ ਰਾਹੀਂ ਜਾਂ ਖੁਦ 16 ਜੁਲਾਈ 2026 ਨੂੰ ਦੁਪਹਿਰ 12:30 ਵਜੇ ਤੱਕ ਸੰਸਥਾ ਵਿੱਚ ਜਮ੍ਹਾਂ ਕਰਵਾ ਸਕਦੇ ਹਨ।ਇੰਟਰਵਿਊ/ਵਿਅਕਤੀਤਵ ਜਾਂਚ 20 ਜੁਲਾਈ 2026 ਨੂੰ ਸਵੇਰੇ 10:00 ਵਜੇ ਸਰਕਾਰੀ ਉਦਯੋਗਿਕ ਸਿਖਲਾਈ ਸੰਸਥਾ (ਇ.) ਖਿਊਵਾਲੀ ਵਿਖੇ ਹੋਵੇਗੀ।ਉਮੀਦਵਾਰਾਂ ਨੂੰ ਆਪਣੀਆਂ ਵਿੱਦਿਅਕ ਯੋਗਤਾਵਾਂ ਤੇ ਤਜਰਬੇ ਸਬੰਧੀ ਅਸਲ ਸਰਟੀਫਿਕੇਟਾਂ ਸਮੇਤ ਤਸਦੀਕਸ਼ੁਦਾ ਕਾਪੀਆਂ ਪੇਸ਼ ਕਰਨਾ ਲਾਜ਼ਮੀ ਹੋਵੇਗਾ।ਇੰਟਰਵਿਊ ਵਿੱਚ ਸ਼ਾਮਲ ਹੋਣ ਲਈ ਕਿਸੇ ਵੀ ਉਮੀਦਵਾਰ ਨੂੰ ਟੀ.ਏ./ਡੀ.ਏ. ਨਹੀਂ ਦਿੱਤਾ ਜਾਵੇਗਾ।

ਭਾਜਪਾ ਨੂੰ ਝਟਕਾ, ਰਾਜੀਵ ਸ਼ਰਮਾ ਸੈਂਕੜੇ ਸਮਰਥਕਾਂ ਸਮੇਤ ਕਾਂਗਰਸ 'ਚ ਸ਼ਾਮਲ

ਪਟਿਆਲਾ (ਰਾਜਿੰਦਰ ਥਿੰਦ)

ਭਾਰਤੀ ਜਨਤਾ ਪਾਰਟੀ ਨੂੰ ਉਸ ਸਮੇਂ ਵੱਡਾ ਸਿਆਸੀ ਝਟਕਾ ਲੱਗਾ, ਜਦੋਂ ਭਾਜਪਾ ਦੇ ਤੋਪਖਾਨਾ ਮੰਡਲ ਪ੍ਰਧਾਨ ਰਾਜੀਵ ਸ਼ਰਮਾ ਆਪਣੇ ਸੈਂਕੜੇ ਸਮਰਥਕਾਂ ਸਮੇਤ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦੀ ਹਾਜ਼ਰੀ ਵਿੱਚ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋ ਗਏ।

ਇਸ ਸਿਆਸੀ ਸ਼ਮੂਲੀਅਤ ਨੂੰ ਸਫਲ ਬਣਾਉਣ ਵਿੱਚ ਸਾਬਕਾ ਮੇਅਰ ਸੰਜੀਵ ਸ਼ਰਮਾ ਬਿੱਟੂ ਦੀ ਅਹਿਮ ਭੂਮਿਕਾ ਰਹੀ।ਰਾਜਾ ਵੜਿੰਗ ਨੇ ਰਾਜੀਵ ਸ਼ਰਮਾ ਅਤੇ ਉਨ੍ਹਾਂ ਦੇ ਸਾਥੀਆਂ ਦਾ ਕਾਂਗਰਸ ਪਰਿਵਾਰ ਵਿੱਚ ਨਿੱਘਾ ਸਵਾਗਤ ਕਰਦਿਆਂ ਕਿਹਾ ਕਿ ਉਨ੍ਹਾਂ ਦੇ ਆਉਣ ਨਾਲ ਪਟਿਆਲਾ ਵਿੱਚ ਕਾਂਗਰਸ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤੀ ਮਿਲੇਗੀ ਅਤੇ ਆਉਣ ਵਾਲੀਆਂ ਚੋਣਾਂ ਵਿੱਚ ਪਾਰਟੀ ਨੂੰ ਇਸ ਦਾ ਵੱਡਾ ਲਾਭ ਮਿਲੇਗਾ।ਉਨ੍ਹਾਂ ਕਿਹਾ ਕਿ ਕਾਂਗਰਸ ਦੀ ਲੋਕ-ਪੱਖੀ ਸੋਚ ਅਤੇ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਵੱਖ-ਵੱਖ ਪਾਰਟੀਆਂ ਦੇ ਆਗੂ ਲਗਾਤਾਰ ਕਾਂਗਰਸ ਨਾਲ ਜੁੜ ਰਹੇ ਹਨ।ਇਸ ਮੌਕੇ ਆਲ ਇੰਡੀਆ ਕਾਂਗਰਸ ਕਮੇਟੀ (1933) ਦੀ ਸਕੱਤਰ ਭੈਣ ਹੀਨਾ ਕਵਾਰੇ, ਸੰਜੀਵ ਸ਼ਰਮਾ ਬਿੱਟੂ ਸਾਬਕਾ ਮੇਅਰ ਪਟਿਆਲਾ ਅਤੇ ਨਰੇਸ਼ ਦੁੱਗਲ ਜ਼ਿਲ੍ਹਾ ਪ੍ਰਧਾਨ ਪਟਿਆਲਾ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।ਰਾਜੀਵ ਸ਼ਰਮਾ ਦੀ ਕਾਂਗਰਸ ਵਿੱਚ ਵਾਪਸੀ ਕਰਵਾਉਣ ਵਿੱਚ ਸਾਬਕਾ ਮੇਅਰ ਸੰਜੀਵ ਸ਼ਰਮਾ ਬਿੱਟੂ ਨੇ ਅਹਿਮ ਭੂਮਿਕਾ ਨਿਭਾਈ। ਉਨ੍ਹਾਂ ਦੇ ਲਗਾਤਾਰ ਸੰਪਰਕ ਅਤੇ ਯਤਨਾਂ ਸਦਕਾ ਰਾਜੀਵ ਸ਼ਰਮਾ ਨੇ ਆਪਣੇ ਸੈਂਕੜੇ ਸਮਰਥਕਾਂ ਸਮੇਤ ਕਾਂਗਰਸ ਵਿੱਚ ਮੁੜ ਵਿਸ਼ਵਾਸ ਪ੍ਰਗਟਾਇਆ ਤੇ ਪਾਰਟੀ ਦਾ ਪੱਲਾ ਫੜਿਆ।ਸੰਜੇ ਸ਼ਰਮਾ ਸਾਬਕਾ ਐਮ.ਸੀ, ਰਿਸ਼ਵ ਸ਼ਰਮਾ ਜਨਰਲ ਸੈਕਟਰੀ ਯੂਥ ਕਾਂਗਰਸ ਪਟਿਆਲਾ ਵੀ ਹਾਜ਼ਰ ਸਨ। ਉਨ੍ਹਾਂ ਨੇ ਰਾਜੀਵ ਸ਼ਰਮਾ ਤੇ ਉਨ੍ਹਾਂ ਦੇ ਸਾਥੀਆਂ ਦਾ ਸਵਾਗਤ ਕਰਦਿਆਂ ਕਿਹਾ ਕਿ ਸਾਰੇ ਆਗੂ ਮਿਲ ਕੇ ਪਟਿਆਲਾ ਵਿੱਚ ਕਾਂਗਰਸ ਨੂੰ ਹੋਰ ਮਜ਼ਬੂਤ ਬਣਾਉਣ ਲਈ ਇਕਜੁੱਟ ਹੋ ਕੇ ਕੰਮ ਕਰਨਗੇ।

ਪੀ ਜੀ ਆਈ ਦੇ ਡਾ. ਵਿਨੇ ਕੇਸ਼ਵ ਮੂਰਤੀ ਅੰਤਰਰਾਸ਼ਟਰੀ ਪੁਰਸਕਾਰ ਨਾਲ ਸਨਮਾਨਤ

ਸਮਰਾਲਾ (ਸੁਰਜੀਤ ਸਿੰਘ)

ਪੀਜੀਆਈ, ਚੰਡੀਗੜ੍ਹ ਦੇ ਚਮੜੀ ਰੋਗ, ਯੌਨ ਰੋਗ ਤੇ ਕੋਹੜ ਵਿਭਾਗ ਦੇ ਐਡੀਸ਼ਨਲ ਪ੍ਰੋਫੈਸਰ ਡਾ. ਵਿਨੈ ਕੇਸ਼ਵ ਮੂਰਤੀ ਨੂੰ ਇੰਟਰਨੈਸ਼ਨਲ ਲੀਗ ਆਫ਼ ਡਰਮਾਟੋਲੋਜੀਕਲ ਸੁਸਾਇਟੀਆਂ ਵੱਲੋਂ ਯੰਗ ਡਰਮਾਟੋਲੋਜਿਸਟ ਇੰਟਰਨੈਸ਼ਨਲ ਅਚੀਵਮੈਂਟ ਐਵਾਰਡ-2027 ਲਈ ਚੁਣਿਆ ਗਿਆ ਹੈ।ਇਹ ਸਨਮਾਨ ਜੂਨ 2027 ਵਿੱਚ ਗੁਆਡਾਲਾਹਾਰਾ, ਮੈਕਸੀਕੋ ਵਿੱਚ ਹੋਣ ਵਾਲੀ 26ਵੀਂ ਵਰਲਡ ਕਾਂਗਰਸ ਆਫ਼ ਡਰਮਾਟੋਲੋਜੀ ਦੌਰਾਨ ਪ੍ਰਦਾਨ ਕੀਤਾ ਜਾਵੇਗਾ।ਇਹ ਐਵਾਰਡ ਚਮੜੀ ਰੋਗ ਵਿਗਿਆਨ ਦੇ ਖੇਤਰ ਵਿੱਚ ਉਭਰਦੇ ਹੋਏ ਆਗੂਆਂ ਲਈ ਦਿੱਤੇ ਜਾਣ ਵਾਲੇ ਸਭ ਤੋਂ ਵੱਕਾਰੀ ਅੰਤਰਰਾਸ਼ਟਰੀ ਸਨਮਾਨਾਂ ਵਿੱਚੋਂ ਇੱਕ ਹੈ।ਦੁਨੀਆ ਭਰ ਦੀਆਂ ਡਰਮਾਟੋਲੋਜੀਕਲ ਸੁਸਾਇਟੀਆਂ ਦੇ ਗਲੋਬਲ ਫੈਡਰੇਸ਼ਨ ਵੱਲੋਂ ਦਿੱਤਾ ਜਾਣ ਵਾਲਾ ਇਹ ਪੁਰਸਕਾਰ ਖੋਜ, ਸਿੱਖਿਆ, ਲੀਡਰਸ਼ਿਪ, ਮਰੀਜ਼ਾਂ ਦੀ ਦੇਖਭਾਲ ਅਤੇ ਅੰਤਰਰਾਸ਼ਟਰੀ ਸੇਵਾਵਾਂ ਵਿੱਚ ਸ਼ਾਨਦਾਰ ਯੋਗਦਾਨ ਲਈ ਪ੍ਰਦਾਨ ਕੀਤਾ ਜਾਂਦਾ ਹੈ।

ਡਾ. ਮੂਰਤੀ ਦਾ ਨਾਂਅ ਪਿਗਮੈਂਟਰੀ ਡਿਸਆਰਡਰਜ਼ ਸੁਸਾਇਟੀ ਤੇ ਇੰਡੀਅਨ ਐਸੋਸੀਏਸ਼ਨ ਆਫ਼ ਡਰਮਾਟੋਲੋਜਿਸਟਸ, ਵੇਨੇਰੀਓਲੋਜਿਸਟਸ ਐਂਡ ਲੈਪਰੋਲੋਜਿਸਟਸ ਵੱਲੋਂ ਸਾਂਝੇ ਤੌਰ 'ਤੇ ਨਾਮਜ਼ਦ ਕੀਤਾ ਗਿਆ ਸੀ।ਇਸ ਪ੍ਰਾਪਤੀ ਨਾਲ ਡਾ. ਮੂਰਤੀ ਸਾਲ 2007 ਵਿੱਚ ਇਸ ਪੁਰਸਕਾਰ ਦੀ ਸ਼ੁਰੂਆਤ ਤੋਂ ਬਾਅਦ ਇਹ ਐਵਾਰਡ ਹਾਸਲ ਕਰਨ ਵਾਲੇ ਸਿਰਫ਼ ਦੂਜੇ ਭਾਰਤੀ ਚਮੜੀ ਰੋਗ ਵਿਸ਼ੇਸ਼ਗਿਆਨੀ ਬਣ ਗਏ ਹਨ।ਇਹ ਉਪਲਬਧੀ ਵਿਸ਼ਵ ਪੱਧਰ 'ਤੇ ਭਾਰਤੀ ਡਰਮਾਟੋਲੋਜੀ ਦੀ ਵੱਧ ਰਹੀ ਪਛਾਣ ਤੇ ਪ੍ਰਭਾਵ ਨੂੰ ਦਰਸਾਉਂਦੀ ਹੈ।ਅੰਤਰਰਾਸ਼ਟਰੀ ਪੱਧਰ 'ਤੇ ਪ੍ਰਸਿੱਧ ਅਕਾਦਮਿਕ ਡਰਮਾਟੋਲੋਜਿਸਟ ਡਾ. ਮੂਰਤੀ ਨੇ ਚਮੜੀ ਦੇ ਰੰਗ ਨਾਲ ਸੰਬੰਧਿਤ ਰੋਗਾਂ, ਡਰਮੋਸਕੋਪੀ, ਡਰਮਾਟੋਲੋਜਿਕ ਸਰਜਰੀ ਅਤੇ ਡਰਮਾਟੋਲੋਜੀ ਸਿੱਖਿਆ ਦੇ ਖੇਤਰਾਂ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ ਹੈ।ਇਹ ਸਨਮਾਨ ਡਾ. ਮੂਰਤੀ ਨੂੰ 2025 ਵਿੱਚ ਮਿਲੇ ਇੱਕ ਹੋਰ ਵੱਡੇ ਅੰਤਰਰਾਸ਼ਟਰੀ ਸਨਮਾਨ ਤੋਂ ਬਾਅਦ ਪ੍ਰਾਪਤ ਹੋਇਆ ਹੈ, ਜਦੋਂ ਉਨ੍ਹਾਂ ਨੂੰ ਯੂਰਪੀਅਨ ਅਕੈਡਮੀ ਆਫ਼ ਡਰਮਾਟੋਲੋਜੀ ਐਂਡ ਵੇਨੇਰੀਓਲੋਜੀ ਵੱਲੋਂ ਬੈਸਟ ਰਿਸਰਚਰ ਐਵਾਰਡ ਨਾਲ ਨਵਾਜ਼ਿਆ ਗਿਆ ਸੀ।ਇਹ ਯੂਰਪ ਦੀ ਸਭ ਤੋਂ ਵੱਡੀ ਡਰਮਾਟੋਲੋਜੀ ਸੰਸਥਾ ਵੱਲੋਂ ਦਿੱਤੇ ਜਾਣ ਵਾਲੇ ਸਭ ਤੋਂ ਵੱਕਾਰੀ ਅਕਾਦਮਿਕ ਸਨਮਾਨਾਂ ਵਿੱਚੋਂ ਇੱਕ ਹੈ।ਇਹ ਉਪਲਬਧੀ ਪੀਜੀਆਈਐਮਈਆਰ, ਚੰਡੀਗੜ੍ਹ ਦੇ ਡਰਮਾਟੋਲੋਜੀ, ਵੇਨੇਰੀਓਲੋਜੀ ਤੇ ਲੈਪਰੋਲੋਜੀ ਵਿਭਾਗ ਦੀ ਅਕਾਦਮਿਕ ਉੱਤਮਤਾ ਨੂੰ ਵੀ ਦਰਸਾਉਂਦੀ ਹੈ।ਇਹ ਵਿਭਾਗ ਲਗਾਤਾਰ ਤਿੰਨ ਸਾਲਾਂ ਤੋਂ ਏਸ਼ੀਆ ਦਾ ਨੰਬਰ ਇੱਕ ਡਰਮਾਟੋਲੋਜੀ ਵਿਭਾਗ ਰਿਹਾ ਹੈ ਤੇ ਦੁਨੀਆ ਦੇ ਚੋਟੀ ਦੇ 20 ਡਰਮਾਟੋਲੋਜੀ ਸੰਸਥਾਨਾਂ ਵਿੱਚ ਸ਼ਾਮਲ ਹੈ।

ਐੱਚ ਐੱਮ ਈ ਐੱਲ ਤੇ ਏਮਜ਼ ਬਠਿੰਡਾ ਦੀ ਪਹਿਲ ਨਾਲ ਪੇਂਡੂ ਸਿਹਤ ਸੇਵਾਵਾਂ ਨੂੰ ਮਿਲੀ ਮਜ਼ਬੂਤੀ

ਤਲਵੰਡੀ ਸਾਬੋ (ਜਗਦੀਪ ਗਿੱਲ)

ਪੇਂਡੂ ਖੇਤਰਾਂ ਵਿੱਚ ਗੁਣਵੱਤਾਪੂਰਨ ਤੇ ਆਸਾਨੀ ਨਾਲ ਉਪਲਬਧ ਸਿਹਤ ਸੇਵਾਵਾਂ ਯਕੀਨੀ ਬਣਾਉਣ ਦੇ ਉਦੇਸ਼ ਨਾਲ ਐਚਪੀਸੀਐਲ-ਮਿੱਤਲ ਐਨਰਜੀ ਲਿਮਿਟੇਡ (ਐਚਐਮਈਐਲ) ਵੱਲੋਂ ਆਲ ਇੰਡੀਆ ਇੰਸਟੀਚਿਊਟ ਆਫ ਮੈਡੀਕਲ ਸਾਇੰਸਿਜ਼ (ਏਮਜ਼), ਬਠਿੰਡਾ ਦੇ ਸਹਿਯੋਗ ਨਾਲ ਟੈਲੀਮੈਡੀਸਿਨ ਸਹੂਲਤ ਵਾਲਾ ਇੰਟੀਗ੍ਰੇਟਿਡ ਮੋਬਾਈਲ ਮੈਡੀਕਲ ਯੂਨਿਟ (ਐੱਮਐੱਮਯੂ) ਪ੍ਰੋਜੈਕਟ ਪੇਂਡੂ ਸਿਹਤ ਸੇਵਾਵਾਂ ਨੂੰ ਨਵੀਂ ਮਜ਼ਬੂਤੀ ਦੇ ਰਿਹਾ ਹੈ।ਗੁਰੂ ਗੋਬਿੰਦ ਸਿੰਘ ਰਿਫਾਇਨਰੀ ਦੇ ਆਲੇ-ਦੁਆਲੇ ਸਥਿਤ ਪੰਜਾਬ ਤੇ ਹਰਿਆਣਾ ਦੇ 59 ਪਿੰਡਾਂ ਦੇ ਲੋਕਾਂ ਨੂੰ ਉਨ੍ਹਾਂ ਦੇ ਘਰ-ਦੁਆਰ ਤੇ ਹੀ ਪ੍ਰਾਇਮਰੀ ਸਿਹਤ ਸੇਵਾਵਾਂ ਮੁਹੱਈਆ ਕਰਾ ਕੇ ਇਲਾਜ ਦੀ ਪਹੁੰਚ ਤੇ ਗੁਣਵੱਤਾ ਨੂੰ ਯਕੀਨੀ ਬਣਾਇਆ ਜਾ ਰਿਹਾ ਹੈ।ਇਸ ਪ੍ਰੋਜੈਕਟ ਅਧੀਨ ਚੱਲ ਰਹੀਆਂ ਦੋ ਮੋਬਾਈਲ ਮੈਡੀਕਲ ਯੂਨਿਟਾਂ ਵੱਲੋਂ 30 ਜੂਨ ਤੱਕ 168 ਮੁਫ਼ਤ ਸਿਹਤ ਕੈਂਪ ਲਗਾ ਕੇ 9,814 ਪੇਂਡੂ ਮਰੀਜ਼ਾਂ ਨੂੰ ਡਾਕਟਰੀ ਸੇਵਾਵਾਂ ਦਿੱਤੀਆਂ ਗਈਆਂ।ਇਨ੍ਹਾਂ 'ਚੋਂ 20 ਕੈਂਪ ਹਰਿਆਣਾ ਦੇ ਸਰਹੱਦੀ 8 ਪਿੰਡਾਂ ਤਿਗੜੀ, ਦੇਸੂ ਮਲਕਾਣਾ, ਆਸੀਰ, ਖੋਖਰ, ਨੌਰੰਗ, ਹੱਸੂ, ਚੱਠਾ ਤੇ ਮਾਖਾ ਵਿੱਚ ਲਾਏ ਗਏ, ਜਿੱਥੇ 1,247 ਮਰੀਜ਼ਾਂ ਦਾ ਇਲਾਜ ਕੀਤਾ ਗਿਆ।ਲਾਭਪਾਤਰੀਆਂ ਵਿੱਚ 57 ਫੀਸਦੀ ਮਹਿਲਾਵਾਂ, 40 ਫੀਸਦੀ ਪੁਰਸ਼ ਤੇ 3 ਫੀਸਦੀ ਬੱਚੇ ਸ਼ਾਮਲ ਸਨ, ਜੋ ਇਸ ਪਹਿਲ ਦੀ ਪੇਂਡੂ ਪਰਵਾਰਾਂ, ਖ਼ਾਸ ਕਰਕੇ ਮਹਿਲਾਵਾਂ ਤੱਕ ਪ੍ਰਭਾਵਸ਼ਾਲੀ ਪਹੁੰਚ ਨੂੰ ਦਰਸਾਉਂਦਾ ਹੈ।ਸਿਹਤ ਸੇਵਾਵਾਂ ਨੂੰ ਹੋਰ ਪ੍ਰਭਾਵਸ਼ਾਲੀ ਤੇ ਮਾਹਿਰਾਂ ਦੀ ਸਲਾਹ ਨਾਲ ਜੋੜਨ ਲਈ ਪ੍ਰੋਜੈਕਟ ਅਧੀਨ ਟੈਲੀਮੈਡੀਸਿਨ ਸਲਾਹ-ਮਸ਼ਵਰਾ ਸੈਸ਼ਨਾਂ ਦਾ ਸਫ਼ਲ ਆਯੋਜਨ ਕੀਤਾ ਗਿਆ, ਜਿਸ ਨਾਲ ਪੇਂਡੂ ਮਰੀਜ਼ਾਂ ਨੂੰ ਏਮਜ਼ ਬਠਿੰਡਾ ਜਾਣ ਦੀ ਲੋੜ ਤੋਂ ਬਿਨਾਂ ਆਪਣੇ ਹੀ ਪਿੰਡ ਵਿੱਚ ਮਾਹਿਰ ਡਾਕਟਰਾਂ ਨਾਲ ਸਲਾਹ ਲੈਣ ਦੀ ਸਹੂਲਤ ਮਿਲੀ।ਇਸ ਨਾਲ ਮਰੀਜ਼ਾਂ ਦਾ ਸਮਾਂ, ਯਾਤਰਾ ਖ਼ਰਚ ਅਤੇ ਇਲਾਜ 'ਤੇ ਆਉਣ ਵਾਲਾ ਆਰਥਿਕ ਬੋਝ ਕਾਫ਼ੀ ਘੱਟ ਹੋਇਆ ਹੈ।ਪ੍ਰੋਜੈਕਟ ਅਧੀਨ ਗੰਭੀਰ ਤੇ ਵਿਸ਼ੇਸ਼ ਇਲਾਜ ਦੀ ਲੋੜ ਵਾਲੇ 212 ਮਰੀਜ਼ਾਂ ਨੂੰ ਇਨ੍ਹਾਂ ਕੈਂਪਾਂ ਰਾਹੀਂ ਏਮਜ਼ ਬਠਿੰਡਾ ਦੇ ਵੱਖ-ਵੱਖ ਮਾਹਿਰ ਵਿਭਾਗਾਂ ਵਿੱਚ ਰੈਫਰ ਕੀਤਾ ਗਿਆ।ਸਭ ਤੋਂ ਵੱਧ ਰੈਫਰਲ ਨੇਤਰ ਰੋਗ ਵਿਭਾਗ ਲਈ ਕੀਤੇ ਗਏ।ਇਸ ਤੋਂ ਇਲਾਵਾ ਆਰਥੋਪੀਡਿਕਸ, ਈਐਨਟੀ, ਜਨਰਲ ਸਰਜਰੀ, ਗਾਇਨੀਕੋਲੋਜੀ, ਜਨਰਲ ਮੈਡੀਸਿਨ, ਮਨੋਚਿਕਿਤਸਾ, ਡੈਂਟਲ, ਦਿਲ ਦੇ ਰੋਗ, ਨਿਊਰੋਲੋਜੀ, ਯੂਰੋਲੋਜੀ ਤੇ ਐਂਡੋਕ੍ਰਾਈਨੋਲੋਜੀ ਸਮੇਤ ਹੋਰ ਵਿਭਾਗਾਂ ਵਿੱਚ ਵੀ ਸਮੇਂ ਸਿਰ ਮਾਹਿਰ ਇਲਾਜ ਯਕੀਨੀ ਬਣਾਇਆ ਗਿਆ।ਐਮਰਜੈਂਸੀ ਸਥਿਤੀਆਂ ਵਿੱਚ ਮੁੱਢਲੀ ਸਹਾਇਤਾ ਬਾਰੇ ਜਾਗਰੂਕਤਾ ਵਧਾਉਣ ਲਈ ਰਾਮਾਂ, ਕਮਾਲੂ, ਤਿਓਣਾ ਪੁਜਾਰੀਆ, ਬੰਗੀ ਨਿਹਾਲ ਤੇ ਮੱਲਵਾਲਾ ਪਿੰਡਾਂ ਵਿੱਚ ਸੀਪੀਆਰ (ਕਾਰਡੀਓ ਪਲਮੋਨਰੀ ਰੀਸਸਿਟੇਸ਼ਨ) ਸਿਖਲਾਈ ਪ੍ਰੋਗਰਾਮ ਕਰਵਾਏ ਗਏ, ਜਿਨ੍ਹਾਂ ਵਿੱਚ 115 ਤੋਂ ਵੱਧ ਪੇਂਡੂਆਂ ਨੂੰ ਜ਼ਿੰਦਗੀ ਬਚਾਉਣ ਵਾਲੀਆਂ ਤਕਨੀਕਾਂ ਦੀ ਟ੍ਰੇਨਿੰਗ ਦਿੱਤੀ ਗਈ।ਇਹ ਸਿਖਲਾਈ ਐਮਰਜੈਂਸੀ ਹਾਲਾਤਾਂ ਵਿੱਚ ਭਾਈਚਾਰੇ ਦੀ ਤੁਰੰਤ ਤੇ ਪ੍ਰਭਾਵਸ਼ਾਲੀ ਪ੍ਰਤੀਕਿਰਿਆ ਸਮਰੱਥਾ ਨੂੰ ਮਜ਼ਬੂਤ ਕਰ ਰਹੀ ਹੈ।ਇਸ ਤੋਂ ਇਲਾਵਾ 13 ਸਿਹਤ ਜਾਗਰੂਕਤਾ ਪ੍ਰੋਗਰਾਮ ਕਰਾਏ ਗਏ, ਜਿਨ੍ਹਾਂ ਵਿੱਚ 250 ਤੋਂ ਵੱਧ ਪੇਂਡੂਆਂ, ਮਰੀਜ਼ਾਂ ਤੇ ਸਕੂਲੀ ਵਿਦਿਆਰਥੀਆਂ ਨੇ ਹਿੱਸਾ ਲਿਆ।ਇਨ੍ਹਾਂ ਦੌਰਾਨ ਸ਼ੂਗਰ ਦੀ ਰੋਕਥਾਮ, ਹਾਈ ਬਲੱਡ ਪ੍ਰੈਸ਼ਰ ਕੰਟਰੋਲ, ਲੂ ਤੋਂ ਬਚਾਅ, ਹੱਥਾਂ ਦੀ ਸਫ਼ਾਈ, ਡੇਂਗੂ ਤੋਂ ਬਚਾਅ, ਸਿਹਤਮੰਦ ਜੀਵਨ ਲਈ ਯੋਗਾ ਤੇ ਜ਼ੂਨੋਟਿਕ (ਪਸ਼ੂਆਂ ਤੋਂ ਫੈਲਣ ਵਾਲੇ) ਰੋਗਾਂ ਬਾਰੇ ਮਾਹਿਰਾਂ ਨੇ ਜਾਣਕਾਰੀ ਦਿੱਤੀ।ਪਿੰਡ ਬੰਗੀ ਨਿਹਾਲ ਦੇ ਸਰਪੰਚ ਕੁਲਦੀਪ ਸਿੰਘ ਨੇ ਕਿਹਾ ਕਿ ਮੋਬਾਈਲ ਮੈਡੀਕਲ ਯੂਨਿਟ ਤੇ ਟੈਲੀਮੈਡੀਸਿਨ ਸਹੂਲਤ ਨੇ ਪੇਂਡੂ ਸਿਹਤ ਸੇਵਾਵਾਂ ਵਿੱਚ ਮਹੱਤਵਪੂਰਨ ਬਦਲਾਅ ਲਿਆਂਦਾ ਹੈ।

ਪਿੰਡਾਂ ਦੇ ਸਰਬਪੱਖੀ ਵਿਕਾਸ ਤੇ ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਸਰਕਾਰ ਦੀ ਮੁੱਖ ਤਰਜੀਹ : ਭੁੱਲਰ



ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਹਲਕਾ ਫ਼ਿਰੋਜ਼ਪੁਰ ਸ਼ਹਿਰੀ ਦੇ ਵਿਧਾਇਕ ਰਣਬੀਰ ਸਿੰਘ ਭੁੱਲਰ ਨੇ ਆਪਣੇ ਜਨ-ਸੰਪਰਕ ਪ੍ਰੋਗਰਾਮ ਤਹਿਤ ਪਿੰਡ ਕਮਾਲਾ ਮਿੱਡੂ, ਫੱਤਾ ਬੋੜਾ, ਗੁਰਦਿੱਤੀ ਵਾਲਾ ਤੇ ਜੈਮਲ ਵਾਲਾ ਵਿਖੇ ਲੋਕ ਮਿਲਣੀ ਕਰਕੇ ਇਲਾਕਾ ਵਾਸੀਆਂ ਨਾਲ ਰੂਬਰੂ ਹੋ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ ਤੇ ਵਿਕਾਸ ਕਾਰਜਾਂ ਸਬੰਧੀ ਕੀਮਤੀ ਸੁਝਾਅ ਪ੍ਰਾਪਤ ਕੀਤੇ। ਇਸ ਮੌਕੇ ਵੱਡੀ ਗਿਣਤੀ ਵਿੱਚ ਪਹੁੰਚੇ ਇਲਾਕਾ ਵਾਸੀਆਂ ਨੇ ਆਪਣੇ ਪਿੰਡਾਂ ਦੇ ਵਿਕਾਸ ਨਾਲ ਸਬੰਧਤ ਵੱਖ-ਵੱਖ ਮੁੱਦੇ ਤੇ ਮੰਗਾਂ ਵਿਧਾਇਕ ਦੇ ਧਿਆਨ ਵਿੱਚ ਲਿਆਂਦੀਆਂ। ਵਿਧਾਇਕ ਰਣਬੀਰ ਸਿੰਘ ਭੁੱਲਰ ਨੇ ਲੋਕਾਂ ਨੂੰ ਭਰੋਸਾ ਦਿਵਾਇਆ ਕਿ ਹਰੇਕ ਜਾਇਜ਼ ਮੰਗ ਦਾ ਤਰਜੀਹੀ ਆਧਾਰ 'ਤੇ ਨਿਪਟਾਰਾ ਯਕੀਨੀ ਬਣਾਇਆ ਜਾਵੇਗਾ ਤੇ ਵਿਕਾਸ ਕਾਰਜਾਂ ਵਿੱਚ ਕਿਸੇ ਵੀ ਤਰ੍ਹਾਂ ਦੀ ਕਮੀ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਹਰ ਖੇਤਰ ਦੇ ਸੰਤੁਲਿਤ ਤੇ ਸਰਵਪੱਖੀ ਵਿਕਾਸ ਲਈ ਵਚਨਬੱਧ ਹੈ। ਲੋਕਾਂ ਨੂੰ ਬਿਹਤਰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ, ਪਾਰਦਰਸ਼ੀ ਪ੍ਰਸ਼ਾਸਨ ਤੇ ਲੋਕ-ਕੇਂਦਰਤ ਸ਼ਾਸਨ ਨੂੰ ਯਕੀਨੀ ਬਣਾਉਣ ਲਈ ਸਰਕਾਰ ਵੱਲੋਂ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਹਲਕਾ ਫ਼ਿਰੋਜ਼ਪੁਰ ਸ਼ਹਿਰੀ ਦੇ ਹਰ ਪਿੰਡ ਤੇ ਹਰ ਵਾਰਡ ਦਾ ਵਿਕਾਸ ਯਕੀਨੀ ਬਣਾਉਣਾ ਉਨ੍ਹਾਂ ਦੀ ਪਹਿਲ ਹੈ ਤੇ ਲੋਕਾਂ ਦੇ ਸਹਿਯੋਗ ਨਾਲ ਵਿਕਾਸ ਦੀ ਇਹ ਰਫ਼ਤਾਰ ਅੱਗੇ ਵੀ ਜਾਰੀ ਰਹੇਗੀ।

ਸਥਾਨਕ ਵਿਧਾਇਕ ਖੰਡ ਮਿੱਲ ਸ਼ੇਰੋਂ ਨੂੰ ਮੁੜ ਚਾਲੂ ਕਰਨ ਲਈ ਮੁੱਖ ਮੰਤਰੀ ਨੂੰ ਕਹਿਣ: ਐੱਸ ਕੇ ਐੱਮ

ਵਲਟੋਹਾ, ਝਬਾਲ (ਰਣਜੀਤ ਸਿੰਘ ਵਲਟੋਹਾ, ਹਰਜਿੰਦਰ ਸਿੰਘ ਸੋਨੀ)-ਖੰਡ ਮਿੱਲ ਸ਼ੇਰੋਂ ਨੂੰ ਬਚਾਉਣ ਅਤੇ ਮੁੜ ਚਾਲੂ ਕਰਨ ਲਈ ਕਿਸਾਨ ਮੋਰਚਾ 49ਵੇਂ ਦਿਨ ਵਿੱਚ ਪ੍ਰਵੇਸ਼ ਕਰ ਗਿਆ।ਕਿਸਾਨਾਂ ਨੂੰ ਸੰਬੋਧਨ ਕਰਦਿਆਂ ਮਨਜੀਤ ਸਿੰਘ ਬੱਗੂ, ਹਰਜਿੰਦਰ ਸਿੰਘ ਟਾਂਡਾ, ਤਰਸੇਮ ਸਿੰਘ ਲੁਹਾਰ, ਨਛੱਤਰ ਸਿੰਘ ਪੰਨੂ, ਇੰਦਰਜੀਤ ਸਿੰਘ ਮਰਹਾਨਾ, ਗੁਰਪ੍ਰੀਤ ਸਿੰਘ ਗੰਡੀਵਿੰਡ ਨੇ ਕਿਹਾ ਕਿ ਐੱਮ ਐੱਲ ਏ ਭਾਵੇਂ ਹਾਕਮ ਪਾਰਟੀ ਦਾ ਹੋਵੇ ਜਾਂ ਵਿਰੋਧੀ ਧਿਰ ਦਾ, ਉਸਦਾ ਫਰਜ਼ ਬਣਦਾ ਹੈ ਕਿ ਉਹ ਆਪਣੇ ਇਲਾਕੇ ਦੇ ਲੋਕਾਂ ਦੀ ਆਵਾਜ਼ ਉੱਪਰ ਤੱਕ ਪਹੁੰਚਾਵੇ।ਸਥਾਨਕ ਐੱਮ ਐੱਲ ਏ ਨੂੰ ਮੁੱਖ ਮੰਤਰੀ ਨਾਲ ਗੱਲ ਕਰਨੀ ਚਾਹੀਦੀ ਤਾਂ ਕਿ ਮਿੱਲ ਚੱਲਣ ਨਾਲ ਇੱਥੋਂ ਦੇ ਮਜ਼ਦੂਰਾਂ, ਕਿਸਾਨਾਂ ਦਾ ਭਲਾ ਹੋ ਸਕੇ ਪਰ ਖਡੂਰ ਸਾਹਿਬ ਹਲਕੇ ਦੇ ਵਿਧਾਇਕ ਲਾਲਪੁਰਾ ਕਿਸਾਨ ਮੋਰਚੇ ਤੋਂ ਮੰਗ ਪੱਤਰ ਲੈਣ ਤੋਂ ਵੀ ਇਨਕਾਰੀ ਹਨ।ਉਨ੍ਹਾਂ ਕਿਹਾ ਕਿ ਇਸੇ ਰੋਸ ਵਜੋਂ 10 ਜੁਲਾਈ ਨੂੰ ਲਾਲਪੁਰਾ ਪਿੰਡ ਵਿੱਚ ਵਿਧਾਇਕ ਦਾ ਪੁਤਲਾ ਫੂਕਿਆ ਜਾਵੇਗਾ।ਉਨ੍ਹਾਂ ਕਿਹਾ ਕਿ ਇਹ ਮਿੱਲ ਸਥਾਨਕ ਲੋਕਾਂ ਦੀ ਜਾਇਦਾਦ ਹੈ, ਲੋਕਾਂ ਨੂੰ ਬਿਨਾਂ ਪੁੱਛਿਆਂ ਇਸਦੀ ਮਲਕੀਅਤ ਤਬਦੀਲ ਕਰ ਦਿੱਤੀ ਗਈ ਹੈ।ਯਾਦ ਰਹੇ ਕਿ ਸੱਠ ਫੀਸਦੀ ਹਿੱਸਾ ਕਿਸਾਨਾਂ ਦਾ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਅਮਰੀਕ ਸਿੰਘ, ਕਸ਼ਮੀਰ ਸਿੰਘ ਤੇ ਬਲਦੇਵ ਸਿੰਘ ਸ਼ੇਰੋਂ, ਦਲਜੀਤ ਸਿੰਘ ਦਿਆਲਪੁਰਾ, ਕਾਰਜ ਸਿੰਘ ਕੈਰੋਂ, ਜੱਸਾ ਸਿੰਘ ਕੱਦਗਿੱਲ, ਜਸਬੀਰ ਸਿੰਘ ਨਿੱਜਰਪੁਰਾ, ਰੇਸ਼ਮ ਸਿੰਘ ਫੈਲੋਕੇ, ਸਕੱਤਰ ਸਿੰਘ ਮੁੰਡਾ ਪਿੰਡ, ਸੁਖਦੇਵ ਸਿੰਘ ਲੱਖਣਾ, ਹਰਦਿਆਲ ਸਿੰਘ ਮਰਹਾਨਾ , ਕੇਹਰ ਸਿੰਘ ਮੁਗ਼ਲ ਚੱਕ, ਨਾਜ਼ਰ ਸਿੰਘ ਸਰਹਾਲੀ, ਮਨਪ੍ਰੀਤ ਸਿੰਘ, ਅੰਮ੍ਰਿਤਪਾਲ ਸਿੰਘ ਬਾਕੀਪੁਰ, ਸੁਖਬਾਜ ਸਿੰਘ ਸਿੱਧੂ, ਗੁਰਮੁਖ ਸਿੰਘ ਤੇ ਟਹਿਲ ਸਿੰਘ ਦਿਆਲਪੁਰਾ, ਰਾਜਬੀਰ ਸਿੰਘ, ਸੁਖਚੈਨ ਸਿੰਘ, ਵਿਰਸਾ ਸਿੰਘ, ਰਾਜਬੀਰ ਸਿੰਘ ਚਰਨ ਸਿੰਘ, ਸਕੱਤਰ ਸਿੰਘ, ਸੰਤੋਖ ਸਿੰਘ ਸਮੇਤ ਕਈ ਆਗੂ ਹਾਜ਼ਰ ਸਨ।

ਲੋਹਗੜ੍ਹ ਗੇਟ ਤੇ ਹਰਿਪੁਰਾ ਵਿਖੇ ਨਾਜਾਇਜ਼ ਕਬਜ਼ੇ ਹਟਾਏ

ਸਰਕਾਰੀ ਡਿਊਟੀ 'ਚ ਰੁਕਾਵਟ ਪਾਉਣ ਦੇ ਕੀਤੇ ਯਤਨ

ਅੰਮ੍ਰਿਤਸਰ, (ਜਗਦੀਸ਼ ਕਮਲੇਸ਼)-ਨਗਰ ਨਿਗਮ ਕਮਿਸ਼ਨਰ ਬਿਕਰਮਜੀਤ ਸਿੰਘ ਸ਼ੇਰਗਿੱਲ ਦੇ ਦਿਸ਼ਾ-ਨਿਰਦੇਸ਼ਾਂ ਅਤੇ ਵਧੀਕ ਨਗਰ ਨਿਗਮ ਕਮਿਸ਼ਨਰ ਡਾ. ਜੈ ਇੰਦਰ ਸਿੰਘ ਦੀ ਰਹਿਨੁਮਾਈ ਹੇਠ ਨਗਰ ਨਿਗਮ ਅੰਮ੍ਰਿਤਸਰ (ਐੱਮਸੀਏ) ਦੇ ਐਸਟੇਟ ਵਿੰਗ ਵੱਲੋਂ ਲੋਹਗੜ੍ਹ ਗੇਟ ਅਤੇ ਹਰਿਪੁਰਾ ਇਲਾਕੇ ਵਿੱਚ ਸਰਕਾਰੀ ਜ਼ਮੀਨ ਨੂੰ ਨਾਜਾਇਜ਼ ਕਬਜ਼ਿਆਂ ਤੋਂ ਮੁਕਤ ਕਰਵਾਉਣ ਅਤੇ ਲੋਕਾਂ ਦੀ ਆਵਾਜਾਈ ਨੂੰ ਸੁਚਾਰੂ ਬਣਾਉਣ ਲਈ ਵਿਸ਼ੇਸ਼ ਐਂਟੀ-ਐਨਕਰੋਚਮੈਂਟ ਮੁਹਿੰਮ ਚਲਾਈ ਗਈ।ਇਹ ਕਾਰਵਾਈ ਸਕੱਤਰ-ਕਮ-ਐਸਟੇਟ ਅਫ਼ਸਰ ਸੁਸ਼ਾਂਤ ਭਾਟੀਆ ਅਤੇ ਐਸਟੇਟ ਅਫ਼ਸਰ ਧਰਮਿੰਦਰਜੀਤ ਸਿੰਘ ਦੀ ਨਿਗਰਾਨੀ ਹੇਠ ਕੀਤੀ ਗਈ।ਇਸ ਮੁਹਿੰਮ ਵਿੱਚ ਐਸਟੇਟ ਇੰਸਪੈਕਟਰ ਪ੍ਰੀਤੀ ਚੌਹਾਨ ਅਤੇ ਅਮਨ ਕੁਮਾਰ ਸਮੇਤ ਐਸਟੇਟ ਟੀਮ ਨੇ ਸਰਗਰਮ ਭੂਮਿਕਾ ਨਿਭਾਈ।ਮੁਹਿੰਮ ਦੌਰਾਨ ਐਸਟੇਟ ਟੀਮ ਨੇ ਪਾਇਆ ਕਿ ਦੋ ਔਰਤਾਂ ਨੇ ਲੋਹਗੜ੍ਹ ਗੇਟ ਗਊਸ਼ਾਲਾ ਦੇ ਸਾਹਮਣੇ ਸੜਕ ਕਿਨਾਰੇ ਅਸਥਾਈ ਝੁੱਗੀ ਬਣਾਕੇ ਸਰਕਾਰੀ ਜ਼ਮੀਨ 'ਤੇ ਨਾਜਾਇਜ਼ ਕਬਜ਼ਾ ਕੀਤਾ ਹੋਇਆ ਸੀ ਅਤੇ ਉਸ ਨੂੰ ਆਪਣੇ ਰਹਿਣ ਲਈ ਵਰਤ ਰਹੀਆਂ ਸਨ।ਉਨ੍ਹਾਂ ਵੱਲੋਂ ਉੱਥੇ ਕਈ ਕੁੱਤੇ ਵੀ ਰੱਖੇ ਹੋਏ ਸਨ, ਜਿਸ ਕਾਰਨ ਲੋਕਾਂ ਨੂੰ ਆਉਣ-ਜਾਣ ਵਿੱਚ ਦਿੱਕਤ ਦਾ ਸਾਹਮਣਾ ਕਰਨਾ ਪੈ ਰਿਹਾ ਸੀ ਅਤੇ ਸਰਕਾਰੀ ਜ਼ਮੀਨ 'ਤੇ ਗੈਰ-ਕਾਨੂੰਨੀ ਕਬਜ਼ਾ ਬਣਿਆ ਹੋਇਆ ਸੀ।ਐਸਟੇਟ ਟੀਮ ਨੇ ਨਾਜਾਇਜ਼ ਢਾਂਚਾ ਹਟਾ ਕੇ ਮੌਕੇ ਤੋਂ ਮਿਲਿਆ ਸਾਮਾਨ ਨਿਯਮਾਂ ਅਨੁਸਾਰ ਜ਼ਬਤ ਕਰ ਲਿਆ।ਕਾਰਵਾਈ ਦੌਰਾਨ ਦੋਵਾਂ ਔਰਤਾਂ ਨੇ ਕਥਿਤ ਤੌਰ 'ਤੇ ਐਸਟੇਟ ਟੀਮ ਨਾਲ ਬਦਸਲੂਕੀ ਕੀਤੀ ਅਤੇ ਸਰਕਾਰੀ ਅਧਿਕਾਰੀਆਂ ਨੂੰ ਉਨ੍ਹਾਂ ਦੀ ਡਿਊਟੀ ਨਿਭਾਉਣ ਤੋਂ ਰੋਕਣ ਦੀ ਕੋਸ਼ਿਸ਼ ਕੀਤੀ।ਇੱਕ ਔਰਤ ਨੇ ਕਾਰਵਾਈ ਰੁਕਵਾਉਣ ਲਈ ਖ਼ੁਦਕੁਸ਼ੀ ਕਰਨ ਦੀ ਧਮਕੀ ਵੀ ਦਿੱਤੀ। ਇਸ ਦੇ ਬਾਵਜੂਦ ਐਸਟੇਟ ਟੀਮ ਨੇ ਪੂਰੇ ਧੀਰਜ ਅਤੇ ਸੰਜਮ ਨਾਲ ਨਿਯਮਾਂ ਅਨੁਸਾਰ ਕਾਰਵਾਈ

ਕਰਦਿਆਂ ਨਾਜਾਇਜ਼ ਕਬਜ਼ਾ ਸਫਲਤਾਪੂਰਵਕ ਹਟਾ ਦਿੱਤਾ।ਇਸੇ ਮੁਹਿੰਮ ਤਹਿਤ ਹਰਿਪੁਰਾ ਇਲਾਕੇ ਵਿੱਚੋਂ ਵੀ ਨਾਜਾਇਜ਼ ਕਬਜ਼ੇ ਹਟਾ ਕੇ ਸਰਕਾਰੀ ਜ਼ਮੀਨ ਨੂੰ ਖਾਲੀ ਕਰਵਾਇਆ ਗਿਆ।ਨਗਰ ਨਿਗਮ ਕਮਿਸ਼ਨਰ ਬਿਕਰਮਜੀਤ ਸਿੰਘ ਸ਼ੇਰਗਿੱਲ ਨੇ ਕਿਹਾ ਕਿ ਨਗਰ ਨਿਗਮ ਅੰਮ੍ਰਿਤਸਰ ਸਰਕਾਰੀ ਸੜਕਾਂ, ਫੁੱਟਪਾਥਾਂ ਅਤੇ ਜਨਤਕ ਜ਼ਮੀਨਾਂ ਨੂੰ ਨਾਜਾਇਜ਼ ਕਬਜ਼ਿਆਂ ਤੋਂ ਮੁਕਤ ਰੱਖਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ।ਉਨ੍ਹਾਂ ਕਿਹਾ ਕਿ ਕਿਸੇ ਵੀ ਵਿਅਕਤੀ ਨੂੰ ਸਰਕਾਰੀ ਜ਼ਮੀਨ 'ਤੇ ਗੈਰਕਾਨੂੰਨੀ ਕਬਜ਼ਾ ਕਰਨ ਜਾਂ ਸਰਕਾਰੀ ਅਧਿਕਾਰੀਆਂ ਨੂੰ ਉਨ੍ਹਾਂ ਦੀ ਕਾਨੂੰਨੀ ਡਿਊਟੀ ਨਿਭਾਉਣ ਤੋਂ ਰੋਕਣ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ।ਉਨ੍ਹਾਂ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਸਰਕਾਰੀ ਜ਼ਮੀਨਾਂ 'ਤੇ ਨਾਜਾਇਜ਼ ਕਬਜ਼ੇ ਨਾ ਕਰਨ ਅਤੇ ਸ਼ਹਿਰ ਨੂੰ ਸਾਫ਼-ਸੁਥਰਾ, ਸੁਰੱਖਿਅਤ ਅਤੇ ਨਾਜਾਇਜ਼ ਕਬਜ਼ਿਆਂ ਤੋਂ ਮੁਕਤ ਬਣਾਉਣ ਲਈ ਨਗਰ ਨਿਗਮ ਦਾ ਸਹਿਯੋਗ ਕਰਨ।ਨਗਰ ਨਿਗਮ ਅੰਮ੍ਰਿਤਸਰ ਨੇ ਚੇਤਾਵਨੀ ਦਿੱਤੀ ਕਿ ਭਵਿੱਖ ਵਿੱਚ ਵੀ ਨਾਜਾਇਜ਼ ਕਬਜ਼ੇ ਕਰਨ ਵਾਲਿਆਂ ਅਤੇ ਸਰਕਾਰੀ ਕੰਮ ਵਿੱਚ ਰੁਕਾਵਟ ਪੈਦਾ ਕਰਨ ਵਾਲਿਆਂ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਜਾਰੀ ਰਹੇਗੀ।

ਪਾਵਰਕਾਮ ਤੇ ਟਰਾਂਸਕੋ ਪੈਨਸ਼ਨਰਜ਼ ਯੂਨੀਅਨ ਏਟਕ ਪੰਜਾਬ ਦੇ ਮੰਡਲ ਯੂਨਿਟ ਧਾਰੀਵਾਲ ਦੀ ਮੀਟਿੰਗ

ਧਾਰੀਵਾਲ, (ਮਨਦੀਪ ਵਿੱਕੀ)-ਪਾਵਰਕਾਮ ਤੇ ਟਰਾਂਸਕੋ ਪੈਨਸ਼ਨਰਜ਼ ਯੂਨੀਅਨ ਏਟਕ ਪੰਜਾਬ ਦੇ ਮੰਡਲ ਯੂਨਿਟ ਧਾਰੀਵਾਲ ਦੀ ਮੀਟਿੰਗ ਸਾਥੀ ਹਰਕਿਰਪਾਲ ਸਿੰਘ ਸੋਹਲ ਦੀ ਅਗਵਾਈ ਹੇਠ ਧਾਰੀਵਾਲ ਵਿਖੇ ਹੋਈ।ਇਸ ਮੀਟਿੰਗ ਵਿੱਚ ਯੂਨੀਅਨ ਦੇ ਸੂਬਾ ਆਗੂ ਹਜਾਰਾ ਸਿੰਘ ਗਿੱਲ ਉਚੇਚੇ ਤੌਰ 'ਤੇ ਸ਼ਾਮਲ ਹੋਏ।

ਬੁਲਾਰਿਆਂ ਨੇ ਕਿਹਾ ਕਿ ਇਹ ਪੰਜਾਬ ਦੀ ਪਹਿਲੀ ਸਰਕਾਰ ਹੈ ਜਿਸਨੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਹੱਕੀ ਬਣਦੇ ਡੀ ਏ ਨੂੰ ਜਾਰੀ ਕਰਨ ਦੀ ਬਜਾਏ ਹਾਈ ਕੋਰਟ ਦੇ ਡਬਲ ਬੈਂਚ ਵਿੱਚ ਅਪੀਲਾਂ ਦਰਜ ਕੀਤੀਆਂ ਹਨ।

ਇਸ ਮੌਕੇ 17 ਜੁਲਾਈ ਨੂੰ ਸਾਂਝੇ ਥੜੇ ਵੱਲੋਂ ਉਲੀਕੇ ਪ੍ਰੋਗਰਾਮ ਅਨੁਸਾਰ ਮੋਹਾਲੀ ਵਿਖੇ ਵਿਸ਼ਾਲ ਰੈਲੀ ਵਿੱਚ ਧਾਰੀਵਾਲ ਮੰਡਲ ਤੋਂ ਵੱਧ ਤੋਂ ਵੱਧ ਸਾਥੀ ਸ਼ਾਮਲ ਹੋਣ ਦਾ ਫੈਸਲਾ ਕੀਤਾ ਗਿਆ।ਮੀਟਿੰਗ ਵਿੱਚ ਉਪਰੋਕਤ ਆਗੂਆਂ ਤੋਂ ਇਲਾਵਾ ਸਾਥੀ ਹਰਦੀਪ ਸਿੰਘ, ਵਰਿੰਦਰ ਸਿੰਘ, ਹਰਪਾਲ ਸਿੰਘ, ਦਵਿੰਦਰ ਸਿੰਘ, ਗੁਰਮੀਤ ਸਿੰਘ , ਅਸ਼ੋਕ ਕੁਮਾਰ, ਬਲਜੀਤ ਸਿੰਘ ਸੋਹਲ, ਸਤਨਾਮ ਸਿੰਘ ਕਲੇਰ, ਸੰਗਤ ਸਿੰਘ, ਸੁਖਵਿੰਦਰ ਸਿੰਘ, ਕਸ਼ਮੀਰ ਸਿੰਘ, ਕੁਲਵੰਤ ਸਿੰਘ ਸੱਗੂ, ਕੁਲਵੰਤ ਸਿੰਘ ਦੂਲਾਨੰਗਲ, ਸੱਤਪਾਲ ਸਿੰਘ, ਮਹਿੰਦਰ ਸਿੰਘ, ਨੱਥਾ ਰਾਮ, ਰਤਨ ਚੰਦ, ਸਵਰਨ ਮਸੀਹ, ਗੁਰਮੇਲ ਸਿੰਘ ਆਦਿ ਸਮੇਤ ਹੋਰ ਵੀ ਵੱਡੀ ਗਿਣਤੀ ਵਿੱਚ ਪੈਨਸ਼ਨਰ ਸਾਥੀ ਹਾਜ਼ਰ ਸਨ।

ਤਿੰਨ ਮਹੀਨਿਆਂ ਦੇ ਅੰਦਰ-ਅੰਦਰ ਪੀ. ਐੱਨ. ਜੀ. ਕੁਨੈਕਸ਼ਨ ਲੈਣ ਦੀ ਅਪੀਲ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਜ਼ਿਲ੍ਹਾ ਪ੍ਰਸ਼ਾਸਨ, ਅੰਮ੍ਰਿਤਸਰ ਨੇ ਉਨ੍ਹਾਂ ਇਲਾਕਿਆਂ ਦੇ ਵਸਨੀਕਾਂ ਨੂੰ ਅਪੀਲ ਕੀਤੀ ਹੈ ਜਿੱਥੇ ਅਧਿਕਾਰਤ ਏਜੰਸੀ ਵੱਲੋਂ ਪਾਈਪਡ ਨੈਚੁਰਲ ਗੈਸ (ਪੀ.ਐੱਨ.ਜੀ.) ਦੀ ਪਾਈਪਲਾਈਨ ਵਿਛਾਈ ਜਾ ਚੁੱਕੀ ਹੈ ਜਾਂ ਜਿੱਥੇ ਘਰੇਲੂ ਪੀ.ਐੱਨ.ਜੀ. ਕੁਨੈਕਸ਼ਨ ਮੁਹੱਈਆ ਕਰਵਾਉਣ ਦੀ ਸਹੂਲਤ ਉਪਲਬਧ ਹੈ, ਉਹ ਨਿਰਧਾਰਿਤ ਸਮੇਂ ਦੇ ਅੰਦਰ ਪੀ.ਐੱਨ.ਜੀ. ਕੁਨੈਕਸ਼ਨ ਜ਼ਰੂਰ ਪ੍ਰਾਪਤ ਕਰਨ। ਇਹ ਹਦਾਇਤ ਭਾਰਤ ਸਰਕਾਰ ਦੇ ਪੈਟਰੋਲੀਅਮ ਅਤੇ ਕੁਦਰਤੀ ਗੈਸ ਮੰਤਰਾਲੇ ਦੀਆਂ ਹਦਾਇਤਾਂ ਅਤੇ ਸਬੰਧਤ ਗਜ਼ਟ ਨੋਟੀਫਿਕੇਸ਼ਨ ਅਨੁਸਾਰ ਜਾਰੀ ਕੀਤੀ ਗਈ ਹੈ। ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਜਾਰੀ ਜਨਤਕ ਨੋਟਿਸ ਅਨੁਸਾਰ ਸਬੰਧਤ ਇਲਾਕਿਆਂ ਵਿੱਚ ਰਹਿੰਦੇ ਸਾਰੇ ਯੋਗ ਘਰਾਂ ਨੂੰ ਨੋਟਿਸ ਜਾਰੀ ਹੋਣ ਦੀ ਮਿਤੀ ਤੋਂ ਤਿੰਨ ਮਹੀਨਿਆਂ ਦੇ ਅੰਦਰ ਅਧਿਕਾਰਤ ਏਜੰਸੀ ਤੋਂ ਘਰੇਲੂ ਪੀ.ਐੱਨ.ਜੀ. ਕੁਨੈਕਸ਼ਨ ਲਈ ਅਰਜ਼ੀ ਦੇ ਕੇ ਕੁਨੈਕਸ਼ਨ ਲੈਣਾ ਲਾਜ਼ਮੀ ਹੈ। ਵਧੀਕ ਡਿਪਟੀ ਕਮਿਸ਼ਨਰ (ਜਨਰਲ) ਪੱਲਵੀ ਸ਼ਰਮਾ, ਆਈ.ਏ.ਐੱਸ. ਨੇ ਸਪੱਸ਼ਟ ਕੀਤਾ ਹੈ ਕਿ ਨਿਰਧਾਰਿਤ ਤਿੰਨ ਮਹੀਨਿਆਂ ਦੀ ਮਿਆਦ ਪੂਰੀ ਹੋਣ ਉਪਰੰਤ ਅਜਿਹੇ ਘਰਾਂ ਨੂੰ ਐੱਲ.ਪੀ.ਜੀ. ਸਿਲੰਡਰਾਂ ਦੀ ਸਪਲਾਈ ਲਾਗੂ ਨਿਯਮਾਂ ਅਤੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਬੰਦ ਕੀਤੀ ਜਾ ਸਕਦੀ ਹੈ। ਇਸ ਲਈ ਸਬੰਧਤ ਪਰਿਵਾਰਾਂ ਨੂੰ ਕਿਸੇ ਵੀ ਤਰ੍ਹਾਂ ਦੀ ਅਸੁਵਿਧਾ ਤੋਂ ਬਚਣ ਲਈ ਤੁਰੰਤ ਲੋੜੀਂਦੀ ਕਾਰਵਾਈ ਕਰਨ ਦੀ ਅਪੀਲ ਕੀਤੀ ਗਈ ਹੈ।

ਆਤਮਹੱਤਿਆ ਕਰਨ ਵਾਲੇ ਅਧਿਆਪਕ (ਬੀ ਐੱਲ ਓ) ਦੀ ਮੌਤ 'ਤੇ ਜੀ ਟੀ ਯੂ ਵੱਲੋਂ ਦੁੱਖ ਦਾ ਪ੍ਰਗਟਾਵਾ

ਧਾਰੀਵਾਲ, (ਮਨਦੀਪ ਵਿੱਕੀ)-ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਜ਼ਿਲ੍ਹਾ ਗੁਰਦਾਸਪੁਰ ਦੇ ਪ੍ਰਧਾਨ ਕੁਲਦੀਪ ਸਿੰਘ ਪੂਰੋਵਾਲ, ਸਕੱਤਰ ਦਿਲਦਾਰ ਭੰਡਾਲ, ਬੀਐੱਲਓ ਯੂਨੀਅਨ ਦੇ ਪ੍ਰਧਾਨ ਸਰਬਜੀਤ ਸਿੰਘ ਵੱਲੋਂ ਪ੍ਰੈੱਸ ਨੋਟ ਜਾਰੀ ਕਰਦੇ ਹੋਏ ਐੱਸਐੱਸਆਰ ਦੇ ਕੰਮ ਦੇ ਬੇਲੋੜੇ ਅਤੇ ਅੰਨ੍ਹੇਵਾਹ ਮਾਨਸਿਕ ਦਬਾਅ ਕਾਰਨ ਲੰਘੇ ਕੱਲ੍ਹ ਮੰਗਲਵਾਰ ਨੂੰ ਨਹਿਰ ਵਿੱਚ ਛਾਲ ਮਾਰ ਕੇ ਆਤਮਹੱਤਿਆ ਕਰਨ ਵਾਲੇ ਬੀ. ਐੱਲ. ਓ. ਅਧਿਆਪਕ ਗੁਰਪ੍ਰੀਤ ਸਿੰਘ (ਪਿੰਡ ਸਲੋਪੁਰ, ਅਧਿਆਪਕ ਸਰਕਾਰੀ ਪ੍ਰਾਇਮਰੀ ਸਕੂਲ ਭੈਣੀ ਮੀਆਂ ਖਾਂ) ਦੀ ਬੇਵਕਤੀ ਤੇ ਦਰਦਨਾਕ ਮੌਤ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ ਹੈ। ਜਥੇਬੰਦੀਆਂ ਨੇ ਇਸ ਮੰਦਭਾਗੀ ਘਟਨਾ ਲਈ ਸਿੱਧੇ ਤੌਰ 'ਤੇ ਚੋਣ ਦਫਤਰ ਦੇ ਉੱਚ ਅਧਿਕਾਰੀਆਂ ਦੇ ਤਾਨਾਸ਼ਾਹੀ ਰਵੱਈਏ ਨੂੰ ਜ਼ਿੰਮੇਵਾਰ ਠਹਿਰਾਇਆ ਹੈ।ਸੀਨੀਅਰ ਮੀਤ ਪ੍ਰਧਾਨ ਅਨਿਲ ਕੁਮਾਰ, ਗੁਰਪ੍ਰੀਤ ਰੰਗੀਲਪੁਰ, ਲਵਪ੍ਰੀਤ ਰੋੜਾਂਵਾਲੀ ਨੇ ਪੰਜਾਬ ਸਰਕਾਰ ਅਤੇ ਚੋਣ ਕਮਿਸ਼ਨ ਦੀ ਤਿੱਖੀ ਨਿੰਦਾ ਕਰਦਿਆਂ ਕਿਹਾ ਕਿ ਜਿਹੜੀ ਸਰਕਾਰ ਸੱਤਾ ਵਿੱਚ ਆਉਣ ਤੋਂ ਪਹਿਲਾਂ ਵੱਡੇ-ਵੱਡੇ ਦਾਅਵੇ ਕਰਦੀ ਸੀ ਕਿ ਅਧਿਆਪਕਾਂ ਤੋਂ ਕੋਈ ਵੀ ਗੈਰ-ਵਿੱਦਿਅਕ ਕੰਮ ਨਹੀਂ ਲਿਆ ਜਾਵੇਗਾ ਅਤੇ ਪੰਜਾਬ ਵਿੱਚ ਸਿੱਖਿਆ ਕ੍ਰਾਂਤੀ ਲਿਆਂਦੀ ਜਾਵੇਗੀ, ਅੱਜ ਉਸੇ ਸਰਕਾਰ ਦੇ ਰਾਜ ਵਿੱਚ ਸਾਰੇ ਨਿਯਮਾਂ ਨੂੰ ਛਿੱਕੇ ਟੰਗ ਕੇ ਅਧਿਆਪਕਾਂ ਨੂੰ ਸਕੂਲਾਂ ਵਿੱਚੋਂ ਬਾਹਰ ਕੱਢ ਕੇ ਬੀ. ਐੱਲ. ਓ. ਵਰਗੀਆਂ ਡਿਊਟੀਆਂ 'ਤੇ ਲਗਾਇਆ ਹੋਇਆ ਹੈ।ਉਨ੍ਹਾਂ ਕਿਹਾ ਕਿ ਡਿਊਟੀ ਦੌਰਾਨ ਅਧਿਆਪਕਾਂ 'ਤੇ ਬੇਲੋੜਾ ਦਬਾਅ ਪਾ ਕੇ, ਡਰਾ-ਧਮਕਾ ਕੇ ਅਤੇ ਨੋਟਿਸ ਜਾਰੀ ਕਰਕੇ ਮਾਨਸਿਕ ਤੌਰ 'ਤੇ ਇੰਨਾ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ ਕਿ ਅਧਿਆਪਕ ਆਪਣੀ ਜੀਵਨ ਲੀਲਾ ਸਮਾਪਤ ਕਰਨ ਵਰਗੇ ਖੌਫਨਾਕ ਕਦਮ ਚੁੱਕਣ ਲਈ ਮਜਬੂਰ ਹੋ ਰਹੇ ਹਨ। ਯੂਨੀਅਨ ਵੱਲੋਂ ਪ੍ਰਸ਼ਾਸਨ ਅਤੇ ਸਰਕਾਰ ਤੋਂ ਮੰਗ ਕੀਤੀ ਗਈ ਕਿ ਪਰਿਵਾਰ ਨੂੰ ਫੌਰੀ ਤੌਰ ਤੇ ਇਕ ਕਰੋੜ ਰੁਪਏ ਦੀ ਸਰਕਾਰੀ ਸਹਾਇਤਾ ਅਤੇ ਸਰਕਾਰੀ ਨੌਕਰੀ ਤੁਰੰਤ ਦਿੱਤੀ ਜਾਵੇ, ਜਿਨ੍ਹਾਂ ਵੀ ਉੱਚ ਅਧਿਕਾਰੀਆਂ ਨੇ ਮ੍ਰਿਤਕ ਕਰਮਚਾਰੀ 'ਤੇ ਐੱਸ. ਐੱਸ. ਆਰ. ਦੇ ਕੰਮ ਦਾ ਬੇਲੋੜਾ ਦਬਾਅ ਪਾਇਆ ਅਤੇ ਉਸ ਨੂੰ ਮਾਨਸਿਕ ਤੌਰ ਤੇ ਤੜਫਾਇਆ, ਉਨ੍ਹਾਂ ਖਿਲਾਫ ਤੁਰੰਤ ਖੁਦਕੁਸ਼ੀ ਲਈ ਮਜਬੂਰ ਕਰਨ ਦੀਆਂ ਸੰਬੰਧਿਤ ਧਾਰਾਵਾਂ ਤਹਿਤ ਮੁਕੱਦਮਾ ਦਰਜ ਕਰਕੇ ਉਨ੍ਹਾਂ ਨੂੰ ਗ੍ਰਿਫਤਾਰ ਕੀਤਾ ਜਾਵੇ।ਜਿਨ੍ਹਾਂ ਪੋਲਿੰਗ ਸਟੇਸ਼ਨਾਂ ਜਾਂ ਬੂਥਾਂ ਤੇ ਵੋਟਰਾਂ ਦੀ ਗਿਣਤੀ 800 ਤੋਂ ਉਪਰ ਹੈ, ਉਥੇ ਕੰਮ ਦੇ ਬੋਝ ਨੂੰ ਵੰਡਣ ਲਈ ਤੁਰੰਤ ਇੱਕ ਸਹਾਇਕ ਕਰਮਚਾਰੀ ਦਿੱਤਾ ਜਾਵੇ।ਐੱਸ. ਐੱਸ. ਆਰ. ਦੇ ਕੰਮ ਨੂੰ ਨੇਪਰੇ ਚਾੜ੍ਹਨ ਲਈ ਦਿੱਤੇ ਜਾਣ ਵਾਲੇ ਸਮੇਂ ਦੇ ਘੇਰੇ ਵਿੱਚ ਤੁਰੰਤ ਵਾਧਾ ਕੀਤਾ ਜਾਵੇ ਤਾਂ ਜੋ ਕੋਈ ਵੀ ਮੁਲਾਜ਼ਮ ਮਾਨਸਿਕ ਤਣਾਅ ਦਾ ਸ਼ਿਕਾਰ ਨਾ ਹੋਵੇ।ਚੋਣ ਪ੍ਰਕਿਰਿਆ ਦੇ ਨਾਮ ਤੇ ਅਧਿਆਪਕਾਂ 'ਤੇ ਪਾਇਆ ਜਾ ਰਿਹਾ ਹਰ ਤਰ੍ਹਾਂ ਦਾ ਬੇਲੋੜਾ ਦਬਾਅ ਤੁਰੰਤ ਬੰਦ ਕੀਤਾ ਜਾਵੇ। ਜਥੇਬੰਦੀ ਨੇ ਚੇਤਾਵਨੀ ਦਿੱਤੀ ਕਿ ਜੇਕਰ ਪੀੜਤ ਪਰਿਵਾਰ ਨੂੰ ਤੁਰੰਤ ਇਨਸਾਫ਼ ਨਾ ਮਿਲਿਆ ਅਤੇ ਅਧਿਆਪਕਾਂ ਦੀਆਂ ਇਨ੍ਹਾਂ ਹੱਕੀ ਮੰਗਾਂ ਨੂੰ ਨਾ ਮੰਨਿਆ ਗਿਆ, ਤਾਂ ਸਮੁੱਚੀ ਅਧਿਆਪਕ ਜਥੇਬੰਦੀ ਅਤੇ ਬੀ. ਐੱਲ. ਓ. ਯੂਨੀਅਨ ਸੜਕਾਂ ਤੇ ਉਤਰ ਕੇ ਤਿੱਖਾ ਸੰਘਰਸ਼ ਵਿੱਢਣਗੇ, ਜਿਸ ਦੀ ਪੂਰੀ ਜ਼ਿੰਮੇਵਾਰੀ ਪ੍ਰਸ਼ਾਸਨ ਅਤੇ ਪੰਜਾਬ ਸਰਕਾਰ ਦੀ ਹੋਵੇਗੀ।ਇਸ ਮੌਕੇ ਹਰਜੀਤ ਸਿੰਘ ਕਾਹਨੂੰਵਾਨ, ਹਰਪ੍ਰੀਤ ਸਿੰਘ, ਉੱਤਮ ਮਿਨਹਾਸ, ਗੁਰਮੀਤ ਸਿੰਘ ਬਾਜਵਾ, ਲਵਪ੍ਰੀਤ ਰੋੜਾਂਵਾਲੀ, ਕਪਿਲ ਸ਼ਰਮਾ, ਬਲਵਿੰਦਰ ਕੁਮਾਰ, ਸੁਖਵਿੰਦਰ ਰੰਧਾਵਾ, ਦਵਿੰਦਰਜੀਤ ਸਿੰਘ ਮਨਜੀਤ ਸਿੰਘ, ਅਮਨਦੀਪ, ਜੋਤਪ੍ਰਕਾਸ਼ ਸਿੰਘ, ਸੁਭਾਸ਼ ਕੁਮਾਰ, ਨਰਿੰਦਰ ਸ਼ਰਮਾ, ਬਲਕਾਰ ਸਿੰਘ, ਪਵਨ ਕੁਮਾਰ, ਜਗਜੀਤ ਸਿੰਘ ਹਾਜ਼ਰ ਸਨ।

17 ਦੀ ਮਹਾਂ ਰੈਲੀ 'ਚ ਪਾਵਰਕਾਮ ਪੈਨਸ਼ਨਰਜ਼ ਯੂਨੀਅਨ ਏਟਕ ਵੱਡੀ ਗਿਣਤੀ 'ਚ ਸ਼ਮੂਲੀਅਤ ਕਰੇਗੀ : ਉਦੀਪੁਰ

ਗੁਰਦਾਸਪੁਰ, (ਜਨਕ ਮਹਾਜਨ)-ਪਾਵਰਕਾਮ ਅਤੇ ਟਰਾਸਕੋ ਪੈਨਸ਼ਨਰਜ਼ ਯੂਨੀਅਨ ਏਟਕ ਮੰਡਲ ਯੂਨਿਟ ਗੁਰਦਾਸਪੁਰ ਦੀ ਮਹੀਨਾਵਾਰ ਮੀਟਿੰਗ ਮੰਡਲ ਪ੍ਰਧਾਨ ਨਿਰਮਲ ਸਿੰਘ ਬਸਰਾ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿਚ ਵੱਡੀ ਗਿਣਤੀ ਵਿਚ ਪੈਨਸ਼ਨਰਜ਼ ਸਾਥੀਆਂ ਨੇ ਹਿਸਾ ਲਿਆ। ਇਸ ਮੌਕੇ ਸੰਬੋਧਨ ਏਟਕ ਦੇ ਸਰਕਲ ਆਗੂ ਕਾਮਰੇਡ ਬਲਵਿੰਦਰ ਸਿੰਘ ਉਦੀਪੁਰ ਨੇ ਦੱਸਿਆ ਕਿ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਮੰਗਾਂ ਨੂੰ ਆਪਣੇ ਸਾਰੇ ਕਾਰਜ ਕਾਲ ਦੌਰਾਨ ਨਜ਼ਰਅੰਦਾਜ਼ ਕਰਕੇ ਮੁਲਾਜ਼ਮ ਪੈਨਸ਼ਨਰਜ਼ ਵਿਰੋਧੀ ਹੋਣ ਦਾ ਸਬੂਤ ਦਿੱਤਾ ਹੈ। ਇਹ ਪਹਿਲੀ ਵਾਰ ਹੋਇਆ ਹੈ ਕਿ ਪੈਨਸ਼ਨਰਜ਼ ਅਤੇ ਮੁਲਾਜ਼ਮਾਂ ਨੂੰ ਕਈ ਦਹਾਕਿਆਂ ਤੋਂ ਕੇਂਦਰੀ ਪੈਟਰਨ ਤੇ ਮਿਲਦਾ ਮਹਿੰਗਾਈ ਭੱਤਾ ਬੰਦ ਕਰਾਉਣ ਲਈ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਕੋਰਟਾਂ ਵਿਚ ਅਡੀ ਚੋਟੀ ਦਾ ਜ਼ੋਰ ਲਾ ਰਹੀ ਹੈ। ਖਾਲੀ ਖਜਾਨੇ ਦੀ ਦੁਹਾਈ ਪਾ ਕੇ ਮੁਲਾਜ਼ਮਾਂ ਦੀਆਂ ਮੰਗਾਂ ਨੂੰ ਖੁਹ ਖਾਤੇ ਵਿੱਚ ਸੁੱਟਿਆ ਜਾ ਰਿਹਾ ਹੈ।

ਦੂਸਰੇ ਪਾਸੇ ਵੋਟਾਂ ਵਟੋਰਨ ਦੀ ਖਾਤਰ ਇਸ਼ਤਿਹਾਰਬਾਜ਼ੀ ਅਤੇ ਮੁਫ਼ਤ ਦੀਆਂ ਰਿਉੜੀਆਂ ਵੰਡ ਲੋਕਾਂ ਦੇ ਟੈਕਸਾਂ ਦੇ ਪੈਸਿਆਂ ਨੂੰ ਪਾਣੀ ਵਾਂਗ ਰੋੜ੍ਹਿਆ ਜਾ ਰਿਹਾ ਹੈ। ਪੈਨਸ਼ਨਰਾਂ ਦੀਆਂ ਪੈਨਸ਼ਨਾਂ 2,59 ਫੈਕਟਰ ਨਾਲ ਨਹੀ ਸੋਧੀਆ ਜਾ ਰਹੀਆਂ, ਸਕੇਲਾਂ ਦਾ ਬਕਾਇਆ ਏਰੀਅਰ ਲਟਕਾਅ ਅਵਸਥਾ ਵਿਚ ਪਾਇਆ ਹੋਇਆ ਹੈ। ਮਾਨਯੋਗ ਹਾਈਕੋਰਟ ਦੇ ਫੈਸਲਿਆਂ ਨੂੰ ਲਾਗੂ ਕਰਨ ਦੀ ਬਜਾਏ ਰਿਵਊ ਪਟੀਸ਼ਨਾਂ ਪਾ ਕੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੇ ਹੱਕਾਂ ਨੂੰ ਖੋਹਿਆ ਜਾ ਰਿਹਾ ਹੈ। 2004 ਤੋਂ ਬਾਅਦ ਭਰਤੀ ਹੋਏ ਮੁਲਾਜ਼ਮਾਂ ਤੇ ਪੁਰਾਣੀ ਪੈਨਸ਼ਨ ਸਕੀਮ ਲਾਗੂ ਨਹੀਂ ਕੀਤੀ ਜਾ ਰਹੀ, ਪੱਕੀ ਭਰਤੀ ਕਰਨ ਦੀ ਬਜਾਏ ਠੇਕੇਦਾਰੀ ਸਿਸਟਮ ਨੂੰ ਮਜ਼ਬੂਤ ਕੀਤਾ ਜਾ ਰਿਹਾ ਹੈ ਜਿਸ ਕਾਰਨ ਪੰਜਾਬ ਦਾਂ ਮੁਲਾਜ਼ਮ ਅਤੇ ਪੈਨਸ਼ਨਰਜ਼ ਆਮ ਆਦਮੀ ਪਾਰਟੀ ਦੀਆ

ਮੁਲਾਜ਼ਮ ਵਿਰੋਧੀ ਨੀਤੀਆਂ ਤੋਂ ਬੇਹੱਦ ਪ੍ਰਭਾਵਿਤ ਹੋ ਰਿਹਾ ਹੈ ਅਤੇ ਹਰ ਰੋਜ਼ ਧਰਨਿਆਂ ਤੇ ਹੜਤਾਲਾਂ ਦੇ ਰੂਪ ਵਿੱਚ ਸਰਕਾਰ ਵਿਰੁੱਧ ਸੜਕਾਂ ਤੇ ਸੰਘਰਸ਼ ਕਰ ਰਿਹਾ ਹੈ।

ਸਾਥੀ ਉਦੀਪੁਰ ਨੇ ਦੱਸਿਆ ਕਿ ਸਾਂਝਾ ਮੁਲਾਜ਼ਮ ਮੰਚ ਅਤੇ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਦੇ ਸਾਂਝੇ ਫਰੰਟ ਵੱਲੋਂ ਸਰਕਾਰ ਵਿਰੁੱਧ ਮੰਗਾਂ ਦੀ ਪੂਰਤੀ ਲਈ ਕੀਤੇ ਜਾ ਰਹੇ ਹਰ ਸੰਘਰਸ਼ ਵਿਚ ਅਤੇ 17 ਜੁਲਾਈ ਨੂੰ ਚੰਡੀਗੜ੍ਹ ਵਿਖੇ ਕੀਤੀ ਜਾ ਰਹੀ ਮਹਾਂ ਰੈਲੀ ਵਿਚ ਪਾਵਰਕਾਮ ਅਤੇ ਟਰਾਂਸਕੋ ਪੈਨਸ਼ਨਰਜ਼ ਯੂਨੀਅਨ ਏਟਕ ਦੇ ਪੈਨਸ਼ਨਰਜ਼ ਸਾਥੀ ਵੱਡੀ ਗਿਣਤੀ ਵਿਚ ਸ਼ਮੂਲੀਅਤ ਕਰਨਗੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਪ੍ਰੇਮ ਸਾਗਰ, ਕੁਲਵਿੰਦਰ ਸਿੰਘ, ਨਰੇਸ਼ ਕੁਮਾਰ, ਸਤੀਸ਼ ਕੁਮਾਰ ਸੈਣੀ, ਬਲਵਿੰਦਰ ਪਾਲ, ਰਣਜੀਤ ਸਿੰਘ ਦੋਰਾਂਗਲਾ, ਪਰਮਜੀਤ ਸਿੰਘ, ਅਮਨਦੀਪ ਸਿੰਘ ਧਾਲੀਵਾਲ ਮੰਡਲ ਪ੍ਰਧਾਨ ਫੈਡਰੇਸ਼ਨ ਏਟਕ, ਸਤਪਾਲ ਸਿੰਘ, ਕਸ਼ਮੀਰ ਸਿੰਘ ਭਾਗੋਕਾਵਾਂ, ਕਿਰਪਾਲ ਸਿੰਘ ਟਾਂਡਾ, ਹਰਭਜਨ ਸਿੰਘ ਚਾਵਾਂ ਆਦਿ ਸਾਥੀ ਵੱਡੀ ਗਿਣਤੀ 'ਚ ਹਾਜ਼ਰ ਸਨ।

ਮਨਦੀਪ ਸਿੰਘ ਉਰਫ ਕਾਲੂ ਗ੍ਰਿਫਤਾਰ

ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)-ਅੰਮ੍ਰਿਤਸਰ ਦਿਹਾਤੀ ਦੇ ਐੱਸ. ਐੱਸ. ਪੀ. ਕੰਵਲਪ੍ਰੀਤ ਸਿੰਘ ਚਾਹਲ ਦੇ ਦਿਸ਼ਾ-ਨਿਰਦੇਸ਼ਾਂ ਹੇਠ ਥਾਣਾ ਕੱਥੂਨੰਗਲ ਵਿੱਚ ਲੋੜੀਂਦੇ ਮੁਜਰਮ ਨੂੰ ਗ੍ਰਿਫਤਾਰ ਕੀਤਾ ਗਿਆ। ਇਹ ਮੁਜਰਮ ਧਾਰਾ 299 ਤਹਿਤ 03-04-2026 ਤੋਂ ਭਗੌੜਾ ਸੀ ਜਿਸਨੂੰ ਏ. ਐੱਸ. ਆਈ. ਹਰਿੰਦਰ ਸਿੰਘ, ਏ. ਐੱਸ. ਆਈ. ਜਗਦੀਪ ਸਿੰਘ ਸਪੈਸ਼ਲ ਬਰਾਂਚ ਨੇ ਮੁਕੱਦਮਾ ਨੰਬਰ 123/21 ਜੁਰਮ 379,411 ਤਹਿਤ ਥਾਣਾ ਕੱਥੂਨੰਗਲ ਵਿੱਚ ਲੋੜੀਂਦਾ ਸੀ। ਮਨਦੀਪ ਸਿੰਘ ਉਰਫ ਕਾਲੂ ਵਾਸੀ ਅਲਕੜੇ ਨੂੰ 7 ਅਗਸਤ ਨੂੰ ਗ੍ਰਿਫਤਾਰ ਕਰਕੇ ਐੱਸ. ਆਈ. ਨਰਿੰਦਰ ਸਿੰਘ ਦੇ ਹਵਾਲੇ ਕਰ ਦਿੱਤਾ।

'ਸਤਲੁਜ' ਉੱਤੇ ਲੱਗੀ ਪਾਬੰਦੀ ਸਰਕਾਰ ਤੁਰੰਤ ਹਟਾਵੇ: ਬਾਬਾ ਬਲਬੀਰ ਸਿੰਘ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਨਿਹੰਗ ਸਿੰਘਾਂ ਦੀ ਸਿਰਮੌਰ ਸੰਸਥਾ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਪੰਜਵਾਂ ਤਖ਼ਤ ਦੇ 14ਵੇਂ ਮੁਖੀ ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਨੇ ਸ਼ਹੀਦ ਭਾਈ ਜਸਵੰਤ ਸਿੰਘ ਖਾਲੜਾ ਦੇ ਜੀਵਨ ਤੇ ਆਧਾਰਤ ਫ਼ਿਲਮ ਸਤਲੁਜ' ਦਾ ਭਾਰਤ ਦੇ ਅੰਦਰ ਪ੍ਰਸਾਰਣ ਰੋਕਣ ਦੀ ਨਿੰਦਾ ਕਰਦਿਆਂ ਕਿਹਾ ਕਿ ਇਸ ਫਿਲਮ ਨੂੰ ਰੋਕਣਾ ਵਿਚਾਰਾਂ ਦੀ ਆਜ਼ਾਦੀ ਨੂੰ ਦਬਾਉਣ ਵਾਲੀ ਗੱਲ ਹੈ। ਉਨ੍ਹਾਂ ਕਿਹਾ ਕਿ ਅੱਤਵਾਦ ਦੇ ਦੌਰ ਸਮੇਂ ਸਿੱਖ ਨੌਜਵਾਨਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਘਰਾਂ ਤੋਂ ਚੁੱਕ ਕੇ ਲਾਪਤਾ ਕਰਨ, ਝੂਠੇ ਮੁਕਾਬਲਿਆਂ ਵਿੱਚ ਮਾਰਨ ਅਤੇ ਲਾਵਾਰਿਸ ਤੇ ਅਣਪਛਾਤੀਆਂ ਲਾਸ਼ਾਂ ਕਰਾਰ ਦੇ ਕੇ ਵੱਖ-ਵੱਖ ਸ਼ਮਸ਼ਾਨਘਾਟਾਂ ਵਿਚ ਉਨ੍ਹਾਂ ਦਾ ਅੰਤਿਮ ਸੰਸਕਾਰ ਕਰਨ ਦੇ ਮਾਮਲੇ ਨੂੰ ਉਜਾਗਰ ਕਰਨ ਵਾਲੇ ਭਾਈ ਜਸਵੰਤ ਸਿੰਘ ਖਾਲੜਾ ਖੁਦ ਪੁਲਸ ਵੱਲੋਂ ਲਾਪਤਾ ਕਰਕੇ ਮਾਰ ਦਿੱਤੇ ਗਏ। ਇਸ ਫਿਲਮ ਵਿੱਚ ਉਸ ਇਤਿਹਾਸ ਨੂੰ ਮੁੜ ਉਜਾਗਰ ਕੀਤਾ ਗਿਆ ਹੈ ਜਿਸ ਨੂੰ ਸਰਕਾਰਾਂ ਦਿਖਾਉਣ ਤੋਂ ਡਰਦੀਆਂ ਹਨ। ਭਾਈ ਖਾਲੜਾ ਦੀ ਕਹਾਣੀ ਮਨੁੱਖੀ ਅਧਿਕਾਰਾਂ ਦੀ ਹੋਈ ਵੱਡੀ ਉਲੰਘਣਾ ਨੂੰ ਉਜਾਗਰ ਕਰਦੀ ਹੈ ਅਤੇ ਸੱਚ ਨੂੰ ਕਦੇ ਵੀ ਦਬਾਇਆ ਨਹੀਂ ਜਾ ਸਕਦਾ। ਉਨ੍ਹਾਂ ਕਹਾ ਕਿ ਫ਼ਿਲਮ ਨੂੰ ਓਟੀਟੀ ਪਲੇਟਫਾਰਮ ਤੋਂ ਹਟਾਉਣ ਦੇ ਫ਼ੈਸਲੇ ਦਾ ਸਿੱਖਾਂ ਵੱਲੋਂ ਤਿੱਖਾ ਵਿਰੋਧ ਕੀਤੇ ਜਾਣ ਤੋਂ ਬਾਅਦ ਸੂਚਨਾ ਅਤੇ ਪ੍ਰਸਾਰਨ ਮੰਤਰਾਲੇ ਨੇ ਦਿਲਜੀਤ ਦੁਸਾਂਝ ਦੀ ਇਸ ਫਿਲਮ ਦੀ ਸਮੱਗਰੀ ਦੀ ਜਾਂਚ ਕਰਨ ਲਈ ਇੱਕ ਉੱਚ ਪੱਧਰੀ ਅੰਤਰ-ਵਿਭਾਗੀ ਕਮੇਟੀ ਦਾ ਗਠਨ ਕੀਤਾ ਅਤੇ ਇਹ ਕਮੇਟੀ ਤੁਰੰਤ ਪਾਬੰਦੀ ਹਟਾਵੇ।

90 ਫੀਸਦੀ ਤੋਂ ਵੱਧ ਅੰਕ ਲੈਣ ਵਾਲੇ ਵਿਦਿਆਰਥੀਆਂ ਦਾ ਈ ਟੀ ਓ ਵੱਲੋਂ ਸਨਮਾਨ

ਤਰਸਿੱਕਾ/ਅੰਮ੍ਰਿਤਸਰ (ਤਰਸੇਮ ਸਿੰਘ ਸਾਧਪੁਰ/ ਜਸਬੀਰ ਸਿੰਘ ਪੱਟੀ/ ਕੰਵਲਜੀਤ ਸਿੰਘ)-ਇਲਾਕੇ ਦੀ ਨਾਮਵਰ ਸੰਸਥਾ ਦਸਮੇਸ਼ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਮਹਿਤਾ ਚੌਕ ਦੇ ਅੱਠਵੀਂ, ਦਸਵੀਂ ਅਤੇ ਬਾਰਵੀਂ ਕਲਾਸ ਵਿੱਚੋਂ 90% ਤੋਂ ਉੱਪਰ ਅੰਕ ਲੈਣ ਵਾਲੇ ਹੋਣਹਾਰ ਵਿਦਿਆਰਥੀਆਂ ਨੂੰ ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ.ਵੱਲੋਂ ਇੱਕ ਵਿਸ਼ੇਸ਼ ਸਮਾਰੋਹ ਦੌਰਾਨ ਸਨਮਾਨਿਤ ਕੀਤਾ ਗਿਆ।ਇਸ ਸ਼ਾਨਦਾਰ ਸਨਮਾਨ ਸਮਾਰੋਹ ਵਿੱਚ ਸਨਮਾਨ ਪ੍ਰਾਪਤ ਕਰਨ ਵਾਲੇ ਅੱਠਵੀਂ ਕਲਾਸ ਦੇ ਕੁੱਲ 16 ਵਿਦਿਆਰਥੀ ਹਨ। ਦਸਵੀਂ ਕਲਾਸ ਦੇ ਕੁੱਲ 12 ਵਿਦਿਆਰਥੀ ਅਤੇ ਬਾਰ੍ਹਵੀਂ ਕਲਾਸ: ਸਾਇੰਸ, ਕਾਮਰਸ ਅਤੇ ਆਰਟਸ ਗਰੁੱਪ ਦੇ ਕੁੱਲ 15 ਵਿਦਿਆਰਥੀ ਹਨ।ਸ.ਹਰਭਜਨ ਸਿੰਘ ਨੇ ਬੱਚਿਆਂ ਨੂੰ ਜੀਵਨ ਵਿੱਚ ਕਾਮਯਾਬ ਹੋਣ ਲਈ ਮਿਹਨਤ ਕਰਨ ਅਤੇ ਬੁਰੀ ਸੰਗਤ ਤੋਂ ਹਮੇਸ਼ਾ ਦੂਰ ਰਹਿਣ ਦੀ ਪ੍ਰੇਰਨਾ ਦਿੱਤੀ।ਉਨ੍ਹਾਂ ਨੇ ਸਿੱਖਿਆ ਦੀ ਮਹੱਤਤਾ ਤੇ ਜ਼ੋਰ ਦਿੰਦਿਆਂ ਕਿਹਾ ਕਿ ਜਿਨ੍ਹਾਂ ਵੀ ਸੂਬਿਆਂ ਵਿੱਚ ਬੱਚਿਆਂ ਦੀ ਪੜ੍ਹਾਈ ਵੱਲ ਖਾਸ ਧਿਆਨ ਦਿੱਤਾ ਜਾਂਦਾ ਹੈ, ਉਹ ਸੂਬੇ ਬਹੁਤ ਤਰੱਕੀ ਕਰਦੇ ਹਨ।ਉਨ੍ਹਾਂ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਿੱਖਿਆ ਇੱਕ ਅਜਿਹਾ ਹਥਿਆਰ ਹੈ, ਜਿਸ ਦੀ ਬਦੌਲਤ ਸਮਾਜ ਵਿੱਚ ਬਹੁਤ ਜਲਦੀ ਕ੍ਰਾਂਤੀ ਲਿਆਂਦੀ ਜਾ ਸਕਦੀ ਹੈ। ਮੰਤਰੀ ਨੇ ਇਨ੍ਹਾਂ ਬੱਚਿਆਂ ਦੀ ਇਸ ਸ਼ਾਨਦਾਰ ਪ੍ਰਾਪਤੀ 'ਤੇ ਉਨ੍ਹਾਂ ਦਾ ਮਾਨ-ਸਨਮਾਨ ਕਰਦਿਆਂ ਬੱਚਿਆਂ, ਉਨ੍ਹਾਂ ਦੇ ਮਾਪਿਆਂ ਨੂੰ ਅਤੇ ਅਧਿਆਪਕਾਂ ਨੂੰ ਦਿਲੋਂ ਬਹੁਤ-ਬਹੁਤ ਵਧਾਈ ਦਿੱਤੀ।ਸੰਸਥਾ ਦੇ ਚੇਅਰਮੈਨ ਗੁਰਦੀਪ ਸਿੰਘ ਰੰਧਾਵਾ ਨੇ ਵਿਦਿਆਰਥੀਆਂ ਨੂੰ ਸਨਮਾਨ ਮਿਲਣ ਤੋਂ ਬਾਅਦ ਸਨਮਾਨਿਤ ਹੋਏ ਸਾਰੇ ਬੱਚਿਆਂ ਨੂੰ ਮੁਬਾਰਕਬਾਦ ਦਿੱਤੀ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਵੀ ਹੋਰ ਜ਼ਿਆਦਾ ਮਿਹਨਤ ਕਰਨ ਅਤੇ ਇਸੇ ਤਰ੍ਹਾਂ ਨਿਰੰਤਰ ਅੱਗੇ ਵੱਧ ਕੇ ਹੋਰ ਸਨਮਾਨ ਹਾਸਲ ਕਰਨ ਲਈ ਪ੍ਰੇਰਿਤ ਕੀਤਾ।

ਕੁੱਟਮਾਰ ਕਰਨ ਵਾਲਿਆਂ ਖ਼ਿਲਾਫ਼ ਮਾਮਲਾ ਦਰਜ

ਗੁਰਦਾਸਪੁਰ, (ਜਨਕ ਮਹਾਜਨ)-ਥਾਣਾ ਪੁਰਾਣਾ ਸ਼ਾਲਾ ਪੁਲਸ ਨੇ ਕੁੱਟਮਾਰ ਕਰਨ ਵਾਲੇ ਵਿਅਕਤੀਆਂ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ।

ਪੁਲਸ ਨੂੰ ਦਿੱਤੇ ਬਿਆਨਾਂ ਵਿਚ ਸੁਨੀਲ ਕੁਮਾਰ ਪੁੱਤਰ ਲੇਟ ਕ੍ਰਿਸ਼ਨ ਚੰਦ ਵਾਸੀ ਕਰਵਾਲ ਨੇ ਦੱਸਿਆ ਕਿ 3 ਜੁਲਾਈ ਨੂੰ ਉਹ ਅਤੇ ਉਸ ਦਾ ਭਰਾ ਪ੍ਰਵੇਸ਼ ਕੁਮਾਰ ਆਪਣੀ ਜ਼ਮੀਨ ਵਿੱਚ ਪਾਣੀ ਵਾਲਾ ਪਾਈਪ ਦਬਾ ਰਹੇ ਸੀ ਕਿ ਗਣੇਸ਼ ਪਾਲ ਪੁੱਤਰ ਖਜਾਨ ਚੰਦ, ਸੰਕੂ ਅਵਤਾਰ ਸ਼ਰਮਾ ਪੁੱਤਰ ਗਣੇਸ਼ ਸ਼ਰਮਾ ਵਾਸੀ ਕਰਵਾਲ ਨੇ ਦਸਤੀ ਹਥਿਆਰਾਂ ਨਾਲ ਸੱਟਾਂ ਮਾਰ ਕੇ ਮੈਨੂੰ ਅਤੇ ਮੇਰੇ ਭਰਾ ਨੂੰ ਜ਼ਖਮੀ ਕਰ ਦਿੱਤਾ।

ਉਨ੍ਹਾਂ ਦੱਸਿਆ ਕਿ ਹਮਲਾਵਰ ਉਨ੍ਹਾਂ ਮਗਰ ਦੌੜਦੇ ਹੋਏ ਘਰ ਵਿੱਚ ਵੜ ਗਏ ਅਤੇ ਉਨ੍ਹਾਂ ਦੀ ਮਾਤਾ ਗੁਲਸ਼ਨ ਰਾਣੀ ਨੂੰ ਵੀ ਸੱਟਾਂ ਮਾਰ ਕੇ ਜ਼ਖ਼ਮੀ ਕਰ ਦਿੱਤਾ। ਥਾਣਾ ਪੁਰਾਣਾ ਸ਼ਾਲਾ ਪੁਲਸ ਨੇ ਕੁੱਟਮਾਰ ਕਰਨ ਵਾਲਿਆਂ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

ਆਸ਼ੀਰਵਾਦ ਯਾਤਰਾ ਦੌਰਾਨ ਹਲਕਾ ਇੰਚਾਰਜ ਬੁਰਜ ਨੇ ਮਾਲੂਵਾਲ ਵਿਖੇ ਲੋਕਾਂ ਦੀਆਂ ਮੁਸ਼ਕਲਾਂ ਸੁਣੀਆਂ

ਸਰਾਏ ਅਮਾਨਤ ਖਾਂ (ਮੱਖਣ ਮਨੋਜ)-ਪਿਛਲੇ ਕਈ ਦਿਨਾਂ ਤੋਂ ਕਾਂਗਰਸ ਦੇ ਹਲਕਾ ਇੰਚਾਰਜ ਕਰਨਬੀਰ ਸਿੰਘ ਬੁਰਜ ਵੱਲੋਂ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਵਿੱਚ ਆਸ਼ੀਰਵਾਦ ਯਾਤਰਾ ਕੱਢੀ ਜਾ ਰਹੀ ਹੈ।ਯਾਤਰਾ ਦੌਰਾਨ ਵੱਖ-ਵੱਖ ਪਿੰਡਾਂ ਦਾ ਦੌਰਾ ਕਰਕੇ ਉੱਥੋਂ ਦੀਆਂ ਸਮੱਸਿਆਵਾਂ ਦੀ ਸਮੀਖਿਆ ਕੀਤੀ ਜਾ ਰਹੀ ਹੈ ਤੇ ਬਜ਼ੁਰਗਾਂ ਦਾ ਆਸ਼ੀਰਵਾਦ ਲਿਆ ਜਾ ਰਿਹਾ ਹੈ।ਇਸ ਮੌਕੇ ਬੁਰਜ ਨੇ ਦੱਸਿਆ ਕਿ ਉਹ ਪਿਛਲੇ ਦਿਨੀਂ ਪਿੰਡ ਪਲਾਸੌਰ, ਗੰਡੀਵਿੰਡ, ਬੁਰਜ ਅਤੇ ਹੋਰ ਕਈ ਪਿੰਡਾਂ ਵਿੱਚ ਗਏ ਜਿੱਥੇ ਉਨ੍ਹਾਂ ਬਜ਼ੁਰਗਾਂ ਦਾ ਆਸ਼ੀਰਵਾਦ ਲਿਆ ਉਥੇ ਹੀ ਨੌਜਵਾਨਾਂ ਨੂੰ ਕਾਂਗਰਸ ਪਾਰਟੀ ਦੀਆਂ ਨੀਤੀਆਂ ਤੋਂ ਜਾਣੂ ਕਰਵਾਇਆ।ਇਸੇ ਲੜੀ ਦੇ ਚੱਲਦਿਆਂ ਬੁੱਧਵਾਰ ਨੂੰ ਉਨ੍ਹਾਂ ਪਿੰਡ ਮਾਲੂਵਾਲ ਵਿਖੇ ਆਸ਼ੀਰਵਾਦ ਯਾਤਰਾ ਦੌਰਾਨ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ।ਇਸ ਮੌਕੇ ਪਿੰਡ ਵਾਲਿਆਂ ਨੇ ਦੱਸਿਆ ਕਿ ਪਿੰਡ ਵਿੱਚ ਨਸ਼ਾਖੋਰੀ ਦੀ ਸਮੱਸਿਆ ਤੋਂ ਲੋਕ ਬਹੁਤ ਤੰਗ ਹਨ। ਇਸ ਤੋਂ ਇਲਾਵਾ ਪਿੰਡ ਵਿੱਚ ਪੀਣ ਵਾਲੇ ਪਾਣੀ ਦੀ ਸਮੱਸਿਆ, ਪਾਣੀ ਦੀ ਨਿਕਾਸੀ ਅਤੇ ਖੇਡ ਗਰਾਊਂਡਾਂ ਦੀ ਕਮੀ ਹੈ।ਲੋਕਾਂ ਦੀਆਂ ਸਮੱਸਿਆਵਾਂ ਸੁਣਨ ਤੋਂ ਬਾਅਦ ਕਰਨਬੀਰ ਸਿੰਘ ਬੁਰਜ ਨੇ ਉਨ੍ਹਾਂ ਨੂੰ ਵਿਸ਼ਵਾਸ ਦਿਵਾਇਆ ਕਿ ਕਾਂਗਰਸ ਸਰਕਾਰ ਆਉਣ ਤੇ ਪਿੰਡਾਂ ਵਿੱਚ ਇਨ੍ਹਾਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ ਤੇ ਹੱਲ ਕੀਤਾ ਜਾਵੇਗਾ।ਉਨ੍ਹਾਂ ਦੱਸਿਆ ਕਿ ਨੌਜਵਾਨਾਂ ਨੂੰ ਨਸ਼ਿਆਂ ਦੀ ਦਲਦਲ ਵਿੱਚੋਂ ਕੱਢ ਕੇ ਰੁਜ਼ਗਾਰ ਵੱਲ ਤੋਰਿਆ ਜਾਵੇਗਾ।ਕਾਂਗਰਸ ਸਰਕਾਰ ਬਣਨ 'ਤੇ ਨਸ਼ਾਖੋਰੀ ਨੂੰ ਜੜ੍ਹ ਤੋਂ ਖਤਮ ਕੀਤਾ ਜਾਵੇਗਾ।ਜੇਕਰ ਲੋਕ 2027 ਵਿੱਚ ਕਾਂਗਰਸ ਪਾਰਟੀ ਦੇ ਹੱਕ ਵਿੱਚ ਫਤਵਾ ਦੇ ਕੇ ਸੂਬੇ ਦੀ ਵਾਗਡੋਰ

ਕਾਂਗਰਸ ਨੂੰ ਸੌਂਪਦੇ ਹਨ ਤਾਂ ਉਨ੍ਹਾਂ ਵੱਲੋਂ ਕੀਤੇ ਗਏ ਵਾਅਦਿਆਂ ਨੂੰ ਪਹਿਲ ਦੇ ਆਧਾਰ ਤੇ ਪੂਰਾ ਕੀਤਾ ਜਾਵੇਗਾ।ਇਸ ਮੌਕੇ ਉਨ੍ਹਾਂ ਨਾਲ ਸੂਬੇਦਾਰ ਗੁਰਭਾਗ ਸਿੰਘ, ਗੁਰਬਾਜ ਸਿੰਘ, ਖੁਸ਼ਵੰਤ ਸਿੰਘ ਮੱਲੀ, ਸਾਬਕਾ ਸਰਪੰਚ ਸੂਰਤਾ ਸਿੰਘ, ਧਰਮਿੰਦਰ ਸਿੰਘ ਫੌਜੀ, ਬਲਜਿੰਦਰ ਸਿੰਘ ਸਾਬਕਾ ਮੈਂਬਰ, ਸ਼ਿੰਗਾਰਾ ਸਿੰਘ ਫੌਜੀ, ਦਿਆਲ ਸਿੰਘ, ਅਮਰਜੀਤ ਸਿੰਘ, ਮਲਕੀਤ ਸਿੰਘ ਗਹਿਰੀ, ਕਸ਼ਮੀਰ ਸਿੰਘ, ਸਾਬਕਾ ਮੈਂਬਰ ਜਗਤਾਰ ਸਿੰਘ, ਮਨੀਕਰਨ ਸਿੰਘ, ਬਲਵਿੰਦਰ ਸਿੰਘ ਬਿੰਦਰ, ਜਗਜੀਤ ਸਿੰਘ, ਪੂਰਨ ਸਿੰਘ, ਦੇਸਾ ਸਿੰਘ ਠੇਕੇਦਾਰ, ਤਸਵੀਰ ਸਿੰਘ, ਸੁਖਰਾਜ ਸਿੰਘ, ਹਰੀ ਸਿੰਘ, ਦਿਲਬਾਗ ਸਿੰਘ, ਕਰਤਾਰ ਸਿੰਘ, ਸਰਪੰਚ ਗੁਰਚਰਨ ਸਿੰਘ ਖੈਰਦੀ, ਸਾਬਕਾ ਸਰਪੰਚ ਸੁੱਚਾ ਸਿੰਘ ਖੈਰਦੀਨਕੇ, ਸਾਬਕਾ ਸਰਪੰਚ ਗੁਰਪਾਲ ਸਿੰਘ ਜਗਤਪੁਰਾ, ਸਾਬਕਾ ਸਰਪੰਚ ਕਵਲਜੀਤ ਸਿੰਘ ਠੱਠਾ, ਚੇਅਰਮੈਨ ਬਲਵਿੰਦਰ ਸਿੰਘ ਗੱਗੋਬੂਆ, ਬੂਟਾ ਸਿੰਘ ਚਾਹਲ, ਹਰਜੀਤ ਸਿੰਘ ਝਬਾਲ, ਹਰਤੇਜ ਮੰਨਣ, ਪਰਮਜੀਤ ਸਿੰਘ ਫੌਜੀ, ਅੰਗਰੇਜ ਸਿੰਘ, ਸਤਨਾਮ ਸਿੰਘ, ਸਾਬਕਾ ਸਰਪੰਚ ਭੁਪਿੰਦਰ ਸਿੰਘ ਆਦਿ ਮੌਜੂਦ ਸਨ।

ਪ੍ਰਧਾਨ, ਸੀਨੀਅਰ ਵਾਈਸ ਪ੍ਰਧਾਨ ਤੇ ਵਾਈਸ ਪ੍ਰਧਾਨ ਨੇ ਅਹੁਦੇ ਸੰਭਾਲੇ

ਬਿਆਸ (ਪਰਮਜੀਤ ਸਿੰਘ ਰੱਖੜਾ)-ਨਗਰ ਪੰਚਾਇਤ ਰਈਆ ਦੇ ਨਵੇਂ ਚੁਣੇ ਪ੍ਰਧਾਨ ਸੰਜੀਵ ਭੰਡਾਰੀ, ਸੀਨੀਅਰ ਵਾਈਸ ਪ੍ਰਧਾਨ ਸਰਬਜੀਤ ਕੌਰ ਅਤੇ ਵਾਈਸ ਪ੍ਰਧਾਨ ਸੂਬੇਦਾਰ ਸਰਬਜੀਤ ਸਿੰਘ ਨੇ ਆਪਣੇ ਅਹੁਦਿਆਂ ਦਾ ਕਾਰਜਭਾਰ ਸੰਭਾਲ ਲਿਆ।ਇਸ ਮੌਕੇ ਵਿਧਾਨ ਸਭਾ ਹਲਕਾ ਬਾਬਾ ਬਕਾਲਾ ਸਾਹਿਬ ਦੇ ਵਿਧਾਇਕ ਦਲਬੀਰ ਸਿੰਘ ਟੌਂਗ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ ਅਤੇ ਨਵੇਂ ਚੁਣੇ ਅਹੁਦੇਦਾਰਾਂ ਨੂੰ ਵਧਾਈ ਦਿੰਦਿਆਂ ਉਨ੍ਹਾਂ ਦੇ ਸਫ਼ਲ ਕਾਰਜਕਾਲ ਲਈ ਸ਼ੁਭਕਾਮਨਾਵਾਂ ਦਿੱਤੀਆਂ।ਇਸ ਤੋਂ ਪਹਿਲਾਂ ਨਗਰ ਪੰਚਾਇਤ ਦਫ਼ਤਰ ਵਿਖੇ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਪਾਏ ਗਏ ਅਤੇ ਰਾਗੀ ਜਥਿਆਂ ਵੱਲੋਂ ਗੁਰਬਾਣੀ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਗਿਆ।ਇਸ ਮੌਕੇ ਵੱਡੀ ਗਿਣਤੀ ਵਿੱਚ ਨਗਰ ਵਾਸੀ, ਕੌਂਸਲਰ ਅਤੇ ਪਤਵੰਤੇ ਵਿਅਕਤੀ ਵੀ ਹਾਜ਼ਰ ਸਨ।ਸਮਾਗਮ ਨੂੰ ਸੰਬੋਧਨ ਕਰਦਿਆਂ ਵਿਧਾਇਕ ਟੌਂਗ ਨੇ ਨਵੇਂ ਚੁਣੇ ਅਹੁਦੇਦਾਰਾਂ ਨੂੰ ਅਪੀਲ ਕੀਤੀ ਕਿ ਉਹ ਪੂਰੀ ਮਿਹਨਤ, ਇਮਾਨਦਾਰੀ ਅਤੇ ਸਮਰਪਣ ਭਾਵਨਾ ਨਾਲ ਨਗਰ ਰਈਆ ਦੇ ਸਰਬਪੱਖੀ ਵਿਕਾਸ ਲਈ ਕੰਮ ਕਰਨ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸ਼ਹਿਰੀ ਵਿਕਾਸ ਲਈ ਵਚਨਬੱਧ ਹੈ ਅਤੇ ਨਗਰ ਰਈਆ ਦੇ ਵਿਕਾਸ ਕਾਰਜਾਂ ਲਈ ਫੰਡਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ।ਇਸ ਮੌਕੇ ਪ੍ਰਧਾਨ ਸੰਜੀਵ ਭੰਡਾਰੀ, ਸੀਨੀਅਰ ਵਾਈਸ ਪ੍ਰਧਾਨ ਸਰਬਜੀਤ ਕੌਰ ਅਤੇ ਵਾਈਸ ਪ੍ਰਧਾਨ ਸੂਬੇਦਾਰ ਸਰਬਜੀਤ ਸਿੰਘ ਨੇ ਵਿਧਾਇਕ ਟੌਂਗ ਅਤੇ ਸਮੂਹ ਕੌਂਸਲਰਾਂ ਦਾ ਧੰਨਵਾਦ ਕਰਦਿਆਂ ਭਰੋਸਾ ਦਿੱਤਾ ਕਿ ਉਹ ਲੋਕਾਂ ਵੱਲੋਂ ਸੌਂਪੀ ਗਈ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ, ਪਾਰਦਰਸ਼ਤਾ ਅਤੇ ਸੇਵਾ ਭਾਵਨਾ ਨਾਲ ਨਿਭਾਉਣਗੇ।



ਪਠਾਨਕੋਟ ਅੰਡਰ-19 ਕ੍ਰਿਕਟ ਟੀਮ ਨੇ ਗੁਰਦਾਸਪੁਰ ਨੂੰ ਚਾਰ ਵਿਕਟਾਂ ਨਾਲ ਹਰਾਇਆ



ਪਠਾਨਕੋਟ (ਦਵਿੰਦਰ ਸਿੰਘ)-ਪੰਜਾਬ ਕ੍ਰਿਕਟ ਐਸੋਸੀਏਸ਼ਨ (ਪੀਸੀਏ), ਮੋਹਾਲੀ ਵੱਲੋਂ ਕਰਵਾਏ ਗਏ ਪੰਜਾਬ ਸਟੇਟ ਇੰਟਰ-ਡਿਸਟ੍ਰਿਕਟ ਅੰਡਰ-19 ਵਨ ਡੇ ਲਿਮਿਟਡ ਓਵਰਜ਼ ਟੂਰਨਾਮੈਂਟ ਵਿੱਚ ਜ਼ਿਲ੍ਹਾ ਪਠਾਨਕੋਟ ਦੀ ਅੰਡਰ-19 ਪੁਰਸ਼ ਕ੍ਰਿਕਟ ਟੀਮ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਜ਼ਿਲ੍ਹਾ ਗੁਰਦਾਸਪੁਰ ਨੂੰ ਚਾਰ ਵਿਕਟਾਂ ਨਾਲ ਹਰਾ ਦਿੱਤਾ।ਟਾਸ ਜਿੱਤ ਕੇ ਪਹਿਲਾਂ ਬੱਲੇਬਾਜ਼ੀ ਕਰਦਿਆਂ ਗੁਰਦਾਸਪੁਰ ਦੀ ਟੀਮ 31.4 ਓਵਰਾਂ ਵਿੱਚ 103 ਦੌੜਾਂ ਬਣਾ ਕੇ ਆਲ ਆਊਟ ਹੋ ਗਈ।ਪਠਾਨਕੋਟ ਦੇ ਗੇਂਦਬਾਜ਼ਾਂ ਨੇ ਅਨੁਸ਼ਾਸਿਤ ਗੇਂਦਬਾਜ਼ੀ ਦਾ ਪ੍ਰਦਰਸ਼ਨ ਕਰਦਿਆਂ ਪੂਰੇ ਮੈਚ ਦੌਰਾਨ ਵਿਰੋਧੀ ਬੱਲੇਬਾਜ਼ਾਂ 'ਤੇ ਲਗਾਤਾਰ ਦਬਾਅ ਬਣਾਈ ਰੱਖਿਆ ਅਤੇ ਉਨ੍ਹਾਂ ਨੂੰ ਵੱਡੀਆਂ ਸਾਂਝੇਦਾਰੀਆਂ ਬਣਾਉਣ ਦਾ ਕੋਈ ਮੌਕਾ ਨਹੀਂ ਦਿੱਤਾ।104 ਦੌੜਾਂ ਦੇ ਟੀਚੇ ਦਾ ਪਿੱਛਾ ਕਰਦਿਆਂ ਪਠਾਨਕੋਟ ਦੀ ਟੀਮ ਨੇ 23 ਓਵਰਾਂ ਵਿੱਚ ਛੇ ਵਿਕਟਾਂ ਦੇ ਨੁਕਸਾਨ 'ਤੇ ਟੀਚਾ ਹਾਸਲ ਕਰਕੇ ਚਾਰ ਵਿਕਟਾਂ ਨਾਲ ਸ਼ਾਨਦਾਰ ਜਿੱਤ ਦਰਜ ਕੀਤੀ।ਪਠਾਨਕੋਟ ਵੱਲੋਂ ਅਨੰਤ ਵਰਮਾ ਅਤੇ ਪਾਂਸ਼ੁਲ ਸ਼ਰਮਾ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਟੀਮ ਦੀ ਜਿੱਤ ਵਿੱਚ ਅਹਿਮ ਭੂਮਿਕਾ ਨਿਭਾਈ।ਦੋਵੇਂ ਖਿਡਾਰੀਆਂ ਦੇ ਵਧੀਆ ਯੋਗਦਾਨ ਨੇ ਟੀਮ ਨੂੰ ਜਿੱਤ ਦਿਵਾਉਣ ਵਿੱਚ ਮਹੱਤਵਪੂਰਨ ਭੂਮਿਕਾ ਅਦਾ ਕੀਤੀ।ਖਿਡਾਰੀਆਂ ਦੇ ਸ਼ਾਨਦਾਰ ਪ੍ਰਦਰਸ਼ਨ ਤੇ ਉਨ੍ਹਾਂ ਨੂੰ ਵਧਾਈ ਦਿੰਦਿਆਂ ਕ੍ਰਿਕਟ ਐਸੋਸੀਏਸ਼ਨ ਪਠਾਨਕੋਟ ਦੇ ਸਕੱਤਰ ਸੰਨੀ ਮਹਾਜਨ ਨੇ ਟੀਮ ਦੇ ਜਜ਼ਬੇ, ਅਨੁਸ਼ਾਸਨ ਅਤੇ ਸਮਰਪਣ ਦੀ ਸ਼ਲਾਘਾ ਕੀਤੀ।ਉਨ੍ਹਾਂ ਕਿਹਾ ਕਿ ਇਹ ਜਿੱਤ ਖਿਡਾਰੀਆਂ ਦੀ ਸਖ਼ਤ ਮਿਹਨਤ, ਲਗਨ ਅਤੇ ਕ੍ਰਿਕਟ ਐਸੋਸੀਏਸ਼ਨ ਪਠਾਨਕੋਟ ਵੱਲੋਂ ਨੌਜਵਾਨ ਕ੍ਰਿਕਟ ਪ੍ਰਤਿਭਾਵਾਂ ਨੂੰ ਨਿਖਾਰਨ ਲਈ ਕੀਤੇ ਜਾ ਰਹੇ ਲਗਾਤਾਰ ਯਤਨਾਂ ਦਾ ਨਤੀਜਾ ਹੈ।ਉਨ੍ਹਾਂ ਭਰੋਸਾ ਜਤਾਇਆ ਕਿ ਟੀਮ ਆਉਣ ਵਾਲੇ ਮੁਕਾਬਲਿਆਂ ਵਿੱਚ ਵੀ ਆਪਣੀ ਜਿੱਤ ਦੀ ਲੜੀ ਜਾਰੀ ਰੱਖੇਗੀ।ਟੀਮ ਦੇ ਮੁੱਖ ਕੋਚ ਇੰਦਰਜੀਤ ਸਿੰਘ ਨੇ ਵੀ ਖਿਡਾਰੀਆਂ ਦੀ ਵਚਨਬੱਧਤਾ, ਟੀਮ ਭਾਵਨਾ ਅਤੇ ਸ਼ਾਨਦਾਰ ਪ੍ਰਦਰਸ਼ਨ ਦੀ ਪ੍ਰਸ਼ੰਸਾ ਕੀਤੀ।ਉਨ੍ਹਾਂ ਕਿਹਾ ਕਿ ਗੇਂਦਬਾਜ਼ਾਂ ਨੇ ਅਨੁਸ਼ਾਸਿਤ ਪ੍ਰਦਰਸ਼ਨ ਕੀਤਾ, ਜਦਕਿ ਬੱਲੇਬਾਜ਼ਾਂ ਨੇ ਸੰਜਮ ਨਾਲ ਖੇਡਦਿਆਂ ਟੀਚੇ ਦਾ ਸਫ਼ਲਤਾਪੂਰਵਕ ਪਿੱਛਾ ਕੀਤਾ।ਉਨ੍ਹਾਂ ਖਿਡਾਰੀਆਂ ਨੂੰ ਆਉਣ ਵਾਲੇ ਮੈਚਾਂ ਵਿੱਚ ਵੀ ਪੂਰੀ ਇਕਾਗਰਤਾ, ਨਿਰੰਤਰਤਾ ਅਤੇ ਆਤਮ-ਵਿਸ਼ਵਾਸ ਨਾਲ ਆਪਣਾ ਸਰਵੋਤਮ ਪ੍ਰਦਰਸ਼ਨ ਜਾਰੀ ਰੱਖਣ ਲਈ ਪ੍ਰੇਰਿਤ ਕੀਤਾ।

ਸੜਕ ਹਾਦਸੇ 'ਚ ਪਤੀ ਦੀ ਮੌਤ, ਪਤਨੀ ਗੰਭੀਰ ਜ਼ਖ਼ਮੀ

ਗੁਰਦਾਸਪੁਰ, (ਜਨਕ ਮਹਾਜਨ)-ਗੁਰਦਾਸਪੁਰ ਦੇ ਗਾਹਲੜੀ ਇਲਾਕੇ ਵਿੱਚ ਇੱਕ ਦਰਦਨਾਕ ਸੜਕ ਹਾਦਸਾ ਵਾਪਰਿਆ ਜਿਸ ਵਿੱਚ ਇੱਕ ਵਿਅਕਤੀ ਦੀ ਮੌਕੇ 'ਤੇ ਹੀ ਮੌਤ ਹੋ ਗਈ ਜਦਕਿ ਉਸ ਦੀ ਪਤਨੀ ਗੰਭੀਰ ਰੂਪ ਵਿੱਚ ਜ਼ਖਮੀ ਹੋ ਗਈ। ਮਿਲੀ ਜਾਣਕਾਰੀ ਅਨੁਸਾਰ ਸਲਿੰਦਰ ਸਿੰਘ ਪੁੱਤਰ ਚਰਨ ਸਿੰਘ ਵਾਸੀ ਪਿੰਡ ਗੰਜੀ ਆਪਣੀ ਪਤਨੀ ਨਾਲ ਗਾਹਲੜੀ ਬੈਂਕ ਵਿੱਚੋਂ ਕਿਸੇ ਕੰਮ ਦਾ ਨਿਪਟਾਰਾ ਕਰਕੇ ਮੋਪੇਡ 'ਤੇ ਆਪਣੇ ਪਿੰਡ ਵਾਪਸ ਜਾ ਰਹੇ ਸਨ। ਜਦੋਂ ਉਹ ਜੀਵਨਚੱਕ ਸ਼ੈਲਰ ਦੇ ਗੇਟ ਸਾਹਮਣੇ ਪਹੁੰਚੇ ਤਾਂ ਸਾਹਮਣੇ ਤੋਂ ਆ ਰਹੇ ਇੱਕ ਤੇਜ਼ ਰਫਤਾਰ ਟਿੱਪਰ ਨੇ ਉਨ੍ਹਾਂ ਨੂੰ ਟੱਕਰ ਮਾਰ ਦਿੱਤੀ। ਹਾਦਸਾ ਇੰਨਾ ਭਿਆਨਕ ਸੀ ਕਿ ਸਲਿੰਦਰ ਸਿੰਘ ਦੀ ਮੌਕੇ 'ਤੇ ਹੀ ਮੌਤ ਹੋ ਗਈ ਜਦਕਿ ਉਸ ਦੀ ਪਤਨੀ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਈ। ਸਥਾਨਕ ਲੋਕਾਂ ਦੀ ਮਦਦ ਨਾਲ ਜ਼ਖ਼ਮੀ ਮਹਿਲਾ ਨੂੰ 108 ਐਂਬੂਲੈਂਸ ਰਾਹੀਂ ਸਿਵਿਲ ਹਸਪਤਾਲ ਗੁਰਦਾਸਪੁਰ ਪਹੁੰਚਾਇਆ ਗਿਆ ਜਿੱਥੇ ਉਸ ਦਾ ਇਲਾਜ ਜਾਰੀ ਹੈ।

ਰੋਟਰੀ ਕਲੱਬ ਈਕੋ ਨੇ ਕਰਵਾਇਆ 'ਬਲੈਸਿੰਗ ਸੈਰੇਮਨੀ' ਸਮਾਰੋਹ



ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਰੋਟਰੀ ਕਲੱਬ ਈਕੋ ਦੇ ਨਵੇਂ ਬਣੇ ਪ੍ਰਧਾਨ ਪੁਨੀਤ ਨਾਗਪਾਲ ਅਤੇ ਕਲੱਬ ਦੇ ਚਾਰਟਰ ਪ੍ਰਧਾਨ ਐੱਸ. ਐੱਸ. ਬੱਤਰਾ ਦੀ ਅਗਵਾਈ ਹੇਠ ਗੁਰਦੁਆਰਾ ਛੇਵੀਂ ਪਾਤਸ਼ਾਹੀ, ਰਣਜੀਤ ਐਵੀਨਿਊ ਵਿਖੇ 'ਬਲੈਸਿੰਗ ਸੈਰੇਮਨੀ' ਦਾ ਆਯੋਜਨ ਕੀਤਾ ਗਿਆ।ਇਸ ਸਮਾਰੋਹ ਵਿੱਚ ਮੁੱਖ ਮਹਿਮਾਨ ਰੋਟੇਰੀਅਨ ਵਿਜੈ ਸਹਿਦੇਵ (ਡੀਜੀਈ) ਅਤੇ ਵਿਸ਼ੇਸ਼ ਮਹਿਮਾਨ ਸੀਏ ਦਵਿੰਦਰ ਸਿੰਘ ਸ਼ਾਮਿਲ ਹੋਏ।ਉਨ੍ਹਾਂ ਨਵੇਂ ਬਣੇ ਪ੍ਰਧਾਨ ਪੁਨੀਤ ਨਾਗਪਾਲ ਅਤੇ ਸੈਕਰੇਟਰੀ ਗਗਨਦੀਪ ਸਿੰਘ ਤੇ ਹੋਰ ਮੈਂਬਰਾਂ ਨੂੰ ਨਿੱਘੀਆਂ ਵਧਾਈਆਂ ਦਿੱਤੀਆਂ। ਉਨ੍ਹਾਂ ਆਪਣੀ ਸ਼ੁਭਕਾਮਨਾਵਾਂ ਵਿਚ ਕਿਹਾ ਕਿ ਇਸ ਕਲੱਬ ਦਾ ਨਵਾਂ ਸਾਲ ਸੇਵਾ, ਸਹਿਯੋਗ ਅਤੇ ਸਫਲਤਾ ਨਾਲ ਭਰਿਆ ਹੋਵੇ।ਚਾਰਟਰ ਪ੍ਰਧਾਨ ਬੱਤਰਾ ਨੇ ਨਵੇਂ ਪ੍ਰਧਾਨ ਨੂੰ ਸ਼ੁਭਇੱਛਾਵਾਂ ਦਿੰਦਿਆਂ ਕਿਹਾ ਕਿ 'ਸੇਵਾ ਨਾਲ ਹੀ ਪਹਿਚਾਣ ਹੈ, ਰੋਟਰੀ ਹੀ ਸ਼ਾਨ ਹੈ'। ਅਸੀਂ ਤੁਹਾਡੇ ਨਾਲ ਮਿਲ ਕੇ ਕੁਦਰਤ ਅਤੇ ਸਮਾਜ ਦੋਵਾਂ ਦੀ ਸੇਵਾ ਕਰਾਂਗੇ।ਨਵ-ਨਿਯੁਕਤ ਪ੍ਰਧਾਨ ਪੁਨੀਤ ਨਾਗਪਾਲ ਨੇ ਆਏ ਸਾਰੇ ਮਹਿਮਾਨਾਂ ਦਾ ਸਵਾਗਤ ਕਰਦਿਆਂ ਧੰਨਵਾਦ ਕੀਤਾ ਅਤੇ ਕਲੱਬ ਮੈਂਬਰਾਂ ਨੂੰ ਕਿਹਾ ਕਿ ਉਨ੍ਹਾਂ ਨੂੰ ਸਾਰੇ ਮੈਂਬਰਾਂ ਕੋਲੋਂ ਸੇਵਾ, ਸਮਾਂ ਤੇ ਸਹਿਯੋਗ ਦੀ ਲੋੜ ਹੈ।ਅਸੀਂ ਸਾਰੇ ਨਾਲ ਮਿਲ ਕੇ ਇਸ ਸਾਲ ਨੂੰ ਇਕ ਯਾਦਗਾਰ ਸਾਲ ਬਣਾਵਾਂਗੇ।ਸਾਰੇ ਮੈਂਬਰਾਂ ਨੂੰ ਕਲੱਬ ਦੇ ਕੰਮਾਂ ਵਿਚ ਵੱਧ ਚੜ੍ਹ ਕੇ ਹਿੱਸਾ ਲੈਣਾ ਚਾਹੀਦਾ ਹੈ ਅਤੇ ਕਲੱਬ ਨੂੰ ਅਗਾਂਹ ਵਧਾਉਣ ਲਈ ਨਵੀ ਸੋਚ ਅਤੇ ਨਵੇਂ-ਨਵੇਂ ਪ੍ਰੋਜੈਕਟ ਲਿਆਉਣੇ ਚਾਹੀਦੇ ਹਨ।ਇਸ ਦੇ ਨਾਲ ਰੋਟਰੀ ਦੇ ਨਿਯਮ ਅਤੇ ਇਸ ਦੀ ਕਦਰਾਂ-ਕੀਮਤਾਂ ਨੂੰ ਵੀ ਸਮਝਣਾ ਚਾਹੀਦਾ ਹੈ।ਸਾਰੇ ਕਲੱਬ ਮੈਂਬਰਾਂ ਨੇ ਮਿਲ ਕੇ 'ਸਾਡਾ ਵਾਤਾਵਰਨ-ਸਾਡੀ ਜ਼ਿੰਮੇਵਾਰੀ' ਨੂੰ ਸਮਝਦੇ ਹੋਏ ਇਕ ਦਰਜਨ ਤੋਂ ਵੱਧ ਬੂਟੇ ਵੀ ਲਗਾਏ ਤੇ ਉਨ੍ਹਾਂ ਨੂੰ ਸੰਭਾਲਣ ਦੀ ਜ਼ਿੰਮੇਵਾਰੀ ਵੀ ਲਈ।ਸੈਕਰੇਟਰੀ ਗਗਨਦੀਪ ਸਿੰਘ ਨੇ ਕਿਹਾ ਕਿ ਉਹ ਇਸ ਜ਼ਿੰਮੇਵਾਰੀ ਨੂੰ ਸਭ ਦੇ ਸਹਿਯੋਗ ਨਾਲ ਬਾਖ਼ੂਬੀ ਨਿਭਾਉਣਗੇ।ਇਸ ਮੌਕੇ ਦੂਸਰੇ ਕਲੱਬਾ ਤੋਂ ਆਏ ਪ੍ਰਧਾਨਾਂ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਵੀ ਕੀਤਾ ਗਿਆ।ਇਸ ਦੌਰਾਨ ਸੈਕਰੇਟਰੀ ਗਗਨਦੀਪ ਸਿੰਘ, ਡਾ. ਭੁਪਿੰਦਰ ਸਿੰਘ, ਜਸਪਾਲ ਸਿੰਘ, ਹਰਬੀਰ ਸਿੰਘ, ਬਿਕਰਮਜੀਤ ਸਿੰਘ, ਏ ਪੀ ਐੱਸ ਬੱਤਰਾ, ਸੁਰਿੰਦਰਪਾਲ ਸਿੰਘ, ਜੇਪੀ ਸਿੰਘ, ਸੁਮਿਤ ਬੇਦੀ, ਡਾ. ਸਨੇਹ ਸਿੰਘਲ, ਵਰੁਣ ਅਗਰਵਾਲ, ਡਾ. ਜੱਸੀ ਨਾਗਪਾਲ, ਵਿਪਨ ਸ਼ਰਮਾ, ਰੋਹਿਨ ਦੁਆ, ਕੁਲਬੀਰ ਸਿੰਘ, ਪ੍ਰਵੀਨ ਕੁਮਾਰ, ਸੰਜੇ ਅਹੂਜਾ, ਸੰਜੇ ਮਹਿਰਾ, ਸਵਰਾਜ ਸਿੰਘ, ਗੁਰਪ੍ਰੀਤ ਸਿੰਘ, ਕੰਵਲ ਬੱਤਰਾ, ਹਰਲੀਨ ਕੌਰ, ਗੁਰਜੀਤ ਕੌਰ, ਗੀਤਾ ਸ਼ਰਮਾ, ਜਸਬੀਰ ਕੌਰ ਆਦਿ ਰੋਟਰੀ ਪਰਿਵਾਰ ਦੇ ਮੈਂਬਰ ਹਾਜ਼ਰ ਸਨ।

ਗੁ. ਬਾਬਾ ਟਾਹਲਾ ਸਾਹਿਬ ਵਿਖੇ ਸਾਲਾਨਾ ਜੋੜ ਮੇਲਾ ਮਨਾਇਆ

ਵਲਟੋਹਾ (ਰਣਜੀਤ ਸਿੰਘ ਵਲਟੋਹਾ)-ਹਰ ਸਾਲ ਦੀ ਤਰ੍ਹਾਂ ਪਿੰਡ ਬਹਾਦਰ ਨਗਰ ਵਿੱਚ ਜੋੜ ਮੇਲਾ ਮਨਾਉਣ ਲਈ ਸੰਗਤਾਂ ਨੇ ਬੜੇ ਉਤਸ਼ਾਹ ਨਾਲ ਸੇਵਾ ਕੀਤੀ।ਸੰਗਤਾਂ ਨੇ ਇੱਕੀ ਅਖੰਡ ਪਾਠ ਕਰਵਾਏ।ਅੱਠ ਜੁਲਾਈ ਨੂੰ ਭੋਗ ਪਾਏ ਗਏ।ਕਥਾ ਕਵੀਸ਼ਰ ਅਤੇ ਢਾਡੀ ਜਥਾ ਜਸਬੀਰ ਸਿੰਘ ਵਲਟੋਹਾ, ਗੁਰਕੀਰਤ ਸਿੰਘ ਆਦਿ ਕਵੀਸ਼ਰਾਂ ਨੇ ਸਿੱਖ ਇਤਿਹਾਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ ।ਜੋੜਾ ਘਰ ਵਿੱਚ, ਜੂਸ, ਚਾਹ ਪਕੌੜਿਆਂ ਦੀ ਸੇਵਾ ਤੇ ਲੰਗਰ ਦੀ ਸੇਵਾ ਸੇਵਾਦਾਰਾਂ ਨੇ ਬੜੇ ਉਤਸ਼ਾਹ ਨਾਲ ਕੀਤੀ।ਇਸ ਮੇਲੇ ਵਿੱਚ ਇੱਕ ਗੱਲ ਬੜੀ ਅਜੀਬ ਲੱਗੀ ਕਿ ਗੁਰਦੁਆਰੇ ਦੇ ਸੇਵਾਦਾਰਾਂ ਨੇ ਪਿੰਡ ਵਿੱਚ ਘਰ-ਘਰ ਜਾ ਕੇ ਉਗਰਾਹੀ ਨਹੀਂ ਕੀਤੀ।ਸੰਗਤਾਂ ਨੇ ਆਪਣੀ ਮਰਜ਼ੀ ਨਾਲ ਵਧ-ਚੜ੍ਹ ਕੇ ਗੁਰਦੁਆਰੇ ਪਹੁੰਚ ਕੇ ਉਗਰਾਹੀ ਦਿੱਤੀ।ਕਬੱਡੀ ਦਾ ਮੈਚ ਬਹੁਤ ਜ਼ਬਰਦਸਤ ਹੋਇਆ ।ਬੜੀ ਦੂਰੋਂ-ਦੂਰੋਂ ਲੋਕ ਦੇਖਣ ਆਏ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸੁਖਵੰਤ ਸਿੰਘ, ਸ਼ਾਮ ਸਿੰਘ, ਜਸਵੰਤ ਸਿੰਘ ਸਾਬਕਾ ਸਰਪੰਚ ਦਸਮੇਸ਼ ਨਗਰ, ਜੁਗਰਾਜ ਸਿੰਘ ਸਰਪੰਚ ਦਸਮੇਸ਼ ਨਗਰ, ਸੁਖਦੇਵ ਸਿੰਘ ਮੱਖੀ ਵਾਲੇ, ਸਤਨਾਮ ਸਿੰਘ ਵਰਨਾਲੀਆ, ਚਰਨਜੀਤ ਸਿੰਘ ਅਨੰਦਪੁਰੀਆ, ਦਰਸ਼ਨ ਸਿੰਘ ਸਿਧਾਰੀਆ, ਗੁਰਨਾਮ ਸਿੰਘ, ਗੁਰਲਾਲ ਸਿੰਘ, ਬਲਜੀਤ ਸਿੰਘ ਪੰਚਾਇਤ ਮੈਂਬਰ, ਪੰਚਾਇਤ ਮੈਂਬਰ ਮਨਜੀਤ ਸਿੰਘ, ਰਣਜੀਤ ਸਿੰਘ, ਹਰਜੀਤ ਸਿੰਘ ਜੀਤੂ, ਨਿਰਵੈਲ ਸਿੰਘ, ਗੁਰਜੰਟ ਸਿੰਘ, ਜਰਮਲ ਸਿੰਘ, ਗੁਰਚਰਨ ਸਿੰਘ ਪਹਿਲਵਾਨ, ਗੁਲਜਾਰ ਸਿੰਘ ਦੋਧੀ, ਪ੍ਰਗਟ ਸਿੰਘ, ਹਰਦੇਵ ਸਿੰਘ ਫੌਜੀ, ਕੇਵਲ ਸਿੰਘ, ਗੁਰਚੇਤ ਸਿੰਘ, ਸੁੱਖਾ ਸਿੰਘ, ਕੁਲਵਿੰਦਰ ਸਿੰਘ ਆਦਿ ਹਾਜ਼ਰ ਸਨ।



ਨਵ-ਨਿਯੁਕਤ ਸਿਵਲ ਸਰਜਨ ਡਾ. ਸੰਦੀਪ ਧਵਨ ਵੱਲੋਂ ਸਿਹਤ ਸੇਵਾਵਾਂ ਦਾ ਨਿਰੀਖਣ



ਚੋਹਲਾ ਸਾਹਿਬ (ਰਮਨ ਚੱਢਾ)-ਜ਼ਿਲ੍ਹਾ ਤਰਨ ਤਾਰਨ ਦੇ ਨਵੇਂ ਨਿਯੁਕਤ ਸਿਵਲ ਸਰਜਨ ਤਰਨ ਤਾਰਨ ਡਾ. ਸੰਦੀਪ ਧਵਨ ਵੱਲੋਂ ਫਤਿਹਾਬਾਦ ਅਤੇ ਗੋਇੰਦਵਾਲ ਸਾਹਿਬ ਵਿਖੇ ਸਿਹਤ ਸੇਵਾਵਾਂ ਨੂੰ ਹੋਰ ਬਿਹਤਰ ਢੰਗ ਨਾਲ ਆਮ ਜਨਤਾ ਤੱਕ ਪਹੁੰਚਾਉਣ ਲਈ ਸਿਹਤ ਸੇਵਾਵਾਂ ਦਾ ਨਿਰੀਖਣ ਕੀਤਾ ਗਿਆ। ਡਾ. ਸੰਦੀਪ ਧਵਨ ਨੇ ਚੈਕਿੰਗ ਦੌਰਾਨ ਸਿਹਤ ਸੰਸਥਾਵਾਂ ਦੇ ਮੁਖੀਆਂ ਨੂੰ ਸਖ਼ਤ ਹਦਾਇਤਾਂ ਜਾਰੀ ਕਰਦਿਆਂ ਕਿਹਾ ਕਿ ਲੋਕਾਂ ਨੂੰ ਪੰਜਾਬ ਸਰਕਾਰ ਵੱਲੋਂ ਦਿੱਤੀਆਂ ਜਾ ਰਹੀਆਂ ਸਿਹਤ ਸਹੂਲਤਾਂ ਬਹਿਤਰ ਢੰਗ ਨਾਲ ਪਹੁੰਚਾਉਣਾ ਯਕੀਨੀ ਬਣਾਇਆ ਜਾਵੇ। ਉਨ੍ਹਾਂ ਚੈਕਿੰਗ ਦੌਰਾਨ ਓਪੀਡੀ, ਜੱਚਾ ਬੱਚਾ ਵਾਰਡ, ਐਮਰਜੈਂਸੀ ਸੇਵਾਵਾਂ, ਐਕਸਰੇ ਸੇਵਾਵਾਂ, ਲੈਬ ਸੇਵਾਵਾਂ, ਡਰੱਗ ਸਟੋਰ ਅਤੇ ਡੀ-ਅਡਿਕਸ਼ਨ ਸਟੋਰ ਦਾ ਨਿਰੀਖਣ ਕੀਤਾ। ਡਾਕਟਰ ਸੰਦੀਪ ਧਵਨ ਨੇ ਕਿਹਾ ਕਿ ਆਮ ਲੋਕਾਂ ਨੂੰ ਬਿਹਤਰ ਸਿਹਤ ਸੇਵਾਵਾਂ ਪਹੁੰਚਾਉਣਾ ਮੇਰਾ ਮੁੱਖ ਮਕਸਦ ਹੈ। ਉਨ੍ਹਾਂ ਨੇ ਸਿਹਤ ਸੰਸਥਾਵਾਂ ਦੇ ਮੁਖੀਆਂ ਨੂੰ ਹਦਾਇਤ ਕੀਤੀ ਕਿ ਆਮ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਸਿਹਤ ਸਹੂਲਤਾਂ ਪ੍ਰਤੀ ਖੱਜਲ ਖੁਆਰੀ ਦਾ ਸਾਹਮਣਾ ਨਾ ਕਰਨਾ ਪਵੇ।

'ਸਤਲੁਜ' ਫਿਲਮ 'ਤੇ ਪਾਬੰਦੀ ਮੋਦੀ ਸਰਕਾਰ ਦੀ ਤਾਨਾਸ਼ਾਹੀ : ਤਰਕਸ਼ੀਲ ਸੁਸਾਇਟੀ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਤਰਕਸ਼ੀਲ ਸੁਸਾਇਟੀ ਪੰਜਾਬ ਨੇ ਮੋਦੀ ਸਰਕਾਰ ਵੱਲੋਂ 'ਸਤਲੁਜ' ਫਿਲਮ ਨੂੰ ਜ਼ੀ-5 ਦੇ ਓਟੀਟੀ ਪਲੇਟਫਾਰਮ ਤੋਂ ਹਟਾਏ ਜਾਣ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਇਸ ਨੂੰ ਵਿਚਾਰ ਪ੍ਰਗਟਾਵੇ ਦੀ ਆਜ਼ਾਦੀ ਅਤੇ ਸਮੁੱਚੇ ਮੀਡੀਏ ਉਤੇ ਵੱਡਾ ਹਮਲਾ ਕਰਾਰ ਦਿੱਤਾ ਹੈ ਅਤੇ ਸਮੂਹ ਲੋਕ ਪੱਖੀ ਜਨਤਕ ਤੇ ਜਮਹੂਰੀ ਜੱਥੇਬੰਦੀਆਂ ਨੂੰ ਮੀਡੀਏ ਦੀ ਆਜ਼ਾਦੀ ਉਤੇ ਲਗਾਈ ਅਣਐਲਾਨੀ ਪਾਬੰਦੀ ਦਾ ਸਖ਼ਤ ਵਿਰੋਧ ਕਰਨ ਦੀ ਜ਼ੋਰਦਾਰ ਅਪੀਲ ਕੀਤੀ ਹੈ।ਇਸ ਸਬੰਧੀ ਸੁਸਾਇਟੀ ਦੇ ਸੂਬਾ ਕਮੇਟੀ ਆਗੂਆਂ ਮਾਸਟਰ ਰਾਜਿੰਦਰ ਭਦੌੜ, ਹੇਮ ਰਾਜ ਸਟੈਨੋ, ਰਾਜਪਾਲ ਬਠਿੰਡਾ, ਜੋਗਿੰਦਰ ਕੁੱਲੇਵਾਲ, ਜਸਵਿੰਦਰ ਫਗਵਾੜਾ, ਰਾਮ ਸਵਰਨ ਲੱਖੇਵਾਲੀ ਅਤੇ ਸੁਮੀਤ ਅੰਮ੍ਰਿਤਸਰ ਨੇ ਤਰਕਸ਼ੀਲ ਭਵਨ ਬਰਨਾਲੇ ਤੋਂ ਪ੍ਰਤੀਕਰਮ ਜਾਰੀ ਕਰਦਿਆਂ ਕਿਹਾ ਕਿ ਬੇਸ਼ੱਕ ਇਹ ਫਿਲਮ ਅੱਸੀਵਿਆਂ ਦੇ ਕਾਲੇ ਦੌਰ ਵਿਚਲੀ ਹਕੂਮਤੀ ਅਤੇ ਫ਼ਿਰਕੂ ਦਹਿਸ਼ਤਗਰਦੀ ਦਾ ਮੁਕੰਮਲ ਦਸਤਾਵੇਜ਼ ਨਹੀਂ ਹੈ ਕਿਉਂਕਿ ਇਸ ਵਿੱਚ ਫ਼ਿਰਕੂ ਦਹਿਸ਼ਤਗਰਦੀ ਦੀਆਂ ਘਟਨਾਵਾਂ ਨੂੰ ਅੱਖੋਂ ਪਰੋਖੇ ਕੀਤਾ ਗਿਆ ਹੈ ਪਰ ਇਸਦੇ ਬਾਵਜੂਦ ਮੋਦੀ ਸਰਕਾਰ ਵੱਲੋਂ ਫਿਲਮ ਉਤੇ ਪਾਬੰਦੀ ਲਾਉਣੀ ਸਰਾਸਰ ਗ਼ੈਰ-ਸੰਵਿਧਾਨਕ ਅਤੇ ਤਾਨਾਸ਼ਾਹੀ ਮਾਨਸਕਿਤਾ ਦਾ ਸਬੂਤ ਹੈ।ਉਨ੍ਹਾਂ ਕਿਹਾ ਕਿ ਕੇਂਦਰੀ ਸੁਰੱਖਿਆ ਬਲਾਂ ਅਤੇ ਪੰਜਾਬ ਪੁਲਸ ਵੱਲੋਂ ਅੱਸੀਵਿਆਂ ਦੇ ਖਾਲਿਸਤਾਨੀ ਅੱਤਵਾਦ ਨੂੰ ਖਤਮ ਕਰਨ ਦੇ ਬਹਾਨੇ ਹਜ਼ਾਰਾਂ ਨੌਜਵਾਨਾਂ ਨੂੰ ਝੂਠੇ ਪੁਲਸ ਮੁਕਾਬਲਿਆਂ ਰਾਹੀਂ ਮਾਰਨ ਅਤੇ ਲਾਸ਼ਾਂ ਨੂੰ ਲਾਵਾਰਿਸ ਦੱਸ ਕੇ ਉਨ੍ਹਾਂ ਦਾ ਸੰਸਕਾਰ ਕਰਨ ਦੇ ਕਾਲੇ ਕਾਰਨਾਮਿਆਂ ਨੂੰ ਭੁਲਾਇਆ ਨਹੀਂ ਜਾ ਸਕਦਾ।

ਲੋਕ ਭਲਾਈ ਮੰਚ ਵੱਲੋਂ ਭੁੱਖ ਹੜਤਾਲ ਖਤਮ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ) ਢਪੱਈ ਫਾਟਕ ਤੋਂ ਲੈ ਕੇ ਗੁਰਦੁਆਰਾ ਬੋਹੜੀ ਸਾਹਿਬ ਤੱਕ ਬੇਹੱਦ ਖ਼ਰਾਬ ਹੋਈ ਸੜਕ ਨੂੰ ਬਰਸਾਤਾਂ ਤੋਂ ਪਹਿਲਾਂ ਬਣਾਉਣ ਲਈ ਅਤੇ ਸ਼ਹਿਰ ਦੇ ਸੀਵਰ ਤੇ ਨਾਲੀਆਂ ਆਦਿ ਦੀ ਸਫ਼ਾਈ ਬਰਸਾਤਾਂ ਤੋਂ ਪਹਿਲਾਂ ਪਹਿਲਾਂ ਕਰਵਾਉਣ ਲਈ ਢਪੱਈ ਫਾਟਕ ਲਾਗੇ ਲੋਕ ਭਲਾਈ ਮੰਚ ਪੰਜਾਬ ਵਲੋਂ ਕੀਤੀ ਤਿੰਨ ਦਿਨਾ ਭੁੱਖ ਹੜਤਾਲ ਅੱਜ ਤੀਸਰੇ ਦਿਨ ਸਮਾਪਤ ਹੋ ਗਈ। ਹੜਤਾਲ ਵਿੱਚ ਸਰਦੂਲ ਸਿੰਘ ਢਪੱਈ, ਕੁਲਦੀਪ ਸਿੰਘ, ਅਜੀਤ ਸਿੰਘ ਭੱਟੀ, ਤੀਰਥ ਰਾਮ ਤੇ ਕਿਰਪਾਲ ਸਿੰਘ ਸ਼ਾਮਲ ਸਨ। ਭੁੱਖ ਹੜਤਾਲ ਖਤਮ ਕਰਨ ਤੋਂ ਪਹਿਲਾਂ ਵਿਸ਼ਾਲ ਇਕੱਤਰਤਾ ਹੋਈ। ਇਸ ਵਿਸ਼ਾਲ ਇਕੱਤਰਤਾ ਨੂੰ ਬਲਬੀਰ ਸਿੰਘ ਝਾਮਕਾ, ਕੁਲਦੀਪ ਸਿੰਘ, ਮਾਸਟਰ ਸੁਖਦੇਵ ਸਿੰਘ, ਇਕਬਾਲ ਸਿੰਘ ਮੋਹਕਮਪੁਰਾ ਤੇ ਗੁਰਦੀਪ ਸਿੰਘ ਖਾਲਸਾ ਨੇ ਸੰਬੋਧਨ ਕੀਤਾ। ਉਪਰੰਤ ਸਾਰੇ ਹਾਜ਼ਰ ਸਾਥੀਆਂ ਨੇ ਦੋਵੇਂ ਹੱਥ ਖੜ੍ਹੇ ਕਰਕੇ ਇਹ ਪ੍ਰਣ ਕੀਤਾ ਕਿ ਸੜਕ ਨੂੰ ਬਨਾਉਣ ਲਈ ਉਹ ਹਰ ਸੰਘਰਸ਼ ਰਲਮਿਲ ਕੇ ਕਰਨਗੇ ਤੇ ਇਹ ਕੰਮ ਕਰਕੇ ਹੀ ਦਮ ਲੈਣਗੇ। ਅਗਲੀ ਮੀਟਿੰਗ 11 ਜੁਲਾਈ ਸ਼ਾਮ ਨੂੰ ਹੋਵੇਗੀ। ਭੁੱਖ ਹੜਤਾਲੀ ਕੈਂਪ ਵਿੱਚ ਉਪਰੋਕਤ ਤੋਂ ਇਲਾਵਾ ਸਵਰਨ ਸਿੰਘ ਡੇਅਰੀ ਵਾਲੇ, ਵਰਿਆਮ ਚੰਦ, ਕਿਸ਼ਨ ਲਾਲ, ਨਰਿੰਦਰ ਸਿੰਘ ਕਾਲਾ, ਜਗੀਰ ਕੁਮਾਰ, ਤਰਸੇਮ ਕੁਮਾਰ, ਰਤਨ ਸਿੰਘ, ਸੰਤੋਖ ਸਿੰਘ, ਬਲਦੇਵ ਸਿੰਘ, ਮਾਸਟਰ ਅਵਤਾਰ ਸਿੰਘ, ਜੀਤਲਾਲ, ਰਕੇਸ਼ ਮਿਸ਼ਰਾ, ਅਸ਼ਵਨੀ ਕੁਮਾਰ, ਸ਼ਾਮ ਲਾਲ, ਅਮਰੀਕ ਸਿੰਘ, ਸੁਖਵਿੰਦਰ ਸਿੰਘ ਸੋਨੂੰ, ਗੁਰਜੀਤ ਸਿੰਘ ਸਾਬੀ, ਸਤਨਾਮ ਸਿੰਘ ਸਾਜਨ, ਪਾਰਸ ਪ੍ਰੀਤ ਸਿੰਘ ਖਾਲਸਾ, ਸੁਖਪਾਲ ਸਿੰਘ ਸੁਖ, ਦਵਿੰਦਰ ਸਿੰਘ ਟਿੰਨੂ, ਹਰਜੋਤ ਸਿੰਘ ਤੇ ਨਿਸ਼ਾਨ ਸਿੰਘ ਢਪੱਈ ਆਦਿ ਨੇ ਆਪਣੀ ਹਾਜ਼ਰੀ ਲਗਵਾਈ।

ਜ਼ਿਲ੍ਹਾ ਰੈੱਡ ਕਰਾਸ ਸੋਸਾਇਟੀ ਨੇ ਲਾਇਆ ਸਵੈ-ਇੱਛੁਕ ਖ਼ੂਨਦਾਨ ਕੈਂਪ

ਗੁਰਦਾਸਪੁਰ, (ਜਨਕ ਮਹਾਜਨ)-ਡਿਪਟੀ ਕਮਿਸ਼ਨਰ-ਕਮ-ਪ੍ਰਧਾਨ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਗੁਰਦਾਸਪੁਰ ਆਦਿਤਿਆ ਉੱਪਲ ਵੱਲੋਂ ਦਿੱਤੇ ਗਏ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਵੱਲੋਂ ਇਕ ਸਵੈ ਇੱਛੁਕ ਖੂਨਦਾਨ ਕੈਂਪ ਆਰ. ਪੀ. ਅਰੋੜਾ ਮੈਡੀਸਿਟੀ ਗੁਰਦਾਸਪੁਰ ਦੇ ਸਹਿਯੋਗ ਨਾਲ ਰੈੱਡ ਕਰਾਸ ਦਫਤਰ ਵਿੱਚ ਟਰੇਨਿੰਗ ਪ੍ਰਾਪਤ ਕਰ ਰਹੇ ਬੱਚਿਆਂ ਨਾਲ ਲਗਾਇਆ ਗਿਆ। ਬੱਚਿਆਂ ਨੂੰ ਸਕੱਤਰ ਰੈੱਡ ਕਰਾਸ ਸੁਸਾਇਟੀ ਰਾਜੀਵ ਸਿੰਘ ਵੱਲੋਂ ਖ਼ੂਨਦਾਨ ਕਰਨ ਦੀ ਮਹੱਤਤਾ ਬਾਰੇ ਦੱਸਿਆ ਗਿਆ ਕਿ ਇਹ ਇਕ ਬਹੁਤ ਹੀ ਮਹਾਨ ਕੰਮ ਹੈ ਕਿਉਂਕਿ ਸਾਡੇ ਸਰੀਰ ਦਾ ਮੂਲ ਆਧਾਰ ਖ਼ੂਨ ਹੁੰਦਾ ਹੈ ਜੋ ਨਾ ਤਾਂ ਕਿਸੇ ਫੈਕਟਰੀ ਵਿੱਚ ਤਿਆਰ ਹੁੰਦਾ ਹੈ ਅਤੇ ਨਾ ਕਿਸੇ ਹੋਰ ਤੋਂ ਲਿਆ ਜਾ ਸਕਦਾ ਹੈ। ਇਸ ਦੀ ਕਮੀ ਸਿਰਫ ਮਨੁੱਖ ਦੇ ਖ਼ੂਨ ਤੋਂ ਹੀ ਪੂਰੀ ਕੀਤੀ ਜਾ ਸਕਦੀ ਹੈ। ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਵੱਲੋਂ ਇਹ ਕੈਂਪ ਲਗਾਏ ਜਾਂਦੇ ਰਹਿੰਦੇ ਹਨ ਅਤੇ ਸਮੂਹ ਜ਼ਿਲ੍ਹਾ ਨਿਵਾਸੀਆਂ ਨੂੰ ਅਪੀਲ ਕੀਤੀ ਗਈ ਕਿ ਉਹ ਸਵੈ ਇੱਛੁਕ ਖ਼ੂਨਦਾਨ ਕੈਂਪ ਲਗਾਉਣ ਵਿੱਚ ਰੈੱਡ ਕਰਾਸ ਸੁਸਾਇਟੀ ਦਾ ਸਹਿਯੋਗ ਕਰਨ ਲਈ ਅਗਾਂਹ ਆਉਣ ਤਾਂ ਜੋ ਜਦੋਂ ਵੀ ਕਿਸੇ ਵਿਅਕਤੀ ਨੂੰ ਖ਼ੂਨ ਦੀ ਜ਼ਰੂਰਤ ਪੈਂਦੀ ਹੈ ਤਾਂ ਬਿਨਾਂ ਕਿਸੇ ਦੇਰੀ ਤੋਂ ਉਨ੍ਹਾਂ ਦੀ ਮਦਦ ਕੀਤੀ ਜਾ ਸਕੇ। ਇਸ ਚੱਲ ਰਹੇ ਖ਼ੂਨਦਾਨ ਕੈਂਪ ਵਿੱਚ ਡਾ. ਰਾਜਨ ਅਰੋੜਾ, ਐੱਮ. ਡੀ, ਆਰ. ਪੀ. ਅਰੋੜਾ ਮੈਡੀਸਿਟੀ, ਗੁਰਦਾਸਪੁਰ ਪਰਮਵੀਰ ਸਿੰਘ, ਡਾ. ਰੁਪਾਲੀ, ਬੱਲਬ ਬੈਂਕ ਇੰਚਾਰਜ, ਆਰ. ਪੀ. ਅਰੋੜਾ ਮੈਡੀਸਿਟੀ ਗੁਰਦਾਸਪੁਰ ਅਤੇ ਉਨ੍ਹਾਂ ਦੀ ਟੈਕਨੀਕਲ ਟੀਮ ਦੇ ਮੈਂਬਰ ਹਾਜ਼ਰ ਸਨ।

ਇਸ ਸੈਵ ਇੱਛਕ ਕੈਂਪ ਵਿੱਚ 12 ਯੂਨਿਟ ਖ਼ੂਨ ਇਕੱਠਾ ਕੀਤਾ ਗਿਆ।

ਪੁਲਸ ਨੇ ਅੰਨ੍ਹੇ ਕਤਲ ਕੇਸ ਨੂੰ ਸੁਲਝਾਇਆ, ਮੁੱਖ ਮੁਲਜ਼ਮ ਗ੍ਰਿਫ਼ਤਾਰ

ਆਦਮਪੁਰ (ਪਰਮਜੀਤ ਸਿੰਘ)- ਹਰਵਿੰਦਰ ਸਿੰਘ ਵਿਰਕ ਸੀਨੀਅਰ ਸੁਪਰਡੈਂਟ ਆਫ਼ ਪੁਲਸ ਜਲੰਧਰ ਦਿਹਾਤੀ ਦੇ ਨਿਰਦੇਸ਼ਾਂ ਅਨੁਸਾਰ, ਸਮਾਜ ਵਿਰੋਧੀ ਅਨਸਰਾਂ ਵਿਰੁੱਧ ਚਲਾਈ ਜਾ ਰਹੀ ਵਿਸ਼ੇਸ਼ ਮੁਹਿੰਮ ਦੇ ਹਿੱਸੇ ਵਜੋਂ, ਆਦਮਪੁਰ ਪੁਲਸ ਸਟੇਸ਼ਨ ਦੇ ਸਟੇਸ਼ਨ ਇੰਚਾਰਜ ਇੰਸਪੈਕਟਰ ਪੰਕਜ ਕੁਮਾਰ ਦੀ ਅਗਵਾਈ ਹੇਠ ਇੱਕ ਪੁਲਸ ਟੀਮ ਨੇ ਵਿਨੀਤ ਅਹਲਾਵਤ ਪੁਲਸ ਕਪਤਾਨ (ਜਾਂਚ) ਅਤੇ ਰਾਜੀਵ ਕੁਮਾਰ ਡਿਪਟੀ ਪੁਲਿਸ ਕਪਤਾਨ, ਸਬ-ਡਵੀਜ਼ਨ ਆਦਮਪੁਰ ਦੀ ਨਿਗਰਾਨੀ ਹੇਠ ਪਿੰਡ ਮਾਣਕੋ ਵਿੱਚ ਅੰਨ੍ਹੇ ਕਤਲ ਕੇਸ ਨੂੰ ਸਫਲਤਾਪੂਰਵਕ ਸੁਲਝਾ ਲਿਆ ਹੈ ਅਤੇ ਮੁੱਖ ਮੁਲਜ਼ਮ ਨੂੰ ਗ੍ਰਿਫ਼ਤਾਰ ਕਰ ਲਿਆ ਹੈ। 4 ਜੁਲਾਈ 2026 ਨੂੰ ਆਦਮਪੁਰ ਪੁਲਸ ਸਟੇਸ਼ਨ ਨੂੰ ਪਿੰਡ ਮਾਣਕੋ ਵਿੱਚ ਇੱਕ ਕਿਸਾਨ ਦੇ ਖੇਤ ਵਿੱਚ ਖੂਨ ਨਾਲ ਲੱਥਪੱਥ ਇੱਕ ਵਿਅਕਤੀ ਦੀ ਲਾਸ਼ ਮਿਲੀ ਹੋਣ ਦੀ ਸੂਚਨਾ ਮਿਲੀ। ਪੁਲਸ ਨੇ ਤੁਰੰਤ ਕਾਰਵਾਈ ਕਰਦਿਆਂ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਅਤੇ ਲਗਾਤਾਰ ਕੋਸ਼ਿਸ਼ਾਂ ਦੇ ਨਤੀਜੇ ਵਜੋਂ ਅੰਨ੍ਹੇ ਕਤਲ ਕੇਸ ਨੂੰ ਹੱਲ ਕਰ ਲਿਆ ਅਤੇ ਮੁੱਖ ਦੋਸ਼ੀ ਨੂੰ ਗ੍ਰਿਫ਼ਤਾਰ ਕਰ ਲਿਆ । ਇਸ ਜਾਣਕਾਰੀ ਦਾ ਖੁਲਾਸਾ ਕਰਦੇ ਹੋਏ ਰਾਜੀਵ ਕੁਮਾਰ ਡਿਪਟੀ ਸੁਪਰਡੈਂਟ ਆਫ਼ ਪੁਲਸ, ਸਬ-ਡਵੀਜ਼ਨ ਆਦਮਪੁਰ ਨੇ ਕਿਹਾ ਕਿ 4 ਜੁਲਾਈ ਨੂੰ ਦਿਲਬਾਗ ਸਿੰਘ ਪੁੱਤਰ ਦਿਆਲ ਸਿੰਘ, ਵਾਸੀ ਪਿੰਡ ਕੱਦੋ, ਥਾਣਾ ਦੋਰਾਹਾ, ਜ਼ਿਲ੍ਹਾ ਲੁਧਿਆਣਾ ਦੇ ਬਿਆਨ ਦੇ ਆਧਾਰ 'ਤੇ ਐਫ ਆਈ ਆਰ ਥਾਣਾ ਆਦਮਪੁਰ, ਜ਼ਿਲ੍ਹਾ ਜਲੰਧਰ ਦਿਹਾਤੀ ਵਿਖੇ ਦਰਜ ਕੀਤੀ ਗਈ ਸੀ। ਜਾਂਚ ਦੌਰਾਨ ਮ੍ਰਿਤਕ ਦੀ ਪਛਾਣ ਜਗਜੀਤ ਸਿੰਘ ਉਰਫ਼ ਜੱਗੀ ਮਾਨ ਪੁੱਤਰ ਮੋਹਨ ਸਿੰਘ, ਵਾਸੀ ਸਰਹਿੰਦ, ਜ਼ਿਲ੍ਹਾ ਫਤਿਹਗੜ੍ਹ ਸਾਹਿਬ, ਮੌਜੂਦਾ ਸਮੇਂ ਪਿੰਡ ਕੱਦੋ, ਥਾਣਾ ਦੋਰਾਹਾ, ਜ਼ਿਲ੍ਹਾ ਲੁਧਿਆਣਾ ਦੇ ਨਿਵਾਸੀ ਵਜੋਂ ਹੋਈ, ਜੋ ਕਿ ਸ਼ਿਕਾਇਤਕਰਤਾ ਦਿਲਬਾਗ ਸਿੰਘ ਦਾ ਕਰੀਬੀ ਦੋਸਤ ਸੀ। ਜਾਂਚ ਦੌਰਾਨ ਘਟਨਾ ਵਿੱਚ ਨਭਪ੍ਰੀਤ ਸਿੰਘ ਪੁੱਤਰ ਅਵਤਾਰ ਸਿੰਘ, ਵਾਸੀ ਪਿੰਡ ਸ਼ਾਹਪੁਰ, ਤਹਿਸੀਲ ਅਮਲੋਹ, ਜ਼ਿਲ੍ਹਾ ਫਤਿਹਗੜ੍ਹ ਸਾਹਿਬ ਦੀ ਸ਼ਮੂਲੀਅਤ ਦਾ ਖੁਲਾਸਾ ਹੋਇਆ ਅਤੇ ਉਸ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ।ਦੋਸ਼ੀ ਨਭਪ੍ਰੀਤ ਸਿੰਘ ਨੂੰ ਕਾਨੂੰਨ ਅਨੁਸਾਰ 6 ਜੁਲਾਈ ਨੂੰ ਗ੍ਰਿਫ਼ਤਾਰ ਕੀਤਾ ਗਿਆ ਸੀ।

ਐੱਲ ਪੀ ਯੂ ਨੇ ਵਿਸ਼ਵ ਯੋਗਾਸਨ ਚੈਂਪੀਅਨਸ਼ਿਪ 'ਚ 12 ਸੋਨ ਤਗਮੇ ਜਿੱਤੇ

ਜਲੰਧਰ (ਸ਼ੈਲੀ ਐਲਬਰਟ)- ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐੱਲ ਪੀ ਯੂ) ਦੇ ਅੱਠ ਐਥਲੀਟ ਅਹਿਮਦਾਬਾਦ ਵਿੱਚ ਪਹਿਲੀ ਵਿਸ਼ਵ ਯੋਗਾਸਨ ਚੈਂਪੀਅਨਸ਼ਿਪ ਵਿੱਚ ਸਭ ਤੋਂ ਸਫਲ ਯੂਨੀਵਰਸਿਟੀ ਟੀਮ

ਵਜੋਂ ਉਭਰੇ, ਜਿਨ੍ਹਾਂ ਨੇ 12 ਸੋਨ ਤਗਮੇ ਜਿੱਤੇ। ਉਨ੍ਹਾਂ ਦੇ ਪ੍ਰਭਾਵਸ਼ਾਲੀ ਪ੍ਰਦਰਸ਼ਨ ਨੇ ਭਾਰਤ ਦੇ ਰਿਕਾਰਡ 102 ਸੋਨ ਤਗਮਿਆਂ ਦਾ 12% ਯੋਗਦਾਨ ਪਾਇਆ, ਜਿਸ ਨਾਲ ਦੇਸ਼ 114 ਤਗਮਿਆਂ ਨਾਲ ਤਗਮਾ ਸੂਚੀ ਵਿੱਚ ਸਿਖਰ 'ਤੇ ਰਿਹਾ। 79 ਦੇਸ਼ਾਂ ਦੇ 522 ਐਥਲੀਟਾਂ ਨੇ ਚੈਂਪੀਅਨਸ਼ਿਪ ਵਿੱਚ ਹਿੱਸਾ ਲਿਆ, ਜੋ ਕਿ ਇੱਕ ਵਿਸ਼ਵਵਿਆਪੀ ਪ੍ਰਤੀਯੋਗੀ ਖੇਡ ਵਜੋਂ ਯੋਗ ਆਸਣ ਲਈ ਇੱਕ ਮਹੱਤਵਪੂਰਨ ਮੀਲ ਪੱਥਰ ਹੈ।ਵਿਸ਼ਵ ਚੈਂਪੀਅਨਸ਼ਿਪ ਵਿੱਚ ਐੱਲ ਪੀ ਯੂ ਦੀ ਪ੍ਰਭਾਵਸ਼ਾਲੀ ਜਿੱਤ ਕਈ ਐਥਲੀਟਾਂ ਦੇ ਸ਼ਾਨਦਾਰ ਵਿਅਕਤੀਗਤ ਪ੍ਰਦਰਸ਼ਨ ਦੁਆਰਾ ਪ੍ਰੇਰਿਤ ਸੀ। ਅਭਿਸ਼ੇਕ ਨੇ ਆਰਟਿਸਟਿਕ ਪੇਅਰ ਅਤੇ ਆਰਟਿਸਟਿਕ ਗਰੁੱਪ ਵਿੱਚ ਦੋ ਸੋਨ ਤਗਮੇ ਜਿੱਤੇ, ਜਦੋਂ ਕਿ ਨਿਤਿਨ ਤਾਨਾਜੀ ਪਵਲੇ ਨੇ ਬੈਕ ਬੈਂਡਿੰਗ ਅਤੇ ਟ੍ਰੈਡੀਸ਼ਨਲ ਗਰੁੱਪ ਵਿੱਚ ਦੋ ਸੋਨ ਤਗਮੇ ਜਿੱਤੇ। ਅਭੈ ਮਿਸ਼ਰਾ ਨੇ ਰਿਦਮਿਕ ਪੇਅਰ ਮੈਨਜ਼ ਐਂਡ ਆਰਟਿਸਟਿਕ ਗਰੁੱਪ ਵਿੱਚ ਦੋ ਸੋਨ ਤਗਮੇ ਜਿੱਤੇ, ਅਤੇ ਪੇਰੀਵਲ ਅਲਕਾ ਕਨ੍ਹਈਆਲਾਲ ਨੇ ਬੈਕ ਬੈਂਡਿੰਗ ਇੰਡੀਵਿਜੁਅਲ ਐਂਡ ਟ੍ਰੈਡੀਸ਼ਨਲ ਗਰੁੱਪ ਵਿੱਚ ਦੋ ਸੋਨ ਤਗਮੇ ਜਿੱਤੇ। ਅਭੈ ਬਰਮਨ ਨੇ ਆਰਟਿਸਟਿਕ ਪੇਅਰ ਵਿੱਚ, ਦੇਵ ਨੇ ਆਰਟਿਸਟਿਕ ਗਰੁੱਪ ਵਿੱਚ, ਪ੍ਰਵੀਨ ਪਾਠਕ ਨੇ ਟ੍ਰੈਡੀਸ਼ਨਲ ਗਰੁੱਪ ਵਿੱਚ, ਅਤੇ ਸਪਨਾ ਪਾਲ ਨੇ ਬੈਕ ਬੈਂਡਿੰਗ ਟ੍ਰੈਡੀਸ਼ਨਲ ਗਰੁੱਪ ਵਿੱਚ ਸੋਨ ਤਗਮਾ ਜਿੱਤਿਆ। ਐਥਲੀਟਾਂ ਨੂੰ ਵਧਾਈ ਦਿੰਦੇ ਹੋਏ, ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਦੇ ਸੰਸਥਾਪਕ ਚਾਂਸਲਰ ਅਤੇ ਸੰਸਦ ਮੈਂਬਰ (ਰਾਜ ਸਭਾ) ਡਾ. ਅਸ਼ੋਕ ਕੁਮਾਰ ਮਿੱਤਲ ਨੇ ਕਿਹਾ, 'ਯੋਗਾ ਭਾਰਤ ਦੇ ਦੁਨੀਆ ਨੂੰ ਦਿੱਤੇ ਸਭ ਤੋਂ ਵੱਡੇ ਤੋਹਫ਼ਿਆਂ ਵਿੱਚੋਂ ਇੱਕ ਹੈ, ਜੋ ਅਨੁਸ਼ਾਸਨ, ਸੰਤੁਲਨ ਅਤੇ ਸੰਪੂਰਨ ਤੰਦਰੁਸਤੀ ਦਾ ਪ੍ਰਤੀਕ ਹੈ।'

ਬੋਲੈਰੋ ਪਿੱਕਅੱਪ ਪਲਟੀ, ਜਾਨੀ ਨੁਕਸਾਨ ਤੋਂ ਬਚਾਅ

ਬਲਾਚੌਰ (ਜਸਵਿੰਦਰ ਬੈਂਸ)- ਰੋਪੜ ਫਗਵਾੜਾ ਨੈਸ਼ਨਲ ਹਾਈਵੇਜ ਤੇ ਪਿੰਡ ਪਨਿਆਲੀ ਨੇੜੇ ਟੋਲ ਪਲਾਜਾ ਬੱਛਵਾਂ ਕੋਲ ਇੱਕ ਬੋਲੈਰੋ ਪਿੱਕਅੱਪ ਗੱਡੀ ਦੇ ਅਚਾਨਕ ਸੰਤੁਲਨ ਵਿਗੜਨ ਕਾਰਨ ਸੜਕ 'ਤੇ ਪਲਟ ਜਾਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਰਾਹਤ ਦੀ ਗੱਲ

ਇਹ ਰਹੀ ਕਿ ਇਸ ਹਾਦਸੇ ਵਿੱਚ ਕੋਈ ਜਾਨੀ ਨੁਕਸਾਨ ਨਹੀਂ ਹੋ ਇਆ।ਮਿਲੀ ਜਾਣਕਾਰੀ ਮੁਤਾਬਕ, ਇੱਕ ਬੋਲੈਰੋ ਪਿੱਕਅੱਪ ਗੱਡੀ , ਜਿਸ ਨੂੰ ਚਾਲਕ ਪ੍ਰਕਾਸ਼ ਸਿੰਘ ਵਾਸੀ ਮਾਜਰੀ, ਰੋਪੜ ਚਲਾ ਰਿਹਾ ਸੀ, ਰੋਪੜ ਤੋਂ ਬਲਾਚੌਰ ਸਾਈਡ ਵੱਲ ਜਾ ਰਹੀ ਸੀ। ਪਨਿਆਲੀ ਨਜਦੀਕ ਪਹੁੰਚਣ 'ਤੇ ਅਚਾਨਕ ਗੱਡੀ ਦਾ ਸੰਤੁਲਨ ਵਿਗੜ ਗਿਆ ਅਤੇ ਉਹ ਸੜਕ ਦੇ ਵਿਚਕਾਰ ਹੀ ਪਲਟ ਗਈ। ?ਹਾਦਸੇ ਦੀ ਸੂਚਨਾ ਮਿਲਦੇ ਹੀ ਮੌਕੇ 'ਤੇ ਪਹੁੰਚ ਕੇ ਕਾਰਵਾਈ ਸ਼ੁਰੂ ਕੀਤੀ ਗਈ। ਨੈਸ਼ਨਲ ਹਾਈਵੇ ਅਥਾਰਟੀ ਆਫ਼ ਇੰਡੀਆ ਦੀ ਰਿਕਵਰੀ ਟੀਮ ਦੀ ਮਦਦ ਨਾਲ ਪਲਟੀ ਹੋਈ ਗੱਡੀ ਨੂੰ ਸਿੱਧਾ ਕਰਵਾ ਕੇ ਸੜਕ ਦੇ ਇੱਕ ਪਾਸੇ ਕਰਵਾਇਆ ਗਿਆ, ਜਿਸ ਤੋਂ ਬਾਅਦ ਹਾਈਵੇ 'ਤੇ ਟ੍ਰੈਫ਼ਿਕ ਨੂੰ ਸੁਚਾਰੂ ਢੰਗ ਨਾਲ ਚਾਲੂ ਕਰ ਦਿੱਤਾ ਗਿਆ।

ਸੰਤ ਨਿਰੰਜਨ ਦਾਸ ਨੂੰ ਪਦਮਸ੍ਰੀ ਐਵਾਰਡ ਮਿਲਣ 'ਤੇ ਸ਼ੁਭਕਾਮਨਾਵਾਂ ਭੇਟ

ਹੁਸ਼ਿਆਰਪੁਰ (ਓ ਪੀ ਰਾਣਾ, ਬਲਵੀਰ ਸਿੰਘ ਸੈਣੀ)- ਡੇਰਾ ਸੱਚਖੰਡ ਬੱਲਾਂ ਦੇ ਗੱਦੀਨਸ਼ੀਨ ਸੰਤ ਨਿਰੰਜਨ ਦਾਸ ਜੀ ਨੂੰ ਦੇਸ਼ ਦੀ ਰਾਸ਼ਟਰਪਤੀ ਦਰੋਪਦੀ ਮੁਰਮੂ ਵਲੋਂ ਪਦਮਸ਼੍ਰੀ ਐਵਾਰਡ

ਨਾਲ ਸਨਮਾਨਤ ਕੀਤਾ ਗਿਆ, ਜਿਸ ਨਾਲ ਸਮੁੱਚੇ ਸੰਤ ਸਮਾਜ ਅੰਦਰ ਖੁਸ਼ੀ ਦੀ ਲਹਿਰ ਹੈ। ਡੇਰਾ ਸੱਚਖੰਡ ਬੱਲਾਂ ਵਿਖੇ ਪਹੁੰਚ ਕੇ ਡੇਰਾ ਸੱਚਖੰਡ ਮਹਾਨ ਪੁਰੀ ਸਾਹਰੀ ਦੇ ਮੌਜੂਦਾ ਗੱਦੀਨਸ਼ੀਨ ਸੰਤ ਬਲਵੀਰ ਦਾਸ ਜੀ, ਸੰਤ ਬਲਵੰਤ ਸਿੰਘ ਡੀਂਗਰੀਆਂ, ਸੰਤ ਮਨਜੀਤ ਦਾਸ ਹਿਮਾਚਲ ਵੱਲੋਂ ਸ਼ੁੱਭਕਾਮਨਾਵਾਂ ਤੇ ਮੁਬਾਰਕਬਾਦ ਭੇਟ ਕੀਤੀ ਅਤੇ ਪਦਮਸ੍ਰੀ ਮਿਲਣ 'ਤੇ ਸੰਤ ਨਿਰੰਜਨ ਦਾਸ ਨੂੰ ਸਿਰੋਪਾਓ ਭੇਟ ਕਰਕੇ ਸਨਮਾਨਤ ਕੀਤਾ ਅਤੇ ਨਿੱਘਾ ਸਵਾਗਤ ਕੀਤਾ।ਇਸ ਮੌਕੇ ਸੰਤ ਪ੍ਰਦੀਪ ਦਾਸ ਕੂਪੁਰ ਢੇਪੁਰ ਕਠਾਰ ਵੀ ਮੌਜੂਦ ਸਨ । ਇਸ ਮੌਕੇ ਸੰਤ ਬਲਵੀਰ ਦਾਸ ਨੇ ਕਿਹਾ ਕਿ ਇਹ ਪੂਰੀ ਕੌਮ ਲਈ ਬਹੁਤ ਮਾਣ ਵਾਲੀ ਗੱਲ ਹੈ। ਉਨ੍ਹਾਂ ਕਿਹਾ ਕਿ ਸਤਿਗੁਰੂ ਰਵਿਦਾਸ ਮਹਾਰਾਜ ਜੀ ਅਤੇ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੀ ਮਹਾਨ ਕ੍ਰਿਪਾ ਨਾਲ ਕੌਮ ਨੂੰ ਅਜਿਹੇ ਸਨਮਾਨ ਪ੍ਰਾਪਤ ਹੋ ਰਹੇ ਹਨ। ਇਸ ਮੌਕੇ ਡੇਰਾ ਬੱਲਾਂ ਵੱਲੋਂ ਸੰਤਾਂ ਮਹਾਂਪੁਰਸ਼ਾਂ ਨੂੰ ਸਿਰੋਪਾਓ ਭੇਟ ਕਰਕੇ ਵਿਸ਼ੇਸ਼ ਸਨਮਾਨਤ ਕੀਤਾ ਗਿਆ।

ਨਸ਼ਾ ਤਸਕਰ ਔਰਤ ਗ੍ਰਿਫ਼ਤਾਰ

ਟਾਂਡਾ ਉੜਮੁੜ (ਮਿਥਲੇਸ ਗਰਗ, ਜਸਵਿੰਦਰ ਸੰਧੂ)- ਟਾਂਡਾ ਪੁਲਿਸ ਨੇ ਇੱਕ ਔਰਤ ਨੂੰ ਨਸ਼ੇ ਵਾਲੀਆਂ ਗੋਲੀਆਂ ਸਮੇਤ ਗ੍ਰਿਫਤਾਰ ਕੀਤਾ ਹੈ। ਇਸ ਬਾਰੇ ਜਾਣਕਾਰੀ ਦਿੰਦੇ ਹੋਏ ਥਾਣਾ ਟਾਂਡਾ ਦੇ ਮੁਖੀ ਇੰਸਪੈਕਟਰ ਗੁਰਿੰਦਰਜੀਤ ਸਿੰਘ ਨਾਗਰਾ ਨੇ ਦੱਸਿਆ ਕਿ ਜ਼ਿਲਾ ਪੁਲਿਸ ਮੁਖੀ ਸੰਦੀਪ ਕੁਮਾਰ ਮਲਿਕ ਅਤੇ ਡੀ ਐੱਸ ਪੀ ਟਾਂਡਾ ਦਵਿੰਦਰ ਸਿੰਘ ਬਾਜਵਾ ਦੀ ਅਗਵਾਈ ਵਿੱਚ ਏ ਐੱਸ ਆਈ ਮਨਿੰਦਰ ਕੌਰ ਦੀ ਟੀਮ ਵੱਲੋਂ ਦਸ਼ਮੇਸ਼ ਨਗਰ ਟਾਂਡਾ ਨਜਦੀਕ ਗਸ਼ਤ ਦੌਰਾਨ ਗ੍ਰਿਫਤਾਰ ਕੀਤੀ ਗਈ ਨਸ਼ਾ ਤਸਕਰ ਔਰਤ ਦੀ ਪਹਿਚਾਨ ਨੇਹਾ ਪੁੱਤਰੀ ਸਰਬਜੀਤ ਵਾਸੀ ਚੰਡੀਗੜ੍ਹ ਕਲੋਨੀ ਵਜੋਂ ਹੋਈ ਹੈ। ਉਹਨਾਂ ਹੋਰ ਦੱਸਿਆ ਕਿ ਉਕਤ ਨਸ਼ਾ ਤਸਕਰ ਔਰਤ ਕੋਲੋਂ ਨਸ਼ੇ ਵਾਲੀਆਂ 50 ਗੋਲੀਆਂ ਬਰਾਮਦ ਕਰਕੇ ਉਸ ਖਿਲਾਫ ਐੱਨ ਡੀ ਪੀ ਐੱਸ ਐਕਟ ਦੀ ਧਾਰਾ ਅਧੀਨ ਮਾਮਲਾ ਦਰਜ ਕੀਤਾ ਗਿਆ ਹੈ।

ਵੜਿੰਗ ਨੂੰ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦਾ ਪ੍ਰਧਾਨ ਬਣਾਉਣ 'ਤੇ ਹਾਈਕਮਾਨ ਦਾ ਧੰਨਵਾਦ

ਬੰਗਾ (ਅਵਤਾਰ ਕਲੇਰ)- ਕਾਂਗਰਸ ਹਾਈ ਕਮਾਂਡ ਵੱਲੋਂ ਅਮਰਿੰਦਰ ਸਿੰਘ ਰਾਜਾ ਵੜਿੰਗ ਨੂੰ ਮੁੜ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦਾ ਪ੍ਰਧਾਨ ਨਿਯੁਕਤ ਕਰਕੇ ਉਨ੍ਹਾਂ ਉੱਤੇ ਦੁਬਾਰਾ ਭਰੋਸਾ ਜਤਾਉਣ ਤੋਂ ਬਾਅਦ

ਪੰਜਾਬ ਕਾਂਗਰਸ ਵਿੱਚ ਖੁਸ਼ੀ ਅਤੇ ਏਕਤਾ ਦੀ ਲਹਿਰ ਦੌੜ ਗਈ ਹੈ। ਸੂਬੇ ਭਰ ਦੇ ਕਾਂਗਰਸੀ ਆਗੂਆਂ ਨੇ ਇਸ ਫ਼ੈਸਲੇ ਦਾ ਸਵਾਗਤ ਕਰਦਿਆਂ, ਇਸਨੂੰ ਵੜਿੰਗ ਦੀ ਗਤੀਸ਼ੀਲ ਅਗਵਾਈ ਅਤੇ ਸੰਗਠਨਾਤਮਕ ਯੋਗਤਾ ਦੀ ਵੱਡਾ ਪ੍ਰਮਾਣ ਕਰਾਰ ਦਿੱਤਾ ਹੈ।ਇਸ ਮੌਕੇ ਵਿਰੋਧੀ ਧਿਰ ਦੇ ਆਗੂ ਰਾਹੁਲ ਗਾਂਧੀ, ਏਆਈਸੀਸੀ ਪ੍ਰਧਾਨ ਮੱਲਿਕਾਰਜੁਨ ਖੜਗੇ ਅਤੇ ਕਾਂਗਰਸ ਦੀ ਕੌਮੀ ਜਨਰਲ ਸਕੱਤਰ ਪ੍ਰਿਯੰਕਾ ਗਾਂਧੀ ਦਾ ਧੰਨਵਾਦ ਪ੍ਰਗਟਾਉਂਦਿਆਂ, ਜ਼ਿਲ੍ਹਾ ਕਾਂਗਰਸ ਕਮੇਟੀ ਐੱਸ ਬੀ ਐੱਸ ਨਗਰ ਦੇ ਸਾਬਕਾ ਪ੍ਰਧਾਨ ਸਤਵੀਰ ਸਿੰਘ ਪੱਲੀਝਿੱਕੀ, ਪ੍ਰਦੇਸ਼ ਕਾਂਗਰਸ ਕਮੇਟੀ ਦੇ ਕਾਰਜਕਾਰੀ ਪ੍ਰਧਾਨ ਸੁਖਵਿੰਦਰ ਸਿੰਘ ਡੈਨੀ, ਪੰਜਾਬ ਲਾਰਜ ਇੰਡਸਟਰੀਅਲ ਡਿਵੈਲਪਮੈਂਟ ਬੋਰਡ ਦੇ ਸਾਬਕਾ ਚੇਅਰਮੈਨ ਅਤੇ ਸੀਨੀਅਰ ਕਾਂਗਰਸੀ ਆਗੂ ਪਵਨ ਦੀਵਾਨ, ਪਟਿਆਲਾ ਦੇ ਸਾਬਕਾ ਮੇਅਰ ਸੰਜੀਵ ਬਿੱਟੂ ਅਤੇ ਕਾਂਗਰਸੀ ਆਗੂ ਦਰਵਜੀਤ ਸਿੰਘ ਪੂਨੀ ਨੇ ਵੜਿੰਗ ਦੀ ਅਗਵਾਈ ਉੱਤੇ ਮੁੜ ਭਰੋਸਾ ਜਤਾਉਣ ਲਈ ਧੰਨਵਾਦ ਪ੍ਰਗਟ ਕੀਤਾ ਹੈ।

ਪੱਲੀਝਿੱਕੀ ਅਤੇ ਦੀਵਾਨ ਨੇ ਕਿਹਾ ਕਿ ਵੜਿੰਗ ਨੂੰ ਸੂਬਾ ਕਾਂਗਰਸ ਦੇ ਪ੍ਰਧਾਨ ਵਜੋਂ ਬਰਕਰਾਰ ਰੱਖਣ ਦਾ ਫ਼ੈਸਲਾ ਪੰਜਾਬ ਕਾਂਗਰਸ ਵਿੱਚ ਵਿਸ਼ਵਾਸ ਦੀ ਮੁੜ ਪੁਸ਼ਟੀ ਅਤੇ ਨਵੀਂ ਤਾਕਤ ਦਾ ਪ੍ਰਤੀਕ ਹੈ। ਉਨ੍ਹਾਂ ਨੇ ਕਿਹਾ ਕਿ ਵੜਿੰਗ ਨੇ 2024 ਦੀਆਂ ਲੋਕ ਸਭਾ ਚੋਣਾਂ ਵਿੱਚ ਪੰਜਾਬ ਦੀਆਂ 13 ਵਿੱਚੋਂ 7 ਸੀਟਾਂ ਜਿਤਾ ਕੇ ਆਪਣੀ ਯੋਗਤਾ ਸਾਬਤ ਕੀਤੀ।

ਗਾਇਕ ਐੱਸ ਹਰਸ਼ ਦਾ ਨਵਾਂ ਗੀਤ 'ਦਾਰੂ ਗੰਨੇ ਦੇ ਗੁੜ ਦੀ' ਰਿਲੀਜ਼

ਨਕੋਦਰ (ਮਨਜੀਤ ਮਾਨ) ਪੰਜਾਬੀ ਮਿਊਜ਼ਿਕ ਇੰਡਸਟਰੀ ਵਿੱਚ ਉਸਾਰੂ ਅਤੇ ਸਾਫ਼-ਸੁਥਰੀ ਗਾਇਕੀ ਨੂੰ ਅੱਗੇ ਵਧਾਉਂਦਿਆਂ, ਹਲਕਾ ਸ਼ਾਹਕੋਟ ਦੇ ਮਸ਼ਹੂਰ ਤੇ ਸੁਰੀਲੇ ਗਾਇਕ ਐੱਸ ਹਰਸ਼ ਦਾ ਨਵਾਂ ਗੀਤ 'ਦਾਰੂ ਗੰਨੇ ਦੇ ਗੁੜ ਦੀ' ਸਰੋਤਿਆਂ ਦੀ ਕਚਹਿਰੀ ਵਿੱਚ ਪੇਸ਼ ਕੀਤਾ ਗਿਆ ਹੈ। 4 ਜੁਲਾਈ ਨੂੰ ਰਿਲੀਜ਼ ਹੋਏ ਇਸ ਗੀਤ ਨੂੰ ਦਰਸ਼ਕਾਂ ਵੱਲੋਂ ਯੂ-ਟਿਊਬ ਅਤੇ ਸੋਸ਼ਲ ਮੀਡੀਆ 'ਤੇ ਭਰਪੂਰ ਪਿਆਰ ਅਤੇ ਸਹਿਯੋਗ ਮਿਲ ਰਿਹਾ ਹੈ। ਇਸ ਗੀਤ ਨੂੰ ਪ੍ਰਸਿੱਧ ਗੀਤਕਾਰ ਸਾਬੀ ਤਲਵੰਡੀ ਨੇ ਆਪਣੀ ਕਲਮ ਨਾਲ ਬਹੁਤ ਹੀ ਖ਼ੂਬਸੂਰਤ ਅੰਦਾਜ਼ ਵਿੱਚ ਸ਼ਿੰਗਾਰਿਆ ਹੈ। ਗੀਤ ਦਾ ਸ਼ਾਨਦਾਰ ਸੰਗੀਤ 'ਅਮਰ ਬੀਟਸ' ਵੱਲੋਂ ਤਿਆਰ ਕੀਤਾ ਗਿਆ ਹੈ ਅਤੇ ਇਸ ਨੂੰ ਉਨ੍ਹਾਂ ਦੇ ਆਫ਼ੀਸ਼ੀਅਲ ਯੂ-ਟਿਊਬ ਚੈਨਲ 'ਤੇ ਰਿਲੀਜ਼ ਕੀਤਾ ਗਿਆ ਹੈ।ਜ਼ਿਕਰਯੋਗ ਹੈ ਕਿ ਗਾਇਕ ਐੱਸ ਹਰਸ਼ ਇਸ ਤੋਂ ਪਹਿਲਾਂ ਵੀ ਕਈ ਸਫ਼ਲ ਧਾਰਮਿਕ ਐਲਬਮਾਂ ਸਰੋਤਿਆਂ ਦੀ ਝੋਲੀ ਪਾ ਚੁੱਕੇ ਹਨ, ਜਿਨ੍ਹਾਂ ਨੂੰ ਲੋਕਾਂ ਵੱਲੋਂ ਕਾਫੀ ਸਰਾਹਿਆ ਗਿਆ ਸੀ। ਹੁਣ ਉਨ੍ਹਾਂ ਦੇ ਇਸ ਨਵੇਂ ਕਮਰਸ਼ੀਅਲ ਗੀਤ ਨੂੰ ਵੀ ਸੰਗੀਤ ਪ੍ਰੇਮੀਆਂ ਵੱਲੋਂ ਖ਼ੂਬ ਪਸੰਦ ਕੀਤਾ ਜਾ ਰਿਹਾ ਹੈ।ਇਸ ਖ਼ਾਸ ਮੌਕੇ 'ਤੇ ਗੀਤ ਦੀ ਪੂਰੀ ਟੀਮ ਸਿੰਗਰ ਐੱਸ ਹਰਸ਼, ਮਿਊਜ਼ਿਕ ਡਾਇਰੈਕਟਰ ਅਮਰ ਬੀਟਸ, ਅਤੇ ਗੀਤਕਾਰ ਸਾਬੀ ਤਲਵੰਡੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

ਬੇਜ਼ਮੀਨੇ ਮਜ਼ਦੂਰਾਂ ਦੀਆਂ ਮੰਗਾਂ ਨੂੰ ਅਣਗੌਲਿਆ ਕਰਨ ਵਿਰੁੱਧ ਰੈਲੀ 5 ਅਗਸਤ ਨੂੰ

ਜਲੰਧਰ (ਰਾਜੇਸ਼ ਥਾਪਾ) ਦਿਹਾਤੀ ਮਜ਼ਦੂਰ ਸਭਾ ਦੀ ਸੂਬਾ ਵਰਕਿੰਗ ਕਮੇਟੀ ਦੀ ਮੀਟਿੰਗ ਸਾਥੀ ਦਰਸ਼ਨ ਨਾਹਰ ਦੀ ਪ੍ਰਧਾਨਗੀ ਹੇਠ ਦੇਸ਼ ਭਗਤ ਯਾਦਗਾਰ ਜਲੰਧਰ ਵਿਖੇ ਹੋਈ।ਸਭਾ ਦੇ ਸੂਬਾ ਜਨਰਲ ਸਕੱਤਰ ਗੁਰਨਾਮ ਸਿੰਘ ਦਾਊਦ ਨੇ ਦੇਸ਼ ਦੀ ਮੌਜੂਦਾ ਰਾਜਨੀਤਿਕ ਅਵਸਥਾ 'ਤੇ ਵਿਸਥਾਰ ਸਹਿਤ ਜਾਣਕਾਰੀ ਦਿੰਦਿਆਂ ਦੱਸਿਆ ਕਿ ਮੋਦੀ

ਸਰਕਾਰ ਨੇ ਉਦਾਰੀਕਰਨ, ਸੰਸਾਰੀਕਰਨ ਅਤੇ ਨਿੱਜੀਕਰਨ ਦੀਆਂ ਨੀਤੀਆਂ ਨੂੰ ਤੇਜ਼ੀ ਨਾਲ ਲਾਗੂ ਕਰਕੇ ਪਬਲਿਕ ਸੈਕਟਰ ਤਬਾਹ ਕਰ ਦਿੱਤਾ ਹੈ । ਮਹਿੰਗਾਈ ਨੇ ਗਰੀਬਾਂ ਅਤੇ ਆਮ ਲੋਕਾਂ ਦਾ ਜਿਊਂਣਾ ਦੁਭਰ ਕਰ ਦਿੱਤਾ ਹੈ। ਰਹਿੰਦੀ ਕਸਰ ਪੈਟਰੋਲ ਡੀਜਲ ਅਤੇ ਗੈਸ ਦੀਆਂ ਕੀਮਤਾਂ ਵਿੱਚ ਬੇਤਹਾਸ਼ਾ ਵਾਧਾ ਕਰਕੇ ਪੂਰੀ ਕਰ ਦਿੱਤੀ ਹੈ।

ਬੇਰੁਜ਼ਗਾਰੀ ਸਭ ਹੱਦਾਂ ਬੰਨੇ ਪਾਰ ਕਰ ਗਈ ਹੈ। ਮਨਰੇਗਾ ਕਾਨੂੰਨ ਨੂੰ ਖ਼ਤਮ ਕਰਕੇ ਵਿਕਸਤ ਭਾਰਤ ਜੀ ਰਾਮ ਜੀ ਕਾਨੂੰਨ ਬਣਾ ਕੇ ਮਜ਼ਦੂਰਾਂ ਦੇ ਬਲਦੇ ਚੁੱਲੇ ਠੰਡੇ ਪਾ ਦਿੱਤੇ ਹਨ। ਮਜ਼ਦੂਰ ਜਥੇਬੰਦੀਆਂ ਲਗਾਤਾਰ ਸੰਘਰਸ਼ ਕਰਦੀਆਂ ਆ ਰਹੀਆਂ ਹਨ, ਪਰ ਲਾਰਿਆਂ ਅਤੇ ਫੋਕੇ ਵਾਅਦਿਆਂ ਤੋਂ ਬਿਨਾਂ ਕੁਝ ਵੀ ਪੱਲੇ ਨਹੀਂ ਪਿਆ। ਮੀਟਿੰਗ ਦੇ ਫੈਸਲੇ ਦੇ ਜਾਰੀ ਕਰਦਿਆਂ ਸੂਬਾ ਵਿੱਤ ਸਕੱਤਰ ਸ਼ਮਸ਼ੇਰ ਸਿੰਘ ਬਟਾਲਾ, ਪ੍ਰੈਸ ਸਕੱਤਰ ਬਲਦੇਵ ਨੂਰਪੁਰੀ ਨੇ ਦੱਸਿਆ ਕਿ ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮੋਰਚੇ ਵੱਲੋਂ ਬੇਜ਼ਮੀਨੇ ਮਜ਼ਦੂਰਾਂ ਦੀਆਂ ਹੱਕੀ ਮੰਗਾਂ ਨੂੰ ਪੰਜਾਬ ਸਰਕਾਰ ਵੱਲੋਂ ਲਗਾਤਾਰ ਅਣਗੌਲਿਆ ਕਰਨ ਵਿਰੁੱਧ 5 ਅਗਸਤ ਨੂੰ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਸੂਬਾ ਪੱਧਰੀ ਵਿਸ਼ਾਲ ਰੈਲੀ ਕਰਕੇ, ਮੁੱਖ ਮੰਤਰੀ ਦੀ ਜਲੰਧਰ ਸਥਿਤ ਰਿਹਾਇਸ਼ ਵੱਲ ਮਾਰਚ ਕੀਤਾ ਜਾਵੇਗਾ।

ਨਗਰ ਕੌਂਸਲ ਮੋਰਿੰਡਾ ਦੇ ਪ੍ਰਧਾਨ ਦੀ ਚੋਣ ਮੁਲਤਵੀ

ਮੋਰਿੰਡਾ (ਨਿਹਾਲ ਸਿੰਘ ਕਲਸੀ) ਜ਼ਿਲ੍ਹਾ ਰੂਪਨਗਰ ਦੇ ਡਿਪਟੀ ਕਮਿਸ਼ਨਰ ਦੇ ਹੁਕਮਾਂ ਅਨੁਸਾਰ ਨਗਰ ਕੌਂਸਲ ਮੋਰਿੰਡਾ ਦੇ ਪ੍ਰਧਾਨ ਅਤੇ ਮੀਤ ਪ੍ਰਧਾਨ ਦੇ ਅਹੁਦਿਆਂ ਦੀ ਚੋਣ ਲਈ ਨਗਰ ਕੌਂਸਲ ਮੋਰਿੰਡਾ ਦੀ ਮੀਟਿੰਗ ਬੁੱਧਵਾਰ ਨੂੰ ਹੋਣੀ ਤਹਿ ਹੋਈ ਸੀ ਪ੍ਰੰਤੂ ਮੀਟਿੰਗ ਚੋਣ ਕਨਵੀਨਰ-ਕਮ-ਉਪ ਮੰਡਲ ਮੈਜਿਸਟ੍ਰੇਟ (ਐੱਸ ਡੀ ਐੱਮ) ਮੋਰਿੰਡਾ ਦੀ ਅਚਾਨਕ ਤਬੀਅਤ ਖ਼ਰਾਬ ਹੋਣ ਕਾਰਨ ਮੀਟਿੰਗ ਮੁਅੱਤਲ ਕਰ ਦਿੱਤੀ ਗਈ। ਐੱਸ ਡੀ ਐੱਮ ਮੋਰਿੰਡਾ

ਵੱਲੋਂ ਜਾਰੀ ਨਵੇਂ ਆਦੇਸ਼ਾਂ ਅਨੁਸਾਰ ਹੁਣ ਇਹ ਚੋਣ ਮੀਟਿੰਗ 10 ਜੁਲਾਈ ਨੂੰ ਸ਼ਾਮ 3 ਵਜੇ ਨਗਰ ਕੌਂਸਲ ਮੋਰਿੰਡਾ ਦੇ ਮੀਟਿੰਗ ਹਾਲ ਵਿੱਚ ਰੱਖੀ ਗਈ ਹੈ। ਪ੍ਰਸ਼ਾਸਨ ਵੱਲੋਂ ਹਲਕਾ ਵਿਧਾਇਕ, ਸਮੂਹ ਨਵੇਂ ਚੁਣੇ ਕੌਂਸਲਰਾਂ ਅਤੇ ਕਾਰਜ ਸਾਧਕ ਅਫ਼ਸਰ ਨੂੰ ਇਸ ਸਬੰਧੀ ਤੁਰੰਤ ਸੂਚਿਤ ਕਰਦਿਆਂ ਨਿਯਤ ਸਮੇਂ 'ਤੇ ਮੀਟਿੰਗ ਵਿੱਚ ਪਹੁੰਚਣ ਦੀ ਅਪੀਲ ਕੀਤੀ ਗਈ ਹੈ। ਜ਼ਿਕਰਯੋਗ ਹੈ ਕਿ ਨਗਰ ਕੌਂਸਲ ਮੋਰਿੰਡਾ ਦੇ ਕੁੱਲ 15 ਵਾਰਡਾਂ ਹਨ ਇਹਨਾਂ ਵਿੱਚੋ 10 ਵਾਰਡਾਂ ਵਿੱਚੋਂ ਕਾਂਗਰਸ ਪਾਰਟੀ ਦੇ ਉਮੀਦਵਾਰ ਜੇਤੂ ਰਹੇ ਹਨ ਜਦੋਂ ਕਿ ਅਕਾਲੀ ਦਲ ਦਾ ਇਕ ਉਮੀਦਵਾਰ ਜੇਤੂ ਰਹੇ। ਚਾਰ ਵਾਰਡਾਂ ਵਿਚੋਂ ਅਜ਼ਾਦ ਉਮੀਦਵਾਰ ਜੇਤੂ ਰਹੇ ਹਨ। ਆਮ ਆਦਮੀ ਪਾਰਟੀ ਦਾ ਕੋਈ ਉਮੀਦਵਾਰ ਸਫਲ ਨਹੀਂ ਹੋ ਸਕਿਆ। ਦੂਜੇ ਪਾਸੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੇ ਜ਼ਿਲ੍ਹਾ ਪ੍ਰਸ਼ਾਸਨ ਤੇ ਦੋਸ਼ ਲਗਾਇਆ ਹੈ ਕਿ ਜ਼ਿਲ੍ਹਾ ਪ੍ਰਸ਼ਾਸਨ ਨੇ ਜਾਣਬੁੱਝ ਕੇ ਇਹ ਮੀਟਿੰਗ ਮੁਲਤਵੀ ਕੀਤੀ ਹੈ ਕਿਉਂਕਿ ਨਗਰ ਕੌਂਸਲ ਮੋਰਿੰਡਾ ਦੇ ਕੁੱਲ 15 ਕੌਂਸਲਰਾਂ ਵਿੱਚੋਂ 12 ਕੌਂਸਲਰ ਕਾਂਗਰਸ ਪਾਰਟੀ ਨਾਲ ਸਬੰਧਤ ਹਨ।

ਗੁਰਬਾਣੀ ਕੰਠ ਮੁਕਾਬਲਿਆਂ ਦੇ ਬੱਚੇ ਸਨਮਾਨਤ

ਅੱਡਾ ਸਰਾਂ (ਜਸਵੀਰ ਕਾਜਲ)- ਗੁਰਦੁਆਰਾ ਧੰਨ ਧੰਨ ਬਾਬਾ ਬਿਸ਼ਨ ਸਿੰਘ ਜੀ ਕੀਰਤਨ ਵਿਦਿਆਲਾ ਕੰਧਾਲਾ ਜੱਟਾਂ ਦੇ ਬੱਚਿਆਂ ਨੂੰ ਉੱਘੇ ਕੀਰਤਨੀਏ ਗਿਆਨੀ ਗੁਰਮੁਖ ਸਿੰਘ ਜੀ ਅਤੇ ਉਹਨਾਂ ਦੇ ਪਰਿਵਾਰ ਵੱਲੋਂ ਗੁਰਬਾਣੀ ਕੰਠ ਸਿਖਲਾਈ ਅਤੇ ਕੀਰਤਨ ਦੀ ਸਿਖਲਾਈ ਭੇਟਾ ਰਹਿਤ ਬੱਚਿਆਂ ਨੂੰ ਦਿੱਤੀ ਜਾਂਦੀ ਹੈ ਜੋ ਸ਼ਲਾਘਾਯੋਗ ਕਦਮ ਹੈ। ਇਸੇ ਵਿਦਿਆਲੇ ਦੇ ਵਿਦਿਆਰਥੀ ਗੁਰਦੁਆਰਾ ਸਿੰਘ ਸਭਾ ਹੁਸ਼ਿਆਰਪੁਰ ਵਿਖੇ ਕਰਵਾਏ ਬੱਚਿਆਂ ਦੇ ਗੁਰਬਾਣੀ ਕੰਠ ਮੁਕਾਬਲੇ ਸਮਾਗਮ ਦੌਰਾਨ ਨਵਿਸ਼ਕਾ ਕੌਰ ਸਪੁੱਤਰੀ ਚਰਨਜੀਤ ਸਿੰਘ ਕੰਧਾਲਾ ਜੱਟਾਂ ਅਤੇ ਮਨਪ੍ਰੀਤ ਕੌਰ ਸਪੁੱਤਰੀ ਰੂਪ ਸਿੰਘ ਨੂੰ ਪ੍ਰਬੰਧਕ ਕਮੇਟੀ ਵੱਲੋਂ ਵਿਸ਼ੇਸ਼ ਸਨਮਾਨ ਦੇ ਕੇ ਸਨਮਾਨਤ ਕੀਤਾ ਗਿਆ। ਉਹਨਾਂ ਕਿਹਾ ਕਿ ਸਮੇਂ ਦੀ ਲੋੜ ਹੈ ਬੱਚਿਆਂ ਨੂੰ ਗੁਰਬਾਣੀ ਦੇ ਨਾਲ ਜੋੜਨਾ ।ਸਾਲਾਨਾ ਗੁਰਬਾਣੀ ਕੰਠ ਮੁਕਾਬਲੇ ਦੇ ਵਿੱਚ ਹਰ ਸਾਲ ਬੱਚਿਆਂ ਦੀ ਗਿਣਤੀ ਵਧ ਰਹੀ ਹੈ ਜਿਸ ਨਾਲ ਪ੍ਰਬੰਧਕ ਕਮੇਟੀ ਹੋਰ ਵੀ ਹੌਸਲਾ ਵੱਧਦਾ ਹੈ!

ਸਾਲਾਨਾ ਜੋੜ ਮੇਲਾ ਸ਼ਾਨੋ-ਸ਼ੌਕਤ ਨਾਲ ਸਮਾਪਤ

ਬੰਗਾ (ਅਵਤਾਰ ਕਲੇਰ)- ਦਰਬਾਰ ਸਾਈਂ ਬਾਬਾ ਬੁਲੰਦੀ ਸ਼ਾਹ ਕਾਦਰੀ ਜੀ ਪਿੰਡ ਇੰਦਨਾਂ ਕਲਾਸਕੇ ਵਿਖੇ ਸਾਲਾਨਾ ਮੇਲਾ ਗੱਦੀ ਨਸ਼ੀਨ ਬੀਬੀ ਨਿਰਮਲਾ ਦੇਵੀ ਦੇ ਅਸ਼ੀਰਵਾਦ,ਪ੍ਰਬੰਧਕ

ਕਮੇਟੀ, ਨਗਰ ਨਿਵਾਸੀਆਂ,ਐੱਨ ਆਰ ਆਈ ਅਤੇ ਸਮੂਹ ਗ੍ਰਾਮ ਪੰਚਾਇਤ ਦੇ ਸਹਿਯੋਗ ਨਾਲ ਬੜੀ ਸ਼ਰਧਾ ਭਾਵਨਾਵਾਂ ਨਾਲ ਮਨਾਇਆ ਗਿਆ। ਇਸ ਦੋ ਦਿਨਾ ਮੇਲੇ ਦੌਰਾਨ ਪਹਿਲੇ ਦਿਨ ਝੰਡਾ ਚੜ੍ਹਾਉਣ ਦੀ ਰਸਮ ਅਦਾ ਕੀਤੀ, ਸ਼ਾਮ ਨੂੰ ਖ਼ੁਆਜਾ ਜ਼ਿੰਦਾ ਪੀਰ ਜੀ ਦੇ ਬੇੜੇ ਤਾਰਨ ਦੀ ਰਸਮ ਅਦਾ ਕੀਤੀ,ਉਪਰੰਤ ਚਿਰਾਗ ਰੌਸ਼ਨ ਕਰਨ ਦੀ ਰਸਮ ਅਦਾ ਕੀਤੀ। ਦੇਰ ਸ਼ਾਮ ਨੂੰ ਮਹਿੰਦੀ ਦੀ ਰਸਮ ਅਦਾ ਕੀਤੀ ਗਈ। ਮੇਲੇ ਦੇ ਦੂਸਰੇ ਦਿਨ ਪ੍ਰਬੰਧਕ ਕਮੇਟੀ ਅਤੇ ਸਮੂਹ ਸੰਗਤਾਂ ਵੱਲੋਂ ਚਾਦਰਾਂ ਚੜ੍ਹਾਉਣ ਦੀ ਰਸਮ ਅਦਾ ਕੀਤੀ, ਉਪਰੰਤ ਸਟੇਜ ਦੀ ਕਾਰਵਾਈ ਸ਼ੁਰੂ ਕੀਤੀ ਗਈ ਜਿਸ 'ਚ ਰੌਕੀ ਕਵਾਲ,ਗਾਇਕ ਲਵਪ੍ਰੀਤ ਲਵ , ਅਮਰੀਕ ਮਨੀ ਇੰਦਨਾਂ, ਪ੍ਰੀਤ ਨਕਾਲ ਆਦਿ ਨੇ ਹਾਜ਼ਰੀਆਂ ਭਰੀਆਂ। ਤ੍ਰਿਵੈਣੀ ਮੰਦਰ ਰੋਜ਼ਾ ਰਾਮ ਦਿੱਤੇ ਸ਼ਾਹ ਜੀ ਕਾਦਰੀ ਦੇ ਦਰਬਾਰ ਦੇ ਗੱਦੀ ਨਸ਼ੀਨ ਬਾਬਾ ਬਲਦੇਵ ਸ਼ਾਹ ਜੀ ਕਾਦਰੀ ਇੰਦਨਾਂ ਕਲਾਸਕੇ ਵਾਲਿਆ ਨੇ ਸੰਗਤਾਂ ਨੂੰ ਦਰਸ਼ਨ ਦਿਦਾਰੇ ਦਿੱਤੇ। ਪ੍ਰਬੰਧਕਾਂ ਵੱਲੋਂ ਪਹੁੰਚੇ ਹੋਏ ਸੰਤ ਮਹਾਂਪੁਰਸ਼ਾਂ, ਕਲਾਕਾਰਾਂ ਅਤੇ ਸੇਵਾਦਾਰਾਂ ਨੂੰ ਸਨਮਾਨਤ ਕੀਤਾ।

ਸਟੇਜ ਸਕੱਤਰ ਦੀ ਭੂਮਿਕਾ ਆਰ ਐਲ ਜੱਸੀ ਵਲੋਂ ਬਾਖੂਬੀ ਨਿਭਾਈ ਗਈ। ਇਸ ਮੌਕੇ ਪ੍ਰਿੰਸੀਪਲ ਗਿਆਨ ਸਿੰਘ ਦੋਸਾਂਝ ਕਲਾਂ, ਅਮੀਰ ਚੰਦ, ਬਲਵਿੰਦਰ ਕੁਮਾਰ, ਸਤਨਾਮ ਜੱਸੀ ਇੰਦਨਾਂ, ਸੰਦੀਪ ਵਾਲੀਆ,ਡਾ ਰਾਕੇਸ਼, ਸੇਵਾਦਾਰ ਸੁੱਚਾ ਰਾਮ ਤੋਂ ਇਲਾਵਾ ਸੰਗਤਾਂ ਹਾਜ਼ਰ ਸਨ।

ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਵੱਲੋਂ ਮੀਟਿੰਗ

ਮਾਹਿਲਪੁਰ (ਸਫਰੀ)- ਮੁਲਾਜ਼ਮ-ਪੈਨਸ਼ਨਰ ਸਾਂਝਾ ਫਰੰਟ ਦੀ ਗਿਆਰਾਂ ਜੁਲਾਈ ਦੀ ਹੁਸ਼ਿਆਰਪੁਰ ਤੇ 17 ਜੁਲਾਈ ਦੀ ਚੰਡੀਗੜ੍ਹ ਦੀ ਰੈਲੀ ਨੂੰ ਸਫਲ ਬਨਾਉਣ ਲਈ ਇੱਕ ਅਹਿਮ ਮੀਟਿੰਗ ਮਾਹਿਲਪੁਰ ਵਿਖੇ ਨਰਿੰਦਰ ਅਜਨੋਹਾ ਬਲਾਕ ਪ੍ਰਧਾਨ ਪ ਸ ਸ ਫ ਦੀ ਅਗਵਾਈ ਵਿੱਚ ਹੋਈ।ਨਰਿੰਦਰ ਅਜਨੋਹਾ, ਮੱਖਣ ਸਿੰਘ ਲੰਗੇਰੀ, ਅਮਰਜੀਤ ਕੁਮਾਰ ਨੰਗਲ ਖਿਲਾੜੀਆਂ, ਪਰਮਜੀਤ ਕਾਤਿਬ ਅਤੇ ਮਲਕੀਤ ਸਿੰਘ ਬਾਹੋਵਾਲ ਨੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵਲੋਂ ਪੁਰਾਣੀ ਪੈਨਸ਼ਨ ਬਹਾਲ ਕਰਨ, ਹਰ ਪ੍ਰਕਾਰ ਦੇ ਕੱਚੇ ਅਤੇ ਮਾਣਭੱਤੇ ਤੇ ਕੰਮ ਕਰਦੇ ਮੁਲਾਜ਼ਮਾਂ ਨੂੰ ਪੱਕਾ ਕਰਨ, ਪੈਨਸ਼ਨਰਜ ਨੂੰ 2.59 ਦਾ ਗੁਣਾਕ, ਪੇਅ-ਕਮਿਸ਼ਨ ਅਤੇ ਡੀ.ਏ ਦੇ ਬਕਾਏ, ਕੱਟੇ 37 ਭੱਤੇ ਬਹਾਲ ਕਰਨ , ਕੇਂਦਰੀ ਪੇ-ਕਮਿਸ਼ਨ ਰੱਦ ਕਰਨ ਅਤੇ ਕਈ ਹੋਰ ਹੱਕੀ ਅਤੇ ਜਾਇਜ ਮੰਗਾਂ ਮਨਵਾਉਣ ਲਈ ਉਪਰੋਕਤ ਐਕਸ਼ਨਾ ਦਾ ਫੈਸਲਾ ਕੀਤਾ ਹੈ।ਆਗੂਆਂ ਨੇ ਕਿਹਾ ਕਿ ਇਸ ਸਮੇਂ ਪੰਜਾਬ ਦੇ ਮੁਲਾਜ਼ਮ ਅਤੇ ਪੈਨਸ਼ਨਰ 25% ਤਨਖਾਹ ਅਤੇ ਪੈਨਸ਼ਨ ਘੱਟ ਲੈ ਰਹੇ ਹਨ।ਆਗੂਆਂ ਨੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ ਅਪੀਲ ਹੈ ਕਿ ਉਹ ਉਪਰੋਕਤ ਐਕਸ਼ਨਾਂ ਵਿੱਚ ਵੱਧ ਚੜ੍ਹ ਕੇ ਸ਼ਮੂਲੀਅਤ ਕਰਨ।ਇਸ ਮੌਕੇ ਨਰਿੰਦਰ ਅਜਨੋਹਾ, ਮੱਖਣ ਸਿੰਘ ਲੰਗੇਰੀ, ਅਮਰਜੀਤ ਕੁਮਾਰ, ਮਲਕੀਤ ਸਿੰਘ ਬਾਹੋਵਾਲ, ਪਰਮਜੀਤ ਕਾਤਿਬ, ਗੁਰਨਾਮ ਚੰਦ,ਬਾਬੂ ਓਮ ਦੱਤ, ਜੈ ਰਾਮ ਬਾੜੀਆਂ, ਸਰਬਜੀਤ ਸਿੰਘ, ਜਰਨੈਲ ਸਿੰਘ, ਵਰਿੰਦਰ ਸ਼ਰਮਾ, ਗੁਰਵਿੰਦਰ ਸਿੰਘ ਪ੍ਰਿੰਸ ਆਦਿ ਹਾਜ਼ਰ ਸਨ।

ਡਾ. ਪਰਮਜੀਤ ਲਾਲ ਨੇ ਸੀਨੀਅਰ ਮੈਡੀਕਲ ਅਫਸਰ ਵਜੋਂ ਅਹੁਦਾ ਸੰਭਾਲਿਆ

ਬਲਾਚੌਰ (ਜਸਵਿੰਦਰ ਬੈਂਸ)- ਡਾ. ਪਰਮਜੀਤ ਲਾਲ ਨੇ ਲੈਫ਼. ਜਨਰਲ ਬਿਕਰਮ ਸਿੰਘ ਸਬ ਡਵੀਜ਼ਨਲ ਹਸਪਤਾਲ ਬਲਾਚੌਰ ਵਿਖੇ ਬਤੌਰ ਸੀਨੀਅਰ ਮੈਡੀਕਲ ਅਫਸਰ ਆਪਣਾ ਅਹੁਦਾ ਸੰਭਾਲ ਲਿਆ ।

ਅਹੁਦਾ ਸੰਭਾਲਣ ਮੌਕੇ ਹਸਪਤਾਲ ਦੇ ਮੈਡੀਕਲ ਅਤੇ ਪੈਰਾ ਮੈਡੀਕਲ ਸਟਾਫ਼ ਵੱਲੋਂ ਉਨ੍ਹਾਂ ਦਾ ਗੁਲਦਸਤਾ ਭੇਟ ਕਰਕੇ ਨਿੱਘਾ ਸਵਾਗਤ ਕੀਤਾ ਗਿਆ।ਇਸ ਮੌਕੇ ਡਾ. ਪਰਮਜੀਤ ਲਾਲ ਨੇ ਹਸਪਤਾਲ ਦੇ ਅਧਿਕਾਰੀਆਂ ਤੇ ਕਰਮਚਾਰੀਆਂ ਨਾਲ ਪਲੇਠੀ ਮੀਟਿੰਗ ਕੀਤੀ। ਉਨ੍ਹਾਂ ਕਿਹਾ ਕਿ ਮਰੀਜ਼ਾਂ ਨੂੰ ਸਮੇਂ ਸਿਰ ਬਿਹਤਰ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਲਈ ਪੂਰੀ ਨਿਸ਼ਠਾ ਨਾਲ ਕੰਮ ਕੀਤਾ ਜਾਵੇ। ਉਨ੍ਹਾਂ ਹਦਾਇਤ ਕਰਦੇ ਹੋਏ ਕਿਹਾ ਕਿ ਉਹ ਜ਼ਿਲ੍ਹੇ ਵਿਚ ਰਾਸ਼ਟਰੀ ਅਤੇ ਸੂਬਾਈ ਸਿਹਤ ਪ੍ਰੋਗਰਾਮਾਂ ਦੇ ਨਿਰਧਾਰਤ ਟੀਚੇ ਪੂਰੇ ਕਰਨ ਲਈ ਹਰ ਸੰਭਵ ਕੋਸ਼ਿਸ਼ ਕਰਨ। ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਪੂਰੀ ਕੋਸ਼ਿਸ਼ ਹੋਵੇਗੀ ਕਿ ਹਸਪਤਾਲ ਵਿੱਚ ਇਲਾਜ ਕਰਾਉਣ ਸਮੇਂ ਮਰੀਜ਼ਾਂ ਨੂੰ ਕਿਸੇ ਵੀ ਕਿਸਮ ਦੀ ਕੋਈ ਵੀ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ ਅਤੇ ਇਲਾਜ ਲਈ ਮੁਫ਼ਤ ਦਵਾਈਆਂ ਸਮੇਤ ਸਾਰੀਆਂ ਲੋੜੀਂਦੀਆਂ ਸਹੂਲਤਾਂ ਸਰਕਾਰੀ ਸਿਹਤ ਸੰਸਥਾਵਾਂ ਵਿੱਚ ਹੀ ਮਿਲ ਜਾਣ। ਉਨ੍ਹਾਂ ਕਿਹਾ ਕਿ ਸਰਕਾਰੀ ਸਿਹਤ ਸਹੂਲਤਾਂ ਨੂੰ ਹੋਰ ਮਜ਼ਬੂਤ ਬਣਾਉਣ, ਸਟਾਫ਼ ਨਾਲ ਸਹਿਯੋਗ ਭਾਵਨਾ ਨਾਲ ਕੰਮ ਕਰਨ ਅਤੇ ਮਰੀਜ਼ਾਂ ਦੀ ਸੰਤੁਸ਼ਟੀ ਨੂੰ ਪ੍ਰਾਥਮਿਕਤਾ ਦੇਣਾ ਉਨ੍ਹਾਂ ਦੀ ਪਹਿਲ ਰਹੇਗੀ। ਉਨ੍ਹਾਂ ਇਹ ਵੀ ਕਿਹਾ ਕਿ ਹਸਪਤਾਲ ਵਿੱਚ ਚੱਲ ਰਹੀਆਂ ਸਿਹਤ ਯੋਜਨਾਵਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕੀਤਾ ਜਾਵੇਗਾ ਤਾਂ ਜੋ ਇਲਾਕੇ ਦੇ ਲੋਕਾਂ ਨੂੰ ਵਧੀਆ ਸਿਹਤ ਸਹੂਲਤਾਂ ਦਾ ਲਾਭ ਮਿਲ ਸਕੇ।

'ਸਤਲੁਜ' 'ਤੇ ਪਾਬੰਦੀ ਦੀ ਨਿਖੇਧੀ

ਮੁਹਾਲੀ (ਗੁਰਜੀਤ ਬਿੱਲਾ)- ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਅਤੇ ਹਲਕਾ ਇੰਚਾਰਜ ਪਰਵਿੰਦਰ ਸਿੰਘ ਸੋਹਾਣਾ ਨੇ ਸ਼ਹੀਦ ਭਾਈ ਜਸਵੰਤ ਸਿੰਘ ਖਾਲੜਾ ਦੇ ਜੀਵਨ 'ਤੇ ਆਧਾਰਿਤ ਫ਼ਿਲਮ 'ਸਤਲੁਜ' ਦੇ ਪ੍ਰਸਾਰਣ 'ਤੇ ਭਾਰਤ ਅੰਦਰ ਲਗਾਈ ਪਾਬੰਦੀ ਦੀ ਕਰੜੇ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ। ਉਨ੍ਹਾਂ ਕੇਂਦਰ ਸਰਕਾਰ ਨੂੰ ਅਪੀਲ ਕੀਤੀ ਕਿ ਸਤਲੁਜ ਫ਼ਿਲਮ ਤੋਂ ਪਾਬੰਦੀ ਤੁਰੰਤ ਹਟਾਏ। ਸੋਹਾਣਾ ਨੇ ਅੱਗੇ ਕਿਹਾ ਕਿ ਪੰਜਾਬ ਵਿੱਚ ਹੋਏ ਝੂਠੇ ਮੁਕਾਬਲਿਆਂ ਦਾ ਕੌੜਾ ਸੱਚ ਮੁਹਾਲੀ ਦੀ ਸੀ ਬੀ ਆਈ ਅਦਾਲਤ ਵੱਲੋਂ ਕਈ ਪੁਲਿਸ ਅਧਿਕਾਰੀਆਂ ਨੂੰ ਦਿੱਤੀਆਂ ਸਖ਼ਤ ਸਜ਼ਾਵਾਂ ਰਾਹੀਂ ਸਾਬਤ ਹੋ ਚੁੱਕਾ ਹੈ।

ਤਰੰਨੁਮ ਕਵੀ ਦਰਬਾਰ 'ਆਵਾਜ਼-ਏ-ਕਲਮ' ਭਲਕੇ

ਫਗਵਾੜਾ (ਜਸਵਿੰਦਰ ਢੱਡਾ)- ਜ਼ਿਲ੍ਹਾ ਭਾਸ਼ਾ ਦਫ਼ਤਰ ਕਪੂਰਥਲਾ ਅਤੇ ਅਦਬੀ ਸਾਂਝ ਕਪੂਰਥਲਾ ਵੱਲੋਂ ਤਰੰਨੁਮ ਕਵੀ ਦਰਬਾਰ ਆਵਾਜ਼-ਏ-ਕਲਮ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਹ ਸਾਹਿਤਕ



ਸਮਾਗਮ 10 ਜੁਲਾਈ ਨੂੰ ਦੁਪਹਿਰ 03.00 ਵਜੇ ਜ਼ਿਲ੍ਹਾ ਭਾਸ਼ਾ ਦਫ਼ਤਰ, ਕਪੂਰਥਲਾ ਵਿਖੇ ਕਰਵਾਇਆ ਜਾਵੇਗਾ।ਇਸ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਅੰਤਰਰਾਸ਼ਟਰੀ ਪ੍ਰਸਿੱਧੀ ਪ੍ਰਾਪਤ ਸਾਹਿਤਕਾਰ ਅਤੇ ਚਿੰਤਕ ਡਾ. ਗੁਰਬਖ਼ਸ਼ ਸਿੰਘ ਭੰਡਾਲ (ਭੌਤਿਕ ਵਿਗਿਆਨ ਵਿਭਾਗ, ਕਲੀਵਲੈਂਡ ਸਟੇਟ ਯੂਨੀਵਰਸਿਟੀ, ਕਲੀਵਲੈਂਡ, ਓਹਿਓ ਯੂ.ਐੱਸ.ਏ) ਸ਼ਿਰਕਤ ਕਰਨਗੇ ਅਤੇ ਹਾਜ਼ਰੀਨ ਨਾਲ ਆਪਣੇ ਵਡਮੁੱਲੇ ਵਿਚਾਰ ਸਾਂਝੇ ਕਰਨਗੇ। ਸਮਾਗਮ ਦੀ ਪ੍ਰਧਾਨਗੀ ਇੰਜ. ਖ਼ਜ਼ਾਨ ਸਿੰਘ (ਸੰਸਥਾਪਕ, ਅਦਬੀ ਸਾਂਝ ਕਪੂਰਥਲਾ) ਵੱਲੋਂ ਕੀਤੀ ਜਾਵੇਗੀ। ਇਸ ਮੌਕੇ ਕਵੀ ਆਪਣੀਆਂ ਖ਼ੂਬਸੂਰਤ ਰਚਨਾਵਾਂ ਤਰੰਨੁਮ ਵਿੱਚ ਪੇਸ਼ ਕਰਕੇ ਸਮਾਗਮ ਨੂੰ ਸੰਗੀਤਮਈ ਰੰਗਤ ਪ੍ਰਦਾਨ ਕਰਨਗੇ।ਇਸ ਸਾਹਿਤਕ ਸਮਾਗਮ ਦੇ ਦੌਰਾਨ 'ਭਾਸ਼ਾ ਵਿਭਾਗ, ਪੰਜਾਬ' ਵੱਲੋਂ ਪ੍ਰਕਾਸ਼ਿਤ ਕੀਤੀਆਂ ਵਡਮੁੱਲੀਆਂ ਅਤੇ ਦੁਰਲੱਭ ਪੁਸਤਕਾਂ ਦੀ ਇੱਕ ਵਿਸ਼ੇਸ਼ ਪ੍ਰਦਰਸ਼ਨੀ ਵੀ ਲਗਾਈ ਜਾਵੇਗੀ। ਜ਼ਿਲ੍ਹਾ ਭਾਸ਼ਾ ਦਫ਼ਤਰ ਕਪੂਰਥਲਾ ਅਤੇ ਅਦਬੀ ਸਾਂਝ ਕਪੂਰਥਲਾ ਵੱਲੋਂ ਸਮੂਹ ਸਾਹਿਤ ਪ੍ਰੇਮੀਆਂ, ਲੇਖਕਾਂ, ਬੁੱਧੀਜੀਵੀਆਂ ਅਤੇ ਪੱਤਰਕਾਰਾਂ ਨੂੰ ਇਸ ਸਾਹਿਤਕ ਮਹਿਫ਼ਿਲ ਵਿੱਚ ਪਹੁੰਚਣ ਦਾ ਨਿੱਘਾ ਸੱਦਾ ਦਿੱਤਾ ਗਿਆ ਹੈ।

ਮਜ਼ਦੂਰਾਂ ਤੇ ਕਿਸਾਨ ਆਗੂਆਂ ਨੇ ਰਾਜਪਾਲ ਦੇ ਨਾਂਅ ਦਿੱਤਾ ਮੰਗ ਪੱਤਰ



ਸ਼ਾਹਕੋਟ (ਗਿਆਨ ਸੈਦਪੁਰੀ)- ਕੁਲ ਹਿੰਦ ਖੇਤ ਮਜ਼ਦੂਰ ਸਭਾ ਅਤੇ ਕੁਲ ਹਿੰਦ ਕਿਸਾਨ ਸਭਾ ਵੱਲੋਂ ਤਹਿਸੀਲਦਾਰ ਸ਼ਾਹਕੋਟ ਰਾਹੀਂ ਪੰਜਾਬ ਦੇ ਰਾਜਪਾਲ ਦੇ ਨਾਂ ਮੰਗ ਪੱਤਰ ਦਿੱਤਾ। ਮੰਗ ਪੱਤਰ ਵਿੱਚ ਮੁੱਖ ਮੰਗ ਕੀਤੀ ਗਈ ਕਿ ਵੀ ਬੀ ਜੀ ਗ੍ਰਾਮ ਜੀ ਕਾਨੂੰਨ ਵਾਪਸ ਲਿਆ ਜਾਵੇ ਅਤੇ ਮਗਨਰੇਗਾ ਕਾਨੂੰਨ ਬਾਹਲ ਕੀਤਾ ਜਾਵੇ। ਇਸ ਤੋਂ ਇਲਾਵਾ ਤਜਵੀਜ਼ਤ ਬਿਜਲੀ ਬਿੱਲ 2025 ਵਾਪਸ ਲਿਆ ਜਾਵੇ। ਖੇਤ ਮਜ਼ਦੂਰਾਂ ਨੂੰ 10-10 ਮਰਲੇ ਦੇ ਪਲਾਟ ਦਿੱਤੇ ਜਾਣ ਅਤੇ ਕੱਚੇ ਮਕਾਨਾਂ ਵਾਲੇ ਮਜ਼ਦੂਰਾਂ ਨੂੰ ਮਕਾਨ ਬਣਾਉਣ ਲਈ 5-5 ਲੱਖ ਰੁਪਏ ਸਹਾਇਤਾ ਦਿੱਤੀ ਜਾਵੇ। ਮੁਕਤ ਵਪਾਰ ਸੰਧੀ ਰੱਦ ਕੀਤੀ ਜਾਵੇ। ਆਬਾਦਕਾਰਾਂ ਨੂੰ ਮਾਲਕੀ ਹੱਕ ਦਿੱਤੇ ਜਾਣ। ਤਾਰ ਤੋਂ ਪਾਰ ਜ਼ਮੀਨਾਂ ਵਿੱਚ ਕਿਸਾਨਾਂ ਦੇ ਕੰਮ ਦੇ ਘੰਟੇ ਵਧਾਏ ਜਾਣ। ਉਕਤ ਤੋਂ ਇਲਾਵਾ ਹੋਰ ਵੀ ਬਹੁਤ ਸਾਰੀਆਂ ਭਖਦੀਆਂ ਮੰਗਾਂ ਹਨ, ਜਿਨ੍ਹਾਂ ਦਾ ਮੰਗ ਪੱਤਰ ਵਿੱਚ ਜ਼ਿਕਰ ਹੈ। ਮੰਗ ਪੱਤਰ ਕੁੱਲ ਹਿੰਦ ਕਿਸਾਨ ਸਭਾ ਤਹਿਸੀਲ ਸ਼ਾਹਕੋਟ ਦੇ ਉਪ ਪ੍ਰਧਾਨ ਧਰਮਿੰਦਰ ਸਿੰਘ ਕੰਗ, ਕੁਲ ਹਿੰਦ ਖੇਤ ਮਜ਼ਦੂਰ ਯੂਨੀਅਨ ਦੇ ਆਗੂ ਕਾਮਰੇਡ ਮੱਖਣ ਸਿੰਘ ਤੇ ਕੇਵਲ ਕੋਟਲੀ ਦੀ ਅਗਵਾਈ ਵਿੱਚ ਦਿੱਤਾ ਗਿਆ।ਇਸ ਮੌਕੇ ਸੀ ਪੀ ਆਈ (ਐਮ) ਦੇ ਸੂਬਾ ਸਕੱਤਰੇਤ ਮੈਂਬਰ ਕਾਮਰੇਡ ਵਰਿੰਦਰਪਾਲ ਸਿੰਘ ਕਾਲਾ ਉਚੇਚੇ ਤੌਰ 'ਤੇ ਸ਼ਾਮਲ ਸਨ।

ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਵੱਲੋਂ ਜ਼ਿਲ੍ਹੇ ਨੂੰ ਕੂੜਾ ਮੁਕਤ ਬਣਾਉਣ ਦੀ ਸ਼ੁਰੂਆਤ

ਨਵਾਂਸ਼ਹਿਰ (ਮਨੋਜ ਲਾਡੀ)- ਡਿਪਟੀ ਕਮਿਸ਼ਨਰ-ਕਮ-ਚੇਅਰਮੈਨ ਜ਼ਿਲ੍ਹਾ ਸਪੈਸ਼ਲ ਸੈੱਲ ਗੁਲਪ੍ਰੀਤ ਸਿੰਘ ਔਲਖ ਦੀ ਅਗਵਾਈ ਵਿੱਚ ਸੁਪਰੀਮ ਕੋਰਟ ਦੇ ਹੁਕਮ ਮਿਤੀ 5 ਮਈ 2026 ਸਬੰਧੀ ਜ਼ਿਲ੍ਹੇ ਨੂੰ ਕਚਰਾ ਮੁਕਤ ਕਰਨ ਲਈ ਜ਼ਿਲ੍ਹਾ ਪੱਧਰੀ ਸਪੈਸ਼ਲ ਸੈੱਲ ਦੇ ਮੈਂਬਰਾਂ ਨਾਲ ਵਿਸ਼ੇਸ਼ ਮੀਟਿੰਗ ਕੀਤੀ ਗਈ ਜਿਸ ਵਿੱਚ ਉਹਨਾ ਵਲੋਂ ਵੱਖ—ਵੱਖ ਵਿਭਾਗਾਂ ਦੇ ਮੁਖੀਆਂ ਨੂੰ ਉਹਨਾ ਦੀ ਭੂਮਿਕਾ ਅਤੇ ਜਿੰਮੇਵਾਰੀਆਂ ਸੰਬੰਧੀ ਜਾਣੂ ਕਰਵਾਇਆ ਗਿਆ। ਵਧੀਕ ਡਿਪਟੀ ਕਮਿਸ਼ਨਰ ਅਵਨੀਤ ਕੌਰ, ਸ਼ਹੀਦ ਭਗਤ ਸਿੰਘ ਨਗਰ ਵਲੋਂ ਦੱਸਿਆ ਗਿਆ ਕਿ ਜ਼ਿਲ੍ਹੇ ਵਿੱਚ ਬਲਕ ਵੇਸਟ ਜਨਰੇਟਰਜ਼ ਦੀ



ਪਹਿਚਾਣ ਕਰਕੇ ਰਜਿਸਟਰਡ ਕੀਤਾ ਜਾਵੇਗਾ ਅਤੇ ਗਿੱਲਾ ਅਤੇ ਸੁੱਕਾ ਕੂੜਾ ਅਲੱਗ—ਅਲੱਗ ਕਰਕੇ ਲੋਕਲ ਬਾਡੀ ਡਿਪਾਰਟਮੈਂਟ ਨੂੰ ਭੇਜਿਆ ਜਾਵੇਗਾ।ਇਸ ਤੋਂ ਇਲਾਵਾ ਗਿੱਲੇ ਕੂੜੇ ਦੀ ਕੰਪੋਸਟ ਪਿੱਟਾਂ ਰਾਹੀਂ ਬਾਇਓ ਖਾਦ ਤਿਆਰ ਕੀਤੀ ਜਾਵੇਗੀ। ਇੰ: ਸਿਮਰਨਜੀਤ ਸਿੰਘ ਕਾਰਜਕਾਰੀ ਇੰਜੀਨੀਅਰ—ਕਮ—ਸਕੱਤਰ ਜ਼ਿਲ੍ਹਾ ਸਪੈਸ਼ਲ ਸੈੱਲ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਜੀ ਵਲੋਂ ਦੱਸਿਆ ਗਿਆ ਕਿ ਜਿਲ੍ਹੇ ਦੇ ਸਾਰੇ ਪਿੰਡਾਂ ਵਿੱਚ ਸਾਲਿਡ ਵੇਸਟ ਮੈਨੇਜਮੈਂਟ ਯੂਨਿਟਾਂ ਦਾ ਨਿਰਮਾਣ ਕੀਤਾ ਜਾ ਰਿਹਾ ਹੈ ਅਤੇ ਜਲਦ ਹੀ ਪਿੰਡਾਂ ਵਿੱਚੋ ਨਿਕਲਣ ਵਾਲੇ ਗਿੱਲੇ ਅਤੇ ਸੁੱਕੇ ਕੂੜੇ ਨੂੰ 4 ਤਰ੍ਹਾਂ ਨਾਲ ਅਲੱਗ-ਅਲੱਗ ਕਰਕੇ ਸੁਚੱਜੇ ਢੰਗ ਨਾਲ ਨਿਪਟਾਣ ਕੀਤਾ ਜਾਵੇਗਾ ਜਿਸ ਅਨੁਸਾਰ ਹਰ ਘਰ ਵਿੱਚੋ ਕੂੜੇਦਾਨਾਂ ਰਾਹੀਂ ਅਲੱਗ-ਅਲੱਗ ਕੀਤਾ ਹੋਇਆ ਕੂੜਾ ਵੇਸਟ ਕੁਲੈਕਟਰਾਂ ਰਾਹੀਂ ਪ੍ਰਾਪਤ ਕਰਕੇ ਇਹਨਾਂ ਯੂਨਿਟਾਂ ਤੇ ਗਿੱਲੇ ਕੂੜੇ ਦੀ ਬਾਇਓ ਖਾਦ ਤਿਆਰ ਕੀਤੀ ਜਾਵੇਗੀ ਅਤੇ ਸੁੱਕੇ ਕੂੜੇ ਨੂੰ ਬਲਾਕ ਪੱਧਰੀ ਪਲਾਸਟਿਕ ਵੇਸਟ ਮੈਨੇਜਮੈਂਟਾਂ ਰਾਹੀਂ ਰੀਸਾਈਕਲ ਕਰਨ ਲਈ ਸਬੰਧੰਤ ਇੰਡਸਟਰੀਆਂ ਵਿਖੇ ਭੇਜਿਆ ਜਾਵੇਗਾ।

ਸਿਹਤ ਹੀ ਸਭ ਤੋਂ ਵੱਡੀ ਦੌਲਤ : ਕਿਰਨ ਸੋਢੀ

ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)- ਅੱਜ ਦੇ ਦੌਰ ਵਿੱਚ ਬਦਲਦੀ ਜੀਵਨ ਸ਼ੈਲੀ, ਫਾਸਟ ਫੂਡ ਦੀ ਵਧਦੀ ਵਰਤੋਂ ਅਤੇ ਸਰੀਰਕ ਮਿਹਨਤ ਦੀ ਘਾਟ ਕਾਰਨ ਲੋਕ ਕਈ ਤਰ੍ਹਾਂ ਦੀਆਂ ਬਿਮਾਰੀਆਂ ਦਾ ਸ਼ਿਕਾਰ ਹੋ ਰਹੇ ਹਨ। ਅਜਿਹੇ ਹਾਲਾਤਾਂ ਵਿੱਚ ਹਰ ਵਿਅਕਤੀ ਲਈ ਆਪਣੀ ਸਿਹਤ ਦਾ ਧਿਆਨ ਰੱਖਣਾ ਸਮੇਂ ਦੀ ਸਭ ਤੋਂ ਵੱਡੀ ਲੋੜ ਬਣ ਗਿਆ ਹੈ। ਇਹ ਵਿਚਾਰ ਫਿੱਟਨੈੱਸ ਕੋਚ ਕਿਰਨ ਸੋਢੀ ਨੇ ਪ੍ਰਗਟ ਕਰਦਿਆਂ ਕਿਹਾ ਕਿ ਜੇਕਰ ਅਸੀਂ ਰੋਜ਼ਾਨਾ ਕੁਝ ਸਮਾਂ ਕਸਰਤ ਤੇ ਸੰਤੁਲਿਤ ਜੀਵਨ ਸ਼ੈਲੀ ਨੂੰ ਦੇਈਏ ਤਾਂ ਬਹੁਤ ਸਾਰੀਆਂ ਬਿਮਾਰੀਆਂ ਤੋਂ ਬਚਿਆ ਜਾ ਸਕਦਾ ਹੈ। ਕਿਰਨ ਸੋਢੀ, ਜੋ ਆਪਣਾ ਜਿਮ ਸਫ਼ਲਤਾਪੂਰਵਕ ਚਲਾ ਰਹੇ ਹਨ, ਨੇ ਦੱਸਿਆ ਕਿ ਉਨ੍ਹਾਂ ਦੇ ਜਿਮ ਵਿੱਚ ਛੋਟੇ ਬੱਚਿਆਂ, ਨੌਜਵਾਨ ਲੜਕੇ-ਲੜਕੀਆਂ, ਮਹਿਲਾਵਾਂ ਅਤੇ ਸੀਨੀਅਰ ਨਾਗਰਿਕਾਂ ਸਮੇਤ ਹਰ ਉਮਰ ਦੇ ਲੋਕ ਨਿਯਮਿਤ ਤੌਰ 'ਤੇ ਸਿਖਲਾਈ ਲੈਣ ਆਉਂਦੇ ਹਨ। ਹਰ ਵਿਅਕਤੀ ਦੀ ਉਮਰ, ਸਰੀਰਕ ਸਮਰੱਥਾ ਅਤੇ ਲੋੜ ਅਨੁਸਾਰ ਵੱਖ-ਵੱਖ ਤਰੀਕੇ ਨਾਲ ਟ੍ਰੇਨਿੰਗ ਦਿੱਤੀ ਜਾਂਦੀ ਹੈ ਤਾਂ ਜੋ ਉਹ ਸੁਰੱਖਿਅਤ ਢੰਗ ਨਾਲ ਆਪਣੀ ਫਿੱਟਨੈੱਸ ਵਿੱਚ ਸੁਧਾਰ ਕਰ ਸਕਣ।ਉਨ੍ਹਾਂ ਕਿਹਾ, 'ਸਿਹਤ ਤੋਂ ਵੱਡੀ ਕੋਈ ਦੌਲਤ ਨਹੀਂ।

ਜਨਮ ਦਿਨ ਮੁਬਾਰਕ



ਗੁਰਦੇਵ, ਧਨਵੇਦ ਮੋਰਿੰਡਾ



ਗੁਰਨੀਤ ਕੌਰ ਲੁਧਿਆਣਾ

ਤਨਵ ਕੁਮਾਰ

ਵਰ੍ਹੇਗੰਢ ਮੁਬਾਰਕ

ਅੰਮ੍ਰਿਤ ਜੋੜਾ ਅਤੇ ਰਾਣੀ ਵਾਸੀ ਸੁਨਾਮ ਨੇ ਆਪਣੇ ਵਿਆਹ ਦੀ ਵਰ੍ਹੇਗੰਢ ਮਨਾਈ।

ਡੇਰਾਬੱਸੀ ਨਗਰ ਕੌਂਸਲ 'ਤੇ 'ਆਪ' ਦਾ ਕਬਜ਼ਾ, ਆਸ਼ੂ ਉਪਨੇਜਾ ਪ੍ਰਧਾਨ ਤੇ ਦਵਿੰਦਰ ਸੈਣੀ ਉਪ-ਪ੍ਰਧਾਨ ਚੁਣੇ ਗਏ

ਡੇਰਾਬੱਸੀ (ਵਿਨੈ ਕੁਮਾਰ ਜੈਨ)- ਡੇਰਾਬੱਸੀ ਨਗਰ ਕੌਂਸਲ 'ਤੇ ਆਮ ਆਦਮੀ ਪਾਰਟੀ (ਆਪ) ਨੇ ਆਪਣੇ ਦਮ 'ਤੇ ਪੂਰੀ ਤਰ੍ਹਾਂ ਕਬਜ਼ਾ ਕਰ ਲਿਆ ਹੈ। ਹਲਕਾ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਦੀ ਵਿਸ਼ੇਸ਼ ਮੌਜੂਦਗੀ ਵਿੱਚ ਵਾਰਡ ਨੰਬਰ 14 ਤੋਂ ਜਿੱਤੀ ਕੌਂਸਲਰ ਆਸ਼ੂ ਉਪਨੇਜਾ ਨੂੰ ਸਰਵਸੰਮਤੀ ਨਾਲ ਪ੍ਰਧਾਨ ਚੁਣਿਆ ਗਿਆ। ਆਸ਼ੂ ਉਪਨੇਜਾ ਅਜਿਹੀ ਇਕਲੌਤੀ ਮਹਿਲਾ ਕੌਂਸਲਰ ਹਨ, ਜੋ ਲਗਾਤਾਰ ਦੂਜੀ ਵਾਰ ਪ੍ਰਧਾਨ ਬਣੀ ਹੈ। ਉਨ੍ਹਾਂ ਦੇ ਨਾਂਅ ਦੀ ਤਜਵੀਜ਼ ਕੌਂਸਲਰ ਹਰਜੋਤ ਕੌਰ ਵੱਲੋਂ ਰੱਖੀ ਗਈ। ਇਸੇ ਤਰ੍ਹਾਂ ਵਾਰਡ ਨੰਬਰ ਇਕ ਤੋਂ ਕੌਂਸਲਰ ਦਵਿੰਦਰ ਸੈਣੀ ਨੂੰ ਉਪ-ਪ੍ਰਧਾਨ ਚੁਣਿਆ ਗਿਆ। ਜ਼ੀਰਕਪੁਰ ਅਤੇ ਲਾਲੜੂ ਵਾਂਗ ਹੈੱਡਕੁਆਰਟਰ ਡੇਰਾਬੱਸੀ ਵਿੱਚ ਤੀਜੇ ਉਪ-ਪ੍ਰਧਾਨ ਦੀ ਚੋਣ ਨਹੀਂ ਕਰਵਾਈ ਗਈ, ਜਿਸ ਪਿੱਛੇ ਮਿਉਂਸਪਲ ਨਿਯਮਾਂ ਦੀ ਤਕਨੀਕੀ ਖਾਮੀ ਨੂੰ ਮੁੱਖ ਕਾਰਨ ਦੱਸਿਆ ਗਿਆ ਹੈ। ?ਵਿਧਾਇਕ ਰੰਧਾਵਾ ਨੇ ਕਿਹਾ ਕਿ ਇੱਕ ਹੋਰ ਉਪ-ਪ੍ਰਧਾਨ ਦੀ ਚੋਣ ਦਾ ਮਤਾ ਪਹਿਲੀ ਮੀਟਿੰਗ ਵਿੱਚ ਪਾਸ ਕਰਕੇ, ਇੱਕ ਮਹੀਨੇ ਦੇ ਅੰਦਰ-ਅੰਦਰ ਉਸ ਦੀ ਨੋਟੀਫਿਕੇਸ਼ਨ ਕਰਵਾ ਕੇ ਉਪ-ਪ੍ਰਧਾਨ ਬਣਾ ਦਿੱਤਾ ਜਾਵੇਗਾ। ਰੰਧਾਵਾ ਨੇ ਸਰਵਸੰਮਤੀ ਨਾਲ ਹੋਈ ਇਸ ਚੋਣ ਨੂੰ ਇਤਿਹਾਸਕ ਦੱਸਦਿਆਂ ਸਾਰੀਆਂ ਪਾਰਟੀਆਂ ਦੇ ਕੌਂਸਲਰਾਂ ਦਾ ਧੰਨਵਾਦ ਕੀਤਾ ਅਤੇ ਭਰੋਸਾ ਦਿੱਤਾ ਕਿ ਡੇਰਾਬੱਸੀ ਦਾ

ਵਿਕਾਸ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਮੈਰਿਟ ਦੇ ਆਧਾਰ 'ਤੇ ਕੀਤਾ ਜਾਵੇਗਾ। ਵਿਧਾਇਕ ਨੇ ਕਿਹਾ ਕਿ ਉਨ੍ਹਾਂ ਨੇ ਵੀ.ਆਈ.ਪੀ. ਕਲਚਰ ਛੱਡ ਕੇ ਸਾਦਗੀ ਨਾਲ ਚੋਣ ਪ੍ਰਕਿਰਿਆ ਨੂੰ ਨੇਪਰੇ ਚਾੜ੍ਹਿਆ ਹੈ। ਇਹ ਚੋਣ ਮੀਟਿੰਗ ਕਨਵੀਨਰ-ਕਮ-ਐਸ.ਡੀ.ਐਮ. ਅਮਿਤ ਗੁਪਤਾ ਦੀ ਦੇਖ-ਰੇਖ ਹੇਠ ਸੰਪੰਨ ਹੋਈ। ਈ ਓ ਰਵਨੀਤ ਸਿੰਘ ਬਤੌਰ ਸਕੱਤਰ ਹਾਜ਼ਰ ਰਹੇ ਅਤੇ ਪ੍ਰਧਾਨਾਂ ਦੇ ਨਾਂ ਦੀ ਚਿੱਠੀ ਪਾਰਟੀ ਵੱਲੋਂ ਪਰਮਿੰਦਰ ਸਿੰਘ ਗੋਲਡੀ ਲੈ ਕੇ ਪਹੁੰਚੇ। ਪ੍ਰਧਾਨਗੀ ਦੇ ਅਹੁਦਿਆਂ ਦੀ ਚੋਣ ਤੋਂ ਪਹਿਲਾਂ ਸਾਰੇ 19 ਕੌਂਸਲਰਾਂ ਨੂੰ ਅਹੁਦੇ ਅਤੇ ਭੇਦਗੁਪਤ ਰੱਖਣ ਦੀ ਸਹੁੰ ਚੁਕਾਈ ਗਈ। ?ਦੱਸਣਯੋਗ ਹੈ ਕਿ ਡੇਰਾਬੱਸੀ ਨਗਰ ਕੌਂਸਲ ਦੇ 19 ਕੌਂਸਲਰਾਂ ਵਿੱਚੋਂ ਆਮ ਆਦਮੀ ਪਾਰਟੀ ਦੇ 12, ਅਕਾਲੀ ਦਲ ਦੇ 3, ਕਾਂਗਰਸ ਅਤੇ ਭਾਜਪਾ ਦੇ 2-2 ਕੌਂਸਲਰ ਚੋਣ ਜਿੱਤੇ ਹਨ। ਪ੍ਰਧਾਨ ਦੇ ਅਹੁਦੇ ਲਈ ਵਿਰੋਧੀ ਧਿਰ ਦੇ ਕੌਂਸਲਰਾਂ ਸਮੇਤ ਸਾਰਿਆਂ ਨੇ ਹੱਥ ਖੜ੍ਹੇ ਕਰਕੇ ਸਮਰਥਨ ਦਿੱਤਾ। ਇਸ ਤੋਂ ਬਾਅਦ ਅਗਲੀ ਚੋਣ ਸੀਨੀਅਰ ਉਪ-ਪ੍ਰਧਾਨ ਦੀ ਸੀ, ਜਿਸ ਵਿੱਚ 'ਆਪ' ਦੇ ਦਵਿੰਦਰ ਸੈਣੀ ਤੋਂ ਇਲਾਵਾ ਵਿਰੋਧੀ ਕੌਂਸਲਰਾਂ ਵਿੱਚੋਂ ਭਾਜਪਾ ਦੀ ਮੋਨਿਕਾ ਮੌਦਗਿਲ ਨੇ ਅਕਾਲੀ ਦਲ ਦੀ ਰਾਧਿਕਾ ਭੱਲਾ ਦਾ ਨਾਂਅ ਪੇਸ਼ ਕੀਤਾ। ਦਵਿੰਦਰ ਸੈਣੀ ਦੇ ਪੱਖ ਵਿੱਚ ਵਿਧਾਇਕ ਰੰਧਾਵਾ ਤੋਂ ਇਲਾਵਾ 11 ਕੌਂਸਲਰਾਂ ਦਾ ਸਮਰਥਨ ਮਿਲਿਆ, ਜਦਕਿ ਦੂਜੇ ਪਾਸੇ ਰਾਧਿਕਾ ਦੇ ਸਮਰਥਨ ਵਿੱਚ ਸਾਰੇ 7 ਵਿਰੋਧੀ ਕੌਂਸਲਰ ਇੱਕਜੁੱਟ ਹੋ ਗਏ। ਇਸ ਤਰ੍ਹਾਂ ਦਵਿੰਦਰ ਸੈਣੀ ਬਹੁਮਤ ਨਾਲ ਸੀਨੀਅਰ ਉਪ-ਪ੍ਰਧਾਨ ਬਣ ਗਏ। ਹਾਲਾਂਕਿ, ਬਾਅਦ ਵਿੱਚ ਉਪ-ਪ੍ਰਧਾਨ ਦੀ ਚੋਣ ਨਾ ਹੋਣ ਕਾਰਨ ਉਨ੍ਹਾਂ ਦਾ ਅਹੁਦਾ ਸੀਨੀਅਰ ਦੀ ਬਜਾਏ ਉਪ-ਪ੍ਰਧਾਨ ਦਾ ਹੀ ਰਹਿ ਗਿਆ। ਚੋਣਾਂ ਵਿੱਚ ਜਿੱਤ ਤੋਂ ਬਾਅਦ ਵਿਧਾਇਕ ਰੰਧਾਵਾ ਦੀ ਅਗਵਾਈ ਹੇਠ ਡੇਰਾਬੱਸੀ ਸ਼ਹਿਰ ਵਿੱਚ ਇੱਕ ਵਿਸ਼ਾਲ ਰੋਡ ਸ਼ੋਅ ਕੱਢਿਆ ਗਿਆ, ਜਿਸ ਵਿੱਚ ਖੁੱਲ੍ਹੇ ਵਾਹਨਾਂ, ਬੈਂਡ-ਵਾਜਿਆਂ, ਢੋਲ-ਧਮੱਕਿਆਂ ਅਤੇ ਜ਼ੋਰਦਾਰ ਆਤਿਸ਼ਬਾਜ਼ੀ ਨਾਲ ਜਸ਼ਨ ਮਨਾਇਆ ਗਿਆ।

ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਨੇ ਲਗਾਈ ਸਥਾਈ ਲੋਕ ਅਦਾਲਤ

ਨਵਾਂਸ਼ਹਿਰ (ਮਨੋਜ ਲਾਡੀ)- ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ. ਸ਼ਹੀਦ ਭਗਤ ਸਿੰਘ ਨਗਰ ਵੱਲੋ ਸਥਾਈ ਲੋਕ ਅਦਾਲਤ (ਜਨ-ਉਪਯੋਗੀ ਸੇਵਾਵਾਂ) ਦੀ ਕਾਨੂੰਨੀ ਪ੍ਰਕਿਰਿਆ, ਸੁਲ੍ਹਾ ਦੇ ਆਦੇਸ਼ ਅਤੇ ਫੈਸਲਾ ਦੇਣ ਦੇ ਅਧਿਕਾਰਾਂ ਸਬੰਧੀ ਇੱਕ ਦਿਨਾਂ ਓਰੀਐਂਟੇਸ਼ਨ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਐੱਸ ਏ ਐੱਸ ਨਗਰ ਜੀਆਂ ਦੀਆਂ ਹਦਾਇਤਾਂ ਤਹਿਤ ਅਤੇ ਮਾਣਯੋਗ ਜਿਲ੍ਹਾਂ ਅਤੇ ਸੈਸ਼ਨ ਜੱਜ, ਸ਼ਹੀਦ ਭਗਤ ਸਿੰਘ ਨਗਰ ਜਤਿੰਦਰ ਪਾਲ ਸਿੰਘ ਖੁਰਮੀ ਜੀਆਂ ਅਤੇ ਸਿਵਲ ਜੱਜ (ਸੀਨੀਅਰ ਡੀਵੀਜ਼ਨ)/ ਸੀ ਜੇ ਐੱਮ-ਕਮ-ਸਕੱਤਰ, ਜ਼ਿਲ੍ਹਾਂ ਕਾਨੂੰਨੀ ਸੇਵਾਵਾਂ ਅਥਾਰਟੀ, ਸ.ਭ.ਸ ਨਗਰ ਡਾ. ਅਮਨਦੀਪ ਜੀਆਂ ਦੇ ਨਿਰਦੇਸ਼ਾਂ ਤਹਿਤ ਦਫਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋ ਮਿਤੀ 7ਜੁਲਾਈ ਨੂੰ ਦਫਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ , ਸ.ਭ.ਸ ਨਗਰ ਵਿਖੇ ਸਥਾਈ ਲੋਕ ਅਦਾਲਤ (ਜਨ-ਉਪਯੋਗੀ ਸੇਵਾਵਾਂ) ਦੀ ਕਾਨੂੰਨੀ ਪ੍ਰਕਿਰਿਆ, ਸੁਲ੍ਹਾ ਦੇ ਆਦੇਸ਼ ਅਤੇ ਫੈਸਲਾ ਦੇਣ ਦੇ ਅਧਿਕਾਰਾਂ ਸਬੰਧੀ ਇੱਕ ਦਿਨ ਦਾ ਓਰੀਐਂਟੇਸ਼ਨ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਚੇਅਰਮੈਨ ਸਥਾਈ ਲੋਕ ਅਦਾਲਤ

(ਜਨ-ਉਪਯੋਗੀ ਸੇਵਾਵਾਂ) ਅਸ਼ੋਕ ਕਪੂਰ,ਸਥਾਈ ਲੋਕ ਅਦਾਲਤਾ ਦਾ ਸਟਾਫ, ਪੈਨਲ ਐਡਵੋਕੇਜ਼, ਐਲ, ਏ ਡੀ ਸੀ ਐੱਸ ਦਾ ਸਟਾਫ, ਪੈਰਾ ਲੀਗਲ ਵਲੰਟੀਅਰਜ਼ ਨੇ ਭਾਗ ਲਿਆ । ਇਸ ਓਰੀਐਂਟੇਸ਼ਨ ਪ੍ਰੋਗਰਾਮ ਵਿੱਚ ਸਥਾਈ ਲੋਕ ਅਦਾਲਤਾਂ ਦੇ ਪ੍ਰਭਾਵਸ਼ਾਲੀ ਕੰਮਕਾਜ ਅਤੇ ਉਹਨਾਂ ਦੇ ਦੋਹਰੇ ਕੰਮ - ਸੁਲ੍ਹਾ ਅਤੇ ਫੈਸਲਾ ਦੇਣ ਵਾਲੀ ਭੂਮਿਕਾ ਬਾਰੇ ਜਾਗਰੂਕ ਕੀਤਾ ਗਿਆ।